ਸ਼ਨੀਵਾਰ, 12 ਜੁਲਾਈ, 2025
28 ਹਾੜ੍ਹ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 41

ਰੋਜ਼ਾਨਾ

# ਨਵਾਂ ਜ਼ਮਾਨਾ

DAILY NAWAN ZAMANA • SATURDAY, 12 JULY, 2025

ਜਲੰਧਰ

‘ਨਵਾਂ ਜ਼ਮਾਨਾ’ ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 14

## ਯੁੱਧ ਨਸ਼ਿਆਂ ਵਿਰੁੱਧ

# ਨਸ਼ਿਆਂ ਤੋਂ ਆਜ਼ਾਦੀ ਵੱਲ ਪੰਜਾਬ

## ਨਸ਼ਿਆਂ ਖਿਲਾਫ਼ ਪੰਜਾਬ ਸਰਕਾਰ ਦੀ ਵੱਡੀ ਕਾਰਵਾਈ







| ਕੁੱਲ ਦਰਜ ਐੱਫ.ਆਈ.ਆਰ. | ਕੁੱਲ ਗ੍ਰਿਫ਼ਤਾਰੀਆਂ | ਕੁੱਲ ਜ਼ਬਤ ਨਸ਼ਾ |
|---|---|---|
| 13,242 | 21,379 | 19,224 ਕਿਲੋਗ੍ਰਾਮ 28,84,047 ਗੋਲੀਆਂ |

ਨਸ਼ਾ ਪੀੜਤਾਂ ਨੂੰ ਇਲਾਜ ਲਈ
**ਪੁਨਰਵਾਸ ਕੇਂਦਰ ਭੇਜਿਆ ਜਾ ਰਿਹਾ ਹੈ**

ਪੰਜਾਬ ਪੁਲਿਸ ਦੀ ਸਖ਼ਤੀ ਸਦਕਾ ਸਰਹੱਦ ਪਾਰ ਤੋਂ ਆਉਣ ਵਾਲੀ
**ਹੈਰੋਇਨ ਦੀ ਸਪਲਾਈ ਵਿੱਚ ਭਾਰੀ ਗਿਰਾਵਟ ਆਈ ਹੈ**

ਨਸ਼ਾ ਤਸਕਰਾਂ ਦੀ ਸੂਚਨਾ ਵੱਟਸਐਪ ਕਰੋ,
ਤੁਹਾਡੀ ਪਛਾਣ ਗੁਪਤ ਰੱਖੀ ਜਾਵੇਗੀ

**9779-100-200**



ਸ. ਭਗਵੰਤ ਸਿੰਘ ਮਾਨ
ਮੁੱਖ ਮੰਤਰੀ, ਪੰਜਾਬ

ਸੂਚਨਾ ਅਤੇ ਲੋਕ ਸੰਪਰਕ ਵਿਭਾਗ, ਪੰਜਾਬ

## ਬੈਟਰ ਐਜੂਕੇਸ਼ਨ ਫਿਊਚਰ ਫਾਊਂਡੇਸ਼ਨ ਨੇ ਹੋਣਹਾਰ ਲੜਕੀ ਦੀ ਫੀਸ ਭਰ ਕੇ ਪੜ੍ਹਾਈ 'ਚ ਕੀਤੀ ਮਦਦ



**ਜਲਾਲਾਬਾਦ (ਜੀਤ ਕੁਮਾਰ)**-ਮਨਵਤਾ ਭਲਾਈ ਦੇ ਕੰਮਾਂ ਵਿੱਚ ਸਰਗਰਮ ਸੰਸਥਾ ਬੈਟਰ ਐਜੂਕੇਸ਼ਨ ਫਿਊਚਰ ਫਾਊਂਡੇਸ਼ਨ (ਰਜਿ.) ਵੱਲੋਂ ਚੇਅਰਮੈਨ ਰਾਣਾ ਰਾਏ ਦੀ ਦੇਖ-ਰੇਖ ਹੇਠ ਜਿੱਥੇ ਹੋਣਹਾਰ ਵਿਦਿਆਰਥੀਆਂ ਦੀ ਪੜ੍ਹਾਈ ਵਿੱਚ ਮਦਦ ਕੀਤੀ ਜਾ ਰਹੀ ਹੈ, ਉਥੇ ਹੀ ਲੋੜਵੰਦ ਲੋਕਾਂ ਦੀ ਵੀ ਮਦਦ ਕੀਤੀ ਜਾ ਰਹੀ ਹੈ। ਇਸੇ ਕੜੀ ਤਹਿਤ ਬੀਤੇ ਦਿਨ ਜਲਾਲਾਬਾਦ ਦੇ ਪਿੰਡ ਚੱਕ ਅਰਾਈਆਂਵਾਲਾ ਉਰਫ ਫਲੀਆਂਵਾਲਾ ਦੇ ਆਰਥਿਕ ਪੱਖੋਂ ਕਮਜ਼ੋਰ ਪਰਵਾਰ ਦੀ ਹੁਸ਼ਿਆਰ ਲੜਕੀ ਦੀ ਬੀ. ਏ. ਦੇ ਤੀਜੇ ਸਮੈਸਟਰ ਦੀ ਫੀਸ ਭਰ ਕੇ ਦਾਖਲਾ ਕਰਵਾਇਆ। ਇਸ ਮੌਕੇ ਚੇਅਰਮੈਨ ਰਾਣਾ ਰਾਏ ਉਨ੍ਹਾਂ ਦੇ ਘਰ ਪੁੱਜੇ ਤੇ ਹੋਣਹਾਰ ਲੜਕੀ ਦੀ ਪੜ੍ਹਾਈ ਵਿੱਚ ਮਦਦ ਕੀਤੀ ਗਈ। ਇਸ ਲੜਕੀ ਦੀ ਜਾਣਕਾਰੀ ਪਿੰਡ ਦੇ ਮੋਹਤਵਰ ਵਿਅਕਤੀਆਂ ਤੇ ਸਰਪੰਚ ਵੱਲੋਂ ਦਿੱਤੀ ਗਈ ਸੀ। ਇਸ ਮੌਕੇ ਪਿੰਡ ਦੇ ਮੈਂਬਰ, ਸਰਪੰਚ ਸਾਹਿਬ, ਐਡਵੋਕੇਟ ਗਗਨਦੀਪ ਸਿੰਘ, ਮੰਗਤ ਸਿੰਘ ਚਿਰਾਗਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ ਤੇ ਹੋਰ ਮੋਹਤਵਾਰ ਸੱਜਣ ਹਾਜ਼ਰ ਸਨ।

## ਰਾਇਟਵੇ ਏਅਰਲਿੰਕਸ ਨੇ ਲਵਾਇਆ ਆਸਟ੍ਰੇਲੀਆ ਦਾ ਸਟੱਡੀ ਵੀਜ਼ਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਮਾਲਵਾ ਖੇਤਰ ਦੀ ਪ੍ਰਸਿੱਧ ਰਾਇਟ ਵੇ ਏਅਰਲਿੰਕਸ ਇਮੀਗ੍ਰੇਸ਼ਨ ਤੇ ਆਈਲਟਸ ਸੰਸਥਾ ਨੇ ਮਨਵੀਰ ਕੌਰ ਪੁੱਤਰੀ ਦਰਸ਼ਨ ਸਿੰਘ ਵਾਸੀ ਪਿੰਡ ਚੂਹੜਚੱਕ, ਮੋਗਾ ਦਾ ਆਸਟ੍ਰੇਲੀਆ ਦੇ ਵਿਕਟੋਰੀਆ ਇੰਸਟੀਚਿਊਟ ਦਾ ਸਟੂਡੈਂਟ ਵੀਜ਼ਾ ਲਗਵਾ ਕੇ ਦਿੱਤਾ।ਇਸ ਮੌਕੇ ਸੰਸਥਾ ਦੇ ਡਾਇਰੈਕਟਰ ਦੇਵਪ੍ਰਿਆ ਤਿਆਗੀ ਨੇ ਕਿਹਾ ਕਿ ਅਰਜ਼ੀਆਂ 'ਤੇ ਧਿਆਨ ਨਾ ਦਿਉ।ਉਨ੍ਹਾਂ ਕਿਹਾ ਕਿ ਜਿਨ੍ਹਾਂ ਬੱਚਿਆਂ ਦੇ ਕੈਨੇਡਾ ਤੇ ਯੂ ਕੇ ਦੇ ਸਟੱਡੀ ਕੇਸ ਰੀਫਿਊਜ਼ ਹੋ ਚੁੱਕੇ ਹਨ, ਉਹ ਆਸਟ੍ਰੇਲੀਆ ਲਈ ਅਪਲਾਈ ਕਰ ਸਕਦੇ ਹਨ ਤੇ ਜੇਕਰ ਕੋਈ ਵੀ ਵਿਜ਼ਟਰ ਜਾਂ ਟੂਰਿਸਟ ਵੀਜ਼ੇ 'ਤੇ ਯੂ ਕੇ, ਕੈਨੇਡਾ ਜਾਂ ਆਸਟ੍ਰੇਲੀਆ ਜਾਣਾ ਚਾਹੁੰਦਾ ਹੋਵੇ ਤਾਂ ਉਹ ਵੀ ਅਪਲਾਈ ਕਰ ਸਕਦਾ ਹੈ।ਉਨ੍ਹਾਂ ਕਿਹਾ ਕਿ ਹੁਣ ਬੱਚੇ ਕਾਲਜ ਤੇ ਅੰਬੈਸੀ ਦੀ ਫੀਸ ਵੀਜ਼ਾ ਲੱਗਣ ਤੋਂ ਬਾਅਦ ਦੇ ਸਕਦੇ ਹਨ।ਰਾਇਟਵੇ ਏਅਰਲਿੰਕਸ ਬੈਂਕ ਦੇ ਜ਼ਰੀਏ ਬੱਚਿਆਂ ਨੂੰ ਐਜੂਕੇਸ਼ਨ ਲੋਨ ਦੀ ਸੁਵਿਧਾ ਵੀ ਦੇ ਰਿਹਾ ਹੈ, ਜਿਨ੍ਹਾਂ ਪੈਸਿਆਂ ਨੂੰ ਬੱਚੇ ਆਪਣੇ ਖਰਚੇ ਲਈ ਵਰਤ ਸਕਦੇ ਹਨ।ਇਸ ਮੌਕੇ ਸੰਸਥਾ ਦੇ ਡਾਇਰੈਕਟਰ ਦੇਵਪ੍ਰਿਆ ਤਿਆਗੀ ਨੇ ਮਨਵੀਰ ਕੌਰ ਨੂੰ ਵਧਾਈ ਦਿੱਤੀ।

## ਗੁਰੂ ਨਾਨਕ ਕਾਲਜ ਬੁਢਲਾਡਾ ਦਾ ਨਤੀਜਾ ਸੌ ਫ਼ੀਸਦੀ ਰਿਹਾ



**ਬੁਢਲਾਡਾ (ਅਸ਼ੋਕ ਲਾਕੜਾ)**-ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਐਲਾਨੇ ਗਏ ਨਤੀਜਿਆਂ ਵਿੱਚ ਉੱਤਰੀ ਭਾਰਤ ਦੀ ਸਿਰਮੌਰ ਤੇ ਆਟੋਨੌਮਸ ਸੰਸਥਾ ਗੁਰੂ ਨਾਨਕ ਕਾਲਜ ਦਾ ਐੱਮ.ਐੱਸਸੀ. ਕੈਮਿਸਟਰੀ ਸਮੈਸਟਰ-ਤੀਜਾ ਦਾ ਨਤੀਜਾ ਸੌ ਫੀਸਦੀ ਰਿਹਾ ਹੈ।ਪ੍ਰਿੰਸੀਪਲ ਡਾ. ਨਰਿੰਦਰ ਸਿੰਘ ਨੇ ਵਿਭਾਗ ਦੇ ਮੁਖੀ, ਸਮੂਹ ਸਟਾਫ ਤੇ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਦੱਸਿਆ ਕਿ ਸੰਸਥਾ ਨੂੰ ਭਾਰਤ ਸਰਕਾਰ ਦੇ ਬਾਇਓ ਟੈਕਨੋਲੋਜੀ ਵਿਭਾਗ ਵੱਲੋਂ ਸਟਾਰ ਕਾਲਜ ਦਾ ਦਰਜਾ ਪ੍ਰਾਪਤ ਹੈ ਅਤੇ ਐੱਮ.ਐੱਸਸੀ. ਕੈਮਿਸਟਰੀ ਦਾ ਕੋਰਸ ਕਰਵਾਉਣ ਵਾਲੀ ਮਾਨਸਾ ਜ਼ਿਲ੍ਹੇ ਦੀ ਇਕਲੌਤੀ ਸੰਸਥਾ ਹੈ।ਉਨ੍ਹਾਂ ਦੱਸਿਆ ਕਿ ਪਿਛਲੇ ਵਰ੍ਹਿਆ ਵਿੱਚ ਪੜ੍ਹੇ ਬਹੁਤ ਸਾਰੇ ਵਿਦਿਆਰਥੀਆਂ ਨੇ ਆਪਣੇ ਸੀ ਐੱਸ ਆਈ ਆਰ ਨੈੱਟ ਦੀ ਪ੍ਰੀਖਿਆ ਤੇ ਗੇਟ (71"5) ਦੇ ਪੇਪਰ ਪਾਸ ਕੀਤੇ ਹਨ।ਜੇਕਰ ਇਸ ਸਮੇਂ ਸੰਸਥਾ ਦਾ ਨਾਮ ਪੂਰੇ ਉੱਤਰੀ ਭਾਰਤ ਵਿੱਚ ਜਾਣਿਆ ਜਾਂਦਾ ਹੈ ਤਾਂ ਵਿਦਿਆਰਥੀਆਂ ਦੀਆਂ ਇਨ੍ਹਾਂ ਪ੍ਰਾਪਤੀਆਂ ਕਰਕੇ ਜਾਣਿਆ ਜਾਂਦਾ ਹੈ।ਵਿਭਾਗ ਦੇ ਮੁਖੀ ਡਾ. ਜਤਿੰਦਰ ਸਿੰਘ ਨੇ ਕਿਹਾ ਕਿ ਦਸੰਬਰ 2024 ਦੇ ਨਤੀਜੇ ਵਿੱਚ ਵਿਦਿਆਰਥਣ ਜੈਸਮੀਨ ਨੇ 9.6 ਐੱਸਜੀਪੀਏ ਹਾਸਲ ਕਰਕੇ ਪਹਿਲਾ, ਦਿਕਸ਼ਾ ਨੇ 9.2 ਐੱਸਜੀਪੀਏ ਹਾਸਲ ਕਰਕੇ ਦੂਜਾ ਅਤੇ ਦੀਪਾਂਸ਼ੂ ਤੇ ਸੋਨੀਕਾ ਨੇ 8.8 ਐੱਸਜੀਪੀਏ ਹਾਸਲ ਕਰਕੇ ਤੀਜਾ ਸਥਾਨ ਹਾਸਲ ਕੀਤਾ।

## ਨਾਇਬ ਤਹਿਸੀਲਦਾਰ ਨੇ ਵੱਖ-ਵੱਖ ਪਿੰਡਾਂ ਦਾ ਕੀਤਾ ਦੌਰਾ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਵੀਰਵਾਰ ਦੀ ਸਵੇਰੇ ਹੋਈ ਬਾਰਿਸ਼ ਨੂੰ ਲੈ ਕੇ ਗਿੱਦੜਬਾਹਾ ਦੇ ਨਾਇਬ ਤਹਿਸੀਲਦਾਰ ਦੀਪਕ ਭਾਰਦਵਾਜ ਨੇ ਸਬ-ਡਵੀਜ਼ਨ ਗਿੱਦੜਬਾਹਾ ਅਧੀਨ ਆਉਂਦੇ ਵੱਖ-ਵੱਖ ਪਿੰਡਾਂ ਦਾ ਦੌਰਾ ਕੀਤਾ।ਇਸ ਸਮੇਂ ਉਨ੍ਹਾਂ ਨਾਲ ਪਟਵਾਰੀ ਮਨਪ੍ਰੀਤ ਗਰਗ ਮੋਨਾ ਹਾਜ਼ਰ ਸੀ।ਨਾਇਬ ਤਹਿਸੀਲਦਾਰ ਦੀਪਕ ਭਾਰਦਵਾਜ ਵੱਲੋਂ ਮੌਕੇ ਦੀ ਸਥਿਤੀ ਦਾ ਜਾਇਜ਼ਾ ਲਿਆ ਗਿਆ ਤੇ ਮੌਕੇ 'ਤੇ ਹਾਜ਼ਰੀਨ ਕਿਸਾਨਾਂ ਨਾਲ ਗੱਲਬਾਤ ਕੀਤੀ ਗਈ ਤੇ ਫ਼ਸਲਾਂ ਦਾ ਜਾਇਜ਼ਾ ਲਿਆ ਗਿਆ।ਇਸ ਦੌਰਾਨ ਉਨ੍ਹਾਂ ਦੱਸਿਆ ਕਿ ਕਿਸੇ ਵੀ ਪਿੰਡ 'ਚ ਫਸਲ ਦਾ ਕੋਈ ਵੀ ਨੁਕਸਾਨ ਨਹੀਂ ਹੋਇਆ ਹੈ।ਉਨ੍ਹਾਂ ਦੱਸਿਆ ਕਿ ਕਿਸੇ ਵੀ ਪਿੰਡ 'ਚ ਕੋਈ ਹੋਰ ਜਾਨੀ-ਮਾਲੀ ਨੁਕਸਾਨ ਨਹੀਂ ਹੋਇਆ ਹੈ।ਇਸ ਮੌਕੇ ਉਨ੍ਹਾਂ ਨਾਲ ਪਟਵਾਰੀ ਮਨਪ੍ਰੀਤ ਗਰਗ ਮੋਨਾ ਤੋਂ ਇਲਾਵਾ ਮਹਿਮਾ ਸਿੰਘ ਏ.ਐੱਸ.ਐੱਮ, ਦਰਸ਼ਨ ਲਾਲ ਗੀਡਰ ਹਾਜ਼ਰ ਸਨ।

## ਹਰ ਪਰਵਾਰ ਨੂੰ 10 ਲੱਖ ਰੁਪਏ ਸਾਲਾਨਾ ਮੁਫ਼ਤ ਇਲਾਜ ਦੀ ਸਹੂਲਤ ਦੇਣਾ ਸ਼ਲਾਘਾਯੋਗ ਉਪਰਾਲਾ : ਐਡਵੋਕੇਟ ਗਰਗ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ 'ਆਪ' ਸਰਕਾਰ ਵੱਲੋਂ ਪੰਜਾਬ ਦੇ ਲੋਕਾਂ ਨੂੰ 10 ਲੱਖ ਤੱਕ ਦੇ ਮੁਫਤ ਇਲਾਜ ਦੀ ਸਹੂਲਤ ਦੇਣਾ ਸ਼ਲਾਘਾਯੋਗ ਉਪਰਾਲਾ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਬਾਰ ਕੌਂਸਲ ਆਫ਼ ਪੰਜਾਬ ਐਂਡ ਹਰਿਆਣਾ ਚੰਡੀਗੜ੍ਹ ਦੇ ਕੋਆਪਟੇਡ ਮੈਂਬਰ ਐਡਵੋਕੇਟ ਮੋਹਿਤ ਗਰਗ ਨੇ ਗਿੱਦੜਬਾਹਾ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕੀਤਾ।ਉਨ੍ਹਾਂ ਕਿਹਾ ਕਿ ਪੰਜਾਬ ਦਾ ਹਰ ਇਕ ਵਾਸੀ ਇਸ ਸਕੀਮ ਅਧੀਨ ਇਲਾਜ ਦੀ ਸਹੂਲਤ ਦਾ ਹੱਕਦਾਰ ਹੋਵੇਗਾ, ਬੱਚਾ ਹੋਵੇ ਜਾਂ ਬਜ਼ੁਰਗ ਜਾਂ ਕੋਈ ਬੇਸਹਾਰਾ।ਉਨ੍ਹਾਂ ਕਿਹਾ ਕਿ ਉਸ ਤੋਂ ਵੀ ਵਧੀਆ ਕਦਮ ਇਹ ਵੀ ਹੈ ਕਿ ਇਹ ਸਕੀਮ ਦਾ ਲਾਭ ਲੈਣ ਲਈ ਕੋਈ ਕਾਗਜ਼ੀ ਕਾਰਵਾਈ 'ਚ ਉਲਝਣ ਨਹੀਂ ਹੈ, ਜੇਕਰ ਤੁਹਾਡੇ ਕੋਲ ਕਾਰਡ ਬਣਿਆ ਨਹੀਂ ਹੋਵੇਗਾ ਤਾਂ ਮੌਕੇ 'ਤੇ ਅਧਾਰ ਕਾਰਡ ਜਾਂ ਵੋਟਰ ਕਾਰਡ ਦਿਖਾ ਕੇ ਉਸੇ ਟਾਈਮ ਹੀ ਰਜਿਸਟਰ ਕਰਵਾਉਣ ਉਪਰੰਤ ਇਲਾਜ ਕਰਵਾਇਆ ਜਾ ਸਕੇਗਾ। ਐਡਵੋਕੇਟ ਮੋਹਿਤ ਗਰਗ ਨੇ ਅੱਗੇ ਕਿਹਾ ਕਿ ਪੰਜਾਬ ਵਿੱਚ ਐਜੂਕੇਸ਼ਨ ਤੇ ਹੈਲਥ ਦੀ ਬਹੁਤ ਜ਼ਰੂਰਤ ਸੀ। ਇਹ ਦੋਨੋ ਉਪਰਾਲੇ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਹੱਲ ਕਰਨ ਲਈ ਲੋੜੀਂਦੇ ਕਦਮ ਚੁੱਕੇ ਹਨ ਤਾਂ ਜੋ ਕੋਈ ਵੀ ਸਿੱਖਿਆ ਤੋਂ ਅਤੇ ਨਾ ਹੀ ਇਲਾਜ ਤੋਂ ਵਾਂਝਾ ਨਾ ਰਹੇ।

## ਅਰੁਣਾਚਲ ਨੇ ਪੀ ਜੀ ਆਈ ਤੋਂ ਗੁਰਦਾ ਬਦਲੀ ਤਕਨੀਕ 'ਚ ਮੰਗਿਆ ਸਹਿਯੋਗ



**ਸਮਰਾਲਾ (ਸੁਰਜੀਤ ਸਿੰਘ)**-ਪੂਰਬੀ ਭਾਰਤ ਵਿੱਚ ਗੁਰਦੇ ਦੀ ਸੰਭਾਲ (ਰੇਨਲ ਕੇਅਰ) ਸੇਵਾਵਾਂ ਨੂੰ ਮਜ਼ਬੂਤ ਕਰਨ ਦੇ ਇਤਿਹਾਸਕ ਉਪਰਾਲੇ ਤਹਿਤ ਬਿਉਰਾਮ ਵਾਹਗੇ ਮੰਤਰੀ, ਸਿਹਤ ਅਤੇ ਪਰਿਵਾਰ ਭਲਾਈ ਵਿਭਾਗ, ਅਰੁਣਾਚਲ ਪ੍ਰਦੇਸ਼ ਸਰਕਾਰ ਨੇ ਇੱਕ ਉੱਚ ਪੱਧਰੀ ਵਫਦ ਸਮੇਤ ਪੀਜੀਆਈ ਚੰਡੀਗੜ੍ਹ ਦਾ ਦੌਰਾ ਕੀਤਾ।ਦੌਰੇ ਦਾ ਉਦੇਸ਼ ਅਰੁਣਾਚਲ ਪ੍ਰਦੇਸ਼ ਵਿੱਚ ਇੱਕ ਭਰੋਸੇਯੋਗ ਰੀਨਲ ਟ੍ਰਾਂਸਪਲਾਂਟ ਪ੍ਰੋਗਰਾਮ ਦੀ ਸਥਾਪਨਾ ਵੱਲ ਯਤਨਾਂ ਨੂੰ ਹੋਰ ਪੁਖਤਾ ਤੇ ਪੀਜੀਆਈ ਵੱਲੋਂ ਅਕਾਦਮਿਕ ਤੇ ਤਕਨੀਕੀ ਸਹਿਯੋਗ ਲੈਣ ਦੀ ਮੰਗ ਕਰਨੀ ਸੀ।ਵਫ਼ਦ ਵਿੱਚ ਡਾ. ਮੋਹੇਸ਼ ਚਾਈ ਸਲਾਹਕਾਰ, ਡਾ. ਮੋਜੀ ਜਿਨੀ ਡਾਇਰੈਕਟਰ ਤੇ ਡਾ. ਗੋਮੀ ਬਾਸਰ ਵੀ ਸ਼ਾਮਲ ਸਨ।ਵਫਦ ਦਾ ਸਵਾਗਤ ਪ੍ਰੋ. ਵਿਵੇਕ ਲਾਲ ਡਾਇਰੈਕਟਰ ਪੀਜੀਆਈ ਨੇ ਕੀਤਾ।ਇਸ ਮੌਕੇ ਪ੍ਰੋ. ਆਰ. ਕੇ. ਰਾਠੌਰ (ਡੀਨ ਅਕੈਡਮਿਕਸ), ਪ੍ਰੋ. ਸੰਜੇ ਜੈਨ (ਡੀਨ ਰਿਸਰਚ), ਪ੍ਰੋ. ਅਰੁਣ ਬਾਂਸਲ (ਐਕਟਿੰਗ ਡਿਪਟੀ ਡਾਇਰੈਕਟਰ ਐਡਮਿਨਿਸਟ੍ਰੇਸ਼ਨ), ਪ੍ਰੋ. ਵਿਪਿਨ ਕੌਸ਼ਲ (ਮੈਡੀਕਲ ਸੁਪਰਿੰਟੈਂਡੈਂਟ) ਤੇ ਟ੍ਰਾਂਸਪਲਾਂਟ ਨਾਲ ਸੰਬੰਧਤ ਹੋਰ ਸੀਨੀਅਰ ਅਧਿਕਾਰੀਆਂ ਤੇ ਵਿਭਾਗ ਮੁਖੀ ਵੀ ਮੌਜੂਦ ਸਨ।ਚਰਚਾ ਦੌਰਾਨ ਅਰੁਣਾਚਲ ਪ੍ਰਦੇਸ਼ ਦੇ ਡਾਕਟਰਾਂ ਅਤੇ ਟ੍ਰਾਂਸਪਲਾਂਟ ਕੋਆਰਡੀਨੇਟਰਾਂ ਨੂੰ ਪੀਜੀਆਈ ਦੀ ਦੇਖ-ਰੇਖ ਹੇਠ ਮੁਕੰਮਲ ਟ੍ਰੇਨਿੰਗ ਦੇਣਾ ਤੇ ਅਰੁਣਾਚਲ ਪ੍ਰਦੇਸ਼ ਨੂੰ ਰਿਨਲ ਟਰਾਂਸਪਲਾਂਟ ਵਿੱਚ ਆਤਮ ਨਿਰਭਰ ਬਣਾਉਣਾ ਹੈ।ਬਿਓਰਾਮ ਵਾਹਗੇ ਨੇ ਕਿਹਾ ਕਿ ਉਹ ਪੀਜੀਆਈ ਦਾ ਧੰਨਵਾਦ ਕਰਦੇ ਹਨ ਕਿ ਉਨ੍ਹਾਂ ਨੂੰ ਇੱਕ ਵੱਡੇ ਤੇ ਅਹਿਮ ਕੰਮ ਵਿੱਚ ਮਦਦ ਕੀਤੀ ਹੈ।ਉਨ੍ਹਾਂ ਕਿਹਾ ਕਿ ਉਨ੍ਹਾਂ ਦੇ ਰਾਜ ਵਿੱਚ ਸਾਡੇ ਮਰੀਜ਼ਾਂ ਲਈ ਟ੍ਰਾਂਸਪਲਾਂਟ ਸਹੂਲਤ ਤੱਕ ਪਹੁੰਚ ਬਹੁਤ ਮੁਸ਼ਕਲ ਹੈ, ਹੁਣ ਸਮਾਂ ਆ ਗਿਆ ਹੈ ਕਿ ਇਹ ਮੁੱਖ ਸੇਵਾ ਅਸੀਂ ਆਪਣੇ ਰਾਜ ਵਿੱਚ ਹੀ ਲਿਆਈਏ।ਸਵਾਗਤੀ ਸਮਾਰੋਹ ਦੌਰਾਨ ਪ੍ਰੋ. ਵਿਵੇਕ ਲਾਲ ਨੇ ਮੰਤਰੀ ਦੀ ਵਚਨਬੱਧਤਾ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਕਾਬਿਲ-ਏ-ਤਾਰੀਫ਼ ਗੱਲ ਹੈ ਕਿ ਸਨਮਾਨਯੋਗ ਮੰਤਰੀ ਨੇ ਸਾਰੇ ਰਵਾਇਤੀ ਪ੍ਰੋਟੋਕੋਲਾਂ ਨੂੰ ਪਾਰ ਕਰਕੇ ਇੱਥੇ ਆ ਕੇ ਵੱਧ ਤੋਂ ਵੱਧ ਸਮਾਂ ਪੀਜੀਆਈ ਦਾ ਸਿਸਟਮ ਸਮਝਣ ਵਿੱਚ ਬਿਤਾਇਆ।ਉਨ੍ਹਾਂ ਦੀ ਸਿਹਤ ਸੇਵਾਵਾਂ ਨੂੰ ਉੱਚੀ ਪੱਧਰ 'ਤੇ ਲਿਜਾਣ ਦੀ ਸੋਚ ਬੇਮਿਸਾਲ ਹੈ।ਡਾਇਰੈਕਟਰ ਨੇ ਦੱਸਿਆ ਕਿ ਪੀਜੀਆਈ ਵੱਲੋਂ ਅਰੁਣਾਚਲ ਪ੍ਰਦੇਸ਼ ਦੇ ਸਰਕਾਰੀ ਡਾਕਟਰਾਂ ਲਈ ਦੋ ਤਰੀਕਿਆਂ ਨਾਲ ਟ੍ਰੇਨਿੰਗ ਯੋਜਨਾਵਾਂ ਉਪਲਬਧ ਹਨ।

# ਬਜ਼ੁਰਗ ਪੈਨਸ਼ਨਰ ਸਾਈਬਰ ਠੱਗੀਆਂ ਤੋਂ ਚੌਕਸ ਰਹਿਣ : ਰਾਜੂ ਸਿੰਘ

**ਸਰਕਾਰ ਪੈਨਸ਼ਨਰਾਂ ਦੀਆਂ ਮੰਗਾਂ ਪ੍ਰਤੀ ਸੁਹਿਰਦ ਨਹੀ : ਭਜਨ ਸਿੰਘ**



**ਮੋਗਾ (ਇਕਬਾਲ ਸਿੰਘ ਖਹਿਰਾ)**

ਪੈਨਸ਼ਨਰਾਂ ਦੀਆਂ ਮੁਸ਼ਕਲਾਂ, ਮੰਗਾਂ ਤੇ ਪੰਜਾਬ ਸਰਕਾਰ ਦੁਆਰਾ ਛੇਵੇਂ ਪੇ ਕਮਿਸ਼ਨ ਦੀਆਂ ਸ਼ਿਫ਼ਾਰਸ਼ਾਂ ਲਾਗੂ ਨਾ ਕਰਨ ਤੇ ਪਿਛਲੇ ਸਮੇਂ ਚੱਲੇ ਸੰਘਰਸ਼ਾਂ ਦਾ ਮੁਲਾਂਕਣ ਕਰਨ ਲਈ ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਜ਼ਿਲ੍ਹਾ ਮੋਗਾ ਦੀ ਮੀਟਿੰਗ ਸੂਬਾ ਪ੍ਰਧਾਨ ਭਜਨ ਸਿੰਘ ਗਿੱਲ ਦੀ ਪ੍ਰਧਾਨਗੀ ਹੇਠ ਸੁਤੰਤਰਤਾ ਸੈਨਾਨੀ ਭਵਨ ਵਿੱਚ ਹੋਈ। ਮੰਚ ਦੀ ਕਾਰਵਾਈ ਜ਼ਿਲ੍ਹਾ ਸਕੱਤਰ ਸਰਬਜੀਤ ਸਿੰਘ ਦੌਧਰ ਨੇ ਨਿਭਾਈ।ਮੀਟਿੰਗ ਵਿੱਚ ਪੈਨਸ਼ਨਰਾਂ, ਫੈਮਲੀ ਪੈਨਸ਼ਨਰਾਂ ਦੇ ਬਕਾਇਆਂ ਸਬੰਧੀ ਬੈਂਕਾਂ ਦੀ ਪ੍ਰਗਤੀ ਬਾਰੇ ਵਿਚਾਰਾਂ ਹੋਈਆਂ।

ਸੂਬਾ ਪ੍ਰਧਾਨ ਭਜਨ ਸਿੰਘ ਗਿੱਲ ਨੇ ਕਿਹਾ ਪੈਨਸ਼ਨਰਾਂ ਦੀਆਂ ਮੰਗਾਂ ਮੰਨਣ ਤੱਕ ਸੰਘਰਸ਼ ਜਾਰੀ ਰਹੇਗਾ।ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਪੈਨਸ਼ਨਰਜ ਐਸੋਸੀਏਸ਼ਨ ਵੱਲੋਂ ਕੀਤੇ ਜਾ ਰਹੇ ਕੰਮਾਂ ਨੂੰ ਵੇਖਦਿਆਂ ਬਹੁਤ ਸਾਰੀਆਂ ਪੈਨਸ਼ਨਰ ਜਥੇਬੰਦੀਆਂ ਸਾਡੇ ਨਾਲ ਰਲਣ ਲਈ ਤਿਆਰ ਹਨ।ਬਿੱਕਰ ਸਿੰਘ ਮਾਛੀਕੇ, ਪ੍ਰੇਮ ਕੁਮਾਰ ਜ਼ਿਲ੍ਹਾ ਵਿੱਤ ਸਕੱਤਰ, ਦਰਸ਼ਨ ਸਿੰਘ ਮੱਲ੍ਹੀ, ਜਗਜੀਤ ਸਿੰਘ ਰਖਰਾ, ਬਲਵੀਰ ਸਿੰਘ ਮੋਗਾ, ਗੁਰਜੰਟ ਸਿੰਘ, ਕਿਹਰ ਸਿੰਘ ਕਿਸ਼ਨਪੁਰ, ਜ਼ਿਲ੍ਹਾ ਪ੍ਰੈੱਸ ਸਕੱਤਰ ਗਿਆਨ ਸਿੰਘ, ਸੂਬਾ ਜਨਰਲ ਸਕੱਤਰ ਸੁਰਿੰਦਰ ਰਾਮ ਕੁੱਸਾ ਨੇ ਸੰਬੋਧਨ ਕਰਦਿਆਂ ਮੰਗ ਕੀਤੀ ਕਿ ਸਾਰੇ ਬਕਾਏ ਕਿਸ਼ਤਾਂ ਵਿੱਚ ਦੇਣ ਦੀ ਬਜਾਏ ਯੱਕ ਮੁਸ਼ਤ ਇੱਕੋ ਕਿਸ਼ਤ ਵਿੱਚ ਦਿੱਤੇ ਜਾਣ, ਛੇਵੇਂ ਪੇ-ਕਮਿਸ਼ਨ ਦੀਆਂ ਸਿਫਾਰਸ਼ਾਂ ਲਾਗੂ ਕਰਕੇ 2.59 ਦਾ ਗੁਣਾਂਕ ਤੇ ਨੋਸ਼ਨਲ ਤਨਖਾਹ ਸੋਧ ਵਿਧੀ ਰਾਹੀਂ ਪੈਨਸ਼ਨਾਂ ਸੋਧ ਕੇ ਬਣਦੇ ਬਕਾਏ ਦਿੱਤੇ ਜਾਣ। ਪੈਨਸ਼ਨਰਜ਼ ਦਾ ਮੈਡੀਕਲ ਭੱਤਾ 2000 ਰੁਪਏ ਕੀਤਾ ਜਾਵੇ।ਡੀ ਏ ਦੀਆਂ ਰਹਿੰਦੀਆਂ ਕਿਸ਼ਤਾਂ ਦੇ ਕੇ ਡੀ ਏ 42% ਤੋਂ ਵਧਾਕੇ 55% ਕੀਤਾ ਜਾਵੇ।ਲੀਵ ਇਨ ਕੈਸ਼ਮੈਂਟ ਤੇ ਸੇਵਾ ਮੁਕਤੀ 'ਤੇ ਬਣਦੀਆਂ ਅਦਾਇਗੀਆਂ ਕਰਨ 'ਤੇ ਲਾਈ ਰੋਕ ਤੁਰੰਤ ਹਟਾ ਕੇ ਖਜ਼ਾਨਾ ਦਫ਼ਤਰਾਂ ਨੂੰ ਬਣਦੀਆਂ ਅਦਾਇਗੀਆਂ ਦੇ ਬਿੱਲ ਪਾਸ ਕਰਨ ਦੇ ਹੁਕਮ ਜਾਰੀ ਕੀਤੇ ਜਾਣ।ਮੀਟਿੰਗ ਵਿੱਚ ਸਾਈਬਰ ਠੱਗੀਆਂ ਤੋਂ ਬਚਣ ਲਈ ਬਜ਼ੁਰਗ ਪੈਨਸ਼ਨਰਾਂ ਨੂੰ ਚੌਕਸ ਕਰਨ ਲਈ ਰਾਜੂ ਸਿੰਘ ਸਟੇਟ ਪ੍ਰੋਜੈਕਟ ਕੋਆਰਡੀਨੇਟਰ ਹੈਲਪਏਜ ਇੰਡੀਆ ਨੇ ਵਿਸਥਾਰ ਨਾਲ ਚਾਨਣਾ ਪਾਇਆ, ਜੋ ਸਾਈਬਰ ਠੱਗੀਆਂ ਬਾਰੇ ਗਿਆਨ ਦਿੱਤਾ ਗਿਆ।

ਮੀਟਿੰਗ ਵਿੱਚ ਪਿਛਲੇ ਸਮੇਂ ਵਿਛੋੜਾ ਦੇ ਗਏ ਜਸਮੇਲ ਕੌਰ ਉੱਗੋਕੇ, ਸੇਵਾ ਮੁਕਤ ਮਾਸਟਰ ਹਰਮੇਲ ਸਿੰਘ ਬੰਬੀਹਾ ਭਾਈ, ਕਾਰਜਕਾਰੀ ਪ੍ਰਧਾਨ ਸੁਖਦੇਵ ਸਿੰਘ ਦੇ ਰਿਸ਼ਤੇਦਾਰ ਬਲਵੀਰ ਸਿੰਘ ਪੰਜਾਬ ਪੁਲਸ, ਜਲ ਕੌਰ ਕੋਕਰੀ ਕਲਾਂ, ਸੂਬਾ ਪ੍ਰਧਾਨ ਭਜਨ ਸਿੰਘ ਗਿੱਲ ਦੀ ਭਰਜਾਈ ਚਰਨ ਜੀਤ ਕੌਰ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।ਮੀਟਿੰਗ ਵਿੱਚ ਬਲਵਿੰਦਰ ਸਿੰਘ ਗਿੱਲ, ਬਲੌਰ ਸਿੰਘ, ਮੇਹਰ ਸਿੰਘ, ਬਚਿੱਤਰ ਸਿੰਘ ਮਟਵਾਣੀ, ਭੁਪਿੰਦਰ ਸਿੰਘ, ਕਰਨੈਲ ਸਿੰਘ ਚੜਿੱਕ, ਤੇਜਾ ਸਿੰਘ ਘੱਲ ਕਲਾਂ, ਓਮਾ ਕਾਂਤ ਸ਼ਾਸਤਰੀ, ਸੁਰਿੰਦਰ ਸਿੰਘ ਨਿਹਾਲ ਸਿੰਘ ਵਾਲਾ, ਸੁਖਮੰਦਰ ਸਿੰਘ ਗੱਜਣ ਵਾਲਾ, ਬਲਦੇਵ ਸਿੰਘ ਮੋਗਾ, ਅਮਰ ਸਿੰਘ ਰਣੀਆਂ, ਸਮਸ਼ੇਰ ਸਿੰਘ, ਜੀਵਨ ਸਿੰਘ, ਅੰਮ੍ਰਿਤ ਨਾਲ, ਰਾਮ ਜੀ, ਗੁਰਦਿਆਲ ਸਿੰਘ ਰੌਲੀ ਸਮੇਤ ਬਹੁਤ ਸਾਰੇ ਪੈਨਸ਼ਨਰ ਆਗੂ ਸ਼ਾਮਲ ਹੋਏ।

## ਝਾੜ ਸਾਹਿਬ ਕਾਲਜ ਦੀਆਂ ਵਿਦਿਆਰਥਣਾਂ ਨੇ ਧਾਰਮਿਕ ਪ੍ਰੀਖਿਆ 'ਚ ਮਾਰੀਆਂ ਮੱਲਾਂ

**ਸਮਰਾਲਾ (ਸੁਰਜੀਤ ਸਿੰਘ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਵਿਦਿਆਰਥੀਆਂ ਨੂੰ ਸਿੱਖ ਇਤਿਹਾਸ, ਗੁਰਬਾਣੀ, ਰਹਿਤ ਮਰਿਯਾਦਾ ਤੇ ਸਿੱਖੀ ਸਰੂਪ ਨਾਲ ਜੋੜਨ ਲਈ ਹਰ ਸਾਲ ਸਤੰਬਰ ਤੇ ਫਰਵਰੀ ਮਹੀਨੇ ਵਿੱਚ ਦੇਸ਼ ਭਰ ਦੇ ਸਕੂਲਾਂ/ਕਾਲਜਾਂ ਵਿੱਚ ਧਾਰਮਿਕ ਪ੍ਰੀਖਿਆ ਕਰਵਾਈ ਜਾਂਦੀ ਹੈ। ਇਸ ਪ੍ਰੀਖਿਆ ਵਿੱਚ ਇਲਾਕੇ ਦੀ ਨਾਮਵਰ ਸੰਸਥਾ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ ਝਾੜ ਸਾਹਿਬ (ਲੁਧਿ.) ਦੀਆਂ ਵਿਦਿਆਰਥਣਾਂ ਨੇ ਬਹੁਤ ਉਤਸ਼ਾਹ ਨਾਲ ਹਿੱਸਾ ਲਿਆ ਤੇ ਪੇਪਰਾਂ 'ਚ ਚੰਗੀ ਕਾਰਗੁਜ਼ਾਰੀ ਦਿਖਾਉਂਦੇ ਹੋਏ ਕਾਲਜ ਦੀਆਂ 12 ਵਿਦਿਆਰਥਣਾਂ ਨੇ ਮੈਰਿਟ ਸੂਚੀ ਵਿੱਚ ਆਪਣਾ ਨਾਮ ਦਰਜ ਕਰਵਾ ਕੇ ਵਜ਼ੀਫਾ ਰਾਸ਼ੀ ਵੀ ਪ੍ਰਾਪਤ ਕੀਤੀ। ਧਰਮ ਪ੍ਰਚਾਰ ਕਮੇਟੀ ਵੱਲੋਂ ਲਈ ਗਈ ਪ੍ਰੀਖਿਆ ਵਿੱਚ ਕਾਲਜ ਵਿਦਿਆਰਥਣ ਸਿਮਰਨ ਕੌਰ ਨੇ ਪਹਿਲਾ, ਅਰਸ਼ਦੀਪ ਕੌਰ ਤੇ ਤ੍ਰਿਪ੍ਰੀਤ ਕੌਰ ਨੇ ਦੂਜਾ, ਰਮਨਦੀਪ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ।

ਇਸ ਤੋਂ ਇਲਾਵਾ ਅਨਮੋਲਪ੍ਰੀਤ ਕੌਰ, ਹਰਮਨ ਕੌਰ, ਜੈਸਮੀਨ ਕੌਰ, ਕੰਚਨਪ੍ਰੀਤ ਕੌਰ, ਪ੍ਰਭਜੋਤ ਕੌਰ, ਰਮਨਦੀਪ ਕੌਰ, ਮਨਪ੍ਰੀਤ ਕੌਰ, ਰਸਲੀਨ ਕੌਰ ਨੇ ਵੀ ਦਰਜੇ ਅਨੁਸਾਰ ਇਕਰਾਮੀ ਸੋ, ਇੱਕੋ ਜਿਹੇ ਤੋਂ ਵਜ਼ੀਫੇ ਪ੍ਰਾਪਤ ਕੀਤੇ। ਕਾਲਜ ਪ੍ਰਿੰਸੀਪਲ ਡਾ. ਰਮਿੰਦਰ ਕੌਰ ਨੇ ਪੇਪਰਾਂ ਵਿੱਚ ਮੱਲਾਂ ਮਾਰਨ ਵਾਲੀਆਂ ਸਾਰੀਆਂ ਵਿਦਿਆਰਥਣਾਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ ਅਤੇ ਅੱਗੋਂ ਲਈ ਵੀ ਅਜਿਹੇ ਕਾਰਜ ਕਰਨ ਤੇ ਮੁਕਾਬਲਿਆਂ ਲਈ ਤਿਆਰ ਰਹਿਣ ਦੀ ਪ੍ਰੇਰਣਾ ਕੀਤੀ। ਕਾਲਜ ਦੀ ਲੋਕਲ ਮੈਨੇਜਮੈਂਟ ਕਮੇਟੀ ਦੇ ਅਹੁਦੇਦਾਰ ਤੇ ਮੈਂਬਰ ਸਾਹਿਬਾਨ ਵੱਲੋਂ ਵੀ ਵਿਦਿਆਰਥਣਾਂ ਨੂੰ ਵਧਾਈ ਦਿੰਦੇ ਹੋਏ ਕਾਲਜ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਗਈ, ਜੋ ਕਿ ਵਿਦਿਆਰਥਣਾਂ ਅੰਦਰ ਗੁਰਮਤਿ ਦਾ ਸੰਚਾਰ ਕਰਨ ਲਈ ਕੀਤਾ ਜਾਂਦਾ ਹੈ।

## ਸ਼ਹਿਰ ਦੀ ਸੁੰਦਰਤਾ ਲਈ ਨਗਰ ਕੌਂਸਲ ਨੇ ਪਾਮ ਦੇ ਪੌਦੇ ਲਗਾਏ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਨਗਰ ਕੌਂਸਲ ਮਾਛੀਵਾੜਾ ਵੱਲੋਂ ਸਮਾਜ ਸੇਵੀ ਕਾਰਜਾਂ ਵਿੱਚ ਜੁਟੀ ਚਰਨ ਕੰਵਲ ਵੈੱਲਫੇਅਰ ਸੁਸਾਇਟੀ ਦੇ ਸਹਿਯੋਗ ਨਾਲ ਮਾਛੀਵਾੜਾ ਸਾਹਿਬ ਸ਼ਹਿਰ ਦੀ ਦਿੱਖ ਨੂੰ ਹੋਰ ਸੁੰਦਰ ਬਣਾਉਣ ਲਈ ਪ੍ਰਮੁੱਖ ਸੜਕ ਦੇ ਕਿਨਾਰਿਆਂ 'ਤੇ ਪਾਮ ਦੇ ਪੌਦੇ ਲਗਾਏ ਗਏ। ਪ੍ਰਧਾਨ ਮੋਹਿਤ ਕੁੰਦਰਾ ਨੇ ਦੱਸਿਆ ਕਿ ਅਨਾਜ ਮੰਡੀ ਦੇ ਦੂਜੇ ਪਾਸੇ ਪਾਮ ਦੇ ਬੂਟੇ ਲਗਾ ਕੇ ਸ਼ਹਿਰ ਦੀ ਸੁੰਦਰਤਾ ਨੂੰ ਹੋਰ ਵਧਾਇਆ ਹੈ ਤਾਂ ਜੋ ਇਤਿਹਾਸਕ ਸ਼ਹਿਰ ਵਿੱਚ ਆਉਣ ਵਾਲੇ ਸ਼ਰਧਾਲੂਆਂ ਨੂੰ ਇਹ ਸ਼ਹਿਰ ਸੋਹਣਾ ਲੱਗੇ। ਉਨ੍ਹਾਂ ਕਿਹਾ ਕਿ ਚਰਨ ਕੰਵਲ ਵੈੱਲਫੇਅਰ ਸੁਸਾਇਟੀ ਵੱਲੋਂ ਪਹਿਲਾਂ ਵੀ ਸ਼ਹਿਰ ਵਿੱਚ ਕਈ ਪੌਦੇ ਲਗਾਏ ਗਏ ਹਨ ਤੇ ਹੁਣ ਵੀ ਨਵੇਂ ਬੂਟੇ ਲਗਾਏ ਜਾਣ ਦੀ ਮੁਹਿੰਮ ਆਰੰਭੀ ਗਈ ਹੈ। ਇਸ ਤੋਂ ਇਲਾਵਾ ਉਨ੍ਹਾਂ ਕਿਹਾ ਕਿ ਮਾਰਕਫੈੱਡ ਰੋਡ 'ਤੇ ਵੀ ਜਲਦ ਬੂਟੇ ਲਗਾਏ ਜਾਣਗੇ। ਇਸ ਮੌਕੇ ਪ੍ਰਧਾਨ ਮੋਹਿਤ ਕੁੰਦਰਾ ਨੇ ਕਿਹਾ ਕਿ ਚਰਨ ਕੰਵਲ ਵੈੱਲਫੇਅਰ ਸੁਸਾਇਟੀ ਦੇ ਸਹਿਯੋਗ ਨਾਲ, ਜੋ ਪੌਦੇ ਲਗਾਏ ਜਾ ਰਹੇ ਹਨ, ਉਸ ਦੀ ਸਾਂਭ ਸੰਭਾਲ ਨਗਰ ਕੌਂਸਲ ਕਰੇਗੀ। ਉਨ੍ਹਾਂ ਕਿਹਾ ਕਿ ਮਾਛੀਵਾੜਾ ਨਗਰ ਕੌਂਸਲ ਦਾ ਉਦੇਸ਼ ਸ਼ਹਿਰ ਨੂੰ ਗ੍ਰੀਨ ਸਿਟੀ, ਕਲੀਨ ਸਿਟੀ ਤੇ ਪਾਮ ਸਿਟੀ ਬਣਾਉਣਾ ਹੈ ਤਾਂ ਜੋ ਇਸ ਦੀ ਦਿੱਖ ਨੂੰ ਹੋਰ ਸੁੰਦਰ ਬਣਾਇਆ ਜਾ ਸਕੇ। ਪ੍ਰਧਾਨ ਕੁੰਦਰਾ ਨੇ ਦੱਸਿਆ ਕਿ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਦੀ ਅਗਵਾਈ ਹੇਠ ਨਗਰ ਕੌਂਸਲ ਮਾਛੀਵਾੜਾ ਸ਼ਹਿਰ ਦੇ ਵਿਕਾਸ ਲਈ ਹਰ ਸੰਭਵ ਯਤਨ ਕਰ ਰਹੀ ਹੈ। ਨਗਰ ਕੌਂਸਲ ਪ੍ਰਧਾਨ ਮੋਹਿਤ ਕੁੰਦਰਾ ਨਾਲ ਮੌਜੂਦ ਚਰਨ ਕੰਵਲ ਵੈੱਲਫੇਅਰ ਸੁਸਾਇਟੀ ਦੇ ਨੁਮਾਇੰਦੇ ਪੰਕਜ ਬਾਂਸਲ, ਅਮਿਤ ਭਾਟੀਆ ਨੇ ਕਿਹਾ ਕਿ ਉਹ ਕੌਂਸਲ ਦੀ ਵਧੀਆ ਕਾਰਗੁਜ਼ਾਰੀ ਤੋਂ ਪ੍ਰਭਾਵਿਤ ਹਨ ਤੇ ਸ਼ਹਿਰ ਨੂੰ ਹਰਿਆ-ਭਰਿਆ ਰੱਖਣ ਵਿੱਚ ਸਹਿਯੋਗ ਕਰਨਗੇ। ਇਸ ਮੌਕੇ ਇੰਸਪੈਕਟਰ ਸੁਖਦੇਵ ਸਿੰਘ ਬਿੱਟੂ ਵੀ ਮੌਜੂਦ ਸਨ।

# ਮੋਦੀ ਵੱਲੋਂ ਗਰੀਬਾਂ ਤੇ ਲੋੜਵੰਦਾਂ ਲਈ ਬਣਾਈਆਂ ਭਲਾਈ ਯੋਜਨਾਵਾਂ ਇਤਿਹਾਸ ਬਣ ਜਾਣਗੀਆਂ : ਡਾ. ਸੀਮਾਂਤ ਗਰਗ



**ਮੋਗਾ (ਇਕਬਾਲ ਸਿੰਘ ਖਹਿਰਾ)**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਦੇਸ਼ ਦੇ ਗਰੀਬਾਂ ਤੇ ਲੋੜਵੰਦਾਂ ਨੂੰ ਲਾਭ ਦੇਣ ਲਈ ਬਣਾਈਆਂ ਗਈਆਂ ਯੋਜਨਾਵਾਂ ਇਤਿਹਾਸ ਬਣ ਗਈਆਂ ਹਨ ਅਤੇ ਲੋਕਾਂ ਨੂੰ ਜ਼ਮੀਨੀ ਪੱਧਰ 'ਤੇ ਕੇਂਦਰ ਸਰਕਾਰ ਦੀਆਂ ਯੋਜਨਾਵਾਂ ਦਾ ਲਾਭ ਮਿਲਣ ਕਾਰਨ ਅੱਜ ਗਰੀਬ ਤੇ ਲੋੜਵੰਦ ਲੋਕ ਵਿੱਤੀ ਤੌਰ 'ਤੇ ਮਜ਼ਬੂਤ ਹੋ ਰਹੇ ਹਨ ਅਤੇ ਪਾਰਟੀ ਵਿੱਚ ਸ਼ਾਮਲ ਹੋ ਕੇ ਭਾਜਪਾ ਨੂੰ ਹੋਰ ਮਜ਼ਬੂਤ ਬਣਾ ਰਹੇ ਹਨ।ਉਪਰੋਕਤ ਵਿਚਾਰ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਡਾ. ਸੀਮਾਂਤ ਗਰਗ ਨੇ ਜ਼ਿਲ੍ਹਾ ਜਨਰਲ ਸਕੱਤਰ ਤੇ ਨਿਹਾਲ ਸਿੰਘ ਵਾਲਾ ਹਲਕੇ ਦੇ ਇੰਚਾਰਜ ਮੁਖਤਿਆਰ ਸਿੰਘ ਵੱਲੋਂ ਨਿਹਾਲ ਸਿੰਘ ਵਾਲਾ ਹਲਕੇ ਦੇ ਪਿੰਡ ਕੋਕਰੀ ਕਲਾਂ ਵਿੱਚ ਪ੍ਰਧਾਨ ਮੰਤਰੀ ਦੀਆਂ ਯੋਜਨਾਵਾਂ ਦਾ ਲਾਭ ਦੇਣ ਲਈ ਲਗਾਏ ਗਏ ਕੈਂਪ ਦੇ ਉਦਘਾਟਨ ਮੌਕੇ ਪ੍ਰਗਟ ਕੀਤੇ।ਇਸ ਮੌਕੇ ਕੈਪਟਨ ਅਮਰਜੀਤ ਸਿੰਘ, ਮੰਡਲ ਪ੍ਰਧਾਨ ਅਮਰੀਕ ਸਿੰਘ, ਸਾਬਕਾ ਸਰਪੰਚ ਛਿੰਦਰ ਸਿੰਘ, ਮਹਿੰਦਰ ਸਿੰਘ, ਵਿੱਕੀ ਗਿੱਲ, ਮਲਕੀਤ ਸਿੰਘ ਤੇ ਕੋਕਰੀ ਕਲਾਂ ਦੇ ਪਿੰਡ ਵਾਸੀ ਜਤਿੰਦਰ ਚੱਢਾ ਵੱਡੀ ਗਿਣਤੀ ਵਿੱਚ ਮੌਜੂਦ ਸਨ।ਇਸ ਮੌਕੇ ਡਾ. ਸੀਮਾਂਤ ਗਰਗ ਨੇ ਕਿਹਾ ਕਿ ਪ੍ਰਧਾਨ ਮੰਤਰੀ ਗਰੀਬਾਂ ਤੇ ਲੋੜਵੰਦਾਂ ਨੂੰ ਬਿਮਾਰੀ ਦੀ ਸੂਰਤ ਵਿੱਚ ਆਯੁਸ਼ਮਾਨ ਯੋਜਨਾ ਤਹਿਤ ਪ੍ਰਤੀ ਸਾਲ 5 ਲੱਖ ਰੁਪਏ ਦਾ ਮੁਫ਼ਤ ਇਲਾਜ ਮੁਹੱਈਆ ਕਰਵਾ ਰਹੇ ਹਨ।ਇਸ ਤੋਂ ਇਲਾਵਾ, ਪ੍ਰਧਾਨ ਮੰਤਰੀ ਅਨਤੋਦਿਆ ਯੋਜਨਾ ਤਹਿਤ ਮੁਫ਼ਤ ਕਣਕ, ਉੱਜਵਲਾ ਯੋਜਨਾ ਤਹਿਤ ਮੁਫ਼ਤ ਗੈਸ ਸਿਲੰਡਰ, ਕਿਸਾਨ ਨਿਧੀ ਯੋਜਨਾ ਤਹਿਤ ਕਿਸਾਨਾਂ ਨੂੰ ਵਿੱਤੀ ਸਹਾਇਤਾ, ਪ੍ਰਧਾਨ ਮੰਤਰੀ ਜਨ ਧਨ ਯੋਜਨਾ ਤਹਿਤ ਉਨ੍ਹਾਂ ਦੇ ਖਾਤਿਆਂ ਵਿੱਚ ਵਿੱਤੀ ਸਹਾਇਤਾ, ਛੋਟੇ ਵਪਾਰੀਆਂ ਤੇ ਦੁਕਾਨਦਾਰਾਂ ਨੂੰ ਆਪਣਾ ਕਾਰੋਬਾਰ ਵਧਾਉਣ ਲਈ ਦਸ ਲੱਖ ਰੁਪਏ ਤੱਕ ਬਿਨਾਂ ਗਰੰਟੀ ਦੇ ਕਰਜ਼ਾ, ਗਲੀ-ਮੁਹੱਲਿਆਂ ਦੇ ਵਿਕਰੇਤਾਵਾਂ ਨੂੰ ਆਪਣਾ ਕਾਰੋਬਾਰ ਸ਼ੁਰੂ ਕਰਨ ਲਈ ਦਸ ਹਜ਼ਾਰ ਤੋਂ ਇੱਕ ਲੱਖ ਰੁਪਏ ਤੱਕ ਬਿਨਾਂ ਗਰੰਟੀ ਦੇ ਕਰਜ਼ਾ, ਕੱਚੇ ਘਰਾਂ ਨੂੰ ਪੱਕੇ ਘਰਾਂ ਵਿੱਚ ਬਦਲਣ ਲਈ ਪ੍ਰਧਾਨ ਮੰਤਰੀ ਆਵਾਸ ਯੋਜਨਾ ਤਹਿਤ ਡੇਢ ਲੱਖ ਰੁਪਏ ਪ੍ਰਦਾਨ ਕਰਨਾ, ਆਮ ਲੋਕਾਂ ਤੇ ਮਿਹਨਤਕਸ਼ ਲੋਕਾਂ ਨੂੰ ਆਮਦਨ ਕਰ ਯੋਜਨਾ ਵਿੱਚ ਵੱਡੀ ਰਾਹਤ ਦੇਣਾ ਆਦਿ ਰਾਹੀਂ ਲੋਕਾਂ ਦੇ ਆਰਥਿਕ ਜੀਵਨ ਨੂੰ ਉੱਚਾ ਚੁੱਕਣ ਲਈ ਕੰਮ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਕਰਨ ਤੇ ਲੋਕਾਂ ਨੂੰ ਰੁਜ਼ਗਾਰ ਦੇਣ ਲਈ 2027 ਵਿੱਚ ਭਾਜਪਾ ਦੀ ਸਰਕਾਰ ਲਿਆਉਣਾ ਸਮੇਂ ਦੀ ਲੋੜ ਹੈ।ਇਸ ਮੌਕੇ ਜ਼ਿਲ੍ਹਾ ਜਨਰਲ ਸਕੱਤਰ ਸਾਬਕਾ ਐੱਸ.ਪੀ. ਮੁਖਤਿਆਰ ਸਿੰਘ ਨੇ ਕਿਹਾ ਕਿ ਜਲਦੀ ਹੀ ਨਿਹਾਲ ਸਿੰਘ ਵਾਲਾ ਤੇ ਬੱਧਨੀ ਕਲਾਂ ਵਿੱਚ ਦਫ਼ਤਰ ਖੋਲ੍ਹੇ ਜਾਣਗੇ ਤੇ ਪ੍ਰਧਾਨ ਮੰਤਰੀ ਯੋਜਨਾਵਾਂ ਦੇ ਲਾਭ ਤੋਂ ਇਲਾਵਾ ਲੋਕਾਂ ਨੂੰ ਆਧਾਰ ਕਾਰਡ, ਪੈਨਸ਼ਨ ਆਦਿ ਸਹੂਲਤਾਂ ਪ੍ਰਦਾਨ ਕੀਤੀਆਂ ਜਾਣਗੀਆਂ।ਉਨ੍ਹਾਂ ਨਿਹਾਲ ਸਿੰਘ ਵਾਲਾ ਹਲਕੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਭਾਜਪਾ ਵੱਲੋਂ ਪ੍ਰਧਾਨ ਮੰਤਰੀ ਦੀਆਂ ਯੋਜਨਾਵਾਂ ਦਾ ਲਾਭ ਲੈਣ ਲਈ ਲਗਾਏ ਜਾ ਰਹੇ ਕੈਂਪਾਂ ਦਾ ਵੱਧ ਤੋਂ ਵੱਧ ਲੋਕ ਲਾਭ ਉਠਾਉਣ ਤਾਂ ਜੋ ਉਨ੍ਹਾਂ ਦਾ ਆਰਥਿਕ ਪੱਧਰ ਉੱਚਾ ਹੋ ਸਕੇ ਤੇ ਲੋਕ ਵਿੱਤੀ ਤੌਰ 'ਤੇ ਮਜ਼ਬੂਤ ਹੋ ਸਕਣ।

## ਵਿਧਾਇਕ ਬੁੱਧ ਰਾਮ ਨੇ ਖੱਤਰੀਵਾਲਾ ਤੇ ਕਾਹਨਗੜ੍ਹ 'ਚ ਵਾਟਰ ਵਰਕਸ ਦਾ ਰੱਖਿਆ ਨੀਂਹ ਪੱਥਰ



**ਮਾਨਸਾ (ਆਤਮਾ ਸਿੰਘ ਪਮਾਰ)**-ਹਲਕਾ ਵਿਧਾਇਕ ਬੁਢਲਾਡਾ ਪ੍ਰਿੰਸੀਪਲ ਸ੍ਰ. ਬੁੱਧ ਰਾਮ ਨੇ ਦੱਸਿਆ ਕਿ ਵਿਧਾਨ ਸਭਾ ਚੋਣਾਂ ਦੌਰਾਨ ਹਲਕੇ ਦੇ ਦੋ ਪਿੰਡ ਕਾਹਨਗੜ੍ਹ ਤੇ ਖੱਤਰੀਵਾਲਾ ਵਿਖੇ ਵਾਟਰ ਵਰਕਸ ਉਸਾਰਨ ਦਾ ਵਾਅਦਾ ਕੀਤਾ ਗਿਆ ਸੀ, ਜਿਸ ਨੂੰ ਪੂਰਾ ਕਰਦਿਆਂ ਇਨ੍ਹਾਂ ਦੋਵਾਂ ਪਿੰਡਾਂ ਵਿੱਚ ਵਾਟਰ ਵਰਕਸ ਦਾ ਨੀਹ ਪੱਥਰ ਰੱਖਿਆ ਗਿਆ ਹੈ। ਬੁੱਧ ਰਾਮ ਨੇ ਦੱਸਿਆ ਕਿ ਪਿੰਡ ਕਾਹਨਗੜ੍ਹ ਲਈ 350.34 ਲੱਖ ਦੀ ਲਾਗਤ ਨਾਲ ਵਾਟਰ ਵਰਕਸ ਉਸਾਰਿਆ ਜਾਣਾ ਹੈ, ਜਿੱਥੇ 1000 ਘਰਾਂ ਲਈ ਸ਼ੁੱਧ ਪਾਣੀ ਸਪਲਾਈ ਕੀਤਾ ਜਾਵੇਗਾ। ਇਸੇ ਤਰਜ਼ 'ਤੇ ਪਿੰਡ ਖੱਤਰੀਵਾਲਾ ਵਿਖੇ 252.93 ਲੱਖ ਦੀ ਲਾਗਤ ਨਾਲ 400 ਘਰਾਂ ਲਈ ਜਲ ਸਪਲਾਈ ਦਿੱਤੀ ਜਾਵੇਗੀ। ਵਿਧਾਇਕ ਨੇ ਦੱਸਿਆ ਕਿ ਦੋਵੇਂ ਵਾਟਰ ਵਰਕਸ ਨਹਿਰੀ ਪਾਣੀ 'ਤੇ ਨਿਰਭਰ ਹੋਣਗੇ ਤੇ ਪਾਣੀ ਨੂੰ ਫਿਲਟਰ ਕਰਨ ਲਈ ਇਸ ਵਿੱਚ ਨਵੀਂ ਤਕਨੀਕ ਦਾ ਫਿਲਟਰ ਵਰਤਿਆ ਜਾਵੇਗਾ, ਜਿਸ ਨੂੰ ਤਕਨੀਕੀ ਭਾਸ਼ਾ ਵਿੱਚ ਪੀ.ਐੱਸ.ਐੱਫ. (ਪ੍ਰੈਸ਼ਰ ਸੈਂਡ ਫਿਲਟਰ) ਕਿਹਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਪਿੰਡ ਖੱਤਰੀਵਾਲਾ ਵਿਖੇ 50 ਹਜ਼ਾਰ ਲੀਟਰ ਸਮਰੱਥਾ ਵਾਲੀ ਟੈਂਕੀ ਬਣਾਈ ਜਾਵੇਗੀ, ਜਦੋਂਕਿ ਪਿੰਡ ਕਾਹਨਗੜ੍ਹ ਵਿੱਚ 1.50 ਲੱਖ ਲੀਟਰ ਦੀ ਸਮਰੱਥਾ ਵਾਲੀ ਟੈਂਕੀ ਬਣਾਈ ਜਾਵੇਗੀ, ਜਿਸ ਨਾਲ ਦੋਵੇਂ ਪਿੰਡਾਂ ਵਿੱਚ ਨਿਰਵਿਘਨ ਸ਼ੁੱਧ ਪਾਣੀ ਦੀ ਸਪਲਾਈ ਦਾ ਕੰਮ ਪੂਰਾ ਹੋ ਜਾਵੇਗਾ। ਇਸ ਮੌਕੇ ਦੋਵੇਂ ਪਿੰਡਾਂ ਦੇ ਸਰਪੰਚ ਸਮੇਤ ਸਮੂਹ ਪੰਚਾਇਤ ਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂਆਂ ਤੋਂ ਇਲਾਵਾ ਸਰਪੰਚ ਯੂਨੀਅਨ ਦੇ ਪ੍ਰਧਾਨ ਤੇ ਬਲਾਕ ਪ੍ਰਧਾਨ ਰਜਿੰਦਰ ਸਿੰਘ ਗੋਬਿੰਦਪੁਰਾ, ਪ੍ਰੇਮ ਸਿੰਘ ਸਰਪੰਚ, ਜਗਤਾਰ ਸਿੰਘ ਤਾਰੀ, ਗੁਰਦੀਪ ਸਿੰਘ ਸਰਪੰਚ ਦਿਆਲਪੁਰਾ, ਜਗਸੀਰ ਸਿੰਘ ਜੱਗੀ ਸਰਪੰਚ ਕਾਹਨਗੜ੍ਹ, ਕੁਲਦੀਪ ਸਿੰਘ ਬਖਸ਼ੀਵਾਲਾ, ਸੰਸਾਰ ਸਿੰਘ ਬਲਾਕ ਪ੍ਰਧਾਨ, ਕੁਲਵਿੰਦਰ ਸਿੰਘ ਬਲਾਕ ਪ੍ਰਧਾਨ, ਚਮਕੌਰ ਸਿੰਘ ਚੇਅਰਮੈਨ, ਜਗਤਾਰ ਸਿੰਘ ਪਾਰਟੀ ਪ੍ਰਧਾਨ ਕਾਹਨਗੜ੍ਹ, ਕੇਵਲ ਸ਼ਰਮਾ ਸਹਿਰੀ ਪ੍ਰਧਾਨ ਬਰੇਟਾ, ਲਲਿਤ ਜੈਨ ਸ਼ੈਲਰ ਯੂਨੀਅਨ ਪ੍ਰਧਾਨ ਆਦਿ ਹਾਜ਼ਰ ਸਨ।

## ਨੈੱਟਬਾਲ ਚੈਂਪੀਅਨਸ਼ਿਪ ਲਈ ਟਰਾਇਲ ਭਲਕੇ

**ਜਲਾਲਾਬਾਦ (ਜੀਤ ਕੁਮਾਰ)**-ਨੈੱਟਬਾਲ ਪ੍ਰਮੋਸ਼ਨ ਐਸੋਸੀਏਸ਼ਨ ਜ਼ਿਲ੍ਹਾ ਫਾਜ਼ਿਲਕਾ ਦੇ ਸਕੱਤਰ ਸੁਨੀਲ ਕੰਬੋਜ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਚੌਥੀ ਫਾਸਟ ਫਾਈਵ ਸੀਨੀਅਰ ਨੈਸ਼ਨਲ ਨੈੱਟਬਾਲ ਚੈਂਪੀਅਨਸ਼ਿਪ 2025-26, ਦੂਜੀ ਮਿਕਸਡ ਸੀਨੀਅਰ ਨੈਸ਼ਨਲ ਨੈੱਟਬਾਲ ਚੈਂਪੀਅਨਸ਼ਿਪ 2025-26 ਤੇ ਉੱਤਰੀ ਜ਼ੋਨ ਰਾਸ਼ਟਰੀ ਨੈੱਟਬਾਲ ਚੈਂਪੀਅਨਸ਼ਿਪ 2025-26 ਲਈ ਟਰਾਇਲ 13 ਜੁਲਾਈ ਨੂੰ ਲਏ ਜਾਣਗੇ। ਫਾਸਟ ਫਾਈਵ ਸੀਨੀਅਰ ਨੈਸ਼ਨਲ ਚੈਂਪੀਅਨਸ਼ਿਪ ਤੇ ਮਿਕਸਡ ਸੀਨੀਅਰ ਨੈਸ਼ਨਲ ਨੈੱਟਬਾਲ ਚੈਂਪੀਅਨਸ਼ਿਪ 28 ਅਗਸਤ ਤੋਂ 31 ਅਗਸਤ ਤੱਕ ਨੇਤਾਜੀ ਸੁਭਾਸ਼ ਚੰਦਰ ਬੋਸ ਸਟੇਡੀਅਮ ਪਲਵਲ (ਹਰਿਆਣਾ) ਵਿਖੇ ਕੀਤੀ ਜਾਵੇਗੀ। ਉੱਤਰੀ ਜ਼ੋਨ ਰਾਸ਼ਟਰੀ ਨੈੱਟਬਾਲ ਚੈਂਪੀਅਨਸ਼ਿਪ 25 ਜੁਲਾਈ ਤੋਂ 27 ਜੁਲਾਈ ਤੱਕ ਡੀ. ਡੀ. ਪਬਲਿਕ ਸਕੂਲ ਯਾਕੂਬਪੁਰ ਜ਼ਿਲ੍ਹਾ ਝੱਜਰ (ਹਰਿਆਣਾ) ਵਿਖੇ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਉਕਤ ਚੈਂਪੀਅਨਸ਼ਿਪ ਵਿੱਚ ਇਨ੍ਹਾਂ ਟਰਾਇਲਾਂ ਵਿੱਚ ਹਿੱਸਾ ਲੈਣ ਦੇ ਇੱਛੁਕ ਖਿਡਾਰੀ ਆਪਣਾ ਆਧਾਰ ਕਾਰਡ ਤੇ ਐੱਨ ਐੱਫ ਆਈ ਰਜਿਸਟ੍ਰੇਸ਼ਨ ਨੰਬਰ ਦਿਖਾ ਕੇ ਟਰਾਇਲਾਂ ਵਿੱਚ ਹਿੱਸਾ ਲੈ ਸਕਦੇ ਹਨ। ਖਿਡਾਰੀਆਂ ਦੀ ਸਹੂਲਤ ਅਨੁਸਾਰ ਟਰਾਇਲ ਦੋ ਥਾਵਾਂ ਮੈਮੋਰੀਅਲ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਬਾਦਲ ਕਲੋਨੀ, ਜ਼ੀਰਕਪੁਰ (ਮੋਹਾਲੀ) ਤੇ ਨਹਿਰੂ ਮੈਮੋਰੀਅਲ ਕਾਲਜ ਮਾਨਸਾ ਵਿਖੇ ਲਏ ਜਾਣਗੇ।

# ਰਾਜਾ ਵੜਿੰਗ ਦਾ ਬਾਘਾ ਪੁਰਾਣਾ ਪੁੱਜਣ 'ਤੇ ਪਾਰਟੀ ਆਗੂਆਂ ਤੇ ਵਰਕਰਾਂ ਵੱਲੋਂ ਜ਼ੋਰਦਾਰ ਸਵਾਗਤ



**ਬਾਘਾ ਪੁਰਾਣਾ (ਮਨੀ ਸਿੰਗਲਾ)**

2027 ਦੀਆਂ ਪੰਜਾਬ ਵਿਧਾਨ ਸਭਾ ਨੂੰ ਦੇਖਦਿਆਂ ਸੂਬੇ ਅੰਦਰ ਸਿਆਸੀ ਮਾਹੌਲ ਪੂਰੀ ਤਰ੍ਹਾਂ ਭਖਿਆ ਹੋਇਆ ਹੈ ਤੇ ਵੱਖ ਵੱਖ ਰਾਜਨੀਤਕ ਆਗੂਆਂ ਵੱਲੋਂ 2027 'ਚ ਆਪਣੀ ਸਰਕਾਰ ਬਣਾਉਣ ਲਈ ਜਿੱਥੇ ਜਥੇਬੰਧਕ ਢਾਂਚੇ ਦਾ ਐਲਾਨ ਕੀਤਾ ਜਾ ਰਿਹਾ ਹੈ, ਉਥੇ ਹੀ ਪਾਰਟੀ ਪ੍ਰਧਾਨਾਂ ਵੱਲੋਂ ਪੰਜਾਬ ਦੇ ਵੱਖ ਵੱਖ ਹਲਕਿਆਂ ਅੰਦਰ ਪਾਰਟੀ ਪ੍ਰਧਾਨਾਂ ਵੱਲੋਂ ਹਲਕਿਆਂ ਦੇ ਮੁੱਖ ਸੇਵਾਦਾਰਾਂ ਨਾਲ ਮੀਟਿੰਗਾਂ ਕਰਨ ਦੇ ਨਾਲ ਨਾਲ ਉਨ੍ਹਾਂ ਕੋਲੋਂ ਫੀਡ ਬੈਕ ਲਿਆ ਜਾ ਰਿਹਾ ਹੈ, ਜਿਸ ਤਹਿਤ ਬੀਤੇ ਦਿਨ ਹਲਕਾ ਬਾਘਾ ਪੁਰਾਣਾ ਵਿੱਚ ਪਾਰਟੀ ਦੇ ਮੁੱਖ ਸੇਵਾਦਾਰ ਜਗਸੀਰ ਸਿੰਘ ਕਾਲੇਕੇ ਸਮੇਤ ਹਲਕੇ ਦੀ ਲੀਡਰਸ਼ਿਪ ਨਾਲ ਹਲਕੇ ਦੇ ਹਾਲਾਤਾਂ ਬਾਰੇ ਪਤਾ ਕਰਨ ਲਈ ਪੁੱਜਣ 'ਤੇ ਜਗਸੀਰ ਸਿੰਘ ਕਾਲੇਕੇ ਦੀ ਅਗਵਾਈ ਹੇਠ ਪਾਰਟੀ ਆਗੂਆਂ ਤੇ ਵਰਕਰਾਂ ਵੱਲੋਂ ਉਨ੍ਹਾਂ ਦਾ ਜ਼ੋਰਦਾਰ ਸਵਾਗਤ ਕੀਤਾ ਗਿਆ।

ਇਸ ਮੌਕੇ ਸਾਬਕਾ ਕੌਂਸਲਰ ਸ਼ਸ਼ੀ ਗਰਗ, ਕਾਂਗਰਸ ਪਾਰਟੀ ਦੇ ਸ਼ਹਿਰੀ ਪ੍ਰਧਾਨ ਦੀਪਾ ਅਰੋੜਾ, ਬਲਾਕ ਪ੍ਰਧਾਨ ਗਗਨ ਨਿਗਾਹਾ, ਕਾਕਾ ਆਲਮਵਾਲਾ, ਸੀਪਾ ਰਾਜਿਆਣਾ, ਕਾਂਗਰਸ ਦੇ ਯੂਥ ਆਗੂ ਸੁੱਖਾ ਲੰਗੇਆਣਾ, ਹਰਪ੍ਰੀਤ ਸਿੰਘ ਘੋਟੂ, ਅਭੀ ਗਰਗ, ਮਾਮ ਮਨਚੰਦਾ, ਬੌਬੀ, ਪ੍ਰੀਤ ਮਦਾਰੀ ਮਾਰਕੀਟ, ਲਵਪ੍ਰੀਤ ਮਾੜੀ ਮੁਸਤਫਾ ਦੇ ਇਲਾਵਾ ਹੋਰ ਪਾਰਟੀ ਆਗੂ ਤੇ ਵਰਕਰ ਹਾਜ਼ਰ ਸਨ।

ਇਸ ਮੌਕੇ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਸਮੂਹ ਹਾਜ਼ਰ ਕਾਂਗਰਸੀ ਆਗੂਆਂ ਨੂੰ ਇਕਜੁੱਟ ਹੋ ਕੇ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਦੇਖਦੇ ਹੋਏ ਉਨ੍ਹਾਂ ਨੂੰ ਹੁਣੇ ਤੋਂ ਹੀ ਹਲਕਾ ਬਾਘਾ ਪੁਰਾਣਾ ਦਾ ਕਿਲ੍ਹਾ ਫਤਿਹ ਕਰਨ ਲਈ ਸਰਗਰਮੀਆਂ ਨੂੰ ਵਿੱਢਣ ਲਈ ਆਖਿਆ, ਤਾਂ ਜਗਸੀਰ ਸਿੰਘ ਕਾਲੇਕੇ ਐ ਸ਼ਸ਼ੀ ਗਰਗ ਨੇ ਆਖਿਆ ਕਿ ਹਲਕਾ ਬਾਘਾ ਪੁਰਾਣਾ ਅੰਦਰ ਕਾਂਗਰਸ ਪਾਰਟੀ ਪੂਰੀ ਤਰ੍ਹਾਂ ਮਜ਼ਬੂਤ ਹੈ ਅਤੇ ਇਕ ਪਲੇਟਫਾਰਮ 'ਤੇ ਇਕੱਠੇ ਹੋ ਕੇ ਹਲਕੇ ਅੰਦਰ ਕਾਂਗਰਸ ਪਾਰਟੀ ਦੀਆਂ ਨੀਤੀਆਂ ਨੂੰ ਘਰ ਘਰ ਪਹੁੰਚਾਇਆ ਜਾ ਰਿਹਾ ਹੈ। ਉਨ੍ਹਾਂ ਪ੍ਰਦੇਸ਼ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਪਾਰਟੀ ਦੀ ਜਿੱਤ ਦਾ ਝੰਡਾ ਬਾਘਾ ਪੁਰਾਣਾ ਅੰਦਰ ਗੱਡਣ ਲਈ ਕੋਈ ਕਸਰ ਬਾਕੀ ਨਹੀਂ ਛੱਡਣਗੇ।

ਸ਼ਸ਼ੀ ਗਰਗ ਨੇ ਇਸ ਮੌਕੇ ਗੱਲਬਾਤ ਕਰਦਿਆਂ ਆਖਿਆ ਕਿ ਲੋਕ ਤਬਦੀਲੀ ਚਾਹੁੰਦੇ ਹਨ ਤੇ ਇਹ ਤਬਦੀਲੀ ਸਿਰਫ਼ ਕਾਂਗਰਸ ਪਾਰਟੀ ਰਾਹੀਂ ਹੀ ਆ ਸਕਦੀ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਨਹੀਂ ਉੱਤਰੀ ਤੇ ਹੁਣ ਲੋਕਾਂ ਵਿੱਚ ਵੱਡਾ ਅਸੰਤੋਸ਼ ਹੈ। ਅਸੀਂ ਹਰੇਕ ਘਰ ਤੱਕ ਜਾ ਕੇ ਪਾਰਟੀ ਦੀ ਨੀਤੀ, ਇਤਿਹਾਸ ਤੇ ਰਣਨੀਤੀ ਬਾਰੇ ਚਾਨਣ ਪਾਵਾਂਗੇ ਤੇ ਨਵੀਆਂ ਭਰਤੀਆਂ ਰਾਹੀਂ ਪਾਰਟੀ ਦਾ ਆਧਾਰ ਫੇਰ ਮਜ਼ਬੂਤ ਕਰਾਂਗੇ। ਉਨ੍ਹਾਂ ਅਖੀਰ 'ਚ ਕਿਹਾ ਕਿ ਜ਼ਮੀਨ ਪੱਧਰ ਤੋਂ ਸੱਚੀ ਆਵਾਜ਼ ਉਠਾਉਣ ਵਾਲੀ ਸਿਰਫ਼ ਕਾਂਗਰਸ ਹੀ ਪਾਰਟੀ ਹੈ, ਜੋ ਹਮੇਸ਼ਾ ਕਿਸਾਨਾਂ, ਮਜ਼ਦੂਰਾਂ, ਨੌਜਵਾਨਾਂ ਤੇ ਲੋੜਵੰਦਾਂ ਦੇ ਹੱਕ ਵਿੱਚ ਖੜੀ ਰਹੀ ਹੈ। ਇਸ ਮੌਕੇ ਜਗਸੀਰ ਸਿੰਘ ਕਾਲੇਕੇ ਤੇ ਸਾਬਕਾ ਕੌਂਸਲਰ ਸ਼ਸ਼ੀ ਗਰਗ ਵੱਲੋਂ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦਾ ਲੋਈ ਦੇ ਕੇ ਸਨਮਾਨ ਕੀਤਾ ਗਿਆ।

## ਪੀਰਖਾਨਾ ਵਿਖੇ ਧਾਰਮਿਕ ਸਮਾਗਮ ਸ਼ਰਧਾ ਨਾਲ ਮਨਾਇਆ



**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**-ਸਥਾਨਕ ਦੋਹਲਾ ਦਰਵਾਜ਼ਾ ਵਿਖੇ ਸਥਿਤ ਲੱਖ ਦਾਤਾ ਲਾਲਾਂ ਵਾਲਾ ਪੀਰਖਾਨਾ ਵਿਖੇ ਸਲਾਨਾ ਭੰਡਾਰੇ ਦੇ ਪਵਿੱਤਰ ਮੌਕੇ 'ਤੇ ਧਾਰਮਿਕ ਸਮਾਗਮ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਕਰਵਾਇਆ ਗਿਆ।ਇਹ ਸਮਾਗਮ ਸੰਤ ਬਾਬਾ ਵਿਸ਼ਨੂੰ ਕੁਮਾਰ ਦੀ ਅਗਵਾਈ ਹੇਠ ਕਰਵਾਇਆ ਗਿਆ, ਜਿਸ ਵਿੱਚ ਇਲਾਕੇ ਭਰ ਤੋਂ ਭਗਤਜਨਾਂ ਨੇ ਭਾਰੀ ਗਿਣਤੀ ਵਿੱਚ ਹਾਜ਼ਰੀ ਭਰੀ।ਧਾਰਮਿਕ ਸਮਾਗਮ ਦੀ ਸ਼ੁਰੂਆਤ ਅਰਦਾਸ ਤੇ ਸ਼ਬਦ ਕੀਰਤਨ ਨਾਲ ਕੀਤੀ ਗਈ, ਜਿਸ ਤੋਂ ਬਾਅਦ ਰੂਹਾਨੀ ਚਰਨਾਂ ਵਿੱਚ ਵਿਸ਼ਵਾਸ ਰੱਖਣ ਵਾਲੀਆਂ ਸੰਗਤਾਂ ਨੇ ਆਪਣੀ ਭਾਵਨਾ ਅਰਪਿਤ ਕੀਤੀ।ਸੰਤ ਬਾਬਾ ਵਿਸ਼ਨੂੰ ਕੁਮਾਰ ਨੇ ਸੰਗਤਾਂ ਨੂੰ ਧਾਰਮਿਕ ਜੀਵਨ ਬਾਰੇ ਉਪਦੇਸ਼ ਦਿੰਦਿਆਂ ਕਿਹਾ ਕਿ ਅਸਲ ਧਰਮ ਮਨੁੱਖਤਾ ਦੀ ਸੇਵਾ ਤੇ ਸੱਚ ਦੇ ਰਾਹ ਉੱਤੇ ਤੁਰਨ ਵਿੱਚ ਹੈ।ਇਸ ਪਵਿੱਤਰ ਮੌਕੇ ਸਥਾਨਕ ਨੌਜਵਾਨਾਂ ਵੱਲੋਂ ਸੇਵਾ ਸੰਭਾਲੀ ਗਈ ਤੇ ਸੰਗਤਾਂ ਲਈ ਵਿਸ਼ਾਲ ਅਤੁੱਟ ਲੰਗਰ ਲਗਾਇਆ ਗਿਆ।ਸਮੂਹ ਇਲਾਕੇ ਵਿੱਚ ਇਸ ਸਮਾਗਮ ਨੂੰ ਲੈ ਕੇ ਵੱਡਾ ਉਤਸ਼ਾਹ ਵੇਖਣ ਨੂੰ ਮਿਲਿਆ।ਅੰਤ ਵਿੱਚ ਸੰਤ ਵਿਸ਼ਨੂੰ ਕੁਮਾਰ ਨੇ ਸਾਰਿਆਂ ਦਾ ਧੰਨਵਾਦ ਕਰਦਿਆਂ ਆਉਣ ਵਾਲੇ ਸਮੇਂ ਵਿੱਚ ਵੀ ਇਨ੍ਹਾਂ ਸਮਾਗਮਾਂ ਨੂੰ ਹੋਰ ਸ਼ਰਧਾ ਤੇ ਭਾਵਨਾ ਨਾਲ ਮਨਾਉਣ ਦੀ ਅਪੀਲ ਕੀਤੀ।

## ਡੀ ਟੀ ਐੱਫ ਦਾ ਵਫ਼ਦ ਜ਼ਿਲ੍ਹਾ ਖਜ਼ਾਨਾ ਅਫ਼ਸਰ ਨੂੰ ਮਿਲਿਆ



**ਮਾਨਸਾ (ਆਤਮਾ ਸਿੰਘ ਪਮਾਰ)**-ਜੂਨ ਮਹੀਨੇ ਦੀਆਂ ਰੁਕੀਆਂ ਤਨਖਾਹਾਂ ਜਾਰੀ ਕਰਵਾਉਣ ਲਈ ਡੀ ਟੀ ਐੱਫ ਮਾਨਸਾ ਦਾ ਇੱਕ ਵਫ਼ਦ ਜ਼ਿਲ੍ਹਾ ਪ੍ਰਧਾਨ ਅਮੋਲਕ ਡੇਲੂਆਣਾ ਤੇ ਸਕੱਤਰ ਹੰਸਾ ਸਿੰਘ ਦੀ ਅਗਵਾਈ ਵਿੱਚ ਜ਼ਿਲ੍ਹਾ ਖਜ਼ਾਨਾ ਅਫ਼ਸਰ ਮਾਨਸਾ ਅਵਤਾਰ ਸਿੰਘ ਨੂੰ ਮਿਲਿਆ।ਆਗੂਆਂ ਰੋਸ ਜ਼ਾਹਰ ਕੀਤਾ ਕਿ ਪੂਰਾ ਹਫ਼ਤਾ ਬੀਤ ਜਾਣ ਦੇ ਬਾਵਜੂਦ ਅਜੇ ਤੱਕ ਜ਼ਿਲ੍ਹੇ ਦੇ ਬਹੁਤ ਸਾਰੇ ਸਕੂਲਾਂ ਦੇ ਅਧਿਆਪਕਾਂ ਨੂੰ ਤਨਖਾਹਾਂ ਨਹੀਂ ਮਿਲੀਆਂ।ਤਨਖਾਹਾਂ 'ਚ ਦੇਰੀ ਹੋਣ 'ਤੇ ਆਪਣਾ ਰੋਸ ਦਰਜ ਕਰਵਾਇਆ ਗਿਆ।ਖਜ਼ਾਨਾ ਅਫ਼ਸਰ ਵੱਲੋਂ ਉੱਚ-ਅਧਿਕਾਰੀਆਂ ਦੇ ਧਿਆਨ ਵਿੱਚ ਲਿਆ ਕੇ ਇਸ ਸਬੰਧੀ ਮਸਲਾ ਇੱਕ ਦੋ ਦਿਨਾਂ 'ਚ ਹੱਲ ਕਰਵਾਉਣ ਦਾ ਭਰੋਸਾ ਦਿੱਤਾ ਗਿਆ।ਜਥੇਬੰਦੀ ਵੱਲੋਂ ਫੈਸਲਾ ਲਿਆ ਗਿਆ ਕਿ ਜੇਕਰ ਢੁੱਕਵਾਂ ਹੱਲ ਨਾ ਹੋਇਆ ਤਾਂ ਆਉਣ ਵਾਲੇ ਦਿਨਾਂ 'ਚ ਤਿੱਖਾ ਐਕਸ਼ਨ ਉਲੀਕਿਆ ਜਾਵੇਗਾ।ਇਸ ਮੌਕੇ ਜਸਵੀਰ ਭੰਮੇ, ਗੁਰਦਾਸ ਗੁਰਨੇ, ਧਰਮਿੰਦਰ ਹੀਰੇਵਾਲਾ, ਸੁਖਵੀਰ ਸਿੰਘ, ਗੁਰਜੀਤ ਔਲਖ, ਚਮਕੌਰ ਸਿੰਘ, ਗੁਰਵਿੰਦਰ ਮਾਨ, ਮਨਪ੍ਰੀਤ ਸਿੰਘ, ਗੁਰਪ੍ਰੀਤ ਸਿੰਘ, ਮਨਦੀਪ ਸਿੰਘ, ਅਕਾਸ਼ਦੀਪ, ਅਕਾਸ਼ ਸਿੰਗਲਾ, ਗੁਰਸੇਵਕ ਸਮਾਓਂ, ਰਛਪਾਲ ਸਿੰਘ ਆਦਿ ਅਧਿਆਪਕ ਆਗੂ ਹਾਜ਼ਰ ਸਨ।

## ਲੁਧਿਆਣਾ-ਜਗਰਾਵਾਂ ਪੁਲ ਸਪੇਅਰ ਪਾਰਟ ਐਸੋਸੀਏਸ਼ਨ ਦੀ ਮੀਟਿੰਗ



**ਲੁਧਿਆਣਾ (ਰਾਜ ਸਿੰਗਲਾ)**-ਮਹਾਨਗਰ ਲੁਧਿਆਣਾ ਅੰਦਰ ਖੇਤੀਬਾੜੀ ਸਬੰਧੀ ਮਸ਼ੀਨਰੀ ਤੇ ਟਰੈਕਟਰ ਸਪੇਅਰ ਪਾਰਟਸ ਐਸੋਸੀਏਸ਼ਨ ਵੱਲੋਂ ਇੱਕ ਮੀਟਿੰਗ ਜਗਰਾਓਂ ਪੁਲ ਲੁਧਿਆਣਾ ਵਿਖੇ ਕੀਤੀ ਗਈ।ਇਸ ਮੀਟਿੰਗ ਵਿੱਚ ਪੰਜਾਬ ਤੇ ਕੇਂਦਰ ਸਰਕਾਰ ਵੱਲੋਂ ਜੋ ਇੰਸਪੈਕਟਰ ਰਾਜ ਪਹਿਲਾਂ ਵਾਲੀਆਂ ਸਰਕਾਰਾਂ ਵੱਲੋਂ ਚਲਾਇਆ ਜਾ ਰਿਹਾ ਸੀ, ਨੂੰ ਖਤਮ ਕੀਤੇ ਜਾਣ 'ਤੇ ਚਰਚਾ ਕੀਤੀ ਗਈ। ਇਕੱਤਰ ਵਪਾਰੀਆਂ ਨੇ ਦੱਸਿਆ ਕਿ ਦੁਕਾਨਦਾਰਾਂ ਵੱਲੋਂ ਭਰੇ ਜਾਣ ਵਾਲੇ ਟੈਕਸਾਂ ਤੋਂ ਕੀ ਸਰਕਾਰਾਂ ਚਲਦੀਆਂ ਹਨ, ਪਰ ਫਿਰ ਵੀ ਪਿਛਲੇ ਦਿਨੀਂ ਜਲੰਧਰ ਅੰਦਰ ਕੁਝ ਪਾਰਟਸ ਦੀਆਂ ਦੁਕਾਨਾਂ ਉੱਪਰ ਅਚਨਚੇਤ ਛਾਪੇਮਾਰੀ ਕੀਤੀ ਗਈ, ਜਿਸ ਦੀ ਲੁਧਿਆਣਾ ਪਾਰਟਸ ਐਸੋਸੀਏਸ਼ਨ ਵੱਲੋਂ ਨਿਖੇਧੀ ਕੀਤੀ ਜਾਂਦੀ ਹੈ। ਅੱਜ ਦੀ ਮੀਟਿੰਗ ਅੰਦਰ ਇੰਜਣ ਪਾਰਟਸ ਐਸੋਸੀਏਸ਼ਨ, ਟਰੈਕਟਰ ਸਪੇਅਰ ਪਾਰਟ ਐਸੋਸੀਏਸ਼ਨ ਤੇ ਮਸ਼ੀਨਰੀ ਪਾਰਟਸ ਐਸੋਸੀਏਸ਼ਨ ਵੱਲੋਂ ਇੱਕਜੁੱਟਤਾ ਦਾ ਪ੍ਰਗਟਾਵਾ ਕੀਤਾ ਗਿਆ। ਸਮੂਹ ਦੁਕਾਨਦਾਰਾਂ ਨੇ ਇੱਕ ਸੁਰ 'ਚ ਕਿਹਾ ਕਿ ਜੇਕਰ ਕਿਸੇ ਵੀ ਦੁਕਾਨਦਾਰ ਵੀਰ ਨਾਲ ਕੋਈ ਧੱਕਾ ਹੁੰਦਾ ਹੈ ਤਾਂ ਸਾਡੀਆਂ ਐਸੋਸੀਏਸ਼ਨਾਂ ਵੱਲੋਂ ਧੱਕੇ ਦਾ ਵਿਰੋਧ ਕੀਤਾ ਜਾਵੇਗਾ।

## ਪਰਮਜੀਤ ਢਿੱਲੋਂ ਦੇ ਜ਼ਿਲ੍ਹਾ ਪ੍ਰਧਾਨ ਬਣਨ ਨਾਲ ਨੌਜਵਾਨਾਂ 'ਚ ਨਵਾਂ ਜੋਸ਼ ਭਰੇਗਾ : ਖੇੜਾ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਹਲਕਾ ਸਮਰਾਲਾ ਤੋਂ ਮੁੱਖ ਸੇਵਾਦਾਰ ਪਰਮਜੀਤ ਸਿੰਘ ਢਿੱਲੋਂ ਨੂੰ ਜ਼ਿਲ੍ਹਾ ਪ੍ਰਧਾਨ ਬਣਾਉਣ ਨਾਲ ਜਿੱਥੇ ਨੌਜਵਾਨਾਂ ਵਿੱਚ ਨਵਾਂ ਜੋਸ਼ ਭਰੇਗਾ, ਉੱਥੇ ਪਾਰਟੀ ਹੋਰ ਮਜ਼ਬੂਤ ਹੋਵੇਗੀ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸੱਚਾ ਸੌਦਾ ਆੜ੍ਹਤੀ ਐਸੋਸੀਏਸ਼ਨ ਦੇ ਸਾਬਕਾ ਪ੍ਰਧਾਨ ਤੇ ਸੀਨੀਅਰ ਅਕਾਲੀ ਆਗੂ ਹਰਜਿੰਦਰ ਸਿੰਘ ਖੇੜਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਸਾਬਕਾ ਪ੍ਰਧਾਨ ਖੇੜਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹੀ ਇੱਕ ਅਜਿਹੀ ਪਾਰਟੀ ਹੈ, ਜਿਸ ਵਿੱਚ ਕੰਮ ਕਰਨ ਵਾਲੇ ਵਰਕਰਾਂ ਨੂੰ ਪੂਰਾ ਮਾਣ ਸਤਿਕਾਰ ਦਿੱਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਦੂਰ ਅੰਦੇਸ਼ੀ ਸੋਚ ਹੈ ਕਿ ਪਾਰਟੀ ਵਿਚ ਵੱਧ ਤੋਂ ਵੱਧ ਨੌਜਵਾਨਾਂ ਨੂੰ ਅੱਗੇ ਲਿਆਂਦਾ ਜਾਵੇ, ਜਿਸ ਲਈ ਉਨ੍ਹਾਂ ਵੱਲੋਂ ਪਹਿਲਾਂ ਪਰਮਜੀਤ ਸਿੰਘ ਢਿੱਲੋਂ ਨੂੰ ਹਲਕਾ ਮੁੱਖ ਸੇਵਾਦਾਰ, ਫਿਰ ਵਰਕਿੰਗ ਕਮੇਟੀ ਦਾ ਮੈਂਬਰ ਤੇ ਹੁਣ ਪੁਲਸ ਜ਼ਿਲ੍ਹਾ ਖੰਨਾ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਸਾਬਕਾ ਪ੍ਰਧਾਨ ਖੇੜਾ ਨੇ ਕਿਹਾ ਕਿ ਪਰਮਜੀਤ ਸਿੰਘ ਢਿੱਲੋਂ ਨੇ ਜਦੋਂ ਤੋਂ ਹਲਕਾ ਸਮਰਾਲਾ ਦੀ ਕਮਾਨ ਸੰਭਾਲੀ ਹੈ, ਉਦੋਂ ਤੋਂ ਹੀ ਪਾਰਟੀ ਮਜ਼ਬੂਤੀ ਵੱਲ ਵਧਦੀ ਗਈ ਹੈ। ਉਨ੍ਹਾਂ ਕਿਹਾ ਕਿ ਪਰਮਜੀਤ ਢਿੱਲੋਂ ਬਹੁਤ ਹੀ ਮਿਲਣਸਾਰ ਤੇ ਨੇਕਦਿਲ ਇਨਸਾਨ ਹਨ, ਜੋ ਹਰ ਇੱਕ ਨੂੰ ਨਾਲ ਲੈ ਕੇ ਚੱਲਦੇ ਹਨ। ਉਨ੍ਹਾਂ ਕਿਹਾ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਿੱਚ ਆਉਣ ਵਾਲੀਆਂ 2027 ਦੀਆਂ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਪਹਿਲਾਂ ਵਾਂਗ ਹੀ ਜਿੱਤ ਪ੍ਰਾਪਤ ਕਰ ਸੱਤਾ ਵਿੱਚ ਆਵੇਗਾ। ਅਖੀਰ ਵਿੱਚ ਉਨ੍ਹਾਂ ਪਰਮਜੀਤ ਸਿੰਘ ਢਿੱਲੋਂ ਨੂੰ ਜ਼ਿਲ੍ਹਾ ਪ੍ਰਧਾਨ ਨਿਯੁਕਤ ਕਰਨ 'ਤੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਤੇ ਹਾਈ ਕਮਾਂਡ ਦਾ ਧੰਨਵਾਦ ਪ੍ਰਗਟਾਇਆ।

## ਨੌਜਵਾਨ ਭਾਰਤ ਸਭਾ ਵੱਲੋਂ ਸੰਗਰੂਰ ਰੈਲੀ 'ਚ ਸ਼ਮੂਲੀਅਤ ਦਾ ਐਲਾਨ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਨੌਜਵਾਨ ਭਾਰਤ ਸਭਾ ਜ਼ਿਲ੍ਹਾ ਪਟਿਆਲਾ ਦੀ ਜ਼ਿਲ੍ਹਾ ਕਮੇਟੀ ਦੀ ਮੀਟਿੰਗ ਸੂਬਾ ਕਮੇਟੀ ਮੈਂਬਰ ਦਵਿੰਦਰ ਛਬੀਲਪੁਰ ਦੀ ਅਗਵਾਈ ਹੇਠ ਹੋਈ।ਮੀਟਿੰਗ ਵਿੱਚ ਫ਼ੈਸਲਾ ਕੀਤਾ ਗਿਆ ਕਿ 25 ਜੁਲਾਈ ਨੂੰ ਸੰਗਰੂਰ ਜਬਰ ਵਿਰੋਧੀ ਰੈਲੀ ਵਿੱਚ ਨੌਜਵਾਨ ਭਾਰਤ ਸਭਾ ਸ਼ਮੂਲੀਅਤ ਕਰੇਗੀ।ਨੌਜਵਾਨ ਆਗੂ ਦਵਿੰਦਰ ਛਬੀਲਪੁਰ ਨੇ ਕਿਹਾ ਕਿ ਪੰਜਾਬ ਵਿੱਚ ਹਾਲਾਤ ਬਹੁਤ ਚਿੰਤਾਜਨਕ ਹੋ ਚੁੱਕੇ ਹਨ।ਇੱਕ ਪਾਸੇ ਸਰਕਾਰ ਲੋਕਤੰਤਰ ਤੇ ਕਾਨੂੰਨੀ ਪ੍ਰਕਿਰਿਆ ਦੀਆਂ ਗੱਲਾਂ ਕਰਦੀ ਹੈ, ਦੂਜੇ ਪਾਸੇ ਪੁਲਸ ਰਾਜ ਤੇ ਜਬਰ ਦੀ ਨੀਤੀ ਨੂੰ ਬੜ੍ਹਾਵਾ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਹਾਲ ਹੀ ਦਿਨਾਂ ਵਿੱਚ ਕਈ ਨੌਜਵਾਨਾਂ ਦੀਆਂ ਪੁਲਸ ਹਿਰਾਸਤ 'ਚ ਮੌਤਾਂ ਹੋਈਆਂ ਹਨ, ਜਿਨ੍ਹਾਂ ਦੇ ਪਰਵਾਰਾਂ ਨੂੰ ਇਨਸਾਫ਼ ਦੀ ਥਾਂ ਧਮਕੀਆਂ ਮਿਲ ਰਹੀਆਂ ਹਨ।ਕਈ ਥਾਵਾਂ 'ਤੇ ਨੌਜਵਾਨਾਂ ਨੂੰ ਫਰਜ਼ੀ ਮੁਕਾਬਲਿਆਂ ਵਿੱਚ ਮਾਰਿਆ ਗਿਆ ਹੈ, ਜਿਸ ਨਾਲ ਲੋਕਾਂ ਵਿੱਚ ਡਰ ਤੇ ਗੁੱਸਾ ਦੋਵੇਂ ਪੈਦਾ ਹੋ ਰਹੇ ਹਨ।ਇਹ ਕੇਵਲ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਹੀ ਨਹੀਂ, ਸਗੋਂ ਪੰਜਾਬ ਦੇ ਨੌਜਵਾਨਾਂ ਦੇ ਭਵਿੱਖ ਨੂੰ ਸੰਕਟ ਵਿੱਚ ਪਾ ਰਿਹਾ ਹੈ।ਜ਼ਿਲ੍ਹਾ ਸਕੱਤਰ ਖੁਸ਼ਵੰਤ ਪਟਿਆਲਾ ਨੇ ਕਿਹਾ ਕਿ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਨੇ 20 ਮਈ ਨੂੰ ਮਜ਼ਦੂਰਾਂ ਦਾ ਬੀੜ ਐਸ਼ਵਾਨ ਸੰਗਰੂਰ ਪ੍ਰੋਗਰਾਮ ਰੱਖਿਆ ਸੀ, ਜਿਸ ਵਿਰੁੱਧ ਸਰਕਾਰ ਦੁਆਰਾ ਪੁਲਸ ਲਾਠੀਚਾਰਜ, ਗ੍ਰਿਫ਼ਤਾਰੀਆਂ ਤੇ ਝੂਠੇ ਕੇਸਾਂ ਦਾ ਸਹਾਰਾ ਲਿਆ ਜਾ ਰਿਹਾ ਹੈ।ਜ਼ਿਲ੍ਹਾ ਆਗੂ ਹਰਿੰਦਰ ਸੈਣੀਮਾਜਰਾ ਨੇ ਕਿਹਾ ਕਿ ਸੰਗਰੂਰ ਵਿੱਚ 25 ਜੁਲਾਈ ਨੂੰ ਹੋ ਰਹੀ ਜਬਰ ਵਿਰੋਧੀ ਰੈਲੀ ਵਿੱਚ ਨੌਜਵਾਨ ਭਾਰਤ ਸਭਾ ਜ਼ਿਲ੍ਹਾ ਪਟਿਆਲਾ ਵੱਲੋਂ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਵਾਈ ਜਾਵੇਗੀ ਤੇ ਇਸ ਦੀ ਤਿਆਰੀ ਲਈ ਪਿੰਡ ਪਿੰਡ ਰੈਲੀਆਂ ਕੀਤੀਆਂ ਜਾਣਗੀਆਂ।ਇਸ ਮੌਕੇ ਜ਼ਿਲ੍ਹਾ ਆਗੂ ਗੁਰਦੀਪ ਸਿੰਘ, ਮੰਗਾ ਸਮਾਣਾ, ਸੰਦੀਪ ਖੱਤਰੀ ਸ਼ਾਮਲ ਸਨ।

## ਬੂਥ ਲੈਵਲ ਅਫ਼ਸਰਾਂ ਨੂੰ ਦਿੱਤੀ ਟ੍ਰੇਨਿੰਗ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਜ਼ਿਲ੍ਹਾ ਚੋਣ ਅਫ਼ਸਰ ਬਰਨਾਲਾ ਸ੍ਰੀ ਟੀ ਬੈਨਿਥ ਦੇ ਦਿਸ਼ਾ ਨਿਰਦੇਸ਼ਾਂ ਤੇ ਉਪ ਮੰਡਲ ਮਜਿਸਟ੍ਰੇਟ ਮਹਿਲ ਕਲਾਂ ਸ੍ਰੀਮਤੀ ਸਿਮਰਪ੍ਰੀਤ ਕੌਰ ਦੀ ਅਗਵਾਈ ਹੇਠ ਹਲਕਾ 104 ਮਹਿਲ ਕਲਾਂ ਦੇ ਬੀ ਐੱਲ ਓਜ਼ ਨੂੰ ਟ੍ਰੇਨਿੰਗ ਦਿੱਤੀ ਗਈ।ਇਹ ਟ੍ਰੇਨਿੰਗ 7 ਜੁਲਾਈ ਤੋਂ 10 ਜੁਲਾਈ ਤੱਕ ਚਾਰ ਗਰੁੱਪਾਂ ਵਿੱਚ ਦਿੱਤੀ ਗਈ।ਇਸ ਟ੍ਰੇਨਿੰਗ ਵਿੱਚ ਭਾਰਤੀ ਚੋਣ ਕਮਿਸ਼ਨ ਵੱਲੋਂ ਉਲੀਕੇ ਪ੍ਰੋਗਰਾਮ ਅਨੁਸਾਰ ਮਾਸਟਰ ਟਰੇਨਰਜ਼ ਸ੍ਰ. ਸੁਖਦੇਵ ਸਿੰਘ, ਪ੍ਰਵੀਨ ਕੁਮਾਰ, ਸੰਜੀਵ ਕੁਮਾਰ, ਰੁਪਿੰਦਰ ਸਿੰਘ, ਤੇਜਿੰਦਰ ਸਿੰਘ, ਰਮਨਦੀਪ ਸਿੰਗਲਾ ਨੇ ਬੀ ਐੱਲ ਓਜ਼ ਨੂੰ ਟ੍ਰੇਨਿੰਗ ਦਿੱਤੀ ਤੇ ਉਨ੍ਹਾਂ ਦਾ ਪੇਪਰ ਲਿਆ ਗਿਆ।ਟ੍ਰੇਨਿੰਗ ਦੇ ਅੰਤ ਵਿੱਚ ਸਾਰੇ ਬੀ.ਐੱਲ.ਓਜ਼ ਨੂੰ ਸਰਟੀਫਿਕੇਟ ਵੰਡੇ ਗਏ।ਇਸ ਮੌਕੇ ਹਲਕਾ 104 ਮਹਿਲ ਕਲਾਂ ਤੋਂ ਮਨੀਸ਼ ਕੁਮਾਰ, ਸੁਰਜੀਤ ਸਿੰਘ, ਮੈਡਮ ਮਮਤਾ, ਕਰਮਜੀਤ ਕੌਰ ਤੇ ਸੁਖਦੇਵ ਸਿੰਘ ਹਾਜ਼ਰ ਸਨ।

ਸ਼ਨੀਵਾਰ, 12 ਜੁਲਾਈ, 2025
28 ਹਾੜ੍ਹ { ਨਾਨਕਸ਼ਾਹੀ 557 / ਬਿਕਰਮੀ 2082 }
ਜਿਲਦ/VOL. : 74
ਅੰਕ/NO. : 41

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • SATURDAY, 12 JULY, 2025
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

YouTube nawan zamana TV

ਕੀਮਤ/PRICE : 5.00 ਰੁਪਏ   Regd. No : L-4/Pb-JL-0023/2024-26, (R.N.I.)-00068/57   E-mail : nawanzamana@gmail.com   www.nawanzamana.in

## ਲਾਂਭੇ ਹੋਣ ਦੀ ਉਮਰ

### 75 ਦਾ ਹੋ ਕੇ ਹੋਰਨਾਂ ਨੂੰ ਮੌਕਾ ਦੇ ਦੇਣਾ ਚਾਹੀਦੈ : ਭਾਗਵਤ



**ਨਾਗਪੁਰ** : ਰਾਸ਼ਟਰੀ ਸੋਇਮਸੇਵਕ ਸੰਘ (ਆਰ ਐੱਸ ਐੱਸ) ਦੇ ਮੁਖੀ ਮੋਹਨ ਭਾਗਵਤ ਨੇ ਕਿਹਾ ਹੈ ਕਿ 75 ਦੀ ਉਮਰ ਹੋਣ ਦੇ ਬਾਅਦ ਦੂਜਿਆਂ ਨੂੰ ਵੀ ਮੌਕਾ ਦੇਣਾ ਚਾਹੀਦਾ ਹੈ। ਜਦੋਂ ਤੁਹਾਨੂੰ 75 ਸਾਲ ਪੂਰੇ ਹੋਣ 'ਤੇ ਸ਼ਾਲ ਓਡਾਈ ਜਾਂਦੀ ਹੈ ਤਾਂ ਇਸ ਦਾ ਮਤਲਬ ਹੁੰਦਾ ਹੈ ਕਿ ਤੁਹਾਡੀ ਉਮਰ ਹੋ ਚੁੱਕੀ ਹੈ, ਹੁਣ ਥੋੜ੍ਹਾ ਪਾਸੇ ਹੋ ਜਾਣਾ ਚਾਹੀਦਾ ਹੈ। ਭਾਗਵਤ ਨੇ ਇਹ ਗੱਲ 9 ਜੁਲਾਈ ਨੂੰ ਰਾਮ ਜਨਮ ਭੂਮੀ ਅੰਦੋਲਨ ਦੇ ਪ੍ਰੇਰਕ ਮਰਹੂਮ ਮੋਰੋਪੰਤ ਪਿੰਗਲੇ 'ਤੇ ਲਿਖੀ ਪੁਸਤਕ ਦੇ ਵਿਮੋਚਨ ਪ੍ਰੋਗਰਾਮ ਵਿੱਚ ਕਹੀ। ਹਾਲਾਂਕਿ ਭਾਗਵਤ ਨੇ ਮੋਦੀ ਦਾ ਨਾਂਅ ਨਹੀਂ ਲਿਆ, ਪਰ ਲੋਕ ਇਸ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਜੋੜ ਰਹੇ ਹਨ। ਮੋਦੀ ਤੇ ਭਾਗਵਤ ਇਸ ਸਾਲ ਸਤੰਬਰ ਵਿੱਚ 75 ਸਾਲ ਦੇ ਹੋ ਜਾਣਗੇ। ਭਾਗਵਤ 11 ਸਤੰਬਰ ਤੇ ਮੋਦੀ 17 ਸਤੰਬਰ ਨੂੰ 75 ਪੂਰੇ ਕਰਨਗੇ।

ਸ਼ਿਵ ਸੈਨਾ (ਯੂ ਬੀ ਟੀ) ਦੇ ਆਗੂ ਸੰਜੇ ਰਾਉਤ ਨੇ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਨੇ ਅਡਵਾਨੀ, ਮੁਰਲੀ ਮਨੋਹਰ ਜੋਸ਼ੀ, ਜਸਵੰਤ ਸਿੰਘ ਵਰਗੇ ਵੱਡੇ ਆਗੂਆਂ ਨੂੰ ਜਬਰੀ ਰਿਟਾਇਰ ਕਰਵਾ ਦਿੱਤਾ ਸੀ। ਹੁਣ ਦੇਖਦੇ ਹਾਂ ਕਿ ਮੋਦੀ ਇਸ ਦੀ ਖੁਦ ਪਾਲਣਾ ਕਰਨਗੇ ਜਾਂ ਨਹੀਂ।

ਭਾਜਪਾ ਵਿੱਚ ਇੱਕ ਨਿਸ਼ਚਿਤ ਉਮਰ ਤੱਕ ਅਹੁਦੇ 'ਤੇ ਬਣੇ ਰਹਿਣ ਨੂੰ ਲੈ ਕੇ ਕੋਈ ਅਧਿਕਾਰਤ ਨਿਯਮ ਨਹੀਂ ਹੈ। ਹਾਲਾਂਕਿ ਕੁਝ ਪੱਧਰਾਂ 'ਤੇ ਉਮਰ ਸੀਮਾ ਲਾਗੂ ਕੀਤੀ ਗਈ ਹੈ। ਮਿਸਾਲ ਲਈ ਛੱਤੀਸਗੜ੍ਹ ਭਾਜਪਾ ਨੇ ਮੰਡਲ ਪ੍ਰਧਾਨ ਦੇ ਅਹੁਦੇ ਲਈ 35 ਤੋਂ 45 ਸਾਲ ਅਤੇ ਜ਼ਿਲ੍ਹਾ ਪ੍ਰਧਾਨ ਲਈ 45 ਤੋਂ 60 ਸਾਲ ਤੱਕ ਦੀ ਉਮਰ ਸੀਮਾ ਨਿਰਧਾਰਤ ਕੀਤੀ ਹੈ। ਉੱਥੇ ਭਾਜਪਾ ਨੇ 2019 ਦੀਆਂ ਲੋਕ ਸਭਾ ਚੋਣਾਂ ਵਿੱਚ 75 ਸਾਲ ਤੋਂ ਵੱਧ ਉਮਰ ਦੇ ਸੀਨੀਅਰ ਆਗੂਆਂ ਨੂੰ ਟਿਕਟ ਨਹੀਂ ਦਿੱਤੀ ਸੀ। ਇਨ੍ਹਾਂ ਵਿੱਚ ਲਾਲ ਕ੍ਰਿਸ਼ਨ ਅਡਵਾਨੀ, ਮੁਰਲੀ ਮਨੋਹਰ ਜੋਸ਼ੀ, ਸੁਮਿੱਤਰਾ ਮਹਾਜਨ ਤੇ ਕਲਰਾਜ ਮਿਸ਼ਰਾ ਵਰਗੇ ਕਈ ਆਗੂ ਸ਼ਾਮਲ ਸਨ।

2014 ਦੀਆਂ ਲੋਕ ਸਭਾ ਚੋਣਾਂ ਦੇ ਬਾਅਦ ਭਾਜਪਾ ਵਿੱਚ 75 ਸਾਲ ਦੀ ਉਮਰ ਤੋਂ ਵੱਧ ਦੇ ਆਗੂਆਂ ਨੂੰ ਰਿਟਾਇਰ ਕਰਨ ਦਾ ਰੁਝਾਨ ਸ਼ੁਰੂ ਹੋਇਆ ਸੀ। ਪਹਿਲੀ ਵਾਰ ਪ੍ਰਧਾਨ ਮੰਤਰੀ ਬਣੇ ਨਰਿੰਦਰ ਮੋਦੀ ਨੇ ਆਪਣੀ ਕੈਬਨਿਟ ਵਿੱਚ ਇਸ ਤੋਂ ਘੱਟ ਉਮਰ ਦੇ ਆਗੂਆਂ ਨੂੰ ਹੀ ਥਾਂ ਦਿੱਤੀ ਸੀ। ਅਡਵਾਨੀ ਤੇ ਜੋਸ਼ੀ ਨੂੰ ਮਾਰਗ-ਦਰਸ਼ਕ ਮੰਡਲ ਵਿੱਚ ਸ਼ਾਮਲ ਕੀਤਾ ਗਿਆ। 2016 ਵਿੱਚ ਜਦ ਗੁਜਰਾਤ ਦੀ ਮੁੱਖ ਮੰਤਰੀ ਆਨੰਦੀ ਬੇਨ ਪਟੇਲ ਨੇ ਅਸਤੀਫਾ ਦਿੱਤਾ ਤਾਂ ਉਸ ਸਮੇਂ ਉਨ੍ਹਾ ਦੀ ਉਮਰ ਵੀ 75 ਸਾਲ ਸੀ। ਉਸੇ ਸਾਲ ਨਜਮਾ ਹੈਪਤੁਲਾ ਨੇ ਵੀ ਮੋਦੀ ਕੈਬਨਿਟ ਤੋਂ ਅਸਤੀਫਾ ਦਿੱਤਾ, ਜਿਨ੍ਹਾ ਦੀ ਉਮਰ 76 ਸਾਲ ਸੀ। 2019 ਲੋਕ ਸਭਾ ਚੋਣਾਂ ਤੋਂ ਪਹਿਲਾਂ ਵੇਲੇ ਦੇ ਭਾਜਪਾ ਪ੍ਰਧਾਨ ਅਮਿਤ ਸ਼ਾਹ ਨੇ ਇੱਕ ਇੰਟਰਵਿਊ ਵਿੱਚ ਕਿਹਾ ਸੀ ਕਿ 75 ਸਾਲ ਤੋਂ ਉੱਪਰ ਦੇ ਕਿਸੇ ਵੀ ਵਿਅਕਤੀ ਨੂੰ ਟਿਕਟ ਨਹੀਂ ਦਿੱਤੀ ਗਈ। ਇਹ ਪਾਰਟੀ ਦਾ ਫੈਸਲਾ ਹੈ। ਉਸ ਚੋਣ ਵਿੱਚ ਸੁਮਿੱਤਰਾ ਮਹਾਜਨ ਤੇ ਹੁਕਮਦੇਵ ਨਾਰਾਇਣ ਯਾਦਵ ਵਰਗੇ ਆਗੂਆਂ ਨੂੰ ਟਿਕਟ ਨਹੀਂ ਦਿੱਤੀ ਗਈ ਸੀ।

ਇਸੇ ਤਰ੍ਹਾਂ 2024 ਦੀਆਂ ਲੋਕ ਸਭਾ ਚੋਣਾਂ ਵਿੱਚ ਰਜਿੰਦਰ ਅਗਰਵਾਲ, ਸੰਤੋਸ਼ ਗੰਗਵਾਰ, ਸੱਤਿਆਦੇਵ ਪਚੌਰੀ, ਰੀਟਾ ਬਹੁਗੁਣਾ ਜੋਸ਼ੀ ਦੀ ਟਿਕਟ 75 ਸਾਲ ਪਾਰ ਕਰ ਜਾਣ ਕਾਰਨ ਕੱਟ ਦਿੱਤੀ ਗਈ ਸੀ।

ਲੋਕ ਸਭਾ ਚੋਣਾਂ ਦੌਰਾਨ ਵੀ ਮੋਦੀ ਦੀ ਰਿਟਾਇਰਮੈਂਟ ਨੂੰ ਲੈ ਕੇ ਖ਼ੂਬ ਬਿਆਨਬਾਜ਼ੀ ਹੋਈ ਸੀ। ਮਈ 2024 ਵਿੱਚ ਅਰਵਿੰਦ ਕੇਜਰੀਵਾਲ ਨੇ ਕਿਹਾ ਸੀ ਕਿ ਜੇ ਭਾਜਪਾ ਲੋਕ ਸਭਾ ਚੋਣ ਜਿੱਤ ਵੀ ਗਈ ਤਾਂ ਮੋਦੀ ਅਗਲੇ ਸਾਲ ਤੱਕ ਹੀ ਪ੍ਰਧਾਨ ਮੰਤਰੀ ਰਹਿਣਗੇ। ਮੋਦੀ ਨੇ ਖ਼ੁਦ 75 ਸਾਲ ਪੂਰੇ ਹੋਣ 'ਤੇ ਰਿਟਾਇਰਮੈਂਟ ਦਾ ਨਿਯਮ ਬਣਾਇਆ ਹੈ। ਉਸੇ ਦਿਨ ਅਮਿਤ ਸ਼ਾਹ ਨੇ ਕਿਹਾ ਸੀ—ਮੈਂ ਸਪੱਸ਼ਟ ਕਰਨਾ ਚਾਹੁੰਦਾ ਹਾਂ ਕਿ ਭਾਜਪਾ ਦੇ ਸੰਵਿਧਾਨ ਵਿੱਚ ਅਜਿਹੀ ਕੋਈ ਮੱਦ ਨਹੀਂ ਹੈ। ਮੋਦੀ ਜੀ 2029 ਤੱਕ ਦੇਸ਼ ਦੀ ਨੁਮਾਇੰਦਗੀ ਕਰਨਗੇ। ਮੋਦੀ ਜੀ ਆਉਣ ਵਾਲੀਆਂ ਚੋਣਾਂ ਵਿੱਚ ਵੀ ਅਗਵਾਈ ਕਰਨਗੇ।

ਇਸੇ ਤਰ੍ਹਾਂ ਪਾਰਟੀ ਪ੍ਰਧਾਨ ਜੇ ਪੀ ਨੱਢਾ ਨੇ ਕਿਹਾ ਸੀ—ਭਾਜਪਾ ਦੇ ਸੰਵਿਧਾਨ ਵਿੱਚ ਕਿਤੇ ਵੀ ਉਮਰ ਨੂੰ ਲੈ ਕੇ ਅਜਿਹੀ ਕੋਈ ਮੱਦ ਨਹੀਂ ਹੈ। ਅਗਲੇ ਪੰਜ ਸਾਲ ਦੇ ਕਾਰਜਕਾਲ ਵਿੱਚ ਮੋਦੀ ਜੀ ਦੇਸ਼ ਨੂੰ ਨਵੀਂਆਂ ਬੁਲੰਦੀਆਂ ਤੱਕ ਪਹੁੰਚਾਉਣਗੇ। ਮੋਦੀ ਜੀ ਸਾਡੇ ਆਗੂ ਹਨ। ਭਵਿੱਖ ਵਿੱਚ ਵੀ ਸਾਡੀ ਅਗਵਾਈ ਕਰਦੇ ਰਹਿਣਗੇ।

## ਮੋਦੀ ਪਾਕਿਸਤਾਨ ਜਾ ਸਕਦੇ ਹਨ, ਅਸੀਂ ਨਹੀਂ : ਮਾਨ

### ਮੁੱਖ ਮੰਤਰੀ ਨੇ ਪ੍ਰਧਾਨ ਮੰਤਰੀ ਦੇ ਵਿਦੇਸ਼ੀ ਦੌਰਿਆਂ 'ਤੇ ਫਿਰ ਤਵਾ ਲਾਇਆ



**ਚੰਡੀਗੜ੍ਹ** : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਵਿਦੇਸ਼ ਦੌਰਿਆਂ 'ਤੇ ਸ਼ੁੱਕਰਵਾਰ ਵੀ ਤਵਾ ਲਾਇਆ। 2015 ਦੇ ਪਾਕਿਸਤਾਨ ਦੌਰੇ ਦਾ ਖਾਸ ਜ਼ਿਕਰ ਕੀਤਾ। ਮਾਨ ਨੇ ਅਸੈਂਬਲੀ ਦੇ ਵਿਸ਼ੇਸ਼ ਅਜਲਾਸ ਦੌਰਾਨ ਕਿਹਾ—ਇੰਜ ਜਾਪਦਾ ਹੈ ਕਿ ਪ੍ਰਧਾਨ ਮੰਤਰੀ ਜਦੋਂ ਜਹਾਜ਼ ਵਿੱਚ ਬੈਠੇ ਹੁੰਦੇ ਹਨ ਤਾਂ ਹੇਠਾਂ ਦੇਖ ਕੇ ਪੁੱਛਦੇ ਹਨ ਕਿ ਇਹ ਕਿਹੜਾ ਦੇਸ਼ ਹੈ? ਜਦੋਂ ਦੱਸਿਆ ਜਾਂਦਾ ਹੈ ਕਿ ਫਲਾਂ ਦੇਸ਼ ਹੈ, ਉਹ ਕਹਿੰਦੇ ਹਨ ਕਿ ਕੋਈ ਗੱਲ ਨਹੀਂ, ਜਿੱਥੇ ਆਪਾਂ ਜਾ ਰਹੇ ਹਾਂ, ਉੱਥੇ ਘੰਟਾ ਲੇਟ ਪਹੁੰਚ ਜਾਵਾਂਗੇ, ਇੱਥੇ ਜਹਾਜ਼ ਉਤਾਰ ਲਓ। ਉਹ ਜਿੱਥੇ ਮਰਜ਼ੀ ਉਤਰਨ ਦਾ ਫੈਸਲਾ ਕਰ ਲੈਂਦੇ ਹਨ। ਪਾਕਿਸਤਾਨ ਵਿੱਚ ਵੀ ਇੰਜ ਹੀ ਉਤਰੇ ਸਨ।

ਮਾਨ ਨੇ ਪ੍ਰਧਾਨ ਮੰਤਰੀ ਦੇ 2015 'ਚ ਵੇਲੇ ਦੇ ਪ੍ਰਧਾਨ ਮੰਤਰੀ ਨਵਾਜ਼ ਸ਼ਰੀਫ ਨੂੰ ਮਿਲਣ ਲਈ ਅਚਾਨਕ ਪਾਕਿਸਤਾਨ ਉਤਰਨ ਦਾ ਖਾਸ ਕਰਕੇ ਜ਼ਿਕਰ ਕੀਤਾ। ਉਨ੍ਹਾ ਕਿਹਾ—ਪ੍ਰਧਾਨ ਮੰਤਰੀ ਨੇ ਪਾਕਿਸਤਾਨ ਦਾ ਦੌਰਾ ਕਰਨ ਦਾ ਇੰਜ ਫੈਸਲਾ ਕੀਤਾ ਸੀ। ਉੱਥੇ ਬਰਿਆਨੀ ਖਾ ਕੇ ਆਏ। ਅਸੀਂ ਪਾਕਿਸਤਾਨ ਨਹੀਂ ਜਾ ਸਕਦੇ, ਪਰ ਉਹ ਜਾ ਸਕਦੇ ਹਨ! 2015 ਵਿੱਚ ਮੋਦੀ ਨੇ ਰੂਸ ਤੋਂ ਪਰਤਦਿਆਂ ਅਚਾਨਕ ਪਾਕਿਸਤਾਨ ਰੁਕਣ ਦਾ ਫੈਸਲਾ ਕੀਤਾ ਸੀ। ਮਾਨ ਨੇ ਪ੍ਰਧਾਨ ਮੰਤਰੀ ਦੇ ਦੌਰਿਆਂ ਦਾ ਇਸ ਹਫਤੇ ਦੇ ਸ਼ੁਰੂ ਵਿੱਚ ਵੀ ਜ਼ਿਕਰ ਕੀਤਾ ਸੀ। ਇਸ ਤੋਂ ਬਾਅਦ ਵਿਦੇਸ਼ ਮੰਤਰਾਲੇ ਨੇ ਮਾਨ ਦਾ ਨਾਂਅ ਲਏ ਬਿਨਾਂ ਕਿਹਾ ਸੀ ਕਿ ਉਨ੍ਹਾ ਦੀਆਂ ਟਿੱਪਣੀਆਂ ਗੈਰਜ਼ਿੰਮੇਵਾਰਾਨਾ ਤੇ ਅਫਸੋਸਨਾਕ ਹਨ। ਵਿਧਾਨ ਸਭਾ ਦੇ ਬਾਹਰ ਮਾਨ ਤੋਂ ਜਦੋਂ ਪੱਤਰਕਾਰਾਂ ਨੇ ਵਿਦੇਸ਼ ਮੰਤਰਾਲੇ ਦੇ ਬਿਆਨ ਬਾਰੇ ਜਵਾਬ ਮੰਗਿਆ ਤਾਂ ਉਨ੍ਹਾ ਕਿਹਾ—ਕੀ ਮੈਨੂੰ ਵਿਦੇਸ਼ ਨੀਤੀ ਬਾਰੇ ਸਵਾਲ ਕਰਨ ਦਾ ਹੱਕ ਨਹੀਂ? ਉਹ ਦੌਰਿਆਂ ਦੌਰਾਨ ਕੀ ਕਰਦੇ ਹਨ। ਉਹ ਜਿੱਥੇ ਜਾਂਦੇ ਹਨ, ਉੱਥੇ ਅਡਾਨੀ ਦਾ ਬਿਜ਼ਨਸ ਕਿਉਂ ਸ਼ੁਰੂ ਹੋ ਜਾਂਦਾ ਹੈ। ਮੈਂ ਭਵਿੱਖ ਵਿੱਚ ਵੀ ਕਰਦਾ ਰਹਾਂਗਾ। ਦੇਸ਼ ਵਿੱਚ 140 ਕਰੋੜ ਲੋਕ ਹਨ, ਪ੍ਰਧਾਨ ਮੰਤਰੀ ਨੂੰ ਉਨ੍ਹਾਂ ਨਾਲ ਗੱਲ ਕਰਕੇ ਉਨ੍ਹਾਂ ਦੇ ਦੁਖੜੇ ਦੂਰ ਕਰਨੇ ਚਾਹੀਦੇ ਹਨ। ਉਨ੍ਹਾ ਕਿਹਾ ਸੀ ਕਿ ਉਹ ਯੂਕਰੇਨ ਜੰਗ ਰੁਕਵਾ ਦੇਣਗੇ, ਪਰ ਪੰਜਾਬ ਤੇ ਹਰਿਆਣਾ ਵਿਚਾਲੇ ਪਾਣੀਆਂ ਦਾ ਮੁੱਦਾ ਹੱਲ ਨਹੀਂ ਕਰਵਾ ਸਕਦੇ। ਮਾਨ ਨੇ ਮੋਦੀ ਦੇ ਦੌਰਿਆਂ ਬਾਰੇ ਇਹ ਮਜ਼ਾਕ ਵੀ ਕੀਤਾ ਸੀ ਕਿ ਉਹ ਮਗਨੇਸ਼ੀਆ, ਗਲਵੇਸ਼ੀਆ ਤੇ ਤਰਵੇਸ਼ੀਆ ਵਰਗੇ ਨਾਮਲੂਮ ਦੇਸ਼ਾਂ ਦੀ ਵੀ ਯਾਤਰਾ ਕਰ ਲੈਂਦੇ ਹਨ।

ਅਸੈਂਬਲੀ ਵਿੱਚ ਜਦੋਂ ਮਾਨ ਨੇ ਮੋਦੀ ਦੇ ਪਾਕਿਸਤਾਨ ਦੌਰੇ ਦਾ ਜ਼ਿਕਰ ਕੀਤਾ, ਪਾਕਿਸਤਾਨੀ ਅਦਾਕਾਰਾ ਹਾਨੀਆ ਆਮਿਰ ਨਾਲ 'ਸਰਦਾਰ ਜੀ 3' ਫਿਲਮ ਵਿੱਚ ਕੰਮ ਕਰਨ ਲਈ ਦਲਜੀਤ ਦੁਸਾਂਝ ਦੀ ਹਮਾਇਤ ਕੀਤੀ। ਉਨ੍ਹਾ ਕਿਹਾ ਕਿ ਇਹ ਫਿਲਮ ਪਹਿਲਗਾਮ ਹਮਲੇ ਤੋਂ ਪਹਿਲਾਂ ਬਣੀ ਸੀ। ਉਨ੍ਹਾ ਕਿਹਾ ਕਿ ਕੋਈ ਵੀ ਕਿਸੇ ਨੂੰ ਦੇਸ਼ ਭਗਤੀ ਦਾ ਸਰਟੀਫਿਕੇਟ ਜਾਰੀ ਨਹੀਂ ਕਰ ਸਕਦਾ। ਉਨ੍ਹਾ ਕਿਹਾ ਕਿ ਉਹ ਸਮੁੱਚੇ ਦੇਸ਼ ਨੂੰ ਇਹ ਸੁਨੇਹਾ ਵੀ ਦੇਣਾ ਚਾਹੁੰਦੇ ਹਨ ਕਿ ਪੰਜਾਬ ਤੇ ਹਰਿਆਣਾ ਤੋਂ ਬਿਨਾਂ ਉਹ ਰੋਟੀ ਨਹੀਂ ਖਾ ਸਕਦੇ, ਜਿਹੜੇ ਦੇਸ਼ ਦੇ ਅੰਨ ਭੰਡਾਰ ਵਿੱਚ 70 ਫੀਸਦੀ ਹਿੱਸਾ ਪਾਉਂਦੇ ਹਨ। ਮੁੱਖ ਮੰਤਰੀ ਨੇ ਕਿਹਾ ਕਿ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਵੱਲੋਂ ਖ਼ਤਰਨਾਕ ਗੈਂਗਸਟਰਾਂ ਨੂੰ ਸਰਪ੍ਰਸਤੀ ਦਿੱਤੀ ਜਾਂਦੀ ਹੈ, ਜੋ ਗੁਜਰਾਤ ਦੀਆਂ ਜੇਲ੍ਹਾਂ ਵਿੱਚ ਬੰਦ ਹਨ। ਉਨ੍ਹਾ ਕਿਹਾ ਕਿ ਸੰਗਠਿਤ ਅਪਰਾਧ ਅਤੇ ਨਸ਼ਿਆਂ ਵਿੱਚ ਸ਼ਾਮਲ ਲੋਕਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ ਅਤੇ ਉਨ੍ਹਾਂ ਵਿਰੁੱਧ ਕੋਈ ਨਰਮੀ ਨਹੀਂ ਵਰਤੀ ਜਾਵੇਗੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਜੇਕਰ ਕੇਂਦਰੀ ਗ੍ਰਹਿ ਮੰਤਰੀ, ਜਿਨ੍ਹਾ ਨੂੰ ਗੁਜਰਾਤ ਤੋਂ ਕੱਢ ਦਿੱਤਾ ਗਿਆ ਸੀ, ਦਾ ਅਪਰਾਧਕ ਰਿਕਾਰਡ ਹੈ, ਅਜਿਹੀਆਂ ਸਰਕਾਰਾਂ ਤੋਂ ਹੋਰ ਕੀ ਉਮੀਦ ਕੀਤੀ ਜਾ ਸਕਦੀ ਹੈ।

## ਅਜਲਾਸ ਦੋ ਦਿਨ ਹੋਰ ਚੱਲੇਗਾ

**ਚੰਡੀਗੜ੍ਹ** : ਪੰਜਾਬ ਵਿਧਾਨ ਸਭਾ ਦਾ ਦੋ ਦਿਨਾ ਵਿਸ਼ੇਸ਼ ਅਜਲਾਸ, ਜਿਹੜਾ ਸ਼ੁੱਕਰਵਾਰ ਖਤਮ ਹੋਣਾ ਸੀ, ਦੋ ਦਿਨਾਂ ਲਈ ਵਧਾ ਦਿੱਤਾ ਗਿਆ ਹੈ। ਸਪੀਕਰ ਕੁਲਤਾਰ ਸਿੰਘ ਸੰਧਵਾਂ ਮੁਤਾਬਕ ਅਜਲਾਸ 14 ਤੇ 15 ਜੁਲਾਈ ਨੂੰ ਵੀ ਚੱਲੇਗਾ।

ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਨੇ ਵਿਸ਼ੇਸ਼ ਸੈਸ਼ਨ ਦੌਰਾਨ ਸਿਫਰ ਕਾਲ ਨਾ ਸੱਦੇ ਜਾਣ ਦਾ ਵਿਰੋਧ ਕੀਤਾ। ਕਾਂਗਰਸੀ ਵਿਧਾਇਕਾਂ ਨੇ ਸਦਨ ਦੇ ਐਨ ਵਿਚਾਲੇ ਪਹੁੰਚ ਕੇ ਸੂਬਾ ਸਰਕਾਰ ਵਿਰੁੱਧ ਨਾਅਰੇਬਾਜ਼ੀ ਕੀਤੀ। ਬਾਜਵਾ ਨੇ ਕਿਹਾ ਕਿ ਪੰਜਾਬ ਵਿੱਚ ਅਮਨ ਤੇ ਕਾਨੂੰਨ ਨੂੰ ਲੈ ਕੇ ਵਧੇਰੇ ਮਾਮਲੇ ਚੱਲ ਰਹੇ ਹਨ, ਜਿਸ 'ਤੇ ਸਿਫਰ ਕਾਲ ਵਿੱਚ ਗੱਲ ਰੱਖਣ ਦਾ ਮੌਕਾ ਦਿੱਤਾ ਜਾਣਾ ਚਾਹੀਦਾ ਹੈ। ਕਾਂਗਰਸੀ ਵਿਧਾਇਕਾਂ ਵੱਲੋਂ ਵਿਧਾਨ ਸਭਾ ਵਿੱਚੋਂ ਵਾਕ ਆਊਟ ਕਰਨ ਦੇ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬਾਜਵਾ ਨੇ ਕਿਹਾ ਕਿ ਪੰਜਾਬ ਵਿੱਚ ਅਮਨ ਤੇ ਕਾਨੂੰਨ ਦੀ ਸਥਿਤੀ ਲਗਾਤਾਰ ਵਿਗੜ ਰਹੀ ਹੈ, ਪਰ ਸੂਬਾ ਸਰਕਾਰ ਇਸ ਨੂੰ ਨੱਥ ਪਾਉਣ ਵਿੱਚ ਨਾਕਾਮ ਰਹੀ ਹੈ। ਕਾਂਗਰਸੀ ਵਿਧਾਇਕਾਂ ਨੂੰ ਵਿਧਾਨ ਸਭਾ ਵਿੱਚ ਗੱਲ ਰੱਖਣ ਤੋਂ ਰੋਕਿਆ ਜਾ ਰਿਹਾ ਹੈ।

## ਡੈਮਾਂ 'ਤੇ ਕੇਂਦਰੀ ਬਲਾਂ ਦੀ ਤਾਇਨਾਤੀ ਖਿਲਾਫ ਮਤਾ ਪਾਸ

ਚੰਡੀਗੜ੍ਹ : ਪੰਜਾਬ ਵਿਧਾਨ ਸਭਾ ਨੇ ਵਿਸ਼ੇਸ਼ ਅਜਲਾਸ 'ਚ ਸ਼ੁੱਕਰਵਾਰ ਭਾਖੜਾ ਬਿਆਸ ਮੈਨੇਜਮੈਂਟ ਬੋਰਡ (ਬੀ ਬੀ ਐੱਮ ਬੀ) ਦੇ ਡੈਮਾਂ 'ਤੇ ਕੇਂਦਰੀ ਬਲਾਂ ਦੀ ਤਾਇਨਾਤੀ ਖਿਲਾਫ ਮਤਾ ਸਰਬਸੰਮਤੀ ਨਾਲ ਪਾਸ ਕਰ ਦਿੱਤਾ। ਵਿਰੋਧੀ ਧਿਰਾਂ ਨੇ ਮਤੇ 'ਤੇ ਸਹਿਮਤੀ ਦਿੱਤੀ। ਮੁੱਖ ਮੰਤਰੀ ਦੀ ਹਾਜ਼ਰੀ 'ਚ ਮਤਾ ਪਾਸ ਹੋਇਆ। ਜਲ ਸਰੋਤ ਮੰਤਰੀ ਬਰਿੰਦਰ ਗੋਇਲ ਨੇ ਸੰਬੰਧਤ ਮਤਾ ਸਦਨ ਵਿਚ ਪੇਸ਼ ਕੀਤਾ। ਸਦਨ ਨੇ ਪੰਜਾਬ ਸਰਕਾਰ ਨੂੰ ਇਹ ਮਾਮਲਾ ਕੇਂਦਰ ਸਰਕਾਰ ਕੋਲ ਉਠਾਉਣ ਲਈ ਕਿਹਾ ਹੈ। ਮਤੇ ਵਿੱਚ ਕਿਹਾ ਗਿਆ ਕਿ ਪੰਜਾਬ ਪੁਲਸ ਡੈਮ ਦੀ ਸੁਰੱਖਿਆ ਲਈ ਪੂਰੀ ਤਰ੍ਹਾਂ ਸਮਰੱਥ ਹੈ।

ਇਸ ਦੌਰਾਨ ਪੰਜਾਬ ਵਿਧਾਨ ਸਭਾ 'ਚ ਉਸ ਸਮੇਂ ਹੰਗਾਮਾ ਹੋ ਗਿਆ, ਜਦੋਂ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਅਸੈਂਬਲੀ ਨੂੰ ਸਟੇਜ ਦੀ ਤਰ੍ਹਾਂ ਵਰਤਣ ਦਾ ਇਲਜ਼ਾਮ ਹਾਕਮ ਧਿਰ 'ਤੇ ਲਾਇਆ। ਮੰਤਰੀ ਅਮਨ ਅਰੋੜਾ ਨੇ ਇਹ ਕਹਿੰਦਿਆਂ ਇਸ ਦਾ ਵਿਰੋਧ ਕੀਤਾ ਕਿ ਬਾਜਵਾ ਨੇ ਸਦਨ ਦੀ ਤੌਹੀਨ ਕੀਤੀ ਹੈ। ਉਨ੍ਹਾ ਇਸ ਮੁੱਦੇ ਉਤੇ ਬਾਜਵਾ ਖਿਲਾਫ ਮਰਿਆਦਾ ਮਤਾ ਲਿਆਉਣ ਲਈ ਕਿਹਾ।

ਪੰਜਾਬ ਵਿਧਾਨ ਸਭਾ ਨੇ ਪੰਜਾਬ 'ਚ ਬੈਲ ਗੱਡੀਆਂ ਦੀਆਂ ਖੇਡਾਂ ਨਾਲ ਸੰਬੰਧਤ ਬਿੱਲ ਵੀ ਪਾਸ ਕਰ ਦਿੱਤਾ। ਪਸ਼ੂ ਪਾਲਣ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ 'ਪਸ਼ੂਆਂ 'ਤੇ ਜ਼ੁਲਮ ਰੋਕੂ ਪੰਜਾਬ ਸੋਧ ਬਿੱਲ 2025' ਪੇਸ਼ ਕੀਤਾ। ਮਤੇ 'ਤੇ ਲੰਮੀ ਬਹਿਸ ਹੋਈ। ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਨੇ ਮਤੇ ਦੀ ਹਮਾਇਤ ਕੀਤੀ। ਬਹਿਸ ਪਿੱਛੋਂ ਸਦਨ ਨੇ ਬਿੱਲ ਪਾਸ ਕਰ ਦਿੱਤਾ।

## ਬਾਜਵਾ ਦੀ 'ਆਪ' ਆਗੂਆਂ ਖਿਲਾਫ ਸ਼ਿਕਾਇਤ

**ਚੰਡੀਗੜ੍ਹ** : ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਨੇ ਚੰਡੀਗੜ੍ਹ ਪੁਲਸ ਕੋਲ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਕੈਬਨਿਟ ਮੰਤਰੀ ਅਮਨ ਅਰੋੜਾ ਅਤੇ ਉਨ੍ਹਾਂ ਦੇ ਸਹਿਯੋਗੀਆਂ ਵਿਰੁੱਧ ਰਸਮੀ ਸ਼ਿਕਾਇਤ ਦਰਜ ਕਰਵਾਈ ਹੈ। ਇਸ ਵਿੱਚ ਉਨ੍ਹਾ ਦੇ ਰਾਜਨੀਤਕ ਅਕਸ ਨੂੰ ਖਰਾਬ ਕਰਨ ਦੇ ਇਰਾਦੇ ਨਾਲ ਤੋੜ-ਮਰੋੜ ਕੇ ਵੀਡੀਓਜ਼ ਪੇਸ਼ ਕਰਨ ਦਾ ਦੋਸ਼ ਲਾਇਆ ਹੈ।

ਬਾਜਵਾ ਦੀ ਸ਼ਿਕਾਇਤ 'ਤੇ ਕਾਰਵਾਈ ਕਰਦਿਆਂ ਚੰਡੀਗੜ੍ਹ ਪੁਲਸ ਨੇ ਬਿਕਰਮ ਸਿੰਘ ਮਜੀਠੀਆ ਦੀ ਗ੍ਰਿਫਤਾਰੀ ਤੋਂ ਬ ਾ ਅ ਦ • ਬਾਕੀ ਸਫਾ 10 'ਤੇ

## ਪੰਜਾਬ ਦੇ 32 ਸ਼ਰਧਾਲੂ ਜ਼ਖਮੀ

**ਸ਼ਿਮਲਾ** : ਨੂਰਮਹਿਲ ਤੋਂ ਹਿਮਾਚਲ ਦੇ ਦਰਲਾਘਾਟ ਜਾ ਰਹੀ ਸ਼ਰਧਾਲੂਆਂ ਨਾਲ ਭਰੀ ਨਿੱਜੀ ਬੱਸ ਸ਼ੁੱਕਰਵਾਰ ਤੜਕੇ ਨਮਹੋਲ ਨੇੜੇ ਹਾਦਸੇ ਦਾ ਸ਼ਿਕਾਰ ਹੋ ਗਈ, ਜਿਸ ਕਾਰਨ 32 ਯਾਤਰੀ ਜ਼ਖ਼ਮੀ ਹੋ ਗਏ। ਜ਼ਖਮੀਆਂ ਨੂੰ ਬਿਲਾਸਪੁਰ ਦੇ ਏਮਜ਼ ਵਿੱਚ ਦਾਖਲ ਕਰਵਾਇਆ ਗਿਆ ਹੈ, ਜਦੋਂ ਕਿ ਬੱਸ ਡਰਾਈਵਰ ਮਾਰਕੰਡਾ ਦੇ ਸਿਵਲ ਹਸਪਤਾਲ ਵਿੱਚ ਜ਼ੇਰੇ ਇਲਾਜ ਹੈ। ਮੁੱਖ ਮੰਤਰੀ ਸੁਖਵਿੰਦਰ ਸਿੰਘ ਸੁੱਖੂ ਨੇ ਜ਼ਖਮੀਆਂ ਦਾ ਹਾਲ ਜਾਨਣ ਲਈ ਏਮਜ਼ ਦਾ ਦੌਰਾ ਕੀਤਾ।

## ਬਲੋਚਿਸਤਾਨ 'ਚ ਬੱਸ 'ਚੋਂ ਲਾਹ ਕੇ 9 ਪੰਜਾਬੀ ਮਾਰੇ

**ਇਸਲਾਮਾਬਾਦ** : ਪਾਕਿਸਤਾਨ ਦੇ ਗੜਬੜਜ਼ਦਾ ਬਲੋਚਿਸਤਾਨ ਸੂਬੇ ਵਿੱਚ ਬਲੋਚ ਲੜਾਕਿਆਂ ਨੇ ਸ਼ੁੱਕਰਵਾਰ ਬੱਸ ਵਿੱਚੋਂ ਉਤਾਰ ਕੇ ਪੰਜਾਬ ਦੇ ਨੌਂ ਯਾਤਰੀਆਂ ਨੂੰ ਗੋਲੀ ਮਾਰ ਦਿੱਤੀ। ਸੂਬੇ ਦੇ ਝੋਬ ਇਲਾਕੇ ਦੇ ਸਹਾਇਕ ਕਮਿਸ਼ਨਰ ਨਵੀਦ ਆਲਮ ਨੇ ਦੱਸਿਆ ਕਿ ਇਹ ਘਟਨਾ ਕੌਮੀ ਰਾਜਮਾਰਗ 'ਤੇ ਵੀਰਵਾਰ ਰਾਤ ਨੂੰ ਵਾਪਰੀ। ਹਥਿਆਰਬੰਦਾਂ ਨੇ ਪੰਜਾਬ ਜਾਣ ਵਾਲੀਆਂ ਦੋ ਬੱਸਾਂ ਨੂੰ ਰੋਕਿਆ ਅਤੇ ਯਾਤਰੀਆਂ ਦੇ ਪਛਾਣ ਪੱਤਰ ਦੇਖ ਕੇ ਨੌਂ ਵਿਅਕਤੀਆਂ ਨੂੰ ਬੱਸ ਤੋਂ ਉਤਾਰ ਕੇ ਗੋਲੀ ਮਾਰ ਕੇ ਦਿੱਤੀ। ਮ੍ਰਿਤਕ ਪੰਜਾਬ ਸੂਬੇ ਦੇ ਵੱਖ-ਵੱਖ ਹਿੱਸਿਆਂ ਤੋਂ ਸਨ। ਪਾਬੰਦੀਸ਼ੁਦਾ ਬਲੋਚਿਸਤਾਨ ਲਿਬਰੇਸ਼ਨ ਫਰੰਟ ਨੇ ਇਸ ਹੱਤਿਆ ਕਾਂਡ ਦੀ ਜ਼ਿੰਮੇਵਾਰੀ ਲਈ ਹੈ। ਬਲੋਚਿਸਤਾਨ ਦੇ ਮੁੱਖ ਮੰਤਰੀ ਮੀਰ ਸਰਫਰਾਜ਼ ਬੁਗਤੀ ਨੇ ਕਿਹਾ ਕਿ ਪਛਾਣ ਦੇ ਆਧਾਰ 'ਤੇ ਬੇਕਸੂਰ ਲੋਕਾਂ ਦੀ ਹੱਤਿਆ ਕਰਨਾ ਨਾਮੁਆਫੀਯੋਗ ਅਪਰਾਧ ਹੈ।

ਭੋਗਪੁਰ ਵਿਸ਼ੇਸ਼ ਸਪਲੀਮੈਂਟ



ਭੈਣ-ਭਰਾ ਦੇ ਪਿਆਰ ਦੇ ਪ੍ਰਤੀਕ ਤਿਉਹਾਰ ਰੱਖੜੀ ਮੌਕੇ ਭੋਗਪੁਰ ਵਿਸ਼ੇਸ਼ ਸਪਲੀਮੈਂਟ ਕੱਢਿਆ ਜਾ ਰਿਹਾ ਹੈ, ਇਸ ਸਬੰਧੀ ਵਿਸ਼ੇਸ਼ ਛਪਣਯੋਗ ਸਮਗਰੀ ਦੇਣ ਲਈ ਸਾਡੇ ਪੱਤਰਕਾਰ ਗੁਰਪ੍ਰੀਤ ਸਿੰਘ ਭੋਗਲ ਨਾਲ ਮੋਬਾਇਲ ਨੰ. 94636-82748 'ਤੇ ਸੰਪਰਕ ਕਰੋ।

-ਜਨਰਲ ਮੈਨੇਜਰ

## ਪਾਰਟੀ ਕਾਂਗਰਸ ਫੰਡ ਲਈ ਉਤਸ਼ਾਹਜਨਕ ਹੁੰਗਾਰਾ

### ਕਾਮਰੇਡ ਗੁਰਨਾਮ ਸਿੰਘ ਰੋਪੜ ਤੇ ਡਾ. ਬਲਜੀਤ ਕੌਰ ਦਾ ਵੱਡਾ ਹੰਭਲਾ



**ਚੰਡੀਗੜ੍ਹ** : ਕਾਮਰੇਡ ਗੁਰਨਾਮ ਸਿੰਘ, ਜੋ ਪਹਿਲਾਂ ਬੀ ਬੀ ਐੱਮ ਬੀ ਵਰਕਰਜ਼ ਯੂਨੀਅਨ ਵਿਚ ਏਟਕ ਦੇ ਆਗੂ ਰਹੇ ਅਤੇ ਲਗਾਤਾਰ ਸਰਗਰਮੀਆਂ ਕਰਦੇ ਰਹੇ ਅਤੇ ਹੁਣ ਰੋਪੜ ਜ਼ਿਲ੍ਹਾ ਪਾਰਟੀ ਆਗੂ ਦੇ ਤੌਰ 'ਤੇ ਸਰਗਰਮ ਹਨ, ਨੇ ਸ਼ੁੱਕਰਵਾਰ ਸੂਬਾ ਦਫਤਰ ਵਿਚ ਆ ਕੇ ਸੂਬਾ ਸਕੱਤਰ ਬੰਤ ਸਿੰਘ ਬਰਾੜ ਨੂੰ ਇਕ ਪੰਜਾਹ ਹਜ਼ਾਰ ਰੁਪਏ ਦਾ ਚੈੱਕ ਆਪਣੇ ਵੱਲੋਂ ਅਤੇ ਇਕ ਦਸ ਹਜ਼ਾਰ ਰੁਪਏ ਦਾ ਚੈੱਕ ਆਪਣੀ ਲੜਕੀ ਵੱਲੋਂ ਅਤੇ ਉਨੀ ਹਜ਼ਾਰ ਇਕ ਸੌ ਰੁਪਏ ਜ਼ਿਲ੍ਹਾ ਰੋਪੜ ਦੀ ਪਾਰਟੀ ਵੱਲੋਂ ਪੇਸ਼ ਕੀਤੇ (ਉਹਨਾ ਕਿਹਾ ਕਿ ਉਹ ਹੋਰ ਵੀ ਫੰਡ ਇਕੱਠਾ ਕਰਨਗੇ ਅਤੇ ਆਪਣੇ ਵੱਲੋਂ ਹੋਰ ਸਹਾਇਤਾ ਵੀ ਦੇਣਗੇ). ਸਾਥੀ ਬਰਾੜ ਨੇ ਉਹਨਾ ਦੇ ਇਸ ਹੰਭਲੇ ਦੀ ਪ੍ਰਸੰਸਾ ਕਰਦਿਆਂ ਪਾਰਟੀ ਕਾਂਗਰਸ ਲਈ ਹੋਰ ਯੋਗਦਾਨ ਦਾ ਭਰੋਸਾ ਪ੍ਰਗਟ ਕੀਤਾ।



ਮਰਹੂਮ ਕਮਿਊਨਿਸਟ ਤੇ ਕਿਸਾਨ ਆਗੂ ਕਾਮਰੇਡ ਅੱਛਰਾ ਸਿੰਘ ਕਿਸੇ ਜਾਣਕਾਰੀ ਦੇ ਮੁਥਾਜ ਨਹੀਂ। 1936 'ਚ ਕਿਸਾਨ ਪਰਵਾਰ 'ਚ ਜਨਮੇ ਕਾਮਰੇਡ ਅੱਛਰਾ ਸਿੰਘ ਨੇ ਮੁਢਲੀ ਵਿਦਿਆ ਅਮਰਗੜ੍ਹ ਤੇ ਡਿਗਰੀ ਗੌਰਮਿੰਟ ਕਾਲਜ ਮਾਲੇਰਕੋਟਲਾ ਤੋਂ ਕਰਨ ਉਪਰੰਤ ਅਰਥ ਸ਼ਾਸਤਰ (ਇਕਨਾਮਿਕਸ) ਦੀ ਐੱਮ ਏ ਪਹਿਲਾਂ ਗੌਰਮਿੰਟ ਕਾਲਜ ਹੁਸ਼ਿਆਰਪੁਰ ਤੇ ਬਾਅਦ ਵਿੱਚ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਤੋਂ ਕੀਤੀ, ਜਿਥੇ ਉਹ ਸਾਬਕਾ ਪ੍ਰਧਾਨ ਮੰਤਰੀ ਮਨਮੋਹਨ ਸਿੰਘ ਦੇ ਵਿਦਿਆਰਥੀ ਵੀ ਰਹੇ। ਕਾਲਜ ਵਿੱਚ ਬਤੌਰ ਲੈਕਚਰਾਰ ਦੀ ਚੋਣ ਹੋਣ ਦੇ ਬਾਵਜੂਦ ਉਹਨਾ ਨੌਕਰੀ ਜੁਆਇੰਨ ਨਹੀਂ ਕੀਤੀ, ਸਗੋਂ ਲੋਕ ਸੇਵਾ ਨੂੰ ਪਹਿਲ ਦਿੰਦਿਆਂ ਭਾਰਤੀ ਕਮਿਊਨਿਸਟ ਪਾਰਟੀ ਲਈ ਕੰਮ ਸ਼ੁਰੂ ਕਰ ਦਿੱਤਾ। ਇਹ ਉਹਨਾ ਦੀ ਹਰਮਨਪਿਆਰਤਾ ਦਾ ਸਬੂਤ ਹੈ ਕਿ ਉਹ ਦੋ ਵਾਰ ਪਿੰਡ ਦੇ ਸਰਪੰਚ, ਬਲਾਕ ਸੰਮਤੀ ਮਾਲੇਰਕੋਟਲਾ ਦੇ ਮੈਂਬਰ, ਸੰਗਰੂਰ ਸਹਿਕਾਰੀ ਬੈਂਕ ਦੇ ਡਾਇਰੈਕਟਰ ਅਤੇ ਫਿਰ ਧੂਰੀ ਵਿਧਾਨ ਸਭਾ ਹਲਕੇ ਤੋਂ 1972-1977 ਵਿੱਚ ਪੰਜਾਬ ਵਿਧਾਨ ਸਭਾ ਲਈ ਚੁਣੇ ਗਏ। ਉਹ ਲੰਮਾ ਸਮਾਂ ਪਾਰਟੀ ਦੀ ਪੰਜਾਬ ਸ਼ਾਖਾ ਦੇ ਸੂਬਾ ਕੌਂਸਲ ਮੈਂਬਰ ਤੇ ਬਾਅਦ ਵਿੱਚ ਕੰਟਰੋਲ ਕਮਿਸ਼ਨ ਦੇ ਚੇਅਰਮੈਨ ਰਹੇ। ਉਹਨਾ ਦੇ ਬੱਚੇ ਪਿਤਾ ਦੀ ਤਰ੍ਹਾਂ ਭਾਰਤੀ ਕਮਿਊਨਿਸਟ ਪਾਰਟੀ ਦੀ ਹਰ ਤਰ੍ਹਾਂ ਦੀ ਮਦਦ ਕਰਨ ਵਿੱਚ ਖ਼ੁਸ਼ੀ ਮਹਿਸੂਸ ਕਰਦੇ ਹਨ। ਸੰਗਰੂਰ ਪਾਰਟੀ ਦੇ ਜ਼ਿਲ੍ਹਾ ਸਕੱਤਰ ਸੁਖਦੇਵ ਸ਼ਰਮਾ ਨੇ ਦੱਸਿਆ ਕਿ ਡਾਕਟਰ ਇੰਦਰਵੀਰ ਗਿੱਲ ਦੀ ਅਪੀਲ 'ਤੇ ਕਾਮਰੇਡ ਅੱਛਰਾ ਸਿੰਘ ਦੀ ਸਪੁੱਤਰੀ ਡਾਕਟਰ ਬਲਜੀਤ ਗਰੇਵਾਲ, ਜੋ ਕਿ ਸਿਹਤ ਵਿਭਾਗ ਪੰਜਾਬ 'ਚੋਂ ਡਿਪਟੀ ਡਾਇਰੈਕਟਰ ਦੇ ਉੱਚੇ ਅਹੁਦੇ ਤੋਂ ਰਿਟਾਇਰ ਹੋਏ ਹਨ, ਨੇ ਕਮਿਊਨਿਸਟ ਪਿਤਾ ਦੀ ਯਾਦ ਵਿੱਚ 50 ਹਜ਼ਾਰ ਰੁਪਏ ਪਾਰਟੀ ਸੰਮੇਲਨ ਲਈ ਭੇਜੇ ਹਨ।

ਸੀ ਪੀ ਆਈ ਦੇ ਸੂਬਾ ਸਕੱਤਰ ਬੰਤ ਸਿੰਘ ਬਰਾੜ ਨੇ ਪਰਵਾਰ ਦਾ ਪਾਰਟੀ ਮਹਾਂ-ਸੰਮੇਲਨ ਜਿਹੇ ਮਹਾਨ ਕਾਰਜ ਵਾਸਤੇ ਵੱਡੀ ਮਦਦ ਲਈ ਸ਼ੁਕਰੀਆ ਅਦਾ ਕਰਦਿਆਂ ਕਿਹਾ ਕਿ ਪਰਵਾਰ ਦਾ ਇਹ ਕਦਮ ਸਿਰਫ ਸਲਾਹੁਣਯੋਗ ਹੀ ਨਹੀਂ, ਸਗੋਂ ਬਾਕੀ ਪਰਵਾਰਾਂ ਲਈ ਵੀ ਪ੍ਰੇਰਨਾਸਰੋਤ ਹੈ। ਉਹਨਾ ਟੈਲੀਫੋਨ ਰਾਹੀਂ ਡਾਕਟਰ ਬਲਜੀਤ ਗਰੇਵਾਲ ਤੇ ਪਰਵਾਰ ਦਾ ਆਪਣੇ ਵੱਲੋਂ ਨਿੱਜੀ ਤੌਰ 'ਤੇ ਅਤੇ ਸਮੁੱਚੀ ਪਾਰਟੀ ਵੱਲੋਂ ਧੰਨਵਾਦ ਕੀਤਾ।

## 49 ਹਜ਼ਾਰ ਕਰੋੜ ਦੇ ਘਪਲੇ 'ਚ ਪਰਲਜ਼ ਸੰਚਾਲਕ ਸਣੇ ਦੋ ਗ੍ਰਿਫਤਾਰ

**ਲਖਨਊ** : ਯੂ ਪੀ ਪੁਲਸ ਦੇ ਆਰਥਕ ਅਪਰਾਧ ਰੋਕੂ ਵਿੰਗ (ਈ ਓ ਡਬਲਿਊ) ਨੇ ਦੋ ਵੱਡੇ ਵਿੱਤੀ ਧੋਖਾਧੜੀ ਮਾਮਲਿਆਂ ਵਿੱਚ ਸ਼ਾਮਲ ਮੁੱਖ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਹੈ, ਜਿਨ੍ਹਾਂ ਨਿਵੇਸ਼ਕਾਂ ਨਾਲ ਸਮੂਹਕ ਤੌਰ 'ਤੇ ਹਜ਼ਾਰਾਂ ਕਰੋੜ ਰੁਪਏ ਦੀ ਧੋਖਾਧੜੀ ਕੀਤੀ ਸੀ। ਉਸ ਨੇ ਪੰਜਾਬ ਦੇ ਰੋਪੜ ਜ਼ਿਲ੍ਹੇ ਤੋਂ ਪਰਲਜ਼ ਐਗਰੋਟੈਕ ਕਾਰਪੋਰੇਸ਼ਨ ਲਿਮਟਿਡ (ਪੀ ਏ ਸੀ ਐੱਲ) ਦੇ ਇੱਕ ਸੰਚਾਲਕ ਗੁਰਨਾਮ ਸਿੰਘ ਨੂੰ ਗ੍ਰਿਫਤਾਰ ਕੀਤਾ ਹੈ। ਪੀ ਏ ਸੀ ਐੱਲ, ਜੋ ਪਹਿਲਾਂ ਗੁਰਵੰਤ ਐਗਰੋਟੈਕ ਲਿਮਟਿਡ ਵਜੋਂ ਜਾਣੀ ਜਾਂਦੀ ਸੀ, ਰਾਜਸਥਾਨ ਦੇ ਜੈਪੁਰ ਵਿੱਚ ਰਜਿਸਟਰਡ ਸੀ ਅਤੇ ਬਾਅਦ ਵਿੱਚ ਇਸ ਦਾ ਨਾਂਅ ਬਦਲ ਦਿੱਤਾ ਗਿਆ। ਕੰਪਨੀ ਨੇ ਕਥਿਤ ਤੌਰ 'ਤੇ ਯੂ ਪੀ ਸਮੇਤ 10 ਰਾਜਾਂ ਵਿੱਚ ਸ਼ਾਖਾਵਾਂ ਖੋਲ੍ਹੀਆਂ ਅਤੇ ਰਿਜ਼ਰਵ ਬੈਂਕ ਆਫ ਇੰਡੀਆ ਐਕਟ, 1934 ਦੇ ਤਹਿਤ ਗੈਰ-ਬੈਂਕਿੰਗ ਵਿੱਤੀ ਕੰਪਨੀ (ਐੱਨ ਬੀ ਐੱਫ ਸੀ) ਤਹਿਤ ਰਜਿਸਟਰੇਸ਼ਨ ਪ੍ਰਾਪਤ ਕੀਤੇ ਬਿਨਾਂ ਬੈਂਕਿੰਗ ਕਾਰਜ ਸ਼ੁਰੂ ਕੀਤੇ।

ਈ ਓ ਡਬਲਿਊ ਦੀ ਡਾਇਰੈਕਟਰ ਜਨਰਲ ਨੀਰਾ ਰਾਵਤ ਨੇ ਕਿਹਾ, 'ਕੰਪਨੀ 'ਤੇ ਆਰ ਡੀ (ਆਵਰਤੀ ਜਮ੍ਹਾਂ ਰਕਮ) ਅਤੇ ਐੱਫ ਡੀ (ਮਿਆਦੀ ਜਮ੍ਹਾਂ ਰਕਮ) ਦੇ ਬਦਲੇ ਆਕਰਸ਼ਕ ਯੋਜਨਾਵਾਂ ਨੂੰ ਉਤਸ਼ਾਹਤ ਕਰਕੇ ਅਤੇ ਜ਼ਮੀਨ ਦੇ ਪਲਾਟਾਂ ਦਾ ਵਾਅਦਾ ਕਰਕੇ ਯੂ ਪੀ ਦੇ ਮਹੋਬਾ, ਸੁਲਤਾਨਪੁਰ, ਫਰੂਖਾਬਾਦ ਅਤੇ ਜਲੌਨ ਸਮੇਤ ਹੋਰਨਾਂ ਰਾਜਾਂ ਦੇ ਨਿਵੇਸ਼ਕਾਂ ਤੋਂ ਲਗਭਗ 49,000 ਕਰੋੜ ਰੁਪਏ ਇਕੱਠੇ ਕਰਨ ਦਾ ਦੋਸ਼ ਹੈ। ਹਾਲਾਂਕਿ, ਕੰਪਨੀ ਨੇ ਬਾਅਦ ਵਿੱਚ ਨਾ ਤਾਂ ਪਲਾਟ ਪ੍ਰਦਾਨ ਕੀਤੇ ਅਤੇ ਨਾ ਹੀ ਜਮ੍ਹਾਂ ਕੀਤੇ ਫੰਡ ਵਾਪਸ ਕੀਤੇ, ਇਸ ਦੇ ਸੰਚਾਲਕ ਦਫਤਰ ਬੰਦ ਕਰਨ ਤੋਂ ਬਾਅਦ ਫਰਾਰ ਹੋ ਗਏ।' ਯੂ ਪੀ ਸਰਕਾਰ ਨੇ ਜਲੌਨ ਜ਼ਿਲ੍ਹੇ ਵਿੱਚ ਪੀ ਏ ਸੀ ਐੱਲ ਕੰਪਨੀ ਦੀ ਸ਼ਾਖਾ ਦੀ ਜਾਂਚ ਈ ਓ ਡਬਲਿਊ ਨੂੰ ਸੌਂਪੀ ਸੀ। ਗੁਰਨਾਮ ਸਿੰਘ, ਜੋ ਇਸ ਮਾਮਲੇ ਵਿੱਚ ਨਾਮਜ਼ਦ 10 ਮੁਲਜ਼ਮਾਂ ਵਿੱਚੋਂ ਇੱਕ ਸੀ, ਨੂੰ ਡੀ ਓ ਡਬਲਿਊ ਟੀਮ ਨੇ 9 ਜੁਲਾਈ ਨੂੰ ਗ੍ਰਿਫਤਾਰ ਕੀਤਾ। ਚਾਰ ਹੋਰ ਮੁਲਜ਼ਮ, ਜੋ ਸੀ ਬੀ ਆਈ ਮਾਮਲਿਆਂ ਵਿੱਚ ਵੀ ਲੋੜੀਂਦੇ ਸਨ, ਪਹਿਲਾਂ ਹੀ ਗ੍ਰਿਫਤਾਰ ਕੀਤੇ ਜਾ ਚੁੱਕੇ ਹਨ ਅਤੇ ਇਸ ਵੇਲੇ ਤਿਹਾੜ ਜੇਲ੍ਹ ਵਿੱਚ ਬੰਦ ਹਨ। ਇੱਕ ਹੋਰ ਮਹੱਤਵਪੂਰਨ ਘਟਨਾਕ੍ਰਮ ਵਿੱਚ ਈ ਓ ਡਬਲਿਊ ਨੇ ਇੱਕ ਭਗੌੜੇ ਮੁਲਜ਼ਮ ਪ੍ਰੇਮ ਪ੍ਰਕਾਸ਼ ਸਿੰਘ ਨੂੰ ਵੀ-ਕੇਅਰ ਮਲਟੀਟਰੇਡ ਪ੍ਰਾ. ਲਿਮਟਿਡ ਵੱਲੋਂ ਕੀਤੀ ਗਈ 250 ਕਰੋੜ ਰੁਪਏ ਦੀ ਧੋਖਾਧੜੀ ਦੇ ਸੰਬੰਧ ਵਿੱਚ ਗ੍ਰਿਫਤਾਰ ਕੀਤਾ ਹੈ।

## ਬਠਿੰਡਾ ਦੀ ਕਲੋਨੀ ਡੁੱਬੀ



**ਬਠਿੰਡਾ** : ਸ਼ਹਿਰ ਵਿੱਚੋਂ ਲੰਘਦੇ ਰਜਵਾਹੇ ਵਿੱਚ ਬੁਰਜੀ ਨੰਬਰ 40 ਨੇੜੇ ਸੱਜੇ ਪਾਸੇ ਕਰੀਬ 100 ਫੁੱਟ ਪਾੜ ਪੈਣ ਨਾਲ ਹਾਊਸਫੈੱਡ ਕਲੋਨੀ, ਗਣਪਤੀ ਖੇਤਰ ਤੇ ਸਾਈ ਨਗਰ ਦੇ ਲੋਕਾਂ ਨੂੰ ਪ੍ਰੇਸ਼ਾਨੀ ਝੱਲਣੀ ਪਈ। ਸਭ ਤੋਂ ਵੱਧ ਮਾਰ ਸਾਈ ਨਗਰ ਨੂੰ ਪਈ, ਜਿੱਥੇ 3 ਤੋਂ 5 ਫੁੱਟ ਤੱਕ ਪਾਣੀ ਘਰਾਂ ਵਿੱਚ ਵੜ ਗਿਆ। ਲੋਕ ਘਰਾਂ ਨੂੰ ਛੱਡਣ ਲਈ ਮਜਬੂਰ ਹੋ ਗਏ। ਘਰੇਲੂ ਸਮਾਨ ਦੇ ਨਾਲ ਵਾਹਨ ਵੀ ਨੁਕਸਾਨੇ ਗਏ।

ਨਹਿਰੀ ਮਹਿਕਮੇ ਦੇ ਕਰਮਚਾਰੀਆਂ ਨੂੰ ਪਾੜ ਵੱਡਾ ਹੋਣ ਕਾਰਨ ਬੰਨ੍ਹ ਮਾਰਨ ਲਈ ਮੁਸ਼ੱਕਤ ਕਰਨੀ ਪੈ ਰਹੀ ਹੈ। ਇਲਾਕੇ ਦੇ ਕੌਂਸਲਰ ਬਲਰਾਜ ਸਿੰਘ ਪੱਕਾ ਨੇ ਕਿਹਾ ਕਿ ਪਾੜ ਤੜਕੇ 2 ਵਜੇ ਪਿਆ, ਪਰ ਵਿਭਾਗੀ ਟੀਮ ਦਿਨ ਚੜ੍ਹਨ ਤੋਂ ਬਾਅਦ ਹੀ ਮੌਕੇ 'ਤੇ ਪਹੁੰਚੀ। ਇਸ ਕਾਰਨ ਲੋਕ ਰੋਹ ਵਿੱਚ ਹਨ। ਲੋਕਾਂ ਨੇ ਨਹਿਰੀ ਵਿਭਾਗ ਖਿਲਾਫ ਨਾਰਾਜ਼ਗੀ ਜਤਾਉਂਦੇ ਹੋਏ ਅਣਗਹਿਲੀ ਦੇ ਦੋਸ਼ ਲਾਏ ਹਨ। ਲੋਕਾਂ ਦਾ ਕਹਿਣਾ ਹੈ ਕਿ ਵਿਭਾਗ ਵੱਲੋਂ ਕਾਫੀ ਲੰਮੇ ਸਮੇਂ ਤੋਂ ਸੂਏ ਦੀ ਸਫਾਈ ਨਹੀਂ ਕਰਵਾਈ ਗਈ। ਐਕਸੀਅਨ ਸੁਖਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਰਜਵਾਹੇ ਉੱਪਰੋਂ ਲੰਘਦੀ ਵਾਟਰ ਸਪਲਾਈ ਦੀ ਪਾਈਪ ਲਾਈਨ ਟੁੱਟ ਜਾਣ ਕਾਰਨ ਪਟੜੀ ਦੀ ਮਿੱਟੀ ਖੁਰ ਗਈ, ਜਿਸ ਕਾਰਨ ਪਾੜ ਪੈ ਗਿਆ। ਪਿੱਛੋਂ ਪਾਣੀ ਬੰਦ ਕਰਵਾ ਦਿੱਤਾ ਗਿਆ ਹੈ ਤੇ ਰਜਵਾਹੇ ਦੀ ਕੰਧ ਨੂੰ ਮਜ਼ਬੂਤ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ।

## ਅੱਜ-ਨਾਮਾ

ਅੱਜ ਦੀ ਘੜੀ ਤਾਂ ਧਰਮ ਨਿਰਪੱਖ ਭਾਰਤ,
ਕੋਈ ਨਾ ਬਦਲੇ ਕਾਨੂੰਨ ਸੰਵਿਧਾਨ ਮੀਆਂ।
ਵਿਤਕਰੇਬਾਜ਼ੀ ਹੈ ਪਾਪ ਇਸ ਦੇਸ਼ ਅੰਦਰ,
ਹਰ ਇੱਕ ਬਸ਼ਰ ਆ ਇੱਕ ਸਮਾਨ ਮੀਆਂ।
ਫਿਰ ਵੀ ਟੋਲੇ ਆ ਕਈ ਸਰਗਰਮ ਫਿਰਦੇ,
ਚੱਲ ਰਹੀ ਜਿਨ੍ਹਾਂ ਦੀ ਬਹੁਤ ਜ਼ਬਾਨ ਮੀਆਂ।
ਸਮਾਜ ਜਾਂ ਧਰਮ ਦੀ ਸੇਵਾ ਦੇ ਨਾਂਅ ਉੱਤੇ,
ਚਾਹੁੰਦੇ ਆ ਛੇੜਨਾ ਵੱਡਾ ਘਮਸਾਨ ਮੀਆਂ।
ਜੇਕਰ ਸਮਾਜ ਇਹ ਰਿਹਾ ਨਾ ਸਦਾ ਚੌਕਸ,
ਭੂਤਰੀ ਧਾੜ ਇਹ ਲਾਊ ਫਿਰ ਅੱਗ ਮੀਆਂ।
ਇਹ ਚੱਲਦਾ ਸਮਾਂ ਸਰਕਾਰ ਪੰਜਾਬ ਸਮਝੇ,
ਕਰੇ ਕੰਟਰੋਲ ਆਹ ਭੂਤਰਿਆ ਵੱਗ ਮੀਆਂ।

-ਤੀਸ ਮਾਰ ਖਾਂ

## ਦੀਪਕ ਯਾਦਵ ਰਿਸ਼ਤੇਦਾਰਾਂ ਦੇ ਤਾਅਨਿਆਂ-ਮਿਹਣਿਆਂ ਤੋਂ ਪ੍ਰੇਸ਼ਾਨ ਸੀ



**ਚੰਡੀਗੜ੍ਹ** : ਗੁਰੂਗ੍ਰਾਮ ਦੇ ਸੈਕਟਰ 57 ਦੇ ਸੁਸ਼ਾਂਤ ਲੋਕ ਸਥਿਤ ਘਰ ਵਿੱਚ ਵੀਰਵਾਰ ਦੁਪਹਿਰ ਦੀਪਕ ਯਾਦਵ ਵੱਲੋਂ ਆਪਣੀ ਸਾਬਕਾ ਸੂਬਾ ਪੱਧਰੀ ਟੈਨਿਸ ਖਿਡਾਰਨ ਰਾਧਿਕਾ ਯਾਦਵ (25) ਦੀ ਗੋਲੀ ਮਾਰ ਕੇ ਹੱਤਿਆ ਨੂੰ ਉਸ ਦੇ ਇੰਸਟਾਗ੍ਰਾਮ ਰੀਲਾਂ ਬਣਾਉਣ ਨਾਲ ਜੋੜਨ ਦੇ ਸ਼ੁਰੂਆਤੀ ਦਾਅਵਿਆਂ ਦੇ ਉਲਟ ਪੁਲਸ ਨੇ ਇੰਕਸ਼ਾਫ ਕੀਤਾ ਹੈ ਕਿ ਦਰਅਸਲ ਬਾਪ-ਬੇਟੀ ਵਿਚਾਲੇ ਉਸ ਟੈਨਿਸ ਅਕੈਡਮੀ ਨੂੰ ਲੈ ਕੇ ਝਗੜਾ ਚੱਲ ਰਿਹਾ ਸੀ, ਜਿਸ ਨੂੰ ਰਾਧਿਕਾ ਚਲਾ ਰਹੀ ਸੀ। ਦੀਪਕ ਅਕੈਡਮੀ ਦੇ ਪ੍ਰਬੰਧਨ ਤੋਂ ਨਾਖੁਸ਼ ਸੀ, ਸਮਾਜੀ ਦਬਾਅ ਅਤੇ ਰਿਸ਼ਤੇਦਾਰਾਂ ਦੇ ਤਾਅਨਿਆਂ-ਮਿਹਣਿਆਂ ਤੋਂ ਨਿਰਾਸ਼ ਸੀ, ਜੋ ਉਸ ਦਾ ਇਕ ਕਹਿ ਕੇ ਮਜ਼ਾਕ ਉਡਾਉਂਦੇ ਸਨ ਕਿ ਉਹ ਆਪਣੀ ਧੀ ਦੇ ਪੈਸਿਆਂ ਉਤੇ ਨਿਰਭਰ ਹੈ। ਏ ਸੀ ਪੀ ਯਸ਼ਵੰਤ ਯਾਦਵ ਨੇ ਕਿਹਾ, 'ਉਹ (ਦੀਪਕ ਯਾਦਵ) ਚਾਹੁੰਦਾ ਸੀ ਕਿ ਉਹ ਅਕੈਡਮੀ ਬੰਦ ਕਰ ਦੇਵੇ, ਪਰ ਉਸ ਨੇ ਇਨਕਾਰ ਕਰ ਦਿੱਤਾ। ਉਸ ਨੇ ਅਖੀਰ ਇਸੇ ਵਿਵਾਦ ਕਾਰਨ ਉਸ ਨੂੰ ਗੋਲੀ ਮਾਰ ਦਿੱਤੀ।'

ਸੈਕਟਰ 56 ਪੁਲਸ ਸਟੇਸ਼ਨ ਵਿੱਚ ਦਰਜ ਕੀਤੀ ਗਈ ਇੱਕ ਐੱਫ ਆਈ ਆਰ ਵਿੱਚ ਦੀਪਕ ਦੇ ਹਵਾਲੇ ਨਾਲ ਕਿਹਾ ਗਿਆ ਹੈ ਕਿ ਉਹ ਘਟਨਾ ਤੋਂ 15 ਦਿਨਾਂ ਪਹਿਲਾਂ ਤੋਂ ਉਦਾਸ ਸੀ। ਲਗਾਤਾਰ ਆਲੋਚਨਾ ਕਾਰਨ ਉਹ ਬੇਇੱਜ਼ਤੀ ਮਹਿਸੂਸ ਕਰ ਰਿਹਾ ਸੀ। ਗੋਲੀਬਾਰੀ ਪਰਵਾਰ ਦੀ ਰਸੋਈ ਵਿੱਚ ਹੋਈ। ਦੀਪਕ ਨੇ ਆਪਣੇ ਲਸੰਸੀ .32 ਬੋਰ ਰਿਵਾਲਵਰ ਨਾਲ ਰਾਧਿਕਾ 'ਤੇ ਪੰਜ ਗੋਲੀਆਂ ਚਲਾਈਆਂ, ਜਿਨ੍ਹਾਂ ਵਿੱਚੋਂ ਤਿੰਨ ਗੋਲੀਆਂ ਉਸ ਦੀ ਪਿੱਠ ਵਿੱਚ ਲੱਗੀਆਂ। ਉਸ ਦੀ ਮੌਕੇ 'ਤੇ ਹੀ ਮੌਤ ਹੋ ਗਈ। ਪਰਵਾਰਕ ਮੈਂਬਰਾਂ ਦੇ ਬਿਆਨਾਂ ਦੇ ਆਧਾਰ 'ਤੇ ਯਾਦਵ ਨੂੰ ਥੋੜ੍ਹੀ ਦੇਰ ਬਾਅਦ ਗ੍ਰਿਫਤਾਰ ਕਰ ਲਿਆ ਗਿਆ। ਰਾਧਿਕਾ ਦੀ ਮਾਂ ਮੰਜੂ ਯਾਦਵ ਨੇ ਕੋਈ ਅਧਿਕਾਰਤ ਬਿਆਨ ਨਹੀਂ ਦਿੱਤਾ। ਉਸ ਨੇ ਅਧਿਕਾਰੀਆਂ ਨੂੰ ਦੱਸਿਆ ਕਿ ਜਦੋਂ ਘਟਨਾ ਵਾਪਰੀ ਤਾਂ ਉਹ ਬਿਮਾਰ ਸੀ ਅਤੇ ਘਰ ਵਿੱਚ ਨਹੀਂ ਸੀ। ਉਧਰ, ਮ੍ਰਿਤਕਾ ਦੇ ਚਾਚਾ ਕੁਲਦੀਪ ਯਾਦਵ ਦੀ ਸ਼ਿਕਾਇਤ ਦੇ ਆਧਾਰ 'ਤੇ ਦਰਜ ਕੀਤੀ ਗਈ ਐੱਫ ਆਈ ਆਰ ਦੇ ਅਨੁਸਾਰ ਮੰਜੂ ਯਾਦਵ ਘਟਨਾ ਵੇਲੇ ਘਰ ਦੀ ਪਹਿਲੀ ਮੰਜ਼ਲ 'ਤੇ ਮੌਜੂਦ ਸੀ। ਕੁਲਦੀਪ ਯਾਦਵ ਨੇ ਕਿਹਾ ਕਿ ਦੀਪਕ, ਮੰਜੂ ਅਤੇ ਰਾਧਿਕਾ ਸੈਕਟਰ 57 ਵਿੱਚ ਘਰ ਦੀ ਪਹਿਲੀ ਮੰਜ਼ਲ 'ਤੇ ਰਹਿੰਦੇ ਸਨ, ਜਦੋਂ ਕਿ ਉਹ (ਕੁਲਦੀਪ) ਆਪਣੇ ਪਰਵਾਰ ਨਾਲ ਜ਼ਮੀਨੀ ਮੰਜ਼ਲ 'ਤੇ ਰਹਿੰਦਾ ਸੀ।

ਐੱਫ ਆਈ ਆਰ ਵਿੱਚ ਕੁਲਦੀਪ ਯਾਦਵ ਨੇ ਕਿਹਾ ਕਿ ਵੀਰਵਾਰ ਨੂੰ ਸਵੇਰੇ 10.30 ਵਜੇ ਦੇ ਕਰੀਬ ਉਸ ਨੇ ਅਚਾਨਕ ਇੱਕ ਜ਼ੋਰਦਾਰ ਧਮਾਕਾ ਸੁਣਿਆ ਅਤੇ ਪਹਿਲੀ ਮੰਜ਼ਲ ਵੱਲ ਭੱਜਿਆ। ਉਸ ਨੇ ਕਿਹਾ, 'ਮੈਂ ਆਪਣੀ ਭਤੀਜੀ ਰਾਧਿਕਾ ਨੂੰ ਰਸੋਈ ਵਿੱਚ ਖ਼ੂਨ ਨਾਲ ਲੱਥਪੱਥ ਪਈ ਦੇਖਿਆ ਅਤੇ ਰਿਵਾਲਵਰ ਡਰਾਇੰਗ ਰੂਮ ਵਿੱਚੋਂ ਮਿਲਿਆ। ਮੇਰਾ ਪੁੱਤਰ ਪੀਯੂਸ਼ ਯਾਦਵ ਵੀ ਪਹਿਲੀ ਮੰਜ਼ਲ ਵੱਲ ਭੱਜਿਆ। ਅਸੀਂ ਦੋਵਾਂ ਨੇ ਰਾਧਿਕਾ ਨੂੰ ਚੁੱਕਿਆ ਅਤੇ ਉਸ ਨੂੰ ਆਪਣੀ ਕਾਰ ਵਿੱਚ ਸੈਕਟਰ 56 ਦੇ ਹਸਪਤਾਲ ਲੈ ਗਏ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ।'

ਇਸ ਤੋਂ ਪਹਿਲਾਂ ਪੁਲਸ ਨੇ ਕਿਹਾ ਕਿ ਇਹ ਘਟਨਾ ਦੁਪਹਿਰ 2 ਵਜੇ ਦੇ ਕਰੀਬ ਵਾਪਰੀ, ਜਦੋਂ ਰਾਧਿਕਾ ਪਹਿਲੀ ਮੰਜ਼ਲ 'ਤੇ ਰਸੋਈ ਵਿੱਚ ਖਾਣਾ ਬਣਾ ਰਹੀ ਸੀ। ਕੁਲਦੀਪ ਯਾਦਵ ਨੇ ਕਿਹਾ ਕਿ ਜਦੋਂ ਘਟਨਾ ਵਾਪਰੀ ਤਾਂ ਸਿਰਫ ਦੀਪਕ, ਉਸਦੀ ਪਤਨੀ ਅਤੇ ਧੀ ਘਰ ਦੀ ਪਹਿਲੀ ਮੰਜ਼ਲ 'ਤੇ ਸਨ। ਘਟਨਾ ਸਮੇਂ ਦੀਪਕ ਦਾ ਪੁੱਤਰ ਧੀਰਜ ਉੱਥੇ ਮੌਜੂਦ ਨਹੀਂ ਸੀ। ਪਹਿਲਾਂ ਕਿਹਾ ਗਿਆ ਸੀ ਕਿ ਉਸ ਦੀ ਮਾਂ ਜ਼ਮੀਨੀ ਮੰਜ਼ਲ 'ਤੇ ਸੀ ਅਤੇ ਗੋਲੀਆਂ ਦੀ ਆਵਾਜ਼ ਸੁਣ ਕੇ ਉਹ ਉੱਪਰ ਵੱਲ ਭੱਜੀ ਸੀ।

## ਸੰਜੇ ਵਰਮਾ ਕਤਲ ਕੇਸ 'ਚ ਰਾਜਸਥਾਨ ਤੋਂ ਤਿੰਨ ਗ੍ਰਿਫਤਾਰ



**ਫਾਜ਼ਿਲਕਾ** : ਅਬੋਹਰ ਦੇ ਮਸ਼ਹੂਰ ਕਾਰੋਬਾਰੀ ਸੰਜੇ ਵਰਮਾ ਦੇ ਕਤਲ ਮਾਮਲੇ ਵਿੱਚ ਪੁਲਸ ਨੇ ਰਾਜਸਥਾਨ ਦੇ ਬੀਕਾਨੇਰ ਤੋਂ ਤਿੰਨ ਮੁਲਜ਼ਮਾਂ ਨੂੰ ਗ੍ਰਿਫਤਾਰ ਕੀਤਾ ਹੈ।

ਐੱਸ ਐੱਸ ਪੀ ਗੁਰਮੀਤ ਸਿੰਘ, ਡੀ ਐੱਸ ਪੀ ਡੀ ਬਲਕਾਰ ਸਿੰਘ ਅਤੇ ਡੀ ਐੱਸ ਪੀ ਦੇਹਾਤੀ ਤੇਜਿੰਦਰ ਪਾਲ ਸਿੰਘ ਨੇ ਦੱਸਿਆ ਕਿ ਜਿੱਥੇ ਪੁਲਸ ਟੀਮ ਨੇ ਐਂਟੀ ਗੈਂਗਸਟਰ ਟਾਸਕ ਫੋਰਸ ਦੇ ਨਾਲ ਮਿਲ ਕੇ ਕੁਝ ਦਿਨ ਪਹਿਲਾਂ ਪਟਿਆਲਾ ਦੇ ਜਸਪ੍ਰੀਤ ਸਿੰਘ ਅਤੇ ਰਾਮ ਰਤਨ ਨੂੰ ਗ੍ਰਿਫਤਾਰ ਕੀਤਾ ਸੀ, ਉੱਥੇ ਹੁਣ ਬੀਕਾਨੇਰ ਦੇ ਥਾਣਾ ਜਗਰਾਸਰ ਦੇ ਪਿੰਡ ਕੁਚੋਰ ਦੇ ਵਸਨੀਕ ਇੰਦਰਪਾਲ ਬਿਸ਼ਨੋਈ, ਸੰਦੀਪ ਖਿੱਚੜ ਅਤੇ ਪਵਨ ਖਿੱਚੜ ਨੂੰ ਗ੍ਰਿਫਤਾਰ ਕੀਤਾ ਹੈ, ਜਦੋਂ ਕਿ ਮੁੱਖ ਮੁਲਜ਼ਮ ਅਜ਼ੀਮਗੜ੍ਹ ਦਾ ਸ਼ਕਤੀ ਕੁਮਾਰ ਅਤੇ ਦੋ ਹੋਰ ਨੌਜਵਾਨ ਗ੍ਰਿਫਤ ਤੋਂ ਬਾਹਰ ਹਨ। ਐੱਸ ਐੱਸ ਪੀ ਗੁਰਮੀਤ ਸਿੰਘ ਨੇ ਦੱਸਿਆ ਕਿ ਸੰਜੇ ਵਰਮਾ ਕਤਲ ਕਾਂਡ ਵਿੱਚ ਸ਼ਾਮਲ ਸ਼ੂਟਰ ਫੜੇ ਗਏ ਤਿੰਨ ਨੌਜਵਾਨਾਂ ਨਾਲ ਹੀ ਰਹੇ ਸਨ ਅਤੇ ਇਨ੍ਹਾਂ ਲੋਕਾਂ ਨੇ ਉਨ੍ਹਾਂ ਨੂੰ ਪੈਸੇ ਟਰਾਂਸਫਰ ਕੀਤੇ ਸਨ। ਤਿੰਨ ਨੌਜਵਾਨਾਂ ਵਿੱਚੋਂ ਇੱਕ ਪੀ ਜੀ ਚਲਾਉਂਦਾ ਹੈ ਅਤੇ ਬਾਕੀ ਦੋ ਆਪਣਾ ਕਾਰੋਬਾਰ ਕਰਦੇ ਹਨ। ਐੱਸ ਐੱਸ ਪੀ ਨੇ ਕਿਹਾ ਕਿ ਤਿੰਨਾਂ ਨੇ ਸ਼ੂਟਰਾਂ ਨੂੰ ਲਗਭਗ 1.5 ਲੱਖ ਰੁਪਏ ਦਾ ਭੁਗਤਾਨ ਕੀਤਾ ਸੀ। ਸੰਜੇ ਨੂੰ ਕਿਉਂ ਮਾਰਿਆ ਗਿਆ, ਇਸ ਦਾ ਖੁਲਾਸਾ ਜਲਦੀ ਹੀ ਕੀਤਾ ਜਾਵੇਗਾ। ਉਹ ਬਹੁਤ ਸਾਰੀਆਂ ਅੰਦਰੂਨੀ ਗੱਲਾਂ ਨਹੀਂ ਦੱਸ ਸਕਦੇ, ਕਿਉਂਕਿ ਇਹ ਕੇਸ ਨੂੰ ਪ੍ਰਭਾਵਤ ਕਰ ਸਕਦੀਆਂ ਹਨ।

ਨਵਾਂ ਜ਼ਮਾਨਾ

ਸ਼ਨੀਵਾਰ, 12 ਜੁਲਾਈ 2025

# ਦੁਨੀਆ ਬਦਲ ਰਹੀ ਹੈ

ਇਸ ਸਮੇਂ ਦੁਨੀਆ ਇੱਕ ਨਵੀਂ ਕਰਵਟ ਲੈ ਰਹੀ ਹੈ। ਸੋਵੀਅਤ ਯੂਨੀਅਨ ਦੀ ਅਗਵਾਈ ਵਾਲੇ ਸਮਾਜਵਾਦੀ ਕੈਂਪ ਦੇ ਢਹਿ-ਢੇਰੀ ਹੋਣ ਤੋਂ ਬਾਅਦ ਅਮਰੀਕਾ ਨੇ ਦੁਨੀਆ ਦਾ ਚੌਧਰੀ ਬਣ ਕੇ ਸਮੁੱਚੇ ਦੇਸ਼ਾਂ 'ਤੇ ਸਾਮਰਾਜੀ ਲੁੱਟ ਅਧਾਰਤ ਆਰਥਕ ਵਿਵਸਥਾ ਥੋਪ ਦਿੱਤੀ ਸੀ। ਇਸ ਵਿਵਸਥਾ ਰਾਹੀਂ ਸਾਮਰਾਜੀ ਮੁਲਕਾਂ ਵੱਲੋਂ ਗਰੀਬ ਤੇ ਤਰੱਕੀ ਕਰ ਰਹੇ ਮੁਲਕਾਂ ਅੰਦਰ ਲੁੱਟ ਦਾ ਅਜਿਹਾ ਢਾਂਚਾਗਤ ਚੱਕਰ ਚਲਾਇਆ ਗਿਆ, ਜਿਸ ਨੇ ਇਨ੍ਹਾਂ ਨਵੇਂ ਅਜ਼ਾਦ ਮੁਲਕਾਂ ਨੂੰ ਆਰਥਕ ਗੁਲਾਮੀ ਵਿੱਚ ਜਕੜਨਾ ਸ਼ੁਰੂ ਕਰ ਦਿੱਤਾ। ਨਤੀਜੇ ਵਜੋਂ ਇਨ੍ਹਾਂ ਦੇਸ਼ਾਂ ਅੰਦਰ ਮਹਿੰਗਾਈ, ਬੇਰੁਜ਼ਗਾਰੀ ਤੇ ਧਨ ਦੀ ਕਾਣੀ ਵੰਡ ਦੇ ਸੰਤਾਪ ਨੇ ਆਮ ਲੋਕਾਂ ਦਾ ਜੀਣਾ ਮੁਹਾਲ ਕਰ ਦਿੱਤਾ। ਇੱਕੋ-ਇੱਕ ਦੇਸ਼ ਚੀਨ ਸੀ, ਜਿਹੜਾ ਆਪਣੇ ਵਿਰੁੱਧ ਹੋ ਰਹੀਆਂ ਸਾਮਰਾਜੀ ਮੁਲਕਾਂ ਦੀਆਂ ਸਾਜ਼ਿਸ਼ਾਂ ਨੂੰ ਪਛਾੜ ਕੇ ਸਮਾਜਵਾਦੀ ਰਾਹ 'ਤੇ ਅੱਗੇ ਵਧਦਾ ਰਿਹਾ। ਚੀਨ ਇੱਕ ਪਾਸੇ ਆਪਣੀ ਆਰਥਕਤਾ ਮਜ਼ਬੂਤ ਕਰਦਾ ਰਿਹਾ, ਦੂਜੇ ਪਾਸੇ ਗਰੀਬ ਦੇਸ਼ਾਂ ਦੇ ਵਿਕਾਸ ਵਿੱਚ ਹਿੱਸਾ ਪਾ ਕੇ ਉਨ੍ਹਾਂ ਨੂੰ ਸਾਮਰਾਜੀ ਜੂਲੇ ਤੋਂ ਮੁਕਤੀ ਦਿਵਾਉਣ ਵਿੱਚ ਹਿੱਸਾ ਪਾਉਂਦਾ ਰਿਹਾ। ਨਤੀਜੇ ਵਜੋਂ ਚੀਨ ਵੱਲੋਂ ਸ਼ੁਰੂ ਕੀਤੀ ਗਈ ਬੈਲਟ ਐਂਡ ਰੋਡ ਇਨੀਸ਼ੇਟਿਵ (ਬੀ ਆਰ ਆਈ) ਵਿੱਚ ਹੁਣ ਤੱਕ 150 ਦੇਸ਼ ਸ਼ਾਮਲ ਹੋ ਚੁੱਕੇ ਹਨ।

ਚੀਨ ਦੀ ਇਸ ਪਹਿਲ ਨੇ ਸਾਮਰਾਜੀ ਮੁਲਕਾਂ, ਖਾਸ ਕਰ ਅਮਰੀਕਾ ਦੇ ਪੈਰਾਂ ਹੇਠੋਂ ਜ਼ਮੀਨ ਖਿਸਕਾ ਦਿੱਤੀ ਹੈ। ਅਮਰੀਕਾ, ਜੋ ਡਾਲਰ ਛਾਪ-ਛਾਪ ਕੇ ਵਰਲਡ ਬੈਂਕ ਤੇ ਇੰਟਰਨੈਸ਼ਨਲ ਮੌਨੇਟਰੀ ਫੰਡ ਵਰਗੀਆਂ ਸੰਸਥਾਵਾਂ ਰਾਹੀਂ ਗਰੀਬ ਦੇਸ਼ਾਂ ਨੂੰ ਕਰਜ਼ੇ ਦੇ ਜਾਲ ਵਿੱਚ ਫਸਾ ਕੇ ਲੁੱਟਦਾ ਰਿਹਾ ਸੀ, ਨੂੰ ਹੁਣ ਆਪਣੀ ਸਰਦਾਰੀ ਖੁਸਦੀ ਜਾਪ ਰਹੀ ਹੈ। ਟਰੰਪ ਦੇ ਅਮਰੀਕਾ ਦਾ ਰਾਸ਼ਟਰਪਤੀ ਬਣਨ ਤੋਂ ਬਾਅਦ ਅਮਰੀਕਾ ਦੀ ਚੌਧਰ ਬਚਾਉਣ ਲਈ ਉਸ ਨੇ ਸਭ ਦੇਸ਼ਾਂ ਵਿਰੁੱਧ ਟੈਰਿਫ ਜੰਗ ਛੇੜ ਦਿੱਤੀ ਹੈ, ਇਹ ਜੰਗ ਸਿਰਫ ਇੱਕ ਵਪਾਰ ਜੰਗ ਨਹੀਂ, ਸਗੋਂ ਗਰੀਬ ਦੇਸ਼ਾਂ 'ਤੇ ਆਪਣੀ ਲੁੱਟ ਕਾਇਮ ਰੱਖਣ ਦੀ ਆਖਰੀ ਕੋਸ਼ਿਸ਼ ਹੈ। ਦੂਜੇ ਪਾਸੇ ਚੀਨ ਤੇ ਰੂਸ ਦੀ ਅਗਵਾਈ ਵਿੱਚ ਉਹ ਦੇਸ਼ ਹਨ, ਜਿਹੜੇ ਸਮਝਦੇ ਹਨ ਕਿ ਹੁਣ ਇੱਕ-ਧਰੁਵੀ ਸੰਸਾਰ ਵਾਲੀ ਆਰਥਕਤਾ ਦਾ ਵੇਲਾ ਮੁੱਕ ਚੁੱਕਾ ਹੈ ਤੇ ਨਵੀਂ ਬਹੁ-ਧਰੁਵੀ ਵਿਵਸਥਾ ਹੀ ਮਨੁੱਖਤਾ ਦੇ ਵਿਕਾਸ ਨੂੰ ਅੱਗੇ ਵਧਾ ਸਕਦੀ ਹੈ।

ਪਿਛਲੇ ਕੁਝ ਸਮੇਂ ਦੌਰਾਨ ਵੱਖ-ਵੱਖ ਦੇਸ਼ਾਂ ਦੀਆਂ ਦੋ ਸੰਸਥਾਵਾਂ ਦੇ ਇਕੱਠਾਂ ਦਾ ਝਲਕਾਰਾ ਇਸ ਹਕੀਕਤ ਨੂੰ ਸਾਹਮਣੇ ਲਿਆਉਂਦਾ ਹੈ। ਪਹਿਲਾ ਇਕੱਠ ਜੀ-7 ਦੇਸ਼ਾਂ, ਜਿਨ੍ਹਾਂ ਵਿੱਚ ਅਮਰੀਕਾ, ਬਰਤਾਨੀਆ, ਫਰਾਂਸ, ਜਰਮਨੀ, ਇਟਲੀ, ਕੈਨੇਡਾ ਤੇ ਜਪਾਨ ਸ਼ਾਮਲ ਹਨ, ਦਾ 17 ਜੂਨ ਨੂੰ ਕੈਨੇਡਾ ਵਿੱਚ ਹੋਇਆ ਸੀ। ਇਨ੍ਹਾਂ 7 ਦੇਸ਼ਾਂ ਨੂੰ ਸਾਮਰਾਜ ਦੀ ਧੁਰੀ ਕਿਹਾ ਜਾ ਸਕਦਾ ਹੈ। ਇਨ੍ਹਾਂ ਦੇਸ਼ਾਂ ਦੀ ਅਬਾਦੀ ਦੁਨੀਆ ਦੀ ਕੁੱਲ ਅਬਾਦੀ ਦਾ ਮਸਾਂ 10 ਫੀਸਦੀ ਹੈ, ਪਰ ਦੁਨੀਆ ਦੀ ਕੁੱਲ ਜੀ ਡੀ ਪੀ ਦਾ ਹਿੱਸਾ 44 ਫੀਸਦੀ ਹੈ। ਦੁਨੀਆ ਵਿੱਚ ਪੈਦਾ ਹੋ ਰਹੇ ਕੁਲ ਆਰਥਕ ਮੁੱਲ ਦਾ ਬਹੁਤਾ ਹਿੱਸਾ ਇਹ 7 ਧਨੀ ਦੇਸ਼ ਹੂੰਝ ਕੇ ਲੈ ਜਾਂਦੇ ਹਨ। ਇਹ ਦੁਨੀਆ ਦੀ ਅਰਥ ਵਿਵਸਥਾ ਤੇ ਵਪਾਰ 'ਤੇ ਉਨ੍ਹਾਂ ਦੇ ਕਬਜ਼ੇ ਕਾਰਨ ਹੁੰਦਾ ਰਿਹਾ ਹੈ। ਹੁਣ ਜਦੋਂ ਇਨ੍ਹਾਂ ਦੇ ਮੁਕਾਬਲੇ ਵਿੱਚ ਚੀਨ ਤੇ ਰੂਸ ਦੀ ਅਗਵਾਈ ਵਿੱਚ ਬ੍ਰਿਕਸ ਵਰਗੇ ਸੰਗਠਨ ਆ ਗਏ ਹਨ ਤਾਂ ਇਹ ਕੰਬਣ ਲੱਗ ਪਏ ਹਨ। ਕੈਨੇਡਾ ਦੇ ਸ਼ਹਿਰ ਕਾਨਾਨਾਂਸਿਕਸ ਵਿੱਚ ਜੁੜੇ 7 ਦੇਸ਼ਾਂ ਦੇ ਪ੍ਰਮੁੱਖਾਂ ਵਿੱਚ ਹਾਲਾਤ ਨੇ ਏਨੀ ਬੇਯਕੀਨੀ ਪੈਦਾ ਕਰ ਦਿੱਤੀ ਕਿ ਉਹ ਕੋਈ ਸਾਂਝਾ ਐਲਾਨਨਾਮਾ ਵੀ ਜਾਰੀ ਨਹੀਂ ਕਰ ਸਕੇ। ਡੋਨਾਲਡ ਟਰੰਪ ਨੇ ਤਾਂ ਇਹ ਕਹਿ ਕੇ ਕਿ ਇਸ ਸੰਗਠਨ ਵਿੱਚੋਂ ਰੂਸ ਨੂੰ ਨਹੀਂ ਕੱਢਣਾ ਚਾਹੀਦਾ ਸੀ ਤੇ ਚੀਨ ਨੂੰ ਵੀ ਇਸ ਵਿੱਚ ਸ਼ਾਮਲ ਕਰਨਾ ਚਾਹੀਦਾ ਹੈ, ਆਪਣੀ ਖੁਸ ਰਹੀ ਚੌਧਰ ਦੇ ਡਰ ਨੂੰ ਖੁੱਲ੍ਹੇਆਮ ਪ੍ਰਗਟ ਕਰ ਦਿੱਤਾ। ਡੋਨਾਲਡ ਟਰੰਪ ਤਾਂ ਸੰਮੇਲਨ ਨੂੰ ਇਹ ਕਹਿ ਕੇ ਵਿੱਚੇ ਛੱਡ ਗਿਆ ਸੀ ਕਿ ਉਸ ਨੇ ਜੋ ਕਰਨਾ ਹੈ, ਉਹ ਵਾਸ਼ਿੰਗਟਨ ਜਾ ਕੇ ਕਰੇਗਾ। ਇਸ ਤਰ੍ਹਾਂ ਆਪਣੇ 51ਵੇਂ ਸੰਮੇਲਨ ਵਿੱਚ ਧਨੀ ਦੇਸ਼ਾਂ ਦੇ ਇਸ ਗਰੁੱਪ ਨੇ ਸਾਬਤ ਕਰ ਦਿੱਤਾ ਹੈ ਕਿ ਦੁਨੀਆ ਦੇ ਭਵਿੱਖੀ ਨਕਸ਼ੇ ਵਿੱਚ ਹੁਣ ਉਸ ਦੀ ਕੋਈ ਪ੍ਰਸੰਗਕਤਾ ਨਹੀਂ ਰਹੀ। ਦੂਜਾ ਸੰਮੇਲਨ ਬ੍ਰਿਕਸ ਦੇਸ਼ਾਂ ਦਾ 6-7 ਜੁਲਾਈ ਨੂੰ ਬ੍ਰਾਜ਼ੀਲ ਦੇ ਰਿਓ ਡੀ ਜਨੇਰੀਓ ਵਿੱਚ ਹੋਇਆ ਸੀ। ਸ਼ੁਰੂ ਵਿੱਚ ਇਸ ਦਾ ਨਾਂਅ ਬ੍ਰਿਕ ਸੀ ਤੇ ਇਸ ਵਿੱਚ ਬਰਾਜ਼ੀਲ, ਰੂਸ, ਭਾਰਤ ਤੇ ਚੀਨ ਸ਼ਾਮਲ ਸਨ। ਫਿਰ ਇਸ ਵਿੱਚ ਸਾਊਥ ਅਫਰੀਕਾ ਸ਼ਾਮਲ ਹੋਇਆ ਤੇ ਇਹ ਬ੍ਰਿਕਸ ਬਣ ਗਿਆ। ਪਿਛਲੇ ਸਾਲ ਇਸ ਵਿੱਚ ਈਰਾਨ, ਸੰਯੁਕਤ ਅਰਬ ਅਮੀਰਾਤ, ਮਿਸਰ, ਇਥੋਪੀਆ, ਸਾਊਦੀ ਅਰਬ ਸ਼ਾਮਲ ਹੋ ਗਏ ਤੇ ਇਸ ਵਰ੍ਹੇ ਇੰਡੋਨੇਸ਼ੀਆ ਦੇ ਸ਼ਾਮਲ ਹੋਣ ਨਾਲ ਇਸ ਗਰੁੱਪ ਵਿਚਲੇ ਦੇਸ਼ਾਂ ਦੀ ਗਿਣਤੀ 11 ਹੋ ਗਈ ਹੈ। ਇਸ ਤੋਂ ਬਿਨਾਂ ਬੇਲਾਰੂਸ, ਬੋਲੀਵੀਆ, ਕਜ਼ਾਕਿਸਤਾਨ, ਕਿਊਬਾ, ਨਾਇਜੇਰੀਆ, ਮਲੇਸ਼ੀਆ, ਥਾਈਲੈਂਡ, ਵੀਅਤਨਾਮ, ਯੁਗਾਂਡਾ ਤੇ ਉਜ਼ਬੇਕਿਸਤਾਨ ਇਸ ਦੀ ਮੈਂਬਰਸ਼ਿਪ ਲੈਣ ਲਈ ਲਾਈਨ ਵਿੱਚ ਲੱਗੇ ਹੋਏ ਹਨ। ਇਸ ਸੰਸਥਾ ਵਿਚਲੇ 11 ਦੇਸ਼ਾਂ ਵਿੱਚ ਦੁਨੀਆ ਦੀ 45 ਫੀਸਦੀ ਅਬਾਦੀ ਵਸਦੀ ਹੈ, ਇਹ ਦੁਨੀਆ ਦੀ ਜੀ ਡੀ ਪੀ ਦਾ 37.3 ਫ਼ੀਸਦੀ ਹਿੱਸਾ ਰੱਖਦੇ ਹਨ। ਇਹ ਦੁਨੀਆ ਦੇ 44 ਫੀਸਦੀ ਕੱਚੇ ਤੇਲ ਦਾ ਉਤਪਾਦਨ ਕਰਦੇ ਹਨ। ਇਸ ਨੇ ਮੈਂਬਰ ਦੇਸ਼ਾਂ ਦੀਆਂ ਲੋੜਾਂ ਲਈ ਨਿਊ ਡਿਵੈੱਲਪਮੈਂਟ ਬੈਂਕ ਦੀ ਸਥਾਪਨਾ ਕਰ ਲਈ ਹੈ। ਰਿਓ ਡੀ ਜਨੇਰੀਓ ਵਿੱਚ ਹੋਏ 17ਵੇਂ ਸੰਮੇਲਨ ਵਿੱਚ ਬ੍ਰਿਕਸ ਨੇ ਆਪਣੇ ਐਲਾਨਨਾਮੇ ਵਿੱਚ ਟਰੰਪ ਦੇ ਵਪਾਰ ਯੁੱਧ ਦੀ ਅਲੋਚਨਾ, ਈਰਾਨ 'ਤੇ ਹਮਲੇ ਦੀ ਨਿੰਦਾ, ਪਹਿਲਗਾਮ ਹਮਲੇ ਦੀ ਨਿੰਦਾ, ਅਮਰੀਕੀ ਡਾਲਰ ਉੱਤੇ ਨਿਰਭਰਤਾ ਘੱਟ ਕਰਨ ਲਈ ਸਥਾਨਕ ਕਰੰਸੀ ਵਿੱਚ ਲੈਣ-ਦੇਣ ਬਾਰੇ ਅੱਗੇ ਵਧਣ, ਮੈਂਬਰ ਦੇਸ਼ਾਂ ਵਿੱਚ ਖੋਜ, ਸਿਹਤ ਤੇ ਸਮਾਜਕ ਵਿਕਾਸ ਵਿੱਚ ਸਹਿਯੋਗ ਆਦਿ ਮੁੱਦਿਆਂ ਨੂੰ ਸ਼ਾਮਲ ਕੀਤਾ ਹੈ।

ਬ੍ਰਿਕਸ ਸੰਮੇਲਨ ਦੇ ਐਲਾਨਨਾਮੇ ਤੋਂ ਬਾਅਦ ਟਰੰਪ ਏਨਾ ਡਰ ਗਿਆ ਹੈ ਕਿ ਉਸ ਨੇ ਸੰਬੰਧਤ ਦੇਸ਼ਾਂ ਉੱਤੇ 10 ਫੀਸਦੀ ਵਾਧੂ ਟੈਰਿਫ ਲਾਉਣ ਦੀ ਧਮਕੀ ਦੇ ਦਿੱਤੀ ਹੈ। ਟਰੰਪ ਦੀ ਧਮਕੀ ਅਮਰੀਕੀ ਹਿੱਤਾਂ ਨੂੰ ਬਚਾਉਣ ਲਈ ਦਬਾਅ ਬਣਾਉਣ ਦੀ ਕੋਸ਼ਿਸ਼ ਵੀ ਹੋ ਸਕਦੀ ਹੈ, ਕਿਉਂਕਿ ਟੈਰਿਫ ਨਾਲ ਅਮਰੀਕੀ ਅਰਥ ਵਿਵਸਥਾ ਵੀ ਸੰਕਟ ਵਿੱਚ ਫਸ ਸਕਦੀ ਹੈ।

ਭਾਰਤ ਬ੍ਰਿਕਸ ਦਾ ਇੱਕ ਪ੍ਰਮੁੱਖ ਦੇਸ਼ ਹੈ। ਇਸ ਦੇ ਹਾਕਮਾਂ ਦਾ ਸਾਮਰਾਜੀਆਂ ਪ੍ਰਤੀ ਝੁਕਾਅ ਰਿਹਾ ਹੈ। ਇਹ ਹਮੇਸ਼ਾ ਦੋ ਬੇੜੀਆਂ ਵਿੱਚ ਸਵਾਰ ਹੋ ਕੇ ਦੋਵੇਂ ਪਾਸਿਓਂ ਲਾਹਾ ਲੈਣ ਦੀ ਨੀਤੀ 'ਤੇ ਚਲਦੇ ਰਹੇ ਹਨ। ਅੱਜ ਹਾਲਾਤ ਬਦਲ ਚੁੱਕੇ ਹਨ। ਜਦੋਂ ਜੰਗ ਸਿਖਰ 'ਤੇ ਪੁੱਜੀ ਹੋਵੇ ਤਾਂ ਦੋ ਬੇੜੀਆਂ 'ਤੇ ਸਵਾਰ ਕਿਸੇ ਪਾਸੇ ਦਾ ਵੀ ਨਹੀਂ ਰਹਿੰਦਾ। ਹਿੰਦ ਤੇ ਪਾਕਿਸਤਾਨ ਵਿਚਾਲੇ ਹੁਣੇ ਹੋਈ ਜੰਗ ਦੌਰਾਨ ਅਸੀਂ ਇਸ ਦਾ ਨਜ਼ਾਰਾ ਦੇਖ ਚੁੱਕੇ ਹਾਂ। ਇਹ ਪਹਿਲੀ ਵਾਰ ਸੀ, ਜਦੋਂ ਭਾਰਤ ਦੇ ਹੱਕ 'ਚ ਇੱਕ ਵੀ ਦੇਸ਼ ਨਹੀਂ ਖੜ੍ਹਿਆ। ਭਾਰਤੀ ਹਾਕਮਾਂ ਨੂੰ ਸਮੇਂ ਦੀ ਨਬਜ਼ ਪਛਾਣਨੀ ਚਾਹੀਦੀ ਹੈ। ਅੱਜ ਮੌਕਾ ਹੈ ਬ੍ਰਿਕਸ ਦੇਸ਼ਾਂ ਦਾ ਮੋਹਰੀ ਬਣਨ ਦਾ, ਜੇ ਇੱਥੋਂ ਪਛੜ ਗਏ ਤਾਂ ਨਾ ਘਰ ਦੇ ਰਹਾਂਗੇ ਨਾ ਘਾਟ ਦੇ। ਅਗਲਾ ਬ੍ਰਿਕਸ ਸੰਮੇਲਨ 2026 ਵਿੱਚ ਭਾਰਤ ਅੰਦਰ ਹੋਣਾ ਹੈ। ਆਸ ਕਰਨੀ ਚਾਹੀਦੀ ਹੈ ਕਿ ਅਸੀਂ ਬ੍ਰਿਕਸ ਸੰਗ ਮਜ਼ਬੂਤੀ ਨਾਲ ਖੜ੍ਹੀਏ।

-ਚੰਦ ਫਤਹਿਪੁਰੀ

# ਵਿਕਾਸ ਦੇ ਨਾਂਅ 'ਤੇ ਹੋ ਰਿਹਾ ਖੇਤੀ ਅਤੇ ਕਿਸਾਨੀ ਦਾ ਘਾਣ

ਡਾ. ਮਨਪ੍ਰੀਤ ਕੌਰ

ਪੰਜਾਬ ਖੇਤੀ ਪ੍ਰਧਾਨ ਸੂਬਾ ਹੈ, ਜਿਸ ਦੀ 25 ਫੀਸਦੀ ਅਬਾਦੀ ਸਿੱਧੇ ਅਤੇ ਅਸਿੱਧੇ ਤੌਰ 'ਤੇ ਖੇਤੀ ਅਤੇ ਸਹਾਇਕ ਧੰਦਿਆਂ 'ਤੇ ਨਿਰਭਰ ਕਰਦੀ ਹੈ। ਭਾਰਤ ਵਰਗੇ ਵੱਧ ਅਬਾਦੀ ਵਾਲੇ ਦੇਸ਼ ਨੂੰ ਪੰਜਾਬ ਨੇ ਅਜ਼ਾਦੀ ਤੋਂ ਬਾਅਦ ਨਾ ਕੇਵਲ ਖੁਰਾਕੀ ਸੰਕਟ ਤੋਂ ਬਾਹਰ ਕੱਢ ਕੇ ਘਰੇਲੂ ਜ਼ਰੂਰਤਾਂ ਦੀ ਪੂਰਤੀ ਕੀਤੀ, ਸਗੋਂ ਹਰੀ ਕ੍ਰਾਂਤੀ ਤੋਂ ਬਾਅਦ ਮੁਲਕ ਨੂੰ ਅੰਨ ਦਰਾਮਦ ਕਰਨ ਵਾਲੇ ਦੇਸ਼ ਤੋਂ ਅੰਨ ਬਰਾਮਦ ਕਰਨ ਵਾਲਾ ਦੇਸ਼ ਬਣਾ ਕੇ ਭਾਰਤ ਦੀ ਆਰਥਿਕ ਪ੍ਰਗਤੀ ਅਤੇ ਖੁਸ਼ਹਾਲੀ ਵਿੱਚ ਇੱਕ ਬਹੁਤ ਵੱਡਾ ਯੋਗਦਾਨ ਪਾਇਆ ਹੈ, ਪਰ ਅੱਜਕੱਲ੍ਹ ਪੰਜਾਬ ਵਿੱਚ ਸ਼ਹਿਰੀ ਵਿਕਾਸ ਦੇ ਨਾਂਅ 'ਤੇ ਇਸ ਖੇਤੀ ਪੱਖੀ ਅਮੀਰ ਜ਼ਮੀਨ ਉਪਰ ਕਲੋਨੀਆਂ ਵਿਕਸਤ ਕਰਨ ਦੇ ਫੈਸਲੇ ਨੇ ਕਿਸਾਨੀ ਅਤੇ ਖੇਤੀ ਜਗਤ ਵਿੱਚ ਰੋਸ ਪੈਦਾ ਕਰ ਦਿੱਤਾ ਹੈ। ਪੰਜਾਬ ਵਿੱਚ ਲੈਂਡ ਪੂਲਿੰਗ ਸਕੀਮ ਦੇ ਅਨੁਸਾਰ ਸ਼ਹਿਰਾਂ ਦੇ ਨਾਲ ਲੱਗਦੇ ਪਿੰਡਾਂ ਵਿੱਚ ਖੇਤੀਬਾੜੀ ਅਧੀਨ ਜ਼ਮੀਨਾਂ ਉੱਪਰ ਪੰਜਾਬ ਸ਼ਹਿਰੀ ਵਿਕਾਸ ਅਥਾਰਟੀ (ਪੁੱਡਾ) ਵੱਲੋਂ ਸ਼ਹਿਰੀ ਕਲੋਨੀਆਂ ਵਿਕਸਤ ਕਰਨ ਲਈ ਜ਼ਮੀਨਾਂ ਦੀ ਮੰਗ ਕੀਤੀ ਗਈ ਹੈ। ਇਸ ਫੈਸਲੇ ਦੇ ਅਧੀਨ ਜੇਕਰ ਕਿਸਾਨ ਆਪਣੀ ਇੱਕ ਏਕੜ ਜ਼ਮੀਨ ਇਸ ਮੰਤਵ ਲਈ ਲਗਾਉਂਦਾ ਹੈ ਤਾਂ ਇਸ ਇੱਕ ਏਕੜ ਦੇ ਬਦਲੇ ਉਸ ਨੂੰ ਮੁਆਵਜ਼ੇ ਦੇ ਨਾਲ 1000 ਵਰਗ ਗਜ਼ ਦਾ ਰਿਹਾਇਸ਼ੀ ਪਲਾਟ ਅਤੇ 200 ਵਰਗ ਗਜ ਦਾ ਵਪਾਰਕ ਪਲਾਟ ਦਿੱਤਾ ਜਾਵੇਗਾ। ਇਸ ਸਕੀਮ ਦੇ ਤਹਿਤ ਇਕੱਲੇ ਲੁਧਿਆਣਾ ਖੇਤਰ ਵਿੱਚ ਹੀ 24311 ਏਕੜ ਜ਼ਮੀਨ ਇਸ ਕੰਮ ਲਈ ਵਿਕਸਤ ਕਰਨ ਦਾ ਫੈਸਲਾ ਹੈ, ਜੋ ਕਿ ਗਰੇਟਰ ਲੁਧਿਆਣਾ ਏਰੀਆ ਡਿਵੈੱਲਪਮੈਂਟ ਅਥਾਰਟੀ (ਗਲਾਡਾ) ਨੂੰ ਦਿੱਤਾ ਗਿਆ ਹੈ। ਇਸ ਤਰ੍ਹਾਂ ਪੰਜਾਬ ਦੇ ਬਾਕੀ 19 ਸ਼ਹਿਰਾਂ ਵਿੱਚ ਵੀ ਇਸ ਸਕੀਮ ਅਧੀਨ ਤਕਰੀਬਨ 37000 ਏਕੜ ਖੇਤੀਯੋਗ ਜ਼ਮੀਨਾਂ ਵਿਕਸਤ ਕਰਨ ਦਾ ਫੈਸਲਾ ਕੀਤਾ ਗਿਆ ਹੈ। ਹੁਣ ਇਸ ਸਕੀਮ ਦੇ ਸ਼ਹਿਰੀ ਅਤੇ ਖੇਤੀ (ਪੇਂਡੂ) ਖੇਤਰ ਉੱਪਰ ਪੈਣ ਵਾਲੇ ਪ੍ਰਭਾਵਾਂ ਦੇ ਚਰਚਾ ਕਰਾਂਗੇ।

ਸ਼ਹਿਰੀ ਖੇਤਰ ਉੱਪਰ ਪ੍ਰਭਾਵ : ਜੇਕਰ ਸ਼ਹਿਰੀ ਖੇਤਰ ਉੱਪਰ ਪੈਣ ਵਾਲੇ ਪ੍ਰਭਾਵ ਦੀ ਗੱਲ ਕਰੀਏ ਤਾਂ ਪੰਜਾਬ ਵਿੱਚ ਨੀਤੀ ਆਯੋਗ ਦੇ ਅੰਕੜਿਆਂ ਅਨੁਸਾਰ 2023 ਵਿੱਚ ਪੰਜਾਬ ਦੀ 42 ਫੀਸਦੀ ਵੱਸੋਂ ਪਹਿਲਾਂ ਹੀ ਸ਼ਹਿਰੀ ਖੇਤਰ ਵਿੱਚ ਰਹਿ ਰਹੀ ਹੈ, ਜੋ ਕਿ ਰਾਸ਼ਟਰੀ ਅੰਕੜਿਆਂ (31 ਫੀਸਦੀ) ਤੋਂ ਕਿਤੇ ਜ਼ਿਆਦਾ ਹੈ। ਸ਼ਹਿਰੀ ਖੇਤਰ ਵਿੱਚ ਇਸ ਤੋਂ ਵੱਧ ਵੱਸੋ ਦੀ ਅਬਾਦੀ ਦੇ ਲਈ ਕਲੋਨੀਆਂ ਵਿਕਸਤ ਕਰਨਾ ਕਿਤੇ ਨਾ ਕਿਤੇ ਬਾਹਰੀ ਵਸੋਂ ਨੂੰ ਸੱਦਾ ਹੋ ਸਕਦਾ ਹੈ। ਜੇਕਰ ਲੁਧਿਆਣਾ ਸ਼ਹਿਰ ਦੀ ਗੱਲ ਕੀਤੀ ਜਾਵੇ ਤਾਂ ਲੁਧਿਆਣਾ ਸ਼ਹਿਰ ਦੀ ਅਬਾਦੀ 19.5 ਲੱਖ ਹੈ ਅਤੇ ਇਸ ਦੀ ਵਸੋਂ ਘਣਤਾ 978 ਵਰਗ ਕਿੱਲੋਮੀਟਰ ਹੈ, ਜੋ ਕਿ ਪਹਿਲਾਂ ਹੀ ਬਹੁਤ ਜ਼ਿਆਦਾ ਹੈ। ਇਸ ਤਰ੍ਹਾਂ ਪੰਜਾਬ ਵਿੱਚ ਸ਼ਹਿਰੀਕਰਨ ਹੋਰ ਜ਼ਿਆਦਾ ਕਰਨ ਨਾਲ ਵਾਤਾਵਰਣ ਉੱਪਰ ਵੀ ਮਾਰੂ ਪ੍ਰਭਾਵ ਪੈ ਸਕਦੇ ਹਨ। ਇਸ ਤਰ੍ਹਾਂ ਹੱਦੋਂ ਵੱਧ ਸ਼ਹਿਰੀਕਰਨ ਪ੍ਰਦੂਸ਼ਣ ਅਤੇ ਬਿਮਾਰੀਆਂ ਨੂੰ ਸੱਦਾ ਦੇਣਾ ਹੈ, ਜਦੋਂ ਤੱਕ ਪ੍ਰਦੂਸ਼ਣ ਦੀ ਰੋਕਥਾਮ ਲਈ ਕਦਮ ਨਾ ਚੁੱਕੇ ਜਾਣ ਅਤੇ ਉਦਯੋਗਿਕ ਖੇਤਰਾ ਦੇ ਵਾਧੂ ਪਾਣੀ ਦੇ ਟਰੀਟਮੈਂਟ ਲਈ ਸੁਚੱਜੇ ਪ੍ਰਬੰਧ ਨਾ ਕੀਤੇ ਜਾਣ। ਇਸ ਤੋਂ ਇਲਾਵਾ ਇਸ ਸਕੀਮ ਦੇ ਤਹਿਤ ਇਹ ਦਾਅਵਾ ਕੀਤਾ ਗਿਆ ਹੈ ਕਿ ਇਹ ਸਕੀਮ ਪੰਜਾਬ ਵਿੱਚ ਗੈਰ-ਰਜਿਸ਼ਟਰਡ ਕਲੋਨੀਆਂ 'ਤੇ ਰੋਕ ਲਗਾਉਣ ਲਈ ਹੈ। ਜੇਕਰ ਦੇਖਿਆ ਜਾਵੇ ਤਾਂ ਇਸ ਸਕੀਮ ਦੇ ਤਹਿਤ ਵਿਕਸਤ ਹੋਣ ਵਾਲੀਆਂ ਕਲੋਨੀਆਂ ਪੁੱਡਾ ਵੱਲੋਂ ਪ੍ਰਮਾਣਿਤ ਕੀਤੀਆਂ ਜਾਣਗੀਆਂ, ਜੋ ਕਿ ਗੈਰ-ਰਜਿਸਟਰਡ ਕਲੋਨੀਆਂ ਤੋਂ ਕਿਤੇ ਮਹਿੰਗੀਆਂ ਹੁੰਦੀਆ ਹਨ।

ਕਿਰਸਾਨੀ ਅਤੇ ਖੇਤੀਬਾੜੀ ਖੇਤਰ ਉੱਪਰ ਪ੍ਰਭਾਵ: ਜੇਕਰ ਪੇਂਡੂ ਖੇਤਰ, ਕਿਰਸਾਨੀ ਅਤੇ ਖੇਤੀਬਾੜੀ ਖੇਤਰ 'ਤੇ ਪੈਣ ਵਾਲੇ ਪ੍ਰਭਾਵਾਂ ਦੀ ਗੱਲ ਕਰੀਏ ਤਾਂ ਇਸ ਸਕੀਮ ਦੇ ਖੇਤੀ ਖੇਤਰ ਉੱਪਰ ਬਹੁਤ ਹੀ ਮਾਰੂ ਸਿੱਟੇ ਪੈ ਸਕਦੇ ਹਨ। ਸਭ ਤੋਂ ਪਹਿਲਾਂ ਇਸ ਸਕੀਮ ਦੇ ਤਹਿਤ ਕਿਸਾਨ ਨੂੰ ਇੱਕ ਏਕੜ ਜ਼ਮੀਨ ਦੇ ਪਿੱਛੇ 1000 ਵਰਗ ਗਜ਼ (500 ਵਰਗ ਗਜ਼ ਦੇ 2 ਪਲਾਟ) ਰਿਹਾਇਸ਼ੀ ਅਤੇ 200 ਵਰਗ ਗਜ ਦਾ ਵਪਾਰਕ ਪਲਾਟ ਦਿੱਤਾ ਜਾਵੇਗਾ। ਇਸ ਦਾ ਅਰਥ ਇਹ ਹੋਇਆ ਕਿ ਕਿਸਾਨ ਨੂੰ ਉਸ ਦੀ 1 ਏਕੜ ਜ਼ਮੀਨ ਦੇ ਬਦਲੇ 25 ਫੀਸਦੀ ਤੋਂ ਵੀ ਘੱਟ ਰਕਬੇ ਦਾ ਪਲਾਟ ਦਿੱਤਾ ਜਾਵੇਗਾ।

ਇਸ ਤਰ੍ਹਾਂ ਕਿਸਾਨ ਨੂੰ 1 ਏਕੜ ਜ਼ਮੀਨ ਦੇ ਬਦਲੇ 2 ਕਨਾਲ (40 ਮਰਲੇ) ਤੋਂ ਵੀ ਘੱਟ ਰਕਬਾ ਮਿਲੇਗਾ, ਜਦਕਿ ਪੰਜਾਬ ਵਿੱਚ ਲੁਧਿਆਣਾ ਖੇਤਰ ਦੇ ਨਾਲ ਲੱਗਦੇ ਪਿੰਡਾਂ ਵਿੱਚ ਜ਼ਮੀਨਾਂ ਦੇ ਰੇਟ ਹੀ 4-5 ਕਰੋੜ ਅਤੇ ਇਸ ਤੋਂ ਵੀ ਵੱਧ ਹਨ। ਦੂਸਰੇ ਪਾਸੇ ਕਿਸਾਨ ਆਪਣੀ ਉਪਜਾਊ ਜ਼ਮੀਨ ਉਪਰ ਹਾੜ੍ਹੀ-ਸਾਉਣੀ ਦੀ ਫਸਲ ਦੇ ਨਾਲ ਕਈ ਸਬਜ਼ੀਆਂ ਦੀ ਵੀ ਕਾਸ਼ਤ ਕਰਕੇ 3-4 ਫਸਲਾਂ ਉਗਾਕੇ ਚੰਗੀ ਆਮਦਨ ਵੀ ਪ੍ਰਾਪਤ ਕਰ ਲੈਂਦਾ ਹੈ, ਪਰ ਦੂਸਰੇ ਪਾਸੇ ਕਿਸਾਨ ਕੋਲ ਇਹਨਾਂ ਪਲਾਟਾਂ ਤੋਂ ਕਿਹੜੀ ਆਮਦਨ ਹੋਵੇਗੀ, ਕਿਉਂਕਿ ਪੰਜਾਬ ਦੇ ਕਿਸਾਨ ਜ਼ਿਆਦਾਤਰ ਖੇਤੀਬਾੜੀ ਤੋਂ ਬਿਨਾਂ ਵਪਾਰਕ ਖੇਤਰ ਵਿੱਚ ਕਾਰੋਬਾਰ ਸ਼ੁਰੂ ਕਰਨ ਦੀ ਸੂਝਬੂਝ ਤੋਂ ਅਣਜਾਣ ਹੁੰਦੇ ਹਨ। ਬਹੁਤੀ ਵਾਰ ਇਹ ਦੇਖਣ ਨੂੰ ਮਿਲਿਆ ਹੈ ਕਿ ਜੇਕਰ ਕਿਸਾਨ ਜ਼ਮੀਨ ਵੇਚ ਬੈਠਦਾ ਹੈ ਜਾਂ ਉਸ ਦੀ ਜ਼ਮੀਨ ਐਕੁਆਇਰ ਹੋ ਜਾਂਦੀ ਹੈ ਤਾਂ ਉਹ ਜਾਂ ਤਾਂ ਦੁਬਾਰਾ ਜ਼ਮੀਨ ਹੀ ਖਰੀਦਦਾ ਹੈ, ਨਹੀਂ ਤਾਂ ਉਸ ਦਾ ਪੈਸਾ ਵਿਅਰਥ ਹੀ ਮਹਿੰਗੀਆਂ ਕਾਰਾਂ, ਕੋਠੀਆਂ ਅਤੇ ਕੀਮਤੀ ਚੀਜ਼ਾਂ ਉਪਰ ਲੱਗਣ ਕਰਕੇ ਆਮਦਨ ਦੇ ਸਾਧਨ ਤੋਂ ਹੱਥ ਧੋ ਬੈਠਦਾ ਹੈ। ਇਸ ਤਰ੍ਹਾਂ ਇਸ ਸਕੀਮ ਦੇ ਤਹਿਤ ਕਿਸਾਨਾਂ ਦੀ ਰੋਜ਼ੀ-ਰੋਟੀ, ਆਮਦਨ ਅਤੇ ਰੁਜ਼ਗਾਰ ਉਪਰ ਮਾਰੂ ਪ੍ਰਭਾਵ ਪੈ ਸਕਦਾ ਹੈ। ਪੰਜਾਬ ਵਿੱਚ ਜ਼ਮੀਨ ਕਿਸਾਨ ਦੀ ਸਭ ਤੋਂ ਵੱਡੀ ਸੰਪਤੀ ਹੁੰਦੀ ਹੈ, ਜੋ ਕਿ ਜ਼ਿਆਦਾਤਰ ਉਸ ਨੂੰ ਪੀੜ੍ਹੀ ਦਰ ਪੀੜ੍ਹੀ ਵਿਰਾਸਤ ਵਿੱਚੋਂ ਮਿਲੀ ਹੁੰਦੀ ਹੈ। ਇਸ ਤਰ੍ਹਾਂ ਇਸ ਫੈਸਲੇ ਨਾਲ ਕਿਸਾਨਾਂ ਨੂੰ ਆਪਣੀ ਪੀੜ੍ਹੀਆਂ ਤੋਂ ਚਲੀ ਆ ਰਹੀ ਜਾਇਦਾਦ ਤੋਂ ਹੱਥ ਧੋਣੇ ਪੈ ਸਕਦੇ ਹਨ ਅਤੇ ਇਹ ਫੈਸਲਾ ਕਿਸਾਨਾਂ ਅਤੇ ਮਜ਼ਦੂਰਾਂ ਨੂੰ ਗਰੀਬੀ ਅਤੇ ਬੇਰੁਜਗਾਰੀ ਵੱਲ ਧੱਕ ਦੇਵੇਗਾ।

ਕਾਨੂੰਨੀ ਪੱਖ: ਜੇਕਰ ਕਾਨੂੰਨੀ ਪੱਖ ਤੋਂ ਦੇਖਿਆ ਜਾਵੇ ਤਾਂ ਇਸ ਸਕੀਮ ਦੇ ਨਿਯਮ ਭੂਮੀ ਗ੍ਰਹਿਣ, ਪੁਨਰਵਾਸ ਵਿੱਚ ਯੋਗ ਮੁਆਵਜ਼ਾ ਅਤੇ ਪਾਰਦਰਸ਼ਤਾ ਦਾ ਅਧਿਕਾਰ ਐਕਟ 2013 ਦੀ ਕਸਵਟੀ 'ਤੇ ਵੀ ਖਰੇ ਨਹੀਂ ਉਤਰਦੇ। ਇਸ ਐਕਟ ਦੀ ਧਾਰਾ 10 ਵਿੱਚ ਖਾਦ ਸੁਰੱਖਿਆ ਦੇ ਮੱਦੇਨਜਰ ਇਹ ਕਿਹਾ ਗਿਆ ਹੈ ਕਿ ਬਹੁ-ਫਸਲੀ ਅਤੇ ਸਿੰਚਾਈ ਵਾਲੀ ਜ਼ਮੀਨ ਨੂੰ ਰੇਲਵੇ, ਹਾਈਵੇ, ਵੱਡੀਆਂ ਜਿਲ੍ਹਾ ਸੜਕਾਂ, ਸਿੰਚਾਈ ਲਈ ਨਹਿਰਾਂ, ਪਾਵਰ ਲਾਈਨਾਂ ਵਰਗੇ ਪ੍ਰੋਜੈਕਟਾਂ ਬਿਨਾਂ ਕਿਸੇ ਹੋਰ ਕੰਮ ਲਈ ਗ੍ਰਹਿਣ ਨਹੀ ਕੀਤਾ ਜਾਵੇਗਾ। ਜੇਕਰ ਫਿਰ ਵੀ ਖੇਤੀ ਅਧੀਨ ਬਹੁ-ਫਸਲੀ ਅਤੇ ਸਿੰਚਾਈ ਵਾਲੀ ਉਪਜਾਊ ਜ਼ਮੀਨ ਨੂੰ ਗ੍ਰਹਿਣ ਕੀਤਾ ਵੀ ਜਾਂਦਾ ਹੈ ਤਾਂ ਇਹ ਜ਼ਿਲ੍ਹੇ ਦੇ ਨਿਰੋਲ ਬੀਜੇ ਹੋਏ ਰਕਬੇ ਦੀ ਇੱਕ ਸਥਿਰ ਮਿਆਦ ਤੋਂ ਵੱਧ ਨਹੀ ਕੀਤਾ ਜਾ ਸਕਦਾ ਅਤੇ ਸਰਕਾਰ ਦੁਆਰਾ ਇਸ ਦੇ ਬਦਲੇ ਖੇਤੀਯੋਗ ਖਾਲੀ ਪਈ ਜ਼ਮੀਨ ਨੂੰ ਖੇਤੀ ਅਧੀਨ ਵਿਕਸਤ ਕੀਤਾ ਜਾਵੇਗਾ, ਤਾਂ ਜੋ ਦੇਸ਼ ਵਿੱਚ ਖੁਰਾਕੀ ਸੰਕਟ ਪੈਦਾ ਨਾ ਹੋਵੇ। ਲੁਧਿਆਣਾ ਪੰਜਾਬ ਦੇ ਕੇਂਦਰੀ ਖਿੱਤੇ ਵਿੱਚ ਸਥਿਤ ਹੋਣ ਕਾਰਨ ਬਹੁਤ ਹੀ ਉਪਜਾਊ ਇਲਾਕਾ ਹੈ ਅਤੇ ਪੰਜਾਬ ਦੇ ਅੰਨ ਭੰਡਾਰ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ। ਇਕੱਲਾ ਲੁਧਿਆਣਾ ਜ਼ਿਲ੍ਹਾ ਰਾਜ ਦੇ ਕੁੱਲ ਕਣਕ ਦੇ ਉਤਪਾਦਨ ਵਿੱਚ 7 ਫੀਸਦੀ, ਚੌਲਾਂ ਵਿੱਚ 9 ਫੀਸਦੀ ਉਤਪਾਦਨ, ਆਲੂ ਵਿੱਚ 16 ਫੀਸਦੀ (ਰਕਬਾ ਅਤੇ ਪੈਦਾਵਾਰ) ਅਤੇ ਸਬਜੀਆਂ 17 ਫੀਸਦੀ (ਰਕਬਾ ਅਤੇ ਪੈਦਾਵਾਰ) ਯੋਗਦਾਨ ਪਾਉਂਦਾ ਹੈ। ਇਸ ਸਕੀਮ ਦੇ ਤਹਿਤ ਖਾਧ ਸੁਰੱਖਿਆ ਦੇ ਮਸਲੇ ਨੂੰ ਬਿਲਕੁਲ ਵੀ ਵਿਚਾਰਿਆ ਨਹੀਂ ਲੱਗਦਾ। ਇਸ ਐਕਟ ਦੀ ਧਾਰਾ 2 ਅਨੁਸਾਰ ਭੂਮੀ ਗ੍ਰਹਿਣ ਕਰਨ ਸਮੇਂ ਪੂਰੀ ਪਾਰਦਰਸ਼ਤਾ ਵਰਤੀ ਜਾਵੇਗੀ, ਜਿਸ ਦੇ ਤਹਿਤ ਨਿੱਜੀ ਕੰਪਨੀਆਂ ਵੱਲੋਂ ਭੂਮੀ ਗ੍ਰਹਿਣ ਕਰਨ ਸਮੇਂ ਘੱਟੋਂ-ਘੱਟ 80 ਫੀਸਦੀ ਪ੍ਰਭਾਵਤ ਪਰਵਾਰਾਂ ਦੀ ਸਹਿਮਤੀ ਲਈ ਜਾਵੇਗੀ ਅਤੇ ਸਰਕਾਰੀ ਨਿੱਜੀ ਭਾਈਵਾਲੀ ਖੇਤਰ ਵਾਲੇ ਪ੍ਰੋਜੈਕਟਾਂ ਲਈ ਘੱਟੋ ਘੱਟ 70 ਫੀਸਦੀ ਪ੍ਰਭਾਵਤ ਪਰਵਾਰਾਂ ਦੀ ਸਹਿਮਤੀ ਲਈ ਜਾਵੇਗੀ। ਇਸ ਤੋਂ ਇਲਾਵਾ ਭੂਮੀ ਗ੍ਰਹਿਣ ਕਰਨ ਨਾਲ ਉਥੋਂ ਦੇ ਪ੍ਰਭਾਵਤ ਪਰਵਾਰਾਂ ਉਪਰੋਂ ਕੀ-ਕੀ ਅਤੇ ਕਿੰਨਾ ਕੁ ਪ੍ਰਭਾਵ ਪਵੇਗਾ, ਉਸ ਦਾ ਅੰਦਾਜ਼ਾ ਲਗਾਉਣ ਲਈ ਧਾਰਾ 4 ਦੇ ਤਹਿਤ ਸਮਾਜਿਕ ਪ੍ਰਭਾਵ ਵਿਸ਼ਲੇਸ਼ਣ ਅਧਿਐਨ ਕਰਵਾਇਆ ਜਾਵੇਗਾ। ਇਹ ਅਧਿਐਨ ਉੱਥੋਂ ਦੇ ਪੰਚਾਇਤ, ਨਗਰ ਨਿਗਮ ਅਤੇ ਨਗਰ ਪਾਲਿਕਾ ਨਾਲ ਤਾਲਮੇਲ ਕਾਇਮ ਕਰ ਕੇ ਇੱਕ ਮਾਹਰਾਂ ਦੀ ਟੀਮ (ਧਾਰਾ-7) ਦੁਆਰਾ ਕੀਤਾ ਜਾਵੇਗਾ, ਜਿਸ ਦੀ ਰਿਪੋਰਟ/ਖਰੜਾ ਤਿਆਰ ਕਰਦੇ ਸਮੇਂ ਜਨਤਾ ਦੇ ਬਿਆਨ (ਧਾਰਾ-5) ਵੀ ਸੁਣੇ ਜਾਣਗੇ। ਇਸ ਅਧਿਐਨ ਅਤੇ ਪ੍ਰਬੰਧ ਯੋਜਨਾ ਦੀ ਰਿਪੋਰਟ ਸਥਾਨਕ ਭਾਸ਼ਾ ਵਿੱਚ ਪ੍ਰਭਾਵਤ ਖੇਤਰ ਦੇ ਲੋਕਲ ਪੱਧਰ 'ਤੇ ਸਰਕਾਰ (ਪੰਚਾਇਤ / ਨਗਰਪਾਲਿਕਾ/ ਨਗਰ ਨਿਗਮ), ਡੀ ਸੀ, ਐਸ.ਡੀ.ਐਮ. ਨੂੰ ਮੁਹੱਈਆ ਕੀਤੀ ਜਾਵੇਗੀ, ਅਤੇ ਬਾਅਦ ਵਿੱਚ ਵੈੱਬਸਾਇਟ 'ਤੇ ਅਪਲੋਡ ਕੀਤੀ ਜਾਵੇਗੀ। ਇਸ ਦੇ ਨਾਲ ਹੀ ਵਾਤਾਵਰਨ ਉੱਪਰ ਪੈਣ ਵਾਲੇ ਪ੍ਰਭਾਵਾਂ ਧਾਰਾ-6 ਦਾ ਵੀ ਅਧਿਐਨ ਕੀਤਾ ਜਾਵੇਗਾ। ਧਾਰਾ 31 ਅਤੇ 32 ਦੇ ਅਨੁਸਾਰ ਜਿਲ੍ਹਾ ਕੁਲੈਕਟਰ ਪ੍ਰਭਾਵਤ ਪਰਵਾਰਾਂ ਦੇ ਮੁੜ ਵਸੇਬੇ ਅਤੇ ਪੁਨਰਵਾਸ ਦੇ ਪ੍ਰਬੰਧ ਲਈ ਮੁਆਵਜ਼ਾ, ਬੁਨਿਆਦੀ ਢਾਂਚਾ, ਲੋੜੀਂਦੀ ਜਗ੍ਹਾ ਅਤੇ ਹੋਰ ਸਹੂਲਤਾਂ ਮੁਹੱਈਆ ਕਰਵਾਏਗਾ। ਇਸ ਤਰ੍ਹਾਂ ਇਸ ਸਕੀਮ ਵਿੱਚ ਨਾ ਤਾਂ ਪ੍ਰਭਾਵਤ ਲੋਕਾਂ ਦੀ ਸਹਿਮਤੀ ਲਈ ਜਾਣ ਦੀ ਵਿਵਸਥਾ ਹੈ ਅਤੇ ਨਾਂ ਹੀ ਸਿੱਧੇ ਅਤੇ ਅਸਿੱਧੇ ਤੌਰ 'ਤੇ ਪ੍ਰਭਾਵਤ ਲੋਕਾਂ ਦੀ ਸਮਾਜਿਕ ਪ੍ਰਭਾਵ ਵਿਸ਼ਲੇਸ਼ਣ ਅਧਿਐਨ ਕਰਵਾਉਣ ਦੀ ਗੱਲ ਕੀਤੀ ਗਈ ਹੈ। ਇਸ ਤੋਂ ਇਲਾਵਾ ਪ੍ਰਭਾਵਤ ਲੋਕਾਂ ਦੇ ਪੁਨਰਵਾਸ ਅਤੇ ਮੁੜ ਵਸੇਬੇ ਸੰਬੰਧੀ ਕੋਈ ਵੀ ਪੁਖਤਾ ਪ੍ਰਬੰਧ ਅਤੇ ਮੁਆਵਜੇ ਬਾਰੇ ਨਹੀਂ ਦੱਸਿਆ ਗਿਆ।

ਅੰਤ ਵਿੱਚ ਇਸ ਸਕੀਮ ਦੇ ਫੈਸਲੇ ਨੂੰ ਮੁੜ ਤੋਂ ਵਿਚਾਰਨ ਦੀ ਲੋੜ ਹੈ, ਕਿਉਕਿ ਪੰਜਾਬ ਵਿੱਚ ਸ਼ਹਿਰੀਕਰਨ ਤਾਂ ਪਹਿਲਾਂ ਹੀ ਬਹੁਤ ਜ਼ਿਆਦਾ ਹੈ। ਦੂਸਰੇ ਪਾਸੇ ਭੂਮੀ ਗ੍ਰਹਿਣ ਕਰਨ ਨਾਲ ਜਿੱਥੇ ਕਿਸਾਨਾਂ ਦੀ ਸੰਪਤੀ, ਆਮਦਨ, ਰੁਜ਼ਗਾਰ ਅਤੇ ਉਪਜੀਵਕਾ ਖੁੱਸਣ ਦਾ ਡਰ ਹੈ, ਉੱਥੇ ਸੂਬੇ ਅਤੇ ਦੇਸ਼ ਪੱਧਰ 'ਤੇ ਵਾਤਾਵਰਣ ਮਾਰੂ, ਖੁਰਾਕੀ ਸੰਕਟ, ਗਰੀਬੀ ਅਤੇ ਬੇਰੁਜਗਾਰੀ ਵਰਗੀਆਂ ਆਰਥਿਕ ਸਮੱਸਿਆਵਾਂ ਪੈਦਾ ਹੋਣ ਦਾ ਵੀ ਡਰ ਹੈ।

# ਸੰਪਰਕ : 97791-41063

# ਇੰਟਰਨੈੱਟ ਦੀ ਤਾਕਤ...!

ਸੰਦੀਪ ਕੁਮਾਰ

ਅੱਜ ਦੇ ਤਕਨੀਕੀ ਯੁੱਗ 'ਚ ਇੰਟਰਨੈੱਟ ਦੀ ਸਹੂਲਤ ਬੇਮਿਸਾਲ ਹੈ । ਇਸ ਨੇ ਮਨੁੱਖੀ ਜੀਵਨ ਨੂੰ ਇਸ ਤਰ੍ਹਾਂ ਬਦਲ ਦਿੱਤਾ ਹੈ ਕਿ ਅੱਜ ਦੁਨੀਆ ਦਾ ਕੋਈ ਵੀ ਕੋਨਾ ਇਸ ਦੀ ਪਹੁੰਚ ਤੋਂ ਬਾਹਰ ਨਹੀਂ ਹੈ । ਇੰਟਰਨੈੱਟ ਦੀ ਸ਼ੁਰੂਆਤ ਤੋਂ ਲੈ ਕੇ ਹੁਣ ਤੱਕ ਜਿਨ੍ਹਾਂ ਲੋਕਾਂ ਨੇ ਇਸ ਦਾ ਸਹੀ ਉਪਯੋਗ ਕੀਤਾ, ਉਹ ਅੱਜ ਤਰੱਕੀ ਦੇ ਸਿਖਰ 'ਤੇ ਪਹੁੰਚ ਚੁੱਕੇ ਹਨ। ਦੂਜੇ ਪਾਸੇ, ਜਿਨ੍ਹਾਂ ਨੇ ਇਸ ਨੂੰ ਮਨੋਰੰਜਨ ਦੇ ਚੱਕਰ ਵਿੱਚ ਸਮੇਂ ਦੀ ਬਰਬਾਦੀ ਦਾ ਸਾਧਨ ਬਣਾਇਆ, ਉਹ ਸਮਾਜ ਵਿੱਚ ਪੱਛੜ ਗਏ। ਇੰਟਰਨੈੱਟ ਇੱਕ ਅਜਿਹੀ ਤਾਕਤ ਹੈ, ਜਿਸ ਨੇ ਨਾ ਸਿਰਫ਼ ਵਿਅਕਤੀਗਤ ਜੀਵਨ ਨੂੰ ਸੌਖਾ ਕੀਤਾ, ਸਗੋਂ ਵਪਾਰ, ਸਿੱਖਿਆ, ਸੰਚਾਰ ਅਤੇ ਮਨੋਰੰਜਨ ਦੇ ਖੇਤਰ ਵਿੱਚ ਵੀ ਕ੍ਰਾਂਤੀ ਲਿਆਂਦੀ । ਇਸ ਲੇਖ ਵਿੱਚ ਅਸੀਂ ਕੁਝ ਉਦਾਹਰਨਾਂ ਦੇ ਨਾਲ ਸਮਝਾਂਗੇ ਕਿ ਕਿਵੇਂ ਇੰਟਰਨੈੱਟ ਦੀ ਤਾਕਤ ਨੂੰ ਸਹੀ ਤਰੀਕੇ ਨਾਲ ਇਸਤੇਮਾਲ ਕਰਕੇ ਤਰੱਕੀ ਦੇ ਸਿਖਰ 'ਤੇ ਪਹੁੰਚਿਆ ਜਾ ਸਕਦਾ ਹੈ।

ਇੰਟਰਨੈੱਟ ਦੀ ਸ਼ੁਰੂਆਤ 1960 ਦੇ ਦਹਾਕੇ ਵਿੱਚ ਇੱਕ ਛੋਟੇ ਜਿਹੇ ਨੈੱਟਵਰਕ ਦੇ ਰੂਪ ਵਿੱਚ ਹੋਈ, ਜਿਸ ਦਾ ਮਕਸਦ ਸਰਕਾਰੀ ਅਤੇ ਸੈਨਿਕ ਉਦੇਸ਼ਾਂ ਲਈ ਜਾਣਕਾਰੀ ਦਾ ਆਦਾਨ-ਪ੍ਰਦਾਨ ਕਰਨਾ ਸੀ। ਸਮੇਂ ਦੇ ਨਾਲ ਇਹ ਨੈੱਟਵਰਕ ਵਿਸ਼ਵ ਪੱਧਰ 'ਤੇ ਫੈਲ ਗਿਆ ਅਤੇ ਅੱਜ ਇੰਟਰਨੈੱਟ ਦੁਨੀਆ ਦਾ ਸਭ ਤੋਂ ਵੱਡਾ ਸੰਚਾਰ ਮਾਧਿਅਮ ਬਣ ਗਿਆ। ਇਸ ਦੀ ਤਾਕਤ ਦਾ ਅੰਦਾਜ਼ਾ ਇਸ ਗੱਲ ਤੋਂ ਲਗਾਇਆ ਜਾ ਸਕਦਾ ਹੈ ਕਿ ਇਸ ਨੇ ਦੂਰੀਆਂ ਨੂੰ ਖਤਮ ਕਰ ਦਿੱਤਾ, ਜਾਣਕਾਰੀ ਨੂੰ ਸੌਖਾ ਕਰ ਦਿੱਤਾ ਅਤੇ ਵਪਾਰ ਦੇ ਨਵੇਂ ਰਾਹ ਖੋਲ੍ਹ ਦਿੱਤੇ। ਜਿਨ੍ਹਾਂ ਨੇ ਇਸ ਤਾਕਤ ਨੂੰ ਸਮਝਿਆ ਅਤੇ ਸਹੀ ਦਿਸ਼ਾ ਵਿੱਚ ਇਸਤੇਮਾਲ ਕੀਤਾ, ਉਨ੍ਹਾਂ ਨੇ ਅਜਿਹੇ ਮੁਕਾਮ ਹਾਸਲ ਕੀਤੇ, ਜੋ ਪਹਿਲਾਂ ਅਸੰਭਵ ਜਾਪਦੇ ਸਨ।

ਆਓ, ਸਭ ਤੋਂ ਪਹਿਲਾਂ ਗੱਲ ਕਰੀਏ ਐਮਾਜ਼ੋਨ ਦੀ। ਐਮਾਜ਼ੋਨ, ਜਿਸ ਦਾ ਆਪਣਾ ਕੋਈ ਭੌਤਿਕ ਸਟੋਰ ਨਹੀਂ, ਨੇ ਇੰਟਰਨੈੱਟ ਦੀ ਤਾਕਤ ਨੂੰ ਸਮਝਦਿਆਂ ਆਨਲਾਈਨ ਵਪਾਰ ਦੀ ਦੁਨੀਆ ਵਿੱਚ ਇੱਕ ਅਜਿਹਾ ਮੁਕਾਮ ਹਾਸਲ ਕੀਤਾ, ਜਿਸ ਦਾ ਅੱਜ ਕੋਈ ਮੁਕਾਬਲਾ ਨਹੀਂ। ਇਸ ਨੇ ਲੋਕਾਂ ਨੂੰ ਘਰ ਬੈਠੇ ਹਰ ਤਰ੍ਹਾਂ ਦਾ ਸਾਮਾਨ ਖਰੀਦਣ ਦੀ ਸਹੂਲਤ ਦਿੱਤੀ ਅਤੇ ਇੰਟਰਨੈਟ ਦੇ ਜ਼ਰੀਏ ਵਿਸ਼ਵ ਪੱਧਰ 'ਤੇ ਆਪਣਾ ਜਾਲ ਫੈਲਾਇਆ। ਇਸ ਦੀ ਸਫਲਤਾ ਦਾ ਰਾਜ ਇੰਟਰਨੈੱਟ ਦੀ ਤਾਕਤ ਨੂੰ ਸਮਝਣਾ ਅਤੇ ਇਸ ਨੂੰ ਗਾਹਕਾਂ ਦੀ ਸਹੂਲਤ ਲਈ ਇਸਤੇਮਾਲ ਕਰਨਾ ਸੀ। ਇਸੇ ਤਰ੍ਹਾਂ, ਓਲਾ ਨਾਂਅ ਦੀ ਟੈਕਸੀ ਕੰਪਨੀ ਨੇ ਵੀ ਇੰਟਰਨੈੱਟ ਦੀ ਵਰਤੋਂ ਨਾਲ ਇੱਕ ਨਵਾਂ ਇਤਿਹਾਸ ਰਚਿਆ। ਓਲਾ ਕੋਲ ਆਪਣੀ ਕੋਈ ਕਾਰ ਨਹੀਂ, ਪਰ ਇਸ ਨੇ ਇੰਟਰਨੈੱਟ ਅਤੇ ਮੋਬਾਈਲ ਐਪ ਦੀ ਮਦਦ ਨਾਲ ਟਰਾਂਸਪੋਰਟ ਦੇ ਖੇਤਰ ਵਿੱਚ ਇੱਕ ਅਜਿਹਾ ਮੁਕਾਮ ਹਾਸਲ ਕੀਤਾ, ਜੋ ਹੋਰ ਕੰਪਨੀਆਂ ਲਈ ਸੁਪਨਾ ਬਣਿਆ ਹੋਇਆ ਹੈ। ਇਸ ਨੇ ਲੋਕਾਂ ਨੂੰ ਸੌਖੀ ਅਤੇ ਕਿਫਾਇਤੀ ਸਫਰ ਦੀ ਸਹੂਲਤ ਦਿੱਤੀ, ਜੋ ਸਿਰਫ਼ ਇੰਟਰਨੈੱਟ ਦੀ ਤਾਕਤ ਨਾਲ ਹੀ ਸੰਭਵ ਹੋ ਸਕਿਆ।

ਇਸੇ ਤਰ੍ਹਾਂ, ਓਯੋ ਨੇ ਹੋਟਲ ਉਦਯੋਗ ਵਿੱਚ ਇੰਟਰਨੈੱਟ ਦੀ ਮਦਦ ਨਾਲ ਇੱਕ ਵੱਡੀ ਕ੍ਰਾਂਤੀ ਲਿਆਂਦੀ। ਇਸ ਕੰਪਨੀ ਕੋਲ ਆਪਣਾ ਕੋਈ ਹੋਟਲ ਨਹੀਂ, ਪਰ ਇੰਟਰਨੈਟ ਦੇ ਜ਼ਰੀਏ ਇਸ ਨੇ ਲੋਕਾਂ ਨੂੰ ਸਸਤੇ ਅਤੇ ਸੁਵਿਧਾਜਨਕ ਰਿਹਾਇਸ਼ ਦੇ ਵਿਕਲਪ ਦਿੱਤੇ। ਓਯੋ ਨੇ ਆਨਲਾਈਨ ਪਲੇਟਫਾਰਮ ਦੀ ਮਦਦ ਨਾਲ ਹੋਟਲ ਮਾਲਕਾਂ ਅਤੇ ਗਾਹਕਾਂ ਨੂੰ ਜੋੜਿਆ ਅਤੇ ਅੱਜ ਇਹ ਹੋਟਲ ਉਦਯੋਗ ਵਿੱਚ ਇੱਕ ਬੇਮਿਸਾਲ ਨਾਂਅ ਬਣ ਚੁੱਕਾ ਹੈ। ਇਸ ਤੋਂ ਬਾਅਦ, ਗੱਲ ਕਰੀਏ ਯੂਟਿਊਬ ਦੀ, ਜੋ ਦੁਨੀਆ ਦਾ ਸਭ ਤੋਂ ਮਸ਼ਹੂਰ ਸੋਸ਼ਲ ਮੀਡੀਆ ਪਲੇਟਫਾਰਮ ਹੈ । ਯੂਟਿਊਬ ਖੁਦ ਕੋਈ ਕੰਟੈਂਟ ਨਹੀਂ ਬਣਾਉਂਦਾ, ਪਰ ਇਸ ਨੇ ਇੰਟਰਨੈੱਟ ਦੀ ਤਾਕਤ ਨਾਲ ਲੋਕਾਂ ਨੂੰ ਆਪਣਾ ਕੰਟੈਂਟ ਸਾਂਝਾ ਕਰਨ ਦਾ ਮੌਕਾ ਦਿੱਤਾ। ਅੱਜ ਲੱਖਾਂ ਲੋਕ ਯੂਟਿਊਬ 'ਤੇ ਵੀਡੀਓ ਬਣਾ ਕੇ ਨਾ ਸਿਰਫ਼ ਮਸ਼ਹੂਰੀ ਹਾਸਲ ਕਰ ਰਹੇ ਹਨ, ਸਗੋਂ ਕਰੋੜਾਂ ਰੁਪਏ ਵੀ ਕਮਾ ਰਹੇ ਹਨ । ਇਸ ਨੇ ਸਾਬਤ ਕੀਤਾ ਕਿ ਇੰਟਰਨੈਟ ਦੀ ਸਹੀ ਵਰਤੋਂ ਕਿਸੇ ਵੀ ਖੇਤਰ ਵਿੱਚ ਸਫਲਤਾ ਦਿਵਾ ਸਕਦੀ ਹੈ।

ਮਨੋਰੰਜਨ ਜਗਤ ਵਿੱਚ ਨੈਟਫਲਿਕਸ ਇੱਕ ਹੋਰ ਅਜਿਹਾ ਨਾਂਅ ਹੈ, ਜਿਸ ਨੇ ਇੰਟਰਨੈੱਟ ਦੀ ਤਾਕਤ ਨੂੰ ਸਮਝਿਆ। ਨੈਟਫਲਿਕਸ ਕੋਲ ਆਪਣਾ ਕੋਈ ਟੀਵੀ ਚੈਨਲ ਨਹੀਂ, ਪਰ ਇਸ ਨੇ ਆਨਲਾਈਨ ਸਟ੍ਰੀਮਿੰਗ ਦੇ ਜ਼ਰੀਏ ਮਨੋਰੰਜਨ ਦੀ ਦੁਨੀਆ ਵਿੱਚ ਇੱਕ ਵੱਡਾ ਮੁਕਾਮ ਹਾਸਲ ਕੀਤਾ। ਇਸ ਨੇ ਲੋਕਾਂ ਨੂੰ ਘਰ ਬੈਠੇ ਫਿਲਮਾਂ, ਸੀਰੀਜ਼ ਅਤੇ ਹੋਰ ਮਨੋਰੰਜਨ ਦਾ ਸਾਮਾਨ ਮੁਹੱਈਆ ਕਰਵਾਇਆ, ਜੋ ਸਿਰਫ਼ ਇੰਟਰਨੈੱਟ ਦੀ ਮਦਦ ਨਾਲ ਹੀ ਸੰਭਵ ਹੋ ਸਕਿਆ ਹੈ । ਇਸੇ ਤਰ੍ਹਾਂ, ਜ਼ੋਮੈਟੋ ਨੇ ਭੋਜਨ ਪਦਾਰਥ ਉਦਯੋਗ ਵਿੱਚ ਇੰਟਰਨੈੱਟ ਦੀ ਤਾਕਤ ਨਾਲ ਹੀ ਆਪਣੀ ਬਾਦਸ਼ਾਹਤ ਕਾਇਮ ਕੀਤੀ। ਜ਼ੋਮੈਟੋ ਕੋਲ ਆਪਣਾ ਕੋਈ ਰੈਸਟੋਰੈਂਟ ਨਹੀਂ, ਪਰ ਇਸ ਨੇ ਆਨਲਾਈਨ ਪਲੇਟਫਾਰਮ ਦੇ ਜ਼ਰੀਏ ਰੈਸਟੋਰੈਂਟਾਂ ਅਤੇ ਗਾਹਕਾਂ ਨੂੰ ਜੋੜਿਆ ਅਤੇ ਘਰ-ਘਰ ਭੋਜਨ ਪਹੁੰਚਾਉਣ ਦੀ ਸਹੂਲਤ ਦਿੱਤੀ। ਇਸ ਦੀ ਸਫਲਤਾ ਇੰਟਰਨੈੱਟ ਦੀ ਬਦੌਲਤ ਹੀ ਸੰਭਵ ਹੋਈ ਹੈ ।

ਗੂਗਲ, ਜੋ ਦੁਨੀਆ ਦਾ ਸਭ ਤੋਂ ਮਸ਼ਹੂਰ ਸਰਚ ਇੰਜਨ ਹੈ, ਇੱਕ ਹੋਰ ਅਜਿਹੀ ਮਿਸਾਲ ਹੈ। ਗੂਗਲ ਖੁਦ ਕੋਈ ਆਰਟੀਕਲ ਜਾਂ ਜਾਣਕਾਰੀ ਪੋਸਟ ਨਹੀਂ ਕਰਦਾ, ਪਰ ਇਸ ਨੇ ਇੰਟਰਨੈੱਟ ਦੀ ਮਦਦ ਨਾਲ ਦੁਨੀਆ ਭਰ ਦੀ ਜਾਣਕਾਰੀ ਨੂੰ ਇੱਕ ਥਾਂ 'ਤੇ ਇਕੱਠਾ ਕੀਤਾ। ਲੋਕ ਆਪਣੀ ਜਾਣਕਾਰੀ ਗੂਗਲ 'ਤੇ ਸਾਂਝੀ ਕਰਦੇ ਹਨ ਅਤੇ ਇਸ ਦੇ ਜ਼ਰੀਏ ਦੁਨੀਆ ਭਰ ਦੇ ਲੋਕ ਇਸ ਤੱਕ ਪਹੁੰਚ ਕਰਦੇ ਹਨ। ਗੂਗਲ ਨੇ ਸਾਬਤ ਕੀਤਾ ਕਿ ਇੰਟਰਨੈੱਟ ਦੀ ਤਾਕਤ ਨਾਲ ਜਾਣਕਾਰੀ ਨੂੰ ਸੌਖਾ ਅਤੇ ਪਹੁੰਚਯੋਗ ਬਣਾਇਆ ਜਾ ਸਕਦਾ ਹੈ। ਇਸ ਤੋਂ ਇਲਾਵਾ, ਅੱਜ ਦੇ ਸਮੇਂ ਵਿੱਚ ਡਿਜੀਟਲ ਕਰੰਸੀ ਬਿਟਕੋਇਨ ਨੇ ਵੀ ਇੰਟਰਨੈੱਟ ਦੀ ਬਦੌਲਤ ਇੱਕ ਵੱਡਾ ਮੁਕਾਮ ਹਾਸਲ ਕੀਤਾ । ਬਿਟਕੋਇਨ ਦਾ ਕੋਈ ਭੌਤਿਕ ਸਿੱਕਾ ਨਹੀਂ, ਪਰ ਇੰਟਰਨੈੱਟ ਅਤੇ ਬਲਾਕਚੇਨ ਤਕਨੀਕ ਦੀ ਮਦਦ ਨਾਲ ਇਹ ਦੁਨੀਆ ਦੀ ਸਭ ਤੋਂ ਮਹਿੰਗੀ ਡਿਜੀਟਲ ਕਰੰਸੀ ਬਣ ਗਈ। ਇਸ ਨੇ ਸਾਬਤ ਕੀਤਾ ਕਿ ਇੰਟਰਨੈੱਟ ਦੀ ਤਾਕਤ ਨਾਲ ਕਿਸੇ ਵੀ ਖੇਤਰ ਵਿੱਚ ਨਵੀਂ ਕ੍ਰਾਂਤੀ ਲਿਆਂਦੀ ਜਾ ਸਕਦੀ ਹੈ।

ਉਪਰੋਕਤ ਉਦਾਹਰਨਾਂ ਤੋਂ ਸਪੱਸ਼ਟ ਹੈ ਕਿ ਇੰਟਰਨੈੱਟ ਦੀ ਤਾਕਤ ਨੇ ਤਰੱਕੀ ਦੇ ਨਵੇਂ ਰਾਹ ਖੋਲ੍ਹ ਦਿੱਤੇ ਹਨ। ਐਮਾਜ਼ੋਨ, ਓਲਾ, ਓਯੋ, ਯੂਟਿਊਬ, ਨੈਟਫਲਿਕਸ, ਜ਼ੋਮੈਟੋ, ਗੂਗਲ ਅਤੇ ਬਿਟਕੋਇਨ ਵਰਗੀਆਂ ਕੰਪਨੀਆਂ ਅਤੇ ਸੰਸਥਾਵਾਂ ਨੇ ਇੰਟਰਨੈੱਟ ਦੀ ਸਹੀ ਵਰਤੋਂ ਕਰਕੇ ਦੁਨੀਆ ਵਿੱਚ ਆਪਣੇ ਝੰਡੇ ਗੱਡੇ। ਇਨ੍ਹਾਂ ਨੇ ਸਾਬਤ ਕੀਤਾ ਕਿ ਇੰਟਰਨੈੱਟ ਦੀ ਤਾਕਤ ਅਜਿਹੀ ਹੈ ਕਿ ਜੇ ਇਸ ਦਾ ਸਹੀ ਇਸਤੇਮਾਲ ਕੀਤਾ ਜਾਵੇ, ਤਾਂ ਕੋਈ ਵੀ ਵਿਅਕਤੀ ਜਾਂ ਸੰਸਥਾ ਤਰੱਕੀ ਦੇ ਸਿਖਰ 'ਤੇ ਪਹੁੰਚ ਸਕਦੀ ਹੈ। ਪਰ ਦੂਜੇ ਪਾਸੇ, ਜਿਨ੍ਹਾਂ ਲੋਕਾਂ ਨੇ ਇੰਟਰਨੈੱਟ ਨੂੰ ਸਿਰਫ਼ ਮਨੋਰੰਜਨ ਦਾ ਸਾਧਨ ਬਣਾਇਆ ਅਤੇ ਸਮੇਂ ਦੀ ਬਰਬਾਦੀ ਕੀਤੀ, ਉਹ ਅੱਜ ਸਮਾਜ ਵਿੱਚ ਪੱਛੜ ਗਏ। ਇੰਟਰਨੈੱਟ ਦੀ ਵਰਤੋਂ ਸਿੱਖਿਆ, ਕਾਰੋਬਾਰ, ਜਾਣਕਾਰੀ ਅਤੇ ਨਵੇਂ ਮੌਕਿਆਂ ਲਈ ਕੀਤੀ ਜਾ ਸਕਦੀ ਹੈ, ਪਰ ਇਸ ਦਾ ਦੁਰਉਪਯੋਗ ਸਮੇਂ ਅਤੇ ਸਰੋਤਾਂ ਦੀ ਬਰਬਾਦੀ ਦਾ ਕਾਰਨ ਬਣਦਾ ਹੈ।

ਇੰਟਰਨੈਟ ਦੀ ਤਾਕਤ ਨੂੰ ਸਮਝਣਾ ਅਤੇ ਇਸ ਦਾ ਸਹੀ ਉਪਯੋਗ ਕਰਨ ਦੀ ਜ਼ਿੰਮੇਵਾਰੀ ਹਰ ਇਨਸਾਨ ਦੀ ਖੁਦ ਦੀ ਹੈ। ਇਹ ਇੱਕ ਅਜਿਹਾ ਸਾਧਨ ਹੈ, ਜੋ ਸਹੀ ਹੱਥਾਂ ਵਿੱਚ ਤਰੱਕੀ ਦੀ ਚਾਬੀ ਬਣ ਸਕਦਾ ਹੈ ਅਤੇ ਗਲਤ ਵਰਤੋਂ ਨਾਲ ਬਰਬਾਦੀ ਦਾ ਕਾਰਨ ਵੀ। ਜਿੰਨੀ ਜਲਦੀ ਇਨਸਾਨ ਇਸ ਤਾਕਤ ਨੂੰ ਸਮਝ ਲਵੇ ਅਤੇ ਇਸ ਨੂੰ ਆਪਣੀ ਸਿੱਖਿਆ, ਕਾਰੋਬਾਰ, ਸਮਾਜਿਕ ਸੰਬੰਧਾਂ ਅਤੇ ਨਿੱਜੀ ਵਿਕਾਸ ਲਈ ਇਸਤੇਮਾਲ ਕਰੇ, ਓਨੀ ਹੀ ਜਲਦੀ ਉਹ ਤਰੱਕੀ ਦੇ ਰਾਹ 'ਤੇ ਅੱਗੇ ਵਧ ਸਕਦਾ ਹੈ । ਇੰਟਰਨੈੱਟ ਨੇ ਸਾਬਤ ਕੀਤਾ ਹੈ ਕਿ ਇਸ ਦੀ ਤਾਕਤ ਅਸੀਮਤ ਹੈ, ਬਸ਼ਰਤੇ ਇਸ ਨੂੰ ਸਹੀ ਦਿਸ਼ਾ ਵਿੱਚ ਲਗਾਇਆ ਜਾਵੇ । ਇਸ ਲਈ ਹਰ ਇਨਸਾਨ ਨੂੰ ਇਸ ਤਕਨੀਕੀ ਯੁੱਗ ਵਿੱਚ ਇੰਟਰਨੈੱਟ ਦੀ ਤਾਕਤ ਨੂੰ ਪਛਾਣਨਾ ਚਾਹੀਦਾ ਹੈ ਅਤੇ ਇਸ ਨੂੰ ਆਪਣੀ ਤਰੱਕੀ, ਸਮਾਜ ਦੀ ਬਿਹਤਰੀ ਅਤੇ ਇੱਕ ਸਾਰਥਕ ਜੀਵਨ ਲਈ ਇਸਤੇਮਾਲ ਕਰਨਾ ਚਾਹੀਦਾ ਹੈ।

# ਸੰਪਰਕ : 70098-07121

# ਪੰਜਾਬੀਓ ! ਬਰਸਾਤੀ ਮੌਸਮ ਆ ਗਿਆ

ਉਜਾਗਰ ਸਿੰਘ

ਬਰਸਾਤੀ ਮੌਸਮ ਪੰਜਾਬ ਦੇ ਕਿਸਾਨਾਂ, ਪੰਜਾਬ ਸਰਕਾਰ ਅਤੇ ਖਾਸ ਤੌਰ 'ਤੇ ਪੰਜਾਬ ਰਾਜ ਬਿਜਲੀ ਬੋਰਡ ਲਈ ਸ਼ੁਭ ਸ਼ਗਨ ਹੁੰਦਾ ਹੈ। ਕਿਸਾਨਾਂ ਦੀ ਜੀਰੀ ਦੀ ਫ਼ਸਲ ਵਾਸਤੇ ਲੋੜੀਂਦਾ ਪਾਣੀ ਮਿਲ ਜਾਂਦਾ ਹੈ, ਬਿਜਲੀ ਬੋਰਡ ਲਈ ਬਿਜਲੀ ਦੀ ਖ਼ਪਤ ਘਟ ਜਾਂਦੀ ਹੈ। ਪਾਣੀ ਜ਼ਮੀਨ ਵਿਚ ਸਿੰਮਣ ਕਰਕੇ ਜ਼ਮੀਨਦੋਜ਼ ਪਾਣੀ ਦੀ ਸਤਹ ਵਧ ਜਾਂਦੀ ਹੈ, ਜਿਸ ਨਾਲ ਪੰਜਾਬੀਆਂ ਨੂੰ ਸੁਖ ਦਾ ਸਾਹ ਆਉਂਦਾ ਹੈ। ਖ਼ਬਰਦਾਰ ਹੋ ਜਾਓ ਪੰਜਾਬੀਓ ਬਰਸਾਤਾਂ ਆ ਗਈਆਂ। ਹਰ ਸਾਲ ਬਰਸਾਤਾਂ ਪੰਜਾਬੀਆਂ ਲਈ ਖ਼ਤਰੇ ਦੀ ਚੇਤਾਵਨੀ ਅਤੇ ਖ਼ੁਸ਼ੀ ਲੈ ਕੇ ਆਉਂਦੀਆਂ ਹਨ, ਕਿਉਂਕਿ ਵਧੇਰੇ ਮੀਂਹ ਪੈਣ ਨਾਲ ਹੜ੍ਹਾਂ ਦਾ ਖ਼ਤਰਾ ਬਣਿਆਂ ਰਹਿੰਦਾ ਹੈ ਅਤੇ ਮੌਸਮ ਸੁਹਾਵਣਾ ਵੀ ਹੋ ਜਾਂਦਾ ਹੈ। ਮੀਂਹ ਪਹਾੜਾਂ ਵਿੱਚ ਪੈਣ ਲਗਦਾ ਹੈ, ਪ੍ਰੰਤੂ ਹੌਲ਼ ਮੈਦਾਨੀ ਇਲਾਕਿਆਂ ਵਾਲੇ ਪੰਜਾਬੀਆਂ ਨੂੰ ਪੈਣ ਲੱਗ ਜਾਂਦਾ ਹੈ। ਹਾਲਾਂਕਿ ਪੰਜਾਬ ਵਿੱਚ ਵਧੇਰੇ ਮੀਂਹ ਜੀਰੀ ਦੀ ਫਸਲ ਲਈ ਵਰਦਾਨ ਸਾਬਤ ਹੋ ਸਕਦਾ ਹੈ, ਪ੍ਰੰਤੂ ਪੰਜਾਬ ਸਰਕਾਰ ਦੇ ਸਿੰਜਾਈ, ਡਰੇਨੇਜ, ਜੋ ਹੁਣ ਜਲ ਸ੍ਰੋਤ ਵਿਭਾਗ ਦੇ ਨਾਂਅ ਨਾਲ ਜਾਣਿਆ ਜਾਂਦਾ ਹੈ, ਉਸ ਵਿਭਾਗ ਨੇ ਪਿਛਲੇ 50 ਸਾਲਾਂ ਤੋਂ ਆਪਣੀ ਬਰਸਾਤੀ ਨਾਲਿਆਂ, ਚੋਅ, ਰਜਵਾਹਿਆਂ ਅਤੇ ਦਰਿਆਵਾਂ ਦੀ ਬਰਸਾਤਾਂ ਤੋਂ ਪਹਿਲਾਂ ਸਾਫ਼-ਸਫ਼ਾਈ ਦੀ ਨੀਤੀ ਵਿੱਚ ਤਬਦੀਲੀ ਨਹੀਂ ਕੀਤੀ। 'ਆਈ ਜੰਝ ਵਿੰਨ੍ਹੋ ਕੁੜੀ ਦੇ ਕੰਨ' ਦੀ ਕਹਾਵਤ ਵਾਲੀ ਨੀਤੀ ਜਲ ਸ੍ਰੋਤ ਵਿਭਾਗ ਦੇ ਜ਼ਿਲ੍ਹਿਆਂ ਦੇ ਅਧਿਕਾਰੀਆਂ ਨੇ ਅਪਣਾਈ ਹੋਈ ਹੈ। ਵੈਸੇ ਤਾਂ ਸਾਫ਼-ਸਫਾਈ ਲਈ ਫ਼ੰਡ ਦੇਰੀ ਨਾਲ ਜ਼ਾਰੀ ਕੀਤੇ ਜਾਂਦੇ ਹਨ, ਪ੍ਰੰਤੂ ਜੇਕਰ ਬਦਕਿਸਮਤੀ ਨਾਲ ਸਰਕਾਰਾਂ ਦੀ ਚੰਗੀ ਨੀਤ ਕਰਕੇ ਸਹੀ ਸਮੇਂ 'ਤੇ ਫ਼ੰਡ ਜਾਰੀ ਹੋ ਜਾਣ ਤਾਂ ਖੇਤਰੀ ਅਮਲਾ ਜਾਣ ਬੁੱਝ ਕੇ ਟੈਂਡਰ ਲਗਾਉਣ ਵਿੱਚ ਦੇਰੀ ਕਰ ਦਿੰਦਾ ਹੈ। ਟੈਂਡਰ ਲਗਾਉਣ ਵਿੱਚ ਦੇਰੀ ਸ਼ਾਇਦ ਇਸ ਕਰਕੇ ਕੀਤੀ ਜਾਂਦੀ ਹੈ ਕਿ ਬਰਸਾਤਾਂ ਸ਼ੁਰੂ ਹੋ ਜਾਣ, ਫਿਰ ਇਹ ਫ਼ੰਡ ਤੁਰਤ-ਫੁਰਤ ਖ਼ਰਚ ਕਰਨ ਵਿੱਚ ਕੋਈ ਔਖ ਨਾ ਹੋਵੇ। ਪਾਰਦਰਸ਼ੀ ਪ੍ਰਬੰਧਾਂ ਨਾਲ ਜਲਦਬਾਜ਼ੀ ਕਰਨ ਲਈ ਜ਼ਿਲ੍ਹਾ ਪ੍ਰਸ਼ਾਸ਼ਨ ਜ਼ੋਰ ਦਿੰਦਾ ਹੈ, ਕਿਉਂਕਿ ਉਸ ਦੀ ਜ਼ਿੰਮੇਵਾਰੀ ਲੋਕ ਹਿੱਤਾਂ 'ਤੇ ਪਹਿਰਾ ਦੇਣ ਦੀ ਹੁੰਦੀ ਹੈ। ਲੋਕਾਂ ਦੇ ਜਾਨ-ਮਾਲ ਦੀ ਰਾਖੀ ਕਰਨੀ ਜ਼ਰੂਰੀ ਹੁੰਦੀ ਹੈ। ਉਹ ਲੋਕਾਂ ਨੂੰ ਜਵਾਬਦੇਹ ਹੁੰਦੇ ਹਨ। ਹੋ ਰਹੀ ਬਰਸਾਤ ਸਮੇਂ ਜਲਦਬਾਜ਼ੀ ਵਿੱਚ ਕੀਤਾ ਗਿਆ ਕੰਮ ਪਾਣੀ ਦੇ ਵਹਾਅ ਦੇ ਨਾਲ ਹੀ ਰੁੜ੍ਹ ਜਾਂਦਾ ਹੈ। ਭਾਵ ਪੈਸਾ ਪਾਣੀ ਨਾਲ ਰੁੜ੍ਹ ਜਾਂਦਾ ਹੈ। ਅਧਿਕਾਰੀਆਂ ਦੀ ਜਵਾਬਦੇਹੀ ਨਿਸਚਤ ਨਹੀਂ ਹੋ ਸਕਦੀ, ਕਿਉਂਕਿ ਉਹ ਕਹਿ ਦੇਣਗੇ ਕਿ ਹੜ੍ਹ ਦਾ ਪਾਣੀ ਰੋੜ੍ਹ ਕੇ ਲੈ ਗਿਆ ਹੈ। ਇਹ ਪ੍ਰਣਾਲੀ ਕਿਸੇ ਇੱਕ ਸਰਕਾਰ ਦੇ ਸਮੇਂ ਦੀ ਨਹੀਂ, ਸਗੋਂ ਜਿਹੜੀ ਵੀ ਪਾਰਟੀ ਦੀ ਸਰਕਾਰ ਹੁੰਦੀ ਹੈ, ਇੰਝ ਹੀ ਕਰਦੀ ਆ ਰਹੀ ਹੈ। ਟੈਂਡਰ ਲਗਾਉਣ ਵਿੱਚ ਦੇਰੀ ਕਿਉਂ ਹੁੰਦੀ ਹੈ? ਇਹ ਦੱਸਣ ਦੀ ਲੋੜ ਨਹੀਂ, ਸਮਝਣ ਤੇ ਮਹਿਸੂਸ ਕਰਨ ਦੀ ਹੈ, ਵੈਸੇ ਹੁਣ ਤੱਕ ਤੁਸੀਂ ਸਮਝ ਗਏ ਹੋਵੋਗੇ।

ਮੈਂ ਪਿਛਲੇ 33 ਸਾਲ ਲੋਕ ਸੰਪਰਕ ਵਿਭਾਗ ਪੰਜਾਬ ਵਿੱਚ ਨੌਕਰੀ ਕੀਤੀ ਹੈ, ਜਿਸ ਵਿੱਚੋਂ 28 ਸਾਲ ਜ਼ਿਲ੍ਹਿਆਂ ਵਿੱਚ ਨੌਕਰੀ ਕਰਦਾ ਰਿਹਾ ਹਾਂ, ਬਰਸਾਤਾਂ ਦੇ ਮੌਸਮ ਸਮੇਂ ਪੰਜਾਬ ਦੇ ਲੋਕਾਂ ਦੀ ਤ੍ਰਾਸਦੀ ਆਪਣੀ ਅੱਖੀਂ ਵੇਖਦਾ ਰਿਹਾ ਹਾਂ। ਲੋਕਾਂ ਦੇ ਘਰ ਢਹਿ-ਢੇਰੀ ਹੋ ਜਾਂਦੇ ਹਨ, ਫ਼ਸਲਾਂ ਤਬਾਹ ਹੋ ਜਾਂਦੀਆਂ ਹਨ, ਜਾਨ-ਮਾਲ ਦਾ ਨੁਕਸਾਨ ਹੁੰਦਾ ਹੈ। ਸੰਬੰਧਤ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰ ਅਤੇ ਹੋਰ ਮਾਲ ਅਧਿਕਾਰੀ ਬਰਸਾਤਾਂ ਦੇ ਮੌਸਮ ਤੋਂ ਪਹਿਲਾਂ ਹੀ ਬਰਸਾਤੀ ਨਾਲਿਆਂ ਅਤੇ ਦਰਿਆਵਾਂ ਦੀ ਸਾਫ਼-ਸਫ਼ਾਈ ਲਈ ਮੌਕਾ ਵੇਖਣ ਜਾਂਦੇ ਹਨ। ਜਲ ਸ੍ਰੋਤ ਵਿਭਾਗ ਦੇ ਅਧਿਕਾਰੀ, ਮਾਲ ਵਿਭਾਗ ਦੇ ਅਧਿਕਾਰੀਆਂ ਦੇ ਨਾਲ ਹੁੰਦੇ ਹਨ। ਉਹ ਤਸਵੀਰਾਂ ਖਿਚਵਾ ਲੈਂਦੇ ਹਨ, ਅਗਲੇ ਦਿਨ ਅਖ਼ਬਾਰਾਂ ਵਿੱਚ ਖ਼ਬਰਾਂ ਲੱਗ ਜਾਂਦੀਆਂ ਹਨ ਕਿ ਹੜ੍ਹਾਂ ਦੇ ਬਚਾਓ ਲਈ ਜ਼ਿਲ੍ਹਾ ਪ੍ਰਸ਼ਾਸ਼ਨ ਚਿੰਤਤ ਹੈ ਤੇ ਯੋਗ ਕਾਰਵਾਈ ਕਰ ਰਿਹਾ ਹੈ। ਲੋਕਾਂ ਨੂੰ ਥੋੜ੍ਹੀ ਤਸੱਲੀ ਹੋ ਜਾਂਦੀ ਹੈ। ਪੰਜਾਬ ਵਿੱਚ ਸਤਲੁਜ, ਰਾਵੀ ਤੇ ਬਿਆਸ ਦਰਿਆ, ਘੱਗਰ ਤੇ ਟਾਂਗਰੀ ਸਭ ਤੋਂ ਵੱਧ ਨੁਕਸਾਨ ਕਰਦੇ ਹਨ। ਪੰਜਾਬ ਵਿੱਚ 850 ਤੋਂ ਉਪਰ ਚੋਅ, ਨਾਲੇ ਅਤੇ ਰਜਵਾਹੇ ਹਨ, ਜਿਨ੍ਹਾਂ ਦੀ ਲੰਬਾਈ 8136.76 ਕਿਲੋਮੀਟਰ ਹੈ। ਉਨ੍ਹਾਂ ਦੀ ਸਫ਼ਾਈ ਕਦੀਂ ਵੀ ਸਮੇਂ ਸਿਰ ਨਹੀਂ ਹੁੰਦੀ। ਉਹ ਪਾਣੀ ਦੇ ਵਹਾਅ ਵਿੱਚ ਰੁਕਾਵਟ ਪਾਉਂਦੇ ਹਨ ਤੇ ਹੜ੍ਹ ਦੀ ਸਥਿਤੀ ਬਣ ਜਾਂਦੀ ਹੈ। ਐਸਟੀਮੇਟ ਸਾਰਿਆਂ ਦੀ ਸਫ਼ਾਈ ਦਾ ਬਣਦਾ ਹੈ। ਹਰ ਸਾਲ ਧੁਸੀ ਬੰਨ੍ਹ ਟੁੱਟਦਾ ਹੈ ਤੇ ਮੁਰੰਮਤ ਕੀਤੀ ਜਾਂਦੀ ਹੈ, ਕੋਈ ਪੱਕਾ ਇਲਾਜ ਨਹੀਂ। ਮਾਲਵੇ ਵਿੱਚ ਘੱਗਰ ਅਤੇ ਟਾਂਗਰੀ ਸਭ ਤੋਂ ਵੱਧ ਨੁਕਸਾਨ ਕਰਦੇ ਹਨ।

ਚੋਣਾਂ ਤੋਂ ਪਹਿਲਾਂ ਸਾਰੀਆਂ ਪਾਰਟੀਆਂ ਦੇ ਸਿਆਸਤਦਾਨ ਲੰਮੇ ਸਮੇਂ ਤੋਂ ਮੈਂ ਇਹ ਕਹਿੰਦੇ ਸੁਣਦਾ ਆ ਰਿਹਾ ਹਾਂ ਕਿ ਤੁਸੀਂ ਵੋਟਾਂ ਸਾਨੂੰ ਪਾ ਦਿਓ, ਅਸੀਂ ਘੱਗਰ ਚੁੱਕ ਦਿਆਂਗੇ। ਇਹ ਬਿਆਨ ਸਾਰੀਆਂ ਪਾਰਟੀਆਂ ਨੇ ਦਿੱਤੇ ਹਨ ਤੇ ਸਾਰੇ ਹੀ ਖੋਖਲੇ ਸਾਬਤ ਹੋਏ ਹਨ, ਪਰਨਾਲਾ ਉਥੇ ਦਾ ਉਥੇ ਹੀ ਹੈ। ਨਾ ਘੱਗਰ ਚੁੱਕਿਆ ਗਿਆ ਹੈ ਅਤੇ ਨਾ ਹੀ ਹੜ੍ਹ ਆਉਣ ਤੋਂ ਬੰਦ ਹੋਏ ਹਨ। ਇਸ ਵਿੱਚ ਇਕੱਲੀ ਸਰਕਾਰ ਹੀ ਜ਼ਿੰਮੇਵਾਰ ਨਹੀਂ ਘੱਗਰ, ਨਾਲਿਆਂ, ਰਜਵਾਹਿਆਂ ਅਤੇ ਚੋਆਂ ਦੇ ਆਲੇ-ਦੁਆਲੇ ਖੇਤਾਂ ਵਾਲੇ ਕਿਸਾਨ ਵੀ ਜ਼ਿੰਮੇਵਾਰ ਹਨ, ਕਿਉਂਕਿ ਉਨ੍ਹਾਂ ਇਨ੍ਹਾਂ 'ਤੇ ਕਬਜ਼ੇ ਕੀਤੇ ਹੋਏ ਹਨ। ਕੋਈ ਵੀ ਸਰਕਾਰ ਵੋਟਾਂ ਦੇ ਲਾਲਚ ਕਰਕੇ ਇਹ ਕਬਜ਼ੇ ਖਾਲ੍ਹੀ ਨਹੀਂ ਕਰਵਾਉਂਦੀ।

ਸਤਲੁਜ-ਯਮੁਨਾ ਲਿੰਕ ਨਹਿਰ ਦਾ ਪ੍ਰਾਜੈਕਟ ਜਿਸ ਦਿਨ ਦਾ ਬਣਿਆਂ ਹੈ, ਉਸ ਦਿਨ ਤੋਂ ਹੀ ਪੰਜਾਬੀਆਂ ਲਈ ਸੰਤਾਪ ਦਾ ਮੁੱਖ ਕਾਰਨ ਬਣਿਆਂ ਹੋਇਆ ਹੈ। ਇਹ ਨਹਿਰ ਰੋਪੜ, ਫਤਿਹਗੜ੍ਹ ਅਤੇ ਪਟਿਆਲਾ ਜ਼ਿਲ੍ਹਿਆਂ ਦੇ ਇਲਾਕਿਆਂ ਵਿੱਚ ਪਾਣੀ ਦੇ ਕੁਦਰਤੀ ਵਹਾਅ ਨੂੰ ਰੋਕਣ ਦਾ ਕੰਮ ਕਰ ਰਹੀ ਹੈ, ਜਿਸ ਕਰਕੇ ਹੜ੍ਹਾਂ ਦੀ ਸਥਿਤੀ ਹੋਰ ਗੰਭੀਰ ਹੋ ਜਾਂਦੀ ਹੈ, ਕਿਉਂਕਿ ਇਸ ਵਿੱਚ ਵੀ ਬਹੁਤ ਸਾਰਾ ਘਾਹ, ਬੂਟੀ ਅਤੇ ਦਰੱਖਤਾਂ ਦੇ ਝੁੰਡ ਹੋ ਗਏ ਹਨ। ਕਈ ਕਿਸਾਨਾ ਨੇ ਇਸ ਨੂੰ ਵਾਹ ਲਿਆ ਹੈ। ਇਹ ਮਰਿਆ ਹੋਇਆ ਸੱਪ ਪੰਜਾਬੀਆਂ ਦੇ ਗਲ ਅਜਿਹਾ ਪਿਆ, ਜਿਸ ਦੇ ਲੱਥਣ ਦੀ ਕੋਈ ਆਸ ਨਹੀਂ ਲੱਗਦੀ। ਲੋਕਾਂ ਦੀ ਬਰਬਾਦੀ ਦਾ ਕਰਨ ਬਣ ਰਹੀ ਹੈ। 'ਪਟਿਆਲਾ ਕੀ ਰਾਓ' ਵਰਤਮਾਨ ਮੋਹਾਲੀ ਜ਼ਿਲ੍ਹੇ ਦੇ ਪਿੰਡ ਪੜਛ ਕੋਲੋਂ ਸ਼ਿਵਾਲਿਕ ਦੀਆਂ ਪਹਾੜੀਆਂ ਵਿੱਚੋਂ ਨਿਕਲਦੀ ਹੈ। ਇਹ ਚੋਅ ਨਵਾਂ ਗਾਉਂ, ਮੋਹਾਲੀ ਵੇਰਕਾ ਚੌਕ, ਚਪੜਚਿੜੀ, ਲਾਂਡਰਾਂ, ਝੰਜੇੜੀ, ਮਛਲੀ ਕਲਾਂ, ਝਾਮਪੁਰ, ਬਰਾਸ, ਚੋਲਟੀ ਖੇੜੀ, ਪਤਾਰਸੀ, ਮੀਆਂਪੁਰ, ਬਹਿਲੋਲਪੁਰ ਜੱਟਾਂ, ਨੰਦਪੁਰ, ਕੇਸ਼ੋ, ਪੰਜੋਲਾ, ਪੰਜੋਲੀ ਖੁਰਦ, ਪੰਜੋਲੀ ਕਲਾਂ ਹੁੰਦੀ ਹੋਈ ਪਟਿਆਲਾ ਜ਼ਿਲ੍ਹੇ ਦੇ ਦੌਲਤਪੁਰ ਪਿੰਡ ਕੋਲ ਪਹੁੰਚ ਕੇ 'ਪਟਿਆਲਾ ਨਦੀ' ਕਹਾਉਣ ਲੱਗ ਜਾਂਦੀ ਹੈ। ਇਸ ਤੋਂ ਪਹਿਲਾਂ ਇਹ ਦਰਿਆ ਦਾ ਰੂਪ ਹੀ ਹੁੰਦੀ ਹੈ, ਲਗਭੱਗ ਇੱਕ ਕਿਲੋਮੀਟਰ ਚੌੜੀ ਹੈ, ਇਸ ਦੇ ਆਲੇ-ਦੁਆਲੇ ਕੋਈ ਬੰਨ੍ਹ ਨਹੀਂ। ਖੇਤਾਂ ਵਿੱਚ ਪਾਣੀ ਵਹਿੰਦਾ ਹੈ ਤੇ ਕਿਸਾਨਾਂ ਦੀ ਫਸਲ ਨੂੰ ਤਬਾਹ ਕਰਦਾ ਹੈ। ਦੌਲਤਪੁਰ ਕੋਲ ਆ ਕੇ ਨਦੀ ਬਣ ਜਾਂਦੀ ਹੈ। ਇਹ ਨਦੀ ਪਟਿਆਲਾ ਸ਼ਹਿਰ ਦੇ ਪੂਰਬੀ ਪਾਸੇ ਵੱਲੋਂ ਲੰਘਦੀ ਹੈ। ਹੁਣ ਇਸ ਦੇ ਦੋਹੀਂ ਪਾਸੀਂ ਕਾਲੋਨੀਆਂ ਬਣ ਗਈਆਂ। ਜਦੋਂ ਇਹ ਮੀਂਹ ਦਾ ਪਾਣੀ ਨਹੀਂ ਸਹਾਰਦੀ ਤਾਂ ਟੁੱਟ ਜਾਂਦੀ ਹੈ ਤੇ ਪਟਿਆਲਾ ਸ਼ਹਿਰ ਅਤੇ ਆਲੇ-ਦੁਆਲੇ ਦੀਆਂ ਕਾਲੋਨੀਆਂ ਦੇ ਘਰ-ਬਾਰ ਤਬਾਹ ਕਰ ਦਿੰਦੀ ਹੈ। ਇਸ ਨਦੀ ਦੀ ਸਫਾਈ ਦਾ ਕੰਮ ਜਲ ਸ੍ਰੋਤ ਵਿਭਾਗ ਕੋਲ ਹੈ, ਪ੍ਰੰਤੂ ਇਹ ਵਿਭਾਗ ਕਦੀ ਵੀ ਸੰਜੀਦਗੀ ਨਾਲ ਸਫਾਈ ਨਹੀਂ ਕਰਦਾ, ਜਿਸ ਕਰਕੇ ਪਟਿਆਲਵੀ ਹੜ੍ਹਾਂ ਦੌਰਾਨ ਘਰੋਂ ਬੇਘਰ ਹੋ ਜਾਂਦੇ ਹਨ। ਲੋਕ ਵੀ ਇਸ ਵਿੱਚ ਫਾਲਤੂ ਸਾਮਾਨ ਸੁੱਟ ਦਿੰਦੇ ਹਨ।

ਸਰਕਾਰਾਂ ਪਿਛਲੇ ਤਜਰਬਿਆਂ ਤੋਂ ਵੀ ਸਬਕ ਨਹੀਂ ਸਿੱਖਦੀਆਂ। ਪਟਿਆਲਾ ਨਦੀ ਵਿੱਚ ਬੂਟੀ ਵੱਡੀ ਮਾਤਰਾ ਵਿੱਚ ਖੜ੍ਹੀ ਹੈ। ਬੀੜ ਮੋਤੀ ਬਾਗ ਕੋਲ ਜਿਹੜਾ ਜੂ ਹੈ, ਉਥੇ ਨਦੀ 'ਤੇ ਛੋਟਾ ਪੁਲ ਹੋਣ ਕਰਕੇ ਪਾਣੀ ਰੁਕ ਜਾਂਦਾ ਹੈ, ਜਿਸ ਕਰਕੇ ਨਦੀ ਕਈ ਥਾਵਾਂ ਤੋਂ ਟੁੱਟਣ ਦਾ ਡਰ ਬਣ ਜਾਂਦਾ ਹੈ। ਕੁਝ ਦਰੱਖਤ ਖੜ੍ਹੇ ਹਨ, ਜਿਹੜੇ ਪਾਣੀ ਦੇ ਵਹਾਅ ਨੂੰ ਰੋਕਦੇ ਹਨ। ਇਹ ਦਰੱਖਤ ਕੱਟਣ ਅਤੇ ਪੁਲ ਚੌੜਾ ਕਰਨ ਲਈ ਭਾਰਤ ਸਰਕਾਰ ਦੇ ਜੰਗਲਾਤ ਵਿਭਾਗ ਦੀ ਜ਼ਰੂਰਤ ਸੀ। ਦੋ ਸਾਲ ਲੰਘ ਗਏ ਅਜੇ ਤੱਕ ਪ੍ਰਵਾਨਗੀ ਦੀ ਕੋਈ ਉੱਘ-ਸੁੱਘ ਨਹੀਂ। ਚਲੋ ਇਹ ਤਾਂ ਵੱਖਰੀ ਗੱਲ ਹੈ, ਪ੍ਰੰਤੂ ਪੁਲ ਦੇ ਮੂਹਰੇ ਮਿੱਟੀ ਜੰਮੀ ਹੋਈ ਹੈ, ਉਹ ਤਾਂ ਸਾਫ ਹੋ ਸਕਦੀ ਹੈ, ਉਸ ਦੀ ਵੀ ਸਫ਼ਾਈ ਨਹੀਂ ਹੋਈ, ਲੋਕਾਂ ਦਾ ਡਰ ਤਾਂ ਸਹੀ ਹੈ, ਪ੍ਰੰਤੂ ਇਹ ਵੀ ਹੋ ਸਕਦਾ ਪਿਛਲੇ ਸਾਲ ਦੀ ਤਰ੍ਹਾਂ ਇਸ ਵਾਰ ਵੀ ਹੜ੍ਹ ਨਾ ਆਉਣ, ਪਰ ਸਰਕਾਰ ਨੂੰ ਤਾਂ ਕੋਈ ਉਦਮ ਕਰਨਾ ਚਾਹੀਦਾ ਹੈ। ਇਸ ਵਾਰ ਇਹ ਪਤਾ ਲੱਗਾ ਹੈ ਕਿ ਜਲ ਸ੍ਰੋਤ ਵਿਭਾਗ ਦੇ ਅਧਿਕਾਰੀਆਂ ਵੱਲੋਂ ਨਦੀ ਦੀ ਸਫ਼ਾਈ ਲਈ ਟੈਂਡਰ ਲਗਾਉਣ ਵਿੱਚ ਦੇਰੀ ਕਰਨ ਕਰਕੇ ਜਲ ਸ੍ਰੋਤ ਵਿਭਾਗ ਨਦੀ ਦੀ ਸਫ਼ਾਈ ਐੱਨ ਡੀ ਆਰ ਐੱਫ਼ ਤੋਂ ਕਰਵਾਉਣ ਲਈ ਸੋਚ ਰਿਹਾ ਹੈ, ਜੋ ਲੋਕਾਂ ਲਈ ਸੁਖ ਦਾ ਸਾਹ ਸਾਬਤ ਹੋਵੇਗਾ। ਜਲ ਸ੍ਰੋਤ ਵਿਭਾਗ ਦੇ ਅਧਿਕਾਰੀ ਹੱਥ ਮਲਦੇ ਰਹਿ ਜਾਣਗੇ, ਕਿਉਂਕਿ ਉਨ੍ਹਾਂ ਦੇ ਗੀਜੇ ਖਾਲੀ ਰਹਿ ਜਾਣਗੇ। ਹੁਣ ਜਲ ਸ੍ਰੋਤ ਵਿਭਾਗ ਨੇ ਪਟਿਆਲਵੀਆਂ ਦਾ ਮੂੰਹ-ਮੁਲਾਹਜ਼ਾ ਰੱਖਣ ਲਈ ਪਟਿਆਲਾ ਨਦੀ ਦੀ ਥੋੜ੍ਹੀ-ਬਹੁਤੀ ਸਫ਼ਾਈ ਸ਼ੁਰੂ ਕੀਤੀ ਹੈ। ਅਜਿਹੇ ਹਾਲਾਤ ਵਿੱਚ ਗ਼ੈਰ-ਸੰਜੀਦਾ ਲੋਕ ਅਫ਼ਵਾਹਾਂ ਫ਼ੈਲਾਉਂਦੇ ਹਨ, ਪ੍ਰੰਤੂ ਲੋਕਾਂ ਨੂੰ ਅਫ਼ਵਾਹਾਂ 'ਤੇ ਵਿਸ਼ਵਾਸ਼ ਨਹੀਂ ਕਰਨਾ ਚਾਹੀਦਾ, ਸਗੋਂ ਹੌਸਲਾ ਰੱਖ ਕੇ ਚੇਤੰਨ ਰਹਿਣਾ ਚਾਹੀਦਾ ਹੈ।

# ਸੰਪਰਕ : 94178-13072

12-JULY-PAGE-5.qxd 7/11/2025 10:29 PM Page 1



# ਆਮ ਆਦਮੀ ਕਲੀਨਿਕ ਦੇ ਮੁੱਖ ਦਰਵਾਜ਼ੇ ’ਤੇ ਖੜ੍ਹਾ ਗੰਦਾ ਪਾਣੀ ਮਰੀਜ਼ਾਂ ਲਈ ਬਣਿਆ ਪ੍ਰੇਸ਼ਾਨੀ

## ਬਦਬੂ ਤੇ ਮੱਛਰ ਕਾਰਨ ਬਿਮਾਰੀਆਂ ਫੈਲਣ ਦਾ ਵੀ ਖਦਸ਼ਾ



ਬੱਸ ਅੱਡਾ ਭੀਖੀ ’ਚ ਬਣੇ ਆਮ ਆਦਮੀ ਕਲੀਨਿਕ ਦੇ ਮੁੱਖ ਦਰਵਾਜ਼ੇ ’ਤੇ ਖੜ੍ਹੇ ਗੰਦੇ ਪਾਣੀ ਦਾ ਦ੍ਰਿਸ਼।

**ਭੀਖੀ (ਧਰਮਵੀਰ ਸ਼ਰਮਾ)**-ਨਗਰ ਪੰਚਾਇਤ ਦੇ ਨਖਿੱਧ ਰਵੱਈਏ ਕਾਰਨ ਸਿਹਤ ਵਿਭਾਗ ਵੱਲੋਂ ਭੀਖੀ ਦੇ ਬੱਸ ਸਟੈਂਡ ਵਿੱਚ ਬਣਾਏ ਆਮ ਆਦਮੀ ਕਲੀਨਿਕ ਦੇ ਇੰਨੇ ਮੰਦੇ ਹਾਲ ਹਨ ਕਿ ਇਥੇ ਆਉਣ ਵਾਲੇ ਮਰੀਜ਼ਾਂ ਤੇ ਕਲੀਨਿਕ ਸਟਾਫ ਲਈ ਕਲੀਨਿਕ ਦੇ ਮੁੱਖ ਦਰਵਾਜ਼ੇ ’ਤੇ ਖੜ੍ਹਾ ਗੰਦਾ ਪਾਣੀ ਪ੍ਰੇਸ਼ਾਨੀ ਹੋਇਆ ਹੈ।ਇਸ ਗੰਦੇ ਪਾਣੀ ’ਚੋਂ ਹਰ ਸਮੇਂ ਆਉਂਦੀ ਬਦਬੂ ਤੇ ਪਣਪ ਰਿਹਾ ਮੱਛਰ ਬਿਮਾਰੀਆਂ ਨੂੰ ਸੱਦਾ ਦੇ ਰਹੇ ਹਨ।ਹਾਲਾਤ ਇਹ ਹਨ ਕਿ ਮਰੀਜ਼ਾਂ ਨੂੰ ਗਿੱਟਿਆਂ ਤੱਕ ਪਜਾਮੇ ਟੰਗ ਕੇ ਕਲੀਨਿਕ ’ਚ ਜਾਣਾ ਪੈਂਦਾ ਹੈ।ਕਲੀਨਿਕ ਸਟਾਫ ਵੱਲੋਂ ਕਈ ਵਾਰ ਇਸ ਸਬੰਧੀ ਨਗਰ ਪੰਚਾਇਤ ਤੇ ਸਿਹਤ ਵਿਭਾਗ ਦੇ ਉੱਚ ਅਧਿਕਾਰੀਆਂ ਨੂੰ ਸੂਚਨਾ ਦਿੱਤੀ ਗਈ ਹੈ, ਪ੍ਰੰਤੂ ਇਸ ਸਮੱਸਿਆ ਦੇ ਹੱਲ ਲਈ ਨਾ ਤਾਂ ਨਗਰ ਪੰਚਾਇਤ ਤੇ ਨਾ ਹੀ ਸਿਹਤ ਵਿਭਾਗ ਗੰਭੀਰ ਨਜ਼ਰ ਆ ਰਿਹਾ ਹੈ।ਇਸ ਸਬੰਧੀ ਜਦੋਂ ਆਮ ਆਦਮੀ ਕਲੀਨਿਕ ਗਏ ਤਾਂ ਉਥੇ ਮੌਜੂਦ ਫਾਰਮਾਸਿਸਟ ਅੰਕਿਤ ਕੁਮਾਰ ਨੇ ਦੱਸਿਆ ਕਿ ਕਲੀਨਿਕ ਵਿੱਚ ਹਰ ਰੋਜ਼ 100 ਤੋਂ ਵੱਧ ਵਿਅਕਤੀ ਆਪਣੇ ਇਲਾਜ ਲਈ ਆਉਂਦੇ ਹਨ ਅਤੇ ਗੰਦੇ ਪਾਣੀ ਕਾਰਨ ਆਉਣ ਵਾਲੇ ਲੋਕਾਂ ਤੇ ਕਲੀਨਿਕ ਸਟਾਫ ਨੂੰ ਵੀ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਹੈ।ਉਨ੍ਹਾਂ ਕਿਹਾ ਕਿ ਇਸ ਸਮੱਸਿਆ ਸਬੰਧੀ ਐੱਸ.ਐੱਮ.ਓ. ਖਿਆਲਾ ਤੇ ਨਗਰ ਪੰਚਾਇਤ ਦੇ ਅਧਿਕਾਰੀਆਂ ਨੂੰ ਕਈ ਵਾਰ ਸੂਚਿਤ ਕੀਤਾ ਗਿਆ ਹੈ, ਪਰ ਸਮੱਸਿਆ ਜਿਉਂ ਦੀ ਤਿਉਂ ਹੈ।ਮੁੱਖ ਦਰਵਾਜ਼ੇ ’ਤੇ ਹਰ ਸਮੇਂ ਪਾਣੀ ਖੜ੍ਹਾ ਰਹਿੰਦਾ ਹੈ।ਹੈਰਾਨੀ ਇਹ ਵੀ ਹੈ ਇੱਕ ਪਾਸੇ ਸਿਹਤ ਵਿਭਾਗ ਬਰਸਾਤੀ ਮੌਸਮ ਦੌਰਾਨ ਪਾਣੀ ਤੋਂ ਹੋਣ ਵਾਲੀਆਂ ਬਿਮਾਰੀਆਂ ਤੋਂ ਬਚਾਅ ਲਈ ਅਡਵਾਇਜ਼ਰੀ ਜਾਰੀ ਕਰ ਰਿਹਾ ਹੈ ਅਤੇ ਦੂਸਰੇ ਪਾਸੇ ਸਰਕਾਰ ਦੇ ਤਰਜੀਹੀ ਆਮ ਆਦਮੀ ਕਲੀਨਿਕ ਵਰਗੇ ਸਿਹਤ ਕੇਂਦਰ ਵਿੱਚੋਂ ਗੰਦੇ ਪਾਣੀ ਦੀ ਨਿਕਾਸੀ ਲਈ ਕੋਈ ਠੋਸ ਉਪਰਾਲੇ ਨਹੀਂ ਕਰ ਰਿਹਾ।ਉਧਰ ਜਦੋਂ ਇਸ ਸਬੰਧੀ ਨਗਰ ਪੰਚਾਇਤ ਦੇ ਕਾਰਜ ਸਾਧਕ ਅਫਸਰ ਤੇ ਭਾਗ ਅਫਸਰ ਨਾਲ ਮੋਬਾਇਲ ’ਤੇ ਗੱਲ ਕਰਨੀ ਚਾਹੀ ਤਾਂ ਉਨ੍ਹਾਂ ਨੇ ਫੋਨ ਚੁੱਕਣਾ ਮੁਨਾਸਿਬ ਨਹੀਂ ਸਮਝਿਆ।

# ਸੰਵਿਧਾਨ ’ਚੋਂ ਧਰਮ ਨਿਰਪੱਖਤਾ ਤੇ ਸਮਾਜਵਾਦ ਸ਼ਬਦ ਕੱਢਣ ਦੀ ਫਿਰਕੂ ਸਾਜ਼ਿਸ਼ ਦਾ ਤਰਕਸ਼ੀਲ ਸੁਸਾਇਟੀ ਵੱਲੋਂ ਵਿਰੋਧ

**ਬਠਿੰਡਾ (ਬਖਤੌਰ ਢਿੱਲੋਂ)**-ਤਰਕਸ਼ੀਲ ਸੁਸਾਇਟੀ ਪੰਜਾਬ ਨੇ ਬੀਤੇ ਦਿਨੀਂ ਆਰ ਐੱਸ ਐੱਸ ਦੇ ਜਨਰਲ ਸਕੱਤਰ ਦੱਤਾਤਰੇ ਹੋਸਾਬਲੇ ਵੱਲੋਂ ਭਾਰਤੀ ਸੰਵਿਧਾਨ ਦੀ ਪ੍ਰਸਤਾਵਨਾ ਵਿੱਚੋਂ ‘ਧਰਮ ਨਿਰਪੱਖਤਾ’ ਤੇ ‘ਸਮਾਜਵਾਦ’ ਸ਼ਬਦ ਬਾਹਰ ਕੱਢਣ ਦੀ ਮੰਗ ਦਾ ਸਖਤ ਵਿਰੋਧ ਕਰਦਿਆਂ ਇਸ ਨੂੰ ਭਾਜਪਾ ਸੰਘ ਦੇ ਹਿੰਦੂ ਰਾਸ਼ਟਰ ਦੇ ਏਜੰਡੇ ਹੇਠ ਦੇਸ਼ ਵਿਰੋਧੀ ਸਾਜ਼ਿਸ਼ ਕਰਾਰ ਦਿੱਤਾ ਹੈ ਅਤੇ ਸਮੂਹ ਲੋਕ ਪੱਖੀ ਤੇ ਜਮਹੂਰੀ ਤਾਕਤਾਂ ਨੂੰ ਮਨੂੰ ਸਿਮਰਤੀ ਅਧਾਰਤ ਇਸ ਫਿਰਕੂ ਰਾਜਨੀਤੀ ਦਾ ਡੱਟਵਾਂ ਵਿਰੋਧ ਕਰਨ ਦੀ ਜ਼ੋਰਦਾਰ ਅਪੀਲ ਕੀਤੀ ਹੈ।

ਇਸ ਸਬੰਧੀ ਸੁਸਾਇਟੀ ਦੇ ਜ਼ੋਨ ਬਠਿੰਡਾ ਦਫਤਰ ਤੋਂ ਪ੍ਰੈੱਸ ਬਿਆਨ ਜਾਰੀ ਕਰਦਿਆਂ ਸੁਸਾਇਟੀ ਦੇ ਜ਼ੋਨ ਕਮੇਟੀ ਆਗੂਆਂ ਜਥੇਬੰਦਕ ਮੁਖੀ ਬਲਰਾਜ ਮੌੜ, ਵਿੱਤ ਵਿਭਾਗ ਮੁਖੀ ਮਾਗਿਆਨ ਸਿੰਘ, ਡਾ. ਚੰਨਣ ਵਾਂਦਰ, ਮਾਸਟਰ ਅਜਾਇਬ ਸਿੰਘ ਜਲਾਲਾਣਾ ਤੇ ਮੀਡੀਆ ਵਿਭਾਗ ਮੁਖੀ ਰਾਮ ਸਿੰਘ ਨਿਰਮਾਣ, ਇਕਾਈ ਬਠਿੰਡਾ ਦੇ ਆਗੂ ਹਾਕਮ ਸਿੰਘ, ਰਣਧੀਰ ਗਿੱਲਪੱਤੀ ਤੇ ਕੁਲਵੰਤ ਸਿੰਘ ਨੇ ਕਿਹਾ ਕਿ ਭਾਰਤੀ ਸੰਵਿਧਾਨ ਅਨੁਸਾਰ ਭਾਰਤ ਇੱਕ ਧਰਮ ਨਿਰਪੱਖ ਦੇਸ਼ ਹੈ, ਜਿਸ ਵਿੱਚ ਵੱਖ ਵੱਖ ਧਰਮਾਂ, ਫਿਰਕਿਆਂ, ਜਾਤਾਂ ਦੇ ਲੋਕਾਂ ਨੂੰ ਸਮਾਜਵਾਦੀ ਵਿਵਸਥਾ ਤਹਿਤ ਬਿਨਾਂ ਕਿਸੇ ਵਿਤਕਰੇ ਦੇ ਆਜ਼ਾਦੀ, ਬਰਾਬਰੀ, ਨਿਆਂ, ਵਿਕਾਸ, ਸੁਰੱਖਿਆ, ਸਨਮਾਨ ਤੇ ਜਮਹੂਰੀ ਹੱਕਾਂ ਦੇ ਬਰਾਬਰੀ ਦੇ ਅਧਿਕਾਰ ਹਾਸਲ ਹਨ ਤੇ ਸਟੇਟ ਨੂੰ ਕਿਸੇ ਵੀ ਵਿਸ਼ੇਸ਼ ਧਰਮ ਦੇ ਹੱਕ ਵਿੱਚ ਉਲਾਰ ਹੋਣ ਦੀ ਇਜਾਜ਼ਤ ਨਹੀਂ ਹੈ।

ਮੋਦੀ ਹਕੂਮਤ ਹਿੰਦੂ ਰਾਸ਼ਟਰ ਦੇ ਏਜੰਡੇ ਹੇਠ ਨਾ ਸਿਰਫ ਹਿੰਦੂ ਧਰਮ ਤੇ ਉਸ ਦੇ ਧਾਰਮਿਕ ਸਥਾਨਾਂ ਦੇ ਵਿਕਾਸ ਲਈ ਕਰੋੜਾਂ ਰੁਪਏ ਸਾਲਾਨਾ ਖਰਚ ਕਰਕੇ ਸੰਵਿਧਾਨ ਦੀਆਂ ਧੱਜੀਆਂ ਉਡਾ ਰਹੀ ਹੈ, ਬਲਕਿ ਭਾਰਤੀ ਸੰਵਿਧਾਨ ’ਚੋਂ ਧਰਮ ਨਿਰਪੱਖ ਤੇ ਸਮਾਜਵਾਦ ਸ਼ਬਦ ਕੱਢ ਕੇ ਦੇਸ਼ ਨੂੰ ਹਿੰਦੂ ਰਾਸ਼ਟਰ ਐਲਾਨਣਾ ਚਾਹੁੰਦੀ ਹੈ।

ਉਨ੍ਹਾਂ ਦੋਸ਼ ਲਾਇਆ ਕਿ ਜਿਸ ਆਰ ਐੱਸ ਐੱਸ ਨੇ ਆਪਣੇ ਹਿੰਦੂਤਵ ਦੇ ਫਿਰਕੂ ਏਜੰਡੇ ਹੇਠ ਹਿੰਦੋਸਤਾਨ ਦੇ ਆਜ਼ਾਦੀ ਸੰਗਰਾਮ ਦੌਰਾਨ ਬਰਤਾਨਵੀਂ ਸਾਮਰਾਜ ਦੇ ਹੱਕ ਵਿੱਚ ਭੁਗਤਣ ਦੀ ਦੇਸ਼ ਵਿਰੋਧੀ ਫਿਰਕੂ ਰਾਜਨੀਤੀ ਕੀਤੀ ਹੋਵੇ ਤੇ ਹਿੰਦੂਤਵੀ ਆਗੂ ਸਾਵਰਕਰ ਵਰਗਿਆਂ ਨੇ ਆਪਣੀਆਂ ਸਜ਼ਾਵਾਂ ਮਾਫ ਕਰਵਾਉਣ ਲਈ ਅੰਗਰੇਜ਼ ਹਕੂਮਤ ਤੋਂ ਲਿਖਤੀ ਮਾਫ਼ੀਆਂ ਮੰਗੀਆਂ ਹੋਣ, ਓਹੀ ਆਰ ਐੱਸ ਐੱਸ ਹੁਣ ਸੰਵਿਧਾਨ ’ਚੋਂ ਬਰਾਬਰੀ, ਬਹੁਲਤਾ ਤੇ ਸਮਾਜਿਕ ਨਿਆਂ ਖਤਮ ਕਰਕੇ ਮਨੂੰ ਸਿਮਰਤੀ ਅਧਾਰਤ ਲੋਕ ਵਿਰੋਧੀ ਹਿੰਦੂ ਰਾਸ਼ਟਰ ਕਾਇਮ ਕਰਨਾ ਚਾਹੁੰਦੀ ਹੈ, ਜਿਸ ਨੂੰ ਦੇਸ਼ ਦੀਆਂ ਅਗਾਂਹਵਧੂ ਤੇ ਧਰਮ ਨਿਰਪੱਖ ਜਮਹੂਰੀ ਤਾਕਤਾਂ ਵੱਲੋਂ ਕਿਸੇ ਵੀ ਕੀਮਤ ’ਤੇ ਲਾਗੂ ਨਹੀਂ ਹੋਣ ਦਿੱਤਾ ਜਾਵੇਗਾ।

# ਮਨਰੇਗਾ ਵਰਕਜ਼ ਯੂਨੀਅਨ ਪੰਜਾਬ ਵੱਲੋਂ ਹੱਕਾਂ ਲਈ ਤਿੱਖੇ ਘੋਲਾਂ ਦਾ ਐਲਾਨ

**ਬਠਿੰਡਾ (ਪਰਵਿੰਦਰ ਜੀਤ ਸਿੰਘ)**

ਟੀਚਰਜ਼ ਹੋਮ ਬਠਿੰਡਾ ਦੇ ਸ਼ਹੀਦ-ਇ-ਆਜ਼ਮ ਭਗਤ ਸਿੰਘ ਹਾਲ ਵਿਖੇ ਮਨਰੇਗਾ ਵਰਕਰਜ਼ ਯੂਨੀਅਨ ਪੰਜਾਬ ਵੱਲੋਂ ਦੱਖਣੀ ਮਾਲਵਾ ਖਿੱਤੇ ਦੇ ਜ਼ਿਲ੍ਹਿਆਂ ਦੀ ਭਰਵੀਂ ਪ੍ਰਤੀਨਿਧ ਕਨਵੈਨਸ਼ਨ ਸੱਦੀ ਗਈ।ਪ੍ਰਧਾਨਗੀ ਗੁਰਮੀਤ ਸਿੰਘ ਬਠਿੰਡਾ, ਜੱਗਾ ਸਿੰਘ ਫਾਜ਼ਿਲਕਾ, ਜਸਵਿੰਦਰ ਸਿੰਘ ਵੱਟੂ ਸ਼੍ਰੀ ਮੁਕਤਸਰ ਸਾਹਿਬ, ਬਲਕਾਰ ਸਿੰਘ ਅੌਲਖ ਫਰੀਦਕੋਟ, ਆਤਮਾ ਰਾਮ ਮਾਨਸਾ ਨੇ ਕੀਤੀ।ਮੁੱਖ ਮਤਾ ਸਾਥੀ ਲਾਲ ਚੰਦ ਸਰਦੂਲਗੜ੍ਹ ਨੇ ਪੇਸ਼ ਕੀਤਾ।ਮੰਚ ਸੰਚਾਲਕ ਦੇ ਫਰਜ਼ ਪ੍ਰਕਾਸ਼ ਸਿੰਘ ਨੰਦਗੜ੍ਹ ਨੇ ਨਿਭਾਏ।ਮੁੱਖ ਬੁਲਾਰਿਆਂ ਸੀਟੀਯੂ ਪੰਜਾਬ ਦੇ ਮੀਤ ਪ੍ਰਧਾਨ ਸਾਥੀ ਮੰਗਤ ਰਾਮ ਪਾਸਲਾ ਤੇ ਮਨਰੇਗਾ ਵਰਕਰਜ਼ ਯੂਨੀਅਨ ਪੰਜਾਬ ਦੇ ਸੂਬਾਈ ਕਨਵੀਨਰ ਸਾਥੀ ਦੀਪਕ ਠਾਕੁਰ ਨੇ ਕਿਰਤੀਆਂ ਨੂੰ ਕੇਂਦਰ ਦੀ ਮੋਦੀ ਸਰਕਾਰ ਦੀਆਂ ਲੋਕ ਮਾਰੂ, ਦੇਸ਼ ਵਿਰੋਧੀ ਨਵ-ਉਦਾਰਵਾਦੀ ਨੀਤੀਆਂ ਖਿਲਾਫ ਫੈਸਲਾਕੁੰਨ ਘੋਲ ਵਿੱਢਣ ਤੇ ਭਾਜਪਾ ਦੇ ਵਿਚਾਰਧਾਰਕ ਆਕਾ ਆਰ.ਐੱਸ.ਐੱਸ. ਦੇ ਫਿਰਕੂ-ਫਾਸ਼ੀ ਹੱਲਿਆਂ ’ਤੇ ਵੰਡਵਾਦੀ ਕੁਚਾਲਾਂ ਨੂੰ ਭਾਂਜ ਦੇਣ ਦਾ ਸੱਦਾ ਦਿੱਤਾ।

ਉਨ੍ਹਾਂ ਸੂਬੇ ਦੀ ਕਨੂੰਨ-ਪ੍ਰਬੰਧ ਦੀ ਚਿੰਤਾਜਨਕ ਅਵਸਥਾ, ਸਰਕਾਰੀ ਦਾਅਵਿਆਂ ਦੇ ਉਲਟ ਨਸ਼ੇ ਨਾਲ ਮੌਤਾਂ, ਅਪਰਾਧਾਂ ਤੇ ਮਾਫੀਆ ਲੁੱਟ ਦੇ ਬੇਰੋਕ ਵਾਧੇ ਤੇ ਪੁਲਸ ਮੁਕਾਬਲਿਆਂ ਰਾਹੀਂ ਕੀਤੇ ਜਾ ਰਹੇ ਗੈਰ-ਸੰਵਿਧਾਨਕ ਕਤਲਾਂ ਲਈ ਜ਼ਿੰਮੇਵਾਰ ਭਗਵੰਤ ਸਿੰਘ ਮਾਨ ਸਰਕਾਰ ਵਿਰੁੱਧ ਵੀ ਜ਼ੋਰਦਾਰ ਆਵਾਜ਼ ਬੁਲੰਦ ਕਰਨ ਦੀ ਅਪੀਲ ਕੀਤੀ ਹੈ।ਧਰਮਿੰਦਰ ਸਿੰਘ (ਜਨਰਲ ਸਕੱਤਰ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਪੰਜਾਬ), ਰਵਿੰਦਰ ਸਿੰਘ ਰਵੀ (ਕੋ-ਕਨਵੀਨਰ ਪੰਜਾਬ ਸਟੂਡੈਂਟਸ ਫੈਡਰੇਸ਼ਨ), ਵਰਿੰਦਰ ਸਿੰਘ (ਸਰਪ੍ਰਸਤ ਮਨਰੇਗਾ ਕਰਮਚਾਰੀ ਯੂਨੀਅਨ ਪੰਜਾਬ), ਮਹੀਪਾਲ ਤੇ ਗੁਰਤੇਜ ਸਿੰਘ ਹਰੀ ਨੌਂ (ਸੂਬਾਈ ਆਗੂ ਦਿਹਾਤੀ ਮਜ਼ਦੂਰ ਸਭਾ ਪੰਜਾਬ) ਨੇ ਵੀ ਵਿਚਾਰ ਰੱਖੇ।ਆਗੂਆਂ ਨੇ ਕੇਂਦਰ ਦੀ ਮੋਦੀ ਸਰਕਾਰ ਦੀਆਂ ਮਨਰੇਗਾ ਦੇ ਖਾਤਮੇ ਦੀਆਂ ਸਾਜ਼ਿਸ਼ਾਂ ਤੇ ਸੂਬੇ ਦੀ ਮਾਨ ਸਰਕਾਰ ਦੀ ਮਨਰੇਗਾ ਕਿਰਤੀਆਂ ਪ੍ਰਤੀ ਮੁਜਰਮਾਨਾ ਬੇਰੁਖੀ ਖਿਲਾਫ ਤਿੱਖਾ ਤੇ ਬੱਝਵਾਂ ਘੋਲ ਵਿੱਢਣ ਦਾ ਐਲਾਨ ਕੀਤਾ ਹੈ।ਉਨ੍ਹਾਂ ਦੋਸ਼ ਲਾਇਆ ਕਿ ਇਸ ਕਾਨੂੰਨ ਤਹਿਤ ਸੂਚੀਬੱਧ ਪੇਂਡੂ ਕਿਰਤੀ ਪਰਵਾਰਾਂ ਨੂੰ ਸਾਲ ’ਚ 100 ਦਿਨ ਦਾ ਰੁਜ਼ਗਾਰ ਤੇ ਨਾ ਹੀ ਤੈਅਸ਼ੁਦਾ ਮਿਹਨਤਾਨਾ ਅਦਾ ਕੀਤਾ ਜਾ ਰਿਹਾ ਹੈ। ਕਿਰਤੀ ਬੇਰੁਜ਼ਗਾਰੀ ਭੱਤੇ ਤੇ ਕੰਮ ਦੇ ਸੰਦਾਂ ਤੋਂ ਵਿਰਵੇ ਰੱਖੇ ਜਾ ਰਹੇ ਹਨ।ਜ਼ਖ਼ਮੀ ਹੋਣ ਜਾਂ ਮੌਤ ਹੋ ਜਾਣ ਦੀ ਸੂਰਤ ’ਚ ਮੁਆਵਜ਼ਾ ਵੀ ਨਹੀਂ ਦਿੱਤਾ ਜਾ ਰਿਹਾ।ਕੇਂਦਰੀ ਸਰਕਾਰ ਹਰ ਬਜਟ ਵਿੱਚ ਮਨਰੇਗਾ ਫੰਡ ਘਟਾਉਂਦੀ ਜਾ ਰਹੀ ਹੈ।ਉਨ੍ਹਾਂ ਮਨਰੇਗਾ ਕਾਨੂੰਨ ਨੂੰ ਅੱਖਰ-ਅੱਖਰ ਲਾਗੂ ਕਰਵਾਉਣ ਤੇ ਕੁਰੱਪਸ਼ਨ ਤੇ ਨਾਜਾਇਜ ਦਖ਼ਲ ਦੇ ਖਾਤਮੇ ਲਈ ਪਿੰਡ-ਪਿੰਡ ਮਜ਼ਬੂਤ ਜਥੇਬੰਦੀ ਉਸਾਰਨ ਦਾ ਸੱਦਾ ਦਿੱਤਾ।ਇਸ ਮੌਕੇ ਸਰਵਸੰਮਤੀ ਨਾਲ ਪਾਸ ਕੀਤੇ ਇਕ ਮਤੇ ਰਾਹੀਂ ਪੇਂਡੂ ਕਿਰਤੀ ਪਰਵਾਰਾਂ ਦੇ ਸਾਰੇ ਬਾਲਗ ਜੀਆਂ ਨੂੰ 700 ਰੁਪਏ ਦੀ ਦਿਹਾੜੀ ਸਹਿਤ ਸਾਰਾ ਸਾਲ ਕੰਮ ਦੇਣ ਦੀ ਮੰਗ ਕੀਤੀ ਗਈ।



## ਕਾਤਰਾਂ

### 2 ਪੇਟੀਆਂ ਨਾਜਾਇਜ਼ ਸ਼ਰਾਬ ਸਮੇਤ 5 ਕਾਬੂ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਪੁਲਸ ਵੱਲੋਂ 2 ਨਾਜਾਇਜ਼ ਸ਼ਰਾਬ ਦੀਆਂ ਪੇਟੀਆਂ ਸਮੇਤ 5 ਵਿਅਕਤੀਆਂ ਕੁਨਾਲ ਰਾਣਾ, ਸ਼ਿਵਮ ਰਾਣਾ ਵਾਸੀਆਨ ਜੋਧਵਾਲ ਹਾਲ ਵਾਸੀ ਪ੍ਰੇਮ ਨਗਰ ਮਾਛੀਵਾੜਾ, ਸੌਰਵ ਵਾਸੀ ਇਰਾਕ ਤੇ ਜਸਪ੍ਰੀਤ ਸਿੰਘ ਉਰਫ਼ ਲਾਡੀ ਤੇ ਅੰਮ੍ਰਿਤਪਾਲ ਸਿੰਘ ਉਰਫ਼ ਅੰਮ੍ਰਿਤ ਨੂੰ ਕਾਬੂ ਕੀਤਾ ਹੈ। ਥਾਣਾ ਮੁਖੀ ਇੰਸਪੈਕਟਰ ਹਰਵਿੰਦਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਹਾਇਕ ਥਾਣੇਦਾਰ ਕਰਨੈਲ ਸਿੰਘ ਪੁਲਸ ਪਾਰਟੀ ਸਮੇਤ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਸਬੰਧੀ ਪੁਲ ਨਹਿਰ ਗੜ੍ਹੀ ਤਰਖਾਣਾ ਵਿਖੇ ਮੌਜੂਦ ਸੀ ਤਾਂ ਇੱਕ ਚਿੱਟੇ ਰੰਗ ਦੀ ਲੈਂਸਰ ਕਾਰ ਚਮਕੌਰ ਸਾਹਿਬ ਸਾਈਡ ਤੋਂ ਆਈ ਜੋ ਸੜਕ ’ਤੇ ਹੰਪ ਹੋਣ ਕਾਰਨ ਹੌਲੀ ਹੋ ਗਈ। ਇਸ ਕਾਰ ਵਿੱਚ 5 ਸ਼ੱਕੀ ਵਿਅਕਤੀ ਬੈਠੇ ਸਨ, ਜਿਨ੍ਹਾਂ ਨੂੰ ਪੁਲਸ ਵੱਲੋਂ ਰੋਕਣ ਦਾ ਇਸ਼ਾਰਾ ਕੀਤ, ਪਰ ਉਹ ਕਾਰ ਭਜਾਉਣ ਲੱਗੇ। ਬੈਰੀਗੇਟ ਦੀ ਮਦਦ ਨਾਲ ਕਾਰ ਨੂੰ ਰੋਕ ਕੇ ਉਕਤ 5 ਵਿਅਕਤੀਆਂ ਨੂੰ ਉਤਾਰ ਕੇ ਕਾਰ ਦੀ ਤਲਾਸ਼ੀ ਦੌਰਾਨ 2 ਪੇਟੀਆਂ ਨਾਜਾਇਜ਼ ਸ਼ਰਾਬ (ਚੰਡੀਗੜ੍ਹ ਵਿਕਣਯੋਗ) ਬਰਾਮਦ ਹੋਈਆਂ। ਉਕਤ ਵਿਅਕਤੀ ਕੋਈ ਲਾਇਸੰਸ ਜਾਂ ਪਰਮਿਟ ਪੇਸ਼ ਨਹੀਂ ਕਰ ਸਕੇ। ਪੁਲਸ ਨੇ ਉਕਤ ਕਥਿਤ ਦੋਸ਼ੀਆਂ ਖਿਲਾਫ਼ ਐਕਸਾਇਜ਼ ਐਕਟ ਤਹਿਤ ਮਾਮਲਾ ਦਰਜ ਕਰ ਲਿਆ ਹੈ।

### ਆਯੂਰਵੈਦਿਕ ਤੇ ਯੂਨਾਨੀ ਵਿਭਾਗ ਵੱਲੋਂ ਲਾਏ ਜਾਣਗੇ ਆਯੂਸ਼ ਕੈਂਪ

**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਜ਼ਿਲ੍ਹਾ ਆਯੁਰਵੈਦਿਕ ਤੇ ਯੂਨਾਨੀ ਅਫ਼ਸਰ ਡਾ. ਨਵਪ੍ਰੀਤ ਕੌਰ ਨੇ ਦੱਸਿਆ ਕਿ ਡਾਇਰੈਕਟਰ ਆਯੁਰਵੈਦਾ ਪੰਜਾਬ ਦੀਆਂ ਹਦਾਇਤਾਂ ਤੇ ਆਮ ਲੋਕਾਂ ਨੂੰ ਬਿਮਾਰੀਆਂ ਦੀ ਰੋਕਥਾਮ ਲਈ ਜਾਗਰੂਕਤਾ ਤੇ ਇਲਾਜ ਸਬੰਧੀ ਜ਼ਿਲ੍ਹੇ ਵਿੱਚ ਵੱਖ-ਵੱਖ ਥਾਂਵਾਂ ’ਤੇ ਆਯੂਸ਼ ਕੈਂਪਾਂ ਦਾ ਆਯੋਜਨ ਕੀਤਾ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ’ਚ 14 ਜੁਲਾਈ ਨੂੰ ਪਿੰਡ ਪੱਕਾ ਕਲਾਂ ਵਿਖੇ 17 ਜੁਲਾਈ ਨੂੰ ਪਿੰਡ ਸਾਦਿਕ ਵਿਖੇ, 21 ਜੁਲਾਈ ਨੂੰ ਪਿੰਡ ਸੰਧਵਾਂ ਵਿਖੇ, 23 ਜੁਲਾਈ ਨੂੰ ਪਿੰਡ ਪੰਜਗਰਾਈਂ ਕਲਾਂ, 25 ਜੁਲਾਈ ਨੂੰ ਅੰਬੇਦਕਰ ਨਗਰ ਫ਼ਰੀਦਕੋਟ ਵਿਖੇ ਆਯੂਸ਼ ਕੈਂਪਾਂ ਦਾ ਆਯੋਜਨ ਕੀਤਾ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਇਨ੍ਹਾਂ ਕੈਂਪਾਂ ਦੌਰਾਨ ਆਮ ਲੋਕਾਂ ਨੂੰ ਬਿਮਾਰੀਆਂ ਦੀ ਰੋਕਥਾਮ ਲਈ ਜਾਗਰੂਕ ਕੀਤਾ ਜਾਵੇਗਾ ਤੇ ਉਨ੍ਹਾਂ ਦੇ ਇਲਾਜ ਸਬੰਧੀ ਵੀ ਉਨ੍ਹਾਂ ਨੂੰ ਜਾਣਕਾਰੀ ਦਿੱਤੀ ਜਾਵੇਗੀ।

### ਨੈਸ਼ਨਲ ਐਵਾਰਡ ਲਈ ਹੋ ਸਕਦਾ ਆਨਲਾਈਨ ਅਪਲਾਈ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**-ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫਸਰ ਨੇ ਦੱਸਿਆ ਕਿ ਦਿਵਿਆਂਗਜਨ ਵਿਅਕਤੀਆਂ ਲਈ ਨੈਸ਼ਨਲ ਐਵਾਰਡ ਦੀਆਂ ਅਰਜ਼ੀਆਂ ਸਬੰਧੀ ਗਾਈਡਲਾਈਨਜ਼ ਤੇ ਪ੍ਰੋਫਾਰਮਾ ਵੈੱਬਸਾਈਟ ’ਤੇ ਉਪਲਬਧ ਹੈ।ਇਸ ਲਈ ਯੋਗ ਉਮੀਦਵਾਰ ਸਿੱਧੇ ਤੌਰ ’ਤੇ ਆਨਲਾਈਨ ਅਪਲਾਈ ਕਰ ਸਕਦੇ ਹਨ। ਵਧੇਰੇ ਜਾਣਕਾਰੀ ਲਈ ਡੀਸੀ. ਕੰਪਲੈਕਸ ਕਮਰਾ ਨੰ. 202 ਪਹਿਲੀ ਮੰਜ਼ਿਲ ਸੀ.ਬਲਾਕ ਵਿਖੇ ਸੰਪਰਕ ਕੀਤਾ ਜਾ ਸਕਦਾ ਹੈ।ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਦਿਵਿਆਂਗਜਨ ਵਿਅਕਤੀਆਂ ਦੀ ਹੌਸਲਾ ਅਫ਼ਜ਼ਾਈ, ਹੋਰ ਆਤਮ ਨਿਰਭਰ ਬਣਾਉਣ ਤੇ ਕਿਸੇ ਨਾਲੋਂ ਵੀ ਘੱਟ ਨਾ ਸਮਝਣ ਪ੍ਰਤੀ ਉਪਰਾਲੇ ਕੀਤੇ ਜਾਂਦੇ ਹਨ।ਉਨ੍ਹਾਂ ਕਿਹਾ ਕਿ ਗਾਈਡਲਾਈਨਜ਼ ਦੀ ਪਾਲਣਾ ਕਰਦਿਆਂ ਵੱਧ ਤੋਂ ਵੱਧ ਦਿਵਿਆਂਗਜਨ ਵਿਅਕਤੀ ਇਸ ਨੈਸ਼ਨਲ ਵਾਰਡ ਲਈ ਅਪਲਾਈ ਕਰਨ ਤੇ ਐਵਾਰਡ ਹਾਸਲ ਕਰਕੇ ਆਪਣਾ, ਆਪਣੇ ਪਰਵਾਰ ਤੇ ਆਪਣੇ ਸੂਬੇ ਦਾ ਨਾਂਅ ਰੌਸ਼ਨ ਕਰਨ।

# ਸੜਕ ਹਾਦਸੇ ’ਚ ਪਤੀ ਪਤਨੀ ਦੀ ਮੌਤ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)** : ਸ਼ਹਿਰ ਦੇ ਜਾਖਲ ਰੋਡ ਹਾਮਝੇੜੀ ਬਾਈਪਾਸ ਉੱਤੇ ਵਾਪਰੇ ਇੱਕ ਸੜਕ ਹਾਦਸੇ ਵਿੱਚ ਮੋਟਰਸਾਈਕਲ ਸਵਾਰ ਪਤੀ-ਪਤਨੀ ਦੀ ਮੌਕੇ ’ਤੇ ਮੌਤ ਹੋ ਗਈ, ਜਦੋਂ ਕਿ ਇੱਕ ਹੋਰ ਔਰਤ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਈ।ਇਸ ਹਾਦਸੇ ਵਿੱਚ ਇੱਕ ਛੋਟੀ ਬੱਚੀ ਦੇ ਮਾਮੂਲੀ ਸੱਟਾਂ ਲੱਗੀਆਂ।ਜ਼ਖਮੀਆਂ ਨੂੰ ਤਰੁੰਤ ਸ਼ਹਿਰ ਦੇ ਸ੍ਰੀ ਦੁਰਗਾ ਦਲ ਸੇਵਾ ਸੰਮਤੀ ਚੈਰੀਟੇਬਲ ਹਸਪਤਾਲ ਵਿੱਚ ਭਰਤੀ ਕਰਵਾਇਆ ਗਿਆ।ਮੌਕੇ ਉੱਤੇ ਪਹੁੰਚੀ ਪੁਲਸ ਨੇ ਲਾਸ਼ਾਂ ਨੂੰ ਕਬਜ਼ੇ ਵਿੱਚ ਲੈ ਕੇ ਸਿਵਲ ਹਸਪਤਾਲ ਸਮਾਣਾ ਵਿੱਚ ਪੋਸਟਮਾਰਟਮ ਕਰਵਾਉਣ ਉਪਰੰਤ ਲਾਸ਼ਾਂ ਵਾਰਸਾਂ ਦੇ ਹਵਾਲੇ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।ਜਾਣਕਾਰੀ ਅਨੁਸਾਰ ਹਰਿਆਣਾ ਦੇ ਜ਼ਿਲ੍ਹ ਫਤਿਹਾਬਾਦ ਦੇ ਪਿੰਡ ਜਾਲਕੀਆਂ ਦਾ ਰਹਿਣ ਵਾਲਾ ਪ੍ਰੀਤਮ ਸਿੰਘ ਆਪਣੀ ਪਤਨੀ ਅਮਰਜੋਤ ਕੌਰ ਤੇ ਸਾਲੀ ਅਮਨਪ੍ਰੀਤ ਕੌਰ ਅਤੇ ਆਪਣੀ ਬੱਚੀ ਸਮੇਤ ਜ਼ਿਲ੍ਹਾ ਸੰਗਰੂਰ ਦੇ ਦਿੜ੍ਹਬਾ ਨੇੜਲੇ ਪਿੰਡ ਗੁੱਜਰਾਂ ਤੋਂ ਇੱਕੋ ਮੋਟਰਸਾਈਕਲ ’ਤੇ ਸਵਾਰ ਹੋ ਕੇ ਆਪਣੇ ਪਿੰਡ ਜਾ ਰਹੇ ਸੀ ਕਿ ਪਾਤੜਾਂ ਬਾਈਪਾਸ ਚੌਂਕ ਵਿੱਚ ਮੋੜ ਮੁੜਦੇ ਸਮੇਂ ਸਾਹਮਣੇ ਤੋਂ ਆ ਰਹੀ ਪੀਆਰਟੀਸੀ ਦੀ ਬੱਸ ਨਾਲ ਟੱਕਰ ਹੋ ਗਈ।ਹਾਦਸਾ ਇੰਨਾ ਭਿਆਨਕ ਸੀ ਕਿ ਦੋਨੋਂ ਪਤੀ-ਪਤਨੀ ਦੀ ਮੌਕੇ ਉੱਤੇ ਹੀ ਮੌਤ ਹੋ ਗਈ, ਜਦਕਿ ਉਸ ਦੀ ਸਾਲੀ ਅਮਨਪ੍ਰੀਤ ਕੌਰ ਤੇ ਛੇ ਮਹੀਨੇ ਦੀ ਬੱਚੀ ਜ਼ਖਮੀ ਹੋ ਗਏ, ਜਿਨ੍ਹਾਂ ਦੀ ਹਾਲਤ ਖਤਰੇ ਤੋਂ ਬਾਹਰ ਦੱਸੀ ਜਾਂਦੀ ਹੈ।



# ਕੇਜਰੀਵਾਲ ਨੂੰ ਪੰਜਾਬ ਦੀਆਂ ਜ਼ਮੀਨਾਂ ਧੱਕੇ ਨਾਲ ਹਥਿਆਉਣ ਨਹੀਂ ਦੇਵਾਂਗੇ : ਸੁਖਬੀਰ ਬਾਦਲ

## 15 ਨੂੰ ਲੁਧਿਆਣਾ ਵਿਖੇ ਦਿੱਤਾ ਜਾਵੇਗਾ ਵਿਸ਼ਾਲ ਰੋਸ ਧਰਨਾ

**ਮੋਗਾ (ਇਕਬਾਲ ਸਿੰਘ ਖਹਿਰਾ)**-ਸ਼੍ਰੋਮਣੀ ਅਕਾਲੀ ਦਲ ਹਲਕਾ ਮੋਗਾ ਦੇ ਇੰਚਾਰਜ ਸੰਜੀਤ ਸਿੰਘ ਸੰਨੀ ਗਿੱਲ ਦੀ ਅਗਵਾਈ ਹੇਠ ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਤੇ ਵਰਕਰਾਂ ਦੀ ਮੀਟਿੰਗ ਹੋਈ, ਜਿਸ ਦੌਰਾਨ ਉਚੇਚੇ ਤੌਰ ’ਤੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਇਸ ਮੀਟਿੰਗ ਵਿੱਚ ਸ਼ਿਰਕਤ ਕੀਤੀ ਗਈ।ਇਸ ਮੌਕੇ ਸੰਬੋਧਨ ਕਰਦਿਆਂ ਸ. ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੰਜਾਬ ਦੀ ਖੇਤਰੀ ਪਾਰਟੀ ਤੇ ਤੁਹਾਡੀ ਆਪਣੀ ਪਾਰਟੀ ਹੈ।ਇਸ ਨੂੰ ਮਜ਼ਬੂਤ ਕਰਨਾ ਬਹੁਤ ਜ਼ਰੂਰੀ ਹੈ, ਅਸੀਂ ਇੱਕਜੁੱਟ ਹੋ ਕੇ ਇਸ ਪਾਰਟੀ ਨੂੰ ਮਜ਼ਬੂਤ ਕਰ ਸਕਦੇ ਹਾਂ, ਜੇਕਰ ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਦੀ ਹੈ ਤਾਂ ਉਹ ਸਰਕਾਰ ਤੁਹਾਡੀ ਆਪਣੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਬਦਲਾਅ ਦੇ ਨਾਂ ਤੇ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਚੁਣਿਆ ਸੀ, ਪਰ ਅੱਜ ਪੰਜਾਬ ਦੀ ਪ੍ਰਿਸਥਿਤੀ ਇਹ ਹੈ ਕਿ ਅੱਜ ਦਿਨ ਦਿਹਾੜੇ ਕਤਲੋਗਾਰਦ ਫਰੌਤੀਆਂ ਤੇ ਨਸ਼ਾ ਸਰੇਆਮ ਵਿਕ ਰਿਹਾ ਹੈ ਤੇ ਪੰਜਾਬ ਚੋਂ ਅਮਨ ਕਾਨੂੰਨ ਦੀ ਸਥਿਤੀ ਬਦ ਤੋਂ ਬਦਤਰ ਹੁੰਦੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਦਿੱਲੀ ਦੇ ਨਕਾਰੇ ਕੇਜਰੀਵਾਲ ਤੇ ਉਸ ਦੇ ਸਾਥੀ ਹੁਣ ਪੰਜਾਬ ਨੂੰ ਲੁੱਟਣ ਲਈ ਪੰਜਾਬ ਵਿੱਚ ਆ ਬੈਠੇ ਹਨ, ਜੋ ਅਤਿਅੰਤ ਮੰਦ ਭਾਗਾ ਹੈ। ਉਨ੍ਹਾਂ ਕਿਹਾ ਕਿ ਦਿੱਲੀ ਦੇ ਵੱਡੇ ਵਪਾਰੀਆਂ ਨਾਲ ਪੰਜਾਬ ਦੀਆਂ ਜ਼ਮੀਨਾਂ ਦਾ ਸੌਦਾ ਕੀਤਾ ਹੈ, ਜਿਸ ਦੇ ਚਲਦਿਆਂ ਉਹ ਧੱਕੇ ਨਾਲ ਪੰਜਾਬ ਦੀਆਂ ਉਪਜਾਊ ਜ਼ਮੀਨਾਂ ’ਤੇ ਕਾਬਜ਼ ਹੋਣਾ ਚਾਹੁੰਦੇ ਹਨ, ਜਿਸ ਨੂੰ ਕਿਸੇ ਵੀ ਕੀਮਤ ’ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਇਸ ਵਰਤਾਰੇ ਖਿਲਾਫ 15 ਜੁਲਾਈ ਨੂੰ ਲੁਧਿਆਣਾ ਵਿਖੇ ਵਿਸ਼ਾਲ ਰੋਸ ਧਰਨਾ ਦਿੱਤਾ ਜਾਵੇਗਾ। ਜਿਸ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਆਗੂ ਤੇ ਵਰਕਰ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੇ।ਇਸ ਮੌਕੇ ਸ. ਸੁਖਬੀਰ ਸਿੰਘ ਬਾਦਲ ਵੱਲੋਂ ਸ਼੍ਰੋਮਣੀ ਅਕਾਲੀ ਦਲ ਵੱਲੋਂ ਨਵੇਂ ਐਲਾਨੇ ਜਥੇਬੰਧਕ ਢਾਂਚੇ ਵਿਚ ਜ਼ਿਲ੍ਹਾ ਮੋਗਾ ਨਾਲ ਸਬੰਧਤ ਅਕਾਲੀ ਆਗੂਆਂ ਨੂੰ ਜਥੇਦਾਰ ਤੀਰਥ ਸਿੰਘ ਮਾਹਲਾ ਨੂੰ ਕੋਰ ਕਮੇਟੀ ਮੈਂਬਰ, ਨਿਹਾਲ ਸਿੰਘ ਤਲਵੰਡੀ ਭੰਗੇਰੀਆਂ ਨੂੰ ਜ਼ਿਲ੍ਹਾ ਪ੍ਰਧਾਨ ਤੇ ਸ਼੍ਰੋਮਣੀ ਕਮੇਟੀ ਮੈਂਬਰ ਸੁਖਹਰਪ੍ਰੀਤ ਸਿੰਘ ਰੋਡੇ ਅਤੇ ਬਾਲ ਕ੍ਰਿਸ਼ਨ ਬਾਲੀ ਬਾਘਾ ਪੁਰਾਣਾ ਨੂੰ ਵਰਕਿੰਗ ਕਮੇਟੀ ਦਾ ਮੈਂਬਰ ਸਨਮਾਨ ਕੀਤਾ ਗਿਆ। ਨਵ ਨਿਯੁਕਤ ਜ਼ਿਲ੍ਹਾ ਪ੍ਰਧਾਨ ਨਿਹਾਲ ਸਿੰਘ ਤਲਵੰਡੀ ਭੰਗੇਰੀਆਂ ਨੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦਾ ਮੁੜ ਸ਼੍ਰੋਮਣੀ ਅਕਾਲੀ ਦਲ ਦੀ ਜ਼ਿੰਮੇਵਾਰੀ ਮਿਲਣ ਮਗਰੋਂ ਮੋਗਾ ਪੁੱਜਣ ’ਤੇ ਸਵਾਗਤ ਕਰਦਿਆਂ ਕਿਹਾ ਕਿ ਜ਼ਿਲ੍ਹੇ ਭਰ ਵਿੱਚ ਅੱਜ ਤੋਂ 2027 ਦੀਆਂ ਸਰਗਰਮੀਆਂ ਸ਼ੁਰੂ ਕੀਤੀਆਂ ਜਾਣਗੀਆਂ।

ਇਸ ਮੌਕੇ ਇੰਚਾਰਜ ਲੋਕ ਸਭਾ ਰਾਜਵਿੰਦਰ ਸਿੰਘ ਧਰਮਕੋਟ, ਸੀਨੀਅਰ ਆਗੂ ਰਾਜਿੰਦਰ ਸਿੰਘ ਡੱਲਾ, ਸੀਨੀਅਰ ਆਗੂ ਰਣਵਿੰਦਰ ਸਿੰਘ ਪੱਪੂ ਰਾਮੂੰਵਾਲਾ, ਚਰਨਜੀਤ ਸਿੰਘ ਝੰਡੇਆਣਾ, ਪ੍ਰਧਾਨ ਮਨਜੀਤ ਸਿੰਘ ਧੰਮੂ, ਬੂਟਾ ਸਿੰਘ ਦੌਲਤਪੁਰਾ, ਸਰਪੰਚ ਗੁਰਮੀਤ ਸਿੰਘ ਗਗੜਾ, ਗੁਰਮੇਲ ਸਿੰਘ ਸਿੱਧੂ ਧਰਮਕੋਟ, ਚੇਅਰਮੈਨ ਖਣਮੁੱਖ ਭਾਰਤੀ ਪੱਤੋ, ਜਗਦੀਸ਼ ਲਾਲ ਛਾਬੜਾ, ਗੋਵਰਧਨ ਪੋਪਲੀ, ਗੌਰਵ ਗੁਪਤਾ ਗੁੱਡੂ, ਮਤਵਾਲ ਸਿੰਘ, ਬੀਬੀ ਨਰਿੰਦਰ ਕੌਰ ਰਣੀਆ, ਵਿੱਕੀ ਧਾਲੀਵਾਲ, ਬਲਤੇਜ ਸਿੰਘ ਮਹਿਰੋਂ ਤੋਂ ਇਲਾਵਾ ਹੋਰ ਆਗੂ ਤੇ ਵਰਕਰ ਹਾਜ਼ਰ ਸਨ।



# ਸੇਵਾ ਕੇਂਦਰ, ਨਗਰ ਕੌਂਸਲ ਮਲੋਟ ਅੱਜ ਤੋਂ ਸਵੇਰੇ 8 ਤੋਂ ਸ਼ਾਮ 8 ਵਜੇ ਤੱਕ ਖੁੱਲ੍ਹਾ ਰਹੇਗਾ : ਏ ਡੀ ਸੀ

**ਮਲੋਟ/ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਓਮ ਪ੍ਰਕਾਸ਼ ਸੇਖੂ/ਪੂਜਾ)**-ਆਮ ਲੋਕਾਂ ਦੀ ਸਹੂਲਤ ਦੇ ਮੱਦੇਨਜ਼ਰ ਸ਼ਹਿਰ ਮਲੋਟ ਦੇ ਦਫ਼ਤਰ, ਨਗਰ ਕੌਂਸਲ ਮਲੋਟ ਵਿਖੇ ਸਥਾਨਕ ਸੇਵਾ ਕੇਂਦਰ 12 ਜੁਲਾਈ 2025 ਤੋਂ ਸਵੇਰੇ 8 ਤੋਂ ਸ਼ਾਮ 8 ਵਜੇ ਤੱਕ ਲਗਾਤਾਰ 12 ਘੰਟੇ ਖੁੱਲ੍ਹਾ ਰਹੇਗਾ।ਇਹ ਜਾਣਕਾਰੀ ਵਧੀਕ ਡਿਪਟੀ ਕਮਿਸ਼ਨਰ (ਜ) ਗੁਰਪ੍ਰੀਤ ਸਿੰਘ ਥਿੰਦ ਨੇ ਸਾਂਝੀ ਕੀਤੀ।ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜਿਨ੍ਹਾਂ ਲੋਕਾਂ ਨੂੰ ਦਿਨ ਦੌਰਾਨ ਆਪਣਾ ਕੰਮ ਕਾਰਨ ਜਾਂ ਕਿਸੇ ਹੋਰ ਕਾਰਨਾਂ ਕਰਕੇ ਸੇਵਾ ਕੇਂਦਰ ਆਉਣ ਵਿੱਚ ਮੁਸ਼ਕਲ ਹੁੰਦੀ ਸੀ, ਉਹ ਹੁਣ ਸਵੇਰੇ ਸ਼ਾਮ ਆਪਣਾ ਕੰਮ ਕਰਵਾ ਸਕਣਗੇ, ਜਿਨ੍ਹਾਂ ਨਾਲ ਆਮ ਲੋਕਾਂ ਨੂੰ ਬਹੁਤ ਫਾਇਦਾ ਹੋਵੇਗਾ।ਉਨ੍ਹਾਂ ਆਮ ਲੋਕਾਂ ਨੂੰ ਪੁਰਜ਼ੋਰ ਅਪੀਲ ਕਰਦਿਆਂ ਕਿਹਾ ਕਿ ਉਹ ਵਧੇ ਹੋਏ ਸਮੇਂ ਦੀ ਪੂਰਾ ਲਾਭ ਲੈਣ ਤੇ ਕਿਸੇ ਵੀ ਜਾਣਕਾਰੀ ਲਈ ਸੇਵਾ ਕੇਂਦਰ ’ਤੇ ਸਿੱਧਾ ਸੰਪਰਕ ਕਰ ਸਕਦੇ ਹਨ।

ਇਸ ਦੌਰਾਨ ਜ਼ਿਲ੍ਹਾ ਤਕਨੀਕੀ ਕੁਆਰਡੀਨੇਟਰ, ਸ਼ੇਰ ਪਾਲ ਕੌਰ ਨੇ ਦੱਸਿਆ ਕਿ ਸੇਵਾ ਕੇਂਦਰਾਂ ਰਾਹੀਂ ਅਜਿਹੀਆਂ ਅਨੇਕਾਂ ਸਰਕਾਰੀ ਸੇਵਾਵਾਂ ਜਿਵੇਂ ਕਿ ਆਧਾਰ ਕਾਰਡ, ਜਨਮ-ਮੌਤ, ਜਾਤੀ, ਆਮਦਨ, ਰਿਹਾਇਸ਼ ਪ੍ਰਮਾਣ ਪੱਤਰ, ਮੈਰਿਜ ਸਰਟੀਫਿਕੇਟ, ਪੈਨਸ਼ਨ ਸਬੰਧੀ ਸੇਵਾਵਾਂ, ਆਯੂਸ਼ਮਾਨ ਕਾਰਡ ਆਦਿ ਵਰਗੀਆਂ 400 ਤੋਂ ਵੱਧ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ ਤੇ ਇਸ ਤਰ੍ਹਾਂ ਦੇ ਉਪਰਾਲੇ ਨਾਲ ਜਿਹੜੇ ਵਿਅਕਤੀ ਨੌਕਰੀ/ਪੇਸ਼ਾ ਜਾਂ ਕੋਈ ਹੋਰ ਕਾਰੋਬਾਰ ਜਾਂ ਦਫ਼ਤਰਾਂ ਵਿੱਚ ਕੰਮ ਕਰਦੇ ਹਨ, ਉਹ ਦਫ਼ਤਰੀ ਸਮੇਂ ਤੋਂ ਬਾਅਦ ਵੀ ਇਨ੍ਹਾਂ ਸੇਵਾਵਾਂ ਦਾ ਲਾਭ ਲੈ ਸਕਣਗੇ।

# ਸਮਾਜ ਸੇਵੀ ਵਿਪੁਲ ਨਾਰੰਗ ਨੇ ਮੁਸਕਾਨ ਸਪੈਸ਼ਲ ਸਕੂਲ ਨੂੰ ਦਿੱਤੇ ਫਰਿੱਜ ਤੇ ਇਨਵਰਟਰ




**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਮੁਸਕਾਨ ਸਪੈਸ਼ਲ ਸਕੂਲ ਫਿਰੋਜ਼ਪੁਰ ਛਾਉਣੀ, ਜਿੱਥੇ ਮਾਨਸਿਕ ਤੇ ਸਰੀਰਕ ਤੌਰ ’ਤੇ ਵਿਸ਼ੇਸ਼ ਬੱਚੇ ਪੜ੍ਹਦੇ ਹਨ, ਦੀਆਂ ਲੋੜਾਂ ਨੂੰ ਸਮਝਦਿਆਂ ਸਮਾਜ ਸੇਵੀ ਵਿਪੁਲ ਨਾਰੰਗ ਨੇ ਇੱਕ ਵਾਰ ਫਿਰ ਸੇਵਾ ਦੀ ਮਿਸਾਲ ਪੇਸ਼ ਕੀਤੀ। ਇਸ ਮੌਕੇ ਮੁੱਖ ਮਹਿਮਾਨ ਵਜੋਂ ਡੀਸੀਐੱਮ ਗਰੁੱਪ ਆਫ ਸਕੂਲਜ਼ ਦੇ ਸੀਈਓ ਡਾ. ਅਨਿਰੁੱਧ ਗੁਪਤਾ ਤੇ ਕੰਟੋਨਮੈਂਟ ਬੋਰਡ ਦੇ ਸੀਈਓ ਜੌਨ ਵਿਕਾਸ ਸ਼ਾਮਲ ਹੋਏ। ਡਾ. ਅਨਿਰੁੱਧ ਗੁਪਤਾ ਤੇ ਵਿਪੁਲ ਨਾਰੰਗ ਨੇ ਦੱਸਿਆ ਕਿ ਗਰਮੀ ਦੇ ਮੌਸਮ ਨੂੰ ਵੇਖਦਿਆਂ ਪਹਿਲਾਂ ਸਕੂਲ ਵਿੱਚ ਏਅਰ-ਕੰਡੀਸ਼ਨਰ ਲਗਵਾਇਆ ਗਿਆ ਸੀ। ਹੁਣ ਬਿਜਲੀ ਦੀ ਸਮੱਸਿਆ ਨੂੰ ਦੂਰ ਕਰਨ ਲਈ ਸਕੂਲ ਨੂੰ ਇਨਵਰਟਰ ਤੇ ਫਰਿੱਜ ਦੀ ਲੋੜ ਸੀ, ਜਿਸ ਨੂੰ ਵਿਪੁਲ ਨਾਰੰਗ ਨੇ ਸਕੂਲ ਦੇ ਪ੍ਰਿੰਸੀਪਲ ਨੂੰ ਭੇਟ ਕੀਤਾ। ਸੀਈਓ ਜੌਨ ਵਿਕਾਸ ਨੇ ਕਿਹਾ ਕਿ ਕੰਟੋਨਮੈਂਟ ਬੋਰਡ ਵੱਲੋਂ ਵੀ ਵਿਸ਼ੇਸ਼ ਬੱਚਿਆਂ ਦੀਆਂ ਸਾਰੀਆਂ ਸਹੂਲਤਾਂ ਦਾ ਧਿਆਨ ਰੱਖਿਆ ਜਾਂਦਾ ਹੈ ਤੇ ਉਨ੍ਹਾਂ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾਂਦੀ ਹੈ। ਡਾ. ਅਨਿਰੁੱਧ ਗੁਪਤਾ ਨੇ ਜ਼ੋਰ ਦੇ ਕੇ ਕਿਹਾ ਕਿ ਅਜਿਹੇ ਬੱਚਿਆਂ ਦੀਆਂ ਸਾਰੀਆਂ ਸਹੂਲਤਾਂ ਦਾ ਵਿਸ਼ੇਸ਼ ਧਿਆਨ ਰੱਖਣਾ ਚਾਹੀਦਾ। ਸਮਾਜ ਸੇਵੀ ਵਿਪੁਲ ਨਾਰੰਗ, ਜਿਨ੍ਹਾਂ ਨੂੰ ਫਿਰੋਜ਼ਪੁਰ ਵਿੱਚ “ਯੈਸ ਮੈਨ” ਦੇ ਨਾਂ ਨਾਲ ਜਾਣਿਆ ਜਾਂਦਾ ਹੈ, ਨੇ ਕਿਹਾ ਕਿ ਮਾਨਸਿਕ ਤੇ ਸਰੀਰਕ ਤੌਰ ’ਤੇ ਵਿਸ਼ੇਸ਼ ਬੱਚੇ ਆਪਣੀਆਂ ਜ਼ਰੂਰਤਾਂ ਨੂੰ ਬਿਆਨ ਵੀ ਨਹੀਂ ਕਰ ਸਕਦੇ। ਉਨ੍ਹਾਂ ਕਿਹਾ ਕਿ ਮੈਂ ਆਪਣੇ ਮਾਤਾ-ਪਿਤਾ ਦੀ ਪ੍ਰੇਰਣਾ ਨਾਲ ਇਹ ਕੰਮ ਕੀਤਾ ਤੇ ਅਜਿਹੇ ਕੰਮਾਂ ਨਾਲ ਮੈਨੂੰ ਬਹੁਤ ਖੁਸ਼ੀ ਮਿਲਦੀ ਹੈ। ਇਸ ਤੋਂ ਪਹਿਲਾਂ ਵੀ ਵਿਪੁਲ ਨਾਰੰਗ ਨੇ ਫਿਰੋਜ਼ਪੁਰ ਸ਼ਹਿਰ ਵਿੱਚ ਬੱਚਿਆਂ ਲਈ ਵਾਟਰ ਕੂਲਰ, ਕੰਪਿਊਟਰ, ਏ ਸੀ, ਐੱਮਆਰਆਈ, ਸਿਟੀ ਸਕੈਨ, ਦਵਾਈਆਂ, ਬੱਚਿਆਂ ਦੇ ਆਪ੍ਰੇਸ਼ਨ, ਝੂਲੇ ਤੇ ਹੋਰ ਜ਼ਰੂਰਤਾਂ ਪੂਰੀਆਂ ਕੀਤੀਆਂ ਹਨ। ਉਹ ਇੰਡੀਅਨ ਰੈੱਡ ਕਰਾਸ ਸੁਸਾਇਟੀ ਦੇ ਪੈਟਰਨ ਵੀ ਹਨ। ਵਿਪੁਲ ਨਾਰੰਗ ਨੇ ਨੇਤਰਹੀਣ ਭਾਈਚਾਰੇ ਲਈ ਈ-ਰਿਕਸ਼ਾ, ਸਕੂਲਾਂ ਵਿੱਚ ਲੋੜਵੰਦ ਵਿਦਿਆਰਥੀਆਂ ਲਈ ਚਸ਼ਮੇ, ਹਾਕੀ ਖਿਡਾਰੀਆਂ ਲਈ ਸਪੋਰਟਸ ਕਿੱਟ ਤੇ ਬੱਚਿਆਂ ਲਈ ਨਕਲੀ ਹੱਥ ਵੀ ਮੁਹੱਈਆ ਕਰਵਾਏ ਹਨ। ਉਨ੍ਹਾਂ 50 ਤੋਂ ਵੱਧ ਵਾਰ ਖੂਨ ਦਾਨ ਵੀ ਕੀਤਾ ਹੈ। ਇਸ ਮੌਕੇ ਸੀਈਓ ਜੌਨ ਵਿਕਾਸ, ਕੰਟੋਨਮੈਂਟ ਬੋਰਡ ਦੇ ਕਾਰਜਕਾਰੀ ਅਫਸਰ ਸੁਪਰਡੈਂਟ ਮਨਜੀਤ ਸਿੰਘ, ਪਾਰੁਲ ਡੁਮਰਾ, ਮੈਡਮ ਸ਼ੈਲੀ, ਮਨਜੀਤ ਕੌਰ ਤੇ ਆਸ਼ੂ ਕੱਕੜ ਹਾਜ਼ਰ ਸਨ।

# ਫੱਤੂਵਾਲਾ ਵਿਖੇ ਜ਼ਮੀਨੀ ਝਗੜੇ ’ਚ ਔਰਤ ਦਾ ਕਤਲ, ਦੋ ਜ਼ਖਮੀਂ

## *16 ਵਿਅਕਤੀਆਂ ਖਿਲਾਫ ਮਾਮਲਾ ਦਰਜ*

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਕੁੱਲਗੜ੍ਹੀ ਅਧੀਨ ਆਉਂਦੇ ਪਿੰਡ ਫੱਤੂ ਵਾਲਾ ਵਿਖੇ ਜ਼ਮੀਨੀ ਵਿਵਾਦ ਨੂੰ ਲੈ ਕੇ ਹਥਿਆਰਾਂ ਨਾਲ ਹਮਲਾ ਕਰਕੇ ਇੱਕ ਔਰਤ ਦਾ ਕਤਲ ਤੇ ਦੋ ਔਰਤਾਂ ਦੇ ਜ਼ਖਮੀਂ ਹੋਣ ਦੇ ਮਾਮਲੇ ਵਿੱਚ ਥਾਣਾ ਕੁੱਲਗੜ੍ਹੀ ਪੁਲਸ ਨੇ 5 ਬਾਏ ਨੇਮ ਵਿਅਕਤੀਆਂ ਤੇ 11 ਹੋਰ ਨਾਮਜ਼ਦ ਵਿਅਕਤੀ ਅਤੇ 5-7 ਅਣਪਛਾਤੇ ਵਿਅਕਤੀਆਂ ਖਿਲਾਫ 103, 118 (1), 115 (2), 191 (3), 190, 61 (2) ਬੀਐੱਨਐੱਸ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਸੰਦੀਪ ਪੁੱਤਰ ਕਾਲਾ ਵਾਸੀ ਪਿੰਡ ਫੱਤੂ ਵਾਲਾ ਨੇ ਦੱਸਿਆ ਕਿ ਉਨ੍ਹਾਂ ਕੋਲ 4 ਕਿੱਲੇ ਜ਼ਮੀਨ ਦੇ ਸੀ, ਕਿ 10 ਜੁਲਾਈ 2025 ਨੂੰ ਕਰੀਬ 9-10 ਵਜੇ ਦੋਸ਼ੀਆਨ ਸਤਨਾਮ ਸਿੰਘ ਉਰਫ ਸੱਤਾ ਪੁੱਤਰ ਅਵਤਾਰ ਸਿੰਘ, ਸ਼ਿੰਦਾ ਪੁੱਤਰ ਸਤਨਾਮ ਸਿੰਘ ਉਰਫ ਸੱਤਾ, ਕਾਲੂ ਪੁੱਤਰ ਸਤਨਾਮ ਸਿੰਘ, ਕੁਲਦੀਪ ਮੈਂਬਰ ਪੁੱਤਰ ਅਵਤਾਰ ਸਿੰਘ, ਸੇਵਕ ਸਿੰਘ ਪੁੱਤਰ ਕੁਲਦੀਪ ਸਿੰਘ, 11 ਹੋਰ ਨਾਮਜ਼ਦ ਵਿਅਕਤੀ ਵਾਸੀਆਨ ਫੱਤੂ ਵਾਲਾ ਤੇ 5-7 ਅਣਪਛਾਤੇ ਵਿਅਕਤੀ ਉਸ ਦੀ ਜ਼ਮੀਨ ਵਾਹੁਣ ਆ ਗਏ ਤੇ ਉਸ ਦੀ ਮਾਤਾ ਕਸ਼ਮੀਰੋ ਤੇ ਉਸ ਦੀ ਮਾਸੀ ਨਿੱਕੋ ਨੂੰ ਰੋਕਣ ਲਈ ਗਈ ਤਾਂ ਜੁਗਰਾਜ ਸਿੰਘ ਤੇ ਹਰਜਿੰਦਰ ਸਿੰਘ ਨੇ ਲਲਕਾਰਾ ਮਾਰਿਆ ਕਿ ਅੱਜ ਇਨ੍ਹਾਂ ਨੂੰ ਫੜ ਲਓ ਅੱਜ ਨਹੀਂ ਛੱਡਣਾ। ਸੰਦੀਪ ਨੇ ਦੱਸਿਆ ਕਿ ਉਕਤ ਦੋਸ਼ੀਆਨ ਉਸ ਦੀ ਮਾਤਾ ਦੇ ਗਲ ਪੈ ਗਏ ਤੇ ਸਤਨਾਮ ਸਿੰਘ ਉਰਫ ਸੱਤਾ ਨੇ ਕਹੀ ਦਾ ਵਾਰ ਉਸ ਦੀ ਮਾਤਾ ਦੇ ਸਿਰ ’ਤੇ ਕੀਤਾ ਤਾਂ ਉਸ ਦੀ ਮਾਤਾ ਡਿੱਗ ਪਈ ਤੇ ਉਸ ਦੀ ਮਾਤਾ ’ਤੇ ਵਾਰੀ ਵਾਰੀ ਵਾਰ ਕੀਤੇ। ਇਹ ਸਭ ਵੇਖ ਕੇ ਉਸ ਦੀ ਮਾਸੀ ਨਿੱਕੋ ਛੁਡਾਉਣ ਗਈ ਤਾਂ ਉਸ ’ਤੇ ਵੀ ਵਾਰ ਕੀਤਾ। ਸੰਦੀਪ ਨੇ ਦੱਸਿਆ ਕਿ ਉਕਤ ਸਾਰੇ ਦੋਸ਼ੀਆਨ ਨੇ ਉਸ ਦੀ ਮਾਤਾ, ਉਸ ਦੀ ਮਾਸੀ ਤੇ ਭੈਣ ’ਤੇ ਵੀ ਵਾਰ ਕੀਤੇ ਤੇ ਠੇਡੇ ਮਾਰੇ। ਸੰਦੀਪ ਨੇ ਦੱਸਿਆ ਕਿ ਜਦ ਉਸ ਨੇ ਆਪਣੀ ਮਾਤਾ ਕਸ਼ਮੀਰੋ ਨੂੰ ਸੰਭਾਲਿਆ ਤਾਂ ਉਸ ਦੀ ਮੌਕੇ ’ਤੇ ਹੀ ਮੌਤ ਹੋ ਗਈ। ਇਸ ਮਾਮਲੇ ਦੀ ਜਾਂਚ ਕਰ ਰਹੇ ਇੰਸਪੈਕਟਰ ਗੁਰਮੀਤ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ ’ਤੇ ਉਕਤ ਸਾਰੇ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

# ਪਰਿਵਾਰ ਨਿਯੋਜਨ ਲਈ ਪੁਰਸ਼ ਤੇ ਔਰਤ ਦੋਵੇਂ ਹੀ ਸਮਝਣ ਆਪਣੀ ਜ਼ਿੰਮੇਵਾਰੀ : ਡਾ. ਕੱਕੜ

**ਫਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**

ਸਿਵਲ ਸਰਜਨ ਫਰੀਦਕੋਟ ਡਾ. ਚੰਦਰ ਸ਼ੇਖਰ ਕੱਕੜ ਦੀ ਅਗਵਾਈ ਹੇਠ ਦਫਤਰ ਸਿਵਲ ਸਰਜਨ ਫਰੀਦਕੋਟ ਵਿਖੇ ਜ਼ਿਲ੍ਹਾ ਪੱਧਰੀ ਵਿਸ਼ਵ ਅਬਾਦੀ ਦਿਵਸ ਮਨਾਇਆ ਗਿਆ।ਇਸ ਮੌਕੇ ਸਿਵਲ ਸਰਜਨ ਫਰੀਦਕੋਟ ਡਾ. ਚੰਦਰ ਸ਼ੇਖਰ ਕੱਕੜ ਨੇ ਦੱਸਿਆ ਕਿ ਦਿਨੋਂ ਦਿਨ ਵੱਧ ਰਹੀ ਅਬਾਦੀ ਦੇਸ਼ ਦੀ ਤਰੱਕੀ ਵਿੱਚ ਰੁਕਾਵਟ ਹੈ।ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਵੱਲੋਂ ਹਰ ਸਾਲ 11 ਜੁਲਾਈ ਨੂੰ ਵਿਸ਼ਵ ਆਬਾਦੀ ਦਿਵਸ ਮਨਾਇਆ ਜਾਂਦਾ ਹੈ।ਇਸ ਮੌਕੇ ਉਨ੍ਹਾਂ ਵੱਲੋਂ ਚੀਰਾ ਰਹਿਤ ਨਸਬੰਦੀ, ਨਲਬੰਦੀ ਤੇ ਪਰਿਵਾਰ ਨਿਯੋਜਨ ਦੇ ਹੋਰ ਸਾਧਨਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।ਉਨ੍ਹਾਂ ਸਮੂਹ ਫੀਲਡ ਸਟਾਫ ਨੂੰ ਹਦਾਇਤ ਕੀਤੀ ਕਿ ਵੱਧ ਤੋਂ ਵੱਧ ਲੋਕਾਂ ਨੂੰ ਪਰਿਵਾਰ ਨਿਯੋਜਨ ਦੇ ਸਥਾਈ ਤੇ ਅਸਥਾਈ ਤਰੀਕਿਆਂ ਬਾਰੇ ਜਾਗਰੂਕ ਕੀਤਾ ਜਾਵੇ।ਉਨ੍ਹਾਂ ਕਿਹਾ ਕਿ ਵਧਦੀ ਆਬਾਦੀ ਦੇਸ਼ ਵਿੱਚ ਸਮੱਸਿਆਵਾਂ ਦੀ ਜੜ੍ਹ ਬਣ ਰਹੀ ਹੈ, ਇਸ ਤੋਂ ਇਲਾਵਾ ਜਲਦੀ ਜਲਦੀ ਬੱਚੇ ਹੋਣ ਨਾਲ ਮਾਂ ਤੇ ਬੱਚੇ ਦੀ ਸਿਹਤ ਉੱਤੇ ਵੀ ਮਾੜਾ ਪ੍ਰਭਾਵ ਪੈਂਦਾ ਹੈ।ਇਸ ਲਈ ਨਾਗਰਿਕਾਂ ਨੂੰ ਆਪਣੀ ਜ਼ਿੰਮੇਵਾਰੀ ਸਮਝ ਕੇ ਆਬਾਦੀ ਤੇ ਕੰਟਰੋਲ ਕਰਨ ਲਈ ਸਰਕਾਰਾਂ ਦਾ ਸਹਿਯੋਗ ਕਰਨਾ ਸਮੇਂ ਦੀ ਜ਼ਰੂਰਤ ਹੈ।ਇਸ ਮੌਕੇ ਡਿਪਟੀ ਮਾਸ ਮੀਡੀਆ ਅਫਸਰ ਸੁਧੀਰ ਧੀਰ ਤੇ ਡਾ. ਪ੍ਰਭਦੀਪ ਸਿੰਘ ਚਾਵਲਾ ਵੱਲੋਂ ਜਾਗਰੂਕਤਾ ਸਮੱਗਰੀ ਸਿਹਤ ਅਧਿਕਾਰੀਆਂ ਪਾਸੋਂ ਜਾਰੀ ਕਰਵਾਈ ਤੇ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਆਬਾਦੀ ਨੂੰ ਘਟਾਉਣ ਲਈ ਪਤੀ-ਪਤਨੀ ਪਲਾਨਿੰਗ ਰਾਹੀਂ ਛੋਟਾ ਤੇ ਸੁਖੀ ਪਰਿਵਾਰ ਸਿਰਜ ਸਕਦੇ ਹਨ।ਆਬਾਦੀ ਵਧਣ ਦਾ ਵੱਡਾ ਕਾਰਨ ਅਨਪੜ੍ਹਤਾ ਹੈ, ਜਿਸ ਕਾਰਨ ਮਾਪੇ ਬੱਚਿਆਂ ਨੂੰ ਛੋਟੀ ਉਮਰ ਵਿੱਚ ਵਿਆਹ ਦਿੰਦੇ ਹਨ, ਜਦ ਕਿ ਲੜਕੀ ਦੀ ਸ਼ਾਦੀ 18 ਸਾਲ ਤੋਂ ਬਾਅਦ ਤੇ ਲੜਕੇ ਦੀ ਸ਼ਾਦੀ 21 ਸਾਲ ਤੋਂ ਬਾਅਦ ਹੀ ਕੀਤੀ ਜਾਵੇ।ਔਰਤਾਂ ਦੀ ਸਾਖਰਤਾ ਦਰ ਵਿੱਚ ਵਾਧਾ ਕੀਤਾ ਜਾਵੇ।ਉਹਨਾਂ ਕਿਹਾ ਕਿ ਦੋ ਬੱਚਿਆਂ ਵਿੱਚ ਘੱਟੋ ਘੱਟ ਤਿੰਨ ਸਾਲ ਦਾ ਅੰਤਰ ਹੋਣਾ ਜ਼ਰੂਰੀ ਹੈ।ਇਸ ਮੌਕੇ ਜ਼ਿਲ੍ਹਾ ਟੀਕਾਕਰਨ ਅਫਸਰ ਡਾ. ਸਰਵਦੀਪ ਸਿੰਘ, ਮੈਡੀਕਲ ਅਫਸਰ ਡਾ. ਸੰਜੀਵ ਸੇਠੀ, ਸੀਨੀਅਰ ਫਾਰਮੇਸੀ ਅਫਸਰ ਸੁਨੀਲ ਸਿੰਗਲਾ ਅਤੇ ਕੌਸ਼ਲ ਕੁਮਾਰ ਆਦਿ ਹਾਜ਼ਰ ਸਨ।




# ‘ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਤਹਿਤ ਮੁਕਤਸਰ ਪੁਲਸ ਵੱਲੋਂ ਜਾਗਰੂਕਤਾ ਸੈਮੀਨਾਰ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਕੁਲਭੂਸ਼ਨ ਚਾਵਲਾ)**-ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਸ੍ਰੀ ਮੁਕਤਸਰ ਸਾਹਿਬ ਪੁਲਸ ਵੱਲੋਂ ਨਸ਼ਿਆਂ ਖਿਲਾਫ ਜਾਗਰੂਕਤਾ ਸੈਮੀਨਾਰ ਲਗਾਇਆ ਗਿਆ।ਇਹ ਸੈਮੀਨਾਰ ਗੁਰੂ ਨਾਨਕ ਕਾਲਜ ਸ੍ਰੀ ਮੁਕਤਸਰ ਸਾਹਿਬ ਵਿਖੇ ਕਰਵਾਇਆ ਗਿਆ, ਜਿਸ ਵਿੱਚ ਐੱਸ.ਐੱਸ.ਪੀ. ਸ੍ਰੀ ਮੁਕਤਸਰ ਸਾਹਿਬ ਡਾ. ਅਖਿਲ ਚੌਧਰੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਸੈਮੀਨਾਰ ਵਿੱਚ ਵੱਡੀ ਗਿਣਤੀ ਵਿੱਚ ਕਾਲਜ ਵਿਦਿਆਰਥੀਆਂ, ਪਿੰਡਾਂ ਦੇ ਸਰਪੰਚ, ਸਮਾਜ ਸੇਵਕ ਤੇ ਪੁਲਸ ਅਧਿਕਾਰੀ ਮੌਜੂਦ ਰਹੇ।ਇਥੇ ਮਨਮੀਤ ਸਿੰਘ ਢਿੱਲੋਂ ਐੱਸ ਪੀ (ਡੀ), ਨਵੀਨ ਕੁਮਾਰ (ਡੀ ਐੱਸ ਪੀ), ਇੰਸਪੈਕਟਰ ਵਰੁਣ ਯਾਦਵ (ਥਾਣਾ ਸਦਰ), ਐੱਸ. ਆਈ. ਗੁਰਦੀਪ ਸਿੰਘ (ਥਾਣਾ ਬਰੀਵਾਲਾ) ਸਮੇਤ ਹੋਰ ਪੁਲਸ ਅਧਿਕਾਰੀ/ਕਰਮਚਾਰੀ ਹਾਜ਼ਰ ਸਨ। ਸੈਮੀਨਾਰ ਨੂੰ ਸੰਬੋਧਨ ਕਰਦਿਆਂ ਐੱਸ ਐੱਸ ਪੀ ਡਾ. ਅਖਿਲ ਚੌਧਰੀ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਲੜਾਈ ਸਿਰਫ ਪੁਲਸ ਜਾਂ ਸਰਕਾਰ ਦੇ ਨਾਲ ਨਾਲ ਹਰ ਨਾਗਰਿਕ ਦੀ ਜ਼ਿੰਮੇਵਾਰੀ ਹੈ। ਐੱਸ ਐੱਸ ਪੀ ਨੇ ਵਿਦਿਆਰਥੀਆਂ ਨੂੰ ਮਾੜੀ ਸੰਗਤ ਤੋਂ ਦੂਰ ਰਹਿਣ ਤੇ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵੱਲ ਆਕਰਸ਼ਿਤ ਹੋਣ ਦੀ ਅਪੀਲ ਕੀਤੀ।ਉਨ੍ਹਾਂ ਨਸ਼ਿਆਂ ਦੇ ਸਰੀਰਕ, ਮਾਨਸਿਕ ਤੇ ਸਮਾਜਿਕ ਨੁਕਸਾਨਾਂ ਦੀ ਵਿਸਥਾਰ ਨਾਲ ਜਾਣਕਾਰੀ ਦਿੱਤੀ ਤੇ ਨੌਜਵਾਨ ਨੂੰ ਆਪਣੇ ਭਵਿੱਖ ਵਿੱਚ ਨਸ਼ਿਆਂ ਤੋਂ ਦੂਰ ਰਹਿਣ ਦੀ ਅਪੀਲ ਕੀਤੀ।ਉਨ੍ਹਾਂ ਪਿੰਡਾਂ ਦੇ ਸਰਪੰਚਾਂ ਤੇ ਮੋਹਤਬਰ ਵਿਅਕਤੀਆਂ ਨੂੰ ਅਪੀਲ ਕੀਤੀ ਕਿ ਆਪਣੇ-ਆਪਣੇ ਪਿੰਡਾਂ ਵਿੱਚ ਨਸ਼ਿਆਂ ਦੀ ਦਲਦਲ ਵਿੱਚ ਫਸੇ ਨੌਜਵਾਨਾਂ ਦੀ ਪਹਚਾਣ ਕਰਕੇ ਉਨ੍ਹਾਂ ਨੂੰ ਮੁੜ ਸਧਾਰਨ ਜੀਵਨ ਵੱਲ ਲਿਆਉਣ ਵਿੱਚ ਯੋਗਦਾਨ ਪਾਉਣ।ਉਨ੍ਹਾਂ ਕਿਹਾ ਕਿ ਜੇਕਰ ਕੋਈ ਵਿਅਕਤੀ ਨਸ਼ਾ ਕਰ ਰਿਹਾ ਹੈ, ਤਾਂ ਉਸ ਨੂੰ ਇਲਾਜ ਲਈ ਨਸ਼ਾ ਛਡਾਓ ਕੇਂਦਰ ਭੇਜਿਆ ਜਾਵੇ, ਪਰ ਜੇਕਰ ਕੋਈ ਵਿਅਕਤੀ ਨਸ਼ਾ ਵੇਚ ਰਿਹਾ ਹੈ, ਤਾਂ ਪੁਲਸ ਨੂੰ ਉਸ ਦੀ ਜਾਣਕਾਰੀ ਦਿੱਤੀ ਜਾਵੇ ਤਾਂ ਜੋ ਉਸ ਖਿਲਾਫ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾ ਸਕੇ।ਐੱਸ.ਐੱਸ.ਪੀ. ਨੇ ਕਿਹਾ ਕਿ ਨਸ਼ਿਆਂ ਬਾਰੇ ਜਾਣਕਾਰੀ ਦੇਣ ਵਾਲੇ ਵਿਅਕਤੀਆਂ ਦੀ ਪਛਾਣ ਗੁਪਤ ਰੱਖੀ ਜਾਂਦੀ ਹੈ। ਸੈਮੀਨਾਰ ਦੇ ਅੰਤ ਵਿੱਚ ਐੱਸ.ਐੱਸ.ਪੀ. ਨੇ ਮਾਪਿਆਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਦੇ ਵਿਵਹਾਰ ਤੇ ਸੰਗਤ ’ਤੇ ਨਜ਼ਰ ਰੱਖਣ ਅਤੇ ਉਨ੍ਹਾਂ ਨੂੰ ਖੇਡਾਂ, ਸਿੱਖਿਆ ਤੇ ਚੰਗੀਆਂ ਸਰਗਰਮੀਆਂ ਵੱਲ ਉਤਸ਼ਾਹਤ ਕਰਨ।ਉਨ੍ਹਾਂ ਆਖਰ ਵਿੱਚ ਕਿਹਾ ਕਿ ਜ਼ਿਲ੍ਹਾ ਪੁਲਸ ਵੱਲੋਂ ਨਸ਼ਾ ਵੇਚਣ ਵਾਲਿਆਂ ਖਿਲ਼ਾਫ ਸਖਤ ਕਾਰਵਾਈ ਕੀਤੀ ਜਾਵੇਗੀ ਤੇ ਅਜਿਹੇ ਵਿਅਕਤੀਆਂ ਨੂੰ ਬਖਸ਼ਿਆ ਨਹੀਂ ਜਾਵੇਗਾ।

# 100 ਗ੍ਰਾਮ ਹੈਰੋਇਨ ਸਣੇ ਚਾਰ ਨੌਜਵਾਨ ਗ੍ਰਿਫਤਾਰ



**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**-ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ‘ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਤਹਿਤ ਥਾਣਾ ਸਦਰ ਧੂਰੀ ਦੀ ਪੁਲਸ ਨੇ ਇੱਕ ਵੱਡੀ ਸਫਲਤਾ ਹਾਸਲ ਕਰਦਿਆਂ 100 ਗ੍ਰਾਮ ਹੈਰੋਇਨ ਸਣੇ ਚਾਰ ਨੌਜਵਾਨਾਂ ਨੂੰ ਗ੍ਰਿਫਤਾਰ ਕਰਨ ਵਿੱਚ ਕਾਮਯਾਬੀ ਪ੍ਰਾਪਤ ਕੀਤੀ ਹੈ। ਥਾਣਾ ਸਦਰ ਧੂਰੀ ਦੇ ਮੁਖੀ ਇੰਸਪੈਕਟਰ ਕਰਨਬੀਰ ਸਿੰਘ ਸੰਧੂ ਨੇ ਦੱਸਿਆ ਕਿ ਸ.ਥ. ਹਰਪ੍ਰੀਤ ਸਿੰਘ ਨੇ ਸਮੇਤ ਪੁਲਸ ਪਾਰਟੀ ਬੱਬਨਪੁਰ ਨਹਿਰ ਨੇੜੇ ਨਾਕਾਬੰਦੀ ਦੌਰਾਨ ਇੱਕ ਕਾਰ ਨੂੰ ਰੋਕਿਆ।ਜਾਂਚ ਦੌਰਾਨ ਕਾਰ ਸ਼ੁਭਮ ਕੁਮਾਰ, ਅਮਨ ਵਰਮਾ, ਅਭੈ ਕੁਮਾਰ ਵਰਮਾ ਤੇ ਤੁਸ਼ਾਰ ਸਿੰਘ ਸਿੱਧੂ ਵਾਸੀਆਨ ਲੁਧਿਆਣਾ ਮੌਜੂਦ ਸਨ ਤੇ ਕੀਤੀ ਗਈ ਜਾਂਚ ਦੌਰਾਨ 100 ਗ੍ਰਾਮ ਹੈਰੋਇਨ ਬਰਾਮਦ ਹੋਈ।ਉਨ੍ਹਾਂ ਦੱਸਿਆ ਕਿ ਇਨ੍ਹਾਂ ਨੌਜਵਾਨਾਂ ਨੂੰ ਮੌਕੇ ’ਤੇ ਹੀ ਗ੍ਰਿਫਤਾਰ ਕਰ ਲਿਆ ਗਿਆ।ਉਨ੍ਹਾਂ ਖਿਲਾਫ਼ ਮਾਮਲਾ ਦਰਜ ਕਰ ਲਿਆ ਹੈ ਤੇ ਹੁਣ ਉਨ੍ਹਾਂ ਤੋਂ ਬਾਰੀਕੀ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ ਤੇ ਦੌਰਾਨ ਪੁੱਛਗਿੱਛ ਕਈ ਹੋਰ ਅਹਿਮ ਸੁਰਾਗ ਲੱਗਣ ਦੀ ਸੰਭਾਵਨਾ ਹੈ।ਇੰਸਪੈਕਟਰ ਸੰਧੂ ਨੇ ਲੋਕਾਂ ਨੂੰ ਸੱਦਾ ਦਿੰਦਿਆਂ ਕਿਹਾ ਕਿ ਨਸ਼ਿਆਂ ਵਿਰੁੱਧ ਲੜਾਈ ਵਿੱਚ ਪੁਲਸ ਦੀ ਮਦਦ ਕਰਨਾ ਹਰ ਨਾਗਰਿਕ ਦੀ ਜ਼ਿੰਮੇਵਾਰੀ ਹੈ।ਉਨ੍ਹਾਂ ਅਪੀਲ ਕੀਤੀ ਕਿ ਜੇ ਕਿਸੇ ਨੂੰ ਵੀ ਆਪਣੇ ਆਸ-ਪਾਸ ਨਸ਼ਾ ਤਸਕਰੀ ਜਾਂ ਇਸ ਸਬੰਧੀ ਕੋਈ ਜਾਣਕਾਰੀ ਮਿਲਦੀ ਹੈ ਤਾਂ ਬੇਝਿਜਕ ਕਰਕੇ ਪੁਲਸ ਨੂੰ ਸੂਚਿਤ ਕਰੇ।ਪੁਲਸ ਵੱਲੋਂ ਜਾਣਕਾਰੀ ਦੇਣ ਵਾਲੇ ਦੀ ਪਛਾਣ ਗੁਪਤ ਰੱਖੀ ਜਾਵੇਗੀ।

# ਹ਼ਫਤੇ ’ਚ ਇਕ ਵਾਰ ਕੂਲਰਾਂ ਤੇ ਫ਼ਰਿੱਜਾਂ ਦੀਆਂ ਟਰੇਆਂ ਖ਼ਾਲੀ ਕਰ ਕੇ ਸੁਕਾਓ : ਸਿਵਲ ਸਰਜਨ

## ਰੋਡਵੇਜ਼ ਵਰਕਸ਼ਾਪ, ਸਰਕਾਰੀ ਤੇ ਪ੍ਰਾਈਵੇਟ ਦਫਤਰਾਂ ’ਚ ਡੇਂਗੂ ਦੀ ਰੋਕਥਾਮ ਤੇ ਜਾਗਰੂਕਤਾ ਗਤੀਵਿਧੀਆਂ ਕੀਤੀਆਂ

**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸਿਹਤ ਮੰਤਰੀ ਪੰਜਾਬ ਡਾ. ਬਲਬੀਰ ਸਿੰਘ ਅਤੇ ਡਾਇਰੈਕਟਰ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਡਾ. ਹਤਿੰਦਰ ਕੌਰ ਤੇ ਡਿਪਟੀ ਕਮਿਸ਼ਨਰ ਸੰਦੀਪ ਰਿਸ਼ੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਿਵਲ ਸਰਜਨ ਡਾ. ਸੰਜੇ ਕਾਮਰਾ ਦੀ ਅਗਵਾਈ ਵਿੱਚ ਹਰ ਸ਼ੁੱਕਰਵਾਰ ਡੇਂਗੂ ’ਤੇ ਵਾਰ ਮੁਹਿੰਮ ਤਹਿਤ ਸਥਾਨਕ ਰੋਡਵੇਜ਼ ਵਰਕਸ਼ਾਪ, ਸਰਕਾਰੀ ਤੇ ਪ੍ਰਾਈਵੇਟ ਦਫਤਰਾਂ ਵਿੱਚ ਡੇਂਗੂ ਦੀ ਰੋਕਥਾਮ ਸਬੰਧੀ ਗਤੀਵਿਧੀਆਂ ਕੀਤੀਆਂ ਗਈਆਂ।

ਇਸ ਮੌਕੇ ਜ਼ਿਲ੍ਹਾ ਸਮੂਹ ਸਿੱਖਿਆ ਤੇ ਸੂਚਨਾ ਅਫ਼ਸਰ ਕਰਨੈਲ ਸਿੰਘ, ਡਿਪਟੀ ਮਾਸ ਮੀਡੀਆ ਤੇ ਸੂਚਨਾ ਅਫ਼ਸਰ ਤਿਰਲੋਕ ਸਿੰਘ, ਹਰਦੀਪ ਜਿੰਦਲ ਬਲਾਕ ਐਜੂਕੇਟਰ, ਐੱਸ ਆਈ ਰਾਮ ਲਾਲ ਸਿੰਘ, ਮ ਪ ਹ ਵ (ਮ) ਯਾਦਵਿੰਦਰ ਸਿੰਘ, ਮ ਪ ਹ ਵ (ਫੀ) ਅਮਨਦੀਪ ਸਿੰਘ, ਅਕਰਮ, ਬਲਜਿੰਦਰ ਸਿੰਘ, ਐਂਟੀ ਲਾਰਵਾ ਸਟਾਫ, ਆਸ਼ਾ ਤੇ ਬਰੀਡ ਚੈੱਕਰ ਹਾਜ਼ਰ ਸਨ। ਇਸ ਮੌਕੇ ਜਾਣਕਾਰੀ ਦਿੰਦਿਆਂ ਡਾ. ਸੰਜੇ ਕਾਮਰਾ ਨੇ ਕਿਹਾ ਕਿ ਕਿਸੇ ਵੀ ਥਾਂ ਪਾਣੀ ਖੜ੍ਹਾ ਨਾ ਹੋਣ ਦਿੱਤਾ ਜਾਵੇ, ਕਿਉਂਕਿ ਡੇਂਗੂ ਬੁਖਾਰ ਲਈ ਜ਼ਿੰਮੇਵਾਰ ਮੱਛਰ ਖੜ੍ਹੇ ਤੇ ਸਾਫ ਪਾਣੀ ਵਿੱਚ ਪੈਦਾ ਹੁੰਦਾ ਹੈ। ਇਸ ਲਈ ਹਫ਼ਤੇ ਵਿੱਚ ਘੱਟੋ-ਘੱਟ ਇਕ ਵਾਰ ਕੂਲਰਾਂ ਤੇ ਫ਼ਰਿਜਾਂ ਦੀਆਂ ਟਰੇਆਂ ਨੂੰ ਖ਼ਾਲੀ ਕਰ ਕੇ ਸੁਕਾਓ। ਉਨ੍ਹਾਂ ਦੱਸਿਆ ਕਿ ਹਰ ਸ਼ੁੱਕਰਵਾਰ ਨੂੰ ਪੇਂਡੂ ਸਿਹਤ ਸਫ਼ਾਈ ਤੇ ਖੁਰਾਕ ਕਮੇਟੀਆਂ, ਨਰਸਿੰਗ ਸਿਖਿਆਰਥਣਾਂ ਤੇ ਸਮਾਜ ਸੇਵੀ ਕਲੱਬਾਂ ਦੇ ਸਹਿਯੋਗ ਨਾਲ ਪਾਣੀ ਖੜ੍ਹਨ ਦੇ ਸੋਮਿਆਂ ਵਿੱਚ ਲਾਰਵੇ ਦੀ ਜਾਂਚ ਦੇ ਨਾਲ-ਨਾਲ ਲੋਕਾਂ ਨੂੰ ਡੇਂਗੂ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ। ਡੇਂਗੂ ਬੁਖ਼ਾਰ ਫੈਲਾਉਣ ਵਾਲਾ ਮੱਛਰ ਦਿਨ ਵੇਲੇ ਕੱਟਦਾ ਹੈ, ਇਸ ਲਈ ਅਜਿਹੇ ਕੱਪੜੇ ਪਾਓ, ਜਿਨ੍ਹਾਂ ਨਾਲ ਪੂਰਾ ਸਰੀਰ ਢਕਿਆ ਰਹੇ। ਤੇਜ਼ ਬੁਖ਼ਾਰ ਹੋਣ ਦੀ ਹਾਲਤ ਵਿੱਚ ਤੁਰੰਤ ਨੇੜਲੇ ਹਸਪਤਾਲ ਜਾਂ ਡਿਸਪੈਂਸਰੀ ਆਦਿ ਵਿੱਚ ਜਾ ਕੇ ਮੁਆਇਨਾ ਕਰਵਾਓ। ਉਨ੍ਹਾਂ ਦੱਸਿਆ ਕਿ ਡੇਂਗੂ ਬੁਖ਼ਾਰ ਦੇ ਟੈਸਟ ਤੇ ਇਲਾਜ ਸਰਕਾਰੀ ਹਸਪਤਾਲਾਂ ਵਿੱਚ ਬਿਲਕੁਲ ਮੁਫ਼ਤ ਹੁੰਦਾ ਹੈ।



## ਓਲਡ ਏਜ ਹੋਮ ਵਿਖੇ ਲੋੜਵੰਦ ਬਜ਼ੁਰਗਾਂ ਲਈ ਦਿੱਤਾ ਜ਼ਰੂਰੀ ਸਾਮਾਨ



ਨਾਭਾ (ਵਰਿੰਦਰ ਵਰਮਾ)-ਮਾਨਵ ਸੇਵਾ ਉੱਤਮ ਸੇਵਾ ਸੰਸਥਾ ਨਾਭਾ ਵੱਲੋਂ ਹਮੇਸ਼ਾ ਹੀ ਸਮਾਜ ਭਲਾਈ ਦੇ ਕਾਰਜ ਲੋਕਾਂ ਦੇ ਸਹਿਯੋਗ ਨਾਲ ਵਧ ਚੜ੍ਹ ਕੇ ਕੀਤੇ ਜਾਂਦੇ ਹਨ, ਉੱਥੇ ਹੀ ਸੰਸਥਾ ਵੱਲੋਂ ਹਸਪਤਾਲ ਵਿਖੇ ਜ਼ਰੂਰਤਮੰਦ ਮਰੀਜ਼ਾਂ ਦਾ ਇਲਾਜ ਵੀ ਕਰਵਾਇਆ ਜਾਂਦਾ ਹੈ ਤੇ ਮਰੀਜ਼ਾਂ ਨੂੰ ਦਵਾਈਆਂ ਵੀ ਮੁਫਤ ਦਿੱਤੀਆਂ ਜਾਂਦੀਆਂ ਹਨ।ਇਸੇ ਲੜੀ ਤਹਿਤ ਓਲਡ ਏਜ ਹੋਮ ਪਿੰਡ ਰੋਗਲਾ ਪਟਿਆਲਾ ਵਿਖੇ ਲੋੜਵੰਦ ਬਜ਼ੁਰਗਾਂ ਨੂੰ ਸੰਸਥਾ ਵੱਲੋਂ ਲੋਕਾਂ ਦੇ ਸਹਿਯੋਗ ਨਾਲ, ਜਿਸ ਵਿੱਚ ਆਟਾ, ਸਰ੍ਹੋਂ ਦਾ ਤੇਲ, ਰਿਫਾਇੰਡ ਆਇਲ, ਸਰਫ਼, ਸ਼ੂਗਰ, ਮਸਾਲੇ ਤੋਂ ਇਲਾਵਾ ਹੋਰ ਰੋਜ਼ਾਨਾ ਵਰਤਣ ਵਾਲਾ ਲੋੜਵੰਦ ਸਾਮਾਨ ਦਿੱਤਾ ਗਿਆ।ਇਸ ਮੌਕੇ ਸੰਸਥਾ ਦੇ ਮੁੱਖ ਅਹੁਦੇਦਾਰ ਵਿਕਾਸ ਮਿੱਤਲ ਨੇ ਸਾਰੇ ਸਹਯੋਗੀ ਸੱਜਣਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ।ਲੋੜਵੰਦ ਸਾਮਾਨ ਲੈਣ ਉਪਰੰਤ ਬਜ਼ੁਰਗਾਂ ਨੇ ਮਾਨਵ ਸੇਵਾ ਉੱਤਮ ਸੇਵਾ ਸੰਸਥਾ ਦੇ ਅਹੁਦੇਦਾਰਾਂ ਵਿਕਾਸ ਮਿੱਤਲ, ਅੰਕੁਰ ਸਿੰਗਲਾ, ਰਵਿੰਦਰ ਸਿੰਘ, ਸੁਨੀਲ ਗੁਪਤਾ, ਐਡਵੋਕੇਟ ਅਤੁਲ ਬਾਂਸਲ, ਦੀਪਕ ਕੁਮਾਰ, ਵਰੁਣ ਸਿੰਗਲਾ, ਬਲਦੇਵ ਕੁਮਾਰ, ਵਿਨੋਦ ਸਿੰਗਲਾ, ਸਹਿਲ ਗੁਪਤਾ ਆਦਿ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਸਾਡੀ ਮੰਗ ਨੂੰ ਮੁੱਖ ਰੱਖਦਿਆਂ ਸੰਸਥਾ ਵੱਲੋਂ ਰਾਸ਼ਨ ਤੇ ਜ਼ਰੂਰਤ ਦਾ ਸਾਮਾਨ ਲੈ ਕੇ ਦਿੱਤਾ ਗਿਆ ਹੈ।ਉਨ੍ਹਾਂ ਸਮੂਹ ਮੈਂਬਰਾਂ ਦੀ ਚੜ੍ਹਦੀ ਕਲਾ ਵਿੱਚ ਰਹਿਣ ਦੀ ਅਰਦਾਸ ਵੀ ਕੀਤੀ।ਇਸ ਮੌਕੇ ਮੈਡਮ ਰਜਨੀ ਮਿੱਤਲ ਤੇ ਸੰਤੋਸ਼ ਕੌਰ ਵੀ ਮੌਜੂਦ ਸਨ। ਉਨ੍ਹਾਂ ਸਾਂਝੇ ਤੌਰ 'ਤੇ ਕਿਹਾ ਕਿ ਸੰਸਥਾ ਵੱਲੋਂ ਜਿੱਥੇ ਮੈਡੀਕਲ ਚੈੱਕਅਪ ਤੇ ਖ਼ੂਨਦਾਨ ਕੈਂਪ ਲਗਾਏ ਜਾਂਦੇ ਹਨ, ਉੱਥੇ ਹੀ ਸੰਸਥਾ ਵੱਲੋਂ ਲੋਕ ਭਲਾਈ ਦੇ ਕਾਰਜ ਕੀਤੇ ਜਾਂਦੇ ਹਨ, ਜੋ ਇੱਕ ਬਹੁਤ ਹੀ ਵਧੀਆ ਉਪਰਾਲਾ ਹੈ, ਇਸ ਨਾਲ ਲੋੜਵੰਦਾਂ ਨੂੰ ਮਦਦ ਮਿਲ ਜਾਂਦੀ ਹੈ।ਅਸੀਂ ਆਸ ਪ੍ਰਗਟ ਕਰਦੇ ਹਾਂ ਕਿ ਅੱਗੇ ਤੋਂ ਵੀ ਇਹ ਸੰਸਥਾ ਹੋਰ ਵਧ ਚੜ੍ਹ ਕੇ ਸਮਾਜ ਭਲਾਈ ਦੇ ਕਾਰਜ ਕਰਦੀ ਰਹੇ।

# ਸੀਵਰੇਜ ਦਾ ਗੰਦਾ ਪਾਣੀ ਭਰਨ ਨਾਲ ਸ਼ਹਿਰ ਨਾਲੋਂ ਕੱਟਿਆ ਮੁਹੱਲਾ ਵੀਰ ਨਗਰ

ਰੇਲਵੇ ਫਾਟਕ 'ਤੇ ਮੁਹੱਲੇ ਦੇ ਲੋਕਾਂ ਲਗਾਇਆ ਮੀਂਹ 'ਚ ਪੱਕਾ ਮੋਰਚਾ



ਮਾਨਸਾ (ਆਤਮਾ ਸਿੰਘ ਪਮਾਰ)-ਮੀਂਹ ਤੇ ਸੀਵਰੇਜ ਦਾ ਪਾਣੀ ਭਰਨ ਨਾਲ ਮੁਹੱਲਾ ਵੀਰ ਨਗਰ ਦੇ ਲੋਕ ਮੁੜ ਸੜਕਾਂ 'ਤੇ ਆਏ।ਲੋਕਾਂ ਨੇ ਵੀਰਵਾਰ ਦੁਪਹਿਰ ਪ੍ਰਸ਼ਾਸਨ ਤੇ ਲੋਕ ਨੁਮਾਇੰਦਿਆਂ ਖਿਲਾਫ਼ ਨਾਅਰੇਬਾਜ਼ੀ ਕਰਦਿਆਂ ਰੇਲਵੇ ਫਾਟਕ 'ਤੇ ਵਰ੍ਹਦੇ ਮੀਂਹ 'ਚ ਪੱਕਾ ਮੋਰਚਾ ਲਗਾ ਦਿੱਤਾ।ਉਨ੍ਹਾਂ ਦਾ ਕਹਿਣਾ ਹੈ ਕਿ ਜਦੋਂ ਤੱਕ ਮੁਹੱਲਾ ਵੀਰ ਨਗਰ ਵਿੱਚੋਂ ਗੰਦੇ ਪਾਣੀ ਦੀ ਨਿਕਾਸੀ ਨਹੀਂ ਹੁੰਦੀ, ਉਦੋਂ ਤੱਕ ਧਰਨਾ ਜਾਰੀ ਰਹੇਗਾ।ਧਰਨੇ ਦੌਰਾਨ ਲੋਕਾਂ ਨੇ ਦੱਸਿਆ ਕਿ ਗੰਦਾ ਪਾਣੀ ਭਰਨ ਕਰਕੇ ਇੱਥੋਂ ਦੇ ਲੋਕ ਦੁੱਧ, ਪਾਣੀ, ਸਬਜ਼ੀ ਤੇ ਹੋਰ ਲੋੜੀਂਦੀਆਂ ਚੀਜ਼ਾਂ ਤੋਂ ਵਾਂਝੇ ਹੋ ਗਏ ਹਨ।ਕਰੀਬ 8 ਦਿਨਾਂ ਤੋਂ ਮੁਹੱਲਾ ਵੀਰ ਨਗਰ 'ਚ ਗੰਦਾ ਪਾਣੀ ਭਰਿਆ ਹੋਇਆ ਹੈ।ਕੋਈ ਸਬਜ਼ੀ ਜਾਂ ਦੁੱਧ ਵਾਲਾ ਵੀ ਉਥੇ ਨਹੀਂ ਆ ਰਿਹਾ।ਸਾਰੇ ਰਾਹ ਬੰਦ ਹੋ ਚੁੱਕੇ ਹਨ।ਧਰਨੇ ਵਿੱਚ ਬੋਲਦਿਆਂ ਸੀ.ਪੀ.ਆਈ. ਐੱਮ ਦੇ ਘਨੀਸ਼ਾਮ ਨਿੱਕੂ, ਸੀ.ਪੀ.ਆਈ. ਦੇ ਕ੍ਰਿਸ਼ਨ ਚੌਹਾਨ, ਸਮਾਜ ਸੇਵੀ ਜਤਿੰਦਰ ਆਗਰਾ, ਅਕਾਲੀ ਦਲ ਦੇ ਗੋਲਡੀ ਗਾਂਧੀ ਨੇ ਕਿਹਾ ਕਿ ਮੀਂਹ ਲਗਾਤਾਰ ਪੈ ਰਹੇ ਹਨ, ਪਰ ਇਸ ਦਾ ਸਭ ਤੋਂ ਵੱਡਾ ਦੁੱਖ ਤੇ ਨਰਕ ਮੁਹੱਲਾ ਵੀਰ ਨਗਰ ਦੇ ਲੋਕ ਭੋਗ ਰਹੇ ਹਨ।ਹਾਲਤ ਇਹ ਹੋ ਗਈ ਕਿ ਉਨ੍ਹਾਂ ਨੂੰ ਘਰਾਂ ਵਿੱਚ ਪਾਣੀ ਵੜਨ ਤੋਂ ਰੋਕਣ ਲਈ ਦਰਵਾਜ਼ਿਆਂ 'ਤੇ ਬੰਨ ਲਗਾਉਣੇ ਪੈ ਰਹੇ ਹਨ। ਮੁੱਢਲੀਆਂ ਜ਼ਰੂਰਤਾਂ ਤੋਂ ਇਲਾਵਾ ਇੱਥੋਂ ਦੇ ਲੋਕ ਕੰਮਾਂ ਕਾਜਾਂ ਤੋਂ ਵੀ ਵਿਹਲੇ ਹੋ ਗਏ।ਪਾਣੀ ਭਰਨ ਕਰਕੇ ਇੱਥੋਂ ਦੇ ਲੋਕ ਨਾ ਤਾਂ ਆਪਣੀਆਂ ਦੁਕਾਨਾਂ ਖੋਲ੍ਹ ਸਕਦੇ ਹਨ ਤੇ ਨਾ ਹੀ ਆਪਣੇ ਹੋਰ ਕੰਮਕਾਜ 'ਤੇ ਜਾ ਸਕਦੇ ਹਨ, ਜਿਸ ਕਰਕੇ ਉਹ ਗੁਜ਼ਾਰੇ ਦੇ ਸੰਕਟ ਵਿੱਚ ਵੀ ਘਿਰਦੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਇਸ ਮੁਹੱਲੇ ਦੇ ਬੱਚੇ ਸਕੂਲ ਜਾਣ ਤੋਂ ਵੀ ਲਾਚਾਰ ਹਨ।ਉਨ੍ਹਾਂ ਕਿਹਾ ਕਿ ਕੁੱਝ ਦਿਨ ਪਹਿਲਾਂ ਵੀ ਲੋਕਾਂ ਨੇ ਰੇਲਵੇ ਫਾਟਕ 'ਤੇ ਧਰਨਾ ਲਗਾਇਆ ਸੀ, ਪਰ ਪਾਣੀ ਦੀ ਸਮੱਸਿਆ ਦੀ ਸਾਰ ਲੈਣ ਦੀ ਬਜਾਏ ਮੁਸ਼ਕਲ ਹੋਰ ਵਧ ਗਈ ਅਤੇ ਹੁਣ ਗੰਦਾ ਪਾਣੀ ਉਨ੍ਹਾਂ ਦੀ ਰਸੋਈ ਤੇ ਕਮਰਿਆਂ ਤੱਕ ਪਹੁੰਚ ਗਿਆ, ਜਿਸ ਕਰਕੇ ਉਨ੍ਹਾਂ ਦਾ ਰਹਿਣਾ ਸਹਿਣਾ ਔਖਾ ਹੋ ਗਿਆ।ਉਨ੍ਹਾਂ ਕਿਹਾ ਕਿ ਜਦੋਂ ਤੱਕ ਇੱਥੇ ਭਰਿਆ ਗੰਦਾ ਪਾਣੀ ਨਹੀਂ ਕੱਢਿਆ ਜਾਂਦਾ, ਉਦੋਂ ਤੱਕ ਇਹ ਮੋਰਚਾ ਇਵੇਂ ਹੀ ਜਾਰੀ ਰਹੇਗਾ।ਮੁਹੱਲਾ ਵਾਸੀਆਂ ਨੇ ਜ਼ਿਲ੍ਹਾ ਪ੍ਰਸ਼ਾਸਨ, ਡਿਪਟੀ ਕਮਿਸ਼ਨਰ ਤੇ ਹੋਰ ਲੋਕ ਨੁਮਾਇੰਦਿਆਂ ਤੋਂ ਇਲਾਵਾ ਅਧਿਕਾਰੀਆਂ ਖਿਲਾਫ਼ ਜੰਮ ਕੇ ਨਾਅਰੇਬਾਜ਼ੀ ਵੀ ਕੀਤੀ।ਧਰਨੇ ਵਿੱਚ ਵੱਡੀ ਗਿਣਤੀ ਔਰਤਾਂ ਵੀ ਸ਼ਾਮਲ ਹੋਈਆਂ।ਇਸ ਸਬੰਧੀ ਨਗਰ ਕੌਂਸਲ ਦੇ ਕਾਰਜਕਾਰੀ ਪ੍ਰਧਾਨ ਸੁਨੀਲ ਕੁਮਾਰ ਨੀਨੂੰ ਨੇ ਕਿਹਾ ਕਿ ਸ਼ਹਿਰ 'ਚ ਮੀਂਹ ਦਾ ਭਰਿਆ ਪਾਣੀ ਕੱਢਣ ਲਈ ਨਗਰ ਕੌਂਸਲ ਲਗਾਤਾਰ ਕੰਮ ਕਰ ਰਹੀ ਹੈ ਤੇ ਕਰਮਚਾਰੀ ਮਸ਼ੀਨਾਂ ਅਤੇ ਪੰਪ ਰਾਹੀਂ ਪਾਣੀ ਕੱਢਣ ਵਿੱਚ ਲੱਗੇ ਹੋਏ ਹਨ।ਉਨ੍ਹਾਂ ਕਿਹਾ ਕਿ ਇਸ ਸਮੱਸਿਆ ਦਾ ਪੱਕਾ ਹੱਲ ਪਾਈਪ ਲਾਈਨ ਦਾ ਕੰਮ ਮੁਕੰਮਲ ਹੋਣ ਤੋਂ ਬਾਅਦ ਹੀ ਹੋਵੇਗਾ।

## ਸਟੀਫਨ ਇੰਟਰਨੈਸ਼ਨਲ ਸਕੂਲ ਨੇ ਕੀਤੀ ਹਾਊਸ ਬੋਰਡ ਤੇ ਕਲਾਸ ਬੋਰਡ ਮੁਕਾਬਲਿਆਂ ਦੀ ਮੇਜ਼ਬਾਨੀ



ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ) ਸਟੀਫਨ ਇੰਟਰਨੈਸ਼ਨਲ ਸਕੂਲ ਰੋਮਾਂਚਕ ਹਾਊਸ ਬੋਰਡ ਤੇ ਕਲਾਸ ਬੋਰਡ ਮੁਕਾਬਲਿਆਂ ਦੀ ਮੇਜ਼ਬਾਨੀ ਕਰਦਾ ਹੈ। ਸਟੀਫਨ ਇੰਟਰਨੈਸ਼ਨਲ ਸਕੂਲ ਨੇ ਹਾਲ ਹੀ ਵਿੱਚ ਇੱਕ ਬਹੁਤ ਹੀ ਪ੍ਰਤੀਯੋਗੀ ਹਾਊਸ ਬੋਰਡ ਤੇ ਕਲਾਸ ਬੋਰਡ ਮੁਕਾਬਲੇ ਦਾ ਆਯੋਜਨ ਕੀਤਾ, ਜਿਸ ਵਿੱਚ ਵੱਖ-ਵੱਖ ਘਰਾਂ ਤੇ ਕਲਾਸਾਂ ਦੇ ਵਿਦਿਆਰਥੀਆਂ ਨੇ ਉਤਸ਼ਾਹੀ ਭਾਗੀਦਾਰੀ ਵੇਖੀ।ਸਖ਼ਤ ਮੁਕਾਬਲੇ ਤੋਂ ਬਾਅਦ ਓਨੇਸਟੀ ਹਾਊਸ ਸਪੱਸ਼ਟ ਜੇਤੂ ਵਜੋਂ ਉਭਰਿਆ, ਜਿਸ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ।ਬ੍ਰੇਵਰੀ ਹਾਊਸ ਨੇ ਦੂਜਾ ਸਥਾਨ ਹਾਸਲ ਕੀਤਾ, ਜਦੋਂ ਕਿ ਵਿਕਟਰੀ ਹਾਊਸ ਤੇ ਵਿਜ਼ਡਮ ਹਾਊਸ ਨੇ ਕ੍ਰਮਵਾਰ ਤੀਜਾ ਅਤੇ ਚੌਥਾ ਸਥਾਨ ਹਾਸਲ ਕੀਤਾ।ਕਲਾਸ ਬੋਰਡ ਮੁਕਾਬਲੇ ਵਿੱਚ ਜਮਾਤਾਂ ਵਿੱਚ ਕੁਝ ਤੀਬਰ ਟੱਕਰ ਵੇਖੀ ਗਈ। ਨਤੀਜੇ ਗਰੁੱਪ 1-5 ਦਾ ਪਹਿਲਾ ਸਥਾਨ ਦੂਜੀ ਕੀਵੀ ਨੇ, ਦੂਜਾ ਸਥਾਨ ਪਹਿਲੀ ਡੋਨਟ ਨੇ ਤੇ ਤੀਜਾ ਸਥਾਨ ਪਹਿਲੀ ਪੈਨਕੇਕ ਅਤੇ ਪਹਿਲੀ ਕੱਪ ਕੇਕ ਨੇ ਹਾਸਲ ਕੀਤਾ।ਗਰੁੱਪ ਛੇਵੀਂ-ਦਸਵੀਂ ਦੇ ਗਰੁੱਪ ਵਿੱਚੋਂ ਪਹਿਲਾ ਸਥਾਨ ਦਸਵੀਂ ਆਸਕਰ ਤੇ ਅੱਠਵੀਂ ਨਾਇਗਰਾ ਨੇ, ਦੂਜਾ ਸਥਾਨ ਨੌਵੀਂ ਕਲਪਨਾ ਨੇ ਅਤੇ ਤੀਜਾ ਸਥਾਨ ਛੇਵੀਂ ਪੈਸੀਫਿਕ ਨੇ ਪ੍ਰਾਪਤ ਕੀਤਾ। ਸਕੂਲ ਪ੍ਰਸ਼ਾਸਨ ਨੇ ਸਾਰੇ ਜੇਤੂ ਘਰਾਂ ਤੇ ਕਲਾਸਾਂ ਨੂੰ ਵਧਾਈ ਦਿੱਤੀ ਤੇ ਉਨ੍ਹਾਂ ਦੀ ਮਿਹਨਤ ਤੇ ਸਮਰਪਣ ਦੀ ਸ਼ਲਾਘਾ ਕੀਤੀ। ਮੁਕਾਬਲਿਆਂ ਨੂੰ ਸਫ਼ਲ ਬਣਾਉਣ ਲਈ ਅਣਥੱਕ ਮਿਹਨਤ ਕਰਨ ਵਾਲੇ ਅਧਿਆਪਕਾਂ ਤੇ ਵਿਦਿਆਰਥੀਆਂ ਦੀ ਵਿਸ਼ੇਸ਼ ਸ਼ਲਾਘਾ ਕੀਤੀ ਗਈ।ਸਾਨੂੰ ਆਪਣੇ ਵਿਦਿਆਰਥੀਆਂ ਦੀਆਂ ਪ੍ਰਾਪਤੀਆਂ ਤੇ ਉਨ੍ਹਾਂ ਦੀ ਟੀਮ ਵਰਕ ਅਤੇ ਖੇਡ ਭਾਵਨਾ ਦੇ ਪ੍ਰਦਰਸ਼ਨ 'ਤੇ ਮਾਣ ਹੈ। ਸਟੀਫਨ ਇੰਟਰਨੈਸ਼ਨਲ ਸਕੂਲ ਦੀ ਡਾਇਰੈਕਟਰ ਪ੍ਰਿੰਸੀਪਲ ਮੋਨਿਕਾ ਸ਼ਰਮਾ ਨੇ ਕਿਹਾ ਕਿ ਅਸੀਂ ਆਪਣੇ ਭਵਿੱਖ ਦੇ ਮੁਕਾਬਲਿਆਂ ਵਿੱਚ ਵੀ ਇਸੇ ਭਾਵਨਾ ਅਤੇ ਜਨੂੰਨ ਨੂੰ ਅੱਗੇ ਵਧਾਉਣ ਲਈ ਉਤਸੁਕ ਹਾਂ।

## ਮਾਡਲ ਟਾਊਨ ਫੇਜ਼ 3 ਦਾ ਸੇਵਾ ਕੇਂਦਰ ਸਵੇਰੇ 8 ਤੋਂ ਸ਼ਾਮ 8 ਵਜੇ ਤੱਕ ਰਹੇਗਾ ਖੁੱਲ੍ਹਾ : ਡੀ.ਸੀ.

ਬਠਿੰਡਾ (ਪਰਵਿੰਦਰ ਜੀਤ ਸਿੰਘ)-ਆਮ ਲੋਕਾਂ ਦੀ ਸਹੂਲਤ ਦੇ ਮੱਦੇਨਜ਼ਰ ਕਮਿਊਨਿਟੀ ਸੈਂਟਰ ਮਾਡਲ ਟਾਊਨ ਫੇਜ਼ 3 ਦਾ ਸੇਵਾ ਕੇਂਦਰ 14 ਜੁਲਾਈ ਤੋਂ ਸਵੇਰੇ 8 ਤੋਂ ਸ਼ਾਮ 8 ਵਜੇ ਤੱਕ ਲਗਾਤਾਰ 12 ਘੰਟੇ ਖੁੱਲ੍ਹੇ ਰਹੇਗਾ।ਇਹ ਸੇਵਾ ਕੇਂਦਰ ਸੋਮਵਾਰ ਤੋਂ ਸ਼ਨੀਵਾਰ ਤੱਕ ਖੁੱਲ੍ਹਾ ਰਹੇਗਾ।ਇਸ ਤੋਂ ਇਲਾਵਾ ਸ਼ਾਮ 4 ਤੋਂ ਸ਼ਾਮ 8 ਵਜੇ ਤੱਕ ਦੋ ਕ੍ਰਮਚਾਰੀ ਵੀ ਤਾਇਨਾਤ ਰਹਿਣਗੇ।ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਨੇ ਸਾਂਝੀ ਕੀਤੀ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜਿਨ੍ਹਾਂ ਲੋਕਾਂ ਨੂੰ ਦਿਨ ਦੌਰਾਨ ਆਪਣਾ ਕੰਮ ਕਾਰਨ ਜਾਂ ਕਿਸੇ ਹੋਰ ਕਾਰਨਾਂ ਕਰਕੇ ਸੇਵਾ ਕੇਂਦਰ ਆਉਣ ਵਿੱਚ ਮੁਸ਼ਕਲ ਹੁੰਦੀ ਸੀ, ਉਹ ਹੁਣ ਸਵੇਰੇ-ਸ਼ਾਮ ਆਪਣਾ ਕੰਮ ਕਰਾ ਸਕਣਗੇ, ਜਿਨ੍ਹਾਂ ਨਾਲ ਆਮ ਲੋਕਾਂ ਨੂੰ ਬਹੁਤ ਫ਼ਾਇਦਾ ਹੋਵੇਗਾ।ਉਨ੍ਹਾਂ ਆਮ ਲੋਕਾਂ ਨੂੰ ਪੁਰਜ਼ੋਰ ਅਪੀਲ ਕਰਦਿਆਂ ਕਿਹਾ ਕਿ ਉਹ ਵਧੇ ਹੋਏ ਸਮੇਂ ਦੀ ਪੂਰਾ ਲਾਭ ਲੈਣ ਅਤੇ ਕਿਸੇ ਵੀ ਜਾਣਕਾਰੀ ਲਈ ਸੇਵਾ ਕੇਂਦਰ 'ਤੇ ਸਿੱਧਾ ਸੰਪਰਕ ਕਰ ਸਕਦੇ ਹਨ। ਸੇਵਾ ਕੇਂਦਰ ਦੇ ਜ਼ਿਲ੍ਹਾ ਮੈਨੇਜਰ ਸ੍ਰੀ ਰਾਜਵੀਰ ਸਿੰਘ ਨੇ ਦੱਸਿਆ ਕਿ ਸੇਵਾ ਕੇਂਦਰਾਂ ਰਾਹੀਂ ਅਜਿਹੀਆਂ ਅਨੇਕਾਂ ਸਰਕਾਰੀ ਸੇਵਾਵਾਂ ਜਿਵੇਂ ਕਿ ਆਧਾਰ ਕਾਰਡ, ਜਨਮ-ਮੌਤ, ਜਾਤੀ, ਆਮਦਨ, ਰਿਹਾਇਸ਼ ਪ੍ਰਮਾਣ ਪੱਤਰ, ਮੈਰਿਜ ਸਰਟੀਫਿਕੇਟ, ਪੈਨਸ਼ਨ ਸਬੰਧੀ ਸੇਵਾਵਾਂ, ਆਯੁਸ਼ਮਾਨ ਕਾਰਡ ਆਦਿ ਵਰਗੀਆਂ 400 ਤੋਂ ਵੱਧ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ।

## ਕਾਂਗਰਸ ਪਾਰਟੀ ਦੀ ਹਲਕਾ ਪੱਧਰੀ ਮੀਟਿੰਗ 'ਚ ਅਹਿਮ ਵਿਚਾਰਾਂ



ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)-ਕਾਂਗਰਸ ਪਾਰਟੀ ਨੂੰ ਹੋਰ ਮਜ਼ਬੂਤ ਬਣਾਉਣ ਲਈ ਪਿੰਡ-ਪਿੰਡ ਮੀਟਿੰਗਾਂ ਦੀ ਚਲਾਈ ਜਾ ਰਹੀ ਮੁਹਿੰਮ ਤਹਿਤ ਕਾਂਗਰਸ ਦੇ ਬਲਾਕ ਪ੍ਰਧਾਨ ਪਰਮਿੰਦਰ ਸਿੰਘ ਸ਼ੰਮੀ ਦੀ ਅਗਵਾਈ ਹੇਠ ਅਹਿਮ ਇਕੱਤਰਤਾ ਰਵਿਦਾਸ [illegible]

# ਕਾਰੋਬਾਰੀ ਸੁਧੀਰ ਪਾਸੀ ਦੀਆਂ ਮਰਨ ਉਪਰੰਤ ਅੱਖਾਂ ਦਾਨ

ਜੋਤ ਵਿਹੂਣੇ ਲੋਕਾਂ ਨੂੰ ਰੋਸ਼ਨੀ ਪ੍ਰਦਾਨ ਕਰਨ ਲਈ ਅੱਖਾਂ ਦਾਨ ਕਰਨਾ ਬਹੁਤ ਜ਼ਰੂਰੀ : ਰਸ਼ਪਾਲ ਪੁਨਰਜੋਤ



ਮੋਗਾ (ਇਕਬਾਲ ਸਿੰਘ ਖਹਿਰਾ) ਮੋਗਾ ਦੇ ਉੱਘੇ ਕਾਰੋਬਾਰੀ ਜੁਝਾਰ ਬੱਸ ਦੇ ਡਾਇਰੈਕਟਰ ਸ੍ਰੀ ਸੁਧੀਰ ਪਾਸੀ ਦੀ ਦਿਲ ਦਾ ਦੌਰਾ ਪੈਣ ਨਾਲ ਅਚਾਨਕ ਮੌਤ ਹੋ ਗਈ, ਜਿਸ ਕਾਰਨ ਪੂਰੇ ਸ਼ਹਿਰ ਵਿੱਚ ਸੋਗ ਦੀ ਲਹਿਰ ਫੈਲ ਗਈ।ਇਸ ਮੁਸ਼ਕਲ ਘੜੀ ਵਿੱਚ ਉਨ੍ਹਾਂ ਦੇ ਬੇਟੇ ਰੋਹਿਤ ਪਾਸੀ ਤੇ [illegible]

## ਹਰ ਪਰਵਾਰ ਨੂੰ ਮਿਲੇਗਾ 10 ਲੱਖ ਤੱਕ ਦਾ ਕੈਸ਼ਲੈਸ ਇਲਾਜ : ਵਿਧਾਇਕ ਰਾਏ



ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਸਿਹਤ ਯੋਜਨਾ ਸ਼ੁਰੂ ਕੀਤੀ ਜਾ ਰਹੀ ਹੈ, [illegible]

## ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੀ ਮੀਟਿੰਗ



ਭੀਖੀ (ਪਰਮਵੀਰ ਸ਼ਰਮਾ)-ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਬਲਾਕ ਭੀਖੀ ਦੀ ਮੀਟਿੰਗ [illegible]

## ਸ਼੍ਰੋਮਣੀ ਕਮੇਟੀ ਵੱਲੋਂ ਸ਼ਹੀਦ ਗੁਰਤੇਜ ਸਿੰਘ ਦੇ ਪਰਵਾਰ ਦਾ ਸਨਮਾਨ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਭਾਰਤ ਤੇ ਚੀਨ ਸਰਹੱਦ 'ਤੇ ਗਲਵਾਨ ਘਾਟੀ ਵਿੱਚ ਚੀਨੀ ਫੌਜ ਦੇ 12 ਜਵਾਨਾਂ ਨੂੰ ਸ੍ਰੀ ਸਾਹਿਬ ਨਾਲ ਮੌਤ ਦੇ ਘਾਟ ਉਤਾਰ ਕੇ ਆਖਰ ਖੁਦ ਸ਼ਹਾਦਤ ਦਾ ਜਾਮ ਪੀਣ ਵਾਲੇ ਸ਼ਹੀਦ ਗੁਰਤੇਜ ਸਿੰਘ ਦੇ ਪਰਵਾਰ ਦਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਵੱਲੋਂ ਸਨਮਾਨ ਕੀਤਾ ਗਿਆ। ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਦੱਸਿਆ ਕਿ ਸ਼ਹੀਦ ਭਾਈ ਗੁਰਤੇਜ ਸਿੰਘ ਦਾ ਜਨਮ 15 ਨਵੰਬਰ 1997 ਨੂੰ ਪਿੰਡ ਬੀਰੇਵਾਲਾ ਡੋਗਰਾ ਜ਼ਿਲ੍ਹਾ ਮਾਨਸਾ ਵਿੱਚ ਵਿਰਸਾ ਸਿੰਘ ਤੇ ਪ੍ਰਕਾਸ਼ ਕੌਰ ਦੇ ਘਰ ਹੋਇਆ ਸੀ। ਪ੍ਰੋ. ਬਡੂੰਗਰ ਨੇ ਕਿਹਾ ਕਿ ਦੇਸ਼ ਦੀ ਆਜ਼ਾਦੀ ਲਈ ਕੁਰਬਾਨੀਆਂ ਕਰਨ ਵਾਲੇ ਸ਼ਹੀਦਾਂ ਦੇ ਪਰਿਵਾਰਾਂ ਦਾ ਸਨਮਾਨ ਕਰਨਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਫਰਜ ਹੈ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਅਤਰਿੰਗ ਮੈਂਬਰ ਸੁਰਜੀਤ ਸਿੰਘ ਗੜ੍ਹੀ, ਰਵਿੰਦਰ ਸਿੰਘ ਖਾਲਸਾ, ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਸੁਰਜੀਤ ਸਿੰਘ ਭਿੱਟੇਵੱਡ, ਜਸਮੇਰ ਸਿੰਘ ਲਾਛੜੂ ਤੇ ਹਰਪਾਲ ਸਿੰਘ ਜੱਲਾ ਆਦਿ ਹਾਜ਼ਰ ਸਨ।

## ਕਿਰਨਜੀਤ ਕੌਰ ਦੇ ਬਰਸੀ ਸਮਾਗਮ ਦੀਆਂ ਤਿਆਰੀਆਂ ਸੰਬੰਧੀ ਮੀਟਿੰਗ

ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)-ਔਰਤ ਮੁਕਤੀ ਦਾ ਪ੍ਰਤੀਕ ਸ਼ਹੀਦ ਕਿਰਨਜੀਤ ਕੌਰ ਮਹਿਲ ਕਲਾਂ ਦੇ 12 ਅਗਸਤ ਨੂੰ ਅਨਾਜ ਮੰਡੀ ਮਹਿਲ ਕਲਾਂ 'ਚ ਮਨਾਏ ਜਾਣ ਵਾਲੇ ਬਰਸੀ ਸਮਾਗਮ ਦੀਆਂ ਤਿਆਰੀਆਂ ਯਾਦਗਾਰੀ ਕਮੇਟੀ ਵੱਲੋਂ ਅਰੰਭ ਦਿੱਤੀਆਂ ਹਨ।ਯਾਦਗਾਰ ਕਮੇਟੀ ਦੇ ਬੁਲਾਰੇ ਨਰਾਇਣ ਦੱਤ ਨੇ ਦੱਸਿਆ ਕਿ ਤਿਆਰੀਆਂ ਵਜੋਂ ਯਾਦਗਾਰ ਕਮੇਟੀ ਦੀ ਮੀਟਿੰਗ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਮਹਿਲ ਕਲਾਂ ਵਿਖੇ ਹੋਈ।ਇਸ ਮੌਕੇ ਬਰਸੀ ਸਮਾਗਮ ਦੀ ਸਮੁੱਚੀ ਵਿਉਂਤਬੰਦੀ ਬਾਰੇ ਵਿਸਥਾਰ ਵਿੱਚ ਚਰਚਾ ਕੀਤੀ ਗਈ।ਕਮੇਟੀ ਆਗੂਆਂ ਮਨਜੀਤ ਧਨੇਰ, ਪ੍ਰੇਮ ਕੁਮਾਰ, ਜਰਨੈਲ ਸਿੰਘ, ਗੁਰਵਿੰਦਰ ਸਿੰਘ ਨੇ ਕਿਹਾ ਕਿ ਅੱਜ ਵੀ ਔਰਤ ਵਰਗ ਨੂੰ ਜ਼ਬਰ ਦੀਆਂ ਵਡੇਰੀਆਂ ਚੁਣੌਤੀਆਂ ਦਰਪੇਸ਼ ਹਨ।ਸ਼ਹੀਦ ਕਿਰਨਜੀਤ ਕੌਰ ਦੀ ਸ਼ਹਾਦਤ ਔਰਤ ਮੁਕਤੀ ਸੰਗਰਾਮ ਲਈ ਪ੍ਰੇਰਨਾ ਸਰੋਤ ਹੈ।12 ਅਗਸਤ ਨੂੰ ਦਾਣਾ ਮੰਡੀ ਮਹਿਲ ਕਲਾਂ ਵਿਖੇ ਮਨਾਏ ਜਾਣ ਵਾਲੇ ਬਰਸੀ ਸਮਾਗਮ ਦੀਆਂ ਤਿਆਰੀਆਂ, ਮੌਜੂਦਾ ਹਾਲਤਾਂ ਵਿੱਚ ਦਰਪੇਸ਼ ਵੰਗਾਰਾਂ ਤੇ ਟਾਕਰੇ ਦੀ ਉਸਾਰੀ ਲਹਿਰ ਨੂੰ ਹੋਰ ਉਚੇਰੇ ਪੱਧਰ 'ਤੇ ਲੈ ਕੇ ਜਾਣ ਸਬੰਧੀ ਗੰਭੀਰ ਵਿਚਾਰ ਚਰਚਾ ਕੀਤੀ ਗਈ।ਇਸ ਕਰਕੇ ਹਾਲਤਾਂ ਦੇ ਸਨਮੁੱਖ ਯਾਦਗਾਰ ਕਮੇਟੀ ਵਿੱਚ ਲੋੜੀਂਦਾ ਵਾਧਾ ਕਰਦਿਆਂ ਜਗਰਾਜ ਸਿੰਘ ਹਰਦਾਸਪੁਰਾ, ਗੁਰਮੇਲ ਸਿੰਘ ਠੁੱਲੀਵਾਲ, ਗੁਰਦੇਵ ਸਿੰਘ ਮਾਂਗੇਵਾਲ, ਨਿਰਮਲ ਸਿੰਘ ਚੁਹਾਨਕੇ, ਦਰਸ਼ਨ ਸਿੰਘ ਦਸੌਂਦਾ ਸਿੰਘ ਵਾਲਾ ਤੇ ਅਮਰਜੀਤ ਸਿੰਘ ਕਾਲਸਾਂ ਨੂੰ ਮੈਂਬਰ ਬਣਾਇਆ ਗਿਆ।ਇਸ ਵਾਰ ਬਰਸੀ ਸਮਾਗਮ ਦੇ ਮੁੱਖ ਔਰਤ ਬੁਲਾਰੇ ਵਜੋਂ ਪ੍ਰਸਿੱਧ ਚਿੰਤਕ, ਔਰਤ ਹੱਕਾਂ ਉੱਪਰ ਲਗਾਤਾਰ ਲਿਖਣ ਵਾਲੀ ਕਵਿਤਾ ਕ੍ਰਿਸ਼ਨਨ ਤੇ ਜਮਹੂਰੀ ਅਧਿਕਾਰ ਦੀ ਸੂਬਾ ਆਗੂ ਅਮਨਦੀਪ ਕੌਰ ਐਡਵੋਕੇਟ ਪੰਜਾਬ ਤੇ ਹਰਿਆਣਾ ਹਾਈ ਕੋਰਟ ਹੋਣਗੇ।

## ਹਰਿਆਵਲ ਮੁਹਿੰਮ ਦੌਰਾਨ ਆਈ ਟੀ ਆਈ ਹੁਸੈਨਪੁਰਾ 'ਚ ਬੂਟੇ ਲਗਾਏ



ਲੁਧਿਆਣਾ (ਰੈਕਟਰ ਕਥੂਰੀਆ)-ਸਰਕਾਰੀ ਆਈ.ਟੀ.ਆਈ. ਹੁਸੈਨਪੁਰਾ, ਲੁਧਿਆਣਾ ਵਿਖੇ ਡਾ. ਹਰਦੀਪ ਸਿੰਘ ਬੈਨੀਪਾਲ ਡਿਪਟੀ ਡਾਇਰੈਕਟਰ ਬਾਗਬਾਨੀ ਲੁਧਿਆਣਾ ਦੀ ਅਗਵਾਈ ਹੇਠ ਡਾ. ਜਸਪ੍ਰੀਤ ਕੌਰ ਗਿੱਲ ਸਿੱਧੂ ਬਾਗਵਾਨੀ ਵਿਕਾਸ ਅਫਸਰ ਲੁਧਿਆਣਾ-1 ਤੇ 2 ਨੇ ਪ੍ਰਸ਼ਾਸਨ ਵੱਲੋਂ ਪਲਾਂਟੇਸ਼ਨ ਡਰਾਈਵ ਦੇ ਮੱਦੇਨਜ਼ਰ ਬੂਟੇ ਲਗਾਏ।ਡਾ. ਜਸਪ੍ਰੀਤ ਵੱਲੋਂ ਬੂਟੇ ਲਗਾਉਣ ਦੇ ਨਾਲ-ਨਾਲ ਇਨ੍ਹਾਂ ਦੀ ਸਾਂਭ-ਸੰਭਾਲ 'ਤੇ ਵੀ ਜ਼ੋਰ ਦਿੱਤਾ।ਉਨ੍ਹਾਂ ਕਿਹਾ ਕਿ ਆਲਮੀ ਤਪਸ਼ ਨੂੰ ਘੱਟ ਕਰਨ ਤੇ ਆਪਣੇ ਆਲੇ-ਦੁਆਲੇ ਨੂੰ ਹਰਿਆ ਭਰਿਆ ਰੱਖਣ ਲਈ ਬੂਟੇ ਲਗਾਉਣੇ ਸਮੇਂ ਦੀ ਲੋੜ ਹੈ ਤੇ ਇਸ ਨੇਕ ਕਾਰਜ ਵਿੱਚ ਸਾਨੂੰ ਸਾਰਿਆਂ ਨੂੰ ਅੱਗੇ ਆਉਣਾ ਚਾਹੀਦਾ ਹੈ।ਇਸ ਮੌਕੇ ਡਾ. ਲਿਖਿਲ ਅੰਬਿਸ਼ ਮਹਿਤਾ, ਬਾਗਬਾਨੀ ਵਿਕਾਸ ਅਫਸਰ, ਮਨਿੰਦਰ ਸਿੰਘ, ਬਲਜਿੰਦਰ ਸਿੰਘ ਪ੍ਰਿੰਸੀਪਲ ਸਰਕਾਰੀ ਆਈ.ਟੀ.ਆਈ. ਹੁਸੈਨਪੁਰਾ, ਸਰਪੰਚ ਮਨਮੋਹਨ ਸਿੰਘ, ਚੇਅਰਮੈਨ ਰਾਜ ਕੁਮਾਰ ਜੈਨ, ਵਿਸ਼ਾਲ ਜੈਨ, ਜਗਤਾਰ ਸਿੰਘ ਟ੍ਰੇਨਿੰਗ ਅਫਸਰ, ਗੁਰਸਿਮਰਨ ਸਿੰਘ, ਲਖਵੀਰ ਸਿੰਘ, ਗੁਰਵਿੰਦਰ ਸਿੰਘ, ਸੰਦੀਪ ਸਿੰਘ ਜੇ.ਈ., ਜਗਵੀਰ ਸਿੰਘ ਜੇ.ਈ., ਵਰਿੰਦਰ ਕੁਮਾਰ ਜੇ ਈ ਮੌਜੂਦ ਸਨ।

## ਭਾਰਤ ਵਿਕਾਸ ਪ੍ਰੀਸ਼ਦ ਦਾ ਸਥਾਪਨਾ ਦਿਵਸ ਸਮਾਜ ਸੇਵਾ ਕਰਕੇ ਮਨਾਇਆ



ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਭਾਰਤ ਵਿਕਾਸ ਪ੍ਰੀਸ਼ਦ ਦੀ ਫਿਰੋਜ਼ਪੁਰ ਸ਼ਹਿਰ ਸ਼ਾਖਾ ਨੇ ਆਪਣਾ 63ਵਾਂ ਸਥਾਪਨਾ ਦਿਵਸ ਸਮਾਜ ਸੇਵਾ ਦੇ ਨਾਮ ਸਮਰਪਤ ਕਰਦਿਆਂ ਸਥਾਨਕ ਸਰਕਾਰੀ ਹਸਪਤਾਲ ਵਿੱਚ 11 ਟੀ ਬੀ ਮਰੀਜ਼ਾਂ ਨੂੰ ਰੋਜ਼ਮਰ੍ਹਾ ਦੀ ਵਰਤੋਂ ਵਾਲੀਆਂ ਵਸਤਾਂ ਦੀਆਂ ਕਿੱਟਾਂ ਵੰਡ ਕੇ ਮਨਾਇਆ। ਇਸ ਮੌਕੇ ਡਾਕਟਰ ਸਤਿੰਦਰ ਓਬਰਾਏ, ਡਾਕਟਰ ਅਰਜੁਨ ਸ਼ਰਮਾ ਤੇ ਡਾਕਟਰ ਰਾਜਦੀਪ ਸਿੰਘ ਨੇ ਪ੍ਰੀਸ਼ਦ ਦੇ ਸੇਵਾ ਕਾਰਜਾਂ ਦੀ ਦਿਲੋਂ ਸ਼ਲਾਘਾ ਕੀਤੀ। ਸ਼ਾਖਾ ਪ੍ਰਧਾਨ ਸਤੀਸ਼ ਗਰੋਵਰ ਨੇ ਡਾਕਟਰਾਂ ਦੀ ਸੇਵਾ ਭਾਵਨਾ ਤੇ ਕਰਤੱਵ ਨਿਸ਼ਠਾ ਲਈ ਦਿਲੋਂ ਧੰਨਵਾਦ ਪ੍ਰਗਟ ਕੀਤਾ। ਇਸ ਸ਼ੁੱਭ ਕਾਰਜ ਵਿੱਚ ਮਹਿਲਾ ਵਿੰਗ ਮੁਖੀ ਜਨਕ ਦੁਲਾਰੀ ਚੌਧਰੀ, ਨਰੇਸ਼ ਗਰੋਵਰ, ਸ਼ਕਤੀ ਚੋਪੜਾ, ਅਰੁਣਾ ਭੋਲਾ, ਉਰਮਿਲ ਚਾਵਲਾ, ਰੇਣੂ ਧਵਨ, ਸੁਖਵਿੰਦਰ ਬੇਰੀ, ਸੁਭਾਸ਼ ਚੌਧਰੀ, ਪ੍ਰਦੀਪ ਕੱਕੜ, ਸੁਰੇਸ਼ ਸ਼ਰਮਾ, ਤਰਸੇਮ ਗਰੋਵਰ, ਕੁਲਭੂਸ਼ਣ ਗੌਤਮ, ਵੇਦ ਮਲਹੋਤਰਾ ਤੇ ਕੁਲਭੂਸ਼ਣ ਗਰੋਵਰ ਨੇ ਪੂਰਨ ਸਹਿਯੋਗ ਦਿੱਤਾ।


ਡਿਮਾਂਡ ਨੋਟਿਸ

AXIS BANK | Axis Bank Ltd., Retail Assets Center: AXIS Bank Ltd. "2nd and 3rd Floor, Property No. 7-E, Malhar Road, Saraabha Nagar, Ludhiana -141001.
Retail Assets Center: Axis Bank Ltd, 3rd Floor, Sco 367-368, Above Akash Institute, Sector 34A Chandigarh- 160022
Corporate Office: 3rd Floor, Block-B, Bombay Dyeing Mills Compound, Pandurang Budhakar Marg, Worli, Mumbai-400 025
Registered Office: 'Trishul', 3rd floor, opposite Samartheswar Temple, Law garden, Ellisbridge, Ahmedabad-380006

ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਡਿਮਾਂਡ ਨੋਟਿਸ

ਜਦੋਂ ਕਿ ਹੇਠਾਂ ਦਰਸਾਏ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਰੰਟਰਾਂ/ ਰਹਿਣਕਾਰਾਂ ਨੇ ਐਕਸਿਸ ਬੈਂਕ ਲਿਮਟਿਡ ਤੋਂ ਵਿੱਤੀ ਸਹਾਇਤਾ ਪ੍ਰਾਪਤ ਕੀਤੀ ਸੀ। ਅਸੀਂ ਦੱਸਦੇ ਹਾਂ ਕਿ ਵਿੱਤੀ ਸਹਾਇਤਾ ਹਾਸਲ ਕਰਨ ਦੇ ਬਾਵਜੂਦ, ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੇ ਨਿਰਧਾਰਤ ਮਿਤੀਆਂ 'ਤੇ ਮੂਲ ਅਤੇ ਵਿਆਜ ਰਕਮਾਂ ਦੀ ਮੁੜ ਅਦਾਇਗੀ 'ਚ ਅਨੇਕਾਂ ਭੁੱਲਾਂ ਕੀਤੀਆਂ ਹਨ। ਭਾਰਤੀ ਰਿਜ਼ਰਵ ਬੈਂਕ ਵੱਲੋਂ ਜਾਰੀ ਨਿਰਦੇਸ਼ਾਂ/ਗਾਈਡ ਲਾਈਨਾਂ ਅਨੁਸਾਰ ਹੇਠਾਂ ਦਰਸਾਈਆਂ ਸੰਬੰਧਤ ਮਿਤੀਆਂ 'ਤੇ ਖਾਤੇ ਨੂੰ ਨਾਨ-ਪ੍ਰਫਾਰਮਿੰਗ ਐੱਸਟ ਵਰਗੀਕ੍ਰਿਤ ਕਰ ਦਿੱਤਾ ਗਿਆ ਹੈ, ਨਤੀਜੇ ਵਜੋਂ ਐਕਸਿਸ ਬੈਂਕ ਦੇ ਅਧਿਕਾਰਤ ਅਫਸਰ ਨੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 ਅਤੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ, ਸਰਫੇਸੀ ਐਕਟ, 2002 ਦੇ ਸੈਕਸ਼ਨ 13 (2) ਤਹਿਤ ਹੇਠਾਂ ਦਰਸਾਈਆਂ ਸੰਬੰਧਤ ਮਿਤੀਆਂ ਨੂੰ ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੂੰ ਨੋਟਿਸ 'ਚ ਦਰਸਾਈ ਰਕਮ ਸਮੇਤ ਇਸ ਉੱਪਰ ਇਕਰਾਰਨਾਮੇ ਅਨੁਸਾਰ ਭਵਿੱਖੀ ਵਿਆਜ ਅਤੇ ਅਚਨਚੇਤੀ ਖਰਚੇ, ਲਾਗਤ ਚਾਰਜਿਜ਼ ਆਦਿ ਨੋਟਿਸਾਂ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਅਦਾ ਕਰਨ ਲਈ ਡਿਮਾਂਡ ਨੋਟਿਸ ਜਾਰੀ ਕੀਤੇ ਸਨ। ਉਨ੍ਹਾਂ ਦੇ ਆਖਰੀ ਜਾਣਕਾਰੀ ਵਾਲੇ ਪਤਿਆਂ 'ਤੇ ਉਨ੍ਹਾਂ ਨੂੰ ਜਾਰੀ ਕੀਤੇ ਗਏ ਨੋਟਿਸ ਬਿਨਾਂ ਤਾਮੀਲ ਦੇ ਵਾਪਸ ਆ ਗਏ ਹਨ, ਇਸ ਲਈ ਉਨ੍ਹਾਂ ਨੂੰ ਉਹੀ ਜਾਣਕਾਰੀ ਹਿਤ ਇਸ ਜਨਤਕ ਨੋਟਿਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ।

| ਲੜੀ ਨੰ. | ਸਹਿ-ਕਰਜ਼ਦਾਰ ਅਤੇ ਗਰੰਟਰ ਦਾ ਨਾਂਅ/ਪਤਾ | ਸਹਿ-ਕਰਜ਼ਦਾਰ ਅਤੇ ਗਰੰਟਰ ਦਾ ਨਾਂਅ/ ਪਤਾ | ਐਨ ਪੀ ਏ ਦੀ ਮਿਤੀ/ਡਿਮਾਂਡ ਨੋਟਿਸ ਦੀ ਮਿਤੀ / ਬਕਾਇਆ ਰਕਮ ਡਿਮਾਂਡ ਨੋਟਿਸ ਅਨੁਸਾਰ / ਕਰਜ਼ਾ ਰਕਮ |
|---|---|---|---|
| 1. | 1. ਸ੍ਰੀ ਕਪਿਲ ਸੱਭਰਵਾਲ ਮਾਰਫਤ ਪ੍ਰਵੀਨ ਕੁਮਾਰ ਸੱਭਰਵਾਲ ਮਕਾਨ ਨੰ. 61, ਲਕਸ਼ਮੀ ਇਨਕਲੇਵ ਢਕੋਲੀ, ਐੱਸ ਏ ਐੱਸ ਨਗਰ ਮੋਹਾਲੀ, ਪੰਜਾਬ-140603 | 2. ਸ੍ਰੀਮਤੀ ਜਯੋਤੀ ਸੱਭਰਵਾਲ ਮਾਰਫਤ ਸ੍ਰੀ ਕਪਿਲ ਸੱਭਰਵਾਲ ਮਕਾਨ ਨੰ. 61, ਲਕਸ਼ਮੀ ਇਨਕਲੇਵ ਢਕੋਲੀ, ਐੱਸ ਏ ਐੱਸ ਨਗਰ ਮੋਹਾਲੀ, ਪੰਜਾਬ-140603 | 10 ਅਪ੍ਰੈਲ 2025/17 ਅਪ੍ਰੈਲ 2025; ਰੁਪਏ 16,06,801/- (ਸੋਲਾਂ ਲੱਖ ਛੇ ਹਜ਼ਾਰ ਅੱਠ ਸੌ ਇੱਕ ਰੁਪਏ ਕੇਵਲ); ਰੁਪਏ 21,07,908/- (ਇੱਕੀ ਲੱਖ ਸੱਤ ਹਜ਼ਾਰ ਨੌ ਸੌ ਅੱਠ ਰੁਪਏ ਕੇਵਲ) |
| | ਸਾਰਣੀ ਅਚੱਲ ਐੱਸਟਸ : ਵਸੀਕਾ ਨੰ. 2021-22/13/1/1859 ਮਿਤੀ 13.05.2021 ਅਨੁਸਾਰ ਰਿਹਾਇਸ਼ੀ ਜਾਇਦਾਦ ਮਕਾਨ ਨੰ. 61, ਰਕਬਾ 00 ਵਿਘੇ 01 ਵਿਸਵਾ 11 ਬਿਸਵਾਸੀ (78.22 ਵਰਗ ਗਜ਼) ਖੇਵਟ ਖਤੌਨੀ ਨੰ. 182/194, ਖਸਰਾ ਨੰ. 1 (5-2), 2 (4-0), 3 (4-6), 4 (2-17), 5 (5-7), 6 (5-16), ਕਿੱਤੇ 06, ਰਕਬਾ 27 ਵਿਘੇ 03 ਵਿਸਵੇ 31/10950 ਤੱਕ ਦਾ ਹਿੱਸਾ 00 ਵਿਘਾ 01 ਵਿਸਵਾ, 11 ਬਿਸਵਾਸੀ, ਲਕਸ਼ਮੀ ਇਨਕਲੇਵ ਪਿੰਡ ਢਕੌਲੀ, ਹਦਬਸਤ ਨੰ. 38, ਐੱਮ ਸੀ, ਸਬ-ਤਹਿਸੀਲ ਜ਼ੀਰਕਪੁਰ, ਤਹਿਸੀਲ ਡੇਰਾਬੱਸੀ, ਜ਼ਿਲ੍ਹਾ ਐੱਸ ਏ ਐੱਸ ਨਗਰ ਮੋਹਾਲੀ ਨਾਲ ਸੰਬੰਧਤ ਸਭ ਕੁੱਝ। ਹੱਦਾਂ (ਬੈਨਾਮੇ ਅਨੁਸਾਰ) ਪੂਰਬ : ਮਕਾਨ ਨੰ. 62, ਪੱਛਮ : ਮਕਾਨ ਨੰ. 60, ਉੱਤਰ : ਸੜਕ, ਦੱਖਣ : ਹੋਰ | | |
| 2. | 1. ਵਿਸ਼ਾਲ ਗੁਪਤਾ ਪੁੱਤਰ ਤਰਲੋਕ ਚੰਦ ਵਾਸੀ ਪਲਾਟ ਨੰ. 4, ਮਕਾਨ ਨੰ. 51, ਵਾਰਡ ਨੰ. 1, ਆਨੰਦ ਵਿਹਾਰ ਕਾਲੋਨੀ, ਦੀਨਾਨਗਰ, ਗੁਰਦਾਸਪੁਰ, ਪੰਜਾਬ-143621 ਮੋਬਾਇਲ ਨੰ. 98140-45360, ਦੂਜਾ ਪਤਾ : ਵਿਸ਼ਾਲ ਗੁਪਤਾ ਪੁੱਤਰ ਤਰਲੋਕ ਚੰਦ ਫਲੈਟ ਨੰ. ਜੀ 304 (2 ਬੀ ਐੱਚ ਕੇ) ਤੀਸਰੀ ਮੰਜ਼ਲ, ਇਮੈਰਜ਼ਿੰਗ ਹਾਈਟ ਆਈ ਐੱਲ ਆਈ ਸੈਕਟਰ-115 ਖਰੜ-140301 | 2. ਸ੍ਰੀਮਤੀ ਪ੍ਰਿਆ ਮਹਾਜਨ ਪਤਨੀ ਵਿਸ਼ਾਲ ਗੁਪਤਾ ਵਾਸੀ ਮਕਾਨ ਨੰ. 51, ਵਾਰਡ ਨੰ. 1, ਆਨੰਦ ਵਿਹਾਰ ਕਾਲੋਨੀ, ਦੀਨਾਨਗਰ, ਗੁਰਦਾਸਪੁਰ, ਪੰਜਾਬ-143621 ਮੋਬਾਇਲ ਨੰ. 97809-45360, ਦੂਜਾ ਪਤਾ : ਸ੍ਰੀਮਤੀ ਪ੍ਰਿਆ ਮਹਾਜਨ ਪਤਨੀ ਵਿਸ਼ਾਲ ਗੁਪਤਾ ਫਲੈਟ ਨੰ. ਜੀ 304 (2 ਬੀ ਐੱਚ ਕੇ) ਤੀਸਰੀ ਮੰਜ਼ਲ, ਇਮੈਰਜ਼ਿੰਗ ਹਾਈਟ ਆਈ ਐੱਲ ਆਈ ਸੈਕਟਰ-115 ਖਰੜ-140301 | 1/10/2021/16-April-2025; Rs. 29,56,846/-; Rs. 20,00,000/- |
| | ਸਾਰਣੀ ਅਚੱਲ ਐੱਸਟਸ : ਰਿਹਾਇਸ਼ੀ ਜਾਇਦਾਦ ਫਲੈਟ ਨੰ. ਜੀ-304, ਤੀਜੀ ਮੰਜ਼ਲ, ਐਮਰਜਿੰਗ ਹਾਈਟਸ III, ਸੈਕਟਰ 115, ਖਰੜ ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਐੱਨ ਏ, ਪੱਛਮ : ਐੱਨ ਏ, ਉੱਤਰ : ਐੱਨ ਏ, ਦੱਖਣ : ਐੱਨ ਏ | | |
| 3. | 1. ਸ੍ਰੀ ਜੈਬੀਰ ਸਿੰਘ ਬਿਸਟ ਪੁੱਤਰ ਸੁਰਿੰਦਰ ਸਿੰਘ ਬਿਸਟ, ਪਤਾ : ਵਾਰਡ ਨੰ. 5, ਮਕਾਨ ਨੰ. 58 ਬੀ, ਗੋਲਡਨ ਸਿਟੀ ਖਰੜ, ਪੰਜਾਬ-140301, ਨਾਲ ਹੀ : ਸ੍ਰੀ ਜੈਬੀਰ ਸਿੰਘ ਬਿਸਟ ਪੁੱਤਰ ਸੁਰਿੰਦਰ ਸਿੰਘ ਬਿਸਟ ਪਤਾ : ਮਕਾਨ ਨੰ. 2126-ਏ, ਐੱਮ ਆਈ ਜੀ ਪਲਾਟ, ਸੈਕਟਰ-66, ਮੋਹਾਲੀ, ਐੱਸ ਏ ਐੱਸ ਨਗਰ-160062 | .................... | 20-April-2023 / 5th-May-2025; ਰੁਪਏ 10,00,488/- (ਦਸ ਲੱਖ ਚਾਰ ਸੌ ਅਠਾਸੀ ਰੁਪਏ ਕੇਵਲ); ਰੁਪਏ 16,00,000/- (ਸੋਲਾਂ ਲੱਖ ਰੁਪਏ ਕੇਵਲ) |
| | ਸਾਰਣੀ ਅਚੱਲ ਐੱਸਟਸ : ਰਿਹਾਇਸ਼ੀ ਪਲਾਟ ਰਕਬਾ 5-1/3 ਮਰਲੇ, ਖਤੌਨੀ ਨੰ. 393/478, ਖਸਰਾ ਨੰ. 20//1 (8-0), 9/2 (1-5), 10 (8-0), 11/1 (7-19), 21//5/2 (6-0), 6/1 (6-0), 15/1 (2-0), 15/2 (6-0), ਪਿੰਡ ਮੁੰਡੀ ਖਰੜ, ਹਦਬਸਤ ਨੰ. 185, ਤਹਿਸੀਲ ਖਰੜ ਨਾਲ ਸੰਬੰਧਤ ਸਭ ਕੁਝ। ਹੱਦਾਂ (ਬੈਨਾਮੇ ਅਨੁਸਾਰ) ਪੂਰਬ : ਹੋਰ ਮਾਲਕ ਬਾਕੀ ਰਕਬਾ 56 ਫੁੱਟ, ਪੱਛਮ : ਮਾਲਕ ਬਾਕੀ ਰਕਬਾ 56 ਫੁੱਟ, ਉੱਤਰ : ਮਾਲਕ ਬਾਕੀ ਰਕਬਾ 25.7 ਫੁੱਟ, ਦੱਖਣ : ਸੜਕ 30 ਫੁੱਟ। | | |
| 4. | 1. ਸ੍ਰੀ ਕੁਲਦੀਪ ਸਿੰਘ ਪੁੱਤਰ ਨਾਹਰ ਸਿੰਘ ਵਾਸੀ : 3325 ਨਿਊ ਸੰਨੀ ਇਨਕਲੇਵ ਸੈਕਟਰ-125, ਗਰੇਟਰ ਮੋਹਾਲੀ, ਸੈਕਟਰ-125, ਐੱਸ ਏ ਐੱਸ ਨਗਰ ਮੋਹਾਲੀ-140301 | 2. ਸ੍ਰੀਮਤੀ ਤੀਰਥ ਕੌਰ ਪਤਨੀ ਸ੍ਰੀ ਕੁਲਦੀਪ ਸਿੰਘ ਵਾਸੀ : 3325 ਨਿਊ ਸੰਨੀ ਇਨਕਲੇਵ ਸੈਕਟਰ-125, ਗਰੇਟਰ ਮੋਹਾਲੀ, ਸੈਕਟਰ-125, ਐੱਸ ਏ ਐੱਸ ਨਗਰ ਮੋਹਾਲੀ-140301 | 01/04/2025 / 30th-June-2025; ਰੁਪਏ 30,45,309/- (ਤੀਹ ਲੱਖ ਪੰਜਤਾਲੀ ਹਜ਼ਾਰ ਤਿੰਨ ਸੌ ਨੌ ਰੁਪਏ ਕੇਵਲ); Rs.60,00,000/- |
| | ਸਾਰਣੀ ਅਚੱਲ ਐੱਸਟਸ : ਰਿਹਾਇਸ਼ੀ ਜਾਇਦਾਦ ਮਕਾਨ ਨੰ. 3325, ਰਕਬਾ 00 ਕਨਾਲ 7-1/2 ਮਰਲੇ (225 ਵਰਗ ਗਜ਼) ਖੇਵਟ ਨੰ. 86, 302, ਖਤੌਨੀ ਨੰ. 108, 363, ਖਸਰਾ ਨੰ. 11//12/1 (6-18), 11//13/3 (6-18), 11//18 (6-12), 11//19 (7-7), 11//26 (0-14), 11//11/3 (1-8), 11//13/1 (0-4), 11//20/1 (1-9), ਕਿੱਤੇ 8, ਜ਼ਮੀਨ ਰਕਬਾ 31 ਕਨਾਲ 10 ਮਰਲੇ, 15/1260 ਤੱਕ ਦਾ ਹਿੱਸਾ, ਜੋ ਕਿ 00 ਕਨਾਲ 7-1/2 ਮਰਲੇ ਹੈ, ਸੰਨੀ ਇਨਕਲੇਵ, ਪਿੰਡ ਫਤਹਿਉਲਪੁਰ, ਹਦਬਸਤ ਨੰ. 30, ਤਹਿਸੀਲ ਖਰੜ, ਜ਼ਿਲ੍ਹਾ ਐੱਸ ਏ ਐੱਸ ਨਗਰ, ਮੋਹਾਲੀ, ਪੰਜਾਬ ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਹੋਰ ਮਾਲਕ ਦਾ ਪਲਾਟ, ਪੱਛਮ : ਸੜਕ 33 ਫੁੱਟ ਚੌੜੀ, ਉੱਤਰ : ਹੋਰ ਮਾਲਕ ਦਾ ਪਲਾਟ, ਦੱਖਣ : ਹੋਰ ਮਾਲਕ ਦਾ ਪਲਾਟ। | | |
| 5. | ਸ੍ਰੀਮਤੀ ਨਰਾਇਣ ਸਵਾਮੀ ਪੁੱਤਰ ਘਣਸ਼ਾਮ ਸੁਆਮੀ ਫਲੈਟ ਨੰ. 119, ਦੂਜੀ ਮੰਜ਼ਲ, ਗੁਰੂ ਨਾਨਕ ਇਨਕਲੇਵ ਢਕੋਲੀ, ਜ਼ੀਰਕਪੁਰ, ਨੇੜੇ ਈਟਿੰਗ ਹੱਟ, ਢਕੋਲੀ, ਐੱਸ ਏ ਐੱਸ ਨਗਰ ਮੋਹਾਲੀ-140603, ਨਾਲ ਹੀ : ਸ੍ਰੀ ਨਰਾਇਣ ਸਵਾਮੀ ਪੁੱਤਰ ਘਣਸ਼ਾਮ ਸੁਆਮੀ ਫਲੈਟ ਨੰ. 34 ਬੀ, ਸ੍ਰੀ ਦੇਵਜਾ ਰੈਜੀਡੈਂਸੀ ਕਿਸ਼ਨਪੁਰਾ, ਜ਼ੀਰਕਪੁਰ ਪੰਜਾਬ-140603, ਨਾਲ ਹੀ : ਸ੍ਰੀ ਨਰਾਇਣ ਸਵਾਮੀ ਪੁੱਤਰ ਘਣਸ਼ਾਮ ਸਵਾਮੀ ਫਲੈਟ ਨੰ. 91-ਸੀ, ਤੀਸਰੀ ਮੰਜ਼ਲ, ਗੁਰੂ ਨਾਨਕ ਇਨਕਲੇਵ, ਢਕੋਲੀ, ਜ਼ੀਰਕਪੁਰ, ਐੱਸ ਏ ਐੱਸ ਨਗਰ-140603 | ਸ੍ਰੀਮਤੀ ਗੀਤਾ ਮਾਰਫਤ ਬਲਾਕੀ ਦਾਸ ਮਕਾਨ ਨੰ. 335 ਜੀ ਪਿੰਡ ਦਰੀਆ ਚੰਡੀਗੜ੍ਹ-160101 | 6-05-2025 / 20-June-2025; Rs. 1467215/-; Rs. 1637222 /- |
| | ਸਾਰਣੀ ਅਚੱਲ ਐੱਸਟਸ : ਰਿਹਾਇਸ਼ੀ ਜਾਇਦਾਦ ਫਲੋਰ ਨੰ. 91 ਸੀ, ਰਕਬਾ 70.55 ਵਰਗ ਗਜ਼ ਦਾ 1/3 ਹਿੱਸਾ, ਖੇਵਟ/ਖਤੌਨੀ ਨੰ. 24/24 ਅਤੇ 142/150, ਖਸਰਾ ਨੰ. 528/2 (3-0), 529/2 (2-15) ਕਿੱਤੇ 2, ਜ਼ਮੀਨ ਰਕਬਾ 5 ਵਿਘੇ 15 ਵਿਸਵੇ ਹਿੱਸਾ, ਗੁਰੂ ਨਾਨਕ ਇਨਕਲੇਵ, ਪਿੰਡ ਢਕੋਲੀ, ਹਦਬਸਤ ਨੰ. 48, ਐੱਮ ਸੀ ਅਤੇ ਸਬ-ਤਹਿਸੀਲ ਜ਼ੀਰਕਪੁਰ, ਤਹਿਸੀਲ ਡੇਰਾਬੱਸੀ, ਜ਼ਿਲ੍ਹਾ ਐੱਸ ਏ ਐੱਸ ਨਗਰ, ਮੋਹਾਲੀ, ਪੰਜਾਬ। ਹੱਦਾਂ (ਬੈਨਾਮੇ ਅਨੁਸਾਰ) ਪੂਰਬ : ਐੱਨ ਏ, ਪੱਛਮ : ਐੱਨ ਏ, ਉੱਤਰ : ਐੱਨ ਏ, ਦੱਖਣ : ਐੱਨ ਏ। | | |

ਉਪਰੋਕਤ ਦਰਸਾਏ ਹਾਲਤਾਂ 'ਚ ਉਕਤ ਕਰਜ਼ਦਾਰਾਂ, ਸਹਿ-ਕਰਜ਼ਦਾਰਾਂ ਅਤੇ /ਜਾਂ ਉਨ੍ਹਾਂ ਦੇ ਗਰੰਟਰਾਂ (ਜਿੱਥੇ ਲਾਗੂ ਹੋਣ) ਨੂੰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਉਪਰੋਕਤ ਦਰਸਾਏ ਬਕਾਏ ਸਮੇਤ ਭਵਿੱਖੀ ਵਿਆਜ ਅਤੇ ਲਾਗੂ ਚਾਰਜਿਜ਼ ਅਦਾ ਕਰਨ ਲਈ ਨੋਟਿਸ ਦਿੱਤਾ ਜਾਂਦਾ ਹੈ। ਅਸਫਲ ਰਹਿਣ 'ਤੇ ਇਸ ਨੋਟਿਸ ਦੇ 60 ਦਿਨ ਗੁਜ਼ਰਨ ਤੋਂ ਬਾਅਦ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਦੇ ਸੈਕਸ਼ਨ 13 (4) ਅਤੇ ਇਸ ਤਹਿਤ ਲਾਗੂ ਨਿਯਮਾਂ ਤਹਿਤ ਕਰਜ਼ਦਾਰਾਂ ਅਤੇ ਰਹਿਣਕਾਰਾਂ ਦੇ ਸਕਿਉਰਡ ਐੱਸਟਸ ਵਿਰੁੱਧ ਸਮੇਤ ਕਬਜ਼ਾ ਹਾਸਲ ਕਰਨ ਜਿਹੇ ਅਗਲੇ ਕਦਮ ਉਠਾਏ ਜਾਣਗੇ। ਕ੍ਰਿਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਉਕਤ ਐਕਟ ਦੇ ਸੈਕਸ਼ਨ 13 (13) ਤਹਿਤ ਕਰਜ਼ਦਾਰ ਸਕਿਉਰਡ ਕ੍ਰੈਡਿਟਰ ਤੋਂ ਅਗਾਊਂ ਲਿਖਤੀ ਮਨਜ਼ੂਰੀ ਤੋਂ ਬਿਨਾਂ ਇਸ ਨੋਟਿਸ 'ਚ ਹਵਾਲੇ ਵਾਲੇ ਕਿਸੇ ਸਕਿਉਰਡ ਐੱਸਟਸ ਨੂੰ ਵਿਕਰੀ, ਲੀਜ਼ ਜਾਂ ਕਿਸੇ ਹੋਰ ਤਰੀਕੇ ਨਾਲ ਤਬਦੀਲ ਨਹੀਂ ਕਰ ਸਕਦਾ।

ਮਿਤੀ : 12 ਜੁਲਾਈ 2025, ਸਥਾਨ : ਐੱਸ ਏ ਐੱਸ ਨਗਰ, ਮੋਹਾਲੀ — ਅਧਿਕਾਰਤ ਅਫਸਰ, ਐਕਸਿਸ ਬੈਂਕ ਲਿਮਟਿਡ



YES BANK — ਰਜਿਸਟਡ ਦਫ਼ਤਰ : ਯੈੱਸ ਬੈਂਕ ਹਾਊਸ, ਵੈਸਟਰਨ ਐਕਸਪ੍ਰੈਸ, ਹਾਈਵੇ, ਸਾਂਤਾਕਰੂਜ਼ (ਈ), ਮੁੰਬਈ 400055
ਨਾਲ ਹੀ : ਐੱਸ ਸੀ ਓ ਨੰ. 129-130, ਦੂਜੀ ਮੰਜ਼ਲ, ਸੈਕਟਰ 9-ਸੀ, ਮਧਿਆ ਮਾਰਗ, ਚੰਡੀਗੜ੍ਹ-160009
ਨਾਲ ਹੀ : ਬੀ-XX 2427-927, ਪਹਿਲੀ ਮੰਜ਼ਲ, ਗੋਬਿੰਦ ਨਗਰ, ਫਿਰੋਜ਼ਪੁਰ ਰੋਡ, ਲੁਧਿਆਣਾ 141001

[(ਰੂਲ-8 (1)] ਕਬਜ਼ਾ ਨੋਟਿਸ

ਜਦੋਂਕਿ, ਨਿਮਨਹਸਤਾਖਰੀ ਨੇ ਯੈੱਸ ਬੈਂਕ ਲਿਮ: ਦੇ ਅਧਿਕਾਰਤ ਅਫਸਰ ਵਜੋਂ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ ਐਕਟ, 2002 (2002 ਦਾ 54) ਅਤੇ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਕਰਜ਼ਦਾਰ ਨੂੰ ਨੋਟਿਸ 'ਚ ਦਰਸਾਏ ਹੇਠਾਂ ਦਿੱਤੇ ਖਾਤਿਆਂ 'ਚ ਹੇਠਾਂ ਵਰਣਿਤ ਰਕਮ ਅਤੇ ਇਸ ਉਪਰ ਵਿਆਜ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਵਾਪਸ ਮੋੜਨ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਸੀ। ਕਰਜ਼ਦਾਰ ਅਤੇ ਗਰੰਟਰ ਪੂਰੀ ਰਕਮ ਵਾਪਸ ਮੋੜਨ 'ਚ ਅਸਫਲ ਰਹੇ ਹਨ। ਕਰਜ਼ਦਾਰਾਂ, ਗਰੰਟਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਹੇਠਾਂ ਦਰਸਾਈਆਂ ਜਾਇਦਾਦਾਂ ਦਾ ਰੂਲ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਕਬਜ਼ਾ ਪ੍ਰਾਪਤ ਕਰ ਲਿਆ ਹੈ। ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਇਹਨਾਂ ਜਾਇਦਾਦਾਂ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਤੋਂ ਖਬਰਦਾਰ ਕੀਤਾ ਜਾਂਦਾ ਹੈ, ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਹੇਠ ਦਰਸਾਈ ਬਕਾਇਆ ਰਕਮ ਅਤੇ ਇਸ ਉੱਪਰ ਵਿਆਜ ਸਮੇਤ ਯੈੱਸ ਬੈਂਕ ਲਿਮ: ਦੀ ਵਸੂਲੀ ਹੇਠ ਹੋਵੇਗੀ। ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰ ਗ੍ਰਹਿਣ ਲਈ ਕਰਜ਼ਦਾਰਾਂ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਐੱਨ ਪੀ ਏ ਖਾਤੇ ਦਾ ਨਾਂਅ | ਅਚੱਲ ਜਾਇਦਾਦ ਦਾ ਵੇਰਵਾ | 13 (2) ਨੋਟਿਸ ਮਿਤੀ | ਕਬਜ਼ੇ ਦੀ ਮਿਤੀ | ਬਕਾਇਆ ਰਕਮ |
|---|---|---|---|---|
| (1) ਰਾਮ ਕੁਮਾਰ ਸ਼ਰਮਾ ਪੁੱਤਰ ਸਰਜੂ ਸ਼ਰਮਾ, ਪਤਾ : ਮਕਾਨ ਨੰ. 13, ਬਾਬਾ ਸ੍ਰੀ ਚੰਦ ਕਾਲੋਨੀ, ਜਲੰਧਰ-2, ਮਿੱਠਾਪੁਰ ਜਲੰਧਰ, ਪੰਜਾਬ 144022 (2) ਅੰਜਨਾ ਸ਼ਰਮਾ ਪਤਨੀ ਰਾਮ ਕੁਮਾਰ ਸ਼ਰਮਾ, ਪਤਾ : ਮਕਾਨ ਨੰ. 13, ਬਾਬਾ ਸ੍ਰੀ ਚੰਦ ਕਾਲੋਨੀ, ਜਲੰਧਰ-2, ਜਲੰਧਰ, ਪੰਜਾਬ-144022 | ਗੈਰ-ਖੇਤੀਬਾੜੀ ਵਾਲੀ ਜਾਇਦਾਦ ਰਕਬਾ 5 ਮਰਲੇ 125 ਵਰਗ ਫੁੱਟ (1485 ਵਰਗ ਫੁੱਟ) ਖਸਰਾ ਨੰ. 27//7/4, 9/2, 12, 17/2, 18, 19/1, 8/2, 14/1, 22, 23, 24/1, 7/3, 10/2, 27 ਵਾਕਿਆ ਰਕਬਾ ਪਿੰਡ ਮਿੱਠਾਪੁਰ, ਜਲੰਧਰ, ਤਹਿਸੀਲ ਤੇ ਜ਼ਿਲ੍ਹਾ ਜਲੰਧਰ, ਪੰਜਾਬ। ਹੱਦਾਂ : ਪੂਰਬ : ਹਿੱਸਾ ਨੰ. 45, ਬਲਵਿੰਦਰਜੀਤ ਸਿੰਘ, ਪੱਛਮ : ਹਿੱਸਾ ਨੰ. 47 ਹੋਰ, ਉੱਤਰ : ਸੜਕ, ਦੱਖਣ : ਹੋਰ। ਰਹਿਣਕਾਰ : ਰਾਮ ਕੁਮਾਰ ਸ਼ਰਮਾ ਪੁੱਤਰ ਸਰਜੂ ਸ਼ਰਮਾ | 05 ਅਪ੍ਰੈਲ 2025 | 11 ਜੂਨ 2025 | 08 ਅਪ੍ਰੈਲ 2025 ਨੂੰ ਰੁ. 30,84,860.22/- (ਤੀਹ ਲੱਖ ਚੁਰਾਸੀ ਹਜ਼ਾਰ ਅੱਠ ਸੌ ਸੱਠ ਰੁਪਏ ਅਤੇ ਬਾਈ ਪੈਸੇ ਕੇਵਲ) ਸਮੇਤ 11 ਜੂਨ 2025 ਤੋਂ ਇਸ ਉਪਰ ਭਵਿੱਖੀ ਵਿਆਜ ਅਤੇ ਹੋਰ ਚਾਰਜਿਜ਼। |

ਮਿਤੀ : 11 ਜੁਲਾਈ 2025 ਸਥਾਨ : ਜਲੰਧਰ — ਵਾਸਤੇ ਯੈੱਸ ਬੈਂਕ ਲਿਮਟਿਡ ਸ੍ਰੀ ਪ੍ਰਦੀਪ ਕੁਮਾਰ, ਅਧਿਕਾਰਤ ਅਫ਼ਸਰ



ਉੱਤਰ ਰੇਲਵੇ

ਈ-ਨਿਵਿਦਾ ਸੂਚਨਾ

ਸੀਨੀਅਰ ਮੰਡਲ ਇੰਜੀਨੀਅਰ-ਹੈਡਕੁ. ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਹੇਠਾਂ ਲਿਖਤ ਈ-ਨਿਵਿਦਾਵਾਂ, ਅੰਤਮ ਮਿਤੀ 31.07.2025 ਸਮਾਂ 15.00 ਵਜੇ ਤਕ, www.ireps.gov.in ਮੰਗ ਕੀਤੀ ਜਾਂਦੀ ਹੈ। ਨਿਵਿਦਾਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ ਇਨਾਂ ਟੈਂਡਰਾਂ ਦੇ ਲਈ ਮੈਨੂੰਅਲ ਪ੍ਰਸਤਾਵ ਮਾਨਯ ਨਹੀਂ ਹੈ ਅਤੇ ਐਸੇ ਕਿਸੇ ਵੀ ਮੈਨੂੰਅਲ ਪ੍ਰਾਪਤ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ।ਠੇਕੇਦਾਰ ਨਿਵਿਦਾ ਫਾਰਮ ਦੀ ਲਾਗਤ ਅਤੇ ਬਿਆਨਾ ਰਾਸ਼ੀ ਭੁਗਤਾਨ ਕੇਵਲ www.ireps.gov.in ਪੋਰਟਲ ਤੇ ਉਪਲਬਧ ਆਨ ਲਾਈਨ ਸਾਧਨਾਂ ਦੇ ਮਾਧਿਅਮ ਜਿਵੇਂ ਨੈਟ ਬੈਕਿੰਗ, ਡੇਬਿਟ ਕਾਰਡ, ਤੇ ਕਰੈਡਿਟ ਕਾਰਡ ਆਦਿ ਨਾਲ ਭੁਗਤਾਨ ਕਰ ਸਕਦੇ ਹਨ। ਡਿਮਾਂਡ ਡ੍ਰਾਫਟ, ਬੈਂਕਰ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਮਾਧਿਅਮ ਨਾਲ ਭੁਗਤਾਨ ਦੀ ਇਜਾਜਤ ਨਹੀਂ ਹੈ।

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਪੈਕੇਟ ਪ੍ਰਣਾਲੀ |
|---|---|---|
| ਖੁਲ੍ਹਾ | ਕੰਮ | ਸਿੰਗਲ ਪੈਕੇਟ ਪ੍ਰਣਾਲੀ |
| ਨਿਵਿਦਾ ਅਪਲੋਡ ਕਰਨ ਦੀ ਮਿਤੀ | ਨਿਵਿਦਾ ਸ਼ੁਰੂ ਦੀ ਮਿਤੀ | ਬੋਲੀ ਸਮਾਪਨ ਦੀ ਮਿਤੀ ਅਤੇ ਸਮਾਂ |
| 03.07.2025 | 11.07.2025 | 31.07.2025 15:00 ਵਜੇ |

| ਲੜੀ ਨੰਬਰ | ਨਿਵਿਦਾ ਨੰਬਰ, ਮਿਤੀ | ਨਿਵਿਦਾ ਦਾ ਵੇਰਵਾ |
|---|---|---|
| 1 | 61-2025-26-ADEN-1-FZR | ਫਿਰੋਜ਼ਪੁਰ ਮੰਡਲ ਤੇ 114.646 ਕਿਲੋਮੀਟਰ ਦੇ ਟੀਡਬਲਯੂਆਰ ਦੇ ਸਬੰਧ ਵਿਚ ਸਹਾਇਕ ਮੰਡਲ ਇੰਜੀਨੀਅਰ-ਫਸਟ/ ਫਿਰੋਜ਼ਪੁਰ ਦੇ ਤਹਿਤ ਲੁਧਿਆਣਾ-ਫਿਰੋਜ਼ਪੁਰ ਸੈਕਸ਼ਨ ਅਤੇ ਬਠਿੰਡਾ-ਫਿਰੋਜ਼ਪੁਰ ਸੈਕਸ਼ਨ ਤੇ ਪੁਰਾਣੇ ਏਟੀ ਵੇਲਡ ਦੇ ਰੋਡ ਸਹਿ ਰੇਲ ਮੋਬਾਈਲ ਫਲੈਸ਼ ਬਟ ਵੇਲਡਿੰਗ ਪਲਾਂਟ ਦਾ ਉਪਯੋਗ ਕਰਕੇ ਵਖ-ਵਖ ਯਾਰਡ ਲਾਈਨਾਂ ਵਿਚ 28.312 ਕਿਲੋਮੀਟਰ ਟੀਡਬਲਯੂਆਰ (ਵੇਲਡ ਨਵੀਨੀਕਰਨ ਦੇ ਮਾਧਿਅਮ ਨਾਲ) ਦਾ ਕੰਮ। |

| ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਨ ਦੀ ਅਵਧੀ |
|---|---|---|---|
| 1,68,45,901.72/- | 2,34,200.00/- | 60 ਦਿਨ | 09 ਮਹੀਨੇ |

ਸਮਾਨ ਨੇਚਰ ਦਾ ਕੰਮ:- "ਮੋਬਾਈਲ ਫਲੈਸ਼ ਬਟ ਵੇਲਡਿੰਗ ਪਲਾਂਟ ਦੇ ਨਾਲ ਰੇਲ ਦੀ ਵੇਲਡਿੰਗ।"

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨ ਹੀ ਮਾਨਯ ਹੋਣਗੇ। ਨੰ.:- 61-2025-26-ADEN-1-FZR & 73-2025-26-DEN-TRACK-FZR

ਤਾਰੀਕ : 10.07.2025 3000/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



ਪਬਲਿਕ ਨੋਟਿਸ

ICICI Bank — Registered Office: ICICI Bank Tower, Near Chakli Circle, Old Padra Road, Vadodara- 390007
Corporate Office: ICICI Bank Towers, Bandra-Kurla Complex Mumbai 400051

ਸੋਨਾ ਈ-ਨਿਲਾਮੀ ਕਮ ਸੱਦਾ ਨੋਟਿਸ

ਹੇਠਾਂ ਲਿਖੇ ਕਰਜ਼ਦਾਰਾਂ ਨੂੰ ਸੋਨੇ ਦੇ ਗਹਿਣਿਆਂ ਬਦਲੇ ਆਈ ਸੀ ਆਈ ਸੀ ਆਈ ਬੈਂਕ ਲਿਮ: ('ਆਈ ਸੀ ਆਈ ਸੀ ਆਈ ਬੈਂਕ') ਤੋਂ ਲਈ ਸਹੂਲਤ ('ਸਹੂਲਤ') ਪ੍ਰਤੀ ਬਕਾਇਆ ਰਕਮ ਦੇ ਭੁਗਤਾਨ ਲਈ ਨੋਟਿਸ ਜਾਰੀ ਕੀਤਾ ਗਿਆ ਹੈ। ਕਿਉਂਕਿ ਇਹ ਬਕਾਇਆ ਰਕਮ ਦਾ ਭੁਗਤਾਨ ਕਰਨ 'ਚ ਅਸਫਲ ਰਹੇ ਹਨ। ਇਸ ਲਈ ਅਸੀਂ ਗਿਰਵੀ ਰੱਖੇ ਸੋਨੇ ਦੇ ਗਹਿਣਿਆਂ ਦੀ 23 ਜੁਲਾਈ 2025 ਨੂੰ ਈ-ਨਿਲਾਮੀ ਕਰਨ ਦੇ ਪਾਬੰਦ ਹਾਂ। ਆਈ ਸੀ ਆਈ ਸੀ ਆਈ ਬੈਂਕ ਨੂੰ ਬਿਨਾਂ ਅਗਾਊਂ ਨੋਟਿਸ ਖਾਤਾ ਹਟਾਉਣ/ਈ-ਨਿਲਾਮੀ ਦੀ ਤਰੀਕ ਬਦਲਣ ਦਾ ਅਧਿਕਾਰ ਹੈ। ਨਿਲਾਮੀ ਦੁਪਹਿਰ 12.30 ਤੋਂ ਬਾਅਦ ਦੁਪਹਿਰ 3.30 ਵਜੇ ਤੱਕ https://jewel-auction.procuretiger.com 'ਤੇ ਆਨਲਾਈਨ ਕੀਤੀ ਜਾਵੇਗੀ। ਸ਼ਰਤਾਂ ਅਤੇ ਨਿਯਮਾਂ ਦੇ ਵੇਰਵੇ ਲਈ ਕ੍ਰਿਪਾ ਕਰਕੇ ਦਿੱਤੀ ਗਈ ਵੈੱਬਸਾਈਟ 'ਤੇ ਲਾਗ ਕਰੋ। ਮ੍ਰਿਤਕ ਕਰਜ਼ਦਾਰਾਂ ਦੇ ਮਾਮਲੇ 'ਚ ਸਾਰੀਆਂ ਸ਼ਰਤਾਂ ਉਹਨਾਂ ਦੇ ਕਾਨੂੰਨੀ ਵਾਰਸਾਂ 'ਤੇ ਲਾਗੂ ਹੋਣਗੀਆਂ।

| ਕਰਜ਼ਾ ਖਾਤਾ ਨੰ. | ਗਾਹਕ ਦਾ ਨਾਂਅ |
|---|---|
| ਬਰਾਂਚ ਦਾ ਨਾਂਅ : ਅਬੋਹਰ | |
| 189462004736 | ਹਰਦਿਆਲ ਸਿੰਘ |
| ਬਰਾਂਚ ਦਾ ਨਾਂਅ : ਅਹਿਮਦਗੜ੍ਹ | |
| 096862002840 | ਅਮਰ ਰਾਮ |
| 096862004782 | ਕੁਲਦੀਪ ਸਿੰਘ ਪੰਧੇਰ |
| ਬਰਾਂਚ ਦਾ ਨਾਂਅ : ਅਜਨਾਲਾ | |
| 108362008379 | ਰਾਣੀ ਰਾਣੀ |
| 108362009161 | ਸਾਗਰ ਸਿੰਘ |
| 108362008925 | ਰਾਜਬੀਰ ਸਿੰਘ |
| 108362008950 | ਗੁਰਪ੍ਰੀਤ ਸਿੰਘ |
| ਬਰਾਂਚ ਦਾ ਨਾਂਅ : ਅਮਲੋਹ | |
| 151462002762 | ਹਰਪ੍ਰੀਤ ਸਿੰਘ |
| ਬਰਾਂਚ ਦਾ ਨਾਂਅ : ਅੰਮ੍ਰਿਤਸਰ-ਬਟਾਲਾ ਰੋਡ | |
| 231562000423 | ਕੁਨਾਲ ਤਿਵਾੜੀ |
| ਬਰਾਂਚ ਦਾ ਨਾਂਅ : ਅੰਮ੍ਰਿਤਸਰ-ਰਣਜੀਤ ਐਵੇਨਿਊ | |
| 060862001899 | ਭਾਰਤ ਕਪੂਰ |
| 199962004009 | ਵਕੀਲ ਸਿੰਘ |
| ਬਰਾਂਚ ਦਾ ਨਾਂਅ : ਗੁਰਾਇਆ | |
| 210362000954 | ਨਿਰਮਲ ਕੌਰ |
| ਬਰਾਂਚ ਦਾ ਨਾਂਅ : ਜਗਰਾਓਂ-ਨਿਊ ਗਰੇਨ ਮਾਰਕਿਟ | |
| 378962001115 | ਹਰਮੀਤ ਸਿੰਘ |
| ਬਰਾਂਚ ਦਾ ਨਾਂਅ : ਜਲੰਧਰ-ਬਬਰੀਕ ਚੌਕ | |
| 483862000097 | ਰਾਜ ਕੁਮਾਰ |
| ਬਰਾਂਚ ਦਾ ਨਾਂਅ : ਜਲੰਧਰ-ਨੂਰਮਹਿਲ | |
| 007962002174 | ਕਮਲਜੀਤ ਕੌਰ |
| ਬਰਾਂਚ ਦਾ ਨਾਂਅ : ਕਲਾਨੌਰ, ਪੰਜਾਬ | |
| 357462003680 | ਪ੍ਰਭਸ਼ਰਨਜੀਤ ਸਿੰਘ |
| 357462003140 | ਗੁਰਪ੍ਰੀਤ ਸਿੰਘ |
| 357462003703 | ਪ੍ਰੀਤਮ ਸਿੰਘ |
| ਬਰਾਂਚ ਦਾ ਨਾਂਅ : ਕਪੂਰਥਲਾ | |
| 044962002459 | ਹਰਪ੍ਰੀਤ ਸਿੰਘ |
| 044962002996 | ਤੀਰਥ ਰਾਮ |
| 355762001441 | ਅਮਰਜੀਤ ਸਿੰਘ |
| ਬਰਾਂਚ ਦਾ ਨਾਂਅ : ਮੁੱਲਾਂਪੁਰ ਦਾਖਾਂ | |
| 151662003233 | ਮਨਜੀਤ ਕੌਰ |
| 151662003492 | ਸੁਖਵੰਤ ਕੌਰ |
| 151662003474 | ਸੁਖਵੰਤ ਕੌਰ |
| ਬਰਾਂਚ ਦਾ ਨਾਂਅ : ਨਾਭਾ | |
| 078962004918 | ਰੇਸ਼ਮ ਸਿੰਘ |
| ਬਰਾਂਚ ਦਾ ਨਾਂਅ : ਨਵਾਂਸ਼ਹਿਰ | |
| 008162002943 | ਰਾਹੁਲ ਕੁਮਾਰ |
| 008162002963 | ਅਰਜਨਦੀਪ ਸਿੰਘ |
| ਬਰਾਂਚ ਦਾ ਨਾਂਅ : ਪਠਾਨਕੋਟ-ਡਲਹੌਜ਼ੀ ਰੋਡ | |
| 393062000641 | ਸਤਵਿੰਦਰ ਸਿੰਘ |
| ਬਰਾਂਚ ਦਾ ਨਾਂਅ : ਪਾਤੜਾਂ | |
| 283162004543 | ਜਸਵਿੰਦਰ ਜਸਵਿੰਦਰ |
| 283162004555 | ਰਾਜ ਕੁਮਾਰ |
| ਬਰਾਂਚ ਦਾ ਨਾਂਅ : ਪੱਟੀ | |
| 150562007713 | ਜਗਬੀਰ ਸਿੰਘ |
| ਬਰਾਂਚ ਦਾ ਨਾਂਅ : ਪੱਟੀ ਸੰਦਲੀ ਮਹਿਰਾਜ | |
| [illegible] | [illegible] |

ਮਿਤੀ : 12.07.2025 — ਵਾਸਤੇ ਆਈ ਸੀ ਆਈ ਸੀ ਆਈ ਬੈਂਕ ਲਿਮਟਿਡ

# ਏ ਡੀ ਸੀ ਹਰਜਿੰਦਰ ਸਿੰਘ ਬੇਦੀ ਦਾ ਨਗਰ ਕੌਂਸਲ ਵੱਲੋਂ ਭਰਵਾਂ ਸਵਾਗਤ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਜ਼ਿਲ੍ਹਾ ਗੁਰਦਾਸਪੁਰ ਦੇ ਏਡੀਸੀ (ਜਨਰਲ) ਹਰਜਿੰਦਰ ਸਿੰਘ ਬੇਦੀ ਦਾ ਪਹਿਲੀ ਵਾਰ ਡੇਰਾ ਬਾਬਾ ਨਾਨਕ ਦੇ ਨਗਰ ਕੌਂਸਲ ਦਫ਼ਤਰ ਵਿਖੇ ਪੁੱਜਣ ਤੇ ਕੌਂਸਲ ਦੇ ਕਰਮਚਾਰੀਆਂ ਵੱਲੋਂ ਭਰਵਾਂ ਸੁਆਗਤ ਕੀਤਾ ਗਿਆ।ਨਗਰ ਕੌਂਸਲ ਡੇਰਾ ਬਾਬਾ ਨਾਨਕ ਦੇ ਪ੍ਰਧਾਨ ਸ਼ਿਖਾ ਗੁਪਤਾ ਦੇ ਪਤੀ ਆਪ ਆਗੂ ਪ੍ਰਧਾਨ ਰਾਜੇਸ਼ ਕੁਮਾਰ ਗੁਪਤਾ ਦੀ ਅਗਵਾਈ ਹੇਠ ਹਰਜਿੰਦਰ ਸਿੰਘ ਬੇਦੀ ਨੂੰ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਜੀ ਆਇਆਂ ਆਖਿਆ ਗਿਆ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ਼੍ਰੀ ਬੇਦੀ ਨੇ ਕਿਹਾ ਕਿ ਮੈਂ ਪਹਿਲਾਂ ਵੀ ਬਤੌਰ ਐੱਸਡੀਐੱਮ ਇਸ ਨਗਰੀ ਦੀ ਸੇਵਾ ਚੁੱਕਾ ਹਾਂ, ਹੁਣ ਮੈਨੂੰ ਦੁਬਾਰਾ ਬਤੌਰ ਏਡੀਸੀ ਇਸ ਪਵਿੱਤਰ ਨਗਰੀ ਦੀ ਸੇਵਾ ਕਰਨ ਦਾ ਮੌਕਾ ਪ੍ਰਾਪਤ ਹੋਇਆ ਹੈ।ਮੈਂ ਇਸ ਕਸਬੇ ਦੇ ਵਿਕਾਸ ਕਾਰਜਾਂ ਲਈ ਕਿਸੇ ਕਿਸਮ ਦੀ ਕੋਈ ਕਸਰ ਬਾਕੀ ਨਹੀਂ ਛੱਡਾਂਗਾ।ਇਸ ਮੌਕੇ ਉਨ੍ਹਾਂ ਨਗਰ ਕੌਂਸਲ ਦੇ ਕਰਮਚਾਰੀਆਂ ਦੀਆਂ ਮੁਸ਼ਕਿਲਾਂ ਨੂੰ ਗੰਭੀਰਤਾ ਨਾਲ ਸੁਣਿਆ ਅਤੇ ਭਰੋਸਾ ਦਿੱਤਾ ਕਿ ਉਹ ਇਸ ਸਬੰਧੀ ਜਲਦ ਹੀ ਕਾਰਵਾਈ ਅਮਲ ਵਿੱਚ ਲਿਆਉਣਗੇ ।ਇਸ ਮੌਕੇ ਉਨ੍ਹਾਂ ਕਸਬੇ ਦੇ ਦੁਕਾਨਦਾਰਾਂ ਨੂੰ ਅਪੀਲ ਕੀਤੀ ਕੀਤੀ ਕਿ ਉਹ ਆਪਣੀਆਂ ਦੁਕਾਨਾਂ ਦਾ ਸਾਮਾਨ ਆਪਣੀਆਂ ਦੁਕਾਨਾਂ ਦੇ ਅੰਦਰ ਹੀ ਰੱਖਣ ਤੇ ਬਾਜ਼ਾਰਾਂ ਵਿੱਚ ਕੀਤੇ ਨਾਜਾਇਜ਼ ਕਬਜ਼ਿਆਂ ਨੂੰ ਤੁਰੰਤ ਹਟਾਉਣ, ਨਹੀ ਤਾਂ ਆਉਂਦੇ ਦਿਨਾਂ ਵਿੱਚ ਦੁਕਾਨਦਾਰਾਂ ਵੱਲੋਂ ਕੀਤੇ ਨਾਜਾਇਜ਼ ਕਬਜ਼ਿਆਂ ਖ਼ਿਲਾਫ਼ ਨਗਰ ਕੌਂਸਲ ਵੱਲੋਂ ਸਖ਼ਤ ਕਾਰਵਾਈ ਕੀਤੀ ਜਾਵੇਗੀ।ਇਸ ਮੌਕੇ ਪ੍ਰਧਾਨ ਰਾਜੇਸ਼ ਕੁਮਾਰ ਗੁਪਤਾ, ਬਲਜਿੰਦਰ ਸਿੰਘ ਸੀਨੀਅਰ ਕਲਰਕ, ਪ੍ਰੇਮ ਨਾਥ ਸਫਾਈ ਇੰਚਾਰਜ, ਹੈਪੀ ਬੇਦੀ, ਜਗਦੀਪ ਟਾਂਗਰੀ, ਰਾਹੁਲ ਸ਼ਰਮਾ, ਕਪਲ ਕੁਮਾਰ ਕਰਮਚਾਰੀ ਆਦਿ ਹਾਜ਼ਰ ਸਨ।

## ਉਜਾਲਾ ਸਿਗਨਸ ਵੱਲੋਂ ਨਿਤਿਨ ਨਾਗ ਮੈਨੇਜਿੰਗ ਡਾਇਰੈਕਟਰ ਤੇ ਸੀਈਓ ਨਿਯੁਕਤ

**ਪਠਾਨਕੋਟ** : ਉੱਤਰੀ ਭਾਰਤ ਦੀ ਮੋਹਰੀ ਸਿਹਤ ਸੰਭਾਲ ਲੜੀ ਉਜਾਲਾ ਸਿਗਨਸ ਨੇ ਨਿਤਿਨ ਨਾਗ ਨੂੰ ਆਪਣਾ ਨਵਾਂ ਮੈਨੇਜਿੰਗ ਡਾਇਰੈਕਟਰ ਅਤੇ ਸੀਈਓ ਨਿਯੁਕਤ ਕੀਤਾ ਹੈ।ਉਨ੍ਹਾਂ ਦੀ ਅਗਵਾਈ ਉਜਾਲਾ ਸਿਗਨਸ ਨੂੰ ਨੈੱਟਵਰਕ ਵਿਸਥਾਰ ਦੇ ਅਗਲੇ ਪੜਾਅ ਵਿੱਚ ਮਾਰਗਦਰਸ਼ਨ ਕਰਨ ਅਤੇ ਇਸਦੇ ਬਾਜ਼ਾਰਾਂ ਵਿੱਚ ਵਿਆਪਕ ਕਲੀਨਿਕਲ ਦੇਖਭਾਲ ਪ੍ਰਦਾਨ ਕਰਨ ਦੀ ਆਪਣੀ ਰਣਨੀਤਕ ਤਰਜੀਹ ਨੂੰ ਪੂਰਾ ਕਰਨ ਵਿੱਚ ਮੁੱਖ ਭੂਮਿਕਾ ਨਿਭਾਏਗੀ।ਅਮਨਦੀਪ ਹਸਪਤਾਲਾਂ ਨਾਲ ਸਾਂਝੇਦਾਰੀ ਕਰਨ ਤੋਂ ਬਾਅਦ ਉਜਾਲਾ ਸਿਗਨਸ ਹੁਣ ਉੱਤਰ ਪ੍ਰਦੇਸ਼, ਪੰਜਾਬ, ਜੰਮੂ ਅਤੇ ਕਸ਼ਮੀਰ, ਉੱਤਰਾਖੰਡ ਅਤੇ ਹਰਿਆਣਾ ਦੇ ਟੀਅਰ-99 ਅਤੇ ਟੀਅਰ-999 ਸ਼ਹਿਰਾਂ ਵਿੱਚ ਲਗਭਗ 2,800 ਬਿਸਤਰਿਆਂ ਵਾਲੇ 26 ਹਸਪਤਾਲਾਂ ਦੇ ਇੱਕ ਵੱਡੇ ਨੈੱਟਵਰਕ ਵਿੱਚ ਵਧ ਗਈ ਹੈ।ਇਹ ਪੱਛੜੇ ਭਾਈਚਾਰਿਆਂ ਨੂੰ ਉੱਚ-ਗੁਣਵੱਤਾ ਵਾਲੀਆਂ ਸਿਹਤ ਸੰਭਾਲ ਸੇਵਾਵਾਂ ਪ੍ਰਦਾਨ ਕਰਨ ਅਤੇ ਉੱਤਰੀ ਭਾਰਤ ਵਿੱਚ ਆਪਣੀ ਪਹੁੰਚ ਨੂੰ ਵਧਾਉਣ ਲਈ ਲਗਾਤਾਰ ਕੰਮ ਕਰ ਰਹੀ ਹੈ।ਨਿਤਿਨ ਨਾਗ ਇੱਕ ਤਜਰਬੇਕਾਰ ਨੇਤਾ ਹੈ ਜਿਸਦਾ ਸਿਹਤ ਸੰਭਾਲ ਅਤੇ ਆਈਟੀ ਖੇਤਰਾਂ ਵਿੱਚ ਲਗਭਗ ਤਿੰਨ ਦਹਾਕਿਆਂ ਦਾ ਤਜਰਬਾ ਹੈ।

## ਕਾਰਡੀਓਲੋਜੀ ਲੀਪ ਨੇ 48 ਘੰਟਿਆਂ 'ਚ ਓਪਨ-ਹਾਰਟ ਸਰਜਰੀ ਤੋਂ ਚਾਰ ਜਾਨਾਂ ਬਚਾਈਆਂ

**ਅੰਮ੍ਰਿਤਸਰ** : ਅੰਮ੍ਰਿਤਾ ਹਸਪਤਾਲ ਫਰੀਦਾਬਾਦ ਨੇ ਦਿਲ ਦੇ ਇਲਾਜ ਦੇ ਖੇਤਰ ਵਿੱਚ ਇੱਕ ਨਵਾਂ ਰਿਕਾਰਡ ਕਾਇਮ ਕੀਤਾ ਹੈ।3 ਜੁਲਾਈ ਨੂੰ ਇਸ ਹਸਪਤਾਲ ਨੇ ਟ੍ਰਾਂਸਕੈਥੀਟਰ ਪਲਮੋਨਰੀ ਵਾਲਵ ਰਿਪਲੇਸਮੈਂਟ (ਟੀਪੀਵੀਆਰ) ਤਕਨੀਕ ਰਾਹੀਂ ਓਪਨ-ਹਾਰਟ ਸਰਜਰੀ ਤੋਂ ਬਿਨਾਂ ਦਿਲ ਦੇ ਵਾਲਵ ਟ੍ਰਾਂਸਪਲਾਂਟ ਸਫਲਤਾਪੂਰਵਕ ਕੀਤਾ।ਉਹ ਵੀ ਇੱਕ ਦਿਨ ਵਿੱਚ ਅਤੇ ਛਾਤੀ 'ਤੇ ਇੱਕ ਵੀ ਚੀਰਾ ਲਗਾਏ ਬਿਨਾਂ।ਡਾ. ਐੱਸ. ਰਾਧਾਕ੍ਰਿਸ਼ਨਨ ਮੁਖੀ ਅਤੇ ਪ੍ਰੋਫੈਸਰ ਪੀਡੀਆਟ੍ਰਿਕ ਕਾਰਡੀਓਲੋਜੀ ਅਤੇ ਬਾਲਗ ਜਮਾਂਦਰੂ ਦਿਲ ਦੇ ਰੋਗਾਂ ਨੇ ਕਿਹਾ ਕਿ ਵਿਸ਼ਵ ਪੱਧਰ 'ਤੇ 40% ਮਰੀਜ਼ਾਂ ਨੂੰ ਟੈਟਰਾਲੋਜੀ ਆਫ਼ ਫੈਲੋਟ ਲਈ ਸਰਜਰੀ ਤੋਂ ਬਾਅਦ 30 ਸਾਲਾਂ ਦੇ ਅੰਦਰ ਪਲਮਨਰੀ ਵਾਲਵ ਬਦਲਣ ਦੀ ਲੋੜ ਹੁੰਦੀ ਹੈ।ਡਾ. ਸੁਸ਼ੀਲ ਆਜ਼ਾਦ ਡਿਪਟੀ ਹੈੱਡ ਅਤੇ ਪ੍ਰਿੰਸੀਪਲ ਸਲਾਹਕਾਰ ਪੀਡੀਆਟ੍ਰਿਕ ਕਾਰਡੀਓਲੋਜੀ ਨੇ ਕਿਹਾ ਕਿ ਟ੍ਰਾਂਸਕੈਥੀਟਰ ਪਲਮਨਰੀ ਵਾਲਵ ਬਦਲਣਾ ਖਾਸ ਤੌਰ 'ਤੇ ਉਨ੍ਹਾਂ ਮਰੀਜ਼ਾਂ ਲਈ ਜੀਵਨ ਬਚਾਉਣ ਵਾਲਾ ਹੈ ਜਿਨ੍ਹਾਂ ਨੇ ਪਹਿਲਾਂ ਕਈ ਓਪਨ-ਹਾਰਟ ਸਰਜਰੀਆਂ ਕਰਵਾਈਆਂ ਹਨ ਜਾਂ ਜਿਨ੍ਹਾਂ ਦੀ ਸਰਜਰੀ ਜੋਖਮ ਭਰੀ ਹੈ।

## ਇਨਫਿਨਿਕਸ ਹੋਟ60 5ਜੀ+ ਭਾਰਤ 'ਚ ਲਾਂਚ

**ਬਠਿੰਡਾ**: ਇਨਫਿਨਿਕਸ ਨੇ ਆਪਣਾ ਨਵੀਨਤਮ ਸਮਾਰਟਫੋਨ ਹੋਟ60 5ਜੀ+ ਲਾਂਚ ਕੀਤਾ ਹੈ।ਇਹ ਸਮਾਰਟਫੋਨ ਉਨ੍ਹਾਂ ਉਪਭੋਗਤਾਵਾਂ ਲਈ ਤਿਆਰ ਕੀਤਾ ਗਿਆ ਹੈ ਜੋ ਗਤੀਸ਼ੀਲ, ਬਹੁਪੱਖੀ ਅਤੇ ਲੰਬੇ ਸਮੇਂ ਤੱਕ ਚੱਲਣ ਵਾਲੇ ਪ੍ਰਦਰਸ਼ਨ ਦੀ ਭਾਲ ਕਰ ਰਹੇ ਹਨ।ਨਵੇਂ ਫੋਨ ਵਿੱਚ ਕਈ ਤਕਨੀਕੀ ਵਿਸ਼ੇਸ਼ਤਾਵਾਂ ਹਨ ਜਿਵੇਂ ਕਿ ਇੱਕ ਅਨੁਕੂਲਿਤ ਵਨ ਟੈਪ ਏ ਆਈ ਬਟਨ, ਇੱਕ 5-ਸਾਲ ਦੀ ਫਲੂਐਂਸੀ ਗਰੰਟੀ ਅਤੇ ਇੱਕ ਮੀਡੀਆਟੈੱਕ ਡਾਇਮੈਨਸਟੀ 7020 ਪ੍ਰੋਸੈਸਰ ਜੋ 500,000 ਤੋਂ ਵੱਧ ਦੇ ਐਂਟੂਟੂ ਸਕੋਰ ਦੇ ਨਾਲ ਆਉਂਦਾ ਹੈ।ਇਸ ਡਿਵਾਈਸ ਵਿੱਚ 50-ਮੈਗਾਪਿਕਸਲ ਦਾ ਏ ਆਈ ਕੈਮਰਾ ਹੈ, ਜੋ ਸੁਪਰ ਨਾਈਟ ਅਤੇ ਸਲੋਅ ਮੋਸ਼ਨ ਫੋਟੋਗ੍ਰਾਫੀ ਮੋਡ ਵਰਗੀਆਂ ਕਈ ਵਿਸ਼ੇਸ਼ਤਾਵਾਂ ਦੇ ਨਾਲ ਲੈਸ ਹੈ।ਹੋਟ60 5ਜੀ+17 ਜੁਲਾਈ ਤੋਂ ਫਲਿੱਪਕਾਰਟ 'ਤੇ 9,999 ਰੁਪਏ ਦੀ ਵਿਸ਼ੇਸ਼ ਕੀਮਤ ਤੇ ਉਪਲਬਧ ਹੋਵੇਗਾ।ਇਸਨੂੰ ਸ਼ੈਡੋ ਬਲੂ, ਟੁੰਡਰਾ ਗ੍ਰੀਨ ਅਤੇ ਸਲੀਕ ਬਲੈਕ ਰੰਗਾਂ ਵਿੱਚ ਖਰੀਦਿਆ ਜਾ ਸਕਦਾ ਹੈ।

### COURT NOTICE

In The Court of
Dr. Seema Agnihotri
Judicial Magistrate Ist Class
Rupnagar
CNR No.:- PBRO03-003548-2018
Next Date:-11-08-2025
Punjab State
Vs.
Kuldeep Singh @ Deep
Detail of offence:- 323, 341, 506, 325, 201, 148, 149 of IPC in FIR No. 75 dated: 21.10.2017 PS: Singh Bhagwantpura

Notice To:
Navdeep Singh Navi
Father: Mohan Singh
R/o Randhawa Colony, Khunimajra, Tehsil Kharar, District S.A.S. Nagar (Mohali).

In above titled case, the accused could not be served. It is ordered that accused should appear in person or through counsel on 11-08-2025 at 10.00 a.m.

For details logon to https://highcourtchd.gov.in/?mod=district notice&district-Rupnagar
Judicial Magistrate - Ist Class
Rupnagar
Dated, this day of 10-07-2025

### COURT NOTICE

(U/o 5 Rule 20 CPC)
(Succession Case)
In The Court of
Ms. Ekta Sahota
Additional Civil Judge Senior Division 1, Patiala
CNR No. PBPT02-000878-2025
Next Date: 01-08-2025
Pritam Kaur
Vs.
General Public
Petition Under Section 372 of Indian Succession Act
Notice To:
1. General Public.

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 01-08-2025 at 10 a.m.

For details logon to https://highcourtchd.gov.in/?mod=district_notice&district=patiala
Additional Civil Judge Senior Division -1 Patiala
Dated, this day of 08-07-2025

### COURT NOTICE

(U/o 5 Rule 20 CPC)
In The Court of Sh.Vijay Kumar
Matrimonial Cases Special Courts, Khamanon
CNR No. PBFGF3-000092-2024
Next Date: 19-08-2025
Bharpur Singh S/o Late Chand Singh, R/o Vill. Riya, Teh. Khamanon, Distt. Fatehgarh Sahib
Vs.
Parveen Kaur w/o Bharpur Singh s/o Late Chand Singh r/o vill. Riya Teh. Khamanon, Distt. Fatehgarh Sahib now Residing at Vill. Daudpur, Teh. Chamkaur Sahib, Distt. Rupnagar (Ropar)

Publication Issued To:
Parveen Kaur W/o Bharpur Singh S/o Late Sh. Chand Singh, Resident of Village Riya, Tehsil Khamanon, Distt. Fatehgarh Sahib Now Residing At Vill. Daudpur, Tehsil Chamkaur Sahib, District Rupnagar (Ropar)

In above titled case, the defendant(s)/orespondent(s) could not be served. It is ordered that defendant(s)/respondent(s) should appear in person or through counsel on 19-08-2025 at 10:00 a.m.

For details logon to https://highcourtchd.gov.in/?mod=district_notice&district=mogacourt
Matrimonial Cases Special Courts
Khamanon
Dated, this day of 08-07-2025

### ਫਾਰਮ ਨੰ. 3

[ਵੇਖੋ ਨਿਯਮ-13 (1)(ਏ)]
**ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀ ਆਰ ਟੀ 1)**
ਦੂਜੀ ਮੰਜ਼ਲ, ਐੱਸ ਸੀ ਓ 33-34-35, ਸੈਕਟਰ 17-ਏ, ਚੰਡੀਗੜ੍ਹ
ਕੇਸ ਨੰ. ਓ ਏ/2023/2024
ਕਰਜ਼ਾ ਵਸੂਲੀ ਟ੍ਰਿਬਿਊਨਲ (ਵਿਧੀ) ਰੂਲਜ਼, 1993 ਦੇ ਰੂਲ 5 ਦੇ ਸਬ-ਰੂਲ (2 ਏ) ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 19 ਦੇ ਸਬ-ਸੈਕਸ਼ਨ (4) ਤਹਿਤ ਸੰਮਨ
ਈ ਐੱਕਸ ਐੱਚ ਨੰ. 27271
**ਐਕਸਿਸ ਬੈਂਕ ਬਨਾਮ ਮੈਸ: ਬਾਲਾਜੀ ਇੰਡਸਟ੍ਰੀਜ਼**
ਸੇਵਾ 'ਚ,
(1) ਮੈਸ: ਬਾਲਾਜੀ ਇੰਡਸਟ੍ਰੀਜ਼, ਪਤਾ 58, ਰਾਜਾ ਗਾਰਡਨ, ਗਦਾਈਪੁਰ, ਪ੍ਰੀਤ ਨਗਰ, ਜਲੰਧਰ-ਪੰਜਾਬ-144004
(2) ਸ਼੍ਰੀ ਵਿਸ਼ਾਲ ਅਨੰਦ ਪੁੱਤਰ ਸੈਨ ਦਾਸ, ਪ੍ਰੋਪਰਾਈਟਰ ਮੈਸ: ਬਾਲਾਜੀ ਇੰਡਸਟ੍ਰੀਜ਼, ਪਤਾ : ਮਕਾਨ ਨੰ. 97, ਵਿਕਾਸ ਪੁਰੀ, ਜਲੰਧਰ-1, ਇੰਡਸਟ੍ਰੀਅਲ ਟਾਊਨ, ਜਲੰਧਰ, ਪੰਜਾਬ-144004
(3) ਸ਼੍ਰੀਮਤੀ ਪ੍ਰਵੀਨ ਅਨੰਦ ਪਤਨੀ ਸੈਨ ਦਾਸ ਪਤਾ : ਮਕਾਨ ਨੰ. 97, ਵਿਕਾਸ ਪੁਰੀ, ਜਲੰਧਰ-1, ਇੰਡਸਟ੍ਰੀਅਲ ਟਾਊਨ, ਜਲੰਧਰ, ਪੰਜਾਬ-144004

**ਸੰਮਨ**
ਜਦੋਂ ਕਿ ਓ ਏ/2023/2024 ਮਾਣਯੋਗ ਪ੍ਰੀਜ਼ਾਇਡਿੰਗ ਅਫਸਰ/ਰਜਿਸਟਰਾਰ ਸਨਮੁੱਖ 11.03.2025 ਨੂੰ ਸੂਚੀਬੱਧ ਕੀਤਾ ਗਿਆ ਸੀ। ਜਦੋਂ ਕਿ ਇਸ ਮਾਣਯੋਗ ਟ੍ਰਿਬਿਊਨਲ ਨੂੰ ਤੁਹਾਡੇ ਵਿਰੁੱਧ ਰੁ. 68,10,196.63/- (ਅਰਜ਼ੀ ਸਮੇਤ ਦਸਤਾਵੇਜ਼ਾਂ ਆਦਿ ਦੀਆਂ ਨਕਲਾਂ ਨਾਲ ਨੱਥੀ) ਕਰਜ਼ਾ ਵਸੂਲੀ ਲਈ ਦਾਇਰ ਉਕਤ ਅਰਜ਼ੀ 'ਤੇ ਐਕਟ (ਓ ਏ) ਦੇ ਸੈਕਸ਼ਨ 19 (4) ਤਹਿਤ ਸੰਮਨ/ਨੋਟਿਸ ਜਾਰੀ ਕਰਨ 'ਤੇ ਪ੍ਰਸੰਨਤਾ ਹੋ ਰਹੀ ਹੈ।
ਐਕਟ ਦੇ ਸੈਕਸ਼ਨ 19 ਦੇ ਸਬ-ਸੈਕਸ਼ਨ (4) ਦੇ ਅਨੁਸਾਰ ਤੁਹਾਨੂੰ ਜਵਾਬਦੇਹਾਂ ਨੂੰ ਹੇਠਾਂ ਦਰਸਾਏ ਨਿਰਦੇਸ਼ ਦਿੱਤੇ ਜਾਂਦੇ ਹਨ :-
(1) ਸੰਮਨਾਂ ਦੀ ਤਾਮੀਲ ਤੋਂ 30 ਦਿਨਾਂ ਦੇ ਅੰਦਰ ਕਾਰਨ ਦੱਸਿਆ ਜਾਵੇ ਕਿ ਮੰਗੀ ਗਈ ਰਾਹਤ ਕਿਉਂ ਮਨਜ਼ੂਰ ਨਾ ਕੀਤੀ ਜਾਵੇ।
(2) ਬਿਨੈਕਾਰ ਵੱਲੋਂ ਅਸਲ ਅਰਜ਼ੀਆਂ ਦੇ ਨਾਲ ਲੜੀ ਨੰ. 3 ਏ ਤਹਿਤ ਦਰਸਾਈਆਂ ਜਾਇਦਾਦਾਂ ਅਤੇ ਐਸੇਟਸ ਤੋਂ ਇਲਾਵਾ ਹੋਰ ਜਾਇਦਾਦਾਂ ਅਤੇ ਐਸੇਟਸ ਦੇ ਵੇਰਵੇ ਦਾ ਖੁਲਾਸਾ ਕਰਨਾ।
(3) ਅਸਲ ਅਰਜ਼ੀ ਦੀ ਲੜੀ ਨੰ. 3 ਏ ਤਹਿਤ ਦਰਸਾਈਆਂ ਜਾਇਦਾਦਾਂ ਅਤੇ ਐਸੇਟਸ ਜਾਂ ਸਕਿਉਰਡ ਐਸੇਟਸ ਜਿਨ੍ਹਾਂ ਵਿਰੁੱਧ ਸੁਣਵਾਈ ਲੰਬਿਤ ਹੈ ਅਤੇ ਜਾਇਦਾਦਾਂ ਦੀ ਅਟੈਚਮੈਂਟ ਵਾਸਤੇ ਅਰਜ਼ੀ ਦੇ ਨਿਪਟਾਰੇ ਸੰਬੰਧੀ ਸੌਦੇਬਾਜ਼ੀ ਜਾਂ ਨਿਪਟਾਰੇ ਲਈ ਤੁਹਾਡੇ 'ਤੇ ਪਾਬੰਦੀ ਹੈ।
(4) ਕਿਸੇ ਵੀ ਐਸੇਟਸ ਜਿਸ 'ਤੇ ਸੁਰੱਖਿਆ ਹਿੱਤ ਰੱਖਿਆ ਹੈ ਅਤੇ/ਜਾਂ ਅਸਲ ਅਰਜ਼ੀ ਦੀ ਲੜੀ ਨੰ. 3 ਏ ਅਧੀਨ ਦਰਸਾਈਆਂ ਵਿਸ਼ੇਸ਼ ਜਾਇਦਾਦਾਂ ਅਤੇ ਐਸੇਟਸ ਕਾਰੋਬਾਰ ਦੇ ਆਮ ਸਰੋਤ ਤੋਂ ਇਲਾਵਾ ਟ੍ਰਿਬਿਊਨਲ ਦੀ ਪਹਿਲਾਂ ਮਨਜ਼ੂਰੀ ਲੈਣ ਤੋਂ ਬਿਨਾਂ ਵਿਕਰੀ, ਲੀਜ਼ ਜਾਂ ਹੋਰ ਤਰੀਕੇ ਨਾਲ ਤਬਦੀਲ ਨਹੀਂ ਕਰ ਸਕੋਗੇ।
(5) ਸਕਿਉਰਡ ਐਸੇਟਸ ਜਾਂ ਹੋਰ ਐਸੇਟਸ ਅਤੇ ਜਾਇਦਾਦਾਂ ਦੀ ਬਿਜ਼ਨੈੱਸ ਦੇ ਆਮ ਸਰੋਤਾਂ ਲਈ ਵਿਕਰੀ ਅਮਲ ਲਈ ਤੁਸੀਂ ਉੱਤਰਦਾਈ ਹੋਵੋਗੇ ਅਤੇ ਇਸ ਵਿਕਰੀ ਅਮਲ ਦਾ ਡਿਪਾਜ਼ਟ ਅਜਿਹੇ ਐਸੇਟਸ 'ਤੇ ਸੁਰੱਖਿਆ ਹਿੱਤ ਰੱਖਣ ਵਾਲੇ ਬੈਂਕ ਖਾਤੇ ਜਾਂ ਵਿੱਤੀ ਸੰਸਥਾਵਾਂ 'ਚ ਜਮ੍ਹਾਂ ਕਰਵਾਉਣਾ ਹੋਵੇਗਾ।
ਤੁਹਾਨੂੰ ਲਿਖਤੀ ਬਿਆਨ ਦਾਇਰ ਕਰਨ ਅਤੇ ਇਸ ਦੀ ਨਕਲ ਬਿਨੈਕਾਰ ਨੂੰ ਦੇਣ ਅਤੇ ਰਜਿਸਟਰਾਰ ਸਨਮੁੱਖ 14.07.2025 ਨੂੰ ਸਵੇਰੇ 10.30 ਵਜੇ ਪੇਸ਼ ਹੋਣ ਦੇ ਵੀ ਆਦੇਸ਼ ਹਨ, ਅਸਫਲ ਰਹਿਣ 'ਤੇ ਤੁਹਾਡੇ ਵਿਰੁੱਧ ਇਕਤਰਫਾ ਕਾਰਵਾਈ ਕਰ ਦਿੱਤੀ ਜਾਵੇਗੀ।
ਮੇਰੇ ਦਸਤਖਤਾਂ ਅਤੇ ਟ੍ਰਿਬਿਊਨਲ ਦੀ ਮੋਹਰ ਨਾਲ ਮਿਤੀ 18.03.2025 ਨੂੰ ਜਾਰੀ ਕੀਤਾ ਗਿਆ।
ਸੰਮਨ ਜਾਰੀ ਕਰਨ ਵਾਲੇ
ਅਧਿਕਾਰਤ ਅਫਸਰ ਦੇ ਦਸਤਖਤ

### ਫਾਰਮ ਨੰ. 3

[ਵੇਖੋ ਨਿਯਮ-13 (1)(ਏ)]
**ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀ ਆਰ ਟੀ 1)**
ਦੂਜੀ ਮੰਜ਼ਲ, ਐੱਸ ਸੀ ਓ 33-34-35, ਸੈਕਟਰ 17-ਏ, ਚੰਡੀਗੜ੍ਹ
ਕੇਸ ਨੰ. ਓ ਏ/86/2025
ਕਰਜ਼ਾ ਵਸੂਲੀ ਟ੍ਰਿਬਿਊਨਲ (ਵਿਧੀ) ਰੂਲਜ਼, 1993 ਦੇ ਰੂਲ 5 ਦੇ ਸਬ-ਰੂਲ (2 ਏ) ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 19 ਦੇ ਸਬ-ਸੈਕਸ਼ਨ (4) ਤਹਿਤ ਸੰਮਨ
ਈ ਐੱਕਸ ਐੱਚ ਨੰ. 27348
**ਐਕਸਿਸ ਬੈਂਕ ਬਨਾਮ ਕੁਲਬੀਰ ਸਿੰਘ**
ਸੇਵਾ 'ਚ,
(1) ਕੁਲਤਾਰ ਸਿੰਘ ਪੁੱਤਰ ਸ਼੍ਰੀ ਚਰਨ ਸਿੰਘ, ਵਾਸੀ ਪਿੰਡ ਜਹਾਂਗੀਰ, ਤਹਿਸੀਲ ਖਡੂਰ ਸਾਹਿਬ, ਜ਼ਿਲ੍ਹਾ ਤਰਨ ਤਾਰਨ, ਪੰਜਾਬ-143501


**ਸੰਮਨ**
ਜਦੋਂ ਕਿ ਓ ਏ/86/2025 ਮਾਣਯੋਗ ਪ੍ਰੀਜ਼ਾਇਡਿੰਗ ਅਫਸਰ/ਰਜਿਸਟਰਾਰ ਸਨਮੁੱਖ 19.03.2025 ਨੂੰ ਸੂਚੀਬੱਧ ਕੀਤਾ ਗਿਆ ਸੀ। ਜਦੋਂ ਕਿ ਇਸ ਮਾਣਯੋਗ ਟ੍ਰਿਬਿਊਨਲ ਨੂੰ ਤੁਹਾਡੇ ਵਿਰੁੱਧ ਰੁ. 30,38037.42/-(ਅਰਜ਼ੀ ਸਮੇਤ ਦਸਤਾਵੇਜ਼ਾਂ ਆਦਿ ਦੀਆਂ ਨਕਲਾਂ ਨਾਲ ਨੱਥੀ) ਕਰਜ਼ਾ ਵਸੂਲੀ ਲਈ ਦਾਇਰ ਉਕਤ ਅਰਜ਼ੀ 'ਤੇ ਐਕਟ (ਓ ਏ) ਦੇ ਸੈਕਸ਼ਨ 19 (4) ਤਹਿਤ ਸੰਮਨ/ਨੋਟਿਸ ਜਾਰੀ ਕਰਨ 'ਤੇ ਪ੍ਰਸੰਨਤਾ ਹੋ ਰਹੀ ਹੈ।
ਐਕਟ ਦੇ ਸੈਕਸ਼ਨ 19 ਦੇ ਸਬ-ਸੈਕਸ਼ਨ (4) ਦੇ ਅਨੁਸਾਰ ਤੁਹਾਨੂੰ ਜਵਾਬਦੇਹਾਂ ਨੂੰ ਹੇਠਾਂ ਦਰਸਾਏ ਨਿਰਦੇਸ਼ ਦਿੱਤੇ ਜਾਂਦੇ ਹਨ :-
(1) ਸੰਮਨਾਂ ਦੀ ਤਾਮੀਲ ਤੋਂ 30 ਦਿਨਾਂ ਦੇ ਅੰਦਰ ਕਾਰਨ ਦੱਸਿਆ ਜਾਵੇ ਕਿ ਮੰਗੀ ਗਈ ਰਾਹਤ ਕਿਉਂ ਮਨਜ਼ੂਰ ਨਾ ਕੀਤੀ ਜਾਵੇ।
(2) ਬਿਨੈਕਾਰ ਵੱਲੋਂ ਅਸਲ ਅਰਜ਼ੀਆਂ ਦੇ ਨਾਲ ਲੜੀ ਨੰ. 3 ਏ ਤਹਿਤ ਦਰਸਾਈਆਂ ਜਾਇਦਾਦਾਂ ਅਤੇ ਐਸੇਟਸ ਤੋਂ ਇਲਾਵਾ ਹੋਰ ਜਾਇਦਾਦਾਂ ਅਤੇ ਐਸੇਟਸ ਦੇ ਵੇਰਵੇ ਦਾ ਖੁਲਾਸਾ ਕਰਨਾ।
(3) ਅਸਲ ਅਰਜ਼ੀ ਦੀ ਲੜੀ ਨੰ. 3 ਏ ਤਹਿਤ ਦਰਸਾਈਆਂ ਜਾਇਦਾਦਾਂ ਅਤੇ ਐਸੇਟਸ ਜਾਂ ਸਕਿਉਰਡ ਐਸੇਟਸ ਜਿਨ੍ਹਾਂ ਵਿਰੁੱਧ ਸੁਣਵਾਈ ਲੰਬਿਤ ਹੈ ਅਤੇ ਜਾਇਦਾਦਾਂ ਦੀ ਅਟੈਚਮੈਂਟ ਵਾਸਤੇ ਅਰਜ਼ੀ ਦੇ ਨਿਪਟਾਰੇ ਸੰਬੰਧੀ ਸੌਦੇਬਾਜ਼ੀ ਜਾਂ ਨਿਪਟਾਰੇ ਲਈ ਤੁਹਾਡੇ 'ਤੇ ਪਾਬੰਦੀ ਹੈ।
(4) ਕਿਸੇ ਵੀ ਐਸੇਟਸ ਜਿਸ 'ਤੇ ਸੁਰੱਖਿਆ ਹਿੱਤ ਰੱਖਿਆ ਹੈ ਅਤੇ/ਜਾਂ ਅਸਲ ਅਰਜ਼ੀ ਦੀ ਲੜੀ ਨੰ. 3 ਏ ਅਧੀਨ ਦਰਸਾਈਆਂ ਵਿਸ਼ੇਸ਼ ਜਾਇਦਾਦਾਂ ਅਤੇ ਐਸੇਟਸ ਕਾਰੋਬਾਰ ਦੇ ਆਮ ਸਰੋਤ ਤੋਂ ਇਲਾਵਾ ਟ੍ਰਿਬਿਊਨਲ ਦੀ ਪਹਿਲਾਂ ਮਨਜ਼ੂਰੀ ਲੈਣ ਤੋਂ ਬਿਨਾਂ ਵਿਕਰੀ, ਲੀਜ਼ ਜਾਂ ਹੋਰ ਤਰੀਕੇ ਨਾਲ ਤਬਦੀਲ ਨਹੀਂ ਕਰ ਸਕੋਗੇ।
(5) ਸਕਿਉਰਡ ਐਸੇਟਸ ਜਾਂ ਹੋਰ ਐਸੇਟਸ ਅਤੇ ਜਾਇਦਾਦਾਂ ਦੀ ਬਿਜ਼ਨੈੱਸ ਦੇ ਆਮ ਸਰੋਤਾਂ ਲਈ ਵਿਕਰੀ ਅਮਲ ਲਈ ਤੁਸੀਂ ਉੱਤਰਦਾਈ ਹੋਵੋਗੇ ਅਤੇ ਇਸ ਵਿਕਰੀ ਅਮਲ ਦਾ ਡਿਪਾਜ਼ਟ ਅਜਿਹੇ ਐਸੇਟਸ 'ਤੇ ਸੁਰੱਖਿਆ ਹਿੱਤ ਰੱਖਣ ਵਾਲੇ ਬੈਂਕ ਖਾਤੇ ਜਾਂ ਵਿੱਤੀ ਸੰਸਥਾਵਾਂ 'ਚ ਜਮ੍ਹਾਂ ਕਰਵਾਉਣਾ ਹੋਵੇਗਾ।
ਤੁਹਾਨੂੰ ਲਿਖਤੀ ਬਿਆਨ ਦਾਇਰ ਕਰਨ ਅਤੇ ਇਸ ਦੀ ਨਕਲ ਬਿਨੈਕਾਰ ਨੂੰ ਦੇਣ ਅਤੇ ਰਜਿਸਟਰਾਰ ਸਨਮੁੱਖ 16.07.2025 ਨੂੰ ਸਵੇਰੇ 10.30 ਵਜੇ ਪੇਸ਼ ਹੋਣ ਦੇ ਵੀ ਆਦੇਸ਼ ਹਨ, ਅਸਫਲ ਰਹਿਣ 'ਤੇ ਤੁਹਾਡੇ ਵਿਰੁੱਧ ਇਕਤਰਫਾ ਕਾਰਵਾਈ ਕਰ ਦਿੱਤੀ ਜਾਵੇਗੀ।
ਮੇਰੇ ਦਸਤਖਤਾਂ ਅਤੇ ਟ੍ਰਿਬਿਊਨਲ ਦੀ ਮੋਹਰ ਨਾਲ ਮਿਤੀ 24.03.2025 ਨੂੰ ਜਾਰੀ ਕੀਤਾ ਗਿਆ।
ਸੰਮਨ ਜਾਰੀ ਕਰਨ ਵਾਲੇ
ਅਧਿਕਾਰਤ ਅਫਸਰ ਦੇ ਦਸਤਖਤ

### ਕੋਰਟ ਨੋਟਿਸ, ਜ਼ਿਲ੍ਹਾ ਮੈਰਿਜ ਅਫ਼ਸਰ, ਜਲੰਧਰ V/S ਆਮ ਜਨਤਾ



**ਵਿਸ਼ਾ : ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਬਾਰੇ।**
ਬਿਨੈਕਾਰ ਦਾ ਨਾਮ : **ਗੁਰਦਿਆਲ ਸਿੰਘ ਫੁੱਲ** ਪਿਤਾ/ਪਤੀ ਦਾ ਨਾਮ : **ਬਿਕਰਮ ਸਿੰਘ**
ਪਤਾ: Vpo Sudana Distt. Jalandhar, Village - Sudana/Tehsil -Sub-Tehsil-Bhogpur/ District - Jalandhar, Punjab
ਉਪਰੋਕਤ ਪ੍ਰਾਰਥੀ ਨੇ ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਲਈ ਸੇਵਾ ਕੇਂਦਰ ਵਿੱਚ ਆਪਣੇ ਪੁੱਤਰ ਦੇ ਲਈ ਬਿਨੈ ਪੱਤਰ ਦਿੱਤਾ ਹੈ। ਜਿਸ ਦੇ ਵੇਰਵੇ ਹੇਠ ਲਿਖੇ ਦਿੱਤੇ ਗਏ ਹਨ।
ਨਾਮ : **ਮਲਕੀਤ ਸਿੰਘ** ਪੱਕਾ ਪਤਾ: Vpo Sudana Distt. Jalandhar, Sudan Sub Tehsil Bhogpur, Jalandhar, Punjab
ਉਮਰ/ਜਨਮ ਮਿਤੀ : 34 (18-06-1991)
ਬਿਨੈਕਾਰ ਨੇ ਕਿਹਾ ਹੈ ਕਿ ਉਸਦਾ ਭਾਰਤ ਵਿੱਚ ਕੋਈ ਵਿਆਹੁਤਾ ਸੰਬੰਧ ਨਹੀਂ ਹੈ।
ਆਮ ਲੋਕਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਜੇ ਉਪਰੋਕਤ ਸਰਟੀਫਿਕੇਟ ਜਾਰੀ ਕਰਨ ਬਾਰੇ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ਼ ਹੈ ਤਾਂ ਉਹ ਵਿਅਕਤੀ ਜਾਂ ਉਸਦੇ ਨੁਮਾਇੰਦੇ ਇਸ ਨੋਟਿਸ ਦੇ ਜਾਰੀ ਹੋਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਆਪਣੀ ਇਤਰਾਜ਼ (ਸ਼ਿਕਾਇਤ)ਪੇਸ਼ ਕਰ ਸਕਦੇ ਹਨ। ਉਸ ਤੋਂ ਬਾਅਦ ਕੋਈ ਇਤਰਾਜ਼ ਨਹੀਂ ਮੰਨਿਆ ਜਾਵੇਗਾ।
ਇਹ ਇਸ਼ਤਿਹਾਰ ਮੇਰੇ ਦਸਤਖ਼ਤਾਂ ਹੇਠ ਅਦਾਲਤੀ ਮੋਹਰ ਨਾਲ ਮਿਤੀ 03-07-2025 ਨੂੰ ਜਾਰੀ ਹੋਇਆ।
ਨੰਬਰ 58/ਨੰਬਰ/ਰੀਡਰ ਮਿਤੀ 03-07-2025 ਜ਼ਿਲ੍ਹਾ ਮੈਰਿਜ ਅਫ਼ਸਰ,ਜਲੰਧਰ,ਪੰਜਾਬ,ਭਾਰਤ

### ਕੋਰਟ ਨੋਟਿਸ, ਜ਼ਿਲ੍ਹਾ ਮੈਰਿਜ ਅਫ਼ਸਰ, ਜਲੰਧਰ V/S ਆਮ ਜਨਤਾ



**ਵਿਸ਼ਾ : ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਬਾਰੇ।**
ਬਿਨੈਕਾਰ ਦਾ ਨਾਮ : **ਤਰਸੇਮ ਸਿੰਘ** ਪਿਤਾ/ਪਤੀ ਦਾ ਨਾਮ : **ਲਖੂ ਰਾਮ**
ਪਤਾ: V Narangpur PO Kapoor Pind PS Adampur Teh and Distt. Jalandhar, Tehsil-Jalandhar-1/ District - Jalandhar, Punjab
ਉਪਰੋਕਤ ਪ੍ਰਾਰਥੀ ਨੇ ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਲਈ ਸੇਵਾ ਕੇਂਦਰ ਵਿੱਚ ਆਪਣੀ ਪੁੱਤਰੀ ਦੇ ਲਈ ਬਿਨੈ ਪੱਤਰ ਦਿੱਤਾ ਹੈ। ਜਿਸ ਦੇ ਵੇਰਵੇ ਹੇਠ ਲਿਖੇ ਦਿੱਤੇ ਗਏ ਹਨ।
ਨਾਮ : **ਪੰਜਪੀਰ ਕੌਰ** ਪੱਕਾ ਪਤਾ: V Narangpur PO Kapoor Pind PS Adampur Teh and Distt. Jalandhar, Jalandhar-1, Jalandhar, Punjab ਵਿਦੇਸ਼ੀ ਪਤਾ: Rua Vasco Da Gama 13 3 Esq 2675-460 Odivelas Lisbon Portugal / ਰੂਆ ਵਾਸਕੋ ਡੀ ਗਾਮਾ 13 3 ਈਐਸਕਿਊ 2675-460 ਓਡੀਵੇਲਾਸ ਲਿਸਬੋਨ ਪੁਰਤਗਾਲ ਉਮਰ/ਜਨਮ ਮਿਤੀ : 33 (30-06-1992)
ਬਿਨੈਕਾਰ ਨੇ ਕਿਹਾ ਹੈ ਕਿ ਉਸਦਾ ਭਾਰਤ ਵਿੱਚ ਕੋਈ ਵਿਆਹੁਤਾ ਸੰਬੰਧ ਨਹੀਂ ਹੈ।
ਆਮ ਲੋਕਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਜੇ ਉਪਰੋਕਤ ਸਰਟੀਫਿਕੇਟ ਜਾਰੀ ਕਰਨ ਬਾਰੇ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ਼ ਹੈ ਤਾਂ ਉਹ ਵਿਅਕਤੀ ਜਾਂ ਉਸਦੇ ਨੁਮਾਇੰਦੇ ਇਸ ਨੋਟਿਸ ਦੇ ਜਾਰੀ ਹੋਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਆਪਣੀ ਇਤਰਾਜ਼ (ਸ਼ਿਕਾਇਤ)ਪੇਸ਼ ਕਰ ਸਕਦੇ ਹਨ। ਉਸ ਤੋਂ ਬਾਅਦ ਕੋਈ ਇਤਰਾਜ਼ ਨਹੀਂ ਮੰਨਿਆ ਜਾਵੇਗਾ।
ਇਹ ਇਸ਼ਤਿਹਾਰ ਮੇਰੇ ਦਸਤਖ਼ਤਾਂ ਹੇਠ ਅਦਾਲਤੀ ਮੋਹਰ ਨਾਲ ਮਿਤੀ 11-07-2025 ਨੂੰ ਜਾਰੀ ਹੋਇਆ।
ਨੰਬਰ 60/ਨੰਬਰ/ਰੀਡਰ ਮਿਤੀ 11-07-2025 ਜ਼ਿਲ੍ਹਾ ਮੈਰਿਜ ਅਫ਼ਸਰ,ਜਲੰਧਰ,ਪੰਜਾਬ,ਭਾਰਤ

### ਉੱਤਰ ਰੇਲਵੇ

**ਈ-ਨਿਵਿਦਾ ਸੂਚਨਾ**
ਨਿਵਿਦਾ ਸੂਚਨਾ ਪੱਤਰ ਨੰ.-73-2025-26-DEN-TRACK-FZR ਤਾਰੀਕ 10.07.2025
ਮੰਡਲ-ਟ੍ਰੈਕ, ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਹੇਠਾਂ ਲਿਖਤ ਈ-ਨਿਵਿਦਾਂਵਾਂ, ਅੰਤਮ ਮਿਤੀ **31.07.2025** ਸਮਾਂ **15.00 ਵਜੇ** ਤਕ www.ireps.gov.in 'ਤੇ ਮੰਗ ਕੀਤੀ ਜਾਂਦੀ ਹੈ ਟੈਂਡਰਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ ਮੈਨੂੰਅਲ ਨਿਵਿਦਾ ਮਾਨਯ ਨਹੀਂ ਹੈ ਅਤੇ ਐਸੇ ਕਿਸੇ ਵੀ ਮੈਨੂੰਅਲ ਪ੍ਰਾਪਤ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਨਿਵਿਦਾ ਫਾਰਮ ਦੀ ਬਿਆਨਾ ਰਾਸ਼ੀ ਦੀ ਜਗ੍ਹਾ ''ਨਿਵਿਦਾ ਸੁਰੱਖਿਆ ਐਲਾਨ ਪੱਤਰ'' ਤੈਅ ਫਾਰਮੈਟ ਵਿਚ ਨਿਵਿਦਾ ਦੇ ਨਾਲ ਈ-ਪੋਰਟਲ 'ਤੇ ਨਥੀ ਕਰੇਗਾ।

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁਲ੍ਹਾ | ਕੰਮ | ਏਕਲ ਬੋਲੀ ਪ੍ਰਣਾਲੀ |
| ਨਿਵਿਦਾ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਬੋਲੀ ਸਮਾਪਨਦੀ ਮਿਤੀ ਅਤੇ ਸਮਾਂ |
| 08.07.2025 | 17.07.2025 | 31.07.2025 / 15:00 ਵਜੇ |

| ਲ. | ਨਿਵਿਦਾ ਨੰਬਰ | ਨਿਵਿਦਾ ਦਾ ਵੇਰਵਾ |
|---|---|---|
| 1. | 73-2025-26-DEN-TRACK-FZR | ਕਿਸੇ ਵੀ ਸੀਨੀਅਰ ਅਨੁਭਾਗੀ ਇੰਜੀਨੀਅਰ/ਡਿਪੋ ਤੋਂ ਕਿਸੇ ਵੀ ਸੀਨੀਅਰ ਅਨੁਭਾਗੀ ਇੰਜੀਨੀਅਰ/ਡਿਪੋ ਤਕ ਅਤੇ ਫਿਰੋਜ਼ਪੁਰ ਮੰਡਲ ਦੇ ਅੰਦਰ ਕਿਸੇ ਵੀ ਸੀਐਸਪੀ ਤੋਂ ਫਿਰੋਜ਼ਪੁਰ ਮੰਡਲ ਦੇ ਅੰਦਰ ਕਿਸੇ ਵੀ ਡਿਪੋ ਤਕ ਸਮਗਰੀ ਦੀ ਅਗਵਾਈ ਕਰਨਾ। |

| ਵਿਗਿਆਪਨ ਮੂਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਨ ਦਾ ਸਮਾਂ |
|---|---|---|---|
| 3,56,11,148.16/- | 3,28,100.00/- | 60 ਦਿਨ | 12 ਮਹੀਨੇ |

ਸਮਾਨ ਨੇਚਰ ਦਾ ਕੰਮ: ਨਿਵਿਦਾਕਰਤਾ ਕੰਮ ਦੀ ਨੇਚਰ ਸਮੇਤ ਰਨਿੰਗ ਲਾਈਨ ਤੇ ਕੋਈ ਵੀ ਪੀ.ਵੇ. ਕੰਮ।
ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨ ਹੀ ਮਾਨਯ ਹੋਣਗੇ। 2098/25
ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# ਕਲਾਸੀਫਾਈਡ ਇਸ਼ਤਿਹਾਰ



### Change of Name

I, Ruby D/O Chaman Lal Resi. VPO Hakumatpur Teh. Garhshankar, Distt. Hoshiarpur PB. (india) Have Changed my name from Ruby to Ruby Kaur. All Concerned note Please.

I, Lakhvinder Kaur W/o Amarjit Singh, R/o Patti Chella Sarai Khas, Distt. Jalandhar, Punjab (India), have changed my name Lakhvinder Kaur to Lakhwinder Kaur. All Concerned note. (12239)

I, Sonia W/o Harminder Singh R/o Street No. 12C, Dagana Road, Dashmesh Nagar, Distt. Hoshiarpur Punjab have changed my name from Sonia to Sonia Kaur. Concerned note.

I, Mania Bali D/o Naresh Kumar R/o B-11, MCH 240, Gali No. 10, Kamalpur Distt. Hoshiarpur 146001 Punjab have changed my name from Mania Bali to Manya Sharma. Concerned note.

I, Rajwinder Singh S/o Sukhmander Singh R/o VPO. Jalalabad East,Teh. Dharamkot (Moga) have changed my name to Rajwinder Singh Samra.

I, Gurpinder Kaur W/o Sukhmander Singh Samra R/o VPO. Jalalabad East,Teh. Dharamkot (Moga) have changed my name to Gurpinder Kaur Samra.

I, Sukhmander Singh Samra S/o Gurdev Singh R/o VPO. Jalalabad East,Teh. Dharamkot (Moga) have changed my name to Sukhmander Singh Samra.

I, Jaspreet Singh S/o Sukhmander Singh Samra R/o VPO Jalalabad East, Teh. Dharamkot (Moga) have changed my name to Jaspreet Singh Samra.

I, Nirmal Kaur W/o. Dalbir Singh, Village Dharmu Chak, Tehsil Baba Bakala (Amritsar) have changed my name from Nirmal Kaur to Nirmaljit Kaur. Concerned note.

I Harwinder Singh S/o Gurmit Singh, Vill. Mallowali (Gurdaspur) Changed My Name Harwinder Singh to name "Harwinder" & Surname "Singh". Please Concerned Note.

I, Jit Singh S/o Najar Singh R/o Village Kutiwala, Tehsil Patti District Tarn Taran, Punjab have changed my name from Ajit Singh to Jit Singh.

I, Amandeep Kaur W/o Jatinder Pal Singh Walia R/o H. No. 367/18, Mohalla Hakim Jafar Ali, near city thana, Kapurthala declare that I also known by my another name Amandip Kaur, both names are of one and same person.

I, Kuljit Kaur W/o Rupinder Singh R/o Vill. Mehendipur, P.O. Abdulapur, Teh. Mukerian (Hoshiarpur) Punjab declare that my given name as Kuljit and my Surname as Kaur. Please note.

I, Jamila Begum Wife of Nawab Ud Din, Resident of Village Ghug, Post Office Sudana, District Jalandhar, Punjab have changed my name from JAMILA BEGUM to JAMILA BEGAM.

I, Jasline Kaur D/o sukhwinder Singh Vill Bahowal P/O Mahilpur Tehsil Garhshankar, Distt. Hoshiarpur I have changed my name to Jasleen Kaur.

I, hitherto known as Gurjit Singh Sekhon S/o Tejinderpal Singh R/o 2/78, Dhaka, Ludhiana, Punjab-141102 have changed my name and shall hereafterbe known as Gurjit Singh.

I, hitherto known as Rupinderjit Kaur W/o Gurjit Singh R/o 2/78, Dhaka, Ludhiana, Punjab-141102 have changed my name and shall hereafterbe known as Rupinder Kaur.

I Bimla W/o Jagdev Chand R/o VPO. Kultham, Distt. SBS Nagar, Punjab Have changed my name from Bimla to Bimla Devi. All concerned Please note.

I, hitherto known as Prem Paul S/o Darshan Singh Sharma R/o House No. 138, Street No. 5, Industrial Area, Amar Garden, Jalandhar , Punjab -144004 India, Have changed my name and shall hereafter be known as Prem Paul Sharma.

I, Harpreet Kumar alias Happy S/o Joginder Pal R/o Vill. Chak Hakim PO. Satnampura, Teh. Phagwara, Distt. Kapurthala, Punjab I have changed my name from Harpreet Kumar alias Happy to Harpreet Kumar.

I, Lashkari Ram S/o Nanak Ram R/o village Bambianwali P.O. Kukar Pind District Jalandhar declare that I have changed my minor son name from Ritik to Ritik Ram.

I, Navrattan S/o Manna Lal, R/o H.No. E J 353, Pacca Bagh, Jalandhar have changed my name from Nurtan Mal to Navrattan.

I, Geeta W/o Nav Rattan, R/o H.No. E J 353, Naya Bazaar, Milap Chowk, Jalandhar have changed my name from Geeta Devi to Geeta.

I, Bharti D/o Navrattan, R/o Saidan Gate, Jalandhar have changed my DOB from 23.03.1992 to 18.11.1996. My correct DOB is 18.11.1996.

I Varun S/o Ashok Kumar,R/o Kothi No. 4,Vasant Avenue, Jalandhar declare that Varun and Varun Bembey is one and same person.My correct name is Varun.

I, Manpreet Kailey s/o Gulzara Ram r/o Vill. Kangniwal, Po. Hazara, Distt. Jalandhar have changed my name from Manpreet Kailey to Manpreet Kailay. All Please Note.

I, Shelly d/o Vijay Kumar r/o H.No. 18, Mohalla No. 29, Near Durga Bhawan, Jalandhar Cantt., have added my surname as Shelly Verma (Verma as Surname) All Please Note.

I, Rajnish Kumar s/o Shiv Dutt Sharda r/o 18, S.A.S Nagar Extension, Jalandhar have changed my name to Rajnish Kumar Sharma. All Please Note.

I, Daljeet Singh s/o Kalwant Singh r/o Vill. Miani Bakerpur, Po & Tehsil Dhilwan, Distt. Kapurthala have changed my name spelling to Daljit Singh. All Please Note.

I, Kalvinder Kaur w/o Sukhvinder Singh r/o Vill. Suchi Pind, Distt. Jalandhar, Punjab have changed my name to Kulwinder Kaur. All Please Note.

I, Paramjeet Masih S/o Kunan Masih R/o Ram Nagar, Tehsil/Distt. Gurdaspur, Punjab, India, have changed my name from Paramjeet Masih to Paramjit Masih.

### Change of Name

I, Kamaljit Kaur Paul W/o Sahbi R/o Vill. Rani Bhatti, Po. Kala Bakra, Distt. Jalandhar have changed my name to Kamaljit Kaur Romal (Surname as Romal) After Marriage. All Please Note.

I, Mukhram S/o Dabhibal Yadav R/o H.No. 5, Gali No.1, Mohalla Avtar Nagar, Jalandhar have changed my name from Mukhram to Mukhram Yadav (Surname as Yadav) All Please Note.

I, Narinder Alias Narinder Singh Sahota S/o Durga Dass R/o Vill. Billi Chawo, Po. Khanpur Dhadde, Tehsil Shahkot, Jalandhar-144701, Punjab have changed my name to Narinder Singh Sahota. All Please Note.

I, Sanjana D/o Paramjit Kumar R/o H.No. 308, New Abadi Jallowal, Jalandhar have changed my name from Sanjana to Sanjana Kumar (Surname as Kumar) All Please Note.

I, Dharamveer S/o Ram Parkash R/o H.No. W.T- 324, Ghas Mandi, Basti Sheikh, Jalandhar have changed my name from Dharamveer to Dharamvir. All Please Note.

I, Chamkaur Hira S/o Harjit Kumar R/o H.No. 708/15, Mohalla Chandan Nagar, Kartarpur, Distt. Jalandhar, Punjab have changed my name to Given Name as Chamkaur & Surname as Hira. All Please Note.

I Kulwinder Kaur w/o Harvinder Pal Singh R/o H.No. B-1-31, Anand Nagar G.T Road, Jalandhar -1, declare that in my passport my husband name is wrongly spelled as Harwinder Pal Singh but correct spelling is Harvinder Pal Singh.

I, Kalawati Devi W/O Hans Raj, R/o Thara Jhikla Tikka Awan Doongh, Village Awan, Dhar Kalan, Awan, Gurdaspur, Punjab- 145029. have changed my name and shall hereafter be Known as Kalla Devi.

I, Manjit Dial S/O Kebal Singh, R/o Mehndipur, Nawashahr, Punjab-144514, have changed my name and shall hereafter be Known as Surjit Singh.

I, Gurcharan Singh Gill S/O Balbir Singh Gill, R/o Village, Bajuha Khurd, Wajuha Khurd, Jalandhar, Nakodar, Punjab-144033, have changed my name and shall hereafter be Known as Gurcharan Singh.

I, Anuradha W/o Sanjay Mehta R/o ND 404, Shardanand Street, Adda Hoshiarpur, Jalandhar, Punjab have changed my name to Anuradha Mehta. All concerned please note.

I, Ram Parkash S/o Sh. Gian Chand have changed my name to Ram Prakash Vide Affidavit Dated 17-06-2025 Sworn Before Notary Pawan Kumar.

### PUBLIC NOTICE

I, Boota Singh S/o Swaran Singh R/o Village Chananpur, Po. Jamsher Khas, Tehsil and Distt. Jalandhar, Punjab declare that my son Manpreet Singh is out of my control. I disinherit him from my movable and immovable properties. I and my family shall not be held responsible for any of his acts deeds and things. All please note.

I, Bharat Shikhar Singh Ratra S/o Nripjit R/o 299, Urban Estate, Gurdaspur, Tehsil/Distt. Gurdaspur, Punjab, India. declare that is Known my name Bharat Shikhar Singh Ratra and BH Shikhar Singh Ratra is one and same person.

I, Jobanpreet Singh S/o Manjit Singh R/o Village Dharo Chak, PO. Gurdaspur, Pin-143521, Punjab, India. declare that my given name as Jobanpreet and my Surname as Singh.

### ਨਾਂਅ ਦੀ ਬਦਲੀ

ਮੈਂ, ਸੋਨੀਆ ਰਾਣੀ ਪਤਨੀ ਸ੍ਰੀ ਹੁਸਨ ਲਾਲ ਵਾਸੀ ਪਿੰਡ ਚਿੱਟੀ, ਜ਼ਿਲ੍ਹਾ ਜਲੰਧਰ ਦੀ ਹਾਂ ਅਤੇ ਆਪਣੇ ਲੜਕੇ ਕੁਲਵੀਰ ਦਾ ਨਾਂਅ ਬਦਲ ਕੇ ਕੁਲਵੀਰ ਕੌਲਧਾਰ ਰੱਖ ਲਿਆ ਹੈ। (ਬੀ)

ਮੈਂ, ਸੋਨੀਆ ਰਾਣੀ ਪਤਨੀ ਸ੍ਰੀ ਹੁਸਨ ਲਾਲ ਵਾਸੀ ਪਿੰਡ ਚਿੱਟੀ, ਜ਼ਿਲ੍ਹਾ ਜਲੰਧਰ ਦੀ ਹਾਂ ਅਤੇ ਆਪਣੇ ਲੜਕੇ ਵਿਸ਼ਾਲ ਦਾ ਨਾਂਅ ਬਦਲ ਕੇ ਵਿਸ਼ਾਲ ਕੌਲਧਾਰ ਰੱਖ ਲਿਆ ਹੈ। (ਬੀ)

ਮੈਂ, ਸੀਮਾ ਪਤਨੀ ਬਲਵੀਰ ਰਾਮ ਵਾਸੀ ਪਿੰਡ ਤੇ ਡਾਕ. ਪੰਡੋਰੀ ਕੱਦ, ਤਹਿਸੀਲ ਤੇ ਜ਼ਿਲ੍ਹਾ ਹੁਸ਼ਿਆਰਪੁਰ ਪੰਜਾਬ ਨੇ ਆਪਣੇ ਨਬਾਲਗ ਲੜਕੇ ਜਸ਼ਨਦੀਪ ਦਾ ਨਾਂਅ ਬਦਲ ਕੇ ਜਸ਼ਨਦੀਪ ਸਰੋਆ ਰੱਖ ਲਿਆ ਹੈ। ਸੰਬੰਧਤ ਨੋਟ ਕਰਨ।

ਮੈਂ ਜਸਵਿੰਦਰ ਸਿੰਘ ਧਾਮੀ, ਵਾਸੀ ਕਟਾਣੀ ਕਲਾਂ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਨੇ ਆਪਣੀ ਪੁੱਤਰੀ ਦਿਵਨਾਜ਼ ਕੌਰ ਦਾ ਨਾਮ, ਦਿਵਨਾਜ਼ ਕੌਰ ਧਾਮੀ, ਬਦਲ ਲਿਆ ਹੈ।

ਮੈਂ ਜਸਵਿੰਦਰ ਸਿੰਘ ਪੁੱਤਰ ਗੁਰਮੇਲ ਸਿੰਘ, ਵਾਸੀ ਕਟਾਣੀ ਕਲਾਂ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਨੇ ਆਪਣਾ ਨਾਮ, ਜਸਵਿੰਦਰ ਸਿੰਘ ਧਾਮੀ, ਬਦਲ ਲਿਆ ਹੈ।

ਮੈਂ ਰੁਪਿੰਦਰ ਕੌਰ ਪਤਨੀ ਜਸਵਿੰਦਰ ਸਿੰਘ ਧਾਮੀ, ਵਾਸੀ ਕਟਾਣੀ ਕਲਾਂ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਨੇ ਆਪਣਾ ਨਾਮ ਰੁਪਿੰਦਰ ਕੌਰ ਧਾਮੀ, ਬਦਲ ਲਿਆ ਹੈ।

### ਬੇਦਖਲੀ ਨੋਟਿਸ

ਮੈਂ, ਵਿਜੇ ਕੁਮਾਰ ਪੁੱਤਰ ਸ੍ਰੀ ਦਰਸ਼ਨ ਲਾਲ ਵਾਸੀ ਮਕਾਨ ਨੰਬਰ1100/5, ਗਲੀ ਕੂਚਾ ਨਕੱਦਾ, ਕਟੜਾ ਸਫੈਦ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅਜੇ ਸ਼ਰਮਾ (ਕੁਆਰਾ) ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਸਰਬਜੀਤ ਕੌਰ ਪਤਨੀ ਲੇਟ ਹਰਪਾਲ ਸਿੰਘ ਵਾਸੀ ਵਿੱਕੀ ਪੈਲੇਸ ਵਾਲੀ ਗਲੀ, ਤਰਨ ਤਾਰਨ ਰੋਡ, ਅੰਮ੍ਰਿਤਸਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰੇ ਲੜਕੇ ਮਨਰੂਪ ਸਿੰਘ ਅਤੇ ਜਗਰੂਪ ਸਿੰਘ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਮੇਰੇ ਨਾਲ ਲੜਾਈ-ਝਗੜਾ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਐਕਸ ਸੂਬੇਦਾਰ ਅਵਤਾਰ ਸਿੰਘ ਪੁੱਤਰ ਗਿਆਨ ਸਿੰਘ ਵਾਸੀ ਮਕਾਨ ਨੰ. 83, ਨਿਊ ਡਿਫੈਂਸ ਕਲੋਨੀ, ਫੇਜ਼-1, ਉਲਡ ਫਗਵਾੜਾ ਰੋਡ, ਪਰਾਗਪੁਰ, ਜਲੰਧਰ ਕੈਂਟ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਦਵਿੰਦਰ ਸਿੰਘ ਅਤੇ ਉਸਦੀ ਪਤਨੀ ਅਮਨਦੀਪ ਕੌਰ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਹਨਾਂ ਦੋਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਹਨਾਂ ਦੋਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ, ਜੋ ਕੋਈ ਵੀ ਇਹਨਾਂ ਦੋਨਾਂ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਜਸਪਾਲ ਕੌਰ ਵਿਧਵਾ ਸ੍ਰੀ ਜੀਤ ਸਿੰਘ ਵਾਸੀ ਚੱਕ ਸੈਦੋ ਕੇ, ਤਹਿਸੀਲ ਜਲਾਲਾਬਾਦ (ਪ) ਜ਼ਿਲ੍ਹਾ ਫਾਜ਼ਿਲਕਾ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਜਸਕਰਨ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

### ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

### ਬੇਦਖਲੀ ਨੋਟਿਸ

ਮੈ ਨਿਰਮਲ ਸਿੰਘਪੁੱਤਰਗੁਰਚੰਦ ਸਿੰਘ ਵਾਸੀ ਬਿਸ਼ਨਪੁਰਾ ਖੋਖਰ ਤਹਿ ਮੂਨਕ ਜਿਲਾ ਸੰਗਰੂਰ ਦਾ ਹਾ। ਮੇਰਾ ਲੜਕਾ ਕੁਲਦੀਪ ਸਿੰਘ ਜੋ ਕਿ ਸਾਦੀ ਸੁਦਾ ਹੈ। ਪਰਿਵਾਰ ਸਮੇਤ ਸਹੁਰੇ ਘਰ ਰਹਿੰਦਾ ਹੈ। ਤੇ ਗਲਤ ਸੰਗਤ ਵਿੱਚ ਪੈ ਗਿਆ ਹੈ। ਜੋ ਮੇਰੇ ਕਹਿਣੇ ਤੋਂ ਬਹਾਰ ਹੈ,ਇਸ ਨੂੰਮੈ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾ। ਜੋ ਵੀ ਇਸ ਨਾਲ ਲੈਣ ਦੇਣ ਕਰੇਗਾ ਉਹ ਖੁਦ ਜਿਮੇਵਾਰ ਹੋਵੇਗਾ। ਸੰਬਧਿਤ ਨੋਟ ਕਰਨ।

ਅਸੀਂ ਸਤਨਾਮ ਸਿੰਘ ਪੁੱਤਰ ਪਾਖਰ ਸਿੰਘ ਤੇ ਸੁਰਿੰਦਰ ਕੌਰ ਪਤਨੀ ਸਤਨਾਮ ਸਿੰਘ ਵਾਸੀ ਪਿੰਡ ਮੁਹੱਲਾ ਕਿਲਾ ਤਲਵਣ, ਤਹਿਸੀਲ ਫਿਲੌਰ ਜ਼ਿਲ੍ਹਾ ਜਲੰਧਰ ਬਿਆਨ ਕਰਦੇ ਹਨ ਕਿ ਸਾਡਾ ਲੜਕਾ ਗੁਰਸ਼ਰਨ ਸਿੰਘ ਤੇ ਇਸ ਦੀ ਪਤਨੀ ਹਰਵਿੰਦਰ ਕੌਰ ਸਾਡੇ ਕਹਿਣੇ ਤੋਂ ਬਾਹਰ ਹਨ। ਅਸੀਂ ਆਪਣੀ ਸਾਰੀ ਚੱਲ -ਅਚੱਲ ਜਾਇਦਾਦ ਤੋਂ ਆਪਣੇ ਲੜਕੇ ਗੁਰਸ਼ਰਨ ਸਿੰਘ ਤੇ ਇਸ ਦੀ ਪਤਨੀ ਹਰਵਿੰਦਰ ਕੌਰ ਨੂੰ ਬੇਦਖਲ ਕਰਦੇ ਹਨ। ਕੋਈ ਵੀ ਵਿਅਕਤੀ ਇਨ੍ਹਾਂ ਨਾਲ਼ ਲੈਣ ਦੇਣ ਕਰੇਗਾ ਉਹ ਖ਼ੁਦ ਜ਼ੁਮੇਵਾਰ ਹੋਵੇਗਾ ਸਾਡਾ ਅਤੇ ਸਾਡੇ ਪ੍ਰੀਵਾਰ ਨਾਲ ਇਸ ਦਾ ਕੋਈ ਵੀ ਲੇਣ ਦੇਣ ਨਹੀਂ ਹੈ। ਸੰਬਧਤ ਨੋਟ ਕਰਨ।

ਮੈਂ, ਗੁਰਵਿੰਦਰ ਸਿੰਘ ਪੁੱਤਰ ਨਾਜਰ ਸਿੰਘ, ਵਾਸੀ ਬਾਗੜੀਆਂ ਰੋਡ, ਧੂਰੀ (ਸੰਗਰੂਰ) ਆਪਣੇ ਲੜਕੇ ਸ਼ਰਨਦੀਪ ਸਿੰਘ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਨ੍ਹਾਂ ਨਾਲ ਲੈਣ ਦੇਣ ਕਰਨ ਅਤੇ ਸੰਬੰਧ ਰੱਖਣ ਵਾਲੇ ਖੁਦ ਜ਼ਿੰਮੇਵਾਰ ਹੋਣਗੇ।

ਅਸੀ, ਸੁਰਿੰਦਰ ਕੁਮਾਰ ਪੁੱਤਰ ਚਮਨ ਲਾਲ ਅਤੇ ਸੁਨੀਤਾ ਪਤਨੀ ਸੁਰਿੰਦਰ ਕੁਮਾਰ ਵਾਸੀ 2301, ਗਲੀ ਨੰ.4, ਜੋੜਾ ਫਾਟਕ,ਧਰਮਪੁਰਾ,ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਅਨਿਲ ਬਾਵਾ ਜੋ ਕਿ ਸਾਡੇ ਕਹਿਣੇ ਸੁਣਨੇ ਤੋਂ ਬਾਹਰ ਹੈ, ਆਪਣੀ ਮਨ ਮਰਜੀ ਕਰਦਾ ਹੈ ਅਤੇ ਸਾਨੂੰ ਬਹੁਤ ਤੰਗ ਪਰੇਸ਼ਾਨ ਕਰਦਾ ਹੈ। ਅਸੀ ਉਸਨੂੰ ਆਪਣੀ ਹਰ ਕਿਸਮ ਦੀ ਤਮਾਮ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਉਸ ਦੇ ਕਿਸੇ ਵੀ ਤਰ੍ਹਾਂ ਦੇ ਲੈਣ ਦੇਣ ਅਤੇ ਚੰਗੇ ਮਾੜੇ ਕੰਮਾਂ ਦੇ ਅਸੀ ਤੇ ਸਾਡਾ ਪਰਿਵਾਰ ਜਿੰਮੇਵਾਰ ਨਹੀਂ ਹੋਵੇਗਾ ਉਹ ਖੁਦ ਜਿੰਮੇਵਾਰ ਹੋਵੇਗਾ। ਸਾਡਾ ਅਤੇ ਸਾਡੇ ਪਰਿਵਾਰ ਦਾ ਉਸ ਨਾਲ ਕੋਈ ਤਲਕਵਾਸਤਾ ਨਹੀਂ।

ਅਸੀਂ, ਮੋਹਨ ਲਾਲ ਪੁੱਤਰ ਚਮਨ ਲਾਲ ਵਾ ਵਿਦਿਆ ਪਤਨੀ ਮੋਹਨ ਲਾਲ ਵਾਸੀ ਮਕਾਨ ਨੰ: ਏ-82, ਨਿਊ ਦਸ਼ਮੇਸ਼ ਨਗਰ ਡਾਕ, ਮਾਡਲ ਟਾਊਨ ਜਲੰਧਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਹਰਕ੍ਰਿਸ਼ਨ ਅਤੇ ਉਸ ਦੀ ਪਤਨੀ ਰੋਜ਼ੀ ਅਤੇ ਇਨ੍ਹਾਂ ਦੇ ਲੜਕੇ ਦਿਵਾਂਸ਼ ਅਤੇ ਰੋਹਿਤ ਸਾਡੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਇਸ ਲਈ ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡਾ ਇਨ੍ਹਾਂ ਨਾਲ ਕੋਈ ਤਲਕ ਵਾਸਤਾ ਨਹੀਂ ਹੈ।

ਅਸੀਂ, ਸੁਨਿਲ ਕੁਮਾਰ ਪੁੱਤਰ ਸ੍ਰੀ ਬਿਸ਼ਨ ਦਾਸ ਅਤੇ ਕੋਮਲ ਸ਼ਰਮਾ ਪਤਨੀ ਸ੍ਰੀ ਸੁਨੀਲ ਕੁਮਾਰ ਵਾਸੀ ਸੰਤ ਭਾਗ ਸਿੰਘ ਨਗਰ, ਗਲੀ ਨੰਬਰ 1, ਨਜ਼ਦੀਕ ਵਣ ਚੇਤਨਾ ਪਾਰਕ ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦੇ ਹਾਂ ਕਿ ਸਾਡੀ ਲੜਕੀ ਨੀਤਿਕਾ ਸ਼ਰਮਾ ਸਾਡੇ ਕਹਿਣੇ ਤੋਂ ਬਾਹਰ ਹੈ। ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ, ਪਿਆਰਾ ਰਾਮ ਪੁੱਤਰ ਦੌਲਾ ਰਾਮ ਵਾਸੀ ਪਿੰਡ ਪੰਡੋਰੀ ਭਵਾ, ਡਾਕ: ਨੈਣੋਵਾਲ ਜੱਟਾਂ, ਤਹਿ. ਅਤੇ ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਰਾਮ ਸਰੂਪ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ, ਗੋਪਾਲ ਕ੍ਰਿਸ਼ਨ ਖੋਸਲਾ ਪੁੱਤਰ ਲੇਟ ਸ੍ਰੀ ਮਦਨ ਲਾਲ ਵਾਸੀ ਮਕਾਨ ਨੰ: 249, ਗੁਰੂ ਅਮਰਦਾਸ ਨਗਰ, ਨਜ਼ਦੀਕ ਵੇਰਕਾ ਮਿਲਕ ਪਲਾਂਟ, ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਰੋਹਿਤ ਖੋਸਲਾ ਅਤੇ ਉਸ ਦੀ ਪਤਨੀ ਸਾਨੀਆ ਅਤੇ ਇਨ੍ਹਾਂ ਦੇ ਬੱਚੇ ਰਾਘਵ ਖੋਸਲਾ ਅਤੇ ਤਨਿਸ਼ਕਾ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਤੋਂ ਬਹੁਤ ਪ੍ਰੇਸ਼ਾਨ ਹਾਂ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੇ ਤੇ ਮੇਰੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਮੈਂ, ਗੋਪਾਲ ਕ੍ਰਿਸ਼ਨ ਖੋਸਲਾ ਪੁੱਤਰ ਲੇਟ ਸ੍ਰੀ ਮਦਨ ਲਾਲ ਵਾਸੀ ਮਕਾਨ ਨੰ: 249, ਗੁਰੂ ਅਮਰਦਾਸ ਨਗਰ, ਨਜ਼ਦੀਕ ਵੇਰਕਾ ਮਿਲਕ ਪਲਾਂਟ, ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਵਿਨੇ ਖੋਸਲਾ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਤੋਂ ਬਹੁਤ ਪ੍ਰੇਸ਼ਾਨ ਹਾਂ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੇ ਤੇ ਮੇਰੇ ਪਰਵਾਰ ਦਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਮੈਂ ਬਲਵਿੰਦਰ ਸਿੰਘ ਸਪੁੱਤਰ ਤਾਰਾ ਸਿੰਘ, ਪਿੰਡ ਅਤੇ ਤਹਿਸੀਲ ਬਾਬਾ ਬਕਾਲਾ (ਅੰਮ੍ਰਿਤਸਰ) ਆਪਣੇ ਲੜਕੇ ਗੁਰਪ੍ਰੀਤ ਸਿੰਘ, ਨੂੰਹ ਸੋਨੀਆ ਨੂੰ ਕਹਿਣੇ ਤੋਂ ਬਾਹਰੀ ਹੋਣ ਕਾਰਨ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ ਰਾਜਬੀਰ ਕੌਰ ਵਿਧਵਾ ਗੁਰਜੀਤ ਸਿੰਘ ਵਾਸੀ ਮਕਾਨ ਨੰਬਰ 219, ਗਲੀ ਨੰਬਰ 9, ਕੀਨੀ ਦੀ ਚੱਕੀ ਇੰਦਰਾ ਕਾਲੋਨੀ , ਕੋਟ ਖਾਲਸਾ ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਅਕਾਸ਼ਦੀਪ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ ਮੈਂ ਇਸ ਨੂੰ ਆਪਣੀ ਚਲ ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦੀ ਹਾਂ ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿਮੇਦਾਰ ਹੋਵੇਗਾ।

ਮੈਂ ਪਰਮਜੀਤ ਕੌਰ ਪਤਨੀ ਮੰਗਲ ਸਿੰਘ ਵਾਸੀ ਮਕਾਨ ਨੰਬਰ ਐਲ1/782, ਨਿਊ ਗੁਰਨਾਮ ਨਗਰ ਸੁਲਤਾਨਵਿੰਡ ਰੋਡ, ਅੰਮ੍ਰਿਤਸਰ ਬਿਆਨ ਕਰਦੀ ਹੈ ਕਿ ਮੇਰਾ ਲੜਕਾ ਅਰਸ਼ਦੀਪ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ ਮੈਂ ਇਸ ਨੂੰ ਆਪਣੀ ਚਲ ਅਚਲ ਜਾਇਦਾਦ ਤੋਂ ਬੇਦਖ਼ਲ ਕਰਦੀ ਹਾਂ ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿਮੇਦਾਰ ਹੋਵੇਗਾ।

ਮੈਂ ਵਿਜੇ ਕੁਮਾਰ ਪੁੱਤਰ ਸਤਪਾਲ ਵਾਸੀ ਗੁਰੂ ਨਾਨਕ ਨਗਰ, ਸ਼ੇਰ ਸ਼ਾਹ ਸੂਰੀ ਰੋਡ, Backside ਭੱਲਾ ਕਾਲੋਨੀ ਛੇਹਰਟਾ ਅੰਮ੍ਰਿਤਸਰ ਬਿਆਨ ਕਰਦਾ ਹੈ ਕਿ ਮੇਰਾ ਲੜਕਾ ਸੰਜੀਵ ਕੁਮਾਰ ਅਤੇ ਉਸਦੀ ਪਤਨੀ ਸਰੋਜ ਮੇਰੇ ਕਹਿਣੇ ਤੋਂ ਬਾਹਰ ਹਨ ਮੈਂ ਇਨ੍ਹਾਂ ਨੂੰ ਆਪਣੀ ਚਲ ਅਚਲ ਜਾਇਦਾਦ ਤੋਂ ਬੇਦਖ਼ਲ ਕਰਦਾ ਹਾਂ ਇਨ੍ਹਾਂ ਨਾਲ ਲੈਣ ਦੇਣ ਕਾਰਨ ਵਾਲਾ ਖੁਦ ਜਿਮੇਦਾਰ ਹੋਵੇਗਾ।

ਮੈ ਰਾਜ ਰਾਣੀ ਪਤਨੀ ਬਚਨ ਲਾਲ ਵਾਸੀ ਐਫ-22/1536, ਗਲੀ ਨੰ 4, ਬਟਾਲਾ ਰੋਡ, ਮੁਸਤਫਾਬਾਦ, ਅੰਮ੍ਰਿਤਸਰ ਸੂਚਿਤ ਕਰਦੀ ਹਾਂ ਕਿ ਮੇਰਾ ਲੜਕਾ ਪਰਮੋਦ ਕੁਮਾਰ ਅਤੇ ਉਸਦੀ ਪਤਨੀ ਮੋਨਿਕਾ ਮੇਰੇ ਨਾਲ ਲੜਾਈ ਝਗੜਾ ਕਰਦੇ ਹਨ ਤੇ ਮੇਰੀ ਕਿਸੇ ਵੀ ਗੱਲ ਨੂੰ ਨਹੀ ਮੰਨਦੇ ਹਨ ਮੈ ਓਹਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋ ਬੇਦਖਲ ਕਰਦੀ ਹਾਂ ਉਹਨਾਂ ਦੇ ਕਿਸੇ ਵੀ ਮਾੜੇ ਚੰਗੇ ਕੰਮ ਜਾਂ ਲੈਣ ਦੇਣ ਦੀ ਮੈ ਜਾਂ ਮੇਰੇ ਪਰਿਵਾਰ ਦਾ ਕੋਈ ਮੈਂਬਰ ਜਿੰਮੇਵਾਰ ਨਹੀ ਹੋਵੇਗਾ। ਉਹਨਾਂ ਨਾਲ ਲੈਣ ਦੇਣ ਵਾਲਾ ਖ਼ੁਦ ਜ਼ਿੰਮੇਵਾਰ ਹੋਵੇਗਾ।

ਮੈਂ, ਪਰਮਿੰਦਰ ਕੌਰ ਪਤਨੀ ਅਵਤਾਰ ਸਿੰਘ, ਵਾਸੀ ਮਕਾਨ ਨੰਬਰ ਬੀ-22/245, ਮੁਹੱਬਤ ਨਗਰ, ਕਪੂਰਥਲਾ, ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਰਣਜੀਤ ਸਿੰਘ, ਜੋ ਕਿ ਮੇਰੇ ਕਹਿਣੇਕਾਰ ਵਿੱਚ ਨਹੀਂ ਹੈ ਅਤੇ ਬੁਰੀ ਸੰਗਤ ਵਿੱਚ ਹੈ, ਜਿਸ ਕਰਕੇ ਮੈਂ ਆਪਣੇ ਉਕਤ ਲੜਕੇ ਰਣਜੀਤ ਸਿੰਘ ਨੂੰ ਆਪਣੀ ਤਮਾਮ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਕਿਸੇ ਵੀ ਕਿਸਮ ਦਾ ਲੈਣ-ਦੇਣ ਕਰਨ ਵਾਲਾ ਵਿਅਕਤੀ ਖੁਦ ਜ਼ਿੰਮੇਵਾਰ ਹੋਵੇਗਾ। ਮੈਂ ਜਾ ਮੇਰੇ ਪਰਿਵਾਰ ਦੇ ਕਿਸੇ ਵੀ ਮੈਂਬਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਚਰਨ ਦਾਸ ਪੁੱਤਰ ਸ੍ਰੀ ਅਮਰ ਚੰਦ ਵਾਸੀ ਪਿੰਡ ਖਾਨਪੁਰ ਥਿਆੜਾ, ਥਾਣਾ ਬੁੱਲੋਵਾਲ, ਤਹਿਸੀਲ ਤੇ ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਭਾਰਤ ਭੂਸ਼ਨ ਅਤੇ ਉਸ ਦੀ ਪਤਨੀ ਅਨੁਰਾਧਾ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਲ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਅਸੀਂ, ਸੁਰਿੰਦਰ ਕੁਮਾਰ ਪੁੱਤਰ ਗੁਰਚਰਨਜੀਤ ਸ਼ਰਮਾ ਅਤੇ ਸੁਸ਼ਮਾ ਸ਼ਰਮਾ ਪਤਨੀ ਸੁਰਿੰਦਰ ਕੁਮਾਰ ਵਾਸੀਆਨ ਮਕਾਨ ਨੰ: 1969, ਗਲੀ ਨੰ: 5, ਗੋਕਲ ਵਿਹਾਰ, ਸੰਤੋਸ਼ੀ ਮਾਤਾ ਮੰਦਰ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਵਿਕਾਸ ਸ਼ਰਮਾ ਅਤੇ ਇਸ ਦੀ ਪਤਨੀ ਸੀਮਾ ਸ਼ਰਮਾ ਸਾਡੇ ਕਹਿਣੇ ਤੋਂ ਬਾਹਰ ਹਨ। ਇਸ ਲਈ ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡਾ ਅਤੇ ਸਾਡੇ ਸਾਕ-ਸੰਬੰਧੀਆਂ ਨਾਲ ਇਨ੍ਹਾਂ ਦਾ ਕੋਈ ਤਲਕ-ਵਾਸਤਾ ਨਹੀਂ ਹੈ।

### ਆਮ ਸੂਚਨਾ

ਮੋਟਰ ਕੁਨੈਕਸ਼ਨ ਖਾਤਾ ਨੰਬਰ ਐੱਲ ਕੇ-289, ਜੋ ਕਿ ਗੁਰਮੇਲ ਸਿੰਘ ਪੁੱਤਰ ਅਜੀਤ ਸਿੰਘ ਨੂੰ ਆਪਣੇ ਨਾਂਅ ਕਰਨ ਲਈ ਸਤਨਾਮ ਸਿੰਘ ਪੁੱਤਰ ਬਲਵਿੰਦਰ ਸਿੰਘ ਰਕਬਾ ਪਿੰਡ ਲੋਹਕੇ ਖੁਰਦ ਨੇ ਇਸ ਦਫ਼ਤਰ ਨੂੰ ਬੇਨਤੀ ਕੀਤੀ ਹੈ। ਇਤਰਾਜ਼ਯੋਗ ਵਿਅਕਤੀ 10 ਦਿਨਾਂ ਦੇ ਵਿਚ ਐੱਸ ਡੀ ਓ ਵੰਡ ਮੱਲਾਂਵਾਲਾ ਨਾਲ ਸੰਪਰਕ ਕਰੇ।

ਮੈਂ, ਅਜੇਪਾਲ ਸਿੰਘ ਪੁੱਤਰ ਸੁੱਚਾ ਸਿੰਘ, ਵਾਸੀ ਪਿੰਡ ਭੁੱਲਰ (ਤਰਨ ਤਾਰਨ) ਹਰੇਕ ਨੂੰ ਸੂਚਿਤ ਕਰਦਾ ਹਾਂ ਕਿ ਮੈਂ 25 ਜੂਨ, 2025 ਨੂੰ ਤਹਿਸੀਲ ਕੰਪਲੈਕਸ ਤਰਨ ਤਾਰਨ ਸੀ, ਜਿਥੇ ਮੈਂ ਆਪਣੇ ਪਲਾਟ ਦੀ ਰਜਿਸਟਰੀ ਗੁੰਮ ਕਰ ਗਿਆ। ਇਸ ਰਜਿਸਟਰੀ ਦਾ ਵਸੀਕਾ ਨੰ: 3941 ਮਿਤੀ 8-11-2000 ਹੈ ਜਿਹੜੀ ਅਜੈਬ ਸਿੰਘ ਪੁੱਤਰ ਹਜ਼ਾਰਾ ਸਿੰਘ ਪਿੰਡ ਫਤਿਹਚੱਕ ਬਹੱਕ ਦਵਿੰਦਰ ਸਿੰਘ ਪੁੱਤਰ ਹਰਨਾਮ ਸਿੰਘ ਤਹਿਰੀਰ ਹੋਈ ਹੈ ਜੋ ਸਬ ਤਹਿਸੀਲਦਾਰ ਤਰਨ ਤਾਰਨ ਤੋਂ ਤਸਦੀਕ ਹੋਈ ਹੈ। ਰਜਿਸਟਰੀ ਮਿਲਣ ਤੇ ਮੈਂ ਥਾਣਾ ਸਿਟੀ ਤਰਨ ਤਾਰਨ ਨੂੰ ਜਾਣਕਾਰੀ ਦੇ ਦਿਆਂਗਾ।

# 'ਆਪ' ਵੱਲੋਂ ਹਲਕਾ ਡੇਰਾ ਬਾਬਾ ਨਾਨਕ 'ਚ ਯੁੱਧ ਨਸ਼ਿਆਂ ਵਿਰੁੱਧ 11 ਮੈਂਬਰੀ ਕਮੇਟੀ ਦਾ ਗਠਨ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਆਮ ਆਦਮੀ ਪਾਰਟੀ ਵੱਲੋਂ ਸਥਾਨਕ ਪੀਡਬਲਿਊਡੀ ਦੇ ਰੈਸਟ ਹਾਊਸ ਵਿਖੇ ਹਲਕਾ ਡੇਰਾ ਬਾਬਾ ਨਾਨਕ ਵਿੱਚ ਯੁੱਧ ਨਸ਼ਿਆਂ ਵਿਰੁੱਧ 11 ਮੈਂਬਰੀ ਕਮੇਟੀ ਦਾ ਗਠਨ ਕੀਤਾ ਗਿਆ।ਇਸ ਸਬੰਧੀ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਯੁੱਧ ਨਸ਼ਿਆਂ ਵਿਰੁੱਧ ਡੇਰਾ ਬਾਬਾ ਨਾਨਕ ਦੇ ਹਲਕਾ ਕੋਆਰਡੀਨੇਟਰ ਪਰਵਿੰਦਰ ਸਿੰਘ ਘਣੀਆ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਜਾਰੀ ਕੀਤੀਆਂ ਹਦਾਇਤਾਂ ਤੇ ਯੁੱਧ ਨਸ਼ਿਆਂ ਵਿਰੁੱਧ ਮਾਝਾ ਜ਼ੋਨ ਇੰਚਾਰਜ ਸੋਨੀਆ ਮਾਨ ਅਤੇ ਡੇਰਾ ਬਾਬਾ ਨਾਨਕ ਦੇ ਹਲਕਾ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਹਲਕਾ ਡੇਰਾ ਬਾਬਾ ਨਾਨਕ ਦੀ ਯੁੱਧ ਨਸ਼ਿਆਂ ਵਿਰੁੱਧ 11 ਮੈਂਬਰੀ ਕਮੇਟੀ ਦੀ ਚੋਣ ਕੀਤੀ ਗਈ ਹੈ।ਇਸ ਕਮੇਟੀ ਵਿੱਚ ਮੇਜਰ ਸਿੰਘ ਠੇਠਰਕੇ, ਹਰਪ੍ਰੀਤ ਸਿੰਘ ਹੈਪੀ ਸਰਪੰਚ ਬਹਿਲੋਲਪੁਰ, ਗੁਰਭੇਜ ਸਿੰਘ ਰਣਸੀਕੇ ਤੱਲਾ, ਸੁਭੇਗ ਸਿੰਘ, ਬਲਵਿੰਦਰ ਸਿੰਘ ਸਰਪੰਚ ਸ਼ਿਕਾਰ, ਗੁਰਪ੍ਰੀਤ ਸਿੰਘ ਸਰਪੰਚ ਹਰੀਮਾਬਾਦ, ਅਮਰਿੰਦਰ ਸਿੰਘ ਘਣੀਆ, ਜਗਪ੍ਰੀਤ ਸਿੰਘ ਸਰਪੰਚ ਭੰਗਵਾ, ਮਨਜਿੰਦਰ ਸਿੰਘ ਧਰਮਕੋਟ ਰੰਧਾਵਾ, ਹਰਮਿੰਦਰ ਸਿੰਘ ਪੰਛੀ ਕਲਾਨੌਰ, ਨੀਰਜ ਲਾਹੌਰੀਆ ਆਦਿ ਸਰਬਸੰਮਤੀ ਨਾਲ ਮੈਂਬਰ ਬਣਾਏ ਗਏ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਹਲਕਾ ਡੇਰਾ ਬਾਬਾ ਨਾਨਕ ਵਿੱਚ ਯੁੱਧ ਨਸ਼ਿਆਂ ਵਿਰੁੱਧ ਸਿਕੰਦਰ ਸਿੰਘ ਧਰਮਕੋਟ ਰੰਧਾਵਾ ਅਤੇ ਪਵਨਦੀਪ ਸਿੰਘ ਘੁੰਮਣ ਕਲਾਂ ਸਬ ਕੋਆਰਡੀਨੇਟਰ ਨਿਯੁਕਤ ਕੀਤੇ ਗਏ ਸਨ ।ਉਨ੍ਹਾਂ ਕਿਹਾ ਕਿ ਜੋ ਨਵੀਂ ਕਮੇਟੀ ਗਠਿਤ ਕੀਤੀ ਗਈ ਹੈ, ਉਸ ਕਮੇਟੀ ਦੇ ਮੈਂਬਰਾਂ ਨਾਲ ਪਹਿਲਾਂ ਜੋ ਹਲਕੇ ਵਿੱਚ ਬਣੀ ਕਮੇਟੀ ਵੱਲੋਂ ਪਹਿਲੇ ਪੜਾਅ ਲਈ ਕੰਮ ਕੀਤਾ ਗਿਆ ਸੀ, ਉਸ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ। ਪੰਜਾਬ ਸਰਕਾਰ ਵੱਲੋਂ 15 ਜੁਲਾਈ ਤੋਂ ਯੁੱਧ ਨਸ਼ਿਆਂ ਵਿਰੁੱਧ ਜੋ ਦੂਜੇ ਪੜਾਅ ਲਈ ਕੰਮ ਕੀਤਾ ਜਾਵੇਗਾ ਉਸ ਦੇ ਬਾਰੇ ਵਿਸਥਾਰ ਸਹਿਤ ਜਾਣਕਾਰੀ ਦਿੱਤੀ ਗਈ ।ਉਨ੍ਹਾਂ ਕਿਹਾ ਕਿ ਸਾਨੂੰ ਆਸ ਹੈ ਕਿ ਨਵੀਂ ਬਣੀ ਕਮੇਟੀ ਹਲਕੇ ਦੇ ਸਾਰੇ ਪਿੰਡਾਂ ਵਿੱਚ ਨਸ਼ੇ ਵਿਰੁੱਧ ਮੁਹਿੰਮ ਨੂੰ ਅੱਗੇ ਤੋਰਦੇ ਹੋਏ ਹਲਕੇ ਦੇ ਲੋਕਾਂ ਅਤੇ ਪੁਲਸ ਪ੍ਰਸ਼ਾਸਨ-ਸਿਵਲ ਪ੍ਰਸ਼ਾਸਨ ਦੇ ਸਹਿਯੋਗ ਨਾਲ ਸਾਰੇ ਪਿੰਡਾਂ ਵਿੱਚ ਨਸ਼ਾ ਖਤਮ ਕਰਨ ਵਿੱਚ ਅਹਿਮ ਰੋਲ ਅਦਾ ਕਰੇਗੀ।ਇਸ ਮੌਕੇ ਬਾਬਾ ਭਗਵਾਨ ਸਿੰਘ ਹਰੀਮਾਬਾਦ, ਸਰਪੰਚ ਹਰਜੀਤ ਸਿੰਘ ਠੇਠਰਕੇ, ਪ੍ਰਧਾਨ ਰਾਜੇਸ਼ ਕੁਮਾਰ ਬਿੱਟਾ, ਦਲਜੀਤ ਸਿੰਘ ਬਾਜਵਾ, ਚਿਮਨ ਸਿੰਘ, ਸੁਲੱਖਣ ਸਿੰਘ, ਸਤਨਾਮ ਸਿੰਘ ਧਰਮਕੋਟ ਰੰਧਾਵਾ, ਮਨਪ੍ਰੀਤ ਸਿੰਘ ਮੰਨਾ ਧਰਮਕੋਟ ਰੰਧਾਵਾ ਆਦਿ ਹਾਜ਼ਰ ਸਨ।

# ਹਰ ਘਰ ਨੂੰ ਹਰ ਮਹੀਨੇ 300 ਯੂਨਿਟ ਮੁਫ਼ਤ ਬਿਜਲੀ ਸਹੂਲਤ ਦੇ ਤਿੰਨ ਸਾਲ ਪੂਰੇ : ਐਡ. ਅਮਰਪਾਲ ਸਿੰਘ



**ਸ੍ਰੀ ਹਰਗੋਬਿੰਦਪੁਰ ਸਾਹਿਬ (ਬਟਾਲਾ)**, ਜੁਲਾਈ (ਡਾ. ਮਲਵਿੰਦਰ ਸਿੰਘ)-ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਵੱਲੋਂ ਸੂਬਾ ਵਾਸੀਆਂ ਨੂੰ 1 ਜੁਲਾਈ 2022 ਤੋਂ ਹਰ ਘਰ ਨੂੰ ਹਰ ਮਹੀਨੇ 300 ਯੂਨਿਟ ਮੁਫ਼ਤ ਬਿਜਲੀ ਮੁਹੱਈਆ ਕਰਵਾਈ ਗਈ ਹੈ, ਜੋ ਨਿਰਵਿਘਨ ਜਾਰੀ ਹੈ। ਇਹ ਪ੍ਰਗਟਾਵਾ ਵਿਧਾਇਕ ਐਡਵੋਕੈਟ ਅਮਰਪਾਲ ਸਿੰਘ ਕਿਸ਼ਨਕੋਟ ਨੇ ਆਪਣੇ ਦਫਤਰ ਵਿਖੇ ਲੋਕ ਮਿਲਣੀ ਵਿੱਚ ਲੋਕਾਂ ਦੀਆਂ ਮੁਸ਼ਕਿਲਾਂ ਸੁਣਨ ਉਪਰੰਤ ਕੀਤਾ। ਵਿਧਾਇਕ ਐਡਵੋਕੈਟ ਅਮਰਪਾਲ ਸਿੰਘ ਨੇ ਕਿਹਾ ਕਿ ਆਪ ਪਾਰਟੀ ਵਲੋਂ ਲੋਕਾਂ ਨਾਲ ਕੀਤੀਆਂ ਗਰੰਟੀਆਂ ਨੂੰ ਪੂਰਾ ਕੀਤਾ ਗਿਆ ਹੈ ਅਤੇ ਜੋ ਗਰੰਟੀ ਰਹਿ ਗਈ ਹੈ ਉਸਨੂੰ ਵੀ ਜਲਦ ਪੂਰਾ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹਰ ਵਰਗ ਦੇ ਹਿੱਤਾਂ ਨੂੰ ਮੁੱਖ ਰੱਖਦਿਆਂ ਲੋਕ ਪੱਖੀਆਂ ਨੀਤੀਆਂ ਲਾਗੂ ਕੀਤੀਆਂ ਗਈਆਂ ਹਨ ਅਤੇ ਪਾਰਦਰਸ਼ੀ ਢੰਗ ਨਾਲ ਵਿਕਾਸ ਕੰਮ ਜਾਰੀ ਹਨ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਹੋਰ ਬਿਹਤਰ ਸਿਹਤ ਸਹੂਲਤਾਂ ਦੇਣ ਲਈ ਆਮ ਆਦਮੀ ਕਲੀਨਿਕ ਖੋਲ੍ਹੇ ਹਨ, ਜਿਥੇ ਰੋਜ਼ਾਨਾ ਮਰੀਜ਼ ਆਪਣਾ ਮੁਫ਼ਤ ਇਲਾਜ ਕਰਵਾ ਰਹੇ ਹਨ। ਸੂਬੇ ਅੰਦਰ ਸਿੱਖਿਆ ਦਾ ਮਿਆਰ ਹੋਰ ਉੱਚਾ ਚੁੱਕਣ ਲਈ ਸਕੂਲਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕੀਤਾ ਗਿਆ ਹੈ ਅਤੇ ਸਰਕਾਰੀ ਸਕੂਲਾਂ ਵਿੱਚ ਬੱਚਿਆਂ ਦੀ ਗਿਣਤੀ ਵਿੱਚ ਵਾਧਾ ਹੋਇਆ ਹੈ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਨੂੰ ਖਤਮ ਕਰਨ ਲਈ ਫੈਸਲਾਕੁੰਨ ਲੜਾਈ ਵਿੱਢੀ ਗਈ ਹੈ, ਜਿਸ ਦੇ ਚੱਲਦਿਆਂ ਨਸ਼ਾ ਤਸਕਰਾਂ ਦੀਆਂ ਨਜਾਇਜ਼ ਉਸਾਰੀਆਂ ਨੂੰ ਢਾਹਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਜੋ ਲੋਕ ਕਿਸੇ ਕਾਰਨ ਨਸ਼ਿਆਂ ਦੇ ਜਾਲ ਵਿੱਚ ਫਸ ਗਏ ਹਨ, ਉਨ੍ਹਾਂ ਦਾ ਨਸ਼ਾ ਛੁਡਾਊ ਕੇਂਦਰਾਂ ਵਿੱਚ ਮੁਫ਼ਤ ਇਲਾਜ ਕਰਵਾਇਆ ਜਾ ਰਿਹਾ ਹੈ।

# ਨਸ਼ਿਆਂ ਵਿਰੁੱਧ ਰੈਲੀ ਕੱਢੀ



**ਕੋਟ ਈਸੇ ਖਾਂ (ਅਰੋੜਾ)** ਪੰਜਾਬ ਸਰਕਾਰ ਵੱਲੋਂ ਚਲਾਈ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਸਰਕਾਰੀ ਹਾਈ ਸਕੂਲ ਲੜਕੇ ਕੋਟ ਈਸੇ ਖਾਂ ਵੱਲੋਂ ਵਿਸ਼ੇਸ਼ ਰੈਲੀ ਕੱਢੀ ਗਈ, ਜਿਸ 'ਚ ਨਸ਼ਿਆਂ ਦੇ ਬੁਰੇ ਪ੍ਰਭਾਵ ਤੋਂ ਵਿਦਿਆਰਥੀਆਂ ਨੂੰ ਜਾਣੂ ਕਰਾਇਆ ਗਿਆ ਤੇ ਵਿਦਿਆਰਥੀਆਂ ਨੇ ਪ੍ਰਣ ਕੀਤਾ ਕਿ ਅਸੀਂ ਕਿਸੇ ਵੀ ਪ੍ਰਕਾਰ ਦੇ ਨਸ਼ੇ ਦਾ ਸੇਵਨ ਨਹੀਂ ਕਰਾਂਗੇ ਤੇ ਲੋਕਾਂ ਨੂੰ ਨਸ਼ਿਆਂ ਦੇ ਬੁਰੇ ਪ੍ਰਭਾਵਾਂ ਤੋਂ ਜਾਣੂ ਕਰਾਉਂਦੇ ਰਹਾਂਗੇ।ਉਨ੍ਹਾਂ ਕਿਹਾ ਕਿ ਨਸ਼ੇ ਦੀ ਮੁਕੰਮਲ ਖਾਤਮੇ ਲਈ ਹਰ ਇੱਕ ਦਾ ਸਾਥ ਬਹੁਤ ਜ਼ਰੂਰੀ ਹੈ।

# ਡੇਂਗੂ ਤੋਂ ਬਚਾਅ ਸੰਬੰਧੀ ਕੀਤਾ ਜਾਗਰੂਕ



**ਸ਼ੇਰਪੁਰ (ਰਵੀ ਟਿੰਬਾ)** ਸਿਹਤ ਤੇ ਪਰਵਾਰ ਭਲਾਈ ਮੰਤਰੀ ਡਾ. ਬਲਵੀਰ ਸਿੰਘ ਦੇ ਹੁਕਮਾਂ ਤੇ ਸਿਵਲ ਸਰਜਨ ਡਾ. ਸੰਜੇ ਗੋਇਲ ਦੇ ਦਿਸ਼ਾ ਨਿਰਦੇਸ਼ਾਂ 'ਤੇ ਜ਼ਿਲ੍ਹਾ ਐਪੀਡੀਮੋਲੋਜਿਸਟ ਡਾ ਰਮਨਦੀਪ ਕੌਰ ਤੇ ਸੀਨੀਅਰ ਮੈਡੀਕਲ ਅਫਸਰ ਪੀ.ਐੱਚ.ਸੀ. ਫ਼ਤਿਹਗੜ੍ਹ ਪੰਜਗਰਾਈਆਂ ਡਾ. ਗੁਰਪ੍ਰਕਾਸ਼ ਸਿੰਘ ਭਿੰਡਰ ਦੀ ਯੋਗ ਅਗਵਾਈ ਹੇਠ ਪਿੰਡ ਕੁਠਾਲਾ ਵਿਖੇ ਹਰ ਸ਼ੁੱਕਰਵਾਰ ਡੇਂਗੂ ਤੇ ਵਾਰ ਮੁਹਿੰਮ ਤਹਿਤ ਲੋਕਾਂ ਨੂੰ ਡੇਂਗੂ ਤੋਂ ਬਚਾਅ ਸਬੰਧੀ ਜਾਗਰੂਕ ਕੀਤਾ ਗਿਆ। ਬਲਾਕ ਐਜੂਕੇਟਰ ਜਗਸੀਰ ਸਿੰਘ ਟਿੰਬਾ ਨੇ ਦੱਸਿਆ ਕਿ ਡੇਂਗੂ ਤੋਂ ਬਚਾਅ ਲਈ ਆਪਣੇ ਘਰ ਤੇ ਆਲੇ-ਦੁਆਲੇ ਸਾਫ਼-ਸਫਾਈ ਰੱਖਣੀ ਚਾਹੀਦੀ ਹੈ ਤੇ ਇਸ ਦੇ ਨਾਲ ਹੀ ਮੱਛਰਾਂ ਤੋਂ ਬਚਾਅ ਦੇ ਉਪਾਅ ਕਰਨੇ ਬਹੁਤ ਜ਼ਰੂਰੀ ਹਨ, ਜਿਸ ਵਿੱਚ ਘਰਾਂ 'ਚ ਗਮਲਿਆਂ, ਕੂਲਰਾਂ ਜਾਂ ਪੁਰਾਣੇ ਟਾਇਰਾਂ ਆਦਿ ਵਿੱਚ ਪਾਣੀ ਨੂੰ ਜਮਾ ਨਾ ਹੋਣ ਦੇਣਾ ਬਹੁਤ ਜ਼ਰੂਰੀ ਹੈ, ਕਿਉਂਕਿ ਡੇਂਗੂ ਦਾ ਲਾਰਵਾ ਸਾਫ਼ ਖੜ੍ਹੇ ਪਾਣੀ ਵਿੱਚ ਪੈਦਾ ਹੁੰਦਾ ਹੈ।ਉਨ੍ਹਾਂ ਦੱਸਿਆ ਕਿ ਸਰੀਰ 'ਤੇ ਪੂਰੇ ਕੱਪੜੇ ਪਾ ਕੇ ਰੱਖਣਾ ਤੇ ਮੱਛਰਦਾਨੀ ਦੀ ਵਰਤੋਂ ਕਰਨ ਨਾਲ ਡੇਂਗੂ ਤੋਂ ਬਚਿਆ ਜਾ ਸਕਦਾ ਹੈ। ਡੇਂਗੂ ਦੇ ਲੱਛਣਾਂ ਬਾਰੇ ਗੱਲ ਕਰਦੇ ਉਨ੍ਹਾਂ ਕਿਹਾ ਕਿ ਤੇਜ਼ ਬੁਖਾਰ, ਸਰੀਰ ਤੇ ਜੋੜਾਂ ਵਿੱਚ ਦਰਦ, ਚਮੜੀ ਉੱਤੇ ਰੈਸ਼, ਅੱਖਾਂ ਦੇ ਪਿੱਛੇ ਦਰਦ, ਨੱਕ ਜਾਂ ਮੂੰਹ ਤੋਂ ਖੂਨ ਆਉਣਾ ਡੇਂਗੂ ਦੇ ਲੱਛਣ ਹੋ ਸਕਦੇ ਹਨ।ਜੇਕਰ ਕੋਈ ਵੀ ਵਿਅਕਤੀ ਡੇਂਗੂ ਤੋਂ ਪੀੜਤ ਹੋ ਜਾਂਦਾ ਹੈ ਤਾਂ ਉਸ ਨੂੰ ਘਬਰਾਉਣ ਦੀ ਲੋੜ ਨਹੀਂ ਹੈ।ਵਿਅਕਤੀ ਨੂੰ ਜਲਦੀ ਤੋਂ ਜਲਦੀ ਆਪਣੇ ਨੇੜੇ ਤੇ ਸਿਹਤ ਕੇਂਦਰ ਵਿੱਚ ਜਾ ਕੇ ਆਪਣੀ ਖੂਨ ਦੀ ਜਾਂਚ ਕਰਾਉਣੀ ਚਾਹੀਦੀ ਹੈ ਅਤੇ ਡਾਕਟਰ ਦੀ ਸਲਾਹ ਨਾਲ ਹੀ ਲੋੜੀਦਾ ਇਲਾਜ ਲੈਣਾ ਚਾਹੀਦਾ ਹੈ।

### ਗੁੰਮ ਦੀ ਭਾਲ

ਮੈਂ, ਕ੍ਰਿਸ਼ਨ ਸਿੰਘ ਪੁੱਤਰ ਜਗਦੀਸ਼ ਸਿੰਘ ਵਾਸੀ ਭੈਣੀ ਮੀਆਂ ਖਾਨ, ਜ਼ਿਲ੍ਹਾ ਅਤੇ ਤਹਿਸੀਲ ਗੁਰਦਾਸਪੁਰ ਬਿਆਨ ਕਰਦਾ ਹਾਂ ਕਿ ਇਕ ਰਜਿਸਟਰੀ ਜਿਸ ਦਾ ਵਸੀਕਾ ਨੰ: 4697, ਮਿਤੀ 28.12.2016, ਜੋ ਕਿ ਮਾਲ ਮਹਿਕਮਾ ਸਬ-ਰਜਿਸਟਰਾਰ ਗੁਰਦਾਸਪੁਰ ਵਿਖੇ ਦਰਜ ਹੈ। ਉਕਤ ਰਜਿਸਟਰੀ ਮੇਰੇ ਤੋਂ ਕਿਤੇ ਗੁੰਮ ਹੋ ਗਈ ਹੈ। ਪਰ ਮੈਨੂੰ ਨਹੀਂ ਮਿਲੀ। ਜੇਕਰ ਕਿਸੇ ਨੂੰ ਮਿਲੇ ਤਾਂ ਉਕਤ ਪਤੇ 'ਤੇ ਸੂਚਿਤ ਕਰੇ। ਅਗਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ 7 ਦਿਨ ਦੇ ਅੰਦਰ-ਅੰਦਰ ਐਡਵੋਕੇਟ ਲਲਿਤ ਕੱਕੜ ਮੋ: 98761-07449 ਨਾਲ ਸੰਪਰਕ ਕਰਨ। 7 ਦਿਨਾਂ ਤੋਂ ਬਾਅਦ ਕਿਸੇ ਦੀ ਵੀ ਅਪੀਲ-ਦਲੀਲ ਨਹੀਂ ਮੰਨੀ ਜਾਵੇਗੀ।

# ਰਾਜਪਾਲ ਤਖਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਹੋਏ ਨਤਮਸਤਕ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਚਿੰਦੀ)**- ਪੰਜਾਬ ਦੇ ਮਾਨਯੋਗ ਰਾਜਪਾਲ ਗੁਲਾਬ ਚੰਦ ਕਟਾਰੀਆ ਤਖਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਨਤਮਸਤਕ ਹੋਏ, ਜਿੱਥੇ ਉਨ੍ਹਾਂ ਦਾ ਸਿਰਪਾਓ ਦੇ ਕੇ ਸਨਮਾਨ ਕੀਤਾ ਗਿਆ। ਉਨ੍ਹਾਂ ਸ੍ਰੀ ਅਨੰਦਪੁਰ ਸਾਹਿਬ ਤੋਂ ਗੁਰਦੁਆਰਾ ਤਾਰ ਸਾਹਿਬ ਆਗਰਾ ਲਈ ਰਵਾਨਾ ਹੋਏ ਨਗਰ ਕੀਰਤਨ ਵਿੱਚ ਵੀ ਸ਼ਮੂਲੀਅਤ ਕੀਤੀ। ਰਾਜਪਾਲ ਨੇ ਕਿਹਾ ਕਿ ਹਿੰਦ ਦੀ ਚਾਦਰ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਦੇ ਸਮਾਗਮ ਇਸ ਸਾਲ ਹੋ ਰਹੇ ਹਨ ਅਤੇ ਉਹ 11 ਜੁਲਾਈ ਦੇ ਦਿਨ ਦੀ ਵਿਸ਼ੇਸ਼ ਮਹੱਤਤਾ ਕਾਰਨ ਇੱਥੇ ਨਤਮਸਤਕ ਹੋਣ ਲਈ ਪਹੁੰਚੇ ਹਨ। ਅੱਜ ਦੇ ਦਿਨ ਹਿੰਦ ਦੀ ਚਾਦਰ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਧਰਮ ਦੀ ਰਾਖੀ ਲਈ ਸ਼ਹਾਦਤ ਦੇਣ ਵਾਸਤੇ ਸ੍ਰੀ ਅਨੰਦਪੁਰ ਸਾਹਿਬ ਤੋਂ ਰਵਾਨਾ ਹੋਏ ਸੀ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਨੇ ਆਪਣਾ ਬਲੀਦਾਨ ਦੇ ਕੇ ਸਮੁੱਚੀ ਮਾਨਵਤਾ ਨੂੰ ਬਚਾਇਆ ਹੈ।ਉਨ੍ਹਾਂ ਨਾਲ ਭਾਈ ਦਿਆਲਾ ਜੀ, ਭਾਈ ਸਤੀ ਦਾਸ ਤੇ ਭਾਈ ਮਤੀ ਦਾਸ ਜੀ ਨੇ ਵੀ ਸ਼ਹਾਦਤ ਦਿੱਤੀ। ਚਾਂਦਨੀ ਚੌਕ ਦਿੱਲੀ ਵਿਖੇ ਗੁਰੂ ਸਾਹਿਬ ਦੀ ਸ਼ਹੀਦੀ ਉਪਰੰਤ ਉਨ੍ਹਾਂ ਦਾ ਸੀਸ ਲੈ ਕੇ ਭਾਈ ਜੈਤਾ ਜੀ (ਬਾਬਾ ਜੀਵਨ ਸਿੰਘ ਜੀ) ਇਸ ਮਹਾਨ ਧਰਤੀ 'ਤੇ ਪਹੁੰਚੇ ਅਤੇ ਗੁਰੂ ਸਾਹਿਬ ਦੇ ਸੀਸ ਦਾ ਸਸਕਾਰ ਕੀਤਾ ਗਿਆ।ਅਸੀਂ 2025 ਵਿੱਚ ਉਨ੍ਹਾਂ ਦੇ ਸ਼ਹੀਦੀ ਦਿਹਾੜੇ ਦੇ 350 ਸਾਲਾ ਸਮਾਗਮ ਨਵੰਬਰ ਮਹੀਨੇ ਵਿੱਚ ਆਯੋਜਿਤ ਕਰ ਰਹੇ ਹਾਂ। ਸੰਸਾਰ ਦੇ ਵੱਖ ਵੱਖ ਕੋਨਿਆਂ ਵਿੱਚ ਉਨ੍ਹਾਂ ਦੇ ਸ਼ਹੀਦੀ ਦਿਹਾੜੇ ਦੇ ਸਮਾਗਮ ਮਨਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਇੱਥੇ ਨਤਮਸਤਕ ਹੋ ਕੇ ਮਨ ਨੂੰ ਸਕੂਨ ਮਿਲਿਆ ਹੈ।ਇਸ ਮੌਕੇ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ, ਐਸ.ਐਸ.ਪੀ ਗੁਲਨੀਤ ਸਿੰਘ ਖੁਰਾਨਾ, ਸ੍ਰੀ ਅਰਵਿੰਦ ਮੀਨਾ, ਵਧੀਕ ਡਿਪਟੀ ਕਮਿਸ਼ਨਰ ਪੂਜਾ ਸਿਆਲ, ਐਸ.ਪੀ ਗੁਰਦੀਪ ਸਿੰਘ ਗੋਸਲ, ਐਸ ਡੀ ਐਮ ਜਸਪ੍ਰੀਤ ਸਿੰਘ, ਡੀ.ਐਸ.ਪੀ ਅਜੈ ਸਿੰਘ ਵੀ ਮੌਜੂਦ ਸਨ।



# ਇਨੋਸੈਂਟ ਹਾਰਟਸ 2025 ਦੇ ਬੈਚ ਦਾ ਕੀਤਾ ਸਵਾਗਤ

**ਜਲੰਧਰ (ਸ਼ੈਲੀ ਐਲਬਰਟ)**-ਇਨੋਸੈਂਟ ਹਾਰਟਸ ਗਰੁੱਪ, ਲੋਹਾਰਾਂ ਦੇ ਕਾਲਜ ਆਡੀਟੋਰੀਅਮ ਵਿੱਚ ਆਯੋਜਿਤ ਇੰਡਕਸ਼ਨ ਓਰੀਐਂਟੇਸ਼ਨ ਪ੍ਰੋਗਰਾਮ ਰਾਹੀਂ 2025 ਦੇ ਨਵੇਂ ਬੈਚ ਦਾ ਨਿੱਘਾ ਸਵਾਗਤ ਕੀਤਾ। ਪ੍ਰੋਗਰਾਮ ਦੀ ਸ਼ੁਰੂਆਤ ਡਾ. ਗਗਨਦੀਪ ਕੌਰ ਧੰਜੂ (ਅਕਾਦਮਿਕ ਡਾਇਰੈਕਟਰ) ਦੇ ਸਵਾਗਤੀ ਭਾਸ਼ਣ ਨਾਲ ਹੋਈ, ਜਿਨ੍ਹਾਂ ਨੇ ਵਿਦਿਆਰਥੀਆਂ ਨੂੰ ਪ੍ਰੇਰਣਾਦਾਇਕ ਜੀਵਨ ਕਿੱਸਿਆਂ ਰਾਹੀਂ ਮਾਰਗਦਰਸ਼ਨ ਕੀਤਾ, ਆਤਮ-ਵਿਸ਼ਵਾਸ, ਸਕਾਰਾਤਮਕ ਸੋਚ ਅਤੇ ਨਿਰੰਤਰ ਯਤਨਾਂ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਸੰਸਥਾ ਹਰੇਕ ਵਿਦਿਆਰਥੀ ਦੇ ਸੰਪੂਰਨ ਵਿਕਾਸ ਲਈ ਪੂਰੀ ਤਰ੍ਹਾਂ ਸਮਰਪਿਤ ਹੈ। ਰਾਹੁਲ ਜੈਨ (ਡਾਇਰੈਕਟਰ ਓਪਰੇਸ਼ਨ) ਨੇ ਵਿਦਿਆਰਥੀਆਂ ਨੂੰ ਅਨੁਸ਼ਾਸਨ ਬਣਾਈ ਰੱਖਣ, ਉੱਚ ਟੀਚੇ ਨਿਰਧਾਰਤ ਕਰਨ ਅਤੇ ਇੱਕ ਸੰਤੁਲਿਤ ਸ਼ਖਸੀਅਤ ਲਈ ਯਤਨ ਕਰਨ ਲਈ ਉਤਸ਼ਾਹਿਤ ਕੀਤਾ। ਸ੍ਰੀਮਤੀ ਸ਼ਰਮੀਲਾ ਨਾਕਰਾ (ਡਿਪਟੀ ਡਾਇਰੈਕਟਰ ਕਲਚਰਲ ਅਫੇਅਰਸ) ਨੇ ਇੱਕ ਕਵਿਤਾ ਰਾਹੀਂ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ । ਇਸ ਤੋਂ ਬਾਅਦ ਵਿਦਿਆਰਥੀ ਪ੍ਰੀਸ਼ਦ ਦੀ ਪ੍ਰਧਾਨ ਤਰਨਪ੍ਰੀਤ ਕੌਰ ਨੇ ਆਪਣੇ ਅਨੁਭਵ ਸਾਂਝੇ ਕੀਤੇ ਅਤੇ ਨਵੇਂ ਆਏ ਵਿਦਿਆਰਥੀਆਂ ਨੂੰ ਕਾਲਜ ਜੀਵਨ ਵਿੱਚ ਆਤਮ-ਵਿਸ਼ਵਾਸ ਨਾਲ ਸਰਗਰਮੀ ਨਾਲ ਜੁੜਨ ਲਈ ਪ੍ਰੇਰਿਤ ਕੀਤਾ। ਇਸ ਪ੍ਰੋਗਰਾਮ ਦਾ ਮੁੱਖ ਆਕਰਸ਼ਣ ਪ੍ਰਸਿੱਧ ਪ੍ਰੇਰਕ ਸਪੀਕਰ ਅਮਨਦੀਪ ਕੌਰ ਦਾ ਸੈਸ਼ਨ ਸੀ, ਜਿਸ ਨੇ ਵਿਦਿਆਰਥੀਆਂ ਨੂੰ ਚੁਣੌਤੀਆਂ ਦਾ ਦਲੇਰੀ ਨਾਲ ਸਾਹਮਣਾ ਕਰਨ ਅਤੇ ਆਤਮ-ਵਿਸ਼ਵਾਸ ਨਾਲ ਸਫਲਤਾ ਦੇ ਰਾਹ 'ਤੇ ਅੱਗੇ ਵਧਣ ਲਈ ਪ੍ਰੇਰਿਤ ਕੀਤਾ। ਪ੍ਰੋਗਰਾਮ ਦਾ ਅੰਤ ਆਰ ਜੇ ਪਰਲ ਦੇ ਇੱਕ ਜੋਸ਼ ਭਰਪੂਰ ਪ੍ਰਦਰਸ਼ਨ ਨਾਲ ਹੋਇਆ । ਇੰਨੋਸੈਂਟ ਹਾਰਟਸ ਗਰੁੱਪ ਦੇ ਚੇਅਰਮੈਨ, ਡਾ. ਅਨੂਪ ਬੌਰੀ ਨੇ ਸਾਰੇ ਨਵੇਂ ਵਿਦਿਆਰਥੀਆਂ ਨੂੰ ਸ਼ੁੱਭਕਾਮਨਾਵਾਂ ਦਿੱਤੀਆਂ, ਉਨ੍ਹਾਂ ਨੂੰ ਆਪਣੀ ਅਕਾਦਮਿਕ ਯਾਤਰਾ ਸ਼ੁਰੂ ਕਰਨ ਲਈ ਉਤਸ਼ਾਹਿਤ ਕੀਤਾ।



# ਭਾਈ ਜਸਵਿੰਦਰ ਸਿੰਘ ਹੈੱਡ ਗ੍ਰੰਥੀ ਨਮਿਤ ਅੰਤਿਮ ਅਰਦਾਸ ਤੇ ਸ਼ਰਧਾਂਜਲੀ ਸਮਾਗਮ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਬਜਵਾੜਾ ਕਲਾਂ ਗੁਰਦੁਆਰਾ ਸ੍ਰੀ ਸਿੰਘ ਸਭਾ ਊਨਾ ਰੋਡ ਹੁਸ਼ਿਆਰਪੁਰ ਦੇ ਭਾਈ ਜਸਵਿੰਦਰ ਸਿੰਘ ਹੈਡ ਗ੍ਰੰਥੀ ਬਜਵਾੜਾ ਕਲਾਂ ਦਾ ਬੀਤੀ ਦਿਨੀਂ ਦੇਹਾਂਤ ਹੋ ਗਿਆ ਸੀ। ਇਸ ਮੌਕੇ ਜਥੇਬੰਦੀ ਦੇ ਮੁੱਖ ਸੇਵਾਦਾਰ ਸਿੰਘ ਸਾਹਿਬ ਜਥੇਦਾਰ ਬਾਬਾ ਗੁਰਦੇਵ ਸਿੰਘ ਸਹਿਬਜ਼ਾਦਾ ਬਾਬਾ ਫਤਹਿ ਸਿੰਘ ਜੀ ਛਾਉਣੀ ਸਿੰਘਾ ਤਰਨਾ ਦਲ ਬਜਵਾੜਾ ਕਲਾਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਭਾਈ ਸਾਹਿਬ ਭਾਈ ਜਸਵਿੰਦਰ ਸਿੰਘ ਹੈਡ ਗ੍ਰੰਥੀ ਬਜਵਾੜਾ ਕਲਾਂ ਪਿਛਲੇ ਕਾਫੀ ਲੰਮੇ ਸਮੇਂ ਤੋਂ ਗ੍ਰੰਥੀ ਸਿੰਘ ਦੀ ਸੇਵਾ ਕਰ ਰਹੇ ਸਨ। ਭਾਈ ਜਸਵਿੰਦਰ ਸਿੰਘ ਹੈਡ ਗ੍ਰੰਥੀ ਬਜਵਾੜਾ ਕਲਾਂ ਦੀ ਅਚਾਨਕ ਦੇਹਾਂਤ ਤੇ ਇਲਾਕੇ ਤੋਂ ਵੱਖ ਵੱਖ ਰਾਜਨੀਤਿਕ ਪਾਰਟੀਆਂ, ਧਾਰਮਿਕ ਜਥੇਬੰਦੀਆਂ, ਸਮਾਜਿਕ ਸੰਸਥਾਵਾਂ, ਪੱਤਰਕਾਰ ਭਾਈਚਾਰਾ ਅਤੇ ਸਿਆਸੀ ਆਗੂਆਂ ਨੇ ਜਥੇਦਾਰ ਬਾਬਾ ਗੁਰਦੇਵ ਸਿੰਘ ਤਰਨਾ ਦਲ ਬਜਵਾੜਾ ਕਲਾਂ ਅਤੇ ਪਰਵਾਰ ਨਾਲ ਦੁੱਖ ਸਾਂਝਾ ਕੀਤਾ। ਇਸ ਮੌਕੇ ਜਥੇਦਾਰ ਬਾਬਾ ਗੁਰਦੇਵ ਸਿੰਘ ਤਰਨਾ ਦਲ ਬਜਵਾੜਾ ਕਲਾਂ ਨੇ ਦੱਸਿਆ ਕਿ ਭਾਈ ਜਸਵਿੰਦਰ ਸਿੰਘ ਹੈਡ ਗ੍ਰੰਥੀ ਬਜਵਾੜਾ ਕਲਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਸ੍ਰੀ ਸਹਿਜ ਪਾਠ ਸਾਹਿਬ ਦੇ ਭੋਗ ਗੁਰਦੁਆਰਾ ਸ੍ਰੀ ਸਿੰਘ ਸਭਾ ਊਨਾ ਰੋਡ ਹੁਸ਼ਿਆਰਪੁਰ ਵਿਖੇ ਪਾਏ ਗਏ। ਉਪਰੰਤ ਦੀਵਾਨ ਹਾਲ ਵਿੱਚ ਵੈਰਾਗਮਈ ਕੀਰਤਨ ਕੀਤਾ ਗਿਆ। ਇਸ ਮੌਕੇ ਸ਼ਰਧਾਂਜਲੀ ਸਮਾਗਮ ਦੌਰਾਨ ਅਮਰਦੀਪ ਕੌਰ ਪਤਨੀ ਜਸਵਿੰਦਰ ਸਿੰਘ, ਤਨਵੀਰ ਸਿੰਘ ਪੁੱਤਰ ਜਸਵਿੰਦਰ ਸਿੰਘ, ਜੀਵਨ ਸਿੰਘ, ਗਿਆਨ ਸਿੰਘ, ਜਥੇਦਾਰ ਜਸਵਿੰਦਰ ਸਿੰਘ ਮਸਾਣੀ, ਅਵਤਾਰ ਸਿੰਘ, ਸੰਜੀਵ ਤਲਵਾੜ, ਸੁਰਿੰਦਰ ਸਿੰਘ ਛਾਉਣੀ ਕਲਾਂ ਸ਼੍ਰੋਮਣੀ ਅਕਾਲੀ ਦਲ ਗੋਲਡੀ ਯੂਥ ਪ੍ਰਧਾਨ ਹੁਸ਼ਿਆਰਪੁਰ, ਸਤਨਾਮ ਸਿੰਘ, ਐਡਵੋਕੇਟ ਨਵਦੀਪ ਸ਼ਰਮਾ, ਰਵਿੰਦਰ ਸਿੰਘ, ਦਲਜੀਤ ਸਿੰਘ ਬਾਠ, ਬਾਬਾ ਬਲਵੀਰ ਸਿੰਘ, ਰਾਜੂ ਸਿੰਘ, ਗੁਰਪਾਲ ਸਿੰਘ, ਰਾਜਵੀਰ ਸਿੰਘ, ਕੁਲਵਰਨ ਸਿੰਘ ਗੋਪਾਲੀਆਂ, ਹਰਵਿੰਦਰ ਸਿੰਘ ਰਾਣਾ, ਮਾਨ ਸਿੰਘ, ਕੁਲਵੰਤ ਸਿੰਘ ਹਾਰਟਾ, ਕਰਨੈਲ ਸਿੰਘ ਭੱਟੀ, ਮਨਜਿੰਦਰ ਸਿੰਘ ਲੰਗੇਰੀ, ਹਰਜੀਤ ਸਿੰਘ ਲੁਧਿਆਣਾ, ਤਰਲੋਚਨ ਸਿੰਘ, ਬਲਵੀਰ ਸਿੰਘ ਹੇੜੀਆ, ਬਲਦੇਵ ਸਿੰਘ ਅਜੜਾਮ, ਅਜਮੇਹਰ ਸਿੰਘ ਮੁੱਖਲਿਆਣਾ, ਫਤਿਹ ਵੈਲਫੇਅਰ ਸੁਸਾਇਟੀ ਦੇ ਸਮੂਹ ਮੈਂਬਰਾਂ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।



# ਪਰਿਵਾਰ ਨਿਯੋਜਨ ਦੇ ਸਥਾਈ ਤੇ ਅਸਥਾਈ ਸਾਧਨ ਪੂਰੀ ਤਰ੍ਹਾਂ ਸੁਰੱਖਿਅਤ : ਡਾ. ਮਾਨ

**ਬਲਾਚੌਰ (ਜਸਵਿੰਦਰ ਬੈਂਸ)**- ਦੇਸ਼ ਵਿੱਚ ਬੇਕਾਬੂ ਆਬਾਦੀ ਨੂੰ ਸਥਿਰ ਕਰਨ ਦੇ ਉਪਰਾਲਿਆਂ ਦੇ ਤੌਰ ਉੱਤੇ 11 ਜੁਲਾਈ ਤੋਂ 18 ਜੁਲਾਈ ਤੱਕ ਆਬਾਦੀ ਸਥਿਰਤਾ ਸਪਤਾਹ ਮਨਾਇਆ ਜਾ ਰਿਹਾ ਹੈ। ਇਸੇ ਕੜੀ ਤਹਿਤ ਐਡ. ਜਨਰਲ ਬਿਕਰਮ ਸਿੰਘ, ਸਬ ਡਵੀਜ਼ਨਲ ਹਸਪਤਾਲ ਬਲਾਚੌਰ ਦੇ ਸੀਨੀਅਰ ਮੈਡੀਕਲ ਅਫ਼ਸਰ ਡਾ. ਕੁਲਵਿੰਦਰ ਮਾਨ ਨੇ ਸਿਹਤ ਵਿਭਾਗ ਦੇ ਫੀਲਡ ਕਾਮਿਆਂ ਸਮੇਤ ਆਮ ਲੋਕਾਂ ਨੂੰ ਪਰਿਵਾਰ ਨਿਯੋਜਨ ਦੇ ਸਥਾਈ ਤੇ ਅਸਥਾਈ ਸਾਧਨਾਂ ਦੀ ਮਹੱਤਤਾ ਬਾਰੇ ਦੱਸਿਆ।ਇਸ ਮੌਕੇ ਸੀਨੀਅਰ ਮੈਡੀਕਲ ਅਫ਼ਸਰ ਡਾ. ਕੁਲਵਿੰਦਰ ਮਾਨ ਨੇ ਪਰਿਵਾਰ ਨਿਯੋਜਨ ਦੇ ਨਵੇਂ ਸਾਧਨਾਂ ਸਮੇਤ ਸਥਾਈ ਤੇ ਅਸਥਾਈ ਸਾਧਨਾਂ ਜਿਵੇਂ ਕੰਡੋਮ, ਓਰਲ ਪਿੱਲਸ, ਕਾਪਰ-ਟੀ, ਪੀ.ਪੀ.ਆਈ.ਯੂ.ਸੀ.ਡੀ, ਛਾਇਆ ਗਰਭ ਨਿਰੋਧਕ ਗੋਲੀ, ਅੰਤਰਾ ਗਰਭ ਨਿਰੋਧਕ ਇੰਜੈਕਸ਼ਨ, ਨਲਬੰਦੀ ਅਤੇ ਨਸਬੰਦੀ ਸਬੰਧੀ ਜਾਣਕਾਰੀ ਦਿੱਤੀ।ਡਾ. ਮਾਨ ਨੇ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਦੋ ਬੱਚਿਆਂ ਵਿੱਚ ਅੰਤਰ ਰੱਖਣ ਲਈ ਅੰਤਰਾ ਟੀਕਾ ਲਾਇਆ ਜਾਂਦਾ ਹੈ, ਜੋ ਜਣੇਪੇ ਤੋਂ ਛੇ ਹਫਤੇ ਬਾਅਦ ਹਰ 3 ਮਹੀਨੇ ਦੇ ਅੰਤਰ 'ਤੇ ਲੱਗਦਾ ਹੈ। ਇਹ ਟੀਕਾ ਸਾਧਾਰਨ ਮਾਹਵਾਰੀ ਦੇ ਪਹਿਲੇ 7 ਦਿਨਾਂ ਦੌਰਾਨ ਲਾਇਆ ਜਾ ਸਕਦਾ ਹੈ, ਜੋ ਔਰਤ ਨੂੰ 3 ਮਹੀਨੇ ਤੱਕ ਗਰਭਵਤੀ ਹੋਣ ਤੋਂ ਰੋਕੇਗਾ, ਇਸ ਲਈ ਔਰਤਾਂ ਗਰਭ ਧਾਰਨ ਤੋਂ ਬਚਣ ਲਈ ਹਰ ਤਿੰਨ ਮਹੀਨੇ ਬਾਅਦ ਇਸ ਦੀ ਵਰਤੋਂ ਕਰ ਸਕਦੀਆਂ ਹਨ।ਡਾ. ਮਾਨ ਨੇ ਦੱਸਿਆ ਕਿ ਗਰਭ-ਰੋਕੂ ਗੋਲੀ ਛਾਇਆ ਦੁੱਧ ਪਿਲਾਉਣ ਵਾਲੀਆਂ ਮਾਵਾਂ ਲਈ ਸੁਰੱਖਿਅਤ ਹੈ। ਇਸ ਗੋਲੀ ਦਾ ਮਹਿਲਾਵਾਂ ਦੀ ਸਿਹਤ 'ਤੇ ਕੋਈ ਸਾਈਡ ਇਫੈਕਟ ਨਹੀਂ ਪੈਂਦਾ। ਡਾ. ਮਾਨ ਨੇ ਸਮੂਹ ਫੀਲਡ ਸਟਾਫ ਨੂੰ ਅਪੀਲ ਕੀਤੀ ਕਿ ਯੋਗ ਜੋੜਿਆਂ ਨੂੰ ਗਰੁੱਪ ਮੀਟਿੰਗਾਂ ਰਾਹੀਂ ਛੋਟਾ ਪਰਿਵਾਰ ਸੁਖੀ ਪਰਿਵਾਰ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ ਜਾਵੇ ਅਤੇ ਪਰਿਵਾਰ ਭਲਾਈ ਦੇ ਕੱਚੇ ਤੇ ਪੱਕੇ ਸਾਧਨਾਂ ਨੂੰ ਅਪਣਾਉਣ ਸਬੰਧੀ ਵੱਧ ਤੋਂ ਵੱਧ ਪ੍ਰੇਰਿਤ ਕੀਤਾ ਜਾਵੇ।ਇਸ ਮੌਕੇ ਡਾ. ਜਤਿੰਦਰਪਾਲ ਸਿੰਘ, ਬਲਾਕ ਐਕਸਟੈਂਸ਼ਨ ਐਜੂਕੇਟਰ ਨਿਰਮਲ ਸਿੰਘ, ਸਿਹਤ ਇੰਸਪੈਕਟਰ ਦਿਲਬਾਗ ਸਿੰਘ, ਰਣਜੀਤ ਕੁਮਾਰ, ਨੀਸ਼ੂ ਤੇ ਲਖਵਿੰਦਰ ਕੌਰ ਸਮੇਤ ਹੋਰ ਸਟਾਫ ਮੈਂਬਰ ਵੀ ਹਾਜ਼ਰ ਸਨ।



# ਹੈਲਥ ਕਾਰਡ ਯੋਜਨਾ ਲੋਕ ਹਿੱਤ 'ਚ ਚੁੱਕਿਆ ਇੱਕ ਇਤਿਹਾਸਕ ਕਦਮ : ਚੱਬੇਵਾਲ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਆਮ ਆਦਮੀ ਪਾਰਟੀ ਦੇ ਮੈਂਬਰ ਪਾਰਲੀਮੈਂਟ ਡਾ. ਰਾਜ ਕੁਮਾਰ ਚੱਬੇਵਾਲ ਨੇ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਜਾ ਰਹੀ ਮੁੱਖ ਮੰਤਰੀ ਸਿਹਤ ਯੋਜਨਾ ਦਾ ਸਵਾਗਤ ਕਰਦਿਆਂ ਇਸ ਨੂੰ ਲੋਕ-ਭਲਾਈ ਵੱਲ ਇਕ ਇਨਕਲਾਬੀ ਕਦਮ ਕਰਾਰ ਦਿੱਤਾ। ਇਸ ਯੋਜਨਾ ਅਧੀਨ ਪੰਜਾਬ ਦੇ ਹਰ ਪਰਵਾਰ ਨੂੰ ਹਰ ਸਾਲ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਉਪਲਬਧ ਹੋਵੇਗਾ। ਇਹ ਖਾਸ ਕਰਕੇ ਗਰੀਬ ਅਤੇ ਮੱਧ ਵਰਗ ਪਰਵਾਰਾਂ ਲਈ ਵੱਡੀ ਆਰਥਿਕ ਰਾਹਤ ਬਣੇਗੀ। ਡਾ. ਚੱਬੇਵਾਲ ਨੇ ਕਿਹਾ ਕਿ ਇਹ ਯੋਜਨਾ ਪੂਰੀ ਤਰ੍ਹਾਂ ਪਾਰਦਰਸ਼ੀ ਹੈ ਅਤੇ ਤਕਨੀਕੀ ਰੂਪ ਵਿੱਚ ਮਜ਼ਬੂਤ ਹੈ, ਜਿਸ ਨਾਲ ਪੰਜਾਬ ਦੀਆਂ ਸਿਹਤ ਸੇਵਾਵਾਂ ਨੂੰ ਨਵੀਆਂ ਉਚਾਈਆਂ 'ਤੇ ਲੈ ਜਾਇਆ ਜਾ ਸਕੇਗਾ। ਉਨ੍ਹਾਂ ਨੇ ਸਰਕਾਰੀ ਨਾਲ ਨਾਲ ਨਿੱਜੀ ਹਸਪਤਾਲਾਂ ਨੂੰ ਵੀ ਯੋਜਨਾ ਨਾਲ ਜੋੜਨ ਦੇ ਉਪਰਾਲਿਆਂ ਦੀ ਸਰਾਹਨਾ ਕੀਤੀ। ਉਨ੍ਹਾਂ ਕਿਹਾ ਕਿ ਇਹ ਯੋਜਨਾ ਪਿੰਡ ਪਿੰਡ ਤੱਕ ਪਹੁੰਚਾਈ ਜਾਵੇਗੀ। ਡਾ. ਚੱਬੇਵਾਲ ਨੇ ਭਰੋਸਾ ਜਤਾਇਆ ਕਿ ਇਹ ਪਹਿਲ ਨਾਂ ਸਿਰਫ ਪੰਜਾਬ ਨੂੰ ਸਿਹਤਮੰਦ ਬਣਾਏਗੀ, ਸਗੋਂ ਦੇਸ਼ ਲਈ ਵੀ ਇਕ ਆਦਰਸ਼ ਮਾਡਲ ਸਾਬਤ ਹੋਵੇਗੀ। ਅਖੀਰ 'ਚ ਡਾਕਟਰ ਚੱਬੇਵਾਲ ਨੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਅਗਵਾਈ ਹੇਠ ਪੰਜਾਬ ਸਿਹਤ ਅਤੇ ਲੋਕ-ਭਲਾਈ ਦੇ ਖੇਤਰ ਵਿੱਚ ਨਵੀਂ ਦਿਸ਼ਾ ਵੱਲ ਵਧ ਰਿਹਾ ਹੈ ਅਤੇ ਇਹ ਯੋਜਨਾ ਲੋਕ-ਹਿੱਤ ਵਿੱਚ ਚੁੱਕਿਆ ਗਿਆ ਇਕ ਇਤਿਹਾਸਕ ਕਦਮ ਹੈ।



# ਸਿਹਤ ਟੀਮਾਂ ਵਲੋਂ ਜ਼ਿਲ੍ਹੇ 'ਚ ਵੱਖ-ਵੱਖ ਥਾਈਂ ਨਿਰੀਖਣ

**ਮੋਹਾਲੀ (ਗੁਰਜੀਤ ਬਿੱਲਾ)**- "ਹਰ ਸ਼ੁੱਕਰਵਾਰ, ਡੇਂਗੂ 'ਤੇ ਵਾਰ" ਮੁਹਿੰਮ ਤਹਿਤ ਸਿਵਲ ਸਰਜਨ ਡਾ. ਸੰਗੀਤਾ ਜੈਨ ਦੀ ਅਗਵਾਈ ਹੇਠ ਜ਼ਿਲ੍ਹਾ ਸਿਹਤ ਵਿਭਾਗ ਦੀਆਂ ਟੀਮਾਂ ਨੇ ਜ਼ਿਲ੍ਹੇ ਵਿਚ ਵੱਖ-ਵੱਖ ਥਾਈਂ ਜਾ ਕੇ ਚੈਕਿੰਗ ਕੀਤੀ। ਡਾ. ਜੈਨ ਨੇ ਦੱਸਿਆ ਕਿ ਸਿਹਤ ਟੀਮਾਂ ਨੇ ਵਿਸ਼ੇਸ਼ ਤੌਰ 'ਤੇ ਪ੍ਰਾਈਵੇਟ ਦਫਤਰਾਂ ਅਤੇ ਘਰਾਂ ਵਿਚ ਡੇਂਗੂ ਬੁਖ਼ਾਰ ਲਈ ਜ਼ਿੰਮੇਵਾਰ ਮੱਛਰ ਦਾ ਲਾਰਵਾ ਲੱਭਣ ਲਈ ਕੰਟੇਨਰ ਚੈੱਕ ਕੀਤੇ ਅਤੇ ਮੱਛਰ ਦੀ ਪੈਦਾਇਸ਼ ਵਾਲੀਆਂ ਹੋਰ ਸੰਭਾਵੀ ਥਾਵਾਂ ਦਾ ਨਿਰੀਖਣ ਕੀਤਾ। ਮੌਕੇ 'ਤੇ ਮੌਜੂਦ ਲੋਕਾਂ ਨੂੰ ਨੂੰ ਡੇਂਗੂ ਬੁਖ਼ਾਰ ਦੇ ਲੱਛਣਾਂ, ਕਾਰਨਾਂ, ਬਚਾਅ ਅਤੇ ਇਲਾਜ ਬਾਰੇ ਵੀ ਸਮਝਾਇਆ। ਨਿਰੀਖਣ ਟੀਮਾਂ ਵਿਚ ਖ਼ਾਸ ਤੌਰ 'ਤੇ ਪੇਂਡੂ ਸਿਹਤ ਸਫ਼ਾਈ ਕਮੇਟੀਆਂ ਅਤੇ ਰੈਜ਼ੀਡੈਂਟਸ ਵੈਲਫ਼ੇਅਰ ਐਸੋਸੀਏਸ਼ਨਾਂ ਦੇ ਮੈਂਬਰਾਂ ਨੂੰ ਸ਼ਾਮਲ ਕੀਤਾ ਗਿਆ। ਇਸ ਤੋਂ ਇਲਾਵਾ ਜ਼ਿਲ੍ਹੇ ਦੇ ਨਰਸਿੰਗ ਕਾਲਜਾਂ ਦੇ ਵਿਦਿਆਰਥੀ ਅਤੇ ਆਸ਼ਾ ਵਰਕਰ ਵੀ ਸ਼ਾਮਲ ਸਨ। ਕਈ ਥਾਈਂ ਜਾਗਰੂਕਤਾ ਰੈਲੀਆਂ ਵੀ ਕੱਢੀਆਂ ਗਈਆਂ। ਸਿਵਲ ਸਰਜਨ ਨੇ ਦਸਿਆ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ 'ਤੇ 'ਹਰ ਸ਼ੁੱਕਰਵਾਰ, ਡੇਂਗੂ 'ਤੇ ਵਾਰ' ਮੁਹਿੰਮ ਸਾਰੇ ਜ਼ਿਲ੍ਹੇ ਵਿਚ ਜ਼ੋਰ-ਸ਼ੋਰ ਨਾਲ ਚੱਲ ਰਹੀ ਹੈ। ਅਧਿਕਾਰੀਆਂ ਸਮੇਤ ਹੋਰ ਸਟਾਫ਼ ਜਿਥੇ ਘਰ-ਘਰ ਜਾ ਕੇ ਸਰਵੇਖਣ ਕਰ ਰਹੇ ਹਨ, ਉਥੇ ਚਾਲਾਨ ਕੱਟਣ ਦੀ ਕਾਰਵਾਈ ਵੀ ਕੀਤੀ ਜਾ ਰਹੀ ਹੈ। ਸਰਵੇ ਦੌਰਾਨ ਕੰਟੇਨਰ, ਗਮਲੇ, ਕੂਲਰ, ਫ਼ਰਿੱਜ, ਬਕਸੇ ਅਤੇ ਹੋਰ ਸਮਾਨ ਦੀ ਜਾਂਚ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਡੇਂਗੂ ਤੋਂ ਬਚਣ ਦਾ ਇਕੋ-ਇਕ ਕਾਰਗਰ ਤਰੀਕਾ ਹੈ ਕਿ ਕਿਸੇ ਵੀ ਥਾਂ 'ਤੇ ਪਾਣੀ ਖੜ੍ਹਾ ਨਾ ਹੋਣ ਦਿੱਤਾ ਜਾਵੇ। ਸਰਕਾਰੀ ਸਿਹਤ ਸੰਸਥਾਵਾਂ ਵਿਚ ਡੇਂਗੂ ਦੀ ਜਾਂਚ ਅਤੇ ਇਲਾਜ ਮੁਫ਼ਤ ਹੁੰਦਾ ਹੈ। ਜਾਣਕਾਰੀ ਲਈ ਸਿਹਤ ਵਿਭਾਗ ਦੀ ਹੈਲਪਲਾਈਨ ਨੰਬਰ 104 'ਤੇ ਸੰਪਰਕ ਕੀਤਾ ਜਾ ਸਕਦਾ ਹੈ। ਇਸ ਮੌਕੇ ਜ਼ਿਲ੍ਹੇ ਦੇ ਸਾਰੇ ਸੀਨੀਅਰ ਸਿਹਤ ਅਧਿਕਾਰੀਆਂ ਨੇ ਟੀਮਾਂ ਦੀ ਅਗਵਾਈ ਕੀਤੀ।



# ਬਲਾਕ ਮਹਿਤਪੁਰ 'ਚ ਡੇਂਗੂ/ਮਲੇਰੀਆ ਵਿਰੋਧੀ ਡਰਾਈ ਡੇ ਮੁਹਿੰਮ

**ਮਹਿਤਪੁਰ (ਰਾਜਾ)**- ਸਿਹਤ ਵਿਭਾਗ ਪੰਜਾਬ ਦੇ ਨਿਰਦੇਸ਼ਾਂ ਅਨੁਸਾਰ ਬਲਾਕ ਮਹਿਤਪੁਰ ਵਿੱਚ ਡੇਂਗੂ ਅਤੇ ਮਲੇਰੀਆ ਵਿਰੁੱਧ ਡਰਾਈ ਡੇ ਮੁਹਿੰਮ ਜਾਰੀ ਕੀਤੀ ਗਈ। ਇਹ ਮੁਹਿੰਮ ਸੀਨੀਅਰ ਮੈਡੀਕਲ ਅਫਸਰ ਡਾ. ਮਹੇਸ਼ ਕੁਮਾਰ ਪ੍ਰਭਾਕਰ ਦੀ ਵਿਸ਼ੇਸ਼ ਦੇਖ-ਰੇਖ, ਸਿਵਲ ਸਰਜਨ ਡਾ. ਗੁਰਮੀਤ ਲਾਲ ਦੇ ਦਿਸ਼ਾ-ਨਿਰਦੇਸ਼ ਅਤੇ ਬਲਾਕ ਇਕਸਟੈਂਸ਼ਨ ਐਜੂਕੇਟਰ ਹਿਮਾਲਯਾ ਪ੍ਰਕਾਸ਼ ਦੀ ਵਿਵਸਥਾ ਹੇਠ ਹੋਈ। ਇਹ ਮੁਹਿੰਮ ਸਿਰਫ ਸਰਕਾਰੀ ਦਫਤਰਾਂ (ਬਲਾਕ ਦਫਤਰ, ਸਕੂਲ, ਹਸਪਤਾਲ, ਪੰਚਾਇਤ ਘਰ) ਤੱਕ ਸੀਮਤ ਨਹੀਂ ਰਹੀ, ਸਗੋਂ ਕਾਰ ਗੈਰਾਜ, ਟਰੱਕ ਵਰਕਸ਼ਾਪਾਂ, ਟਾਇਰ ਮੁਰੰਮਤ ਸੈਂਟਰ ਆਦਿ ਵਿੱਚ ਵੀ ਵਿਸ਼ੇਸ਼ ਸਫਾਈ ਤੇ ਜਾਗਰੂਕਤਾ ਦੀਆਂ ਗਤੀਵਿਧੀਆਂ ਕੀਤੀਆਂ ਗਈਆਂ।ਪਾਣੀ ਵਾਲੀਆਂ ਥਾਵਾਂ ਦੀ ਜਾਂਚ, ਕੂਲਰ, ਟੰਕੀਆਂ, ਗਮਲੇ ਆਦਿ ਸਾਫ ਕਰਨਾ, ਐਂਟੀ ਲਾਰਵਾ ਸਪਰੇਅ ਦਾ ਛਿੜਕਾਅ, ਟਾਇਰਾਂ ਅਤੇ ਵਰਕਸ਼ਾਪਾਂ ਦੇ ਪਿਛਲੇ ਹਿੱਸਿਆਂ ਵਿਚ ਪਾਣੀ ਰੁਕਾਵਟ ਦੀ ਜਾਂਚ, ਕਰਮਚਾਰੀਆਂ ਨੂੰ ਮੱਛਰ ਰੋਧੀ ਉਪਾਅ ਬਾਰੇ ਜਾਣੂ ਕਰਵਾਉਣਾ, ਸਥਾਨਿਕ ਲੋਕਾਂ ਲਈ ਲੀਫ਼ਲੇਟ ਤੇ ਜਾਣਕਾਰੀ ਸੈਸ਼ਨ ਆਦਿ ਗਤੀਵਿਧੀਆਂ ਸੈਨੀਟੇਸ਼ਨ ਇੰਸਪੈਕਟਰ, ਮਲਟੀਪਰਪਜ਼ ਹੈਲਥ ਵਰਕਰ, ਏ ਐਨ ਐਮ, ਆਸ਼ਾ ਵਰਕਰਾਂ ਅਤੇ ਹੋਰ ਸਟਾਫ ਵੱਲੋਂ ਕਰਵਾਈਆਂ ਗਈਆਂ।ਇਸ ਤੋਂ ਇਲਾਵਾ ਪਿੰਡਾਂ ਵਿੱਚ ਕੀਤੀਆਂ ਵਰਕਸ਼ਾਪਾਂ ਰਾਹੀਂ ਲੋਕਾਂ ਨੂੰ ਡੇਂਗੂ ਤੇ ਮਲੇਰੀਆ ਦੇ ਲੱਛਣ, ਬਚਾਅ, ਇਲਾਜ ਅਤੇ ਸਫਾਈ ਬਾਰੇ ਜਾਣੂ ਕੀਤਾ ਗਿਆ।



# ਸਿਰਸਾ ਨੇ ਅਮਨ ਅਰੋੜਾ ਨੂੰ ਭੇਜਿਆ ਕਾਨੂੰਨੀ ਨੋਟਿਸ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਦਿੱਲੀ ਦੇ ਕੈਬਨਿਟ ਮੰਤਰੀ ਤੇ ਭਾਜਪਾ ਦੇ ਕੌਮੀ ਸਕੱਤਰ ਮਨਜਿੰਦਰ ਸਿੰਘ ਸਿਰਸਾ ਨੇ ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਪ੍ਰਧਾਨ ਤੇ ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਵੱਲੋਂ ਉਹਨਾਂ ਖਿਲਾਫ ਝੂਠੇ, ਆਧਾਰਹੀਣ, ਗੁੰਮਰਾਹਕੁੰਨ ਤੇ ਅਪਮਾਨਯੋਗ ਦੋਸ਼ ਲਾਉਣ 'ਤੇ ਉਹਨਾਂ ਨੂੰ ਕਾਨੂੰਨੀ ਨੋਟਿਸ ਭੇਜਿਆ ਹੈ। ਆਪਣੇ ਵਕੀਲ ਯੋਗਿੰਦਰ ਹਾਂਡੂ ਰਾਹੀਂ ਭੇਜੇ ਨੋਟਿਸ ਵਿਚ ਅਮਨ ਅਰੋੜਾ ਵੱਲੋਂ ਦੁਸ਼ਪ੍ਰਚਾਰ ਵਾਸਤੇ ਦੋਸ਼ਾਂ ਨੂੰ ਰਿਕਾਰਡ 'ਤੇ ਲਿਆ ਗਿਆ ਤੇ ਅਰੋੜਾ ਨੂੰ ਆਖਿਆ ਗਿਆ ਕਿ ਉਹ 24 ਘੰਟਿਆਂ ਦੇ ਅੰਦਰ-ਅੰਦਰ ਆਪਣੇ ਬਿਆਨ ਵਾਪਸ ਲੈਣ ਅਤੇ ਮੁਆਫੀ ਮੰਗਣ ਨਹੀਂ ਤਾਂ ਕਾਨੂੰਨੀ ਕੇਸ ਦਾ ਸਾਹਮਣਾ ਕਰਨ। ਨੋਟਿਸ ਵਿਚ ਕਿਹਾ ਗਿਆ ਕਿ ਮਨਜਿੰਦਰ ਸਿੰਘ 3 ਵਾਰ ਦੇ ਦਿੱਲੀ ਵਿਧਾਨ ਸਭਾ ਦੇ ਐਮ ਐਲ ਏ ਹਨ ਤੇ ਮੌਜੂਦਾ ਸਮੇਂ ਵਿਚ ਦਿੱਲੀ ਸਰਕਾਰ ਵਿਚ ਉਦਯੋਗ, ਫੂਡ ਅਤੇ ਸਪਲਾਈ, ਵਾਤਾਵਰਣ, ਜੰਗਲਾਤ ਅਤੇ ਜੰਗਲੀ ਜੀਵਨ ਮਹਿਕਮਿਆਂ ਦੇ ਮੰਤਰੀ ਹਨ। ਉਹ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਵੀ ਰਹਿ ਚੁੱਕੇ ਹਨ। ਪਿਛਲੇ ਸਮੇਂ ਦੌਰਾਨ ਜਨਤਕ ਜੀਵਨ ਵਿਚ ਲੋਕਾਂ ਦੀ ਸੇਵਾ ਕਰਦਿਆਂ ਉਹਨਾਂ ਨੇ ਬਹੁਤ ਮਾਣ ਸਨਮਾਨ ਕਮਾਇਆ ਹੈ ਤੇ ਸਮਾਜ ਵਿਚ ਉਹਨਾਂ ਦੀ ਵੱਡੀ ਸੋਭਾ ਹੈ। ਨੋਟਿਸ ਵਿਚ ਕਿਹਾ ਗਿਆ 10 ਜੁਲਾਈ ਨੂੰ ਅਮਨ ਅਰੋੜਾ ਨੇ ਮੀਡੀਆ ਨੂੰ ਬਿਆਨ ਦਿੱਤਾ ਜਿਸ ਵਿਚ ਸਿਰਸਾ ਦਾ ਨਾਂ ਖਤਰਨਾਕ ਅਪਰਾਧੀਆਂ ਤੇ ਗੈਂਗਸਟਰਾਂ ਨਾਲ ਜੋੜਦਿਆਂ ਉਹਨਾਂ ਖਿਲਾਫ ਝੂਠੇ, ਦੁਸ਼ਪ੍ਰਚਾਰ ਵਾਲੇ ਤੇ ਅਪਮਾਨਯੋਗ ਬਿਆਨ ਦਿੱਤੇ ਗਏ। ਇਹ ਬਿਆਨ ਵੱਖ-ਵੱਖ ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਇਹ ਬਿਆਨ ਸਾਂਝੇ ਕੀਤੇ ਗਏ ਜਿਹਨਾਂ ਵਿਚ ਅਰੋੜਾ ਮੰਦੀ ਤੇ ਇਤਰਾਜ਼ਯੋਗ ਸ਼ਬਦਾਵਲੀ ਸੁਣਦੇ ਵਿਖਾਈ ਦਿੰਦੇ ਹਨ। ਨੋਟਿਸ ਵਿਚ ਕਿਹਾ ਗਿਆ ਕਿ ਇਹ ਦੁਸ਼ਪ੍ਰਚਾਰ ਸਿਰਫ ਮਨਜਿੰਦਰ ਸਿੰਘ ਸਿਰਸਾ ਨੂੰ ਗੈਂਗਸਟਰਾਂ ਦਾ ਰਾਖਾ ਤੇ ਪ੍ਰੇਮੀ ਦਰਸਾਉਣ ਵਾਸਤੇ ਕੀਤਾ ਗਿਆ ਜਦੋਂ ਕਿ ਅਰੋੜਾ ਜਾਣਦੇ ਹਨ ਕਿ ਸਚਾਈ ਇਹ ਨਹੀਂ ਹੈ। ਨੋਟਿਸ ਵਿਚ ਅਰੋੜਾ ਨੂੰ ਆਖਿਆ ਗਿਆ ਕਿ ਉਹ ਆਪਣੀ ਬਿਆਨਬਾਜ਼ੀ ਬੰਦ ਕਰਨ, ਪਹਿਲਾਂ ਦਿੱਤੇ ਸਾਰੇ ਬਿਆਨ ਡਲੀਟ ਕਰਨ ਅਤੇ ਸੋਸ਼ਲ ਮੀਡੀਆ 'ਤੇ 24 ਘੰਟਿਆਂ ਅੰਦਰ ਮੁਆਫੀ ਮੰਗਣ ਨਹੀਂ ਤਾਂ ਫਿਰ ਕੇਸ ਦਾ ਸਾਹਮਣਾ ਕਰਨ ਲਈ ਤਿਆਰ ਰਹਿਣ।

# ਤਕਨੀਕੀ ਘਾਟਾਂ ਕਾਰਨ ਗੜ੍ਹਸ਼ੰਕਰ ਤੋਂ ਮੇਹਟੀਆਣਾ ਬਿਸਤ ਦੁਆਬ ਨਹਿਰ ਬਣੀ ਹਾਦਸਿਆਂ ਦਾ ਕਾਰਨ : ਧੀਮਾਨ

**ਮੇਹਟੀਆਣਾ (ਜਗਤਾਰ ਸਿੰਘ ਭੂੰਗਰਨੀ)**- ਅੱਡਾ ਈਸਪੁਰ 'ਚ ਬਿਸਤ ਦੁਆਬ ਨਹਿਰ ਅਤੇ ਸੜਕ ਵਿਚਕਾਰ ਰੈਲਿੰਗ ਨਾ ਲੱਗਣ ਨੂੰ ਲੈ ਕੇ ਲੇਬਰ ਪਾਰਟੀ ਦੀ ਅਗਵਾਈ ਵਿਚ ਮੁਜ਼ਾਹਰਾ ਕੀਤਾ ਗਿਆ । ਇਸ ਮੌਕੇ ਲੇਬਰ ਪਾਰਟੀ ਦੇ ਪ੍ਰਧਾਨ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਅੱਡਾ ਈਸਪੁਰ 'ਚ ਬਿਸਤ ਦੁਆਬ ਨਹਿਰ ਦੇ ਇਕ ਪਾਸੇ ਬਣੀ ਸੜਕ ਅਤੇ ਨਹਿਰ ਦੇ ਕਿਨਾਰੇ ਉਤੇ ਰੈਲਿੰਗ ਨਾ ਲੱਗਣ ਕਾਰਨ ਆਏ ਦਿਨ ਭਿਆਨਕ ਹਾਦਸੇ ਵਾਪਰਨ ਕਾਰਨ ਲੋਕਾਂ ਦੀਆਂ ਜਾਨਾਂ ਜਾ ਰਹੀਆਂ ਹਨ ਤੇ ਵਹੀਕਲਾਂ ਦਾ ਭਾਰੀ ਨੁਕਸਾਨ ਹੋ ਰਿਹਾ ਹੈ । ਉਨ੍ਹਾਂ ਕਿਹਾ ਕਿ ਨਾ ਤਾਂ ਸੜਕ ਬਣਾਉਣ ਵੇਲੇ ਅਤੇ ਨਾ ਹੀ ਨਹਿਰ ਬਣਾਉਣ ਵੇਲੇ ਲੋਕਾਂ ਲਈ ਸੁੱਰਖਿਆ ਨੂੰ ਧਿਆਨ ਵਿਚ ਰੱਖਿਆ, ਜਿਸ ਕਾਰਨ ਸੜਕ ਦੇ ਅਤੇ ਨਹਿਰ ਦੇ ਕਿਨਾਰੇ ਵਿਚ ਕਈ ਥਾਵਾਂ ਉਤੇ ਲਗਭਗ ਇਕ ਫੁੱਟ ਦਾ ਹੀ ਅੰਤਰ ਹੋਣ ਕਾਰਨ ਹਾਦਸੇ ਵਾਪਰ ਰਹੇ ਹਨ। ਬਰਸਾਤ ਦੇ ਦਿਨਾਂ ਵਿਚ ਨਹਿਰ ਪਾਣੀ ਨਾਲ ਭਰੀ ਰਹਿੰਦੀ ਹੈ। ਧੀਮਾਨ ਨੇ ਕਿਹਾ ਕਿ ਇਸ ਤਕਨੀਕੀ ਨੁਕਸ ਲਈ ਵਿਭਾਗਾਂ ਦੇ ਮਾਹਰ ਅਤੇ ਸਰਕਾਰ ਪੂਰੀ ਤਰ੍ਹਾਂ ਜ਼ੁੰਮੇਵਾਰ ਹੈ, ਕੋਈ ਪ੍ਰੋਜੈਕਟ ਬਣਾਉਣ ਤੋਂ ਪਹਿਲਾਂ ਲੋਕਾਂ ਦੇ ਹਿੱਤਾਂ ਨੂੰ ਧਿਆਨ ਵਿਚ ਨਾ ਰੱਖਣਾ, ਪੂਰੀ ਤਰ੍ਹਾਂ ਅਣਦੇਖੀ ਕਰਨਾ ਗੈਰ ਸੰਵਿਧਾਨਕ ਹੈ। ਇਹ ਸੜਕ ਪ੍ਰਧਾਨ ਮੰਤਰੀ ਸੜਕ ਗ੍ਰਾਮ ਯੋਜਨਾ ਦੇ ਤਹਿਤ ਬਣੀ ਤੇ ਕਈ ਵਾਰ ਉਦਘਾਟਨ ਕੀਤੇ ਗਏ ਤੇ ਸੇਫਟੀ ਨਿਯਮਾਂ ਦੀਆਂ ਧੱਜੀਆਂ ਉਡਾਈਆਂ ਗਈਆਂ ਹਨ। ਇਥੋਂ ਤੀਕ ਕੇ ਸੜਕ ਦੇ ਵਰਮਾਂ ਲਈ ਸੜਕ ਦੇ ਦੋਨੋ ਪਾਸੇ ਨਿਰਧਾਰਤ ਥਾਂ ਵੀ ਨਹੀਂ ਛੱਡੀ ਗਈ। ਜਦੋਂ ਕੋਈ ਵੀ ਵਹੀਕਲ ਗੜ੍ਹਸ਼ੰਕਰ ਤੋਂ ਮੇਹਟੀਆਣੇ ਵੱਲ ਜਾਂਦਾ ਹੈ ਤਾਂ ਉਸ ਲਈ ਸੜਕ ਉਤੇ ਚੱਲਣਾ ਤੇ ਡਰਾਈਵਿੰਗ ਕਰਨਾ ਮੌਤ ਨੂੰ ਗੱਲੇ ਲਗਾਉਣਾ ਹੈ। ਧੀਮਾਨ ਨੇ ਕਿਹਾ ਕਿ ਹੁਣ ਬਰਸਾਤ ਦੇ ਦਿਨਾਂ ਵਿਚ ਕਿਨਾਰਿਆਂ ਉਤੇ ਵੱਡਾ ਵੱਡਾ ਘਾਹ ਪੈਦਾ ਹੋ ਗਿਆ ਹੈ, ਜਿਸ ਕਾਰਨ ਹੋਰ ਵੀ ਆਵਾਜਾਈ ਲਈ ਭੁਲੇਖੇ ਪੈਦਾ ਹੋ ਰਹੇ ਹਨ। ਇਸੇ ਸੜਕ ਤੋਂ ਸਕੂਲੀ ਬੱਸਾਂ ਵੀ ਬੱਚਿਆਂ ਨੂੰ ਪਿੰਡਾਂ ਤੋਂ ਸਕੂਲਾਂ ਤੱਕ ਲੈ ਕੇ ਆਉਂਦੀਆਂ ਜਾਂਦੀਆਂ ਹਨ ਤੇ ਕਈ ਬੱਚੇ ਸਾਈਕਲਾਂ ਉਤੇ ਆਉਂਦੇ ਜਾਂਦੇ ਹਨ। ਨਾ ਤਾਂ ਇਸ ਸੜਕ ਨੂੰ ਅੱਜ ਤੱਕ ਖਤਰੇ ਵਾਲੀ ਸੜਕ ਐਲਾਨਿਆ ਗਿਆ ਹੈ ਤੇ ਨਾ ਹੀ ਇਸ ਦੇ ਆਲੇ ਦੁਆਲੇ ਰਿਫਲੈਕਟਰ ਵਗੈਰਾ ਲਗਾਏ ਗਏ ਹਨ। ਧੀਮਾਨ ਨੇ ਦੱਸਿਆ ਕਿ ਇਸ ਇਲਾਕੇ ਦੇ ਲੋਕ ਮੇਹਟੀਆਣਾ ਫੈਕਟਰੀ ਲਈ ਰਾਤ ਨੂੰ ਕੰਮਾਂ ਤੋਂ ਆਉਂਦੇ ਜਾਂਦੇ ਹਨ, ਉਨ੍ਹਾਂ ਨਾਲ ਕਦੇ ਵੀ ਕੋਈ ਅਣਸੁਖਾਵੀਂ ਘਟਨਾ ਵਾਪਰ ਸਕਦੀ ਹੈ। ਕੌਣ ਕਰੇਗਾ ਇਸ ਸੜਕ ਦੇ ਨਿਰਮਾਣ ਉਤੇ ਖਰਚ ਕੀਤੇ ਗਏ ਪੈਸੇ ਦੀ ਜਾਂਚ ? ਜਿਨ੍ਹਾਂ ਅਧਿਕਾਰੀਆਂ ਨੇ ਆਡਿਟ ਕੀਤਾ ਹੈ, ਉਹ ਵੀ ਸੁੱਰਖਿਅਤਾ ਨਿਯਮਾਂ ਦੀ ਅਣਦੇਖੀ ਉਤੇ ਮਿੱਟੀ ਪਾ ਕੇ ਜੇਬਾਂ ਮੋਟੀਆਂ ਕਰਕੇ ਚਲਦੇ ਬਣੇ। ਇਸ ਮੌਕੇ ਅਜੀਤ ਰਾਮ, ਸਮਾ ਲਾਲ, ਸੋਢੀ, ਜਸਵਿੰਦਰ ਸਿੰਘ, ਜਸਵੰਤ ਸਿੰਘ, ਜੋਗਿੰਦਰ ਸਿੰਘ, ਮਨਜੀਤ ਸਿੰਘ, ਅਮਰਜੀਤ ਸਿੰਘ, ਹੀਮਾਨਸੂ, ਕਰਮਤ ਅਲੀ ਅਤੇ ਬੋਬੀ ਆਦਿ ਹਾਜ਼ਰ ਸਨ।



# ਸ਼ਿਵਾਲਿਕ ਸਹੋਦਿਆ ਹਿਲਸ ਪ੍ਰਿੰਸੀਪਲਾਂ ਦੀ ਮੀਟਿੰਗ



**ਅੱਡਾ ਸਰਾਂ (ਜਸਵੀਰ ਸਿੰਘ ਕਾਜਲ)**- 'ਏਕ ਪੇੜ ਮਾਂ ਕੇ ਨਾਮ' ਦੇ ਸੰਦੇਸ਼ ਨਾਲ ਸ਼ਿਵਾਲਿਕ ਸਹੋਦਿਆ ਹਿਲਸ ਪ੍ਰਿੰਸੀਪਲਾਂ ਦੀ ਮੀਟਿੰਗ ਹੋਈ ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਨੈਣੋਵਾਲ ਵੈਦ ਵਿਖੇ ਪ੍ਰਿੰਸੀਪਲ ਹਰਜੀਤ ਸਿੰਘ ਦੀ ਅਗਵਾਈ ਵਿਚ ਕਾਰਵਾਈ ਗਈ। ਇਸ ਮੀਟਿੰਗ ਦੇ ਵਿਚ ਵੱਖ ਵੱਖ ਸਕੂਲਾਂ ਦੇ ਪ੍ਰਿੰਸੀਪਲਾਂ ਨੇ ਹਿੱਸਾ ਲਿਆ । ਇਸ ਦੌਰਾਨ ਪ੍ਰਿੰਸੀਪਲਾਂ ਰਸਿਕ ਗੁਪਤਾ, ਸਿਟੀ ਕੋਆਡੀਨੇਟਰ ਮੁਨੀਸ਼ਾ ਸੰਗਰ , ਓ. ਪੀ. ਗੁਪਤਾ, ਅਸਰ ਸਿੰਘ ਬੇਦੀ, ਮੋਨਿਕਾ ਸਚਦੇਵਾ, ਅਮਿਤ ਨਗਵਾਨ, ਹਰਕੀਰਤ ਕੌਰ, ਮਿਸ ਮਧੂ ਡੋਗਰਾ, ਮਿਸ ਅਮਿਤਾ ਅਰੋੜਾ, ਲੋਕੇਸ਼ ਵਿਮਲ, ਡਾ. ਹਰਦੀਪ ਸਿੰਘ ਨੇ ਸਹੋਦਿਆ ਦੀ ਪੂਰੇ ਸਾਲ ਦੀਆਂ ਗਤੀਵਿਧੀਆਂ ਬਾਰੇ ਚਰਚਾ ਕੀਤੀ ਗਈ। ਇਸ ਮੌਕੇ ਵੱਖ ਵੱਖ ਬੁਲਾਰਿਆਂ ਨੇ ਆਖਿਆ ਕਿ ਪੰਜਾਬ ਵਿਚ ਸਿੱਖਿਆ ਦੇ ਪੱਧਰ ਨੂੰ ਉੱਚਾ ਚੱਕਣ ਸਬੰਧੀ ਪ੍ਰਾਈਵੇਟ ਸਕੂਲਾਂ ਦੀ ਇਕ ਵੱਡੀ ਭੂਮਿਕਾ ਹੈ । ਪ੍ਰਾਈਵੇਟ ਸਕੂਲਾਂ ਤੋਂ ਪਹੁੰਚੇ ਹੋਏ ਵੱਖ-ਵੱਖ ਨੂੰ ਨੁਮਾਇੰਦਿਆਂ ਨੇ ਆਪਣੀਆਂ ਵੱਖ-ਵੱਖ ਸਮੱਸਿਆਵਾਂ ਦੇ ਹੱਲ ਲਈ ਚਰਚਾ ਕੀਤੀ । ਸਕੂਲਾਂ ਦੇ ਹੋਰ ਯੋਗ ਪ੍ਰਬੰਧ ਅਤੇ ਸਿੱਖਿਆ ਵਿਧੀਆਂ ਵਿਚ ਸੁਧਾਰ 'ਤੇ ਵੀ ਚਰਚਾ ਹੋਈ । ਇਸ ਸਬੰਧੀ ਸਹੋਦਿਆ ਹਿਲਸ ਵਿਚ ਨਵੇਂ ਮੈਂਬਰਾਂ ਦੀ ਸ਼ਮੂਲੀਅਤ ਕੀਤੀ ਗਈ। ਅਖੀਰ ਵਿਚ ਸਾਰੇ ਪ੍ਰਿੰਸੀਪਲ ਨੇ ਏਕ ਪੇੜ ਮਾਂ ਕੇ ਨਾਮ ਪੇੜ ਲਾਉਣ ਦੀ ਮੁਹਿੰਮ ਸ਼ੁਰੂ ਕੀਤੀ ।

# ਦਲਿਤ ਚੇਤਨਾ ਮੰਚ ਪੰਜਾਬ ਵੱਲੋਂ ਸਨਮਾਨ ਸਮਾਰੋਹ

**ਮੋਹਾਲੀ (ਗੁਰਜੀਤ ਬਿੱਲਾ)**- ਸਮਾਜ ਸੇਵਾ ਦੇ ਖੇਤਰ ਵਿੱਚ ਸਰਗਰਮ ਜਥੇਬੰਦੀ ਦਲਿਤ ਚੇਤਨਾ ਮੰਚ ਪੰਜਾਬ ਵੱਲੋਂ ਇਥੇ ਫੇਜ਼ 9 ਸਥਿਤ ਹੋਟਲ ਮੈਜੇਸਟਿਕ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਨਵੇਂ ਚੁਣੇ ਜ਼ਿਲ੍ਹਾ ਪ੍ਰਧਾਨ ਮੋਹਾਲੀ ਪਰਵਿੰਦਰ ਸਿੰਘ ਸੋਹਾਣਾ ਨੂੰ ਸਨਮਾਨਤ ਕਰਨ ਲਈ ਇੱਕ ਪ੍ਰਭਾਵਸ਼ਾਲੀ ਸਨਮਾਨ ਸਮਾਰੋਹ ਕੀਤਾ ਗਿਆ। ਸਮਾਗਮ ਦੌਰਾਨ ਸੋਹਾਣਾ ਨੂੰ ਸ੍ਰੀ ਸਾਹਿਬ ਅਤੇ ਸਿਰੋਪਾਓ ਭੇਟ ਕਰਕੇ ਸਨਮਾਨਤ ਕੀਤਾ ਗਿਆ। ਜਥੇਦਾਰ ਸੋਹਾਣਾ ਨੇ ਆਪਣੇ ਸੰਬੋਧਨ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਦੂਰਅੰਦੇਸ਼ੀ ਸੋਚ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਅਗਵਾਈ ਹੇਠ ਪੰਜਾਬ 'ਚ ਸਿੱਖਿਆ, ਸਿਹਤ, ਖੇਡਾਂ ਅਤੇ ਬੁਨਿਆਦੀ ਢਾਂਚੇ ਖੇਤਰ ਵਿੱਚ ਵੱਡੇ ਕੰਮ ਹੋਏ। ਉਨ੍ਹਾਂ ਕਿਹਾ ਕਿ ਅਕਾਲੀ ਸਰਕਾਰ ਨੇ ਦਲਿਤ ਸਮਾਜ ਲਈ ਕਈ ਯੋਜਨਾਵਾਂ ਲਾਗੂ ਕਰਕੇ ਇਸ ਵੰਨਗੀ ਨੂੰ ਆਰਥਿਕ ਅਤੇ ਸਮਾਜਿਕ ਤੌਰ 'ਤੇ ਮਜ਼ਬੂਤ ਕੀਤਾ, ਪਰ ਮੌਜੂਦਾ ਹਕੂਮਤ ਨੇ ਇਹ ਸਭ ਬੰਦ ਕਰਕੇ ਗਰੀਬਾਂ ਨਾਲ ਧੋਖਾ ਕੀਤਾ ਹੈ। ਉਨ੍ਹਾ ਕਿਹਾ ਕਿ ਨਾ ਸਿਰਫ ਪੂਰੇ ਪੰਜਾਬ ਸਗੋਂ ਖਾਸ ਤੌਰ 'ਤੇ ਸਾਹਿਬਜਾਦਾ ਅਜੀਤ ਸਿੰਘ ਨਗਰ ਮੋਹਾਲੀ ਵਿੱਚ ਅਕਾਲੀ ਦਲ ਦੀ ਸਰਕਾਰ ਵੇਲੇ ਬੁਨਿਆਦੀ ਢਾਂਚੇ ਦੇ ਵਿਕਾਸ ਵਾਸਤੇ 2500 ਕਰੋੜ ਖਰਚ ਕੀਤੇ ਗਏ। ਇਸ ਦੌਰਾਨ ਮੋਹਾਲੀ ਦੀ ਸ਼ਾਪਿੰਗ ਸਟਰੀਟ ਨੂੰ ਚੌੜਾ ਕਰਕੇ ਡਬਲ ਸੜਕ ਬਣਾਈ ਗਈ, ਅੱਠ ਖੇਡ ਸਟੇਡੀਅਮ ਬਣਾਏ ਗਏ, ਜ਼ਿਲ੍ਹਾ ਕੰਪਲੈਕਸ ਬਣਾਇਆ ਗਿਆ, ਮੈਰੀਟੋਰੀਅਸ ਸਕੂਲ, ਮਹਾਰਾਜਾ ਰਣਜੀਤ ਸਿੰਘ ਅਕੈਡਮੀ ਮਾਈ ਭਾਗੋ ਅਕੈਡਮੀ, ਗੱਲ ਕੀ ਹਰ ਤਰ੍ਹਾਂ ਦੀਆਂ ਸੁਵਿਧਾਵਾਂ ਮੋਹਾਲੀ ਨੂੰ ਪ੍ਰਦਾਨ ਕੀਤੀਆਂ ਗਈਆਂ ਅਤੇ ਇਸ ਦੇ ਨਾਲ ਨਾਲ ਚੱਪੜਚਿੜੀ ਵਿਖੇ ਬਾਬਾ ਬੰਦਾ ਸਿੰਘ ਬਹਾਦਰ ਜੀ ਦੀ ਯਾਦਗਾਰ ਵਿੱਚ ਫਤਹਿ ਮੀਨਾਰ ਸਥਾਪਤ ਕੀਤੀ ਗਈ। ਉਹਨਾਂ ਕਿਹਾ ਕਿ ਪੰਜਾਬ ਦਾ ਅੱਜ ਤੱਕ ਦਾ 90 ਫੀਸਦੀ ਵਿਕਾਸ ਅਕਾਲੀ ਰਾਜ ਵੇਲੇ ਹੋਇਆ ਹੈ ਅਤੇ ਉਸ ਕੀਤੇ ਗਏ ਵਿਕਾਸ ਦਾ ਰੱਖ ਰਖਾਅ ਵੀ ਸਮੇਂ ਦੀਆਂ ਸਰਕਾਰਾਂ ਨਹੀਂ ਕਰ ਸਕੀਆਂ। ਸਮਾਰੋਹ ਵਿੱਚ ਮੌਜੂਦ ਭਰਵੇਂ ਇਕੱਠ ਨੂੰ ਸੰਬੋਧਨ ਕਰਦਿਆਂ ਦਲਿਤ ਚੇਤਨਾ ਮੰਚ ਦੇ ਸੂਬਾ ਪ੍ਰਧਾਨ ਸ਼ਮਸ਼ੇਰ ਪੁਰਖਾਲਵੀ ਨੇ ਕਿਹਾ ਕਿ ਸਾਡੀ ਜਥੇਬੰਦੀ ਪਿਛਲੇ 28 ਸਾਲਾਂ ਤੋਂ ਦਲਿਤ ਸਮਾਜ ਦੀ ਭਲਾਈ ਲਈ ਲਗਾਤਾਰ ਕੰਮ ਕਰ ਰਹੀ ਹੈ। ਅਗਲੀ ਵਿਧਾਨ ਸਭਾ ਚੋਣਾਂ ਵਿੱਚ ਸਰਕਾਰ ਬਦਲਣ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾਵੇਗੀ। ਉਨ੍ਹਾਂ ਦਲਿਤ ਸਮਾਜ ਵਿਰੋਧੀ ਸੋਚ ਅਤੇ ਸਿਆਸੀ ਪਾਰਟੀਆਂ ਦੀ ਅਣਗਹਿਲੀ ਨੂੰ ਦੋਸ਼ ਦਿੰਦਿਆਂ ਕਿਹਾ ਕਿ ਇਹ ਵਰਗ ਅੱਜ ਵੀ ਇਨਸਾਫ ਲਈ ਥਾਣਿਆਂ ਅਤੇ ਦਫਤਰਾਂ ਦੇ ਚੱਕਰ ਲਗਾ ਰਿਹਾ ਹੈ। ਇਸ ਮੌਕੇ ਡਾ. ਹਰਪ੍ਰੀਤ ਸਿੰਘ, ਸਾਬਕਾ ਡਾਇਰੈਕਟਰ ਦਲਜੀਤ ਸਿੰਘ ਗਿੱਲ, ਹਰੀ ਸਿੰਘ (ਸਾਬਕਾ ਡਿਪਟੀ ਡਾਇਰੈਕਟਰ), ਬਾਬੂ ਰਾਮ ਦੀਵਾਨਾ, ਨਿਰਮਲ ਸਿੰਘ (ਸਾਬਕਾ ਈ ਟੀ ਓ), ਰਾਜਿੰਦਰ ਸਿੰਘ ਸਿੱਧੂ, ਪਵਿੱਤਰ ਸਿੰਘ ਵਿਰਦੀ (ਕੰਜ਼ਿਊਮਰ ਫੋਰਮ), ਐਚ. ਐਸ. ਕਮਲ (ਫੇਜ਼ 4), ਅਜੀਤ ਸਿੰਘ (ਸੈਕਟਰ 89), ਬਿਸ਼ਨ ਦਾਸ ਸਵੈਨ (ਗੁਰੂ ਰਵਿਦਾਸ ਨੌਜਵਾਨ ਸਭਾ), ਬਲਜਿੰਦਰ ਕੌਰ ਢਿੱਲੋਂ, ਕਰਣ ਜੌਹਰ, ਡਾ. ਅਸ਼ਵਨੀ ਭਾਟੀਆ, ਦਰਸ਼ਨ ਸਿੰਘ ਜੌਲੀ ਤੇ ਕਈ ਹੋਰ ਸਨਮਾਨਿਤ ਲੋਕ ਸ਼ਾਮਲ ਰਹੇ। ਸਮਾਰੋਹ ਦੌਰਾਨ ਮੌਜੂਦ ਪਤਵੰਤੇ ਸੱਜਣਾਂ ਨੇ ਪਰਵਿੰਦਰ ਸਿੰਘ ਸੋਹਾਣਾ ਨੂੰ ਮੁਬਾਰਕਬਾਦ ਦਿੱਤੀ ਤੇ ਅਗਲੀ ਚੋਣਾਂ ਵਿੱਚ ਉਹਨਾਂ ਨੂੰ ਪੂਰਾ ਸਮਰਥਨ ਦੇਣ ਦਾ ਯਕੀਨ ਦਿਵਾਇਆ।



# ਗੁਰਮੁਖ ਸਿੰਘ ਹੇੜੀਆ ਨਮਿਤ ਅੰਤਿਮ ਅਰਦਾਸ ਤੇ ਸ਼ਰਧਾਂਜਲੀ ਸਮਾਗਮ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਹੇੜੀਆ ਵਿਖੇ ਸ਼ਹੀਦ ਭਾਈ ਚਰਨਜੀਤ ਸਿੰਘ ਜੀਤਾ ਹੇੜੀਆ ਦੇ ਪੂਜਨੀਕ ਪਿਤਾ ਜਥੇਦਾਰ ਗੁਰਮੁਖ ਸਿੰਘ ਹੇੜੀਆ ਦਾ ਬੀਤੀ ਦਿਨੀਂ ਦੇਹਾਂਤ ਹੋ ਗਿਆ ਸੀ। ਇਸ ਮੌਕੇ ਦੁੱਖ ਦੀ ਘੜੀ ਵਿੱਚ ਇਲਾਕੇ ਭਰ ਤੋਂ ਵੱਖ ਵੱਖ ਰਾਜਨੀਤਿਕ ਪਾਰਟੀਆਂ, ਧਾਰਮਿਕ ਜਥੇਬੰਦੀਆਂ, ਸਮਾਜਿਕ ਸੰਸਥਾਵਾਂ, ਪੱਤਰਕਾਰ ਭਾਈਚਾਰਾ ਅਤੇ ਸਿਆਸੀ ਆਗੂਆਂ ਨੇ ਪਰਵਾਰ ਨਾਲ ਦੁੱਖ ਸਾਂਝਾ ਕੀਤਾ। ਇਸ ਮੌਕੇ ਜਥੇਦਾਰ ਗੁਰਮੁਖ ਸਿੰਘ ਹੇੜੀਆ ਦੀ ਆਤਮਿਕ ਸ਼ਾਂਤੀ ਲਈ ਰੱਖੇ ਸ੍ਰੀ ਸਹਿਜ ਪਾਠ ਸਾਹਿਬ ਦੇ ਭੋਗ ਉਨ੍ਹਾਂ ਦੇ ਗ੍ਰਹਿ ਵਿਖੇ ਪਾਏ ਗਏ। ਉਪਰੰਤ ਗੁਰਦੁਆਰਾ ਸਿੰਘ ਸਭਾ ਹੇੜੀਆ ਵਿਖੇ ਭਾਈ ਗੁਰਪ੍ਰੀਤ ਸਿੰਘ ਹੁਸ਼ਿਆਰਪੁਰ ਵੈਰਾਗਮਈ ਕੀਰਤਨ ਕੀਤਾ। ਇਸ ਮੌਕੇ ਸ਼ਰਧਾਂਜਲੀ ਸਮਾਗਮ ਦੌਰਾਨ ਸਾਬਕਾ ਕੈਬਨਿਟ ਮੰਤਰੀ ਸੋਹਣ ਸਿੰਘ ਠੰਡਲ, ਸੰਤ ਚਰਨਜੀਤ ਸਿੰਘ ਜੱਸੋਵਾਲ, ਸਾਬਕਾ ਡੀ ਐਸ ਪੀ ਦੇਵ ਰਾਜ, ਬੰਦੀ ਸਿੰਘ ਲਾਲ ਸਿੰਘ ਅਕਾਲਗੜ੍ਹ, ਨੋਬਲਜੀਤ ਸਿੰਘ, ਰਣਧੀਰ ਸਿੰਘ ਬੈਸਤਾਨੀ, ਬਲਵੀਰ ਸਿੰਘ, ਪਰਗਟ ਸਿੰਘ, ਜਸਵੀਰ ਸਿੰਘ ਹੇੜੀਆ, ਅਮਰਜੀਤ ਸਿੰਘ, ਕਰਮ ਸਿੰਘ, ਨੰਬਰਦਾਰ ਭੁਪਿੰਦਰ ਸਿੰਘ ਹੇੜੀਆ, ਲਸ਼ਕਰ ਸਿੰਘ, ਸੋਹਣ ਸਿੰਘ ਸਾਬਕਾ ਸਰਪੰਚ ਮੋਨਾ ਖੁਰਦ, ਨੰਬਰਦਾਰ ਰਾਜ ਕੁਮਾਰ ਆਦਿ ਹਾਜ਼ਰ ਸਨ। ਸ਼ਰਧਾਂਜਲੀ ਸਮਾਗਮ ਮੌਕੇ ਜਥੇਦਾਰ ਗੁਰਮੁਖ ਸਿੰਘ ਹੇੜੀਆ ਨੂੰ ਵੱਖ ਵੱਖ ਆਗੂਆਂ ਵੱਲੋਂ ਸ਼ਰਧਾ ਦੇ ਫੁੱਲ ਭੇਟ ਕਰਕੇ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ।



# ਪੁਲਸ ਨੇ ਸੰਘਰਸ਼ ਕਮੇਟੀ ਆਗੂ ਕੈਪ. (ਰਿਟਾ.) ਮਨੋਹਰ ਲਾਲ 'ਤੇ ਹੋਏ ਹਮਲੇ ਦਾ ਮਾਮਲਾ ਕੀਤਾ ਦਰਜ

**ਤਲਵਾੜਾ, ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸਥਾਨਕ ਪੁਲਸ ਨੇ ਖਣਨ ਰੋਕੋ ਜ਼ਮੀਨ ਬਚਾਓ ਸੰਘਰਸ਼ ਕਮੇਟੀ ਤਲਵਾੜਾ ਦੇ ਆਗੂ ਸੇਵਾਮੁਕਤ ਕੈਪਟਨ ਮਨੋਹਰ ਲਾਲ ਉਪਰ ਹੋਏ ਜਾਨਲੇਵਾ ਹਮਲੇ ਦੇ ਮਾਮਲੇ 'ਚ ਅਣਪਛਾਤੇ ਵਿਅਕਤੀਆਂ ਖਿਲਾਫ਼ ਮਾਮਲਾ ਦਰਜ ਕੀਤਾ ਹੈ। ਵਾਰਦਾਤ ਲੰਘੀ 4 ਤਾਰੀਕ ਦੀ ਹੈ। ਦੇਰ ਸ਼ਾਮ ਤਲਵਾੜਾ ਦੌਲਤਪੁਰ ਸੜਕ ਮਾਰਗ 'ਤੇ ਪੈਂਦੇ ਅੱਡਾ ਭੋਲ ਵਿਖੇ ਇੱਕ ਮੋਟਰਸਾਈਕਲ 'ਤੇ ਸਵਾਰ ਪਰਨੇ ਨਾਲ ਮੂੰਹ ਢੱਕੇ ਚਾਰ ਅਣਪਛਾਤੇ ਨੌਜਵਾਨ ਕੈਪਟਨ (ਰਿਟਾ.) ਮਨੋਹਰ ਲਾਲ ਦੀ ਦੁਕਾਨ 'ਤੇ ਆਉਂਦੇ ਹਨ। ਤਿੰਨ ਨੌਜਵਾਨ ਦੁਕਾਨ ਅੰਦਰ ਦਾਖ਼ਲ ਹੋ ਕੇ ਮਨੋਹਰ ਲਾਲ 'ਤੇ ਡੰਡਿਆਂ ਨਾਲ ਤਾਬੜਤੋੜ ਹਮਲਾ ਕਰ ਦਿੰਦੇ ਹਨ। ਗੰਭੀਰ ਰੂਪ 'ਚ ਜ਼ਖ਼ਮੀ ਮਨੋਹਰ ਲਾਲ ਜਲੰਧਰ ਦੇ ਇੱਕ ਨਿੱਜੀ ਹਸਪਤਾਲ 'ਚ ਜ਼ੇਰੇ ਇਲਾਜ ਹਨ। ਕੈਪ.(ਰਿਟਾ.) ਮਨੋਹਰ ਲਾਲ ਨੇ ਸਥਾਨਕ ਪੁਲਸ ਨੂੰ ਦਿੱਤੇ ਬਿਆਨਾਂ 'ਚ ਦੱਸਿਆ ਕਿ ਹਮਲਾਵਰਾਂ ਨੇ ਦੁਕਾਨ ਅੰਦਰ ਦਾਖ਼ਲ ਹੁੰਦਿਆਂ ਹੀ ਉਸ ਨੂੰ ਕਿਹਾ ਕਿ ਤੂੰ ਪਿੰਡ ਬਰਿੰਗਲੀ 'ਚ ਸਾਡੇ ਭਰਾਵਾਂ ਦੇ ਲੱਗੇ ਕਰੱਸ਼ਰਾਂ ਦੀਆਂ ਫੋਟੋ ਸਰਕਾਰ ਨੂੰ ਭੇਜਦਾ ਹੈ, ਤੈਨੂੰ ਪਹਿਲਾਂ ਵੀ ਅਗਾਹ ਕੀਤਾ ਸੀ। ਪਰ ਤੂੰ ਨਹੀਂ ਮੰਨਿਆ। ਏਨੇ 'ਚ ਇੱਕ ਇੱਕ ਨੌਜਵਾਨ ਨੇ ਲਲਕਾਰਾ ਮਾਰਿਆ ਅਤੇ ਦੂਜੇ ਨੇ ਆਪਣੀ ਪਿੱਠ ਪਿੱਛੇ ਬੰਨ੍ਹੀ ਹੋਈ ਡਾਂਗ ਉਸ ਦੇ ਸਿਰ 'ਤੇ ਦੇ ਮਾਰੀ। ਉਪਰੰਤ ਤਿੰਨੋਂ ਵਿਅਕਤੀਆਂ ਨੇ ਡਾਂਗਾਂ ਨਾਲ ਵਾਰ ਸ਼ੁਰੂ ਕਰ ਦਿੱਤੇ। ਮੈਂ (ਮਨੋਹਰ ਲਾਲ) ਜ਼ਮੀਨ 'ਤੇ ਡਿਗ ਪਿਆ ਅਤੇ ਰੌਲ਼ਾ ਪਾਉਣ ਲੱਗਾ। ਮੇਰੇ ਗੁਆਂਢੀ ਦੁਕਾਨਦਾਰ ਸਾਬਕਾ ਸਰਪੰਚ ਭੋਲ ਕਲੌਤਾ, ਅਨਿਲ ਮਿਨਹਾਸ ਮੇਰੀ ਆਵਾਜ਼ ਸੁਣ ਕੇ ਆਏ ਤਾਂ ਤਿੰਨੋਂ ਨੌਜਵਾਨ ਸਮੇਤ ਹਥਿਆਰਾਂ ਮੇਰੀ ਦੁਕਾਨ ਛੱਡ ਕੇ ਭੱਜ ਗਏ। ਇੱਕ ਨੌਜਵਾਨ ਦਾ ਮੂੰਹ 'ਤੇ ਬੰਨ੍ਹਿਆ ਪਰਨਾ ਖੁੱਲ੍ਹ ਗਿਆ। ਜਦ ਕਿ ਚੌਥਾ ਵਿਅਕਤੀ ਬਾਹਰ ਮੋਟਰਸਾਈਕਲ ਸਟਾਰਟ ਕਰਕੇ ਖੜਾ ਸੀ। ਦੌੜਨ ਵੇਲੇ ਹਮਲਾਵਰ ਉਸ ਦੇ ਗਲ਼ੇ ਦੀ ਸੋਨੇ ਦੀ ਚੇਨ ਅਤੇ ਹੱਥ 'ਚ ਪਾਇਆ ਸੋਨੇ ਦਾ ਕੜਾ ਲਾਹ ਕੇ ਲੈ ਗਏ। ਮਨੋਹਰ ਲਾਲ ਨੇ ਆਪਣੇ 'ਤੇ ਹੋਏ ਹਮਲੇ ਦੀ ਜਾਣਕਾਰੀ ਆਪਣੇ ਪੁੱਤਰ ਸ਼ਗਨ ਕੁਮਾਰ ਨੂੰ ਦਿੱਤੀ। ਉਪਰੰਤ ਪਰਵਾਰਕ ਮੈਂਬਰਾਂ ਨੇ ਉਸ ਨੂੰ ਸਥਾਨਕ ਬੀ ਬੀ ਐਮ ਬੀ ਹਸਪਤਾਲ ਇਲਾਜ ਲਈ ਪਹੁੰਚਾਇਆ। ਸਿਰ, ਪਿੱਠ, ਛਾਤੀ ਅਤੇ ਸਰੀਰ ਦੇ ਹੋਰ ਅੰਗਾਂ 'ਤੇ ਗੰਭੀਰ ਸੱਟਾਂ ਲੱਗੀਆਂ ਹੋਣ ਕਾਰਨ ਡਾਕਟਰਾਂ ਨੇ ਉਸ ਨੂੰ ਅੱਗੇ ਰੈਫ਼ਰ ਕਰ ਦਿੱਤਾ। ਇਸ ਹਮਲੇ 'ਚ ਕੈਪ.(ਰਿਟਾ.) ਮਨੋਹਰ ਲਾਲ ਦੇ ਸਿਰ 'ਤੇ ਡੂੰਘੀ ਸੱਟ ਆਈ ਹੈ, ਉਥੇ ਹੀ ਦੋ ਪਸਲੀਆਂ, ਹੱਥਾਂ ਦੀਆਂ ਉਂਗਲਾਂ, ਮੋਢੇ ਅਤੇ ਕੂਹਣੀਆਂ 'ਤੇ ਗੰਭੀਰ ਸੱਟਾਂ ਆਈਆਂ ਹਨ। ਹਮਲੇ ਦੇ ਵਿਰੋਧ 'ਚ ਸਥਾਨਕ ਲੋਕਾਂ ਨੇ ਉਸੇ ਦਿਨ ਤਲਵਾੜਾ ਦੌਲਤਪੁਰ ਸੜਕ ਮਾਰਗ ਜਾਮ ਕਰ ਦਿੱਤਾ ਸੀ। ਰਾਤ ਭਰ ਕੋਈ ਅਧਿਕਾਰੀ ਨਹੀਂ ਆਇਆ। ਅਗਲੇ ਦਿਨ ਪੁਲਸ ਨੇ ਲੋਕਾਂ ਦੇ ਰੋਸ ਨੂੰ ਸ਼ਾਂਤ ਕਰਨ ਦੀ ਬਜਾਇ ਜਬਰੀ ਧਰਨਾ ਉਠਵਾ ਦਿੱਤਾ ਸੀ ਅਤੇ ਸੰਘਰਸ਼ ਕਮੇਟੀ ਦੇ ਅੱਧੀ ਦਰਜਨ ਦੇ ਕਰੀਬ ਆਗੂਆਂ 'ਤੇ ਪਰਚੇ ਦਰਜ ਕੀਤੇ ਸਨ। ਲੰਘੀ 19 ਮਈ ਨੂੰ ਸੰਘਰਸ਼ ਕਮੇਟੀ ਦੇ ਸਕੱਤਰ ਮਨੋਜ ਕੁਮਾਰ 'ਤੇ ਵੀ ਅਣਪਛਾਤੇ ਕਾਰ ਸਵਾਰਾਂ ਨੇ ਰਾਤ ਨੂੰ ਜਾਨਲੇਵਾ ਹਮਲਾ ਕੀਤਾ ਸੀ। ਅਜੇ ਤੱਕ ਪੁਲਸ ਵੱਲੋਂ ਇਸ ਕੇਸ 'ਚ ਕੋਈ ਮਾਮਲਾ ਦਰਜ ਨਹੀਂ ਕੀਤਾ ਗਿਆ। ਖਣਨ ਰੋਕੋ ਜ਼ਮੀਨ ਬਚਾਓ ਸੰਘਰਸ਼ ਕਮੇਟੀ ਤਲਵਾੜਾ ਨੇ ਖ਼ੇਤਰ 'ਚ ਕਰੱਸ਼ਰ ਅਤੇ ਖਣਨ ਮਾਫੀਆ ਦੀ ਵਧਦੀ ਗੁੰਡਾਗਰਦੀ 'ਤੇ ਚਿੰਤਾ ਪ੍ਰਗਟ ਕੀਤੀ ਹੈ। ਸਰਕਾਰ ਅਤੇ ਪੁਲਸ ਪ੍ਰਸ਼ਾਸਨ ਖਣਨ ਮਾਫੀਆ 'ਤੇ ਨਕੇਲ ਕੱਸਣ ਦੀ ਬਜਾਇ ਸੰਘਰਸ਼ ਕਮੇਟੀ ਆਗੂਆਂ ਉੱਤੇ ਪਰਚੇ ਦਰਜ ਕੀਤੇ ਜਾ ਰਹੇ ਹਨ।ਹਮਲਾਵਰਾਂ ਦੀ ਗ੍ਰਿਫ਼ਤਾਰੀ ਅਤੇ ਆਗੂਆਂ 'ਤੇ ਦਰਜ ਮਾਮਲੇ ਰੱਦ ਕਰਵਾਉਣ ਲਈ ਅਗਲੀ ਰਣਨੀਤੀ ਘੜਨ ਲਈ ਸ਼ਨੀਵਾਰ ਨੂੰ ਸੰਘਰਸ਼ ਕਮੇਟੀ ਦੀ ਮੀਟਿੰਗ ਬੁਲਾਈ ਹੈ।



# ਪ੍ਰਸ਼ਾਸਨ ਸੰਭਾਵੀ ਹੜ੍ਹਾਂ ਵਰਗੀ ਸਥਿਤੀ ਨਾਲ ਨਜਿੱਠਣ ਲਈ ਪੂਰੀ ਤਰ੍ਹਾਂ ਤਿਆਰ : ਡੀ ਸੀ

**ਜਲੰਧਰ (ਸੁਰਿੰਦਰ ਕੁਮਾਰ)**- ਸਥਾਨਕ ਜਲੰਧਰ 'ਚ ਰਹਿਣ ਵਾਲੇ ਨਾਗਰਿਕ ਨੂੰ ਵੀ ਘਬਰਾਉਣ ਦੀ ਲੋੜ ਨਹੀਂ, ਜ਼ਿਲ੍ਹੇ 'ਚ ਹਾਲਾਤ ਆਮ ਵਰਗੇ ਚੱਲ ਰਹੇ ਮਾਨਸੂਨ ਸੀਜ਼ਨ ਦੇ ਮੱਦੇਨਜ਼ਰ ਜਲੰਧਰ ਪ੍ਰਸ਼ਾਸਨ ਜ਼ਿਲ੍ਹੇ ਵਿੱਚ ਸੰਭਾਵੀ ਹੜ੍ਹਾਂ ਵਰਗੀ ਕਿਸੇ ਵੀ ਸਥਿਤੀ ਨਾਲ ਪ੍ਰਭਾਵਸ਼ਾਲੀ ਢੰਗ ਨਾਲ ਨਜਿੱਠਣ ਲਈ ਪੂਰੀ ਤਰ੍ਹਾਂ ਤਿਆਰ ਹੈ, ਕਿਉਂਕਿ ਅਜਿਹੇ ਕਿਸੇ ਵੀ ਹਾਲਾਤ ਨਾਲ ਨਿਪਟਣ ਲਈ ਪ੍ਰਸ਼ਾਸਨ ਵੱਲੋਂ ਪਹਿਲਾਂ ਹੀ ਪੁਖ਼ਤਾ ਪ੍ਰਬੰਧ ਯਕੀਨੀ ਬਣਾਏ ਗਏ ਹਨ। ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਜ਼ਿਲ੍ਹੇ ਵਿੱਚ ਹਾਲਾਤ ਬਿਲਕੁਲ ਆਮ ਵਰਗੇ ਹਨ ਅਤੇ ਕਿਸੇ ਨੂੰ ਵੀ ਘਬਰਾਉਣ ਦੀ ਲੋੜ ਨਹੀਂ ਹੈ। ਉਨ੍ਹਾਂ ਦੱਸਿਆ ਕਿ ਬਰਸਾਤ ਦੇ ਮੌਸਮ ਨੂੰ ਧਿਆਨ ਵਿੱਚ ਰੱਖਦਿਆਂ ਹੜ੍ਹਾਂ ਤੋਂ ਬਚਾਅ ਲਈ ਸ਼ਹਿਰਾਂ ਤੇ ਪਿੰਡਾਂ ਵਿੱਚ ਨਹਿਰਾਂ, ਨਾਲਿਆਂ, ਚੋਆਂ, ਡਰੇਨਾਂ ਦੀ ਸਾਫ਼-ਸਫਾਈ, ਦਰਿਆ ਦੇ ਕਿਨਾਰਿਆਂ ਦੇ ਮਜ਼ਬੂਤੀਕਰਨ, ਪਿੰਡਾਂ ਵਿਚਲੇ ਛੱਪੜਾਂ ਦੀ ਡੀ ਵਾਟਰਿੰਗ ਸਮੇਤ ਵਿਆਪਕ ਉਪਾਵਾਂ ਨੂੰ ਅੰਤਿਮ ਰੂਪ ਦਿੱਤਾ ਜਾ ਚੁੱਕਾ ਹੈ। ਉਨ੍ਹਾਂ ਦੱਸਿਆ ਕਿ ਕਿਸੇ ਵੀ ਹੰਗਾਮੀ ਹਾਲਾਤ ਦੇ ਤੁਰੰਤ ਟਾਕਰੇ ਲਈ ਲੋੜੀਂਦੀ ਗਿਣਤੀ ਵਿੱਚ ਮਿੱਟੀ ਦੇ ਭਰੇ ਬੈਗਾਂ ਦੀ ਉਪਲਬਧਤਾ ਸਮੇਤ ਫਲੱਡ ਲਾਈਟਾਂ, ਸਰਚ ਲਾਈਟਾਂ, ਲਾਈਫ਼ ਜੈਕਟਾਂ, ਰੱਸੇ, ਕਿਸ਼ਤੀਆਂ ਤੋਂ ਇਲਾਵਾ ਹੋਰ ਲੋੜੀਂਦੇ ਇੰਤਜ਼ਾਮ ਪਹਿਲਾਂ ਹੀ ਕਰ ਲਏ ਗਏ ਹਨ। ਇਸ ਦੇ ਨਾਲ ਹੀ ਲੋਕਾਂ ਦੀ ਸਹੂਲਤ ਲਈ ਜ਼ਿਲ੍ਹਾ ਅਤੇ ਸਬ ਡਵੀਜ਼ਨ ਪੱਧਰ 'ਤੇ ਹੜ੍ਹ ਕੰਟਰੋਲ ਰੂਮ ਵੀ ਸਥਾਪਤ ਕੀਤੇ ਗਏ ਹਨ, ਜਿਥੇ ਲੋਕ ਐਮਰਜੈਂਸੀ ਹਾਲਾਤ ਸਮੇਂ ਸੰਪਰਕ ਕਰ ਸਕਦੇ ਹਨ। ਡਾ. ਅਗਰਵਾਲ ਨੇ ਦੱਸਿਆ ਕਿ ਹੜ੍ਹਾਂ ਤੋਂ ਸੁਰੱਖਿਆ ਸਬੰਧੀ ਪ੍ਰਸ਼ਾਸਨ ਨੇ ਕਈ ਮੌਕ ਡਰਿੱਲ ਵੀ ਕਰਵਾਈਆਂ ਹਨ। ਹਾਲ ਹੀ ਵਿੱਚ ਸਤਲੁਜ ਦਰਿਆ ਦੇ ਕੰਢੇ ਪਿੰਡ ਤਲਵੰਡੀ ਕਲਾਂ ਵਿਖੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਭਾਰਤੀ ਫੌਜ, ਐਨ.ਡੀ. ਆਰ. ਐਫ., ਐਸ.ਡੀ. ਆਰ. ਐਫ. ਅਤੇ ਹੋਰ ਵਿਭਾਗਾਂ ਦੇ ਸਹਿਯੋਗ ਨਾਲ ਫਲੱਡ ਪ੍ਰੋਟੈਕਸ਼ਨ ਐਕਸਰਸਾਈਜ਼ ਕਰਵਾਈ ਗਈ ਸੀ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਹਰ ਸਥਿਤੀ ਉਪਰ ਨੇੜਿਓਂ ਨਜ਼ਰ ਰੱਖੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਵੱਲੋਂ ਜ਼ਿਲ੍ਹੇ ਵਿੱਚੋਂ ਲੰਘਦੀਆਂ ਸਾਰੀਆਂ ਨਹਿਰਾਂ, ਨਾਲਿਆਂ ਦੀ ਸਫਾਈ ਕਰਵਾਈ ਗਈ ਹੈ, ਫਿਰ ਵੀ ਜੇਕਰ ਕਿਸੇ ਪਿੰਡ ਵਿੱਚ ਨਿਕਾਸੀ ਵਿੱਚ ਰੁਕਾਵਟ ਆਦਿ ਦੀ ਸਮੱਸਿਆ ਪੇਸ਼ ਆਉਂਦੀ ਹੈ ਤਾਂ ਲੋਕ ਸਬੰਧਤ ਐਸ.ਡੀ.ਐਮ. ਨਾਲ ਸੰਪਰਕ ਕਰ ਸਕਦੇ ਹਨ।



12 July Page 9.qxd 7/11/2025 10:39 PM Page 1



# ਹਰੇਕ ਵਿਅਕਤੀ ਦਾ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਸ਼ਲਾਘਾਯੋਗ : ਚੀਮਾ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**— ਆਮ ਆਦਮੀ ਪਾਰਟੀ ਦੇ ਵਿਧਾਨ ਸਭਾ ਹਲਕਾ ਸੁਲਤਾਨਪੁਰ ਲੋਧੀ ਦੇ ਇੰਚਾਰਜ ਤੇ ਅਰਜੁਨਾ ਐਵਾਰਡੀ ਅੰਤਰਰਾਸ਼ਟਰੀ ਪੱਧਰ ਦੇ ਖਿਡਾਰੀ ਸੱਜਣ ਸਿੰਘ ਚੀਮਾ ਚੇਅਰਮੈਨ ਨਗਰ ਸੁਧਾਰ ਟਰੱਸਟ ਕਪੂਰਥਲਾ ਨੇ ਪੰਜਾਬ ਦੀ ਵਜ਼ਾਰਤ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਦੇਸ਼ ਦੀ ਪਹਿਲੀ ਵਿਲੱਖਣ ਸਿਹਤ ਸਕੀਮ ਮੁੱਖ ਮੰਤਰੀ ਸਿਹਤ ਯੋਜਨਾ ਨੂੰ ਮਨਜ਼ੂਰੀ ਦੇ ਕੇ ਪੰਜਾਬ ਦੇ ਹਰੇਕ ਵਾਸੀ ਦਾ 10 ਲੱਖ ਰੁਪਏ ਦਾ ਡਾਕਟਰੀ ਇਲਾਜ ਮੁਫ਼ਤ( ਨਕਦੀ ਰਹਿਤ ) ਕਰਵਾਉਣ ਦਾ ਜੋ ਫੈਸਲਾ ਕੀਤਾ ਹੈ , ਉਹ ਬਹੁਤ ਹੀ ਸ਼ਲਾਘਾਯੋਗ ਹੈ । ਉਨ੍ਹਾਂ ਕਿਹਾ ਕਿ ਭਾਰਤ ਵਿਚ ਪੰਜਾਬ ਹੀ ਪਹਿਲਾ ਐਸਾ ਸੂਬਾ ਬਣੇਗਾ, ਜਿੱਥੇ ਹਰੇਕ ਵਿਅਕਤੀ ਦਾ 10 ਲੱਖ ਰੁਪਏ ਦਾ ਇਲਾਜ ਕੈਸ਼ਲੈਸ ਹੋਵੇਗਾ।ਚੀਮਾ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਮੁਫ਼ਤ ਇਲਾਜ ਮੁਹੱਈਆ ਕਰਨ ਵਾਲੀ ਇਹ ਸਕੀਮ 2 ਅਕਤੂਬਰ ਤੋਂ ਸ਼ੁਰੂ ਹੋਵੇਗੀ।ਉਨ੍ਹਾਂ ਦੱਸਿਆ ਕਿ ਇਸ ਸਕੀਮ ਅਧੀਨ ਸਰਕਾਰੀ ਮੁਲਾਜ਼ਮਾਂ ਤੇ ਪੈਨਸ਼ਨਰਾਂ ਸਮੇਤ ਪੰਜਾਬ ਦਾ ਹਰੇਕ ਨਾਗਰਿਕ ਸਿਹਤ ਸੰਭਾਲ ਸੇਵਾ ਮੁਫ਼ਤ ਹਾਸਲ ਕਰਨ ਲਈ ਯੋਗ ਹੋਵੇਗਾ,



ਇਸ ਲਈ ਆਮਦਨ ਦੀ ਕੋਈ ਹੱਦ ਨਹੀਂ ਹੈ। ਪਹਿਲਾਂ ਆਮਦਨ ਦਾ ਮਾਪਦੰਡ ਹੋਣ ਕਾਰਨ ਸਿਰਫ਼ ਚੋਣਵੇਂ ਪਰਿਵਾਰਾਂ ਨੂੰ ਹੀ ਇਸ ਸਕੀਮ ਅਧੀਨ ਲਾਭ ਮਿਲਦਾ ਸੀ ਪਰ ਹੁਣ ਸਾਰੇ ਪੰਜਾਬ ਵਾਸੀਆਂ ਨੂੰ ਇਸ ਦਾ ਲਾਭ ਮਿਲੇਗਾ। ਉਨ੍ਹਾਂ ਦੱਸਿਆ ਕਿ ਇਸ ਸਿਹਤ ਸਕੀਮ ਦਾ ਲਾਭ ਪੰਜਾਬ ਦੀ ਸਮੁੱਚੀ ਤਿੰਨ ਕਰੋੜ ਵਸਨੀਕਾਂ ਨੂੰ ਹੋਵੇਗਾ ਅਤੇ ਹੁਣ ਤੱਕ 550 ਤੋਂ ਵੱਧ ਪ੍ਰਾਈਵੇਟ ਹਸਪਤਾਲਾਂ ਨੂੰ ਇਸ ਯੋਜਨਾ ਲਈ ਸੂਚੀਬੱਧ ਕੀਤਾ ਗਿਆ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਇਹ ਗਿਣਤੀ ਇੱਕ ਹਜ਼ਾਰ ਤੱਕ ਵਧਾਈ ਜਾਵੇਗੀ। ਹੁਣ ਪੰਜਾਬ ਅਜਿਹਾ ਪਹਿਲਾ ਸੂਬਾ ਬਣ ਗਿਆ ਹੈ ਜੋ ਆਪਣੇ ਨਾਗਰਿਕਾਂ ਨੂੰ ਸਿਹਤ ਸੰਭਾਲ, ਸਿੱਖਿਆ, ਬਿਜਲੀ ਤੇ ਬੱਸ ਸਫ਼ਰ ਮੁਫ਼ਤ ਮੁਹੱਈਆ ਕਰਵਾ ਰਿਹਾ ਹੈ।ਇਸ ਸਕੀਮ ਤਹਿਤ ਸਿਹਤ ਕਾਰਡ, ਸੇਵਾ ਕੇਂਦਰ ਜਾਂ ਕਾਮਨ ਸਰਵਿਸ ਸੈਂਟਰ (ਸੀ.ਐਸ.ਸੀਜ਼) ਰਾਹੀਂ ਜਾਰੀ ਹੋਣਗੇ। ਇਸ ਤੋਂ ਇਲਾਵਾ ਲੋਕ ਆਪਣੇ ਵੋਟਰ ਕਾਰਡ ਜਾਂ ਆਧਾਰ ਕਾਰਡ ਦੀ ਵਰਤੋਂ ਕਰ ਕੇ ਆਨਲਾਈਨ ਰਜਿਸਟਰੇਸ਼ਨ ਰਾਹੀਂ ਵੀ ਸਿਹਤ ਕਾਰਡ ਹਾਸਲ ਕਰ ਸਕਦੇ ਹਨ। ਇਸ ਸਕੀਮ ਅਧੀਨ ਇਲਾਜ ਸਾਰੇ ਸਰਕਾਰੀ ਹਸਪਤਾਲਾਂ ਅਤੇ ਸੂਚੀਬੱਧ ਪ੍ਰਾਈਵੇਟ ਹਸਪਤਾਲਾਂ ਵਿੱਚ ਮੁਹੱਈਆ ਹੋਵੇਗਾ ਅਤੇ ਪੰਜਾਬ ਦੇ ਕਿਸੇ ਵੀ ਵਾਸੀ ਨੂੰ ਹੁਣ ਵਿੱਤੀ ਤੰਗੀ ਖੁਣੋਂ ਇਲਾਜ ਤੋਂ ਵਾਂਝਾ ਨਹੀਂ ਰਹਿਣਾ ਪਵੇਗਾ।ਇਸ ਸਮੇਂ ਉਨ੍ਹਾਂ ਨਾਲ ਸੀਨੀਅਰ ਆਪ ਆਗੂ ਸਾਬਕਾ ਚੇਅਰਮੈਨ ਬਲਦੇਵ ਸਿੰਘ ਪਰਮਜੀਤਪੁਰ , ਆੜ੍ਹਤੀ ਆਗੂ ਸਤਪਾਲ ਮਦਾਨ , ਬਲਦੇਵ ਸਿੰਘ ਮੰਗਾ , ਨੰਬਰਦਾਰ ਜਤਿੰਦਰਜੀਤ ਸਿੰਘ , ਸੋਨੂੰ ਰਾਮੇ , ਜਸਕੰਵਲ ਸਿੰਘ ਤਲਵੰਡੀ , ਅਕਾਸ਼ਦੀਪ ਸਿੰਘ , ਪ੍ਰਦੀਪ ਸਿੰਘ ਥਿੰਦ ਚੇਅਰਮੈਨ , ਮੁਹੰਮਦ ਰਫੀ ਚੇਅਰਮੈਨ , ਅਨਿਲ ਧੀਰ ਪੰਪੂ , ਮੇਜਰ ਸਿੰਘ ਜੈਨਪੁਰ ਤੇ ਜੋਗਿੰਦਰ ਸਿੰਘ ਸ਼ਾਹਵਾਲਾ ਆਦਿ ਹੋਰ ਆਗੂ ਹਾਜ਼ਰ ਸਨ ।

# ਡਿਊਟੀ 'ਚ ਕੁਤਾਹੀ ਵਰਤਣ 'ਤੇ ਤਿੰਨ ਪੰਚਾਇਤ ਸਕੱਤਰ ਮੁਅੱਤਲ

**ਜਲੰਧਰ (ਸੁਰਿੰਦਰ ਕੁਮਾਰ)**- ਡਿਊਟੀ ਵਿੱਚ ਕੁਤਾਹੀ ਵਰਤਣ 'ਤੇ ਜ਼ਿਲ੍ਹਾ ਜਲੰਧਰ ਦੇ ਤਿੰਨ ਪੰਚਾਇਤ ਸਕੱਤਰਾਂ ਨੂੰ ਅਹੁਦੇ ਤੋਂ ਤੁਰੰਤ ਪ੍ਰਭਾਵ ਨਾਲ ਮੁਅੱਤਲ ਕਰ ਦਿੱਤਾ ਗਿਆ ਹੈ। ਇਹ ਮੁਅੱਤਲੀ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਕੀਤੀ ਗਈ ਸਿਫ਼ਾਰਸ਼ ਦੇ ਆਧਾਰ 'ਤੇ ਕੀਤੀ ਗਈ ਹੈ। ਡਿਪਟੀ ਕਮਿਸ਼ਨਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਵੱਲੋਂ ਪ੍ਰਾਪਤ ਹੁਕਮਾਂ ਅਨੁਸਾਰ ਪੰਚਾਇਤ ਸਕੱਤਰ ਪ੍ਰਸ਼ੋਤਮ ਲਾਲ ਤੇ ਦਿਲਬਾਗ ਸਹੋਤਾ (ਪੰਚਾਇਤ ਸੰਮਤੀ ਜਲੰਧਰ ਪੱਛਮੀ) ਅਤੇ ਪਰਵਿੰਦਰ ਸਿੰਘ ਪੰਚਾਇਤ ਸਕੱਤਰ, ਪੰਚਾਇਤ ਸੰਮਤੀ ਫਿਲੌਰ ਨੂੰ ਅਹੁਦੇ ਤੋਂ ਮੁਅੱਤਲ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਮੁਅੱਤਲੀ ਦੌਰਾਨ ਇਨ੍ਹਾਂ ਦਾ ਹੈੱਡਕੁਆਰਟਰ ਦਫ਼ਤਰ ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਫ਼ਸਰ, ਜਲੰਧਰ ਹੋਵੇਗਾ।

# ਮੁਫ਼ਤ ਅਨਾਜ ਸਕੀਮ ਖੋਹਣ ਵਿਰੁੱਧ ਕੀਤਾ ਜਾਵੇਗਾ ਸੰਘਰਸ਼ : ਨਾਹਰ, ਦਾਊਦ

**ਜਲੰਧਰ (ਰਾਜੇਸ਼ ਥਾਪਾ)** ਦਿਹਾਤੀ ਮਜ਼ਦੂਰ ਸਭਾ ਦੀ ਸੂਬਾ ਵਰਕਿੰਗ ਕਮੇਟੀ ਦੀ ਮੀਟਿੰਗ ਸੂਬਾ ਪ੍ਰਧਾਨ ਦਰਸ਼ਨ ਨਾਹਰ ਦੀ ਪ੍ਰਧਾਨਗੀ ਹੇਠ ਜਲੰਧਰ ਕੀਤੀ ਗਈ। ਮੀਟਿੰਗ ਦੇ ਫੈਸਲੇ ਪ੍ਰੈੱਸ ਨੂੰ ਜਾਰੀ ਕਰਦਿਆਂ ਸੂਬਾ ਜਨਰਲ ਸਕੱਤਰ ਗੁਰਨਾਮ ਸਿੰਘ ਦਾਊਦ ਅਤੇ ਸੂਬਾ ਪ੍ਰੈੱਸ ਸਕੱਤਰ ਬਲਦੇਵ ਸਿੰਘ ਨੂਰਪੁਰੀ ਨੇ ਕਿਹਾ ਕਿ ਸਮਾਰਟ ਰਾਸ਼ਨ ਕਾਰਡ ਸਕੀਮ ਤਹਿਤ, ਗਰੀਬ ਲੋਕਾਂ ਨੂੰ ਮਿਲਦੀ ਮੁਫ਼ਤ ਅਨਾਜ ਵਾਲੀ ਸਕੀਮ 'ਚੋਂ ਪੰਜਾਬ ਦੇ ਹਜ਼ਾਰਾਂ ਪਰਵਾਰਾਂ ਦੇ 31.39 ਲੱਖ ਮੈਂਬਰਾਂ ਨੂੰ ਬਾਹਰ ਕਰ ਦੇਣ ਦੀ ਸੂਬਾ ਵਰਕਿੰਗ ਕਮੇਟੀ ਨੇ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਇਸ ਧੱਕੇਸ਼ਾਹੀ ਵਿਰੁੱਧ ਤਿੱਖਾ ਸੰਘਰਸ਼ ਕਰਨ ਦਾ ਸੱਦਾ ਦਿੱਤਾ। ਆਗੂਆਂ ਨੇ ਕਿਹਾ ਕਿ ਅਸਲ ਵਿਚ ਸਾਮਰਾਜੀ ਦਿਸ਼ਾ ਨਿਰਦੇਸ਼ਾਂ ਅਨੁਸਾਰ ਕੰਮ ਕਰਦੀਆਂ ਸਰਕਾਰਾਂ, ਨਿੱਜੀਕਰਨ, ਉਦਾਰੀਕਰਨ ਅਤੇ ਸੰਸਾਰੀਕਰਨ ਦੀਆਂ ਨੀਤੀਆਂ ਤਹਿਤ ਗਰੀਬਾਂ ਨੂੰ ਮਿਲਦੀਆਂ ਨਿਗੂਣੀਆਂ ਰਾਹਤਾਂ/ਸਬਸਿਡੀਆਂ ਖੋਹ ਰਹੀਆਂ ਹਨ, ਉਨ੍ਹਾਂ ਕਿਹਾ ਕਿ ਬਹਾਨਾ ਚਾਹੇ ਈਕੇਵਾਈਸੀ ਦਾ ਲਾਇਆ ਹੈ ਪਰ ਅਸਲ ਵਜ੍ਹਾ ਗਰੀਬਾਂ ਨੂੰ ਇਹਨਾਂ ਸਹੂਲਤਾਂ



ਤੋਂ ਲਾਂਭੇ ਕਰਨ ਦੀ ਹੈ ਗਰੀਬ ਲੋਕ ਤਾਂ ਈਕੇਵਾਈਸੀ ਕਰਾਉਣ ਲਈ ਵਾਰ ਵਾਰ ਜਾਂਦੇ ਰਹੇ ਪਰ ਗਰੀਬਾਂ ਦਾ ਹਿੱਸਾ ਛਕਣ ਵਾਲੇ ਸਬੰਧਤ ਮਹਿਕਮੇ ਦੇ ਅਫਸਰ ਅਤੇ ਡੀਪੂ ਹੋਲਡਰ ਅਗਲੀ ਵਾਰ ਆਇਓ ਕਹਿ ਕੇ ਮੋੜ ਦਿੰਦੇ ਸਨ , ਜੇ ਸਰਦੇ ਪੁੱਜਦੇ ਲੋਕਾਂ ਦੇ ਕਾਰਡ ਬਣਨ/ਬਣਾਉਣ ਦਾ ਮਾਮਲਾ ਹੈ ਤਾਂ ਜਾਂਚ ਕਿਤੇ ਇਸਦੀ ਪੜਤਾਲ ਦਾ ਮੁੱਦਾ ਉਠਦਾ ਹੈ ਤਾਂ ਗਰੀਬ ਲੋਕ ਰਗੜੇ ਜਾਂਦੇ ਹਨ। ਉਪਰੋਕਤ ਆਗੂਆਂ ਨੇ ਕਿਹਾ ਕਿ ਮਜ਼ਦੂਰਾਂ ਦੇ ਸਿਰ ਚੜ੍ਹੇ ਕਰਜ਼ੇ ਮੁਆਫ ਕਰਨ, ਬੇਘਰਿਆਂ ਨੂੰ ਪਲਾਟ ਦੇਣ ਤੇ ਗ੍ਰਾਂਟ ਦੇਣ, ਮਨਰੇਗਾ ਤਹਿਤ ਸਾਰਾ ਸਾਲ ਕੰਮ ਤੇ 700 ਰੁਪਏ ਦਿਹਾੜੀ, ਜਨਤਕ ਵੰਡ ਪ੍ਰਣਾਲੀ ਰਾਹੀਂ ਨਿੱਤ ਵਰਤੋਂ ਦੀਆਂ ਚੀਜ਼ਾਂ ਸਸਤੇ ਭਾਅ ਤੇ ਦੇਣ, ਸਿੱਖਿਆ ਅਤੇ ਸਿਹਤ ਸਹੂਲਤਾਂ ਅਤੇ ਪੀਣ ਵਾਲਾ ਸਾਫ ਸੁਥਰਾ ਪਾਣੀ ਮੁਫ਼ਤ ਦੇਣ, ਸਮਾਜਿਕ ਜਬਰ ਬੰਦ ਕਰਵਾਉਣ, ਆਪਣੇ ਹੱਕਾਂ ਲਈ ਸੰਘਰਸ਼ ਕਰਦੇ ਲੋਕਾਂ ਪੁਲਿਸ ਜਬਰ ਬੰਦ ਕਰਨ ਅਤੇ ਕੀਤੇ ਝੂਠੇ ਪਰਚੇ ਰੱਦ ਕਰਵਾਉਣ ਆਦਿ ਮਸਲਿਆਂ ਬਾਰੇ ਪਿੰਡ ਪੱਧਰ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਵੱਲੋਂ 20 ਜੁਲਾਈ ਨੂੰ ਟੀਚਰ ਹੋਮ ਬਠਿੰਡਾ ਅਤੇ 22 ਜੁਲਾਈ ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਕਨਵੈਨਸ਼ਨਾਂ ਕੀਤੀਆਂ ਜਾਣਗੀਆਂ ਜਿਨ੍ਹਾਂ ਵਿਚ ਦਿਹਾਤੀ ਮਜ਼ਦੂਰ ਸਭਾ ਦੇ ਵਰਕਰ ਵੱਡੀ ਗਿਣਤੀ ਵਿੱਚ ਸ਼ਾਮਲ ਹੋਣਗੇ।ਮੋਰਚਾ ਇਨ੍ਹਾਂ ਕਨਵੈਨਸ਼ਨਾਂ ਵਿਚ ਅਗਲੇ ਐਕਸ਼ਨ ਦਾ ਐਲਾਨ ਕਰੇਗਾ।

# ਪੰਜਾਬ ਦੀ 10 ਲੱਖ ਦੀ ਹੈਲਥ ਇੰਸ਼ੋਰੈਂਸ ਯੋਜਨਾ ਇਨਕਲਾਬੀ ਕਦਮ : ਅੰਮ੍ਰਿਤਪਾਲ ਸਿੰਘ

**ਜਲੰਧਰ (ਸੁਰਿੰਦਰ ਕੁਮਾਰ)** ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਅੰਮ੍ਰਿਤਪਾਲ ਸਿੰਘ ਨੇ ਮੰਗਲਵਾਰ ਨੂੰ ਪੰਜਾਬ ਸਰਕਾਰ ਵੱਲੋਂ ਸਾਰੇ ਨਾਗਰਿਕਾਂ ਲਈ 10 ਲੱਖ ਰੁਪਏ ਤੱਕ ਦੀ ਹੈਲਥ ਇੰਸ਼ੋਰੈਂਸ ਪ੍ਰਦਾਨ ਕਰਨ ਦੇ ਫੈਸਲੇ ਨੂੰ ਰਾਜ ਭਰ ਵਿੱਚ ਸਿਹਤ ਸੇਵਾਵਾਂ ਨੂੰ ਮਜ਼ਬੂਤ ਕਰਨ ਵੱਲ ਇਕ ਇਨਕਲਾਬੀ ਕਦਮ ਦੱਸਿਆ ਹੈ।ਉਨ੍ਹਾਂ ਨੇ ਕਿਹਾ ਕਿ ਇਹ ਇਤਿਹਾਸਿਕ ਯੋਜਨਾ ਇਹ ਯਕੀਨੀ ਬਣਾਏਗੀ ਕਿ ਕੋਈ ਵੀ ਨਾਗਰਿਕ ਵਿੱਤੀ ਮਜਬੂਰੀਆਂ ਕਾਰਨ ਇਲਾਜ ਤੋਂ ਵਾਂਝਾ ਨਾ ਰਹੇ, ਕਿਉਂਕਿ ਇਹ ਵੱਡੀ ਹੈਲਥ ਕਵਰੇਜ ਹਰ ਵਿਅਕਤੀ ਲਈ ਉੱਚ ਦਰਜੇ ਦੀ ਸਿਹਤ ਸੇਵਾਵਾਂ ਤੱਕ ਪਹੁੰਚ ਸੁਨਿਸ਼ਚਿਤ ਕਰੇਗੀ।ਸਿਹਤ ਸੇਵਾਵਾਂ ਨੂੰ ਅਪਗਰੇਡ ਕਰਨ ਲਈ ਕਈ ਅਹਿਮ ਯੋਜਨਾਵਾਂ ਪਹਿਲਾਂ ਹੀ ਲਾਗੂ ਹੋ ਚੁੱਕੀਆਂ ਹਨ ਅਤੇ ਹੁਣ ਇਹ ਹੈਲਥ ਇੰਸ਼ੋਰੈਂਸ ਕਵਰੇਜ ਪੰਜਾਬ ਲਈ ਸਿਹਤ ਖੇਤਰ ਵਿੱਚ ਇੱਕ ਹੋਰ ਕਾਮਯਾਬੀ ਦੀ ਕਹਾਣੀ ਲਿਖੇਗੀ। ਚੇਅਰਮੈਨ ਨੇ ਜ਼ੋਰ ਦਿੱਤਾ ਕਿ ਇਹ ਫੈਸਲਾ ਇੱਕ ਸਿਹਤਮੰਦ ਪੰਜਾਬ ਦੀ ਨੀਂਹ ਰੱਖੇਗਾ ਅਤੇ ਆਮ ਨਾਗਰਿਕਾਂ ਉੱਤੇ ਇਲਾਜ ਦੇ ਖਰਚੇ ਦੇ ਭਾਰ ਨੂੰ ਘਟਾਏਗਾ।

# ਪਲੇਸਮੈਂਟ ਕੈਂਪ ਦੌਰਾਨ 56 ਸਿੱਖਿਆਰਥੀਆਂ ਦੀ ਰੋਜ਼ਗਾਰ ਲਈ ਚੋਣ



**ਭਲਾਣ (ਹਰਭਜਨ ਢਿੱਲੋਂ)** ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ ਦੇ ਮੰਤਰੀ ਹਰਜੋਤ ਸਿੰਘ ਬੈਂਸ ਦੀ ਅਗਵਾਈ ਹੇਠ, ਡਾਇਰੈਕਟਰ ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ ਦੇ ਨਿਰਦੇਸ਼ਾਂ ਅਨੁਸਾਰ ਸਰਕਾਰੀ ਆਈਟੀਆਈ ਨੰਗਲ ਵਿੱਚ ਪਲੇਸਮੈਂਟ ਕੈਂਪ ਲਗਾਇਆ ਗਿਆ। ਜਿਸ ਵਿੱਚ ਚੀਮਾ ਬੁਆਇਲਰ ਕੁਰਾਲੀ ਅਤੇ ਐੱਸਐੱਮਐੱਲ (ਸਵਰਾਜ ਮਾਜਦਾ ਲਿਮਟਿਡ) ਆਦਿ ਉਦਯੋਗਿਕ ਇਕਾਈਆਂ ਵਲੋਂ ਸ਼ਿਰਕਤ ਕੀਤੀ ਗਈ। ਪ੍ਰਿੰਸੀਪਲ ਗੁਰਨਾਮ ਸਿੰਘ ਭੱਲੜੀ ਨੇ ਦੱਸਿਆ ਕਿ ਇਸ ਪਲੇਸਮੈਂਟ ਕੈਂਪ ਵਿੱਚ ਵੱਖ ਵੱਖ ਟਰੇਡਾਂ ਦੇ ਸਿੱਖਿਆਰਥੀਆਂ ਵਲੋਂ ਭਾਗ ਲਿਆ ਗਿਆ। ਇਸ ਮੌਕੇ ਕੰਪਨੀ ਦੇ ਪ੍ਰਤੀਨਿਧੀਆਂ ਵਲੋਂ ਸਿੱਖਿਆਰਥੀਆਂ ਦੀ ਇੰਟਰਵਿਊ ਲਈ ਗਈ ਅਤੇ ਮੌਕੇ 'ਤੇ ਹੀ 56 ਸਿੱਖਿਆਰਥੀਆਂ ਦੀ ਰੋਜ਼ਗਾਰ ਲਈ ਚੋਣ ਕੀਤੀ ਗਈ। ਪ੍ਰਿੰਸੀਪਲ ਗੁਰਨਾਮ ਸਿੰਘ ਭੱਲੜੀ ਨੇ ਕਿਹਾ ਕਿ ਇਹੋ ਜਿਹੇ ਪਲੇਸਮੈਂਟ ਕੈਂਪ ਨੌਜਵਾਨ ਵਿਦਿਆਰਥੀਆਂ ਨੂੰ ਰੋਜ਼ਗਾਰ ਦੇ ਮੌਕੇ ਉਪਲੱਬਧ ਕਰਵਾਉਣ ਵਿੱਚ ਬਹੁਤ ਸਹਾਈ ਸਿੱਧ ਹੋ ਰਹੇ ਹਨ। ਇਸ ਮੌਕੇ ਟਰੇਨਿੰਗ ਅਫਸਰ ਕਮ ਪਲੇਸਮੈਂਟ ਇੰਚਾਰਜ ਰਾਕੇਸ਼ ਕੁਮਾਰ, ਅਸ਼ਵਨੀ ਕੁਮਾਰ, ਸੰਜੀਵ ਕੁਮਾਰ ਮੱਲੀ, ਵਰਿੰਦਰ ਸਿੰਘ, ਸਹਾਇਕ ਪਲੇਸਮੈਂਟ ਅਫਸਰ ਅਕਾਸ਼ਦੀਪ, ਚੀਮਾਂ ਬੁਆਇਲਰ ਲਿਮਟਡ ਦੇ ਐੱਚਆਰ ਮੈਨੇਜਰ ਗੁਰਪ੍ਰੀਤ ਸਿੰਘ, ਸਵਰਾਜ ਮਾਜਦਾ ਤੋਂ ਸੋਹਣ ਲਾਲ ਤੋਂ ਇਲਾਵਾ ਸਮੂਹ ਸਟਾਫ ਮੈਂਬਰ ਅਤੇ ਸਿੱਖਿਆਰਥੀ ਹਾਜ਼ਰ ਸਨ।

# ਆਪਣੇ ਅਦੀਬਾਂ ਤੇ ਫ਼ਨਕਾਰਾਂ ਨੂੰ ਆਪਾਂ ਵੀ ਸਾਂਭੀਏ : ਸੰਜੀਵਨ

**ਚੰਡੀਗੜ੍ਹ (ਗੁਰਜੀਤ ਬਿੱਲਾ)** ਨਾਟਕਕਾਰ ਅਤੇ ਨਾਟ-ਨਿਰਦੇਸ਼ਕ ਸੰਜੀਵਨ ਸਿੰਘ ਨੇ ਫਿਲਮ ਜਗਤ ਦੇ ਮਹਾਨ ਅਦਾਕਾਰ ਤੇ ਸ਼ੋਅਮੈਨ ਰਾਜ ਕਪੂਰ ਅਤੇ ਜ਼ਹੀਨ ਅਦਾਕਾਰ ਦਲੀਪ ਕੁਮਾਰ ਦੇ ਪੁਸ਼ਤੈਨੀ ਘਰਾਂ ਨੂੰ ਉਧਰਲੇ ਪੰਜਾਬ 'ਚ ਅਜਾਇਬ ਘਰ 'ਚ ਤਬਦੀਲ ਕਰਨ 'ਤੇ ਤਸੱਲੀ ਵਿਅਕਤ ਕਰਦਿਆਂ ਕਿਹਾ ਹੈ ਕਿ ਸਾਨੂੰ ਵੀ ਚਾਹੀਦਾ ਕਿ ਆਪਣੇ ਅਦੀਬਾਂ ਅਤੇ ਫ਼ਨਕਾਰਾਂ ਅਦਬ ਅਤੇ ਫ਼ਨ ਦੀ ਉਨ੍ਹਾਂ ਦੀ ਜਿਉਂਦੇ-ਜੀਅ ਕਦਰ ਕਰਈਏ ਅਤੇ ਉਨ੍ਹਾਂ ਤੋਂ ਬਾਅਦ ਉਨ੍ਹਾਂ ਦੀਆਂ ਕਰਮ-ਭੂਮੀਆਂ ਨੂੰ ਸਾਂਭੀਏ। ਇਹ ਸਿਰਫ਼ ਸਰਕਾਰਾਂ ਦਾ ਹੀ ਨਹੀਂ ਸਾਡਾ ਸਭ ਦਾ ਅਹਿਮ ਅਤੇ ਪਵਿੱਤਰ ਫ਼ਰਜ਼ ਹੋਣਾ ਚਾਹੀਦਾ ਹੋਣਾ ਚਾਹੀਦਾ ਹੈ, ਤਾਂ ਜੋ ਸਾਡੀਆਂ ਆਉਂਣ ਵਾਲੀਆਂ ਨਸਲਾਂ ਉਨ੍ਹਾਂ ਤੋਂ ਸੇਧ ਲੈ ਸਕਣ। ਸੰਜੀਵਨ ਨੇ ਇਹ ਵੀ ਖੁਲਾਸਾ ਕੀਤਾ ਆਪਣੇ ਸਮਿਆਂ ਦੇ ਫਿਲਮੀ ਜਗਤ ਅਤੇ ਰੰਗਮੰਚ ਦੇ ਮਾਹਨ ਅਦਾਕਾਰ ਅਤੇ ਇਪਟਾ ਦੇ ਬਾਨੀਆਂ ਵਿਚ ਸ਼ੁਮਾਰ ਪ੍ਰਿਥਵੀ ਰਾਜ ਕਪੂਰ ਪਿੰਡ ਲਸਾੜਾ ਤਹਿਸੀਲ ਫਿਲੌਰ ਜ਼ਿਲ੍ਹਾ ਜਲੰਧਰ ਨਾਲ ਜਜ਼ਬਾਤੀ ਸਾਂਝ ਸੀ। ਕਿਉਂਕਿ ਅਜ਼ਾਦੀ ਤੋਂ ਬਾਅਦ ਹਵੇਲੀ ਅਤੇ ਵਾਹੀਯੋਗ ਜ਼ਮੀਨ ਅਲਾਟ ਹੋਣ ਕਰਕੇ ਲਸਾੜੇ ਵੱਸਣ ਦੀ ਤਮੰਨਾ ਹੋਣ ਦੇ ਬਾਵਜੂਦ ਭਾਵੇਂ ਵੱਸ ਨਾ ਸਕੇ। ਉਨ੍ਹਾਂ ਨੂੰ ਲਸਾੜੇ ਹਵੇਲੀ ਅਤੇ ਵਾਹੀਯੋਗ ਜ਼ਮੀਨ ਅਲਾਟ ਹੋਈ ਸੀ। ਜ਼ਮੀਨ ਉਨ੍ਹਾਂ ਵੇਚ ਦਿੱਤੀ ਸੀ ਪਰ ਹਵੇਲੀ ਹੈ, ਜੋ ਰੱਖ-ਰੱਖਾਓ ਦੀ ਘਾਟ ਕਾਰਕੇ ਖੰਡਰ ਅਤੇ ਖਸਤਾ ਹਾਲ ਹੈ।



ਇਕ ਵੱਖਰੇ ਬਿਆਨ ਵਿਚ ਉਨ੍ਹਾਂ ਗਲਤ ਕੰਮਾਂ ਤੋਂ ਵਰਜਣ ਕਾਰਣ ਗੁਰੂ ਪੂਰਨਿਮਾ ਵਾਲੇ ਦਿਨ ਚੇਲਿਆਂ ਵੱਲੋਂ ਗੁਰੂ ਦੀ ਹੱਤਿਆਂ ਅਤੇ ਲੋਕਾਂ ਦੀ ਚੋਭਾਂ ਤੋਂ ਅੱਕ ਕੇ ਟੈਨਸ ਦੀ ਖਿਡਾਰਨ ਧੀ ਦਾ ਪਿਓ ਵੱਲੋਂ ਕਤਲ ਕਰਨ 'ਤੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਤਾਰ-ਤਾਰ ਹੋ ਰਹੇ ਰਿਸ਼ਤਿਆਂ ਨੂੰ ਬਚਾਉਂਣ ਲਈ ਸਾਡੇ ਸਭ ਸਮੇਤ ਹਾਕਮਾਂ ਨੇ ਹਾਲੇ ਵੀ ਗੰਭੀਰਤਾ ਨਾਲ ਨਹੀਂ ਲਿਆ ਇਨਸਾਨ ਅਤੇ ਜਾਨਵਰ ਵਿਚ ਫਰਕ ਮਿੱਟ ਜਾਵੇਗਾ।

# ਸੈਣੀ ਗੁਰੂ ਪੂਰਨਿਮਾ ਦੇ ਪ੍ਰੋਗਰਾਮ 'ਚ ਸ਼ਾਮਲ ਹੋਏ

**ਜਲੰਧਰ (ਸੁਰਿੰਦਰ ਕੁਮਾਰ)** ਇਥੇ ਹਰਿਆਣਾ ਦੇ ਸੀ ਐੱਮ ਨਾਇਬ ਸਿੰਘ ਸੈਣੀ ਗੁਰੂ ਪੂਰਨਿਮਾ ਦੇ ਆਯੋਜਿਤ ਪ੍ਰੋਗਰਾਮ 'ਚ ਸ਼ਾਮਲ ਹੋਏ। ਇਸ ਸਮਾਰੋਹ ਦਾ ਆਯੋਜਨ ਨੂਰਮਹਿਲ ਸਥਿਤ ਦਿਵਿਆ ਜੋਤੀ ਜਾਗ੍ਰਿਤੀ ਸੰਸਥਾਨ 'ਚ ਕੀਤਾ ਗਿਆ।ਹਰਿਆਣਾ ਦੇ ਮੁੱਖ ਮੰਤਰੀ ਸਮੇਤ, ਕੇਂਦਰੀ ਮੰਤਰੀ ਰਵਨੀਤ ਬਿੱਟੂ, ਸਾਬਕਾ ਮੰਤਰੀ ਮਨੋਰੰਜਨ ਕਾਲੀਆ ਸਮੇਤ ਕਈ ਦਿੱਗਜ ਨੇਤਾ ਨੇ ਸ਼ਿਰਕਤ ਕੀਤੀ।ਇਸ ਤੋਂ ਇਲਾਵਾ ਸੀ





ਐੱਮ ਨਾਇਬ ਸਿੰਘ ਸੈਣੀ ਨੇ ਸਵਾਮੀ ਮੋਹਣ ਦਾਸ ਆਸ਼ਰਮ 'ਚ ਚੱਲ ਰਹੇ ਸਮਾਗਮ 'ਚ ਵੀ ਹਿੱਸਾ ਲਿਆ। ਰਵਨੀਤ ਬਿੱਟੂ ਨੇ ਪੂਰੇ ਪੰਜਾਬ ਵਾਸੀਆਂ ਨੂੰ ਗੁਰੂ ਪੂਰਨਿਮਾ ਦੀਆਂ ਵਧਾਈਆਂ ਦਿੱਤੀਆਂ। ਉੱਥੇ ਹੀ ਸੰਸਥਾਨ 'ਤੇ ਭਾਰੀ ਗਿਣਤੀ 'ਚ ਸੰਗਤ ਪਹੁੰਚੀ ਉਨ੍ਹਾਂ ਨੇ ਕਿਹਾ ਲੋਕਾਂ 'ਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਉਨ੍ਹਾਂ ਨੇ ਗੁਰੂ ਪੂਰਨਿਮਾ ਦੇ ਦਿਨ ਪੰਜਾਬ ਨੂੰ ਰੰਗਲਾ ਪੰਜਾਬ ਬਣਾਉਣ ਦੀ ਅਰਦਾਸ ਕੀਤੀ ।

# ਸਿਟੀ ਮੰਡਲ ਪੈਨਸ਼ਨਰ ਐਸੋਸੀਏਸ਼ਨ ਦੀ ਹੋਈ ਮਹੀਨਾਵਾਰ ਮੀਟਿੰਗ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸਿਟੀ ਮੰਡਲ ਹੁਸ਼ਿਆਰਪੁਰ ਪੈਨਸ਼ਨਰਜ਼ ਐਸੋਸੀਏਸ਼ਨ ਦੀ ਮਹੀਨਾ ਵਾਰ ਮੀਟਿੰਗ ਖੁਸ਼ੀ ਰਾਮ ਧੀਮਾਨ ਪ੍ਰਧਾਨ ਸ਼ਹਿਰੀ ਮੰਡਲ ਹੁਸ਼ਿਆਰਪੁਰ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਧੀਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਅਤੇ ਬਿਜਲੀ ਬੋਰਡ ਮੈਨੇਜਮੈਂਟ ਕਰਮਚਾਰੀ ਯੂਨੀਅਨਾਂ ਅਤੇ ਪੈਨਸ਼ਨਰਜ਼ ਐਸੋਸੀਏਸ਼ਨ ਨਾਲ ਮੰਗਾਂ 'ਤੇ ਹੋਏ ਸਮਝੌਤਿਆਂ ਨੂੰ ਲਾਗੂ ਨਹੀਂ ਕਰ ਰਹੀ ਹੈ। ਮੀਟਿੰਗਾਂ ਤੋਂ ਬਾਅਦ ਮੀਟਿੰਗਾਂ ਬੁਲਾ ਕੇ ਟਾਲ-ਮਟੋਲ ਦੀ ਨੀਤੀ ਅਪਣਾਈ ਜਾ ਰਹੀ ਹੈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਗੁਰਮੇਲ ਸਿੰਘ, ਠਾਕੁਰ ਅਵਤਾਰ ਸਿੰਘ, ਦੀਦਾਰ ਸਿੰਘ, ਸੰਤੋਸ਼ ਕੁਮਾਰ, ਅਸ਼ਵਨੀ ਕੁਮਾਰ, ਮਨਦੀਪ ਸਿੰਘ, ਮੰਗਲ ਸਿੰਘ, ਜੈਦੇਵ, ਰੋਸ਼ਨ ਲਾਲ, ਸ਼ਾਦੀ ਲਾਲ, ਹਰਭਜਨ ਸਿੰਘ ਆਦਿ ਨੇ ਕਿਹਾ ਕਿ ਪੰਜਾਬ ਸਰਕਾਰ ਨੂੰ ਕਰਮਚਾਰੀਆਂ ਦੀਆਂ ਯੂਨੀਅਨਾਂ ਨਾਲ ਮੀਟਿੰਗ ਕਰਨੀ ਚਾਹੀਦੀ ਹੈ ਅਤੇ ਮੰਨੀਆਂ ਗਈਆਂ ਮੰਗਾਂ ਦਾ ਨੋਟੀਫਿਕੇਸ਼ਨ ਜਾਰੀ ਕਰਨਾ ਚਾਹੀਦਾ ਹੈ।

# ਆਸ਼ੀਰਵਾਦ ਯੋਜਨਾ: 1257 ਲਾਭਪਾਤਰੀਆਂ ਨੂੰ 6.41 ਕਰੋੜ ਰੁਪਏ ਦੀ ਮਨਜ਼ੂਰੀ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਲੋਕ ਸਭਾ ਮੈਂਬਰ ਡਾ. ਰਾਜਕੁਮਾਰ ਚੱਬੇਵਾਲ ਨੇ ਪੰਜਾਬ ਸਰਕਾਰ ਦੀ ਆਸ਼ੀਰਵਾਦ ਯੋਜਨਾ ਤਹਿਤ ਹੁਸ਼ਿਆਰਪੁਰ ਜ਼ਿਲ੍ਹੇ ਦੇ 1257 ਲਾਭਪਾਤਰੀਆਂ ਨੂੰ 6 ਕਰੋੜ 41 ਲੱਖ 7 ਹਜ਼ਾਰ ਰੁਪਏ ਦੀ ਵਿੱਤੀ ਸਹਾਇਤਾ ਮਨਜ਼ੂਰ ਹੋਣ 'ਤੇ ਵਧਾਈ ਦਿੱਤੀ। ਉਨ੍ਹਾਂ ਇਸ ਯੋਜਨਾ ਨੂੰ ਸਮਾਜਿਕ ਸੁਰੱਖਿਆ ਅਤੇ ਆਰਥਿਕ ਸਸ਼ਕਤੀਕਰਨ ਵੱਲ ਇੱਕ ਮਹੱਤਵਪੂਰਨ ਕਦਮ ਕਰਾਰ ਦਿੱਤਾ।ਚੱਬੇਵਾਲ ਵਿਧਾਨ ਸਭਾ ਖੇਤਰ ਦੇ 108 ਲਾਭਪਾਤਰੀਆਂ ਨੂੰ 55 ਲੱਖ 8 ਹਜ਼ਾਰ ਰੁਪਏ ਦੀ ਸਹਾਇਤਾ ਰਾਸ਼ੀ ਮਨਜ਼ੂਰ ਕੀਤੀ ਗਈ ਹੈ। ਇਸ ਮੌਕੇ ਆਯੋਜਿਤ ਵਿਸ਼ੇਸ਼ ਸਮਾਰੋਹ ਵਿੱਚ ਲਾਭਪਾਤਰੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਪੰਜਾਬ ਸਰਕਾਰ ਪ੍ਰਤੀ ਆਪਣਾ ਧੰਨਵਾਦ ਪ੍ਰਗਟਾਇਆ।ਡਾ. ਚੱਬੇਵਾਲ ਨੇ ਕਿਹਾ ਕਿ ਆਸ਼ੀਰਵਾਦ ਯੋਜਨਾ ਸਮਾਜ ਦੇ ਕਮਜ਼ੋਰ ਵਰਗਾਂ, ਖ਼ਾਸ ਕਰਕੇ ਬੇਟੀਆਂ ਦੀ ਵਿਆਹ ਲਈ ਵਿੱਤੀ ਸਹਾਇਤਾ ਦੇ ਕੇ ਉਨ੍ਹਾਂ ਦੇ ਸਨਮਾਨ ਅਤੇ ਪਰਵਾਰ ਦੀ ਸਮਾਜਿਕ ਸੁਰੱਖਿਆ ਨੂੰ ਮਜ਼ਬੂਤ ਕਰਦੀ ਹੈ। ਉਨ੍ਹਾਂ ਕਿਹਾ ਕਿ ਆਸ਼ੀਰਵਾਦ ਯੋਜਨਾ ਨਾ ਸਿਰਫ ਆਰਥਿਕ ਰਾਹਤ ਦਿੰਦੀ ਹੈ, ਸਗੋਂ ਸਮਾਜਿਕ ਸਮਾਨਤਾ ਨੂੰ ਵੀ ਉਤਸ਼ਾਹਿਤ ਕਰਦੀ ਹੈ। ।ਇਸ ਮੌਕੇ ਅਮਰਜੀਤ ਸਿੰਘ ਸਮੇਤ ਹੋਰ ਪਤਵੰਤੇ ਮੌਜੂਦ ਸਨ।

# ਰੇਲ ਗੱਡੀ ਦੀ ਲਪੇਟ 'ਚ ਆਉਣ ਕਾਰਨ ਮੌਤ

**ਫਿਲੌਰ (ਨਿਰਮਲ, ਬਿੰਦਰ ਸੁਮਨ)**- ਰੇਲਵੇ ਪੁਲਸ ਚੌਂਕੀ ਗੁਰਾਇਆ ਦੇ ਇੰਚਾਰਜ ਥਾਣੇਦਾਰ ਮਦਨ ਲਾਲ ਨੇ ਦੱਸਿਆ ਕਿ ਫਿਲੌਰ-ਗੁਰਾਇਆਂ ਰੇਲਵੇ ਲਾਈਨਾਂ 'ਤੇ ਕੰਮ ਕਰਦੇ ਵਿਅਕਤੀ ਦੀ ਲਾਸ਼ ਮਿਲੀ। ਮ੍ਰਿਤਕ ਦੀ ਪਹਿਚਾਣ ਸ਼ੋਟੂ ਅਨਰਾਗੀ ਪੁੱਤਰ ਲੇਟ ਕਿਸ਼ੋਰ ਅਨਰਾਗੀ ਮੱਧ ਪ੍ਰਦੇਸ਼ ਵਜੋਂ ਹੋਈ, ਜੋ ਕੰਮ ਕਰਨ ਵਾਸਤੇ ਪੰਜਾਬ ਵਿੱਚ ਦੋ ਦਿਨ ਪਹਿਲਾਂ ਹੀ ਆਪਣੇ ਮਾਮੇ ਕੋਲ ਆਇਆ ਹੋਇਆ ਸੀ। ਜਦੋਂ ਕਵਾਟਰ ਤੋਂ ਕੰਮ ਕਰਨ ਵਾਸਤੇ ਰੇਲਵੇ ਲਾਈਨਾਂ 'ਤੇ ਗਿਆ ਤਾਂ ਉਸ ਨੇ ਰੇਲਵੇ ਲਾਈਨ 'ਤੇ ਆਉਂਦੀ ਹੋਈ ਰੇਲ ਗੱਡੀ ਨੂੰ ਨਹੀਂ ਵੇਖਿਆ ਅਤੇ ਕਿਸੇ ਨਾਮਾਲੂਮ ਰੇਲ ਗੱਡੀ ਦੀ ਲਪੇਟ 'ਚ ਆਉਣ ਕਾਰਨ ਮੌਤ ਹੋ ਗਈ। ਲਾਸ਼ ਪੋਸਟਮਾਰਟਮ ਲਈ ਫਿਲੌਰ ਸਿਵਲ ਹਸਪਤਾਲ ਵਿਖੇ ਭੇਜ ਕੇ ਪੋਸਟਮਾਰਟਮ ਉਪਰੰਤ ਲਾਸ਼ ਵਾਰਸਾਂ ਦੇ ਹਵਾਲੇ ਕਰ ਦਿੱਤੀ ਜਾਵੇਗੀ।

# ਬਿਜਲੀ ਮੰਤਰੀ ਨੇ ਇੰਜੀ. ਸੈਣੀ ਨੂੰ ਪੀ ਐੱਸ ਈ ਆਰ ਸੀ ਦੇ ਮੈਂਬਰ ਵਜੋਂ ਚੁਕਾਈ ਸਹੁੰ

**ਚੰਡੀਗੜ੍ਹ (ਗੁਰਜੀਤ ਬਿੱਲਾ)**— ਬਿਜਲੀ ਮੰਤਰੀ ਪੰਜਾਬ ਹਰਭਜਨ ਸਿੰਘ ਈ.ਟੀ.ਓ. ਨੇ ਪੰਜਾਬ ਭਵਨ ਵਿਖੇ ਕਰਵਾਏ ਗਏ ਇੱਕ ਸ਼ਾਨਦਾਰ ਸਮਾਰੋਹ ਦੌਰਾਨ ਪੰਜਾਬ ਸਰਕਾਰ ਵੱਲੋਂ ਪੰਜਾਬ ਰਾਜ ਬਿਜਲੀ ਰੈਗੂਲੇਟਰੀ ਕਮਿਸ਼ਨ (ਪੀ.ਐਸ.ਈ.ਆਰ.ਸੀ.) ਦੇ ਮੈਂਬਰ ਵਜੋਂ ਨਿਯੁਕਤ ਕੀਤੇ ਗਏ ਇੰਜੀ. ਰਵਿੰਦਰ ਸਿੰਘ ਸੈਣੀ ਨੂੰ ਅਹੁਦੇ ਦੀ ਸਹੁੰ ਚੁਕਾਈ।ਸਹੁੰ ਚੁੱਕ ਸਮਾਗਮ ਉਪਰੰਤ ਮੀਡੀਆ ਨਾਲ ਗੱਲਬਾਤ ਕਰਦਿਆਂ ਬਿਜਲੀ ਮੰਤਰੀ ਨੇ ਕਿਹਾ ਕਿ ਇੰਜੀਨੀਅਰ ਸੈਣੀ ਕੋਲ ਪੰਜਾਬ ਦੇ ਬਿਜਲੀ ਖੇਤਰ ਦਾ ਵਿਆਪਕ ਤਜਰਬਾ



ਅਤੇ ਡੂੰਘੀ ਸਮਝ ਹੈ, ਜੋ ਪੀ.ਐਸ.ਈ.ਆਰ.ਸੀ. ਦੇ ਕੰਮਕਾਜ ਨੂੰ ਹੋਰ ਬਿਹਤਰ ਬਣਾਉਣ ਵਿੱਚ ਮਦਦ ਕਰੇਗੀ। ਉਨ੍ਹਾਂ ਆਸ ਪ੍ਰਗਟਾਈ ਕਿ ਇਸ ਨਿਯੁਕਤੀ ਨਾਲ, ਕਮਿਸ਼ਨ ਆਪਣੀ ਪੂਰੀ ਸਮਰੱਥਾ ਨਾਲ ਨਿਰਪੱਖ ਨਿਯਮਾਂ ਨੂੰ ਯਕੀਨੀ ਬਣਾਉਣ, ਪਾਰਦਰਸ਼ਤਾ ਨੂੰ ਉਤਸ਼ਾਹਿਤ ਕਰਨ ਅਤੇ ਖਪਤਕਾਰਾਂ, ਉਪਯੋਗਤਾਵਾਂ ਤੇ ਭਾਈਵਾਲਾਂ ਦੇ ਹਿੱਤਾਂ ਦੀ ਰੱਖਿਆ ਕਰਨ ਲਈ ਬਿਹਤਰ ਢੰਗ ਨਾਲ ਕੰਮ ਕਰੇਗਾ। ਮੰਤਰੀ ਨੇ ਕਿਹਾ ਕਿ ਬਿਜਲੀ ਖੇਤਰ ਵਿੱਚ ਸੈਣੀ ਨੇ ਵਡਮੁੱਲਾ ਯੋਗਦਾਨ ਪਾਇਆ ਹੈ ਅਤੇ ਕਮਿਸ਼ਨ ਵਿੱਚ ਉਨ੍ਹਾਂ ਦੀ ਨਿਯੁਕਤੀ ਨਿਸ਼ਚਤ ਤੌਰ 'ਤੇ ਇਸਦੀ ਰੈਗੂਲੇਟਰੀ ਕੁਸ਼ਲਤਾ ਵਿੱਚ ਵਾਧਾ ਕਰੇਗੀ। ਈ.ਟੀ.ਓ. ਨੇ ਕਿਹਾ ਕਿ ਇਸ ਨਿਯੁਕਤੀ ਨਾਲ, ਪੀ.ਐਸ.ਈ.ਆਰ.ਸੀ. ਕੋਲ ਹੁਣ ਤਿੰਨ ਮੈਂਬਰਾਂ ਹੋਣਗੇ, ਜਿਹਨਾਂ ਵਿੱਚ ਚੇਅਰਪਰਸਨ ਵਿਸ਼ਵਜੀਤ ਖੰਨਾ (ਸੇਵਾਮੁਕਤ ਆਈ.ਏ.ਐਸ.), ਮੈਂਬਰ ਪਰਮਜੀਤ ਸਿੰਘ ਅਤੇ ਮੈਂਬਰ ਇੰਜੀਨੀਅਰ ਰਵਿੰਦਰ ਸਿੰਘ ਸੈਣੀ ਸ਼ਾਮਲ ਹਨ। ਦੂਜੇ ਮੈਂਬਰ ਦਾ ਅਹੁਦਾ ਕੁਝ ਸਮੇਂ ਤੋਂ ਖਾਲੀ ਪਿਆ ਸੀ ਅਤੇ ਸੈਣੀ ਦੀ ਨਿਯੁਕਤੀ ਹੋਣ ਨਾਲ ਰੈਗੂਲੇਟਰੀ ਪ੍ਰਕਿਰਿਆਵਾਂ ਅਤੇ ਲੰਬਿਤ ਮਾਮਲਿਆਂ ਵਿੱਚ ਤੇਜ਼ੀ ਆਉਣ ਦੀ ਉਮੀਦ ਹੈ।ਇਸ ਮੌਕੇ ਊਰਜਾ ਵਿਭਾਗ ਦੇ ਪ੍ਰਮੁੱਖ ਸਕੱਤਰ ਅਜੋਏ ਕੁਮਾਰ ਸਿਨਹਾ ਆਈ.ਏ.ਐਸ, ਡਾਇਰੈਕਟਰ ਜਨਰੇਸ਼ਨ ਇੰਜੀ. ਹਰਜੀਤ ਸਿੰਘ, ਡਾਇਰੈਕਟਰ ਕਮਰਸ਼ੀਅਲ ਇੰਜੀ. ਹੀਰਾ ਲਾਲ ਗੋਇਲ, ਡਾਇਰੈਕਟਰ ਟੈਕਨੀਕਲ ਪੀ.ਐਸ.ਟੀ.ਸੀ.ਐਲ. ਇੰਜੀ. ਸੰਜੀਵ ਸੂਦ, ਡਾਇਰੈਕਟਰ ਵਿੱਤ ਐਸ.ਕੇ. ਬੇਰੀ, ਡਾਇਰੈਕਟਰ ਵਿੱਤ ਪੀ.ਐਸ.ਟੀ.ਸੀ.ਐਲ. ਵਿਨੋਦ ਕੁਮਾਰ ਬਾਂਸਲ ਅਤੇ ਡਾਇਰੈਕਟਰ ਐਡਮਿਨ ਜਸਵੀਰ ਸਿੰਘ ਸੁਰਸਿੰਘ ਮੌਜੂਦ ਸਨ।

# ਐਮਾ ਜੱਟਾਂ- ਪਠਲਾਵਾ ਸੜਕ ਬਣਾਉਣ ਦੀ ਮੰਗ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**—ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਕੁਲਵਰਨ ਰਾਮ ਜੱਸਾ ਐਮਾ ਦੀ ਅਗਵਾਈ ਵਿੱਚ ਐਮਾ ਜੱਟਾਂ ਪਠਲਾਵਾ ਅਤੇ ਆਸ ਪਾਸ ਦੇ ਪਿੰਡਾਂ ਦੇ ਲੋਕਾਂ ਨੇ ਮਾਰਕੀਟ ਕਮੇਟੀ ਗੜ੍ਹਸ਼ੰਕਰ ਦੇ ਚੇਅਰਮੈਨ ਬਲਦੀਪ ਸਿੰਘ ਸੈਣੀ ਦੇ ਦਫਤਰ ਵਿੱਚ ਮੁਲਾਕਾਤ



ਕੀਤੀ ਤੇ ਐਮਾ ਜੱਟਾਂ ਤੋਂ ਪੁਠਲਾਵੇ ਨੂੰ ਜਾਣ ਵਾਲੀ ਸੜਕ ਬਣਾਉਣ ਦੀ ਮੰਗ ਕੀਤੀ। ਸਰਪੰਚ ਮਨਜੀਤ ਸਿੰਘ, ਬਲਵੀਰ ਸਿੰਘ ਢਿੱਲੋਂ, ਸਾਬਕਾ ਸਰਪੰਚ ਪਠਲਾਵਾ ਕੁਲਦੀਪ ਸਿੰਘ, ਸੁਰਿੰਦਰ ਸਿੰਘ, ਦਵਿੰਦਰ ਸਿੰਘ, ਜਸਪਾਲ ਰਲ, ਪੰਨੂ ਐਮਾ ਆਸ-ਪਾਸ ਦੇ ਪਿੰਡਾਂ ਦੇ ਲੋਕ ਹਾਜਰ ਸਨ। ਸੈਣੀ ਨੇ ਕਿਹਾ ਕਿ ਗੜ੍ਹਸ਼ੰਕਰ ਮਾਰਕੀਟ ਕਮੇਟੀ ਵਿੱਚ ਜਿੰਨੀਆਂ ਵੀ ਸੜਕਾਂ ਹਨ ਉਹ ਜਲਦੀ ਬਣਾ ਦਿੱਤੀਆਂ ਜਾਣਗੀਆਂ। ਇਸ ਮੌਕੇ ਆਪ ਆਗੂ ਤਰੁਣ ਅਰੋੜਾ ਪੰਜਾਬ ਪ੍ਰਧਾਨ ਅਰੋੜਾ ਮਹਾ ਸਭਾ ਯੂਥ ਵੀ ਹਾਜਰ ਸਨ।

# ਇੰਡੀਅਨ ਨੇਵੀ 'ਚ ਭਰਤੀ ਲਈ ਰਜਿਸਟ੍ਰੇਸ਼ਨ ਲਿੰਕ ਖੁੱਲ੍ਹਿਆ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**— ਜ਼ਿਲ੍ਹਾ ਐਸ.ਏ.ਐਸ ਨਗਰ ਦੇ ਬੇਰੋਜ਼ਗਾਰ ਨੌਜਵਾਨ ਜੋ ਇੰਡੀਅਨ ਨੇਵੀ ਵਿੱਚ ਭਰਤੀ ਹੋਣ ਦੇ ਚਾਹਵਾਨ ਹਨ, ਉਨ੍ਹਾਂ ਨੌਜਵਾਨਾਂ ਲਈ ਇੰਡੀਅਨ ਨੇਵੀ ਦੀ ਭਰਤੀ ਲਈ ਆਨਲਾਇਨ ਰਜਿਸਟ੍ਰੇਸ਼ਨ ਮਿਤੀ 05-07-2025 ਤੋਂ ਸ਼ੁਰੂ ਹੋ ਚੁੱਕੀ ਹੈ।ਹਰਪ੍ਰੀਤ ਸਿੰਘ ਮਾਨਸ਼ਾਹੀਆ, ਡਿਪਟੀ ਡਾਇਰੈਕਟਰ, ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵੱਲੋਂ ਦੱਸਿਆ ਗਿਆ ਕਿ ਇੰਡੀਅਨ ਨੇਵੀ ਦੀ ਭਰਤੀ ਜਿਸ ਵਿੱਚ ਗਰੁੱਪ-ਬੀ (ਐੱਨ. ਜੀ.) ਅਤੇ ਗਰੁੱਪ-ਸੀ ਦੀਆਂ ਅਸਾਮੀਆਂ ਲਈ ਮਿਤੀ 05-07-2025 ਤੋਂ ਮਿਤੀ 18-07-2025 ਤੱਕ ਆਨਲਾਈਨ ਰਜਿਸਟ੍ਰੇਸ਼ਨ ਕੀਤੀ ਜਾ ਸਕਦੀ ਹੈ। ਇਸ ਸਬੰਧੀ ਜ਼ਿਲ੍ਹਾ ਐੱਸ ਏ ਐੱਸ ਨਗਰ ਦੇ ਨੌਜਵਾਨਾਂ ਨੂੰ ਅਪੀਲ ਕੀਤੀ ਗਈ ਕਿ ਚਾਹਵਾਨ ਪ੍ਰਾਰਥੀ ਇੰਡੀਅਨ ਨੇਵੀ ਲਈ ਆਲਨਾਈਨ ਵੈਬਸਾਈਟ www.joinindiannavy.gov.in 'ਤੇ ਅਪਲਾਈ ਕਰ ਸਕਦੇ ਹਨ।

# ਬੈਂਸ ਨੇ ਸੱਧੇਵਾਲ ਵਾਸੀਆਂ ਨਾਲ ਕੀਤੇ ਵਾਅਦੇ ਨੂੰ ਪਾਇਆ ਬੂਰ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)** ਹਰਜੋਤ ਬੈਂਸ ਕੈਬਨਿਟ ਮੰਤਰੀ ਵੱਲੋਂ ਆਪਣੇ ਵਿਧਾਨ ਸਭਾ ਹਲਕੇ ਸ੍ਰੀ ਅਨੰਦਪੁਰ ਸਾਹਿਬ ਨੂੰ ਪੰਜਾਬ ਦਾ ਨੰਬਰ ਇੱਕ ਹਲਕਾ ਬਣਾਉਣ ਦੇ ਦਾਅਵੇ ਨੂੰ ਹੁਣ ਬੂਰ ਪੈ ਰਿਹਾ ਹੈ। ਉਨ੍ਹਾਂ ਵੱਲੋਂ ਇਲਾਕੇ ਦੇ ਪਿੰਡਾਂ ਨੂੰ ਜਾਣ ਵਾਲੇ ਸੰਪਰਕ ਮਾਰਗ, ਅੰਦਰੂਨੀ ਸੜਕਾਂ, ਗਲੀਆਂ ਨਾਲੀਆਂ ਦੀ ਮੁਰੰਮਤ, ਖਾਲਿਆਂ, ਟੋਬਿਆਂ ਦੀ ਸਫਾਈ, ਖੇਡ ਮੈਦਾਨਾਂ, ਸਕੂਲਾਂ ਵਿੱਚ ਵਿਕਾਸ ਦੇ ਕੰਮ ਜੰਗੀ ਪੱਧਰ 'ਤੇ ਚਲਾਏ ਜਾ ਰਹੇ ਹਨ। ਪਿਛਲੇ ਲਗਭਗ ਦੋ ਮਹੀਨੇ ਤੋਂ ਬੈਂਸ ਆਪਣੇ ਵਿਧਾਨ ਸਭਾ ਹਲਕੇ ਦੇ ਦਰਿਆਵਾਂ, ਨਹਿਰਾਂ ਨਾਲ ਲੱਗਦੇ ਪਿੰਡਾਂ ਦਾ ਦੌਰਾ ਕਰਕੇ ਹੜ੍ਹਾਂ ਦੀ ਮਾਰ ਨਾਲ ਪ੍ਰਭਾਵਿਤ ਹੋਣ ਵਾਲੇ ਪਿੰਡਾਂ ਵਿੱਚ ਹੜ੍ਹ ਰੋਕੂ ਪ੍ਰਬੰਧਾਂ ਦਾ ਜਾਇਜ਼ਾ ਲੈ ਰਹੇ ਹਨ ਅਤੇ ਅਧਿਕਾਰੀਆਂ ਨੂੰ ਦਿਸ਼ਾ ਨਿਰਦੇਸ਼ ਜਾਰੀ ਕਰ ਰਹੇ ਹਨ, ਜਿਸ ਨਾਲ ਉਨ੍ਹਾਂ ਦੇ ਹਲਕੇ ਦੇ ਪਿੰਡਾਂ ਦੇ ਵਸਨੀਕਾਂ ਵਿੱਚ ਕੈਬਨਿਟ ਮੰਤਰੀ ਦੀ ਕਾਰਗੁਜਾਰੀ ਦੀ ਭਰਪੂਰ ਸ਼ਲਾਘਾ ਹੋ ਰਹੀ ਹੈ।ਪਿੰਡ ਸੱਧੇਵਾਲ ਦੇ ਵਾਸੀਆਂ ਜਸਵੰਤ ਸਿੰਘ ਸਰਪੰਚ, ਅੰਮ੍ਰਿਤਪਾਲ ਸਿੰਘ ਪੰਚ, ਭੁਪਿੰਦਰ ਸਿੰਘ ਪੰਚ, ਕ੍ਰਿਸ਼ਨਾ ਦੇਵੀ ਪੰਚ, ਸਪਨਾ ਸ਼ਰਮਾ ਪੰਚ, ਸੱਤ ਪ੍ਰਕਾਸ਼ ਸਿੰਘ ਪੰਚ, ਸਰੋਵਰ ਦੇਵੀ ਪੰਚ, ਜਤਿਨ ਧੀਮਾਨ ਪੰਚ, ਭਾਗ ਸਿੰਘ, ਭੂਸ਼ਣ ਧਰਮਾਣੀ, ਰਜਿੰਦਰ ਕੁਮਾਰ, ਮੋਹਨ ਸਿੰਘ, ਰਵਿੰਦਰ ਸਿੰਘ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕੀਤੇ ਜਾ ਰਹੇ ਹਨ।

# ਸ੍ਰੀ ਗੁਰੂ ਰਵਿਦਾਸ ਭਵਨ ਦਾ 40ਵਾਂ ਸਥਾਪਨਾ ਦਿਵਸ ਤੇ ਪੂਰਨਮਾਸ਼ੀ ਦਾ ਦਿਹਾੜਾ ਮਨਾਇਆ





**ਅੱਡਾ ਸਰਾਂ (ਜਸਵੀਰ ਕਾਜਲ/ਉਂਕਾਰ ਸਿੰਘ)**- ਸ੍ਰੀ ਗੁਰੂ ਰਵਿਦਾਸ ਭਵਨ ਦਾ ਸਥਾਪਨਾ ਦਿਵਸ ਅਤੇ ਪੂਰਨਮਾਸ਼ੀ ਦਾ ਦਿਹਾੜਾ ਸ੍ਰੀ ਗੁਰੂ ਰਵਿਦਾਸ ਭਵਨ ਦਸ਼ਮੇਸ਼ ਨਗਰ ਟਾਂਡਾ ਵਿਖੇ ਸ਼ਰਧਾਪੂਰਵਕ ਮਨਾਇਆ ਗਿਆ। ਪ੍ਰਬੰਧਕ ਕਮੇਟੀ ਵੱਲੋਂ ਮੀਰਾ ਬਾਈ ਸਭਾ, ਡਾਕਟਰ ਅੰਬੇਡਕਰ ਕਲੱਬ ਤੇ ਨਗਰ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਕਰਵਾਏ ਗਏ ਸਮਾਗਮ ਦੀ ਆਰੰਭਤਾ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਨਾਲ ਹੋਈ ਅਤੇ ਉਪਰੰਤ ਸੋਦਰ ਰਹਿਰਾਸ ਸਾਹਿਬ ਦੇ ਪਾਠ ਕੀਤੇ ਗਏ। ਇਸ ਸਮੇਂ ਕਰਵਾਏ ਗਏ ਕੀਰਤਨ ਦਰਬਾਰ ਵਿੱਚ ਛੋਟੇ ਬੱਚਿਆਂ ਤੋਂ ਇਲਾਵਾ ਭਾਈ ਨਰਿੰਦਰ ਸਿੰਘ ਤੇ ਸੰਤ ਬਾਬਾ ਗੁਰਬਖਸ਼ ਸਿੰਘ ਸ੍ਰੀ ਗੁਰੂ ਰਵਿਦਾਸੀਆ ਧਰਮ ਪ੍ਰਚਾਰਕ ਸਭਾ ਵਾਲਿਆਂ ਨੇ ਸੰਗਤਾਂ ਨੂੰ ਕੀਰਤਨ ਦੁਆਰਾ ਨਿਹਾਲ ਕੀਤਾ।ਇਸ ਮੌਕੇ ਸੰਤ ਗੁਰਬਖਸ਼ ਸਿੰਘ ਨੇ ਸਤਿਗੁਰੂ ਜੀ ਦੀ ਬਾਣੀ ਦੇ ਨਾਲ ਜੋੜਿਆ ਤੇ ਉਹਨਾਂ ਦੇ ਜੀਵਨੀ ਤੋਂ ਜਾਣੂ ਕਰਵਾਇਆ। ਇਸ ਮੌਕੇ ਸ੍ਰੀ ਗੁਰੂ ਰਵਿਦਾਸ ਭਵਨ ਦੇ ਮੁੱਖ ਸੇਵਾਦਾਰ ਜਗਦੀਸ਼ ਕੁਮਾਰ ਰਿੰਕਾ ਨੇ ਸਮੂਹ ਸੰਗਤਾਂ ਨੂੰ ਸ੍ਰੀ ਗੁਰੂ ਰਵਿਦਾਸ ਭਵਨ ਦੇ 40ਵੇਂ ਸਥਾਪਨਾ ਦਿਵਸ ਦੀ ਮੁਬਾਰਕਬਾਦ ਦਿੱਤੀ। ਇਸ ਮੌਕੇ ਸੁਰਜੀਤ ਸਿੰਘ ਬੈਂਕ ਵਾਲੇ, ਸੋਮ ਪ੍ਰਕਾਸ਼, ਅਮਰੀਕ ਸਿੰਘ, ਮਾਸਟਰ ਸਰਬਜੀਤ ਸਿੰਘ ,ਤਰਸੇਮ ਲਾਲ, ਮਾਸਟਰ ਅਮਰੀਕ ਸਿੰਘ, ਸਰਵਣ ਸਿੰਘ ਫੌਜੀ, ਰੋਸ਼ਨ ਲਾਲ, ਵਿਜੇ ਕੁਮਾਰ, ਰੋਹਿਤ ਕੁਮਾਰ, ਕਸ਼ਮੀਰ ਸਿੰਘ, ਪ੍ਰਿੰਸ ਗੈਰੀ, ਬੀਬੀ ਮਨਜੀਤ ਕੌਰ, ਰਵਿੰਦਰ ਕੌਰ, ਮੀਨਾ ਕੁਮਾਰੀ, ਚਰਨਜੀਤ ਕੌਰ, ਸੁਨੀਤਾ ਰਾਣੀ, ਮਨਦੀਪ ਦੀਪਾ ਨੀਰਜ ਕੁਮਾਰ, ਗਗਨਦੀਪ, ਚਮਨ ਲਾਲ, ਜਸਪਾਲ ਰਾਏ, ਇੰਦਰਜੀਤ ਸਿੰਘ, ਇਹਨਾਂ ਤੋਂ ਇਲਾਵਾ ਰੀਆ, ਦੀਆ, ਪੂਜਾ, ਨਵ, ਰਾਜਬੀਰ ਸਿੰਘ, ਰਾਜ ਕੁਮਾਰ, ਠੇਕੇਦਾਰ ਰਵਿੰਦਰ ਸਿੰਘ, ਮਨੀ ਦਸ਼ਮੇਸ਼ ਨਗਰ, ਗੱਗੀ, ਜਸਕੀਰਤ ਸਿੰਘ, ਵਿਜੇ ਦਸ਼ਮੇਸ਼ ਨਗਰ ਤੋਂ ਇਲਾਵਾ ਹੋਰ ਬੇਅੰਤ ਸੰਗਤਾਂ ਨੇ ਵੀ ਹਾਜ਼ਰੀ ਭਰੀ। ਗੁਰੂ ਦੇ ਲੰਗਰ ਅਤੁੱਟ ਵਰਤਾਏ ਗਏ।

# ਸਿਹਤ ਵਿਭਾਗ ਨੇ ਫਰਾਲਾ ਵਿਖੇ ਜਾਗਰੂਕਤਾ ਕੈਂਪ ਲਗਾਇਆ

**ਬੰਗਾ (ਅਵਤਾਰ ਕਲੇਰ)** ਜ਼ਿਲ੍ਹਾ ਸਿਹਤ ਵਿਭਾਗ ਦੇ ਹੁਕਮਾਂ ਅਤੇ ਸੀਨੀਅਰ ਮੈਡੀਕਲ ਅਫਸਰ ਡਾ. ਚਰਨਜੀਤ ਕੁਮਾਰ ਪੀ ਐਚ ਸੀ ਸੁੱਜੋ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪਿੰਡ ਫਰਾਲਾ ਵਿਖੇ ਜਾਗਰੂਕਤਾ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਵਿਸ਼ਵ ਆਬਾਦੀ ਦਿਵਸ ਅਤੇ ਡੇਂਗੂ, ਮਲੇਰੀਆ ਸਬੰਧੀ, ਇਸ ਦੀ ਰੋਕਥਾਮ ਬਾਰੇ ਵਿਸਥਾਰ ਪੂਰਵਕ ਦੱਸਿਆ ਗਿਆ। ਹਾਜ਼ਰ ਲੋਕਾਂ ਨੂੰ ਦੱਸਿਆ ਗਿਆ ਕਿ ਇੱਕ ਸੀਮਤ ਪਰਵਾਰ ਹੀ ਖੁਸ਼ਹਾਲ ਪਰਵਾਰ ਹੈ। ਲੜਕੇ ਅਤੇ ਲੜਕੀਆਂ ਵਿੱਚ ਕੋਈ ਫਰਕ ਨਹੀਂ ਹੈ। ਲੋਕਾਂ ਨੂੰ ਡੇਂਗੂ ਬਾਰੇ



ਵੀ ਦੱਸਿਆ ਗਿਆ ਕਿ ਆਪਣੇ ਘਰਾਂ ਦੀ ਸਾਫ ਸਫਾਈ ਰੱਖੀ ਜਾਵੇ ਪਾਣੀ ਨਾ ਇਕੱਠਾ ਹੋਣ ਦਿੱਤਾ ਜਾਵੇ। ਇਸ ਕੈਂਪ 'ਚ ਵਿਲੇਜ ਹੈਲਥ ਸੈਨੀਟੇਸ਼ਨ ਕਮੇਟੀ ਦੇ ਚੇਅਰਮੈਨ ਸਰਬਜੀਤ ਕੌਰ, ਹਰਵਿੰਦਰ ਕੌਰ ਡਿੰਪਲ ਏ ਐਨ ਐਮ, ਅਨੀਤਾ ਰਾਣੀ ਆਸ਼ਾ ਵਰਕਰ, ਆਂਗਣਵਾੜੀ ਵਰਕਰ ਪਰਮਜੀਤ ਕੌਰ, ਕੁਲਵਿੰਦਰ ਕੌਰ, ਰਜਨੀ ਬਾਲਾ, ਅਮਰਜੀਤ ਕੌਰ ਵੀ ਹਾਜ਼ਰ ਸਨ।

# ਬਸਪਾ ਨੇ ਕੀਤਾ ਵਿਸ਼ਾਲ ਰੋਸ ਪ੍ਰਦਰਸ਼ਨ

**ਬਲਾਚੌਰ (ਜਸਵਿੰਦਰ ਬੈਂਸ)**— ਇਥੇ ਬਹੁਜਨ ਸਮਾਜ ਪਾਰਟੀ ਪੰਜਾਬ ਦੇ ਪ੍ਰਧਾਨ ਡਾਕਟਰ ਅਵਤਾਰ ਸਿੰਘ ਕਰੀਮਪੁਰੀ ਦੇ ਦਿਸ਼ਾ ਨਿਰਦੇਸ਼ ਹੇਠ ਪੰਜਾਬ ਸੰਭਾਲੋ ਮੁਹਿੰਮ ਦੇ ਤਹਿਤ ਇੱਕ



ਵਿਸ਼ਾਲ ਰੋਸ ਪ੍ਰਦਰਸ਼ਨ ਕੀਤਾ ਗਿਆ। ਚਰਨਜੀਤ ਸੁਮਨ ਪ੍ਰਧਾਨ ਵਿਧਾਨ ਸਭਾ ਹਲਕਾ ਬਲਾਚੌਰ ਤੇ ਇੰਚਾਰਜ ਭੁਪਿੰਦਰ ਬੇਗਮਪੁਰੀ ਦੀ ਅਗਵਾਈ ਵਿੱਚ ਸ੍ਰੀ ਖੁਰਾਲਗੜ੍ਹ ਸਾਹਿਬ ਖੋਲ੍ਹੇ ਗਏ ਤਿੰਨ ਸ਼ਰਾਬ ਦੇ ਠੇਕਿਆਂ ਅਤੇ ਪੰਜਾਬ ਅੰਦਰ ਹੋ ਰਹੀ ਬਾਬਾ ਸਾਹਿਬ ਡਾਕਟਰ ਭੀਮ ਰਾਓ ਜੀ ਦੀ ਬੇਅਦਬੀ ਸਬੰਧੀ ਕੱਢਿਆ ਗਿਆ। ਰੋਸ ਪ੍ਰਦਰਸ਼ਨ ਵਿੱਚ ਪ੍ਰਵੀਨ ਬੰਗਾ ਜਨਰਲ ਸਕੱਤਰ ਬਹੁਜਨ ਸਮਾਜ ਪਾਰਟੀ, ਸੂਬਾ ਸਕੱਤਰ ਦਿਲਬਾਗ ਚੰਦ ਮਹਿੰਦੀਪੁਰ, ਜ਼ਿਲ੍ਹਾ ਪ੍ਰਧਾਨ ਸਰਬਜੀਤ ਸਿੰਘ ਜਾਫਰਪੁਰ, ਜ਼ਿਲ੍ਹਾ ਇੰਚਾਰਜ ਦਵਿੰਦਰ ਸੀਹਮਰ, ਜ਼ਿਲ੍ਹਾ ਜਨਰਲ ਸਕੱਤਰ ਮਨਜੀਤ ਸਿੰਘ ਸੂਦ ਉਚੇਚੇ ਤੌਰ 'ਤੇ ਸ਼ਾਮਿਲ ਹੋਏ। ਸੂਬਾ ਅਤੇ ਕੇਂਦਰ ਸਰਕਾਰ ਦਾ ਪੁਤਲਾ ਫੂਕਿਆ ਗਿਆ ਅਤੇ ਗਵਰਨਰ ਦੇ ਨਾਂਅ ਤਹਿਸੀਲਦਾਰ ਬਲਾਚੌਰ ਨੂੰ ਇੱਕ ਮੈਂਬਰ ਮੰਗ ਪੱਤਰ ਸੌਂਪਿਆ ਗਿਆ। ਰੋਸ ਪ੍ਰਦਰਸ਼ਨ ਵਿੱਚ ਤਹਿਸੀਲ ਬਲਾਚੌਰ ਦੀ ਸਾਰੀ ਬਸਪਾ ਟੀਮ ਨੇ ਪੂਰਨ ਸਹਿਯੋਗ ਦਿੱਤਾ।

# ਐਂਟੀ ਡਰੱਗ ਕਲੱਬ ਦੇ ਚੇਅਰਮੈਨ ਗਗਨਦੀਪ ਸਿੰਘ ਵੱਲੋਂ ਸੰਧਵਾਂ ਨਾਲ ਮੁਲਾਕਾਤ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਐਂਟੀ ਡਰੱਗ ਕਲੱਬ ਵੱਲੋਂ ਨਸ਼ਿਆਂ ਖਿਲਾਫ ਪੰਜਾਬ ਵਿੱਚ ਆਉਣ ਵਾਲੇ ਸਮੇਂ ਅੰਦਰ ਸਾਰੇ ਸਕੂਲਾਂ ਕਾਲਜਾਂ 'ਚ ਵਿਸ਼ੇਸ਼ ਸੈਮੀਨਾਰ ਕਰਵਾਏ ਜਾਣਗੇ ਜਿਸ ਵਿੱਚ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਜਾਵੇਗਾ। ਪੰਜਾਬ ਚ ਕਰਵਾਏ ਜਾਣ ਵਾਲੇ ਸੈਮੀਨਾਰਾਂ ਸਬੰਧੀ ਐਂਟੀ ਡਰੱਗ ਕਲੱਬ ਸੁਲਤਾਨਪੁਰ ਲੋਧੀ ਦੇ ਚੇਅਰਮੈਨ ਗਗਨਦੀਪ ਸਿੰਘ ਅਤੇ ਨਵਦੀਪ ਸਿੰਘ ਵੱਲੋਂ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨਾਲ ਵਿਸ਼ੇਸ਼ ਤੌਰ 'ਤੇ ਮੀਟਿੰਗ ਕੀਤੀ ਗਈ ਅਤੇ ਉਹਨਾਂ ਨੂੰ ਕਲੱਬ ਵੱਲੋਂ ਕੀਤੇ ਜਾ ਰਹੇ ਕਾਰਜਾਂ ਸਬੰਧੀ ਜਾਣਕਾਰੀ ਦਿੱਤੀ। ਇਸ ਮੌਕੇ ਸੰਧਵਾਂ ਨੇ ਕਿਹਾ ਕਿ ਐਂਟੀ ਡਰੱਗ ਕਲੱਬ ਸੁਲਤਾਨਪੁਰ ਲੋਧੀ ਵੱਲੋਂ ਪੰਜਾਬ ਦੀ ਜਵਾਨੀ ਨੂੰ ਬਚਾਉਣ ਲਈ ਜੋ ਕਾਰਜ ਕੀਤੇ ਜਾ ਰਹੇ ਹਨ ਉਹ ਸ਼ਲਾਘਾਯੋਗ ਹਨ। ਪੰਜਾਬ ਸਰਕਾਰ ਵੱਲੋਂ ਉਹਨਾਂ ਨੂੰ ਹਰ ਤਰ੍ਹਾਂ ਦਾ ਸਹਿਯੋਗ ਦਿੱਤਾ ਜਾਵੇਗਾ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਵੱਡੇ ਪੱਧਰ 'ਤੇ ਚਲਾਈ ਜਾ ਰਹੀ ਹੈ ਜਿਸ ਦੇ ਕਿ ਸਾਰਥਕ ਸਿੱਟੇ ਨਿਕਲਣੇ ਸ਼ੁਰੂ ਹੋ ਗਏ ਹਨ। ਪੰਜਾਬ ਦੇ ਲੋਕਾਂ ਵੱਲੋਂ ਇਸ ਮੁਹਿੰਮ ਦਾ ਭਰਵਾਂ ਸਵਾਗਤ ਕੀਤਾ ਗਿਆ ਹੈ ਤੇ ਹਰ ਤਰ੍ਹਾਂ ਦਾ ਸਹਿਯੋਗ ਦਿੱਤਾ ਜਾ ਰਿਹਾ। ਇਸ ਮੌਕੇ ਚੇਅਰਮੈਨ ਗਗਨਦੀਪ ਸਿੰਘ ਨੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਦਾ ਸਹਿਯੋਗ ਦੇਣ ਲਈ ਧੰਨਵਾਦ ਕਰਦਿਆਂ ਕਿਹਾ ਕਿ ਉਹਨਾਂ ਦਾ ਕਲੱਬ ਤਨੋ ਮਨੋ ਪੰਜਾਬ ਚ ਨਸ਼ਿਆਂ ਦੇ ਖਾਤਮੇ ਲਈ ਸਰਕਾਰ ਦਾ ਹਰ ਤਰ੍ਹਾਂ ਸਹਿਯੋਗ ਕਰੇਗਾ। ਇਸ ਮੌਕੇ ਕਲੱਬ ਦੇ ਆਗੂ ਨਵਦੀਪ ਸਿੰਘ, ਗੁਰਪ੍ਰੀਤ ਸਿੰਘ ਅਤੇ ਹੋਰ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।



# ਮਾਸਟਰ ਆਫ਼ ਸਾਇੰਸ ਇਨ ਆਈ ਟੀ (ਐੱਲ ਈ) ਦਾ ਨਤੀਜਾ ਸ਼ਾਨਦਾਰ

**ਜਲੰਧਰ (ਸੁਰਿੰਦਰ ਕੁਮਾਰ)** ਪੰਜਾਬ ਸਰਕਾਰ ਵੱਲੋਂ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫ਼ਤਰ ਵਿਖੇ ਚਲਾਏ ਜਾ ਰਹੇ ਸਰਕਾਰੀ ਕਾਲਜ ਸੈਨਿਕ ਇੰਸਟੀਚਿਊਟ ਆਫ਼ ਮੈਨੇਜਮੈਂਟ ਐਂਡ ਟੈਕਨਾਲੋਜੀ ਜਲੰਧਰ ਦਾ ਮਾਸਟਰ ਆਫ਼ ਸਾਇੰਸ ਇਨ ਆਈ.ਟੀ.(ਐਲ.ਈ.) ਦਾ ਨਤੀਜਾ ਸ਼ਾਨਦਾਰ ਰਿਹਾ ਹੈ। ਡਾਇਰੈਕਟਰ-ਕਮ-ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫ਼ਸਰ ਕਮਾਂਡਰ ਬਲਜਿੰਦਰ ਸਿੰਘ ਵਿਰਕ (ਰਿਟਾ.) ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮਾਸਟਰ ਆਫ ਸਾਇੰਸ ਇੰਨ ਆਈ.ਟੀ. (ਐਲ.ਈ.) ਦੇ ਚੌਥੇ ਸਮੈਸਟਰ ਵਿੱਚ ਅਮਨਦੀਪ ਕੌਰ ਨੇ 7.83 ਐਸ.ਜੀ.ਪੀ.ਏ. ਲੈ ਕੇ ਪਹਿਲਾ ਸਥਾਨ ਹਾਸਲ ਕੀਤਾ ਹੈ। ਇਸੇ ਤਰ੍ਹਾਂ ਭਵਨੀਤ ਕੌਰ ਅਤੇ ਰਾਹੁਲ ਸਿੰਘ ਕੋਹਲ ਨੇ 7.67 ਐਸ.ਜੀ.ਪੀ.ਏ. ਲੈ ਕੇ ਦੂਜਾ ਅਤੇ ਸਪਨਾ ਨੇ 7.33 ਐਸ.ਜੀ.ਪੀ.ਏ. ਲੈ ਕੇ ਤੀਜਾ ਸਥਾਨ ਹਾਸਲ ਕੀਤਾ ਹੈ।ਇਨ੍ਹਾਂ ਸ਼ਾਨਦਾਰ ਨਤੀਜਿਆਂ ਲਈ ਸੰਸਥਾ ਦੇ ਪ੍ਰਿੰਸੀਪਲ ਨੇ ਪ੍ਰੋ. ਹਰਜੀਤ ਕੌਰ (ਕੰਪਿਊਟਰ ਵਿਭਾਗ ਦੇ ਮੁਖੀ), ਪ੍ਰੋ.ਮਨਜੀਤ ਕੌਰ, ਪ੍ਰੋ.ਰਵੀਨਾ, ਸੂਬੇਦਾਰ ਮੇਜਰ ਹਰਜਿੰਦਰ ਸਿੰਘ, ਸੁਪਰਡੰਟ ਵਿਕਾਸ ਕੁਮਾਰ ਅਤੇ ਸਮੂਹ ਸਟਾਫ਼ ਮੈਂਬਰਾਂ ਅਤੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ।

# ਬਾਹੋਵਾਲ 'ਚ 7.5 ਲੱਖ ਰੁਪਏ ਦੀ ਲਾਗਤ ਨਾਲ ਟਿਊਬਵੈੱਲ ਦਾ ਕੰਮ ਸ਼ੁਰੂ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**— ਪਿੰਡ ਬਾਹੋਵਾਲ ਵਿੱਚ ਜਰਨੈਲ ਮੁਲਾ ਸਿੰਘ ਸਪੋਰਟਸ ਕਲੱਬ, ਪ੍ਰਵਾਸੀ ਭਾਰਤੀਆਂ ਅਤੇ ਪਿੰਡ ਵਾਸੀਆਂ ਦੇ ਸਾਂਝੇ ਯਤਨਾਂ ਨਾਲ 7.5 ਲੱਖ ਰੁਪਏ ਦੀ ਲਾਗਤ ਨਾਲ ਗਰਾਊਂਡ ਵਿਚ ਨਵੇਂ ਟਿਊਬਵੈੱਲ ਕੰਮ ਦੀ ਸ਼ੁਰੂਆਤ ਕੀਤੀ ਗਈ। ਇਸ ਟਿਊਬਵੈੱਲ ਦੇ ਬਣਨ ਨਾਲ ਪਿੰਡ ਦੇ ਨੌਜਵਾਨਾਂ ਨੂੰ ਖੇਡਾਂ ਲਈ ਪਾਣੀ ਦੀ ਸੁਵਿਧਾ ਮਿਲੇਗੀ, ਖੇਡ ਸਾਂਝਾ ਬਣੇਗਾ ਅਤੇ ਪਿੰਡ ਦੇ ਗਰਾਊਂਡ ਦੀ ਸੰਭਾਲ ਵਿਚ ਸੁਧਾਰ ਆਵੇਗਾ। ਖੇਡਾਂ ਲਈ ਪਾਣੀ ਦੀ ਕਮੀ ਕਾਰਨ ਨੌਜਵਾਨਾਂ ਨੂੰ ਕਈ ਵਾਰੀ ਮਸ਼ੱਕਤ ਕਰਨੀ ਪੈਂਦੀ ਸੀ, ਜੋ ਹੁਣ ਇਸ ਟਿਊਬਵੈੱਲ ਰਾਹੀਂ ਦੂਰ ਹੋ ਜਾਵੇਗੀ। ਸਰਪੰਚ ਹਰਦੀਪ ਸਿੰਘ ਨੇ ਦੱਸਿਆ ਕਿ ਇਹ ਕੰਮ ਪਿੰਡ ਦੀ ਸਾਂਝ ਅਤੇ ਇੱਕਜੁੱਟਤਾ ਦਾ ਨਤੀਜਾ ਹੈ। ਉਨ੍ਹਾਂ ਨੇ ਵਿਸ਼ੇਸ਼ ਤੌਰ 'ਤੇ ਸਹਿਯੋਗ ਦੇਣ ਵਾਲਿਆਂ ਵਿੱਚ ਬੀਬੀ ਗੁਰਮੀਤ ਕੌਰ, ਸੁਰਿੰਦਰ ਕੁਮਾਰੀ, ਪੰਚ ਬਲਵੀਰ ਕੌਰ, ਪੰਚ ਮਮਤਾ ਦੇਵੀ, ਪੰਚ ਕਸਤੂਰੀ ਲਾਲ, ਪੰਚ ਸੁਖਬੀਰ ਕੌਰ, ਸਾਬਕਾ ਸਰਪੰਚ ਦਲਜੀਤ ਕੌਰ, ਮਨਜੀਤ ਬਿੱਲਾ, ਪਰਮਜੀਤ ਪੰਮਾ, ਅਨਮੋਲ ਸਿੰਘ, ਜੱਸਾ ਬਾਹੋਵਾਲੀਆ, ਨਵਜੋਤ ਜੋਤੀ,



ਬਿੰਦਰ ਪਾਠੀ, ਨਵਦੀਪ, ਮਨਵੀਰ ਬੈਂਸ, ਸੁਰਜੀਤ ਬੈਂਸ, ਹਰਦਿਆਲ ਸਿੰਘ, ਸੁਖਬੀਰ ਸਿੰਘ, ਮਾਸਟਰ ਹਰਦੇਵ ਸਿੰਘ, ਪਰਮਿੰਦਰ ਪਿੰਦੂ, ਰਾਣਾ, ਸੁਖਵਿੰਦਰ ਸੁੱਖਾ, ਜਗਜੀਤ ਸਿੰਘ, ਮਨਜੀਤ ਕੌਰ, ਹਰਮੇਸ਼ ਕੌਰ, ਬਖਸ਼ੀਸ਼ ਕੌਰ, ਨਿਰਮਲ ਕੌਰ, ਨੀਤੂ, ਸੁਖਵਿੰਦਰ ਕਾਲਾ, ਪੂਰਨ ਸਿੰਘ, ਬਲਵਿੰਦਰ ਕੌਰ ਆਦਿ ਦਾ ਧੰਨਵਾਦ ਕੀਤਾ।

# ਸਿਧਾਂਤ 'ਤੇ ਹਮਲਾ ਇਮਾਰਤ 'ਤੇ ਕੀਤੇ ਹਮਲੇ ਤੋਂ ਵਧੇਰੇ ਗੰਭੀਰ ਹੁੰਦਾ : ਬਲਕਾਰ ਸਿੰਘ

**ਗੁਰਾਇਆ (ਬਿੰਦਰ ਸੁੰਮਨ)**- ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਸੁਲਤਾਨ ਸਿੰਘ ਨੂੰ ਅਹੁਦਿਆਂ ਤੋਂ ਹਟਾਏ ਜਾਣ ਦੀ ਸਖ਼ਤ ਸ਼ਬਦਾਂ 'ਚ ਨਿੰਦਾ ਕਰਦਿਆਂ ਗਿਆਨੀ ਬਲਕਾਰ ਸਿੰਘ ਆਗੂ ਦਮਦਮੀ ਟਕਸਾਲ ਨੇ ਕਿਹਾ ਕਿ ਅਕਾਲ ਤਖ਼ਤ ਸਾਹਿਬ ਦੇ ਹੁਕਮ ਦੀ ਉਲੰਘਣਾ ਕਰਨੀ ਸ਼੍ਰੋਮਣੀ ਕਮੇਟੀ ਲਈ ਬਹੁਤ ਮਾੜੀ ਗੱਲ ਹੈ। ਅਕਾਲ



ਤਖ਼ਤ ਸਾਹਿਬ ਦਾ ਹੁਕਮ ਹਰ ਇੱਕ ਸਿੱਖ ਨੂੰ ਸਿਰ ਮੱਥੇ ਪ੍ਰਵਾਨ ਕਰਨਾ ਚਾਹੀਦਾ। ਅੱਜ ਲੋੜ ਹੈ ਸਮੁੱਚੇ ਸਿੱਖ ਜਗਤ ਨੂੰ ਇਕਜੁੱਟ ਹੋਣ ਦੀ। ਉਨ੍ਹਾਂ ਕਿਹਾ ਕਿ ਸਿੱਖ ਕੌਮ ਪਹਿਲਾਂ ਹੀ ਇੱਕ ਨਾਜ਼ੁਕ ਦੌਰ ਚੋਂ ਗੁਜ਼ਰ ਰਹੀ ਹੈ, ਅਜਿਹੇ ਸਮੇਂ ਵਿੱਚ ਸਿੱਖਾਂ ਦੇ ਹਿਰਦੇ ਵਲੂੰਧਰਨ ਵਾਲੀਆਂ ਅਜਿਹੀਆਂ ਘਟਨਾਵਾਂ ਪੰਥ ਦਾ ਹੋਰ ਨੁਕਸਾਨ ਕਰਨਗੀਆਂ। ਅਜੋਕੇ ਸਮੇਂ ਦੀ ਲੋੜ ਹੈ ਕਿ ਸਮੂਹ ਪੰਥ ਇੱਕਠਾ ਹੋ ਕੇ ਕੌਮ ਦੀ ਲੜਾਈ ਇੱਕਜੁੱਟ ਹੋ ਕੇ ਲੜੇ ਤਾਂ ਜੋ ਪੰਥ ਦੋਖੀ ਤਾਕਤਾਂ ਸਿੱਖ ਕੌਮ ਦੀਆਂ ਸਰਬਉੱਚ ਸੰਸਥਾਵਾਂ ਨੂੰ ਢਾਹ ਨਾ ਲਾ ਸਕਣ।

## ਕਾਂਗਰਸੀ ਆਗੂਆਂ ਬੀ ਡੀ ਪੀ ਓ ਕੰਪਲੈਕਸ ਅੰਦਰ ਖੜੇ ਪਾਣੀ 'ਚ ਝੋਨਾ ਲਾ ਕੇ ਕੀਤਾ ਰੋਸ ਪ੍ਰਗਟ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਬੀ ਡੀ ਪੀ ਓ ਕੰਪਲੈਕਸ ਮਹਿਲ ਕਲਾਂ ਵਿਖੇ ਬਰਸਾਤ ਦੇ ਦਿਨਾਂ 'ਚ ਪਾਣੀ ਭਰਨ ਨੂੰ ਲੈ ਕੇ ਕਾਂਗਰਸ ਪਾਰਟੀ ਵੱਲੋਂ ਰੋਸ ਜ਼ਾਹਰ ਕਰਦਿਆਂ ਕੰਪਲੈਕਸ ਅੰਦਰ ਖੜੇ ਪਾਣੀ 'ਚ ਝੋਨਾ ਲਾ ਕੇ ਪ੍ਰਸ਼ਾਸਨ ਖ਼ਿਲਾਫ਼ ਨਾਅਰੇਬਾਜ਼ੀ ਕੀਤੀ ਗਈ।ਕਾਂਗਰਸ ਆਗੂ ਡਾ: ਅਮਰਜੀਤ ਸਿੰਘ ਮਹਿਲ ਕਲਾਂ ਨੇ ਦੱਸਿਆ ਕਿ ਬੀ ਡੀ ਪੀ ਓ ਦਫਤਰ ਦੀ ਬਿਲਡਿੰਗ ਖ਼ਸਤਾ ਹਾਲਤ ਵਿੱਚ ਨੀਵੀਂ ਹੋਣ ਕਾਰਨ ਬਰਸਾਤ ਦਾ ਪਾਣੀ ਛੱਪੜ ਦਾ ਰੂਪ ਧਾਰਨ ਕਰ ਜਾਂਦਾ ਹੈ।ਇਸ ਕਰਕੇ ਪਿੰਡਾਂ ਤੋਂ ਦਫਤਰੀ ਕੰਮਾਂ ਲਈ ਆਉਣ ਵਾਲੇ ਲੋਕਾਂ ਨੂੰ ਭਾਰੀ ਮੁਸ਼ਕਲ ਦਾ ਸਾਹਮਣਾ ਕਰਨਾ ਪੈਂਦਾ ਹੈ।ਉਨ੍ਹਾਂ ਕਿਹਾ ਕਿ ਜੇਕਰ ਬੀ ਡੀ ਪੀ ਓ ਦਫਤਰ ਦੇ ਅਧਿਕਾਰੀ ਆਪਣੇ ਦਫਤਰ ਦੀ ਸਫਾਈ, ਮੁਸ਼ਕਲਾਂ ਦਾ ਹੱਲ ਨਹੀਂ ਕਰਵਾ ਸਕਦੇ, ਤਾਂ ਪਿੰਡਾਂ ਦੇ ਲੋਕ ਵਿਕਾਸ ਕਾਰਜਾਂ ਦੀ ਕੀ ਆਸ ਰੱਖਣਗੇ।ਇਸ ਮੌਕੇ ਦੁਕਾਨਦਾਰ ਯੂਨੀਅਨ ਦੇ ਪ੍ਰਧਾਨ ਗਗਨਦੀਪ ਸਿੰਘ ਸਰਾਂ ਨੇ ਕਿਹਾ ਕਿ ਜੇਕਰ ਇਸ ਮੁਸ਼ਕਲ ਨੂੰ ਪਹਿਲ ਦੇ ਆਧਾਰ 'ਤੇ ਹੱਲ ਨਾ ਕੀਤਾ ਗਿਆ ਤਾਂ ਅਗਲੇ ਦਿਨਾਂ ਵਿੱਚ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਬੀ ਡੀ ਪੀ ਓ ਦਫਤਰ ਦੀ ਨੀਵੀਂ ਹੋ ਚੁੱਕੀ ਬਿਲਡਿੰਗ ਨੂੰ ਉੱਚਾ ਚੁੱਕ ਕੇ ਨਵੀਂ ਇਮਾਰਤ ਦਾ ਨਿਰਮਾਣ ਕਰਵਾ ਕੇ ਲੋਕਾਂ ਲਈ ਸਹੂਲਤਾਂ ਯਕੀਨੀ ਬਣਾਈਆਂ ਜਾਣ।

## ਸੜਕ ਹਾਦਸਿਆਂ ਨੂੰ ਘਟਾਉਣ ਤੇ ਕੀਮਤੀ ਜਾਨਾਂ ਬਚਾਉਣ ਲਈ ਐੱਸ ਐੱਸ ਐੱਫ਼ ਪੂਰੀ ਤਰ੍ਹਾਂ ਮੁਸਤੈਦ : ਅਗਰਵਾਲ

### ਐੱਸ ਐੱਸ ਐੱਫ਼ ਦੀਆਂ ਟੀਮਾਂ 5 ਪ੍ਰਮੁੱਖ ਮਾਰਗਾਂ 'ਤੇ 24 ਘੰਟੇ ਹਨ ਕਾਰਜਸ਼ੀਲ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਵਿਖੇ ਸੜਕ ਹਾਦਸਿਆਂ ਨੂੰ ਘਟਾਉਣ ਤੇ ਜ਼ਖ਼ਮੀਆਂ ਦੀ ਕੀਮਤੀ ਜਾਨ ਨੂੰ ਬਚਾਉਣ ਲਈ ਜ਼ਿਲ੍ਹਾ ਪੁਲਸ ਦੇ ਸਹਿਯੋਗ ਨਾਲ ਸੜਕ ਸੁਰੱਖਿਆ ਫੋਰਸ ਸ਼ਾਨਦਾਰ ਸੇਵਾਵਾਂ ਨਿਭਾਅ ਰਹੀ ਹੈ।ਇਹ ਜਾਣਕਾਰੀ ਦਿੰਦਿਆਂ ਐੱਸ.ਐੱਸ.ਪੀ. ਸ਼ੁਭਮ ਅਗਰਵਾਲ (ਆਈ.ਪੀ.ਐੱਸ) ਨੇ ਦੱਸਿਆ ਕਿ ਜ਼ਿਲ੍ਹੇ ਦੇ 5 ਪ੍ਰਮੁੱਖ ਮਾਰਗਾਂ 'ਤੇ ਸੜਕ ਸੁਰੱਖਿਆ ਫੋਰਸ ਦੀਆਂ ਟੀਮਾਂ 24 ਘੰਟੇ ਮੁਸਤੈਦੀ ਨਾਲ ਕਾਰਜਸ਼ੀਲ ਰਹਿੰਦੀਆਂ ਹਨ, ਜਿਨ੍ਹਾਂ ਵੱਲੋਂ ਜਨਵਰੀ 2025 ਤੋਂ 10 ਜੁਲਾਈ 2025 ਤੱਕ ਜ਼ਿਲ੍ਹੇ ਵਿੱਚ ਵਾਪਰੇ ਸੜਕ ਹਾਦਸਿਆਂ ਦੌਰਾਨ ਫੱਟੜ ਹੋਏ ਵਿਅਕਤੀਆਂ ਵਿੱਚੋਂ ਜਿੱਥੇ 36 ਨੂੰ ਤੁਰੰਤ ਮੁੱਢਲੀ ਸਹਾਇਤਾ ਪ੍ਰਦਾਨ ਕੀਤੀ ਗਈ, ਉਥੇ ਹੀ 260 ਜ਼ਖ਼ਮੀਆਂ ਨੂੰ ਡਾਕਟਰੀ ਦੇਖ-ਭਾਲ ਲਈ ਹਸਪਤਾਲਾਂ ਵਿੱਚ ਦਾਖਲ ਕਰਵਾਇਆ ਗਿਆ, ਜਿਸ ਨਾਲ ਸੈਂਕੜੇ ਕੀਮਤੀ ਜਾਨਾਂ ਨੂੰ ਬਚਾਇਆ ਜਾ ਸਕਿਆ ਹੈ।ਐੱਸ.ਐੱਸ.ਪੀ. ਸ਼ੁਭਮ ਅਗਰਵਾਲ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਵਿਆਪਕ ਲੋਕ ਹਿੱਤ ਵਿੱਚ ਇਸ ਫੋਰਸ ਦਾ ਗਠਨ ਕੀਤਾ ਗਿਆ ਸੀ, ਜਿਹੜੀ ਕਿ ਪ੍ਰਭਾਵਸ਼ਾਲੀ ਢੰਗ ਨਾਲ ਆਪਣੀ ਜ਼ਿੰਮੇਵਾਰੀ ਨੂੰ ਨਿਭਾਅ ਰਹੀ ਹੈ।

ਉਨ੍ਹਾਂ ਦੱਸਿਆ ਕਿ ਇਸ ਫੋਰਸ ਵਿੱਚ 52 ਮੁਲਾਜ਼ਮਾਂ ਤੋਂ ਇਲਾਵਾ 8 ਐੱਨ.ਜੀ.ਓਜ਼ ਤੇ 44 ਹੋਰ ਵਲੰਟੀਅਰ ਵੀ ਸੇਵਾਵਾਂ ਪ੍ਰਦਾਨ ਕਰ ਰਹੇ ਹਨ ਅਤੇ ਇਹ ਫੋਰਸ, ਮੰਡੀ ਗੋਬਿੰਦਗੜ੍ਹ ਤੋਂ ਅਮਲੋਹ ਤੋਂ ਕਾਹਨਪੁਰਾ ਦੇ ਨਾਲ ਨਾਲ ਬਸੰਤਪੁਰਾ ਤੋਂ ਮੰਡੀ ਗੋਬਿੰਦਗੜ੍ਹ, ਚੰਡੀਗੜ੍ਹ ਮਾਰਗ ਤੋਂ ਬਸੀ ਪਠਾਣਾਂ ਤੋਂ ਰਾਮਪੁਰ ਕਲੋਨੀ, ਚਾਵਲਾ ਚੌਕ ਤੋਂ ਚੁੰਨੀ ਕਲਾਂ ਅਤੇ ਖੰਟ ਮਾਨਪੁਰ ਤੋਂ ਉੱਚਾ ਜਟਾਣਾ ਤੱਕ ਦੇ ਰੂਟਾਂ ਉੱਪਰ ਵਾਪਰਨ ਵਾਲੇ ਹਾਦਸਿਆਂ ਦੌਰਾਨ ਲੋੜਵੰਦਾਂ ਦੀ ਮਦਦ ਲਈ ਸੇਵਾਵਾਂ ਪ੍ਰਦਾਨ ਕਰਦੀ ਹੈ।ਸ੍ਰੀ ਅਗਰਵਾਲ ਨੇ ਦੱਸਿਆ ਕਿ ਜੇਕਰ ਸੜਕ 'ਤੇ 30 ਕਿਲੋਮੀਟਰ ਦੇ ਦਾਇਰੇ ਅੰਦਰ ਕੋਈ ਵੀ ਹਾਦਸਾ ਹੁੰਦਾ ਹੈ ਤਾਂ ਤੁਰੰਤ ਇਸ ਦੀ ਜਾਣਕਾਰੀ ਕਿਸੇ ਵੀ ਰਾਹਗੀਰ ਵੱਲੋਂ ਹੈਲਪਲਾਈਨ ਨੰਬਰ 112 ਉੱਤੇ ਦਿੱਤੀ ਜਾ ਸਕਦੀ ਹੈ ਅਤੇ ਕੰਟਰੋਲ ਰੂਮ ਰਾਹੀਂ ਸੜਕ ਸੁਰੱਖਿਆ ਫੋਰਸ ਨੂੰ ਘਟਨਾ ਸਥਾਨ ਉੱਤੇ ਪੁੱਜਣ ਲਈ ਸੂਚਿਤ ਕਰ ਦਿੱਤਾ ਜਾਂਦਾ ਹੈ।

## ਫਰਾਡ ਕੇਸ 'ਚ ਭਗੌੜੇ ਮੁਲਜ਼ਮਾਂ 'ਚੋਂ ਰੁਪਿੰਦਰ ਕੌਰ ਗ੍ਰਿਫ਼ਤਾਰ

**ਚੌਕੀਮਾਨ (ਇਸ. ਬਲਬੀਰ ਸਿੰਘ ਮਾਨ)**-ਬੀਤੇ ਸਮੇਂ ਦੌਰਾਨ ਫੌਜ ਵਿੱਚੋਂ ਨੌਕਰੀ ਕਰਕੇ ਆਏ ਅਵਤਾਰ ਸਿੰਘ ਪੁੱਤਰ ਛੋਟਾ ਸਿੰਘ ਪਿੰਡ ਸ਼ੇਖੂਪੁਰਾ ਨੇ ਆਪਣੀ ਮਿਹਨਤ ਨਾਲ ਕੀਤੀ ਕਮਾਈ ਆਪਣੇ ਹੀ ਨਾਲ ਪੈਨਸ਼ਨ ਆਏ ਬਲਬੀਰ ਸਿੰਘ ਕੋਕਰੀ ਕਲਾਂ ਨੂੰ ਵਿਦੇਸ਼ ਜਾਣ ਲਈ ਭਰੋਸੇ ਨਾਲ ਦੇ ਦਿੱਤੀ।ਇਹ ਸਾਰਾ ਕੁੱਝ ਉਸ ਦੀ ਮੈਨੇਜਰ ਰੁਪਿੰਦਰ ਕੌਰ ਪੁੱਤਰੀ ਜਗਰੂਪ ਸਿੰਘ ਪਿੰਡ ਬੰਗਸੀਪੁਰਾ ਰਾਹੀਂ ਹੋਇਆ, ਪਰ ਜਦੋਂ ਤੱਕ ਅਵਤਾਰ ਸਿੰਘ ਨੂੰ ਪਤਾ ਲੱਗਾ ਕਿ ਉਸ ਨਾਲ ਉਸ ਦੇ ਨਾਲ ਇਕੱਠੇ ਨੌਕਰੀ ਕਰਕੇ ਆਏ ਬਲਬੀਰ ਸਿੰਘ ਨੇ ਹੀ ਠੱਗੀ ਮਾਰ ਲਈ ਹੈ।ਜਦੋਂ ਦਿੱਤੀ ਰਕਮ ਦੀ ਵਾਪਸੀ ਦੀ ਮੰਗ ਕੀਤੀ ਤਾਂ ਬਲਬੀਰ ਸਿੰਘ ਟਾਲਮਟੋਲ ਕਰਦਾ ਰਿਹਾ।ਆਖਰ ਅਵਤਾਰ ਸਿੰਘ ਤੇ ਉਸ ਦੇ ਪਰਵਾਰ ਨੇ ਪੁਲਸ ਰਾਹੀਂ ਕਾਰਵਾਈ ਦੀ ਦਰਖ਼ਾਸਤ ਦੇ ਕੇ ਕਾਰਵਾਈ ਦੀ ਮੰਗ ਕੀਤੀ।

ਮੁਲਜ਼ਮਾਂ ਖ਼ਿਲਾਫ਼ ਮਾਮਲਾ ਸਿਟੀ ਜਗਰਾਉਂ ਵਿੱਖੇ ਦਰਜ ਕਰਵਾਇਆ ਗਿਆ।ਮੁਲਜ਼ਮਾਂ ਦੀ ਤਲਾਸ਼ ਦੌਰਾਨ ਗ੍ਰਿਫ਼ਤਾਰ ਨਾ ਹੋਣ ਕਰਕੇ ਉਨ੍ਹਾਂ ਨੂੰ ਭਗੌੜੇ ਕਰਾਰ ਦਿੱਤਾ ਗਿਆ।ਬੀਤੇ ਕੱਲ੍ਹ ਬਲਬੀਰ ਸਿੰਘ ਕੋਕਰੀ ਦੀ ਮੈਨੇਜਰ ਰੁਪਿੰਦਰ ਕੌਰ ਬੰਗਸੀਪੁਰਾ ਨੂੰ ਉਸ ਦੇ ਘਰੋਂ ਗ੍ਰਿਫ਼ਤਾਰ ਕਰਕੇ ਐੱਸ ਆਈ ਹਰਪ੍ਰੀਤ ਸਿੰਘ ਦੁਆਰਾ ਮਾਣਯੋਗ ਅਦਾਲਤ ਜਗਰਾਉਂ ਵਿਖੇ ਪੇਸ਼ ਕਰਕੇ 5 ਦਿਨ ਦਾ ਰਿਮਾਂਡ ਹਾਸਲ ਕੀਤਾ ਗਿਆ ਤਾਂ ਕਿ ਦੂਸਰੇ ਭਗੌੜੇ ਮੁਲਜ਼ਮ ਨੂੰ ਵੀ ਗ੍ਰਿਫ਼ਤਾਰ ਕੀਤਾ ਜਾ ਸਕੇ।

## ਡੀ ਸੀ ਵੱਲੋਂ ਸਤਲੁਜ ਨਾਲ ਲੱਗਦੇ ਇਲਾਕਿਆਂ ਦਾ ਨਿਰੀਖਣ



**ਲੁਧਿਆਣਾ (ਰੈਕਟਰ ਕਥੂਰੀਆ)**-ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਸ਼ੁੱਕਰਵਾਰ ਨੂੰ ਸਤਲੁਜ ਦਰਿਆ ਦੇ ਨਾਲ ਲੱਗਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਡੂੰਘਾਈ ਨਾਲ ਨਿਰੀਖਣ ਕੀਤਾ ਤਾਂ ਜੋ ਕਮਜ਼ੋਰ ਥਾਵਾਂ ਨੂੰ ਮਜ਼ਬੂਤ ਬਣਾਉਣ ਦੇ ਯਤਨਾਂ ਦਾ ਮੁਲਾਂਕਣ ਕੀਤਾ ਜਾ ਸਕੇ।ਮੁੱਖ ਅਧਿਕਾਰੀਆਂ ਨਾਲ ਉਨ੍ਹਾਂ ਨੇ ਗੜ੍ਹੀ ਫ਼ਾਜ਼ਿਲ, ਗੜ੍ਹੀ ਸ਼ੇਰੂ, ਧੁਲੇਵਾਲ ਕੰਪਲੈਕਸ, ਕੰਨੀਆਂ ਹੁਸੈਨੀ, ਖੈਰਾ ਬੇਟ ਤੇ ਮੱਤੇਵਾੜਾ ਕੰਪਲੈਕਸ ਦਾ ਦੌਰਾ ਕੀਤਾ।ਜੈਨ ਨੇ ਕਿਹਾ ਕਿ ਹੜ੍ਹ ਸੁਰੱਖਿਆ ਉਪਾਵਾਂ ਦੇ ਕੰਮ, ਜਿਸ ਵਿੱਚ ਸਟੱਡ ਪਲੇਸਮੈਂਟ, ਰੀਵੇਟਮੈਂਟ ਅਤੇ ਧੁੱਸੀ ਬੰਨ੍ਹ ਦੀ ਉਸਾਰੀ ਸ਼ਾਮਲ ਹੈ, ਮੁਕੰਮਲ ਹੋ ਗਏ ਹਨ।ਉਨ੍ਹਾਂ ਅਧਿਕਾਰੀਆਂ ਨੂੰ ਮਾਨਸੂਨ ਦੇ ਮੌਸਮ ਦੌਰਾਨ ਕਿਸੇ ਵੀ ਘਟਨਾ ਨੂੰ ਰੋਕਣ ਲਈ ਉੱਚ ਚੌਕਸੀ ਬਣਾਈ ਰੱਖਣ ਤੇ ਮਜ਼ਬੂਤ ਬੁਨਿਆਦੀ ਢਾਂਚੇ ਦੀ ਨਿਯਮਤ ਰੱਖ-ਰਖਾਅ ਜਾਂਚ ਕਰਨ ਦੇ ਨਿਰਦੇਸ਼ ਦਿੱਤੇ।ਜੈਨ ਨੇ ਜ਼ੋਰ ਦੇ ਕੇ ਕਿਹਾ ਕਿ ਪ੍ਰਸ਼ਾਸਨ ਭਾਰੀ ਬਾਰਿਸ਼ ਜਾਂ ਦਰਿਆ ਦੇ ਵਹਾਅ ਵਿੱਚ ਵਾਧੇ ਕਾਰਨ ਪੈਦਾ ਹੋਣ ਵਾਲੀਆਂ ਹੜ੍ਹ ਵਰਗੀਆਂ ਸਥਿਤੀਆਂ ਨਾਲ ਨਜਿੱਠਣ ਲਈ ਪੂਰੀ ਤਰ੍ਹਾਂ ਤਿਆਰ ਹੈ।ਬਰਸਾਤ ਦੇ ਮੌਸਮ ਦੌਰਾਨ ਜਨਤਕ ਸੁਰੱਖਿਆ ਨੂੰ ਯਕੀਨੀ ਬਣਾਉਣ ਤੇ ਰੁਕਾਵਟਾਂ ਨੂੰ ਘੱਟ ਕਰਨ ਲਈ ਵਿਆਪਕ ਤਿਆਰੀਆਂ ਕੀਤੀਆਂ ਗਈਆਂ ਹਨ।ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਇਹ ਯਕੀਨੀ ਬਣਾਇਆ ਜਾਵੇ ਕਿ ਪਾਣੀ ਦੇ ਪੰਪ, ਜੈਨਰੇਟਰ ਤੇ ਬਚਾਅ ਕਿਸ਼ਤੀਆਂ ਸਮੇਤ ਜ਼ਰੂਰੀ ਉਪਕਰਣ ਪੂਰੀ ਤਰ੍ਹਾਂ ਕਾਰਜਸ਼ੀਲ ਹੋਣ ਅਤੇ ਉੱਚ-ਜੋਖਮ ਵਾਲੇ ਸਥਾਨਾਂ 'ਤੇ ਰਣਨੀਤਕ ਤੌਰ 'ਤੇ ਤਾਇਨਾਤ ਹੋਣ।ਇਸ ਤੋਂ ਇਲਾਵਾ, ਜ਼ਿਲ੍ਹਾ ਤੇ ਉਪ-ਮੰਡਲ ਪੱਧਰ 'ਤੇ 24/7 ਕੰਟਰੋਲ ਰੂਮ ਸਥਾਪਤ ਕੀਤੇ ਗਏ ਹਨ ਤਾਂ ਜੋ ਹੜ੍ਹਾਂ ਦੇ ਜੋਖਮਾਂ ਦੀ ਅਸਲ ਸਮੇਂ ਵਿੱਚ ਨਿਗਰਾਨੀ ਕੀਤੀ ਜਾ ਸਕੇ, ਤੇਜ਼ ਪ੍ਰਤੀਕਿਰਿਆਵਾਂ ਦਾ ਤਾਲਮੇਲ ਕੀਤਾ ਜਾ ਸਕੇ ਤੇ ਸਮੇਂ ਸਿਰ ਜਨਤਕ ਚੇਤਾਵਨੀਆਂ ਦਾ ਪ੍ਰਸਾਰ ਕੀਤਾ ਜਾ ਸਕੇ।

## ਔਰਤ ਨੇ ਬੱਚੇ ਸਣੇ ਰੇਲ ਗੱਡੀ ਅੱਗੇ ਛਾਲ ਮਾਰ ਕੇ ਦਿੱਤੀ ਜਾਨ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪਟਿਆਲਾ ਵਿੱਚ ਇੱਕ ਦਿਲ ਦਹਿਲਾ ਦੇਣ ਵਾਲੀ ਘਟਨਾ ਵਾਪਰੀ ਹੈ।ਇੱਥੇ ਇੱਕ ਔਰਤ ਨੇ ਆਪਣੇ ਅੱਠ ਮਹੀਨੇ ਦੇ ਬੱਚੇ ਸਮੇਤ ਰੇਲਗੱਡੀ ਅੱਗੇ ਛਾਲ ਮਾਰ ਦਿੱਤੀ।ਰੇਲਗੱਡੀ ਦੀ ਲਪੇਟ ਵਿੱਚ ਆਉਣ ਨਾਲ ਔਰਤ ਤੇ ਬੱਚੇ ਦੀ ਮੌਤ ਹੋ ਗਈ, ਜਿਸ ਨੇ ਵੀ ਇਹ ਦ੍ਰਿਸ਼ ਦੇਖਿਆ, ਉਹ ਹੈਰਾਨ ਤੇ ਪ੍ਰੇਸ਼ਾਨ ਸੀ।ਪੁਲਸ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ 25 ਸਾਲਾ ਵਿਆਹੁਤਾ ਔਰਤ ਨੇ ਆਪਣੀ ਅੱਠ ਮਹੀਨੇ ਦੀ ਧੀ ਸਮੇਤ ਰੇਲਗੱਡੀ ਅੱਗੇ ਛਾਲ ਮਾਰ ਕੇ ਖੁਦਕੁਸ਼ੀ ਕਰਨ ਦਾ ਫੈਸਲਾ ਕੀਤਾ, ਕਿਉਂਕਿ ਉਸ ਦਾ ਆਪਣੇ ਪਤੀ ਨਾਲ ਝਗੜਾ ਚੱਲ ਰਿਹਾ ਸੀ।ਮ੍ਰਿਤਕਾ ਦੀ ਪਛਾਣ ਗੁਰਪ੍ਰੀਤ ਕੌਰ ਵਜੋਂ ਹੋਈ ਹੈ।ਮ੍ਰਿਤਕਾ ਦੇ ਪਰਵਾਰ ਦਾ ਦੋਸ਼ ਹੈ ਕਿ ਗੁਰਪ੍ਰੀਤ ਕੌਰ ਦੇ ਪਤੀ ਧਰਮਿੰਦਰ ਸਿੰਘ ਦੇ ਕਿਸੇ ਹੋਰ ਕੁੜੀ ਨਾਲ ਨਾਜਾਇਜ਼ ਸਬੰਧ ਸਨ।ਇਸ ਕਾਰਨ ਦੋਵਾਂ ਵਿੱਚ ਅਕਸਰ ਲੜਾਈ ਹੁੰਦੀ ਰਹਿੰਦੀ ਸੀ।ਧਰਮਿੰਦਰ ਸਿੰਘ ਆਪਣੀ ਪਤਨੀ ਗੁਰਪ੍ਰੀਤ ਕੌਰ ਤੋਂ ਤਲਾਕ ਦੀ ਮੰਗ ਕਰ ਰਿਹਾ ਸੀ।ਅਜਿਹਾ ਨਾ ਕਰਨ 'ਤੇ ਉਹ ਉਸ ਨੂੰ ਕੁੱਟਦਾ ਸੀ।ਰੇਲਵੇ ਪੁਲਸ ਸਟੇਸ਼ਨ ਦੇ ਇੰਚਾਰਜ ਜਸਵਿੰਦਰ ਸਿੰਘ ਅਨੁਸਾਰ ਪਰਵਾਰ ਦੇ ਬਿਆਨ 'ਤੇ ਮਾਮਲੇ ਵਿੱਚ ਕਾਰਵਾਈ ਕੀਤੀ ਜਾ ਰਹੀ ਹੈ।

## ਹਰਗੋਬਿੰਦ ਪਬਲਿਕ ਸਕੂਲ 'ਚ ਵਿਸ਼ਵ ਆਬਾਦੀ ਦਿਵਸ ਮਨਾਇਆ



**ਬਠਿੰਡਾ (ਰਾਜੀਵ ਗੋਇਲ)**-ਹਰਗੋਬਿੰਦ ਪਬਲਿਕ ਸਕੂਲ ਕਾਂਗੜ ਵਿੱਚ ਵਿਸ਼ਵ ਆਬਾਦੀ ਦਿਵਸ ਮਨਾਇਆ ਗਿਆ। ਇਸ ਮੌਕੇ ਬੱਚਿਆਂ ਵੱਲੋਂ ਕਵਿਤਾਵਾਂ ਪੇਸ਼ ਕੀਤੀਆਂ ਗਈਆਂ। ਅਧਿਆਪਕਾ ਤਰਨਵੀਰ ਕੌਰ ਨੇ ਬੱਚਿਆਂ ਨੂੰ ਆਬਾਦੀ ਦਿਵਸ ਬਾਰੇ ਭਾਸ਼ਣ ਦਿੰਦਿਆਂ ਕਿਹਾ ਕਿ ਸੰਯੁਕਤ ਰਾਸ਼ਟਰ ਸੰਘ ਦੁਆਰਾ 11 ਜੁਲਾਈ 1989 ਨੂੰ ਵਿਸ਼ਵ ਆਬਾਦੀ ਦਿਵਸ ਦੀ ਘੋਸ਼ਣਾ ਕੀਤੀ ਗਈ। ਇਸ ਦਿਵਸ ਨੂੰ ਮਨਾਉਣ ਦੇ ਸੁਝਾਅ ਲਈ ਤੁਹਾਨੂੰ ਦੱਸ ਦਈਏ ਕਿ 1000 ਈਸਵੀ ਵਿੱਚ ਦੁਨੀਆ ਦੀ ਆਬਾਦੀ 400 ਮਿਲੀਅਨ ਸੀ ਤੇ ਇਸ ਸਮੇਂ ਭਾਰਤ ਦੀ ਕੁੱਲ ਆਬਾਦੀ 142 ਕਰੋੜ ਦੇ ਲਗਭਗ ਹੋ ਗਈ। ਸਕੂਲ ਪ੍ਰਿੰਸੀਪਲ ਸੋਨੂੰ ਕੁਮਾਰ ਕਾਂਗੜ ਨੇ ਦੱਸਿਆ ਕਿ ਭਾਰਤ ਦੁਨੀਆਂ ਦਾ ਸਭ ਤੋਂ ਵੱਧ ਆਬਾਦੀ ਵਾਲਾ ਦੇਸ਼ ਬਣ ਗਿਆ ਹੈ। ਉਹਨਾਂ ਨੇ ਕਿਹਾ ਕਿ ਜੇਕਰ ਇਸੇ ਤਰ੍ਹਾਂ ਹੀ ਆਬਾਦੀ ਵਧਦੀ ਗਈ ਤਾਂ ਵਾਤਾਵਰਨ ਸਮੇਤ ਕਈ ਵੱਡੇ ਖ਼ਤਰੇ ਪੈਦਾ ਹੋ ਜਾਣਗੇ। ਪ੍ਰਿੰਸੀਪਲ ਨੇ ਬੱਚਿਆਂ ਤੇ ਅਧਿਆਪਕ ਸਾਹਿਬਾਨਾਂ ਦਾ ਧੰਨਵਾਦ ਕੀਤਾ। ਇਸ ਮੌਕੇ ਅਧਿਆਪਕਾ ਪਲਵਿੰਦਰ ਕੌਰ ਜਲਾਲ, ਨੀਤੂ ਸ਼ਰਮਾ, ਬਲਵਿੰਦਰ ਕੌਰ, ਰਣਜੀਤ ਕੌਰ, ਗਗਨਦੀਪ ਕੌਰ, ਗੁਰਪ੍ਰੀਤ ਕੌਰ, ਪਵਨਪ੍ਰੀਤ ਕੌਰ, ਰਨਦੀਪ ਕੌਰ, ਜਸਵੀਰ ਕੌਰ, ਅੰਤਪ੍ਰੀਤ ਕੌਰ, ਅਮਨਦੀਪ ਕੌਰ, ਜਸਪ੍ਰੀਤ ਕੌਰ, ਲਵਪ੍ਰੀਤ ਕੌਰ, ਮੰਦਰ ਸਿੰਘ, ਦਵਿੰਦਰ ਕੁਮਾਰ ਆਦਿ ਹਾਜ਼ਰ ਸਨ।

## ਸੰਵਿਧਾਨ ਬਚਾਓ ਰੈਲੀ ਦਾ ਇਕੱਠ 'ਆਪ' ਦੇ ਸਾਰੇ ਭਰਮ-ਭੁਲੇਖੇ ਦੂਰ ਕਰ ਦੇਵੇਗਾ : ਗਿੱਲ ਬੇਰ ਕਲਾਂ



**ਦੋਰਾਹਾ (ਹਰਮਿੰਦਰ ਸੇਠ)**-ਬਲਾਕ ਕਾਂਗਰਸ ਮਲੋਦ ਦੇ ਪ੍ਰਧਾਨ ਤੇ ਬਲਾਕ ਸੰਮਤੀ ਮੈਂਬਰ ਗੁਰਮੇਲ ਸਿੰਘ ਗਿੱਲ ਬੇਰਕਲਾਂ ਨੇ ਕਿਹਾ ਕਿ 13 ਜੁਲਾਈ ਨੂੰ ਸੰਵਿਧਾਨ ਬਚਾਓ ਰੈਲੀ ਵਿੱਚ ਹੋਣ ਵਾਲਾ ਭਾਰੀ ਇਕੱਠ ਆਮ ਆਦਮੀ ਪਾਰਟੀ ਦੇ ਸਾਰੇ ਭਰਮ ਭੁਲੇਖੇ ਦੂਰ ਕਰ ਦੇਵੇਗਾ। ਉਨ੍ਹਾ ਕਿਹਾ ਕਿ ਲੋਕ ਬਦਲਾਅ ਵਾਲੀ ਸਰਕਾਰ ਤੋਂ ਖਫਾ ਹਨ। ਸਰਕਾਰ ਸਿਰਫ ਕਰਜ਼ੇ ਚੁੱਕ ਕੇ ਚੱਲ ਰਹੀ ਹੈ, ਪੰਜਾਬ ਸਰਕਾਰ ਨੇ ਕਰੋੜਾਂ ਰੁਪਏ ਦਾ ਕਰਜ਼ਾ ਚੁੱਕ ਕੇ ਪਹਿਲਾਂ ਹੀ ਆਰਥਿਕ ਮੰਦੀ ਦਾ ਸ਼ਿਕਾਰ ਹੋ ਚੁੱਕੇ ਪੰਜਾਬ ਨੂੰ ਹੋਰ ਕੰਗਾਲੀ ਵੱਲ ਤੋਰ ਦਿੱਤਾ ਹੈ। ਪ੍ਰਧਾਨ ਗਿੱਲ ਬੇਰਕਲਾਂ ਨੇ ਕਿਹਾ ਕਿ ਵਿਧਾਇਕ ਗਿਆਸਪੁਰਾ ਕਾਂਗਰਸੀਆਂ ਖਿਲਾਫ ਬੋਲਣ ਦੀ ਬਜਾਏ ਪਹਿਲਾਂ ਆਪਣੀ ਪੀੜ੍ਹੀ ਥੱਲੇ ਸੋਟਾ ਫੇਰੇ। ਉਨ੍ਹਾ ਕਿਹਾ ਕਿ ਸੰਵਿਧਾਨ ਬਚਾਓ ਰੈਲੀ ਦੀਆਂ ਤਿਆਰੀਆਂ ਜ਼ੋਰਾਂ ਸ਼ੋਰਾਂ 'ਤੇ ਚੱਲ ਰਹੀਆਂ ਹਨ।

## ਜੀ ਬੀ ਇੰਟਰਨੈਸ਼ਨਲ ਸਕੂਲ ਵਿਖੇ ਇਨਵੈਸਟੀਚਰ ਸਮਾਰੋਹ ਕਰਵਾਇਆ



**ਨਾਭਾ (ਵਰਿੰਦਰ ਵਰਮਾ)**-ਜੀ ਬੀ ਇੰਟਰਨੈਸ਼ਨਲ ਸਕੂਲ ਨਾਭਾ ਵਿੱਚ ਇਨਵੈਸਟੀਚਰ ਸਮਾਰੋਹ-2025 ਦਾ ਸ਼ਾਨਦਾਰ ਆਯੋਜਨ ਕੀਤਾ ਗਿਆ।ਵਿਦਿਆਰਥੀਆਂ ਦੇ ਇੰਟਰਵਿਊ ਤੇ ਚੋਣ ਪ੍ਰਕਿਰਿਆ ਤੋਂ ਬਾਅਦ ਨਵੇਂ ਚੁਣੇ ਗਏ ਵਿਦਿਆਰਥੀ ਪ੍ਰੀਸ਼ਦ ਦੇ ਮੈਂਬਰਾਂ ਨੂੰ ਉਨ੍ਹਾਂ ਦੇ ਅਹੁਦਿਆਂ ਦੀ ਜ਼ਿੰਮੇਵਾਰੀ ਸੌਂਪੀ ਗਈ।ਇਸ ਸਮਾਰੋਹ ਦੀ ਅਗਵਾਈ ਸਕੂਲ ਦੇ ਚੇਅਰਮੈਨ ਸੰਦੀਪ ਬਾਂਸਲ ਵੱਲੋਂ ਕੀਤੀ ਗਈ।ਪ੍ਰੋਗਰਾਮ ਦੀ ਸ਼ੁਰੂਆਤ ਨ੍ਰਿਤ ਤੇ ਸੰਗੀਤਕ ਪ੍ਰਸਤੁਤੀਆਂ ਨਾਲ ਹੋਈ, ਜਿਨ੍ਹਾਂ ਨੇ ਦਰਸ਼ਕਾਂ ਦਾ ਦਿਲ ਜਿੱਤ ਲਿਆ।ਇਸ ਤੋਂ ਬਾਅਦ ਵਿਦਿਆਰਥੀ ਪ੍ਰੀਸ਼ਦ ਦੇ ਨਵੇਂ ਨਿਯੁਕਤ ਨੁਮਾਇੰਦਿਆਂ ਨੇ ਮਾਰਚ ਪਾਸਟ ਤੇ ਝੰਡਾ ਚੁਕਾਈ ਰਾਹੀਂ ਆਪਣੇ ਅਨੁਸ਼ਾਸਨ ਤੇ ਸਮਰਪਣ ਦਾ ਪਰਚਮ ਲਹਿਰਾਇਆ।ਉਸ ਤੋਂ ਉਪਰੰਤ, ਸਕੂਲ ਦੀ ਪ੍ਰਿੰਸੀਪਲ ਡਾ. ਇੰਦਰਜੀਤ ਪਾਲ ਕੌਰ ਗਰੇਵਾਲ ਤੇ ਹੋਰਨਾਂ ਵੱਲੋਂ ਵਿਦਿਆਰਥੀਆਂ ਨੂੰ ਬੈਜ਼ ਦੇ ਕੇ ਸਨਮਾਨਤ ਕੀਤਾ ਗਿਆ।ਬੈਜ਼ ਸਨਮਾਨ ਉਪਰੰਤ ਨਵੇਂ ਅਹੁਦੇਦਾਰਾਂ ਨੇ ਆਪਣੇ ਕਰਤੱਵਾਂ ਨੂੰ ਇਮਾਨਦਾਰੀ ਤੇ ਨਿਸ਼ਠਾ ਨਾਲ ਨਿਭਾਉਣ ਦੀ ਸਹੁੰ ਚੁੱਕੀ।ਪ੍ਰਿੰਸੀਪਲ ਡਾ. ਗਰੇਵਾਲ ਨੇ ਵਿਦਿਆਰਥੀਆਂ ਨੂੰ ਹਰ ਕੰਮ ਨੂੰ ਇਮਾਨਦਾਰੀ ਨਾਲ ਕਰਨ ਦੀ ਕੋਸ਼ਿਸ਼ ਕਰਨ ਤੇ ਹੋਰਨਾਂ ਲਈ ਪ੍ਰੇਰਣਾ ਦਾ ਸਰੋਤ ਬਣਨ ਲਈ ਉਤਸ਼ਾਹਤ ਕੀਤਾ।ਉਪ-ਪ੍ਰਿੰਸੀਪਲ ਸ੍ਰੀਮਤੀ ਦਿਵਿਆ ਸ਼ਰਮਾ ਨੇ ਵੀ ਨਵ-ਨਿਯੁਕਤ ਵਿਦਿਆਰਥੀ ਪ੍ਰੀਸ਼ਦ ਨੂੰ ਵਧਾਈਆਂ ਦਿੰਦਿਆਂ ਇਹ ਯਾਦ ਦਿਵਾਇਆ ਕਿ ਇਹ ਸਮਾਰੋਹ ਉਨ੍ਹਾਂ ਦੇ ਭਵਿੱਖ ਲਈ ਇੱਕ ਮਜ਼ਬੂਤ ਬੁਨਿਆਦ ਹੈ।ਸਮਾਰੋਹ ਦਾ ਸਮਾਪਨ ਨਵੀਂ ਨਿਯੁਕਤ ਹੈੱਡ ਗਰਲ ਹਰਸਿਮਰ ਕੌਰ ਤੇ ਹੈੱਡ ਬੁਆਏ ਹਰਮਨਜੋਤ ਸਿੰਘ ਵੱਲੋਂ ਧੰਨਵਾਦ ਦੇ ਨਾਲ ਹੋਇਆ, ਜਿਨ੍ਹਾਂ ਆਪਣੀ ਨਵੀਂ ਯਾਤਰਾ ਦੀ ਸ਼ੁਰੂਆਤ ਨੂੰ ਚਿੰਨ੍ਹਦਿਆਂ ਸਕੂਲ ਦੀ ਸ਼ਾਨ ਵਧਾਉਣ ਲਈ ਆਪਣਾ ਸਰਵੋਤਮ ਯਤਨ ਕਰਨ ਦਾ ਭਰੋਸਾ ਦਿੱਤਾ।

## ਕਾਂਗਰਸ ਨੇ ਹਰੀ ਸਿੰਘ ਖਾਈ ਨੂੰ ਸੌਂਪੀ ਵੱਡੀ ਜ਼ਿੰਮੇਵਾਰੀ, ਮਾਨਸਾ ਤੇ ਬਠਿੰਡਾ ਸ਼ਹਿਰੀ ਲਈ ਅਬਜ਼ਰਵਰ ਬਣੇ



**ਬੱਧਨੀ ਕਲਾਂ (ਲਵਲੀ ਮਾਛੀਕੇ)**-ਮੋਗਾ ਜ਼ਿਲ੍ਹੇ ਦੇ ਸੀਨੀਅਰ ਕਾਂਗਰਸੀ ਆਗੂ ਹਰੀ ਸਿੰਘ ਖਾਈ ਨੂੰ ਪੰਜਾਬ ਪ੍ਰਦੇਸ਼ ਕਾਂਗਰਸ ਵੱਲੋਂ ਵੱਡੀ ਤੇ ਅਹਿਮ ਜ਼ਿੰਮੇਵਾਰੀ ਸੌਂਪੀ ਗਈ ਹੈ।ਪਾਰਟੀ ਵੱਲੋਂ ਉਨ੍ਹਾਂ ਨੂੰ ਮਾਨਸਾ ਤੇ ਬਠਿੰਡਾ ਸ਼ਹਿਰੀ ਲਈ ਆਬਜ਼ਰਵਰ ਨਿਯੁਕਤ ਕੀਤਾ ਗਿਆ ਹੈ, ਇਹ ਨਿਯੁਕਤੀ ਖਾਈ ਦੇ ਪਾਰਟੀ ਪ੍ਰਤੀ ਲੰਬੇ ਸਮੇਂ ਦੇ ਸਮਰਪਣ ਤੇ ਉਨ੍ਹਾਂ ਦੇ ਵਿਸ਼ਾਲ ਤਜਰਬੇ ਨੂੰ ਦਰਸਾਉਂਦੀ ਹੈ। ਜ਼ਿਕਰਯੋਗ ਹੈ ਕਿ ਹਰੀ ਸਿੰਘ ਖਾਈ ਯੂਥ ਕਾਂਗਰਸ ਦੇ ਕਾਫੀ ਸਮੇਂ ਤੋਂ ਪਾਰਟੀ ਨਾਲ ਜੁੜੇ ਹੋਏ ਹਨ।ਉਨ੍ਹਾਂ ਨੇ ਵੱਖ-ਵੱਖ ਅਹੁਦਿਆਂ 'ਤੇ ਰਹਿੰਦਿਆਂ ਪਾਰਟੀ ਲਈ ਅਣਥੱਕ ਕੰਮ ਕੀਤਾ ਹੈ ਤੇ ਪੰਜਾਬ ਦੀ ਸਿਆਸਤ 'ਚ ਉਨ੍ਹਾਂ ਦਾ ਇੱਕ ਵੱਡਾ ਹੱਥ ਮੰਨਿਆ ਜਾਂਦਾ ਹੈ।ਆਪਣੀ ਨਿਯੁਕਤੀ 'ਤੇ ਪ੍ਰਤੀਕਰਮ ਦਿੰਦੇ ਹੋਏ ਉਨ੍ਹਾਂ ਪੰਜਾਬ ਪ੍ਰਦੇਸ ਕਾਂਗਰਸ ਦੇ ਇੰਚਾਰਜ ਤੇ ਛੱਤੀਸਗੜ੍ਹ ਦੇ ਸਾਬਕਾ ਮੁੱਖ ਮੰਤਰੀ ਭੁਪੇਸ਼ ਬਘੇਲ, ਪੰਜਾਬ ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਅਤੇ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਸਮੇਤ ਸਮੁੱਚੀ ਹਾਈਕਮਾਂਡ ਦਾ ਧੰਨਵਾਦ ਕੀਤਾ ਹੈ।ਉਨ੍ਹਾਂ ਕਿਹਾ ਕਿ ਪਾਰਟੀ ਨੇ ਜੋ ਉਨ੍ਹਾਂ 'ਤੇ ਭਰੋਸਾ ਜਤਾਇਆ ਹੈ, ਉਹ ਉਸ 'ਤੇ ਖਰਾ ਉਤਰਨ ਦੀ ਪੂਰੀ ਕੋਸ਼ਿਸ਼ ਕਰਨਗੇ।ਉਨ੍ਹਾਂ ਵਚਨਬੱਧਤਾ ਪ੍ਰਗਟਾਈ ਕਿ ਉਹ ਆਪਣੀ ਜ਼ਿੰਮੇਵਾਰੀ ਨੂੰ ਪੂਰੀ ਲਗਨ ਤੇ ਇਮਾਨਦਾਰੀ ਨਾਲ ਨਿਭਾਉਣਗੇ ਅਤੇ ਇਹ ਯਕੀਨੀ ਬਣਾਉਣਗੇ ਕਿ ਮਾਨਸਾ ਤੇ ਬਠਿੰਡਾ ਸ਼ਹਿਰੀ ਹਲਕਿਆਂ ਵਿੱਚ ਕਾਂਗਰਸ ਪਾਰਟ ਹੋਰ ਵੀ ਮਜ਼ਬੂਤ ਹੋਵੇ।ਇਹ ਨਿਯੁਕਤੀ ਪੰਜਾਬ ਵਿੱਚ ਅਗਾਮੀ ਗਤੀਵਿਧੀਆਂ ਦੇ ਮੱਦੇਨਜ਼ਰ ਕਾਂਗਰਸ ਪਾਰਟੀ ਦੇ ਸੰਗਠਨਾਤਮਿਕ ਢਾਂਚੇ ਨੂੰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਇਕ ਮਹੱਤਵਪੂਰਨ ਕਦਮ ਮੰਨੀ ਜਾ ਰਹੀ ਹੈ।

## ਬਿਮਾਰੀਆਂ ਤੋਂ ਬਚਣ ਲਈ ਪੌਸ਼ਟਿਕ ਖਾਣੇ ਖਾਓ : ਡਾ. ਦਿਲਜਾਨ ਸਿੰਘ

### ਹਰਜਸ ਸਕੂਲ ਝੜੌਦੀ ਵਿਖੇ ਸਿਹਤ ਜਾਗਰੂਕਤਾ ਸੈਮੀਨਾਰ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਹਰਜਸ ਪਬਲਿਕ ਸਕੂਲ ਝੜੌਦੀ ਵਿਖੇ ਮਾਛੀਵਾੜਾ ਸਾਹਿਬ ਸੋਸ਼ਲ ਵੈੱਲਫੇਅਰ ਸੁਸਾਇਟੀ (ਐੱਨ.ਜੀ.ਓ.) ਵੱਲੋਂ ਪ੍ਰਧਾਨ ਸ਼ਿਵ ਕੁਮਾਰ ਸ਼ਿਵਲੀ ਦੀ ਅਗਵਾਈ 'ਚ ਬੱਚਿਆਂ ਦੀ ਸਿਹਤ ਸਬੰਧੀ ਇੱਕ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ, ਜਿਸ ਵਿੱਚ ਡਾਈਟ ਐਂਡ ਨਿਊਟ੍ਰੀਸ਼ਨ ਮਾਹਿਰ ਡਾ. ਦਿਲਜਾਨ ਸਿੰਘ ਨੇ ਮੁੱਖ ਤੌਰ 'ਤੇ ਸ਼ਮੂਲੀਅਤ ਕੀਤੀ। ਸਕੂਲ ਦੇ ਨੰਨ੍ਹੇ-ਮੁੰਨੇ ਬੱਚਿਆਂ ਸਮੇਤ ਵੱਡੀਆਂ ਕਲਾਸਾਂ ਦੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਡਾ. ਦਿਲਜਾਨ ਨੇ ਦੱਸਿਆ ਕਿ ਬਿਮਾਰੀਆਂ ਤੋਂ ਬਚਣ ਦੀ ਕੁੰਜੀ ਸਾਡੇ ਆਪਣੇ ਹੀ ਹੱਥ ਵਿੱਚ ਹੁੰਦੀ ਹੈ, ਜੇਕਰ ਅਸੀਂ ਬਿਮਾਰੀਆਂ ਰਹਿਤ ਜ਼ਿੰਦਗੀ ਜਿਊਣਾ ਚਾਹੁੰਦੇ ਹਾਂ, ਤਾਂ ਸਾਨੂੰ ਬਾਹਰੀ ਖਾਣਿਆਂ ਭਾਵ ਫਾਸਟ ਫੂਡਜ਼ ਤੋਂ ਕਿਨਾਰਾ ਕਰਨਾ ਪਵੇਗਾ ਤੇ ਪੌਸ਼ਟਿਕ ਖਾਣਿਆਂ ਨੂੰ ਆਪਣੀ ਖ਼ੁਰਾਕ ਦਾ ਹਿੱਸਾ ਬਣਾਉਣਾ ਪਵੇਗਾ। ਉਨ੍ਹਾਂ ਦੱਸਿਆ ਕਿ ਸਾਨੂੰ 70-80% ਬਿਮਾਰੀਆਂ ਪੇਟ ਖ਼ਰਾਬ ਹੋਣ ਦੀ ਵਜ੍ਹਾ ਕਰਕੇ ਹੀ ਲੱਗਦੀਆਂ ਹਨ, ਕਿਉਂਕਿ ਸਾਡੇ ਬੱਚੇ ਤੇ ਨੌਜਵਾਨ ਮੁੰਡੇ-ਕੁੜੀਆਂ ਬਾਹਰਲੇ ਚਟਪਟੇ ਖਾਣਿਆਂ ਦੇ ਚੁੰਗਲ ਵਿੱਚ ਬੁਰੀ ਤਰ੍ਹਾਂ ਫਸ ਚੁੱਕੇ ਹਨ। ਉਨ੍ਹਾਂ ਬੱਚਿਆਂ ਨੂੰ ਅਪੀਲ ਕੀਤੀ ਕਿ ਸਾਨੂੰ ਮਨੁੱਖਾਂ ਨੂੰ ਜਿਊਣ ਲਈ ਖਾਣਾ ਚਾਹੀਦਾ ਹੈ, ਨਾ ਕਿ ਖਾਣ ਲਈ ਜਿਊਣਾ ਚਾਹੀਦਾ ਹੈ, ਇਸ ਲਈ ਸਿਰਫ਼ ਪੌਸ਼ਟਿਕ ਤੇ ਸ਼ੁੱਧ ਖਾਣੇ ਹੀ ਖਾਓ, ਜਿਨ੍ਹਾਂ 'ਚ ਲੋੜੀਂਦੇ ਵਿਟਾਮਿਨ, ਮਿਨਰਲ ਮੌਜੂਦ ਹੋਣ। ਉਨ੍ਹਾਂ ਬੱਚਿਆਂ ਨੂੰ ਡਾਈਟ ਪਲਾਟ ਸਮਝਾਉਂਦਿਆਂ ਕਿਹਾ ਕਿ ਆਪਣਾ ਨਾਸ਼ਤਾ, ਦੁਪਹਿਰ ਦੇ ਖਾਣੇ ਤੇ ਰਾਤ ਦੇ ਖਾਣੇ ਦਾ ਸਮਾਂ ਨਿਰਧਾਰਤ ਕਰੋ, ਬਿਨਾਂ ਵਜ੍ਹਾ ਨਾ ਖਾਓ, ਪਾਣੀ ਵੱਧ ਤੋਂ ਵੱਧ ਪੀਣ ਦੀ ਕੋਸ਼ਿਸ਼ ਕਰੋ, ਰੋਜ਼ਾਨਾ ਸੈਰ ਤੇ ਕਸਰਤ ਕਰੋ ਅਤੇ ਲੋੜ ਪੈਣ ਸਮੇਂ ਡਾਕਟਰੀ ਜਾਂਚ ਜ਼ਰੂਰ ਕਰਵਾਓ। ਉਨ੍ਹਾਂ ਬੱਚਿਆਂ ਨੂੰ ਇਹ ਵੀ ਅਪੀਲ ਕੀਤੀ ਕਿ ਉਹ ਬਿਨਾਂ ਡਾਕਟਰੀ ਸਲਾਹ ਤੋਂ ਆਪਣੀ ਮਰਜ਼ੀ ਨਾਲ ਕੋਈ ਵੀ ਦਵਾਈ ਨਾ ਲੈਣ, ਸਗੋਂ ਮਾਹਿਰ ਡਾਕਟਰਾਂ ਦੁਆਰਾ ਦਿੱਤੀ ਸਲਾਹ ਨੂੰ ਹੀ ਅਪਣਾਉਣ। ਪ੍ਰਧਾਨ ਸ਼ਿਵਲੀ ਨੇ ਵੀ ਬੱਚਿਆਂ ਨੂੰ ਕਿਹਾ ਕਿ ਉਹ ਡਾਕਟਰ ਸਾਹਿਬ ਦੇ ਦਿੱਤੇ ਨਿਰਦੇਸ਼ਾਂ ਦੀ ਪਾਲਣਾ ਕਰਨ ਤੇ ਆਪਣੀ ਤੰਦਰੁਸਤ ਜ਼ਿੰਦਗੀ ਜਿਊਣ ਲਈ ਚੰਗੀਆਂ ਖ਼ੁਰਾਕਾਂ ਦਾ ਇਸਤੇਮਾਲ ਕਰਨ। ਅੰਤ ਵਿੱਚ ਸਕੂਲ ਮੁਖੀ ਪਰਮਜੀਤ ਸਿੰਘ ਨੇ ਡਾ. ਦਿਲਜਾਨ ਸਿੰਘ ਤੇ ਪ੍ਰਧਾਨ ਸ਼ਿਵ ਕੁਮਾਰ ਸ਼ਿਵਲੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਅੱਜ ਸਾਡੇ ਵਿਹੜੇ ਪਹੁੰਚ ਕੇ ਜੋ ਵਡਮੁੱਲੇ ਵਿਚਾਰ ਡਾਕਟਰ ਸਾਹਿਬ ਨੇ ਦਿੱਤੇ ਹਨ, ਉਹ ਸਾਡੇ ਲਈ ਬਹੁਤ ਕੀਮਤੀ ਹਨ, ਸਾਰੇ ਬੱਚਿਆਂ ਅਤੇ ਸਟਾਫ਼ ਨੂੰ ਇਨ੍ਹਾਂ ਦੀ ਪਾਲਣਾ ਕਰਨੀ ਚਾਹੀਦੀ ਹੈ।

ਇਸ ਮੌਕੇ ਪ੍ਰਿੰ. ਜਸਵਿੰਦਰ ਕੌਰ, ਮਾ. ਸਤੀਸ਼ ਕੁਮਾਰ, ਸੁਖਮਨ ਸਿੰਘ ਲੁਧਿਆਣਾ, ਵੰਦਨਾ ਪਰਿਹਾਰ, ਰਾਜਵਿੰਦਰ ਕੌਰ ਢਿੱਲੋਂ, ਬਰਿੰਦਰ ਕੌਰ, ਜਸ਼ਨਪ੍ਰੀਤ ਕੌਰ, ਰਾਕੇਸ਼ ਰਾਣੀ, ਸੀਮਾ ਸ਼ਰਮਾ, ਰਾਜਵੰਤ ਕੌਰ, ਸੁਮਨ ਸ਼ਰਮਾ, ਰਾਜਵੰਤ ਕੌਰ, ਸੰਸਾਰਦੀਪ ਕੌਰ, ਰਵਨੀਤ ਕੌਰ, ਸੁਮਨ ਸ਼ਰਮਾ, ਪਰਮਜੀਤ ਕੌਰ, ਮਨਪ੍ਰੀਤ ਕੌਰ, ਸੁਮਨਪ੍ਰੀਤ ਕੌਰ, ਆਂਚਲ, ਪੂਜਾ, ਗੁਰਮੀਤ ਕੌਰ, ਕਿਰਨਦੀਪ ਕੌਰ, ਜਸਪ੍ਰੀਤ ਕੌਰ, ਬਲਜੀਤ ਕੌਰ ਅਤੇ ਜਸ਼ਨਦੀਪ ਕੌਰ ਆਦਿ ਹਾਜ਼ਰ ਸਨ।

## ਬੀ ਕੇ ਯੂ ਲੱਖੋਵਾਲ ਦੀ ਮਹੀਨਾਵਾਰ ਮੀਟਿੰਗ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਪੱਤੋ ਹੀਰਾ ਸਿੰਘ ਦੇ ਡੇਰਾ ਬਾਬਾ ਰੁਖੜ ਦਾਸ 'ਚ ਬਲਾਕ ਨਿਹਾਲ ਸਿੰਘ ਵਾਲਾ ਦੇ ਆਗੂ ਤੇ ਵਰਕਰਾਂ ਦੀ ਮੀਟਿੰਗ ਬਲਾਕ ਪ੍ਰਧਾਨ ਸਤਿੰਦਰਪਾਲ ਸਿੰਘ ਤੇ ਇਕਾਈ ਪ੍ਰਧਾਨ ਰਾਮ ਸਿੰਘ ਪੱਤੋ ਦੀ ਅਗਵਾਈ ਹੇਠ ਮੁਖਤਿਆਰ ਸਿੰਘ ਦੀਨਾ ਸਾਹਿਬ, ਸੂਬਾ ਮੀਤ ਪ੍ਰਧਾਨ ਲੱਖੋਵਾਲ ਤੇ ਸਾਬਕਾ ਬਲਾਕ ਪ੍ਰਧਾਨ ਮਨਜੀਤ ਸਿੰਘ ਖੋਟੇ ਦੀਆਂ ਹਦਾਇਤਾਂ ਅਨੁਸਾਰ ਮੌਜੂਦਾ ਬਲਾਕ ਪ੍ਰਧਾਨ ਵੱਲੋਂ ਆਗੂਆਂ ਤੇ ਵਰਕਰਾਂ ਨੂੰ ਸਪੈਸ਼ਲ ਹਦਾਇਤ ਕੀਤੀ ਗਈ ਕਿ ਸਾਰੇ ਹਰੀ ਪੱਗ ਤੇ ਯੂਨੀਅਨ ਬੈਜ ਜ਼ਰੂਰ ਲਾ ਕੇ ਮੀਟਿੰਗ ਵਿੱਚ ਆਉਣ, ਜਿਸ ਨਾਲ ਯੂਨੀਅਨ ਦੀ ਵੱਖਰੀ ਪਛਾਣ ਬਣੀ ਰਹੇ।

ਮੀਟਿੰਗ 'ਚ ਸਰਕਾਰ ਵੱਲੋਂ ਲੈਂਡਪੂਲਿੰਗ ਦੀ ਪੁਰਜ਼ੋਰ ਵਿਰੋਧਤਾ ਕੀਤੀ ਗਈ, ਜਿਸ ਅਨੁਸਾਰ ਕਿਸਾਨਾਂ ਦੀ ਜ਼ਮੀਨ ਅਕਵਾਇਰ ਕਰਕੇ ਇੱਕ ਏਕੜ ਮਗਰ ਕਿਸਾਨ ਨੂੰ ਡਿਵੈਲਪਮੈਂਟ ਲਈ ਦੋ ਕਨਾਲਾਂ ਜ਼ਮੀਨ ਦਿੱਤੀ ਜਾਵੇਗੀ ਅਤੇ ਕਿਸਾਨਾਂ ਦੀ ਡਿਵੈਲਪਮੈਂਟ ਦੇ ਨਾਂਅ ਉਪਰ ਛੇ ਕਨਾਲਾਂ ਜ਼ਮੀਨ ਪ੍ਰਤੀ ਏਕੜ ਹੜੱਪ ਲਈ ਜਾਵੇਗੀ ਅਤੇ ਕਿਸਾਨਾਂ ਨੂੰ ਖੇਤੀ ਵਿਚੋਂ ਬਾਹਰ ਕਰ ਦਿੱਤਾ ਜਾਵੇਗਾ।

ਯੂਨੀਅਨ ਲੱਖੋਵਾਲ ਇਸ ਵਿਰੁੱਧ ਸਖਤ ਸਟੈਂਡ ਲਵੇਗੀ ਤੇ ਕਿਸਾਨਾਂ ਨੂੰ ਜਾਗਰੂਕ ਕੀਤਾ ਜਾਵੇਗਾ। ਸਰਕਾਰ ਵੱਲੋਂ ਪਹਿਲਾਂ ਵੀ ਅਕਵਾਇਰ ਜ਼ਮੀਨਾਂ ਵਿੱਚ ਹਾਲੇ ਤੱਕ ਕੋਈ ਡਿਵੈਲਪਮੈਂਟ ਨਹੀਂ ਹੋਈ। ਫ਼ਰੀਦਕੋਟ ਸ਼ੂਗਰ ਮਿੱਲ ਬੰਦ ਹੋਈ। ਜਗਰਾਉਂ ਵਿਖੇ ਸ਼ੂਗਰ ਮਿੱਲ ਬੰਦ ਹੋਈ, ਉਥੇ ਕਿੰਨੀ ਜ਼ਮੀਨ ਲੰਮੇ ਸਮੇਂ ਤੋਂ ਬੇਅਬਾਦ ਪਈ ਹੈ, ਉਥੇ ਹਾਲੇ ਤੀਕਰ ਕੁੱਝ ਨਹੀਂ ਹੋਇਆ। ਹੁਣ ਚਾਰ ਸੌ ਏਕੜ ਜ਼ਮੀਨ, ਕਿਤੇ ਪੰਜ ਸੌ ਏਕੜ, ਜ਼ਮੀਨ ਅਕਵਾਇਰ ਕਰਕੇ ਉਨ੍ਹਾਂ ਦੀ ਡਿਵੈਲਪਮੈਂਟ ਦੇ ਨਾਂਅ ਉਪਰ ਉਨ੍ਹਾਂ ਨੂੰ ਖੇਤੀ ਵਿਚੋਂ ਬਾਹਰ ਕਰ ਦਿੱਤਾ ਜਾਵੇਗਾ ਅਤੇ ਉਥੇ ਵੱਡੇ-ਵੱਡੇ ਮਾਲ ਦਸ-ਦਸ, ਬਾਰਾਂ-ਬਾਰਾਂ ਕਿਲੋਮੀਟਰ ਉਪਰ ਬਣਾ ਦਿੱਤੇ ਜਾਣੇ ਹਨ, ਜਿਸ ਨਾਲ ਛੋਟੇ ਵਪਾਰੀ ਛੋਟੇ ਟਰਾਂਸਪੋਰਟਰਾਂ ਕਾਰਖਾਨਿਆਂ ਵਾਲਿਆਂ ਤੇ ਸ਼ੈਲਰਾਂ ਵਾਲਿਆਂ ਸਮੇਤ ਆੜ੍ਹਤੀਏ ਅਤੇ ਦੁਕਾਨਦਾਰਾਂ ਦੇ ਕੰਮ ਮੁਕੰਮਲ ਠੱਪ ਹੋਣ ਕਰਕੇ ਬੇਰੁਜ਼ਗਾਰੀ ਹੋਰ ਵਧੇਗੀ।

## ਦੇਸ਼ ਭਗਤ ਗਲੋਬਲ ਸਕੂਲ ਵਿਖੇ ਇਨਵੈਸਟੀਚਰ ਸਮਾਗਮ ਲਈ ਚੋਣ

### ਵਿਦਿਆਰਥੀਆਂ 'ਚ ਜ਼ਿੰਮੇਵਾਰੀ ਤੇ ਅਨੁਸ਼ਾਸਨ ਪੈਦਾ ਕਰਨ ਲਈ ਪਹਿਲ : ਪ੍ਰਿੰ. ਜਿੰਦਲ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਦੇਸ਼ ਭਗਤ ਕੈਂਪਸ ਸ੍ਰੀ ਮੁਕਤਸਰ ਸਾਹਿਬ ਦੇ ਚੇਅਰਮੈਨ ਤੇ ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾਕਟਰ ਜ਼ੋਰਾ ਸਿੰਘ ਅਤੇ ਪ੍ਰੋ ਚਾਂਸਲਰ ਡਾਕਟਰ ਤੇਜਿੰਦਰ ਕੌਰ ਦੀ ਯੋਗ ਅਗਵਾਈ ਹੇਠ ਪ੍ਰਿੰਸੀਪਲ ਡਾਕਟਰ ਸੰਜੀਵ ਜਿੰਦਲ ਤੇ ਵਾਈਸ ਪ੍ਰਿੰਸੀਪਲ ਡਾਕਟਰ ਪਰਮਪ੍ਰੀਤ ਕੌਰ ਦੀ ਦੇਖ-ਰੇਖ ਹੇਠ ਇਨਵੈਸਟੀਚਰ ਸਮਾਗਮ ਲਈ ਸਕੂਲ ਵਿੱਚ ਲੋਕਤੰਤਰਕ ਢੰਗ ਨਾਲ ਵਿਦਿਆਰਥੀ ਅਹੁਦੇਦਾਰਾਂ (ਹੈੱਡ ਬੁਆਏ, ਹੈੱਡ ਗਰਲ, ਸੱਭਿਆਚਾਰਕ ਸੈਕਰੇਟਰੀ, ਖੇਡ ਸੈਕਰੇਟਰੀ, ਸਾਹਿਤ ਸੈਕਰੇਟਰੀ, ਹਾਊਸ ਕੈਪਟਨ, ਵਾਈਸ ਕੈਪਟਨ ਤੇ ਪ੍ਰੀਫੈਕਟ) ਦੀ ਚੋਣ ਲਈ ਮਤਦਾਨ ਕਰਵਾਇਆ ਗਿਆ। ਪ੍ਰਿੰਸੀਪਲ ਜਿੰਦਲ ਨੇ ਕਿਹਾ ਕਿ ਇਹ ਸਾਰੇ ਅਹੁਦੇ ਬੱਚਿਆਂ ਅੰਦਰ ਨੇਤਰਤੱਵ, ਅਨੁਸ਼ਾਸਨ ਤੇ ਜ਼ਿੰਮੇਵਾਰੀ ਦੀ ਭਾਵਨਾ ਭਰ ਦਿੰਦੇ ਹਨ, ਜੋ ਕਿ ਉਨ੍ਹਾਂ ਨੂੰ ਇੱਕ ਵਧੀਆ ਵਿਦਿਆਰਥੀ ਦੇ ਨਾਲ ਨਾਲ ਵਧੀਆ ਇਨਸਾਨ ਬਣਨ ਵਿੱਚ ਮਦਦ ਕਰਦੇ ਹਨ।ਵੋਟਿੰਗ ਦੀ ਪੂਰੀ ਪ੍ਰਕਿਰਿਆ ਨਿਯਮਤ ਤੇ ਪਾਰਦਰਸ਼ੀ ਢੰਗ ਨਾਲ ਸੰਪੰਨ ਹੋਈ।ਵਾਈਸ ਪ੍ਰਿੰਸੀਪਲ ਡਾਕਟਰ ਪਰਮਪ੍ਰੀਤ ਕੌਰ ਨੇ ਕਿਹਾ ਕਿ ਇਹ ਚੋਣ ਬੱਚਿਆਂ ਨੂੰ ਆਪਣਾ ਵਿਵਹਾਰ ਵਧੀਆ ਬਣਾਉਣ ਵਿੱਚ ਵੀ ਮਦਦ ਕਰਨਗੀਆਂ।ਇਹ ਚੋਣ ਹਰ ਇੱਕ ਵਿਦਿਆਰਥੀ ਨੂੰ ਧਿਆਨ ਵਿੱਚ ਰੱਖਦੇ ਹੋਏ ਕਰਵਾਈ ਗਈ, ਜੋ ਕਿ ਸਾਰੇ ਬੱਚਿਆਂ ਲਈ ਫਰੀ ਤੇ ਫੇਅਰ ਹੋਏ।ਸਮੂਹ ਸਟਾਫ ਤੇ ਵਿਦਿਆਰਥੀਆਂ ਨੇ ਬੜੀ ਹੀ ਉਤਸੁਕਤਾ ਨਾਲ ਇਸ ਪ੍ਰਕਿਰਿਆ ਨੂੰ ਪੂਰਾ ਕੀਤਾ।ਇਸ ਮੌਕੇ ਕੈਂਪਸ ਇੰਚਾਰਜ ਸ੍ਰੀ ਮੇਜਰ ਮਹਿਤਾ ਨੇ ਗੱਲਬਾਤ ਦੌਰਾਨ ਦੱਸਿਆ ਕਿ ਦੇਸ਼ ਭਗਤ ਗਲੋਬਲ ਸਕੂਲ ਸ਼ਹਿਰ ਦਾ ਇੱਕ ਅਜਿਹਾ ਸਕੂਲ ਹੈ, ਜੋ ਬੱਚਿਆਂ ਦੇ ਸਰਵਪੱਖੀ ਵਿਕਾਸ ਵੱਲ ਧਿਆਨ ਦਿੰਦਾ ਹੈ, ਜਿਸ ਦਾ ਸਿਹਰਾ ਸ੍ਰੀ ਸੰਜੀਵ ਜਿੰਦਲ ਤੇ ਉਸ ਦੀ ਵਧੀਆ ਟੀਮ ਨੂੰ ਜਾਂਦਾ ਹੈ। ਉਨ੍ਹਾ ਕਿਹਾ ਕਿ ਉਹ ਪੂਰੇ ਮੀਡੀਆ ਦੇ ਸਹਿਯੋਗ ਲਈ ਤਹਿ ਦਿਲੋਂ ਸ਼ੁਕਰਗੁਜ਼ਾਰ ਹਨ।

## ਵਿਆਹ ਦਾ ਝਾਂਸਾ ਦੇ ਕੇ ਜਬਰ ਜ਼ਨਾਹ, 5 ਖਿਲਾਫ ਮਾਮਲਾ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਮੱਲਾਂਵਾਲਾ ਵਿਖੇ ਇਕ ਨਾਬਾਲਿਗ ਲੜਕੀ ਨੂੰ ਵਿਆਹ ਦਾ ਝਾਂਸਾ ਦੇ ਕੇ ਉਸ ਨਾਲ ਜਬਰ ਜ਼ਨਾਹ ਕਰਨ ਦੇ ਦੋਸ਼ ਵਿੱਚ ਥਾਣਾ ਮੱਲਾਂਵਾਲਾ ਪੁਲਸ ਨੇ 5 ਲੋਕਾਂ ਖਿਲਾਫ 64, 115 (2) ਬੀਐੱਨਐੱਸ, 4 ਪੋਸਕੋ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਨਾਬਾਲਿਗ ਲੜਕੀ ਨੇ ਦੱਸਿਆ ਕਿ ਉਸ ਦੀ ਉਮਰ 16 ਸਾਲ ਹੈ ਤੇ ਦੱਸਵੀਂ ਕਲਾਸ ਵਿਚ ਪੜ੍ਹਦੀ ਹੈ। ਨਾਬਾਲਿਗ ਲੜਕੀ ਨੇ ਦੱਸਿਆ ਕਿ ਉਹ ਕਰੀਬ 4-5 ਮਹੀਨੇ ਪਹਿਲਾਂ ਕੈਥੋਲਿਕ ਚਰਚ ਮੱਲਾਂਵਾਲਾ ਵਿਖੇ ਆਈ ਤਾਂ ਉਥੇ ਉਸ ਦੀ ਜਾਣ ਪਛਾਣ ਦੀਪਕ ਸੋਨੀ ਪੁੱਤਰ ਹਨੀਫ ਸੋਨੀ ਨਾਲ ਹੋ ਗਈ ਤੇ ਦੀਪਕ ਸੋਨੀ ਸਕੂਲ ਜਾਣ ਸਮੇਂ ਉਸ ਦਾ ਪਿੱਛਾ ਕਰਦਾ ਸੀ। ਇਸ ਗੱਲ ਦਾ ਉਸ ਦੇ ਪਿਤਾ ਨੂੰ ਪਤਾ ਲੱਗ ਗਿਆ, ਜਿਨ੍ਹਾਂ ਨੇ ਦੀਪਕ ਸੋਨੀ ਨੂੰ ਸਮਝਾਇਆ ਵੀ ਸੀ ਕਿ ਉਸ ਦੀ ਲੜਕੀ ਨਾਲ ਗੱਲਬਾਤ ਨਾ ਕਰੇ, ਪਰ ਉਹ ਨਹੀਂ ਟਲਿਆ। ਨਾਬਾਲਿਗ ਲੜਕੀ ਨੇ ਦੱਸਿਆ ਕਿ 26 ਮਈ 2025 ਨੂੰ ਕਰੀਬ 3-4 ਵਜੇ ਦੁਪਹਿਰ ਦੀਪਕ ਸੋਨੀ ਨੇ ਉਸ ਨੂੰ ਫੋਨ ਕੀਤਾ ਤੇ ਵਰਗਲਾ ਕੇ ਵਿਆਹ ਦਾ ਝਾਂਸਾ ਦੇ ਕੇ ਲੈ ਗਿਆ ਤੇ ਅੰਮ੍ਰਿਤਸਰ ਹੋਟਲ ਵਿੱਚ ਉਸ ਨਾਲ ਜਬਰ ਜ਼ਨਾਹ ਕੀਤਾ ਤੇ ਦੋ ਦਿਨ ਬਾਅਦ ਘਰ ਲੈ ਆਇਆ। ਨਾਬਾਲਿਗ ਲੜਕੀ ਨੇ ਦੱਸਿਆ ਕਿ ਉਕਤ ਵਿਅਕਤੀਆਂ ਨੇ ਉਸ ਦੇ ਸੱਟਾਂ ਮਾਰੀਆਂ ਤੇ ਕਹਿੰਦੇ ਕਿ ਤੂੰ ਸਾਡੇ ਪੇਸ਼ ਪੈ ਗਈ ਹੈ। ਇਸ ਮਾਮਲੇ ਦੀ ਜਾਂਚ ਕਰ ਰਹੇ ਐੱਸਆਈ ਗੀਤਾ ਨੇ ਦੱਸਿਆ ਕਿ ਪੁਲਸ ਨੇ ਨਾਬਾਲਿਗ ਲੜਕੀ ਦੇ ਬਿਆਨਾਂ 'ਤੇ ਮੁਲਜ਼ਮ ਦੀਪਕ, ਸੀਮਾ ਪਤਨੀ ਹਨੀਫ ਸੋਨੀ, ਅਮਨ ਪੁੱਤਰੀ ਹਨੀਫ ਸੋਨੀ, ਰੇਸ਼ਮ ਤੇ ਰਾਜੂ ਪੁੱਤਰਾਨ ਕਾਲਾ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

## ਸ੍ਰੀ ਬਾਲਾ ਜੀ ਖਾਟੂਸ਼ਿਆਮ ਮੰਦਰ 'ਚ ਨਵਾਂ ਚੋਲਾ ਚੜ੍ਹਾਇਆ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸ੍ਰੀ ਬਾਲਾ ਜੀ ਮੰਦਰ ਦੇ ਮੈਂਬਰ ਗੌਰਵ ਜਨਾਲੀਆ ਨੇ ਦੱਸਿਆ ਕਿ ਸ੍ਰੀ ਬਾਲਾ ਜੀ ਖਾਟੂਸ਼ਿਆਮ ਮੰਦਰ ਵਿੱਚ ਗੁਰੂ ਪੂਰਨਿਮਾ ਦੇ ਸ਼ੁਭ ਮੌਕੇ 'ਤੇ ਸ੍ਰੀ ਬਾਲਾ ਜੀ ਮਹਾਰਾਜ ਨੂੰ ਨਵਾਂ ਚੋਲਾ ਚੜ੍ਹਾਇਆ ਗਿਆ। ਚੋਲੇ ਦੀ ਰਸਮ ਮੋਹਿਤ ਜਿੰਦਲ ਜਖੇਪਲ ਵਾਲਿਆਂ ਨੇ ਪਰਵਾਰ ਸਮੇਤ ਅਦਾ ਕੀਤੀ। ਇਸ ਤੋਂ ਬਾਅਦ ਰਾਤ ਨੂੰ ਸ੍ਰੀ ਸੁੰਦਰ ਕਾਂਡ ਜੀ ਦਾ ਪਾਠ ਤੇ ਤਾਲੀ ਸੰਕੀਰਤਨ ਕੀਤਾ ਗਿਆ। ਸ੍ਰੀ ਬਾਲਾ ਜੀ ਮਹਾਰਾਜ ਦੀ ਆਰਤੀ ਉਪਰੰਤ ਸਵਾਮਣੀ ਭੋਗ ਲਾਇਆ ਗਿਆ। ਸ੍ਰੀ ਬਾਲਾ ਜੀ ਟਰੱਸਟ ਵੱਲੋਂ ਭੰਡਾਰਾ ਵੀ ਲਾਇਆ ਗਿਆ। ਜਨਾਲੀਆ ਨੇ ਦੱਸਿਆ ਕਿ ਭਜਨ ਗਾਇਕ ਮੁਨੀਸ਼ ਅਰੋੜਾ ਨੇ ਗੁਰੂ ਦੀ ਮਹਿਮਾ ਦਾ ਗੁਣਗਾਨ ਕੀਤਾ। ਉਨ੍ਹਾਂ ਨੇ ਦੱਸਿਆ ਕਿ ਸ੍ਰੀ ਹਨੂੰਮਾਨ ਜੀ ਕਲਯੁਗ ਵਿੱਚ ਪ੍ਰਧਾਨ ਦੇਵਤਾ ਵਜੋਂ ਪੂਜੇ ਜਾਂਦੇ ਹਨ। ਬਜਰੰਗ ਬਲੀ ਬਹੁਤ ਜਲਦੀ ਪ੍ਰਸੰਨ ਹੋਣ ਵਾਲੇ ਦੇਵਤਾ ਹਨ ਤੇ ਸ਼ਾਸਤਰਾਂ ਅਨੁਸਾਰ ਸੁੰਦਰ ਕਾਂਡ ਜੀ ਦਾ ਪਾਠ ਕਰਨ ਵਾਲੇ ਵਿਅਕਤੀ ਦੇ ਜੀਵਨ ਵਿੱਚ ਖੁਸ਼ੀਆਂ ਦਾ ਸੰਚਾਰ ਹੋਣ ਲੱਗ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਹਰ ਪੂਰਨਮਾਸ਼ੀ ਨੂੰ ਸ੍ਰੀ ਬਾਲਾ ਜੀ ਖਾਟੂਸ਼ਿਆਮ ਮੰਦਰ ਵਿੱਚ ਰਾਤ 8:00 ਵਜੇ ਤੋਂ 10:00 ਵਜੇ ਤੱਕ ਸ੍ਰੀ ਸੁੰਦਰਕਾਂਡ ਜੀ ਦਾ ਪਾਠ ਕੀਤਾ ਜਾਂਦਾ ਹੈ।

## ਗਊਸ਼ਾਲਾ ਜਾ ਕੇ ਬੇਸਹਾਰਾ ਗਊਆਂ ਦੀ ਕੀਤੀ ਸੇਵਾ




**ਗੁਰੂ ਹਰਸਹਾਏ (ਫ਼ਕੀਰ ਚੰਦ ਸਿਕਰੀ)**-ਲਾਇਨਜ਼ ਕਲੱਬ ਗੁਰੂ ਵੱਲੋਂ ਲੋਕ ਭਲਾਈ ਦੇ ਕੰਮਾਂ ਨੂੰ ਅੱਗੇ ਤੋਰਦੇ ਸ਼ਹਿਰ ਦੀ ਗਊਸ਼ਾਲਾ ਵਿਖੇ ਸੇਵਾ ਕੀਤੀ ਗਈ। ਕਲੱਬ ਦੇ ਨਵੇਂ ਬਣੇ ਪ੍ਰਧਾਨ ਗੌਰਵ ਸਚਦੇਵਾ, ਸ਼ੁਭਮ ਮੋਂਗਾ, ਰਾਜਨ ਮੋਂਗਾ, ਪ੍ਰਸ਼ਾਂਤ ਖੇੜਾ, ਸਾਜਨ ਸਚਦੇਵਾ, ਮਿਲਾਪ ਛਾਬੜਾ, ਸੰਦੀਪ ਧਵਨ, ਲੱਕੀ ਤਨੇਜਾ, ਮਨੂ ਮੋਂਗਾ, ਰਣਬੀਰ ਧਵਨ ਲਾਡੀ ਭੰਡਾਰੀ, ਰਾਹੁਲ ਬਜਾਜ, ਰਾਜਨ ਸਚਦੇਵਾ, ਅਮਿਤ ਅਰੋੜਾ, ਵਰੁਣ ਗਾਵੜੀ, ਅਮਨ ਸਜਦੇਵਾ, ਮਨੀਸ਼ ਬਿੰਦਰਾ ਰਚਿਤ ਸੋਡੀ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਲੋਕ ਭਲਾਈ ਦਾ ਕੰਮ ਕਰਦੇ ਹੋਏ ਸ਼ਹਿਰ ਦੀ ਗਊਸ਼ਾਲਾ ਵਿਖੇ ਜਾ ਕੇ ਗੁੜ ਚੋਕਰ ਤੇ ਕਮੇਟੀ ਮੈਂਬਰਾਂ ਨੂੰ ਸਹਿਯੋਗ ਰਾਸ਼ੀ ਦਿੱਤੀ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਕਲੱਬ ਵੱਲੋਂ ਸਮੇਂ-ਸਮੇਂ 'ਤੇ ਲੋਕ ਭਲਾਈ ਦੇ ਕੰਮ ਕੀਤੇ ਜਾਂਦੇ ਹਨ ਤੇ ਅੱਜ ਵੀ ਗਊਸ਼ਾਲਾ ਵਿਖੇ ਜਾ ਕੇ ਗਊਆਂ ਨੂੰ ਜਿੱਥੇ ਚਾਰਾ ਪਾਇਆ ਗਿਆ ਹੈ, ਉਥੇ ਸਹਿਯੋਗ ਰਾਸ਼ੀ ਵੀ ਦਿੱਤੀ ਗਈ ਹੈ ਤੇ ਆਉਣ ਵਾਲੇ ਸਮੇਂ 'ਚ ਵੀ ਇਸੇ ਤਰ੍ਹਾਂ ਇਹ ਕੰਮ ਜਾਰੀ ਰਹਿਣਗੇ।

## ਰਾਖ ਦੀਆਂ ਪਰਤਾਂ ਥੱਲੇ ਕੋਈ ਰੁਤਬਾ ਨਜ਼ਰ ਨਹੀਂ ਆਉਂਦਾ : ਅਸ਼ਵਨੀ ਗਰਗ




**ਜੈਤੋ (ਸਤੀਸ਼ ਕੁਮਾਰ ਭੀਰੀ)**-ਸਵਾਮੀ ਵਿਵੇਕਾਨੰਦ ਗਰੁੱਪ ਆਫ਼ ਇੰਸਟੀਚਿਊਸ਼ਨਜ ਦੇ ਚੇਅਰਮੈਨ ਅਸਵਨੀ ਕੁਮਾਰ ਗਰਗ ਨੇ ਬੱਚਿਆਂ ਦੇ ਨਾਂਅ ਜਾਰੀ ਸੰਦੇਸ਼ ਦੌਰਾਨ ਕਿਹਾ ਕਿ ਸਬਰ ਤੇ ਸਹਿਣਸ਼ੀਲਤਾ ਕੋਈ ਕਮਜ਼ੋਰੀ ਨਹੀਂ ਹੁੰਦੀ, ਸਗੋਂ ਇਹ ਅੰਦਰੂਨੀ ਤਾਕਤ ਹੈ, ਜੋ ਕੇਵਲ ਮਜਬੂਤ ਵਿਅਕਤੀ ਵਿੱਚ ਹੁੰਦੀ ਹੈ। ਉਨ੍ਹਾਂ ਕਿਹਾ ਕਿ ਰਿਸ਼ਤਿਆਂ ਨੂੰ ਖਤਮ ਕਰਨ ਲਈ ਗ਼ਲਤੀਆਂ ਦੀ ਜ਼ਰੂਰਤ ਨਹੀਂ ਪੈਂਦੀ, ਸਵਾਰਥ ਪੂਰਾ ਹੁੰਦੇ ਹੀ ਰਿਸ਼ਤਾ ਆਪਣੇ ਆਪ ਟੁੱਟ ਜਾਂਦਾ ਹੈ। ਅਸ਼ਵਨੀ ਗਰਗ ਨੇ ਅੱਗੇ ਕਿਹਾ ਕਿ ਜੋ ਜਿਹੋ ਜਿਹਾ ਨਜ਼ਰ ਆਉਂਦਾ ਹੈ, ਜ਼ਰੂਰੀ ਨਹੀਂ ਕਿ ਉਹ ਵੈਸਾ ਹੀ ਹੋਵੇ, ਜਿਵੇਂ ਕਾਲੀ ਦਾਲ ਦੇ ਸਿਰਫ਼ ਛਿਲਕੇ ਹੀ ਕਾਲੇ ਹੁੰਦੇ ਹਨ। ਅਸ਼ਵਨੀ ਗਰਗ ਨੇ ਕਿਹਾ ਕਿ ਮੈਂ ਰਾਖ ਦੀ ਕਈ ਪਰਤਾਂ ਥੱਲੇ ਤੱਕ ਦੇਖਿਆ, ਪਰ ਅਫ਼ਸੋਸ ਕਿ ਉਹ ਘਮੰਡ, ਉਹ ਪਦ ਕਿਤੇ ਨਜਰ ਨਹੀਂ ਆਇਆ, ਜਿਸਦੀ ਸਾਰੀ ਉਮਰ ਬਹੁਤ ਸਲੀਕੇ ਨਾਲ ਬੁੱਕਲ ਮਾਰਦੇ ਰਹੇ।

## 8 ਗ੍ਰਾਮ ਚਿੱਟੇ ਸਮੇਤ ਦੋ ਗ੍ਰਿਫ਼ਤਾਰ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਥਾਣਾ ਲੌਂਗੋਵਾਲ ਪੁਲਸ ਨੇ ਦੋ ਵਿਅਕਤੀਆਂ ਨੂੰ 8 ਗ੍ਰਾਮ ਚਿੱਟੇ ਸਮੇਤ ਗ੍ਰਿਫਤਾਰ ਕੀਤਾ ਹੈ।ਜਾਣਕਾਰੀ ਦਿੰਦੇ ਹੋਏ ਥਾਣਾ ਲੌਂਗੋਵਾਲ ਦੇ ਐੱਸ.ਐੱਚ.ਓ. ਬਲਵੰਤ ਸਿੰਘ ਬਲਿੰਗ ਨੇ ਦੱਸਿਆ ਕਿ ਸਹਾਇਕ ਥਾਣੇਦਾਰ ਦਰਸ਼ਨ ਸਿੰਘ 1727/ਸੰਗ: ਸਮੇਤ ਸਾਥੀ ਕਰਮਚਾਰੀਆਂ ਨਾਲ ਗਸ਼ਤ ਬਾ ਚੈਕਿੰਗ ਸ਼ੱਕੀ ਵਿਅਕਤੀਆਂ ਸੰਬੰਧੀ ਨੇੜੇ ਸਬ ਤਹਿਸੀਲ ਲੌਂਗੋਵਾਲ ਮੌਜੂਦ ਸੀ ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਮਨਪਾਲ ਸਿੰਘ ਉਰਫ ਮਨੀ ਪੁੱਤਰ ਬਲਦੇਵ ਸਿੰਘ ਵਾਸੀ ਦੁੱਗਾਂ, ਜੋਕਿ ਨਸ਼ਾ ਕਰਨ ਦਾ ਆਦੀ ਹੈ, ਜਿਸ ਨੂੰ ਗੁਰਚਰਨ ਸਿੰਘ ਉਰਫ ਪੋਪਲੀ ਪੁੱਤਰ ਭੋਲਾ ਸਿੰਘ ਵਾਸੀ ਪਿੰਡੀ ਭਾਈ ਕੀ ਸਮਾਧ ਲੌਂਗੋਵਾਲ ਚਿੱਟਾ/ਹੈਰੋਇਨ ਸਪਲਾਈ ਕਰਦਾ ਹੈ।ਮਨਪਾਲ ਸਿੰਘ ਉਰਫ ਮਨੀ ਤੇ ਗੁਰਚਰਨ ਸਿੰਘ ਉਰਫ ਪੋਪਲੀ ਨੂੰ ਕਾਬੂ ਕਰਕੇ ਮਨਪਾਲ ਸਿੰਘ ਉਰਫ ਮਨੀ ਪਾਸੋਂ 20 ਰੁਪਏ ਦਾ ਨੋਟ, ਸਿਲਵਰ ਪੰਨੀ, ਲਾਈਟਰ ਤੇ ਗੁਰਚਰਨ ਸਿੰਘ ਉਰਫ ਪੋਪਲੀ ਉਕਤ ਪਾਸੋਂ 08 ਗ੍ਰਾਮ ਚਿੱਟਾ/ਹੈਰੋਇਨ ਬਰਾਮਦ ਕੀਤਾ ਗਿਆ ਤੇ ਮੁੱਕਦਮਾ ਦਰਜ ਕੀਤਾ ਗਿਆ।

## ਮਨਪ੍ਰੀਤ ਸਿੰਘ ਇਆਲੀ ਭਲਕੇ ਕਪੂਰੇ ਪੁੱਜਣਗੇ : ਮੱਖਣ ਬਰਾੜ



**ਮੋਗਾ (ਇਕਬਾਲ ਸਿੰਘ ਖਹਿਰਾ)**-ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਤੇ ਸਾਬਕਾ ਚੇਅਰਮੈਨ, ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਬਰਜਿੰਦਰ ਸਿੰਘ ਮੱਖਣ ਬਰਾੜ ਨੇ ਦੱਸਿਆ ਕਿ ਪੰਜ ਮੈਂਬਰੀ ਕਮੇਟੀ ਦੇ ਮੈਂਬਰ ਮਨਪ੍ਰੀਤ ਸਿੰਘ ਇਆਲੀ, ਐੱਮ.ਐੱਲ.ਏ. ਹਲਕਾ ਦਾਖਾ, ਭਲਕੇ 13 ਜੁਲਾਈ ਸਵੇਰੇ 10:30 ਵਜੇ ਪਿੰਡ ਕਪੂਰੇ ਵਿਖੇ ਇਕ ਵਿਸ਼ੇਸ਼ ਪ੍ਰੋਗਰਾਮ ਵਿੱਚ ਸ਼ਿਰਕਤ ਕਰਨਗੇ, ਜੋ ਸਰਦਾਰ ਗੁਰਬਖ਼ਸ਼ ਸਿੰਘ ਕਪੂਰੇ (ਸਾਬਕਾ ਚੇਅਰਮੈਨ, ਜ਼ਿਲ੍ਹਾ ਪ੍ਰੀਸ਼ਦ) ਦੇ ਗ੍ਰਹਿ ਵਿਖੇ ਆਯੋਜਿਤ ਹੋ ਰਿਹਾ ਹੈ। ਇਸ ਦੌਰਾਨ ਮਨਪ੍ਰੀਤ ਸਿੰਘ ਇਆਲੀ, ਹਲਕਾ ਧਰਮਕੋਟ ਦੇ ਸਰਕਲ ਮਹਿਣਾ ਦੇ ਆਗੂਆਂ, ਵਰਕਰਾਂ ਤੇ ਸੰਗਤਾਂ ਨਾਲ ਮੁਲਾਕਾਤ ਕਰਨਗੇ।ਉਹ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਅਨੁਸਾਰ ਵਾਤਾਵਰਣ ਬਚਾਅ ਲਈ ਬੂਟੇ ਲਗਾਉਣ ਦੀ ਮੁਹਿੰਮ ਦੀ ਜ਼ਿਲ੍ਹਾ ਮੋਗਾ ਤੋਂ ਸ਼ੁਰੂਆਤ ਵੀ ਕਰਨਗੇ। ਖ਼ਾਸ ਤੌਰ 'ਤੇ ਪੰਜ ਮੈਂਬਰੀ ਕਮੇਟੀ ਵੱਲੋਂ ਚਲਾਈ ਜਾ ਰਹੀ ਭਰਤੀ ਮੁਹਿੰਮ, ਜੋ ਕਿ ਸਿੱਧੀ ਤੌਰ 'ਤੇ ਸ਼੍ਰੋਮਣੀ ਅਕਾਲੀ ਦਲ ਦੀ ਮੁੜ ਸੰਗਠਨਾਂ ਤੇ ਪੁਨਰ-ਸੁਰਜੀਤ ਯਤਨਾਂ ਦਾ ਹਿੱਸਾ ਹੈ, ਉਸ ਦਾ ਅਖੀਰਲਾ ਪੜਾਅ ਵੀ ਇਸ ਮੌਕੇ ਪੂਰਾ ਕਰਕੇ, ਰਿਕਾਰਡ ਸਮੇਤ ਮਨਪ੍ਰੀਤ ਸਿੰਘ ਇਆਲੀ ਨੂੰ ਸਪੁਰਦ ਕੀਤਾ ਜਾਵੇਗਾ।ਇਹ ਭਰਤੀ ਮੁਹਿੰਮ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਪਾਰਦਰਸ਼ੀ, ਨੈਤਿਕ ਤੇ ਸੰਗਠਨਕ ਤੌਰ 'ਤੇ ਸੁਚੱਜੀ ਤਰ੍ਹਾਂ ਚਲਾਈ ਗਈ, ਜਿਸ ਦਾ ਮੁੱਖ ਉਦੇਸ਼ ਸ਼੍ਰੋਮਣੀ ਅਕਾਲੀ ਦਲ ਨੂੰ ਮਜ਼ਬੂਤ ਬੁਨਿਆਦਾਂ 'ਤੇ ਮੁੜ ਖੜਾ ਕਰਨਾ ਹੈ। ਮੱਖਣ ਬਰਾੜ ਨੇ ਕਿਹਾ ਕਿ ਇਹ ਦੌਰਾ ਸਿਰਫ਼ ਇੱਕ ਪ੍ਰੋਗਰਾਮ ਨਹੀਂ, ਸਗੋਂ ਸ਼੍ਰੋਮਣੀ ਅਕਾਲੀ ਦਲ ਦੀ ਨਵੀਂ ਲਹਿਰ, ਨਵੇਂ ਜੋਸ਼ ਤੇ ਨਵੀ ਲੀਡਰਸ਼ਿਪ ਵਾਲੀ ਦਿਸ਼ਾ ਦੀ ਸ਼ੁਰੂਆਤ ਹੈ।ਪਾਰਟੀ ਨੂੰ ਮੁੜ ਲੋਕਾਂ ਦੀ ਅਸਲੀ ਆਵਾਜ਼ ਬਣਾਉਣ ਲਈ ਜ਼ਮੀਨੀ ਪੱਧਰ 'ਤੇ ਇਹ ਜਤਨ ਬੇਹੱਦ ਜ਼ਰੂਰੀ ਹਨ।ਇਸ ਮੌਕੇ ਸ੍ਰ. ਰਜਿੰਦਰ ਸਿੰਘ ਕਪੂਰੇ (ਸਾਬਕਾ ਡਾਇਰੈਕਟਰ), ਕੁਲਦੀਪ ਸਿੰਘ (ਏ.ਡੀ.ਓ.), ਸੂਬੇਦਾਰ ਗੁਰਮੀਤ ਸਿੰਘ ਮੱਲੀ, ਬਲਦੇਵ ਸਿੰਘ ਮਹਿਰੋ, ਅਵਤਾਰ ਸਿੰਘ, ਨਿਰਮਲ ਸਿੰਘ (ਸਾਬਕਾ ਸਰਪੰਚ), ਸੱਜਵੰਤ ਸਿੰਘ, ਸੁਖਦੇਵ ਸਿੰਘ, ਪ੍ਰਤਾਪ ਸਿੰਘ, ਬਲਦੇਵ ਸਿੰਘ, ਚਮਕੌਰ ਸਿੰਘ ਆਦਿ ਹਾਜ਼ਰ ਸਨ।

...ਸਫ਼ਾ 3 ਦੇ ਬਾਕੀ

### ਬਾਜਵਾ ਦੀ ਆਪ ...

ਘਰ ਦੀ ਤਲਾਸ਼ੀ ਦੌਰਾਨ ਵਿਧਾਇਕ ਗਨੀਵ ਮਜੀਠੀਆ ਨੂੰ ਤੰਗ-ਪ੍ਰੇਸ਼ਾਨ ਕਰਨ ਦੇ ਕਥਿਤ ਦੁਰਵਿਹਾਰ ਦੀ ਆਲੋਚਨਾ ਕੀਤੇ ਜਾਣ ਦੀ ਵੀਡੀਓ ਪੋਸਟ ਕਰਨ ਲਈ ਆਮ ਆਦਮੀ ਪਾਰਟੀ ਦੇ ਇੱਕ ਅਣਪਛਾਤੇ ਮੀਡੀਆ ਹੈਂਡਲਰ ਵਿਰੁੱਧ ਐੱਫ ਆਈ ਆਰ ਦਰਜ ਕੀਤੀ ਹੈ। ਪੁਲਸ ਨੇ ਐੱਫ ਆਈ ਆਰ ਵਿੱਚ ਕੇਜਰੀਵਾਲ ਅਤੇ ਮਾਨ ਦਾ ਨਾਂਅ ਦਰਜ ਨਹੀਂ ਕੀਤਾ।

ਬਾਜਵਾ ਨੇ ਸੈਕਟਰ 3 ਪੁਲਸ ਸਟੇਸ਼ਨ ਦੇ ਐੱਸ ਐੱਚ ਓ ਨੂੰ ਆਪਣੀ ਲਿਖਤੀ ਸ਼ਿਕਾਇਤ ਵਿੱਚ ਦੋਸ਼ ਲਗਾਇਆ ਹੈ ਕਿ ਇੱਕ ਵੀਡੀਓ, ਜੋ ਅਸਲ ਵਿੱਚ 25 ਜੂਨ ਨੂੰ ਉਨ੍ਹਾ ਵੱਲੋਂ ਪੋਸਟ ਕੀਤੀ ਗਈ ਸੀ ਤੇ ਜਿਸ ਵਿੱਚ ਪੰਜਾਬ ਵਿਜੀਲੈਂਸ ਬਿਊਰੋ ਦੇ ਵਿਧਾਇਕ ਗਨੀਵ ਕੌਰ ਅਤੇ ਸਾਬਕਾ ਵਿਧਾਇਕ ਸੁਖਪਾਲ ਸਿੰਘ ਖਹਿਰਾ ਵਿਰੁੱਧ ਕਥਿਤ ਦੁਰਵਿਹਾਰ ਦੀ ਆਲੋਚਨਾ ਕੀਤੀ ਗਈ ਸੀ, ਨੂੰ ਤੋੜ-ਮਰੋੜ ਕੇ ਪੇਸ਼ ਕੀਤਾ ਗਿਆ। ਕਥਿਤ ਤੌਰ 'ਤੇ ਬਦਲੇ ਹੋਏ ਸੰਸਕਰਣ ਵਿੱਚ ਇਹ ਪ੍ਰਤੀਤ ਹੁੰਦਾ ਸੀ ਕਿ ਬਾਜਵਾ ਵੱਲੋਂ ਬਿਕਰਮ ਸਿੰਘ ਮਜੀਠੀਆ ਦਾ ਸਮਰਥਨ ਕੀਤਾ ਜਾ ਰਿਹਾ ਸੀ। ਬਾਜਵਾ ਨੇ ਕਿਹਾ ਕਿ ਛੇੜਛਾੜ ਵਾਲੀ ਵੀਡੀਓ ਨੂੰ 'ਆਪ' ਨੇਤਾਵਾਂ ਦੁਆਰਾ ਆਪਣੇ ਅਧਿਕਾਰਤ ਸੋਸ਼ਲ ਮੀਡੀਆ ਹੈਂਡਲਾਂ ਤੋਂ ਵੱਡੇ ਪੱਧਰ 'ਤੇ ਸਾਂਝਾ ਕੀਤਾ ਗਿਆ ਸੀ, ਤਾਂ ਜੋ ਜਨਤਾ ਨੂੰ ਗੁੰਮਰਾਹ ਕੀਤਾ ਜਾ ਸਕੇ ਅਤੇ ਕਾਂਗਰਸ ਪਾਰਟੀ ਸਮੇਤ ਉਨ੍ਹਾ ਦੀ ਸਾਖ ਨੂੰ ਨੁਕਸਾਨ ਪਹੁੰਚਾਇਆ ਜਾ ਸਕੇ।

## ਅਰਲੀ ਸਕਿੱਲਸ ਲੈਬਸ ਵੱਲੋਂ ਪਲੇਸੈਂਟ ਕੈਂਪ 14 ਨੂੰ

**ਸੰਗਰੂਰ (ਪ੍ਰਵੀਨ ਸਿੰਘ)**-ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵੱਲੋਂ ਅਰਲੀ ਸਕਿੱਲਸ ਲੈਬਸ ਪ੍ਰਾਈਵੇਟ ਲਿਮ: ਕੰਪਨੀ ਨਾਲ ਤਾਲਮੇਲ ਕਰਕੇ 14 ਜੁਲਾਈ ਨੂੰ ਨੌਕਰੀ ਦੇ ਚਾਹਵਾਨ ਪ੍ਰਾਰਥੀਆਂ ਲਈ ਰੋਜ਼ਗਾਰ ਦਫ਼ਤਰ ਵਿਖੇ ਇੱਕ ਪਲੇਸਮੈਂਟ ਕੈਂਪ ਲਾਇਆ ਜਾ ਰਿਹਾ ਹੈ।

ਜ਼ਿਲ੍ਹਾ ਰੁਜ਼ਗਾਰ ਉਤਪਤੀ ਹੁਨਰ ਵਿਕਾਸ ਅਤੇ ਸਿਖਲਾਈ ਅਫਸਰ ਨੇ ਦੱਸਿਆ ਕਿ ਕੰਪਨੀ ਵੱਲੋਂ ਵੀ ਆਰ ਐਮ/ਵੀ ਆਰ ਓ (ਲੜਕੇ, ਲੜਕੀਆਂ ਦੋਵਾਂ ਲਈ), ਸੇਲਜ਼ ਆਫ਼ੀਸਰ (ਲੜਕੇ, ਲੜਕੀਆਂ ਦੋਵਾਂ ਲਈ), ਐਗਜ਼ੀਕਿਊਟਿਵ (ਕੇਵਲ ਲੜਕੇ) ਦੀ ਅਸਾਮੀ ਲਈ ਇੰਟਰਵਿਊ ਲਈ ਜਾਵੇਗੀ, ਜਿਸ ਲਈ ਪ੍ਰਾਰਥੀ ਦੀ ਵਿੱਦਿਅਕ ਯੋਗਤਾ ਵੀ ਆਰ ਐਮ/ਵੀ ਆਰ ਓ ਤੇ ਸੇਲਜ਼ ਆਫ਼ੀਸਰ ਅਤੇ ਸੇਲਜ਼ ਆਫ਼ੀਸਰ ਲਈ ਗ੍ਰੈਜੂਏਸ਼ਨ ਪਾਸ ਅਤੇ ਐਗਜ਼ੀਕਿਊਟਿਵ ਲਈ 12ਵੀਂ ਪਾਸ ਹੋਣੀ ਚਾਹੀਦੀ ਹੈ।ਇਸ ਤੋਂ ਇਲਾਵਾ ਵੀ ਆਰ ਐਮ/ਵੀ ਆਰ ਓ ਤੇ ਸੇਲਜ਼ ਆਫ਼ੀਸਰ ਅਤੇ ਸੇਲਜ਼ ਆਫ਼ੀਸਰ (ਉਮਰ 18 ਤੋਂ 30 ਸਾਲ), ਐਗਜ਼ੀਕਿਊਟਿਵ (ਉਮਰ 18 ਤੋਂ 27 ਸਾਲ) ਹੋਣੀ ਚਾਹੀਦੀ ਹੈ।

## ਮਾਡਰਨ ਕਾਲਜ ਵਿਖੇ ਵਿਸ਼ਵ ਜਨ ਸੰਖਿਆ ਦਿਵਸ ਮਨਾਇਆ



**ਚੀਮਾ ਮੰਡੀ (ਰਵਿੰਦਰ ਬਾਂਸਲ)**-ਚੀਮਾ ਮਾਡਰਨ ਗਰੁੱਪ ਆਫ ਕਾਲਜਿਜ਼ ਬੀਰ ਕਲਾਂ ਵਿਖੇ ਵਿਸ਼ਵ ਜਨ ਸੰਖਿਆ ਦਿਵਸ ਮਨਾਇਆ ਗਿਆ। ਇਸ ਮੌਕੇ ਕਾਲਜ ਦੇ ਚੇਅਰਮੈਨ ਡਾਕਟਰ ਰਵਿੰਦਰ ਬਾਂਸਲ ਨੇ ਬੋਲਦਿਆਂ ਕਿਹਾ ਕਿ ਹਰ ਦੇਸ਼ ਦੀ ਤਰੱਕੀ ਵਿੱਚ ਉਸ ਦੇਸ਼ ਦੀ ਜਨ ਸੰਖਿਆ ਦਾ ਸੰਤੁਲਨ ਹੋਣਾ ਬਹੁਤ ਅਹਿਮਤ ਰੱਖਦਾ ਹੈ, ਜਿਸ ਦੇਸ਼ ਦੀ ਜਨ ਸੰਖਿਆ ਬਹੁਤ ਜ਼ਿਆਦਾ ਜਾਂ ਬਹੁਤ ਘੱਟ ਹੋਵੇਗੀ, ਉਹ ਦੇਸ਼ ਸਹੀ ਮਾਇਨੇ ਵਿੱਚ ਤਰੱਕੀ ਨਹੀਂ ਕਰ ਸਕਦਾ, ਇਸ ਲਈ ਦੇਸ਼ ਦੀ ਜਨ ਸੰਖਿਆ ਦਾ ਗਿਣਤੀ ਪੱਖੋਂ ਉਸ ਦੇਸ਼ ਦੇ ਖੇਤਰਫਲ ਅਨੁਸਾਰ ਸੰਤੁਲਨ ਹੋਣਾ ਜ਼ਰੂਰੀ ਹੈ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾਕਟਰ ਵੀ ਕੇ ਰਾਏ ਨੇ ਵਿਸ਼ਵ ਜਨ ਸੰਖਿਆ ਦਿਵਸ ਦੇ ਇਤਿਹਾਸ ਸਬੰਧੀ ਜਾਣਕਾਰੀ ਦਿੱਤੀ। ਕਾਲਜ ਵਿਦਿਆਰਥੀਆਂ ਵੱਲੋਂ ਜਨ ਸੰਖਿਆ ਦਿਵਸ ਨਾਲ ਸੰਬੰਧਤ ਪੋਸਟਰ ਬਣਾਏ ਗਏ। ਇਸ ਮੌਕੇ ਕਾਲਜ ਦਾ ਸਮੂਹ ਸਟਾਫ ਤੇ ਵਿਦਿਆਰਥੀ ਹਾਜ਼ਰ ਸਨ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

12-Junly-PAGE-11-Majha-25-C-Add-12.qxd 7/11/2025 9:15 PM Page 1



# ਸ਼ੈਰੀ ਕਲਸੀ ਵੱਲੋਂ ਵਾਰਡ ਨੰਬਰ 13 'ਚ ਨਵੀਆਂ ਗਲੀਆਂ ਦਾ ਕੰਮ ਸ਼ੁਰੂ



ਬਟਾਲਾ (ਡਾ. ਮਲਵਿੰਦਰ ਸਿੰਘ)-ਵਿਧਾਇਕ ਸ਼ੈਰੀ ਕਲਸੀ ਨੇ ਵਾਰਡ ਨੰਬਰ 13 ਵਿੱਚ ਨਵੀਆਂ ਬਣਨ ਵਾਲੀਆਂ ਗਲੀਆਂ ਦਾ ਨਿਰਮਾਣ ਕਾਰਜ ਸ਼ੁਰੂ ਕਰਵਾਇਆ।ਉਨ੍ਹਾਂ ਵਾਰਡ ਵਾਸੀਆਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸ਼ਹਿਰ ਵਾਸੀਆਂ ਦੀਆਂ ਮੁੱਢਲੀਆਂ ਜ਼ਰੂਰਤਾਂ ਪੂਰੀਆਂ ਕੀਤੀਆਂ ਜਾ ਰਹੀਆਂ ਹਨ ਅਤੇ ਦਹਾਕਿਆਂ ਤੋਂ ਗਲੀਆਂ ਤੋਂ ਸੱਖਣੇ ਲੋਕਾਂ ਦੀ ਸਹੂਲਤ ਲਈ ਗਲੀਆਂ ਬਣਾਈਆਂ ਜਾ ਰਹੀਆਂ ਹਨ।ਉਨ੍ਹਾਂ ਦੱਸਿਆ ਕਿ ਹਰ ਵਾਰਡ ਵਿੱਚ ਲੋਕਾਂ ਦੀ ਸਹੂਲਤ ਲਈ ਸੀਵਰੇਜ ਤੇ ਨਵੀਆਂ ਗਲੀਆਂ ਦੀ ਉਸਾਰੀ ਕਰਵਾਈ ਜਾਵੇਗੀ, ਜਿਸ ਲਈ ਕੰਮ ਚੱਲ ਰਿਹਾ ਹੈ।ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਉਹ ਸ਼ਹਿਰ ਵਾਸੀਆਂ ਦੀਆਂ ਮੁਸ਼ਕਿਲਾਂ ਹੱਲ ਕਰਨ ਲਈ ਵਚਨਬੱਧ ਹਨ ਅਤੇ ਖੁਦ ਲੋਕਾਂ ਤੱਕ ਪਹੁੰਚ ਕਰਕੇ ਉਨਾਂ ਦੀਆਂ ਮੁਸ਼ਕਿਲਾਂ ਸੁਣ ਰਹੇ ਹਨ।ਉਨਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਦੀ ਅਣਗਹਿਲੀ ਕਰਕੇ ਬਟਾਲਾ ਸ਼ਹਿਰ ਦੀਆਂ ਸਮੱਸਿਆਵਾਂ ਹੱਲ ਨਹੀਂ ਕੀਤੀਆਂ ਗਈਆਂ, ਜਿਸ ਨਾਲ ਲੋਕਾਂ ਨੂੰ ਬਹੁਤ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਪਰ ਹੁਣ ਲੋਕਾਂ ਦੀ ਬਾਂਹ ਫੜ੍ਹੀ ਗਈ ਹੈ ਤੇ ਲੋਕਾਂ ਦੀਆਂ ਚਿਰੋਕਣੀਆਂ ਮੰਗਾਂ ਪੂਰੀਆਂ ਕੀਤੀਆਂ ਜਾ ਰਹੀਆਂ ਹਨ।ਇਸ ਮੌਕੇ ਵਾਰਡ ਵਾਸੀਆਂ ਨੇ ਵਿਧਾਇਕ ਸ਼ੈਰੀ ਕਲਸੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਿਛਲੀਆਂ ਸਰਕਾਰਾਂ ਦੌਰਾਨ ਕੋਈ ਵੀ ਉਨਾਂ ਦੀ ਸਾਰ ਲੈਣ ਨਹੀ ਆਇਆ ਅਤੇ ਉਹ ਲੰਬੇ ਸਮੇਂ ਤੋਂ ਗਲੀਆਂ ਨਾ ਬਣਨ ਕਰਕੇ ਵੱਡੀਆਂ ਮੁਸ਼ਕਿਲਾਂ ਦਾ ਸਾਹਮਣਾ ਕਰ ਰਹੇ ਹਨ ਪਰ ਹੁਣ ਉਨਾਂ ਦੀ ਸਾਰ ਲਈ ਗਈ ਹੈ, ਜਿਸ ਨਾਲ ਇਥੋਂ ਦੇ ਵਾਸੀਆਂ ਨੂੰ ਵੱਡੀ ਰਾਹਤ ਮਿਲੀ ਹੈ।ਇਸ ਮੌਕੇ ਐੱਸਡੀਓ ਰੋਹਿਤ ਉਪਲ, ਅੰਮ੍ਰਿਤ ਕਲਸੀ, ਕੌਂਸਲਰ ਬਲਵਿੰਦਰ ਸਿੰਘ ਮਿੰਟਾ, ਸੀਨੀਅਰ ਆਗੂ ਅਵਤਾਰ ਸਿੰਘ ਕਲਸੀ, ਵਿੱਕੀ ਚੌਹਾਨ, ਸੰਧੂ ਭੱਟੀ ਸਮੇਤ ਵਾਰਡ ਵਾਸੀ ਮੌਜੂਦ ਸਨ।

# ਬਿਜਲੀ ਦੀ ਦੁਕਾਨ 'ਚੋਂ ਹਜ਼ਾਰਾਂ ਦਾ ਕੀਮਤੀ ਸਾਮਾਨ ਚੋਰੀ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਇਕ ਇਲੈਕਟ੍ਰੀਸ਼ੀਅਨ ਦੀ ਦੁਕਾਨ ਨੂੰ ਚੋਰਾਂ ਵੱਲੋਂ ਨਿਸ਼ਾਨਾ ਬਣਾਉਂਦਿਆਂ ਕੀਮਤੀ ਸਾਮਾਨ ਲੈ ਜਾਣ ਦੀ ਘਟਨਾ ਵਾਪਰੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਦੁਕਾਨ ਦੇ ਮਾਲਕ ਬਲਰਾਜ ਸਿੰਘ ਵਾਸੀ ਪਿੰਡ ਸੀਨਾ ਨੇ ਦੱਸਿਆ ਕਿ ਉਹ ਰਾਤ ਨੂੰ ਕਰੀਬ 9 ਵਜੇ ਦੁਕਾਨ ਬੰਦ ਕਰਕੇ ਗਏ ਸਨ ਅਤੇ ਜਦੋਂ ਸਵੇਰੇ ਆ ਕੇ ਦੁਕਾਨ ਖੋਲ੍ਹੀ ਤਾਂ ਵੇਖਿਆ ਕਿ ਦੁਕਾਨ ਨੂੰ ਪਿਛਲੇ ਪਾਸੇ ਸੰਨ ਲੱਗੀ ਹੋਈ ਹੈ। ਚੋਰ ਦੁਕਾਨ ਵਿੱਚੋਂ 25-30 ਹਜ਼ਾਰ ਰੁਪਏ ਦਾ ਸਾਮਾਨ ਜਿਸ ਵਿੱਚ ਮੋਟਰਾਂ, ਪੱਖੇ, ਤਾਂਬਾ ਅਤੇ ਹੋਰ ਕੀਮਤੀ ਸਾਮਾਨ ਸੀ। ਬਲਰਾਜ ਸਿੰਘ ਨੇ ਦੱਸਿਆ ਕਿ ਇਸ ਤੋਂ ਪਹਿਲਾਂ ਵੀ ਮੇਰੀ ਦੁਕਾਨ ਨੂੰ ਚੋਰਾਂ ਵੱਲੋਂ ਦੋ ਵਾਰ ਨਿਸ਼ਾਨਾ ਬਣਾਇਆ ਗਿਆ ਹੈ। ਨਿਤ ਦਿਨ ਵਾਪਰ ਰਹੀਆਂ ਚੋਰੀ ਦੀਆਂ ਵਾਰਦਾਤਾਂ ਦੇ ਕਾਰਨ ਦੁਕਾਨਦਾਰ ਪਹਿਲਾਂ ਹੀ ਬਹੁਤ ਪਰੇਸ਼ਾਨ ਸਨ ਪਰ ਪ੍ਰਸ਼ਾਸਨ ਦੀਆਂ ਅੱਖਾਂ ਅਜੇ ਵੀ ਬੰਦ ਹਨ। ਬਲਰਾਜ ਸਿੰਘ ਨੇ ਪੁਲਸ ਚੌਕੀ ਨਵਾਂ ਪਿੰਡ ਥਾਣਾ ਜੰਡਿਆਲਾ ਗੁਰੂ ਵਿੱਚ ਦਰਖਾਸਤ ਦੇ ਕੇ ਮੰਗ ਕੀਤੀ ਹੈ ਕਿ ਚੋਰਾਂ ਦੀ ਭਾਲ ਕਰਕੇ ਉਸ ਦਾ ਚੋਰੀ ਹੋਇਆ ਸਾਮਾਨ ਉਸ ਨੂੰ ਵਾਪਸ ਕਰਵਾਇਆ ਜਾਵੇ ਤਾਂ ਜੋ ਉਹ ਆਪਣਾ ਰੁਜ਼ਗਾਰ ਚਾਲੂ ਰੱਖ ਸਕੇ। ਇਸੇ ਤਰ੍ਹਾਂ ਹੀ ਕਸਬਾ ਨਵਾਂ ਪਿੰਡ ਦੇ ਹੋਰ ਵੀ ਦੁਕਾਨਦਾਰਾਂ ਨੇ ਵਾਪਰ ਰਹੀਆਂ ਚੋਰੀ ਦੀਆਂ ਵਾਰਦਾਤਾਂ 'ਤੇ ਚਿੰਤਾ ਜ਼ਾਹਰ ਕਰਦਿਆਂ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਕਸਬਾ ਨਵਾਂ ਪਿੰਡ ਵਿੱਚ ਪੁਲਸ ਗਸ਼ਤ ਨੂੰ ਤੇਜ਼ ਕੀਤਾ ਜਾਵੇ ਤਾਂ ਜੋ ਚੋਰੀ ਦੀਆਂ ਵਾਰਦਾਤਾਂ ਰੁਕ ਸਕਣ।.

# ਨਜਾਇਜ਼ ਹਥਿਆਰਾਂ ਸਮੇਤ 4 ਦੋਸ਼ੀ ਕਾਬੂ

**ਸਰਹੱਦ ਪਾਰੋਂ ਮੰਗਵਾ ਕੇ ਪੰਜਾਬ 'ਚ ਕਰਦੇ ਸਨ ਵੱਖ-ਵੱਖ ਥਾਈਂ ਹਥਿਆਰਾਂ ਦੀ ਸਪਲਾਈ**



ਤਰਨਤਾਰਨ (ਪ੍ਰਿਤਪਾਲ ਸਿੰਘ)-ਮਾਨਯੋਗ ਡੀਜੀਪੀ ਪੰਜਾਬ ਗੌਰਵ ਯਾਦਵ ਆਈ ਵੱਲੋਂ ਮਾੜੇ ਅਨਸਰਾਂ ਖਿਲਾਫ ਚਲਾਈ ਗਈ ਵਿਸ਼ੇਸ਼ ਮੁਹਿੰਮ ਤਹਿਤ ਹਰਮਨਬੀਰ ਸਿੰਘ ਗਿੱਲ ਡੀਆਈਜੀ ਫਿਰੋਜ਼ਪੁਰ ਰੇਂਜ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਦੀਪਕ ਪਾਰਿਕ ਆਈਪੀਐਸ/ਐੱਸਐੱਸਪੀ ਤਰਨ ਤਾਰਨ ਦੀ ਨਿਗਰਾਨੀ ਹੇਠ ਤਰਨ ਤਾਰਨ ਪੁਲਸ ਵੱਲੋਂ ਮਾੜੇ ਅਨਸਰਾਂ ਨੂੰ ਕਾਬੂ ਕਰਨ ਅਤੇ ਨਜਾਇਜ਼ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਤਸਕਰਾਂ ਖਿਲਾਫ ਚਲਾਈ ਗਈ ਵਿਸ਼ੇਸ਼ ਮੁਹਿੰਮ ਤਹਿਤ ਕਾਰਵਾਈ ਕਰਦਿਆਂ ਅਜੇਰਾਜ ਸਿੰਘ ਐੱਸਪੀ(ਡੀ) ਅਤੇ ਗੁਰਇੰਦਰਪਾਲ ਸਿੰਘ ਨਾਗਰਾ ਸੀਆਈਏ ਸਟਾਫ ਤਰਨ ਤਾਰਨ ਦੀ ਟੀਮ ਨੇ 02 ਕੰਟਰੀ ਮੇਡ 32 ਬੋਰ ਪਿਸਟਲ ਸਮੇਤ 02 ਮੈਗਜ਼ੀਨ ਅਤੇ 02 ਰੌਂਦ ਜ਼ਿੰਦਾ ਬ੍ਰਾਮਦ ਕੀਤੇ ਗਏ ਜਿਸ 'ਤੇ ਪੁਲਸ ਨੇ ਉਕਤ ਦੋਵੇਂ ਦੋਸ਼ੀਆਂ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ 03 ਦਿਨ ਦਾ ਰਿਮਾਂਡ ਹਾਸਲ ਕਰਕੇ ਪੁੱਛ-ਗਿੱਛ ਅਮਲ ਵਿੱਚ ਲਿਆਂਦੀ। ਪੁੱਛ-ਗਿੱਛ ਦੌਰਾਨ ਜੋਬਨਪ੍ਰੀਤ ਸਿੰਘ ਅਤੇ ਸੁਖਦੇਵ ਸਿੰਘ ਉਕਤ ਨੇ ਦੱਸਿਆ ਕਿ ਸਾਡਾ ਇੱਕ ਹੋਰ ਸਾਥੀ ਹੈ ਜਿਸ ਨਾਲ ਮਿਲ ਕੇ ਅਸੀਂ ਨਜਾਇਜ਼ ਹਥਿਆਰ ਵੇਚਣ ਦਾ ਧੰਦਾ ਕਰਦੇ ਹਾਂ ਅਤੇ ਇਸ ਪਾਸ ਨਜਾਇਜ਼ ਹਥਿਆਰ ਵੀ ਹਨ, ਜਿਸਦਾ ਨਾਮ ਧਰਮਵੀਰ ਸਿੰਘ ਵਾਸੀ ਪਿੰਡ ਅਲਗੋ ਖੁਰਦ ਥਾਣਾ ਵਲਟੋਹਾ ਹੈ।ਤਰਨ ਤਾਰਨ ਪੁਲਸ ਵੱਲੋਂ ਧਰਮਵੀਰ ਸਿੰਘ ਉਕਤ ਨੂੰ ਮੁੱਕਦਮਾ ਉਕਤ ਵਿੱਚ ਨਾਮਜ਼ਦ ਕਰਕੇ ਭਾਲ ਸ਼ੁਰੂ ਕਰ ਦਿੱਤੀ।

ਤਕਨੀਕੀ ਇੰਨਟੈਲੀਜੈਂਸ ਰਾਹੀਂ ਪਤਾ ਲੱਗਣ 'ਤੇ ਧਰਮਵੀਰ ਸਿੰਘ ਨੂੰ ਪੱਟੀ ਮੋੜ ਪੁਲ ਨਜ਼ਦੀਕ ਗ੍ਰਿਫ਼ਤਾਰ ਕਰਕੇ ਇਸ ਪਾਸੋਂ 02 ਗਲੌਕ ਪਿਸਟਲ (ਮੇਡ ਇੰਨ ਯੂਐਸਏ ਅਤੇ ਅਸਟਰੀਆ) 09 ਐੱਮ.ਐੱਮ ਸਮੇਤ 02 ਮੈਗਜ਼ੀਨ ਅਤੇ 02 ਜ਼ਿੰਦਾ ਰੌਂਦ 09 ਐਮ.ਐਮ ਬ੍ਰਾਮਦ ਕਰਕੇ ਅਗਲੀ ਤਫਤੀਸ਼ ਅਮਲ ਵਿੱਚ ਲਿਆਂਦੀ ਗਈ।ਦੌਰਾਨੇ ਤਫਤੀਸ਼ ਉਕਤ ਗ੍ਰਿਫਤਾਰ ਤਿੰਨੇ ਦੋਸ਼ੀਆਂ ਨੇ ਦੱਸਿਆ ਕਿ ਸਾਡਾ ਇੱਕ ਹੋਰ ਸਾਥੀ ਸਾਡੇ ਨਾਲ ਸ਼ਾਮਲ ਹੈ, ਜਿਸਦਾ ਨਾਮ ਅੰਮ੍ਰਿਤਪਾਲ ਸਿੰਘ ਪੁੱਤਰ ਤੇਜਿੰਦਰ ਸਿੰਘ ਵਾਸੀ ਪਿੰਡ ਸਰਾਲੀ ਮੰਡ ਥਾਣਾ ਸਿਟੀ ਪੱਟੀ ਹੈ ਅਤੇ ਇਸ ਪਾਸ ਵੀ ਨਜਾਇਜ਼ ਹਥਿਆਰ ਹਨ।ਪੁਲਸ ਵੱਲੋਂ ਅੰਮ੍ਰਿਤਪਾਲ ਸਿੰਘ ਉਕਤ ਨੂੰ ਮੁੱਕਦਮਾ ਉਕਤ ਵਿੱਚ ਨਾਮਜ਼ਦ ਕਰਕੇ ਉਸਦੀ ਭਾਲ ਸ਼ੁਰੂ ਕਰ ਕੀਤੀ ਜਿਸਨੂੰ ਪਿੰਡ ਸਰਾਲੀ ਮੰਡ ਤੋਂ ਸੀ.ਆਈ.ਏ ਸਟਾਫ ਤਰਨ ਤਾਰਨ ਦੀ ਟੀਮ ਨੇ ਗ੍ਰਿਫਤਾਰ ਕਰਕੇ ਉਸ ਕੋਲੋਂ ਮੌਕੇ 'ਤੇ 01 ਕੰਟਰੀ ਮੇਡ ਪਿਸਟਲ 32 ਬੋਰ ਸਮੇਤ ਮੈਗਜ਼ੀਨ ਅਤੇ 02 ਜ਼ਿੰਦਾ ਰੌਂਦ ਬ੍ਰਾਮਦ ਕੀਤੇ।ਮੁੱਢਲੀ ਤਫਤੀਸ਼ ਤੋਂ ਇਹ ਗੱਲ ਸਾਹਮਣੇ ਆਈ ਕਿ ਇਹ ਉਕਤ ਸਾਰੇ ਦੋਸ਼ੀ ਸਰਹੱਦ ਪਾਰੋਂ ਨਜਾਇਜ਼ ਹਥਿਆਰਾਂ ਦੀ ਤਸਕਰੀ ਕਰਦੇ ਸਨ ਅਤੇ ਸਰਹੱਦ ਪਾਰੋਂ ਮੰਗਵਾਏ ਗਏ ਨਜਾਇਜ਼ ਹਥਿਆਰਾਂ ਨੂੰ ਪੰਜਾਬ ਦੇ ਵੱਖ-ਵੱਖ ਜ਼ਿਲਿਆਂ ਵਿੱਚ ਸਪਲਾਈ ਕਰਦੇ ਸਨ।ਦੋਸ਼ੀਆਂ ਨੂੰ ਪੇਸ਼ ਅਦਾਲਤ ਕਰਕੇ ਹੋਰ ਰਿਮਾਂਡ ਹਾਸਲ ਕੀਤਾ ਜਾ ਰਿਹਾ ਹੈ। ਦੌਰਾਨੇ ਰਿਮਾਂਡ ਇਨ੍ਹਾਂ ਦੋਸ਼ੀਆਂ ਪਾਸੋਂ ਹੋਰ ਵੀ ਵੱਡੇ ਖੁਲਾਸੇ ਹੋਣ ਦੀ ਸੰਭਾਵਨਾ ਹੈ।

# ਯੂਰੀਆ ਖਾਦ ਦੀ ਕਾਲਾਬਜ਼ਾਰੀ ਜਾਂ ਜਮ੍ਹਾਂਖੋਰੀ ਕਰਨ ਵਾਲੇ ਵਿਰੁੱਧ ਹੋਵੇਗੀ ਸਖ਼ਤ ਕਾਰਵਾਈ : ਮੁੱਖ ਖੇਤੀਬਾੜੀ ਅਫਸਰ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਹੇਠ ਕਿਸਾਨਾਂ ਨੂੰ ਮਿਆਰੀ ਖੇਤੀ ਸਮੱਗਰੀ ਖਾਸ ਕਰਕੇ ਹਾੜੀ ਦੀਆਂ ਫਸਲਾਂ ਦੀ ਕਾਸ਼ਤ ਲਈ ਲੋੜੀਂਦੀਆਂ ਖਾਦਾਂ ਮੁਹੱਈਆ ਕਰਵਾਉਣ ਦੇ ਮੰਤਵ ਲਈ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਜਿਲ੍ਹਾ ਗੁਰਦਾਸਪੁਰ ਵਿੱਚ ਵਿਸ਼ੇਸ਼ ਮੁਹਿੰਮ ਦੂਜੇ ਦਿਨ ਵੀ ਜਾਰੀ ਰਹੀ ਜਿਸ ਤਹਿਤ ਬਲਾਕ ਬਟਾਲਾ, ਸ੍ਰੀ ਹਰਗੋਬਿੰਦਪੁਰ, ਕਾਦੀਆਂ, ਫ਼ਤਿਹਗੜ੍ਹ ਚੂੜੀਆਂ, ਧਾਰੀਵਾਲ ਵਿਚ ਖਾਦ ਵਿਕ੍ਰੇਤਾਵਾਂ ਦੀਆਂ ਦੁਕਾਨਾਂ ਅਤੇ ਗੋਦਾਮਾਂ ਦੀ ਚੈਕਿੰਗ ਕੀਤੀ ਗਈ ਤਾਂ ਜੋ ਯੂਰੀਆ ਖਾਦ ਦੀ ਕਾਲਾਬਜ਼ਾਰੀ ਜਾਂ ਜਮਾਂਖੋਰੀ ਨੂੰ ਰੋਕਿਆ ਜਾ ਸਕੇ। ਇਸ ਤੋਂ ਇਲਾਵਾ ਵੱਖ ਵੱਖ ਖਾਦ ਵਿਕਰੇਤਾਵਾਂ ਕੋਲ ਆਈ ਯੂਰੀਆ ਖਾਦ ਦੀ ਬਰਾਬਰ ਵੰਡ ਕਿਸਾਨਾਂ ਨੂੰ ਕਰਵਾਈ ਗਈ। ਦੂਜੇ ਦਿਨ ਦੀ ਮੁਹਿੰਮ ਬਾਰੇ ਜਾਣਕਾਰੀ ਦਿੰਦਿਆਂ ਮੁੱਖ ਖੇਤੀਬਾੜੀ ਅਫਸਰ ਗੁਰਦਾਸਪੁਰ ਡਾ. ਅਮਰੀਕ ਸਿੰਘ ਨੇ ਦੱਸਿਆ ਕਿ ਕਿਸਾਨਾਂ ਨੂੰ ਸਰਕਾਰ ਵਲੋਂ ਨਿਰਧਾਰਿਤ ਮੁੱਲ 'ਤੇ ਖੇਤੀ ਸਮੱਗਰੀ ਖਾਸ ਕਰਕੇ ਖਾਦਾਂ ਉਪਲਬਧ ਕਰਵਾਉਣ ਲਈ ਚਲਾਈ ਜਾ ਰਹੀ ਮੁਹਿੰਮ ਤਹਿਤ ਖਾਦ ਵਿਕ੍ਰੇਤਾਵਾਂ ਦੇ ਕਾਰੋਬਾਰ ਨਾਲ ਸਬੰਧਤ ਦੁਕਾਨਾਂ ਅਤੇ ਗੁਦਾਮਾਂ ਦੀ ਚੈਕਿੰਗ ਤੋਂ ਇਲਾਵਾ ਕਾਗਜ਼ਾਤ ਦੀ ਵੀ ਚੈਕਿੰਗ ਕੀਤੀ ਜਾ ਰਹੀ ਹੈ। ਉਨਾਂ ਦੱਸਿਆ ਕਿ ਜਿਨ੍ਹਾਂ ਡੀਲਰਾਂ ਦੇ ਕਾਰੋਬਾਰ ਨਾਲ ਸਬੰਧਤ ਰਿਕਾਰਡ ਵਿਚ ਕੋਈ ਊਣਤਾਈ ਪਾਈ ਗਈ, ਉਨ੍ਹਾਂ ਨੂੰ ਕਰਨ ਦੱਸੋ ਨੋਟਿਸ ਜਾਰੀ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਜੁਲਾਈ 2025 ਤਕ ਕੁੱਲ 77 ਹਜ਼ਾਰ ਮੀਟ੍ਰਿਕ ਟਨ ਯੂਰੀਆ ਚਾਹੀਦੀ ਹੈ ਜਦ ਕਿ ਮਿਤੀ 7 ਜੁਲਾਈ ਤੱਕ ਜ਼ਿਲਾ ਗੁਰਦਾਸਪੁਰ ਵਿਚ ਤਕਰੀਬਨ 68000 ਮੀਟ੍ਰਿਕ ਟਨ ਯੂਰੀਆ ਖਾਦ ਪਹੁੰਚ ਚੁੱਕੀ ਹੈ। ਉਨਾਂ ਦੱਸਿਆ ਕਿ ਕਿਸਾਨਾਂ ਵਲੋਂ ਝੋਨੇ ਦੀ ਫ਼ਸਲ ਨੂੰ ਯੂਰੀਆ ਖਾਦ ਸਿਫਾਰਸ਼ਾਂ ਅਨੁਸਾਰ 90 ਕਿਲੋ ਪ੍ਰਤੀ ਏਕੜ ਹੀ ਵਰਤਣੀ ਚਾਹੀਦੀ ਹੈ ਅਤੇ ਜ਼ਰੂਰਤ ਅਨੁਸਾਰ ਹੀ ਖਰੀਦਣੀ ਚਾਹੀਦੀ ਹੈ। ਉਨ੍ਹਾਂ ਖਾਦ ਵਿਕ੍ਰੇਤਾਵਾਂ ਨੂੰ ਹਦਾਇਤ ਕੀਤੀ ਕਿ ਪੌਸ਼ ਮਸ਼ੀਨਾਂ ਵਿੱਚ ਮੌਜੂਦ ਵਿਕਰੀ ਕੀਤੀ ਖਾਦ ਦਾ ਸਟਾਕ ਨਿਲ ਕੀਤੀ ਜਾਵੇ ਅਤੇ ਇਹ ਯਕੀਨੀ ਬਣਾਇਆ ਜਾਵੇ ਕਿ ਪੌਸ਼ ਮਸ਼ੀਨਾਂ ਅਤੇ ਦੁਕਾਨ ਤੇ ਅਣਵਿਕੀ ਖਾਦ ਦਾ ਸਟਾਕ ਇਕਸਾਰ ਹੋਵੇ ਤਾਂ ਜੋ ਜ਼ਰੂਰਤ ਅਨੁਸਾਰ ਭਾਰਤ ਸਰਕਾਰ ਤੋਂ ਯੂਰੀਆ ਖਾਦ ਮਿਲ ਸਕੇ। ਉਨਾਂ ਕਿਸਾਨਾਂ ਨੂੰਅਪੀਲ ਕੀਤੀ ਕਿ ਕੀਟਨਾਸ਼ਕ ਰਸਾਇਣ ਜਾਂ ਬੀਜ ਖਰੀਦਣ ਸਮੇਂ ਦੁਕਾਨਦਾਰ ਤੋਂ ਬਿੱਲ ਜ਼ਰੂਰ ਲੈਣ।

# ਵਿਸ਼ਵ ਆਬਾਦੀ ਦਿਵਸ ਮੌਕੇ ਪੇਂਟਿੰਗ ਸਲੋਗਨ ਮੁਕਾਬਲੇ ਕਰਵਾਏ



ਪਠਾਨਕੋਟ (ਦਵਿੰਦਰ ਸਿੰਘ)-ਵਿਸ਼ਵ ਆਬਾਦੀ ਦਿਵਸ ਮੌਕੇ ਸਾਹਿਤ ਕਲਸ਼ ਪਠਾਨਕੋਟ ਵੱਲੋਂ ਆਰੀਆ ਬੁਆਇਜ਼ ਸੀਨੀਅਰ ਸੈਕੰਡਰੀ ਸਕੂਲ ਪਠਾਨਕੋਟ ਵਿੱਚ ਚੇਅਰਮੈਨ ਡਾ. ਮਨੂ ਸ਼ਰਮਾ ਦੀ ਪ੍ਰਧਾਨਗੀ ਹੇਠ ਇੱਕ ਪੇਂਟਿੰਗ ਸਲੋਗਨ ਕਵਿਤਾ ਮੁਕਾਬਲਾ ਕਰਵਾਇਆ ਗਿਆ ਜਿਸ ਵਿੱਚ ਸਕੂਲ ਦੇ ਪ੍ਰਿੰਸੀਪਲ ਰਜਨੀ ਮਲਹੋਤਰਾ ਵਿਸ਼ੇਸ਼ ਤੌਰ ਤੇ ਮੌਜੂਦ ਸਨ।ਚੇਅਰਮੈਨ ਡਾ. ਮਨੂ ਸ਼ਰਮਾ ਨੇ ਕਿਹਾ ਕਿ ਵੱਧਦੀ ਆਬਾਦੀ ਦੇਸ਼ ਦੀ ਤਰੱਕੀ ਵਿੱਚ ਰੁਕਾਵਟ ਹੈ।ਉਨ੍ਹਾਂ ਕਿਹਾ ਕਿ 11 ਜੁਲਾਈ ਨੂੰ ਪੂਰੀ ਦੁਨੀਆ ਵਿੱਚ ਵਿਸ਼ਵ ਆਬਾਦੀ ਦਿਵਸ ਵੱਜੋਂ ਮਨਾਇਆ ਜਾਂਦਾ ਹੈ।ਉਨ੍ਹਾਂ ਕਿਹਾ ਕਿ ਤੇਜ਼ੀ ਨਾਲ ਵੱਧਦੀ ਆਬਾਦੀ ਸਾਡੇ ਸਰੋਤਾਂ, ਵਾਤਾਵਰਨ ਅਤੇ ਜੀਵਨ ਦੀ ਗੁਣਵੱਤਾ ਨੂੰ ਵੀ ਪ੍ਰਭਾਵਿਤ ਕਰਦੀ ਹੈ।ਸਾਨੂੰ ਸਾਰਿਆਂ ਨੂੰ ਆਬਾਦੀ ਨਿਯੰਤ੍ਰਣ ਅਤੇ ਪਰਿਵਾਰ ਨਿਯੋਜਨ ਦੀ ਮਹੱਤਤਾ ਨੂੰ ਸਮਝਣਾ ਚਾਹੀਦਾ ਹੈ ਅਤੇ ਸਮਾਜ ਨੂੰ ਜਾਗਰੂਕ ਕਰਕੇ ਇੱਕ ਸੰਤੁਲਿਤ ਅਤੇ ਮਜ਼ਬੂਤ ਰਾਸ਼ਟਰ ਬਣਾਉਣ ਵਿੱਚ ਆਪਣੀ ਭੂਮਿਕਾ ਨਿਭਾਉਣੀ ਚਾਹੀਦੀ ਹੈ।ਪ੍ਰੋਜੈਕਟ ਚੇਅਰਮੈਨ ਸੰਜੀਵ ਸ਼ਰਮਾ ਨੇ ਕਿਹਾ ਕਿ ਦੁਨੀਆ ਵਿੱਚ ਸੀਮਤ ਸਰੋਤਾਂ ਦੇ ਵਿਚਕਾਰ ਵੱਧਦੀ ਆਬਾਦੀ ਇੱਕ ਅਜਿਹੀ ਚੁਣੌਤੀ ਹੈ ਜਿਸ ਬਾਰੇ ਸਾਰਿਆਂ ਨੂੰ ਜਾਗਰੂਕ ਕਰਨਾ ਬਹੁਤ ਜ਼ਰੂਰੀ ਹੈ।ਅੱਜ, ਵਿਸ਼ਵ ਆਬਾਦੀ ਦਿਵਸ ਤੇ ਸਾਨੂੰ ਸਾਰਿਆਂ ਨੂੰ ਆਬਾਦੀ ਨਿਯੰਤਰਣ ਦੀ ਮਹੱਤਤਾ ਤੋਂ ਜਾਣੂ ਕਰਵਾਉਣਾ ਚਾਹੀਦਾ ਹੈ ਤਾਂ ਜੋ ਭਵਿੱਖ ਵਿੱਚ ਕੁਦਰਤੀ ਸਰੋਤਾਂ ਤੇ ਕੋਈ ਦਬਾਅ ਨਾ ਪਵੇ ਅਤੇ ਦੇਸ਼ ਦੇ ਵਿਕਾਸ ਨੂੰ ਤੇਜ਼ ਕੀਤਾ ਜਾ ਸਕੇ।ਇਸ ਤੋਂ ਇਲਾਵਾ ਰਮਨ ਗੁਪਤਾ ਨੇ ਸਾਹਿਤ ਕਲਸ਼ ਪਠਾਨਕੋਟ ਦੀਆਂ ਗਤੀਵਿਧੀਆਂ ਬਾਰੇ ਦੱਸਿਆ।ਡਾ. ਬ੍ਰਿਜ ਭੂਸ਼ਣ ਸ਼ਰਮਾ ਨੇ ਵਿਦਿਆਰਥੀਆਂ ਵੱਲੋਂ ਪੇਸ਼ ਕੀਤੀ ਗਈ ਕਵਿਤਾ, ਪੇਂਟਿੰਗ ਅਤੇ ਸਲੋਗਨ ਦੀ ਪ੍ਰਸ਼ੰਸਾ ਕੀਤੀ।ਪ੍ਰਿੰਸੀਪਲ ਰਜਨੀ ਮਲਹੋਤਰਾ ਨੇ ਸਾਹਿਤ ਕਲਸ਼ ਪਠਾਨਕੋਟ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਸਾਹਿਤ ਕਲਸ਼ ਪਠਾਨਕੋਟ ਡਾ. ਮਨੂ ਸ਼ਰਮਾ ਦੀ ਅਗਵਾਈ ਹੇਠ ਸ਼ਾਨਦਾਰ ਕੰਮ ਕਰ ਰਿਹਾ ਹੈ।ਜੇਤੂ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ।ਇਸ ਮੌਕੇ ਡਾ. ਮਨੂ ਸ਼ਰਮਾ, ਸੰਜੀਵ ਸ਼ਰਮਾ, ਮੁਨੀਸ਼ ਚੌਹਾਨ, ਰਮਨ ਗੁਪਤਾ, ਡਾ. ਬ੍ਰਿਜ ਭੂਸ਼ਣ ਸ਼ਰਮਾ, ਰਿਤੇਸ਼ ਮਹਾਜਨ, ਪ੍ਰਿੰ. ਰਜਨੀ ਮਲਹੋਤਰਾ, ਅੰਜੂ ਅਤੇ ਹੋਰ ਵੀ ਮੌਜੂਦ ਸਨ।

# ਸਰਕਾਰੀ ਆਈ ਟੀ ਆਈਜ਼ ਠੇਕਾ ਮੁਲਾਜ਼ਮ ਯੂਨੀਅਨ ਪੰਜਾਬ ਵੱਲੋਂ ਤਿੱਖੇ ਸੰਘਰਸ਼ ਦਾ ਐਲਾਨ



**ਗੁਰਦਾਸਪੁਰ (ਜਨਕ ਮਹਾਜਨ)**-ਸਰਕਾਰੀ ਆਈ. ਟੀ. ਆਈਜ਼ ਠੇਕਾ ਮੁਲਾਜ਼ਮ ਯੂਨੀਅਨ ਪੰਜਾਬ ਵੱਲੋਂ ਸੰਘਰਸ਼ ਕਰਨ ਦਾ ਐਲਾਨ ਕੀਤਾ ਗਿਆ ਹੈ। ਜੱਥੇਬੰਦੀ ਦੇ ਆਗੂਆਂ ਨੇ ਦੱਸਿਆ ਕਿ ਉਹ 15-16 ਸਾਲਾਂ ਤੋਂ ਪੰਜਾਬ ਦੀਆਂ ਸਰਕਾਰੀ ਆਈ. ਟੀ. ਆਈਆਂ ਵਿਚ ਬਿਨ੍ਹਾਂ ਕਿਸੇ ਸਰਕਾਰੀ ਸਹੂਲਤਾਂ ਤੋਂ ਨਿਗੂਣੀਆਂ ਤਨਖਾਹਾਂ ਸਿਰਫ਼ 15 ਹਜ਼ਾਰ ਉੱਪਰ ਗਰੁੱਪ ਬੀ. ਬਤੌਰ ਕਰਾਫਟ ਇੰਸਟਰਕਟਰ ਵਜੋਂ ਆਪਣਾ ਸ਼ੋਸ਼ਣ ਕਰਵਾ ਰਹੇ ਹਨ ਜਦਕਿ ਇਹੀ ਪੰਜਾਬ ਸਰਕਾਰ ਗਰੁੱਪ ਸੀ ਅਤੇ ਡੀ ਨੂੰ ਸਾਡੇ ਨਾਲੋਂ ਵੱਧ ਤਨਖਾਹਾਂ ਦੇ ਰਹੀ ਹੈ ਜੋ ਕਿ ਕਿਤੇ ਵੀ ਤਰਕਸੰਗਤ ਨਹੀਂ ਹੈ। ਇਸ ਤੋਂ ਇਲਾਵਾ ਸਾਨੂੰ ਕਿਸੇ ਵੀ ਕਿਸਮ ਦੀ ਛੁੱਟੀ ਨਹੀਂ ਦਿੱਤੀ ਜਾਂਦੀ, ਨਾ ਹੀ ਕੋਈ ਬਦਲੀ ਕਰਵਾਉਣ ਦਾ ਅਧਿਕਾਰ ਹੈ, ਨਾ ਹੀ ਕੋਈ ਸਰਵਿਸ ਬੁੱਕ ਲਗਾਈ ਗਈ ਹੈ ਅਤੇ ਨਾ ਹੀ ਕੋਈ ਸਲਾਨਾ ਇੰਕਰੀਮੈਂਟ ਹੈ। ਇੱਥੋਂ ਤੱਕ ਕਿ ਲੇਡੀਜ਼ ਲਈ ਜਣੇਪਾ ਛੁੱਟੀ ਤੱਕ ਦਾ ਅਧਿਕਾਰ ਨਹੀਂ ਹੈ ਜੋ ਕਿ ਇਹ ਪੰਜਾਬ ਸਰਕਾਰ ਲਈ ਬਹੁਤ ਹੀ ਸ਼ਰਮਨਾਕ ਗੱਲ ਹੈ। ਉਨ੍ਹਾਂ ਕਿਹਾ ਕਿ ਪਿਛਲੇ ਤਿੰਨ ਸਾਲਾਂ ਤੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਵੀ ਪਹਿਲੇ ਮੁੱਖ ਮੰਤਰੀਆਂ ਦੀ ਤਰ੍ਹਾਂ ਹੀ ਨਿਕਲੇ ਇਕ ਮਿੰਟ ਦਾ ਵੀ ਸਮਾਂ ਨਹੀਂ ਦਿੱਤਾ ਗਿਆ।

ਇਸ ਤੋਂ ਇਲਾਵਾ ਕਈ ਵਾਰ ਤਕਨੀਕੀ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੂੰ ਵੀ ਮਿਲ ਚੁੱਕੇ ਹਾਂ। ਉਨ੍ਹਾਂ ਕਿਹਾ ਜਥੇਬੰਦੀ ਵੱਲੋਂ 16 ਜੁਲਾਈ ਨੂੰ ਪੰਜਾਬ ਸਰਕਾਰ ਵਿਰੁੱਧ ਗੇਟ ਰੈਲੀਆਂ ਕੀਤੀਆਂ ਜਾਣਗੀਆਂ। ਜੇਕਰ ਸਰਕਾਰ ਉਨ੍ਹਾਂ ਦੀਆਂ ਮੰਗਾਂ ਵੱਲ ਧਿਆਨ ਨਹੀਂ ਦਿੰਦੀ ਤਾਂ ਆਉਣ ਵਾਲੇ ਦਿਨਾਂ ਵਿੱਚ ਤਕਨੀਕੀ ਸਿੱਖਿਆ ਮੰਤਰੀ ਅਤੇ ਹੋਰ ਸਾਰੇ ਮੰਤਰੀਆਂ ਦੇ ਘਰਾਂ ਅੱਗੇ ਪ੍ਰਦਰਸ਼ਨ ਕੀਤੇ ਜਾਣਗੇ।

# ਆਰ ਡੀ ਖੋਸਲਾ ਸਕੂਲ ਦੇ ਅਨੁਜ ਸੋਢੀ ਵੱਲੋਂ ਇੰਟੇਕ ਚੈਲੇਂਜ 'ਚ ਵਿਲੱਖਣ ਪ੍ਰਦਰਸ਼ਨ



ਬਟਾਲਾ (ਤਰਲੋਕ ਬੱਗਾ)-ਜੋਸ਼ ਅਤੇ ਗਿਆਨ ਦੇ ਇੱਕ ਵਿਲੱਖਣ ਪ੍ਰਦਰਸ਼ਨ ਵਿੱਚ ਆਰ. ਡੀ. ਖੋਸਲਾ ਡੀ.ਏ.ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਦੇ ਵਿਦਿਆਰਥੀ ਅਨੁਜ ਸੋਢੀ ਨੇ ਪ੍ਰਤਿਭਾਵਾਨ ਇੰਟੇਕ ਚੈਲੇਂਜ ਵਿੱਚ ਵਿਸ਼ੇਸ਼ ਪ੍ਰਸ਼ੰਸਾ ਜਿੱਤੀ।ਉਸਨੇ ਸ਼ੰਖ ਅਤੇ ਪ੍ਰਾਚੀਨ ਸਿੱਕਿਆਂ ਤੇ ਆਪਣੀ ਵਿਚਾਰ-ਵਧਾਊ ਪੇਸ਼ਕਾਰੀ ਨਾਲ ਸਾਰਿਆ ਦੇ ਦਿਲ ਜਿੱਤ ਲਏ।ਇਹ ਪੁਰਾਤਨ ਵਸਤੂਆਂ ਸਿਰਫ਼ ਇਤਿਹਾਸਕ ਵਿਰਾਸਤ ਹੀ ਨਹੀਂ ਹਨ, ਸਗੋਂ ਸਾਡੀ ਸੱਭਿਆਚਾਰਕ ਆਤਮਾ ਦੇ ਰਖਵਾਲੇ ਵੀ ਹਨ।ਜਦੋਂਕਿ ਸ਼ੰਖ ਅਧਿਆਤਮਿਕ ਸ਼ਕਤੀ, ਪਵਿੱਤਰ ਰਸਮਾਂ ਅਤੇ ਸਦੀਆਂ ਤੋਂ ਸੱਭਿਆਚਾਰਕ ਨਿਰੰਤਰਤਾ ਦਾ ਪ੍ਰਤੀਕ ਹੈ। ਪ੍ਰਾਚੀਨ ਸਿੱਕੇ ਭਾਰਤ ਦੇ ਅਤੀਤ ਦੀ ਇੱਕ ਝਲਕ ਪ੍ਰਦਾਨ ਕਰਦੇ ਹਨ ਅਤੇ ਇਸਦੀ ਆਰਥਿਕਤਾ, ਕਲਾ, ਸ਼ਾਸਨ ਅਤੇ ਸਮਾਜਿਕ ਵਿਕਾਸ ਦੀਆਂ ਕਹਾਣੀਆਂ ਸੁਣਾਉਂਦੇ ਹਨ।ਅਨੁਜ ਦੀ ਡੂੰਘੀ ਅਤੇ ਅਰਥਪੂਰਨ ਵਿਆਖਿਆ ਨੇ ਭਾਰਤ ਦੀ ਵਿਰਾਸਤ ਦੀਆਂ ਅਣਕਹੀਆਂ ਕਹਾਣੀਆਂ ਨੂੰ ਜ਼ਿੰਦਾ ਕੀਤਾ, ਸਾਰਿਆਂ ਵਿੱਚ ਉਤਸੁਕਤਾ ਅਤੇ ਵਿਸਮਾਦ ਪੈਦਾ ਕੀਤਾ।ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ, ਪ੍ਰਧਾਨ ਅਜੈ ਖੋਸਲਾ ਅਤੇ ਪ੍ਰਿੰਸੀਪਲ, ਡਾ. ਬਿੰਦੂ ਭੱਲਾ ਨੇ ਅਨੁਜ ਨੂੰ ਇਸ ਸ਼ਾਨਦਾਰ ਪ੍ਰਾਪਤੀ ਤੇ ਵਧਾਈ ਦਿੱਤੀ।

ਉਨ੍ਹਾਂ ਨੇ ਉਸਦੇ ਮਾਣਮੱਤੇ ਮਾਪਿਆਂ ਅਤੇ ਸਮਰਪਿਤ ਇੰਟੇਕ ਮੈਂਬਰਾਂ ਨੂੰ ਵੀ ਵਧਾਈ ਦਿੱਤੀ।ਅਨੁਜ ਦੀ ਪ੍ਰਾਪਤੀ ਸਾਰੇ ਵਿਦਿਆਰਥੀਆਂ ਲਈ ਪ੍ਰੇਰਨਾ ਹੈ—ਇੱਕ ਸੰਦੇਸ਼ ਕਿ ਭਵਿੱਖ ਦਾ ਸਤਿਕਾਰ ਕਰਨਾ ਉਦੋਂ ਹੀ ਸੰਭਵ ਹੈ ਜਦੋਂ ਅਸੀਂ ਆਪਣੇ ਅਤੀਤ ਨੂੰ ਸਮਝਦੇ ਹਾਂ ਅਤੇ ਇਸਦੀ ਵਿਰਾਸਤ ਨੂੰ ਸੁਰੱਖਿਅਤ ਰੱਖਦੇ ਹਾਂ।

# ਖੇਤੀਯੋਗ ਜ਼ਮੀਨ 'ਤੇ ਕਲੋਨੀਆਂ ਕੱਟਣ ਵਿਰੁੱਧ ਸਖ਼ਤ ਕਾਨੂੰਨ ਦੀ ਲੋੜ: ਖਹਿਰਾ



ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਪੰਜਾਬ ਜੋ ਕਿ ਖੇਤੀਬਾੜੀ ਵਾਲਾ ਸੂਬਾ ਹੈ ਅਤੇ ਪੰਜਾਬ ਦੀ ਜ਼ਮੀਨ ਦੁਨੀਆ ਦੀ ਸਭ ਤੋਂ ਵੱਧ ਜ਼ਰਖੇਜ਼ ਜ਼ਮੀਨਾਂ ਵਿੱਚੋਂ ਇੱਕ ਹੈ ਦੀ ਖੇਤੀਯੋਗ ਜ਼ਮੀਨ ਨੂੰ ਬਚਾਉਣ ਲਈ ਗੰਭੀਰ ਅਤੇ ਸਖ਼ਤ ਫੈਸਲੇ ਲੈਣੇ ਪੈਣਗੇ। ਸਿਆਸੀ ਲੋਕਾਂ ਦੀਆਂ ਗਲਤ ਅਤੇ ਲਾਲਚੀ ਨੀਤੀਆਂ ਸਦਕਾ ਹਰ ਸਾਲ ਹਜ਼ਾਰਾਂ ਏਕੜ ਖੇਤੀਯੋਗ ਅਤੇ ਹਰੀਆਂ ਭਰੀਆਂ ਜ਼ਮੀਨਾਂ ਉਪਰ ਕਲੋਨੀਆਂ ਕੱਟ ਕੇ ਅਤੇ ਬੇਲੋੜੀਆਂ ਸੜਕਾਂ ਇਮਾਰਤਾਂ ਦਾ ਨਿਰਮਾਣ ਕਰਕੇ ਇਸਨੂੰ ਬਰਬਾਦ ਕੀਤਾ ਜਾ ਰਿਹਾ ਹੈ ਜੋ ਕਿ ਬੇਹੱਦ ਨਿੰਦਣਯੋਗ ਅਤੇ ਚਿੰਤਾ ਵਾਲੀ ਗੱਲ ਹੈ। ਇਹ ਸ਼ਬਦ ਭਾਜਪਾ ਦੇ ਜ਼ਿਲਾ ਉਪ ਪ੍ਰਧਾਨ ਅਤੇ ਮੁੱਖ ਬੁਲਾਰੇ ਅਤੇ ਸੰਸਥਾ ਕੁਦਰਤ ਫਾਊਂਡੇਸ਼ਨ ਦੇ ਚੇਅਰਮੈਨ ਅਮਰਪਾਲ ਸਿੰਘ ਖਹਿਰਾ ਨੇ ਚੋਣਵੇਂ ਪੱਤਰਕਾਰਾਂ ਨਾਲ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਆਪ ਸਰਕਾਰ ਵੱਲੋਂ ਲਿਆਂਦੀ ਲੈਂਡ ਪੂਲਿੰਗ ਸਕੀਮ ਵੀ ਪੰਜਾਬ ਦੀ ਹਜ਼ਾਰਾਂ ਏਕੜ ਖੇਤੀਯੋਗ ਜ਼ਮੀਨ ਨੂੰ ਬਰਬਾਦ ਕਰ ਦੇਵੇਗੀ ਅਤੇ ਇਸਦੀ ਪੰਜਾਬ ਨੂੰ ਬਿਲਕੁਲ ਵੀ ਲੋੜ ਨਹੀਂ ਹੈ। ਪਹਿਲਾਂ ਹੀ ਕਲੋਨੀਆਂ ਵਿੱਚ ਹਜ਼ਾਰਾਂ ਪਲਾਟ ਖਾਲੀ ਪਏ ਹਨ ਅਤੇ ਹਰੇਕ ਪਿੰਡ ਅਤੇ ਸ਼ਹਿਰ ਵਿੱਚ ਵੀ ਹਜ਼ਾਰਾਂ ਦੀ ਗਿਣਤੀ ਵਿੱਚ ਪਲਾਟ ਅਤੇ ਮਕਾਨ ਖਾਲੀ ਹਨ ਜੋ ਵਿਕਾਊ ਲੱਗੇ ਹੋਏ ਹਨ, ਇਸ ਲਈ ਨਵੀਆਂ ਅਰਬਨ ਅਸਟੇਟ ਦੀ ਕੋਈ ਲੋੜ ਨਹੀਂ ਹੈ।

ਉਨ੍ਹਾਂ ਹੋਰ ਕਿਹਾ ਕਿ ਚਾਹੀਦਾ ਤਾਂ ਇਹ ਹੈ ਕਿ ਪੰਜਾਬ ਦੇ ਸ਼ਹਿਰਾਂ ਤੇ ਪਿੰਡਾਂ ਦੀ ਹੱਦਬੰਦੀ ਕਰਕੇ ਬਾਊਂਡਰੀ ਹੋਵੇ ਜਿਸਦੇ ਬਾਹਰ ਉਸਾਰੀ ਨਾ ਕੀਤੀ ਜਾ ਸਕੇ ਅਤੇ ਸ਼ਹਿਰਾਂ ਵਿੱਚ ਫਲੈਟ ਸਿਸਟਮ ਨੂੰ ਲਾਗੂ ਕੀਤਾ ਜਾਵੇ। ਖੇਤੀਯੋਗ ਜ਼ਮੀਨ ਉਪਰ ਕਿਸੇ ਵੀ ਕਿਸਮ ਦੀ ਉਸਾਰੀ ਗੈਰ ਕਨੂੰਨੀ ਐਲਾਨ ਕਰਨ ਲਈ ਕਨੂੰਨ ਬਣਾਇਆ ਜਾਵੇ ਤਾਂ ਕਿ ਸੜਕਾਂ ਦੇ ਨਾਲ਼ ਲਗਦੀਆਂ ਜ਼ਮੀਨਾਂ ਵੀ ਖੇਤੀ ਲਈ ਬਚ ਸਕਣ। ਇਸ ਮੌਕੇ ਅਮਰਪਾਲ ਸਿੰਘ ਖਹਿਰਾ ਨਾਲ਼ ਕਿਸਾਨ ਮੋਰਚੇ ਦੇ ਜ਼ਿਲਾ ਪ੍ਰਧਾਨ ਗੁਰਸਾਹਿਬ ਸਿੰਘ ਅਤੇ ਹੋਰ ਆਗੂ ਵੀ ਮੌਜੂਦ ਸਨ।

# ਖਾਲੀ ਪਲਾਟ ਮਾਲਕਾਂ ਵਿਰੁੱਧ ਵੱਡੀ ਕਾਰਵਾਈ, 302 ਪਲਾਟਾਂ ਦੇ ਕੱਟੇ ਚਲਾਨ



ਅੰਮ੍ਰਿਤਸਰ (ਨਰਿੰਦਰ ਜੀਤ ਸਿੰਘ)-ਨਗਰ ਨਿਗਮ ਅੰਮ੍ਰਿਤਸਰ ਵੱਲੋਂ ਸਹਿਰ ਦੇ ਵੱਖ-ਵੱਖ ਹਿੱਸਿਆਂ ਵਿੱਚ ਖਾਲੀ ਪਏ ਪਲਾਟਾਂ ਜਿਨ੍ਹਾਂ ਵਿੱਚ ਕੂੜਾ ਕਰਕਟ, ਗੰਦਗੀ ਅਤੇ ਬਰਸਾਤ ਦਾ ਗੰਦਾ ਪਾਣੀ ਇਕੱਠਾ ਹੁੰਦਾ ਹੈ ਅਤੇ ਜਿਨ੍ਹਾਂ ਦੇ ਮਾਲਕਾਂ/ਕਾਬਜ਼ਾਂ ਵੱਲੋਂ ਸਾਫ ਸਫਾਈ ਨਹੀਂ ਕਰਾਈ ਜਾਂਦੀ, ਉਨ੍ਹਾਂ ਵਿਰੁੱਧ ਵੱਡੀ ਕਾਰਵਾਈ ਆਰੰਭੀ ਗਈ ਹੈ।ਪਿਛਲੇ ਦਿਨੀ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਵੱਲੋਂ ਨਾਗਰਿਕ ਸੁਰੱਖਿਆ ਸਹਿੰਤਾ 2023 ਦੀ ਧਾਰਾ 163 ਅਧੀਨ ਜਿਲ੍ਹਾ ਅੰਮ੍ਰਿਤਸਰ ਦੀ ਹਦੂਦ ਵਿੱਚ ਨਿਜੀ ਕਬਜ਼ੇ, ਮਾਲਕੀ ਵਾਲੇ ਖਾਲੀ ਪਏ ਪਲਾਟਾਂ 'ਚ ਕੂੜਾ ਕਰਕਟ, ਗੰਦਗੀ ਅਤੇ ਬਰਸਾਤ ਦੇ ਗੰਦੇ ਪਾਣੀ ਦੇ ਇਕੱਠੇ ਹੋਣ ਕਾਰਣ ਹੋਣ ਵਾਲੀਆਂ ਬਿਮਾਰੀਆਂ ਦੇ ਬਚਾਅ ਲਈ ਨਗਰ ਨਿਗਮ ਅੰਮ੍ਰਿਤਸਰ ਨੂੰ ਢੁੱਕਵੇਂ ਉਪਰਾਲੇ ਕਰਨ ਲਈ ਕਿਹਾ ਗਿਆ ਸੀ ਜਿਸ 'ਤੇ ਕਮਿਸ਼ਨਰ ਨਗਰ ਨਿਗਮ ਅੰਮ੍ਰਿਤਸਰ ਗੁਲਪ੍ਰੀਤ ਸਿੰਘ ਔਲਖ ਵੱਲੋਂ ਨਿਗਮ ਦੇ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਇਨ੍ਹਾਂ ਖਾਲੀ ਪਲਾਟਾਂ ਦੇ ਮਾਲਕਾਂ ਦੇ ਵਿਰੁੱਧ ਕਾਰਵਾਈ ਕਰਨ ਲਈ ਹਦਾਇਤਾਂ ਕੀਤੀਆਂ ਗਈਆਂ ਸਨ ਅਤੇ ਇਹ ਵੀ ਹਦਾਇਤ ਕੀਤੀ ਗਈ ਸੀ ਕਿ ਇਹਨਾਂ ਖਾਲੀ ਪਲਾਟਾਂ ਦੇ ਚਲਾਨ ਕੱਟੇ ਜਾਣ ਅਤੇ ਨੋਟਿਸ ਜਾਰੀ ਕੀਤੇ ਜਾਣ।ਸਿਹਤ ਅਫਸਰ ਡਾ ਕਿਰਨ, ਡਾ ਯੋਗੇਸ਼ ਅਰੋੜਾ ਅਤੇ ਏਐੱਮਓਐੱਚ ਡਾ. ਰਮਾ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਸਿਹਤ ਵਿਭਾਗ ਵਲੋਂ ਪੰਜਾਂ ਜ਼ੋਨਾਂ ਵਿੱਚ 302 ਚਲਾਨ ਜਾਰੀ ਕੀਤੇ ਗਏ ਹਨ ਅਤੇ ਦੋ ਦਿਨ ਦਾ ਨੋਟਿਸ ਦਿੱਤਾ ਗਿਆ ਹੈ।ਸਿਹਤ ਵਿਭਾਗ ਵੱਲੋਂ ਪੂਰਬੀ ਜ਼ੋਨ ਵਿੱਚ 35, ਪੱਛਮੀ ਜ਼ੋਨ ਵਿੱਚ 55, ਕੇਂਦਰੀ ਜ਼ੋਨ ਵਿੱਚ 73, ਉੱਤਰੀ ਜ਼ੋਨ ਵਿੱਚ 60, ਅਤੇ ਦੱਖਣੀ ਜ਼ੋਨ ਵਿੱਚ 79 ਤੋਂ ਵੱਧ ਚਲਾਣ ਅਤੇ ਨੋਟਿਸ ਦਿੱਤੇ ਗਏ ਹਨ।ਇਨ੍ਹਾਂ ਚਲਾਨਾਂ ਰਾਹੀਂ ਪਲਾਟ ਮਾਲਕਾਂ ਨੂੰ ਜੁਰਮਾਨਾ ਵੀ ਕੀਤਾ ਜਾਣਾ ਹੈ ਅਤੇ ਦੋ ਦਿਨ ਦੇ ਨੋਟਿਸ ਤੋਂ ਬਾਅਦ ਵਿਭਾਗ ਵੱਲੋਂ ਆਪਣੇ ਪੱਧਰ ਤੇ ਇਨ੍ਹਾਂ ਪਲਾਟਾਂ ਦੀ ਸਫਾਈ ਆਦਿ ਦੇ ਕੰਮ ਕਰਵਾ ਕੇ ਇਸ ਦਾ ਖਰਚਾ ਵੀ ਪਲਾਟ ਮਾਲਕ ਤੋਂ ਵਸੂਲਿਆ ਜਾਵੇਗਾ।

# ਵੰਦੇ ਭਾਰਤ ਟ੍ਰੇਨ ਹੁਣ ਜਲੰਧਰ ਵੀ ਰੁਕੇਗੀ

ਜਲੰਧਰ, (ਸੁਰਿੰਦਰ ਕੁਮਾਰ)- ਸਥਾਨਕ ਜਲੰਧਰ 'ਚ ਰਹਿਣ ਵਾਲੇ ਨਾਗਰਿਕਾਂ ਨੂੰ ਰੇਲਵੇ ਨੇ ਨਵੀਂ ਦਿੱਲੀ ਤੋਂ ਸ੍ਰੀ ਮਾਤਾ ਵੈਸ਼ਨੋ ਦੇਵੀ ਜਾਣ ਵਾਲੀ ਵੰਦੇ ਭਾਰਤ ਐਕਸਪ੍ਰੈਸ ਨੂੰ ਜਲੰਧਰ ਕੈਂਟ ਸਟੇਸ਼ਨ 'ਤੇ ਰੁਕਣ ਦੀ ਮਨਜ਼ੂਰੀ ਦੇ ਦਿੱਤੀ ਹੈ। ਰੇਲਵੇ ਦੇ ਇਸ ਫੈਸਲੇ ਨਾਲ ਜਲੰਧਰ ਅਤੇ ਇਸ ਦੇ ਨੇੜਲੇ ਸ਼ਹਿਰਾਂ ਨੂੰ ਬਹੁਤ ਫਾਇਦਾ ਹੋਵੇਗਾ।ਟ੍ਰੇਨ 3 ਮਿੰਟ ਲਈ ਰੁਕੇਗੀ। ਰੇਲਵੇ ਦੇ ਅਨੁਸਾਰ, ਵੰਦੇ ਭਾਰਤ ਟ੍ਰੇਨ ਸਵੇਰੇ 10:03 ਵਜੇ ਜਲੰਧਰ ਕੈਂਟ ਪਹੁੰਚੇਗੀ ਅਤੇ ਸਵੇਰੇ 10:06 ਵਜੇ ਰਵਾਨਾ ਹੋਵੇਗੀ। ਦੂਜੇ ਪਾਸੇ, ਕਟੜਾ ਤੋਂ ਨਵੀਂ ਦਿੱਲੀ ਜਾਣ ਵਾਲੀ ਟ੍ਰੇਨ ਸ਼ਾਮ 6:50 ਵਜੇ ਪਹੁੰਚੇਗੀ ਅਤੇ ਸ਼ਾਮ 6:53 ਵਜੇ ਰਵਾਨਾ ਹੋਵੇਗੀ। ਹਾਲਾਂਕਿ, ਰੇਲਗੱਡੀ ਨੂੰ ਜਲੰਧਰ ਕੈਂਟ ਸਟੇਸ਼ਨ 'ਤੇ ਰੁਕਣ ਲਈ ਇਸ ਦੇ ਸਮੇਂ ਵਿੱਚ ਕੁਝ ਬਦਲਾਅ ਕੀਤੇ ਗਏ ਹਨ।ਕਿਰਾਇਆ ਲਗਭਗ ਹਜ਼ਾਰ ਰੁਪਏ ਹੋਵੇਗਾ। ਰੇਲਵੇ ਅਨੁਸਾਰ, ਲੁਧਿਆਣਾ ਤੋਂ ਸ੍ਰੀ ਵੈਸ਼ਨੋ ਦੇਵੀ ਕਟੜਾ ਜਾਣ ਵਾਲੀ ਵੰਦੇ ਭਾਰਤ ਟ੍ਰੇਨ ਦਾ ਕਿਰਾਇਆ 1190 ਰੁਪਏ ਹੈ। ਦੂਜੇ ਪਾਸੇ ਜਲੰਧਰ ਤੋਂ ਇਸ ਦਾ ਕਿਰਾਇਆ ਲਗਭਗ ਹਜ਼ਾਰ ਰੁਪਏ ਹੋ ਸਕਦਾ ਹੈ। ਵੰਦੇ ਭਾਰਤ ਦਾ ਰੁਕਣਾ ਅੱਜ ਤੋਂ ਸ਼ੁਰੂ ਹੋ ਗਿਆ ਹੈ।


## ਉੱਤਰ ਰੇਲਵੇ

**ਈ-ਨੀਲਾਮੀ ਸੂਚਨਾ**

ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਸੀਨੀਅਰ ਮੰਡਲ ਵਾਣਿਜ ਪ੍ਰਬੰਧਕ/ਮਾਲਭਾੜਾ, ਉੱਤਰ ਰੇਲਵੇ, ਫ਼ਿਰੋਜ਼ਪੁਰ ਦੁਆਰਾ ਹੇਠਾ ਦਿਤੇ ਗਏ ਕੰਮ ਦੇ ਲਈ ਯੋਗ ਅਤੇ ਰਜਿਸਟਰਡ ਬੋਲੀਦਾਤਾਵਾਂ ਤੋਂ ਫ਼ਿਰੋਜ਼ਪੁਰ ਮੰਡਲ ਵਿਚ ਈ-ਨੀਲਾਮੀ ਮੰਗ ਕੀਤੀ ਗਈ ਹੈ।:

| ਨੀਲਾਮੀ ਸੂਚੀ ਨੰ: | ਨੀਲਾਮੀ ਸ਼ੁਰੂ ਹੋਣ ਦਾ ਸਮਾਂ ਅਤੇ ਮਿਤੀ | ਕੰਮ ਦਾ ਨਾਮ |
|---|---|---|
| EAFZR-SLR25-90 | 28/07/2025 ਨੂੰ 11:00 ਵਜੇ | ਗੱਡੀਆਂ ਵਿਚ ਪਾਰਸਲ ਸਪੇਸ ਨੂੰ ਲੀਸ ਉਤੇ ਦੇਣ ਦਾ ਠੇਕਾ (ਟ੍ਰੇਨ ਨੰਬਰ/ਐਸਐਲਆਰ ਕੰਮਪਾਰਟਮੈਂਟ):14601/F2, 12030/F1, 12014/F1, 14601/R1, 14601/F1, 12032/F1, 12412/F1, 14604/F1 & 22424/F1. |
| EAFZR-SLR25-91 | 30/07/2025 ਨੂੰ 11:00 ਵਜੇ | ਗੱਡੀਆਂ ਵਿਚ ਪਾਰਸਲ ਸਪੇਸ ਨੂੰ ਲੀਸ ਉਤੇ ਦੇਣ ਦਾ ਠੇਕਾ (ਟ੍ਰੇਨ ਨੰਬਰ/ਐਸਐਲਆਰ ਕੰਮਪਾਰਟਮੈਂਟ):22126/F1, 22486/F1, 12422/F1, 22446/F1, 14614/R1, 14632/R1, 15532/F1, 14614/F1, 14632/F1 & 22552/F1. |

ਪੂਰੀ ਜਾਣਕਾਰੀ ਅਤੇ ਰਜਿਸਟਰੈਸ਼ਨ ਦੇ ਲਈ ਕ੍ਰਿਪਾ ਰੇਲਵੇ ਦੀ ਵੈੱਬਸਾਈਟ www.ireps.gov.in ਉਤੇ ਜਾਉ।

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 2107/25


# ਪੀਰ ਬਾਬਾ ਲੱਖ ਦਾਤਾ ਦਰਬਾਰ ਕਾਦੀਆਂ ਵਿਖੇ ਸਾਲਾਨਾ ਭੰਡਾਰਾ ਬੜੀ ਸ਼ਰਧਾ ਨਾਲ ਕਰਵਾਇਆ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਪੀਰ ਬਾਬਾ ਲੱਖ ਦਾਤਾ ਦਰਬਾਰ ਬੱਸ ਸਟੈਂਡ ਕਾਦੀਆਂ ਵਿਖੇ ਬਾਬਾ ਲੱਖ ਦਾਤਾ ਧਰਮਸ਼ਾਲਾ ਕਮੇਟੀ ਦੇ ਪ੍ਰਧਾਨ ਜੋਗਿੰਦਰ ਪਾਲ ਬਿੱਟੂ ਦੇ ਵੱਲੋਂ ਸਮੂਹ ਪ੍ਰਬੰਧਕ ਕਮੇਟੀ ਅਤੇ ਸੇਵਾਦਾਰਾਂ ਤੇ ਨਗਰ ਨਿਵਾਸੀ ਸੰਗਤਾਂ ਦੇ ਸਹਿਯੋਗ ਦੇ ਨਾਲ ਸਾਲਾਨਾ ਭੰਡਾਰਾ ਬੜੀ ਹੀ ਸ਼ਰਧਾ ਭਾਵਨਾ ਤੇ ਧੂਮ ਧਾਮ ਦੇ ਨਾਲ ਕਰਵਾਇਆ ਗਿਆ ਜਿਸ ਵਿੱਚ ਸਵੇਰੇ ਝੰਡੇ ਦੀ ਰਸਮ ਪ੍ਰਧਾਨ ਜੋਗਿੰਦਰ ਪਾਲ ਬਿੱਟੂ ਦੇ ਵੱਲੋਂ ਕੀਤੀ ਗਈ ਅਤੇ ਦੁਪਹਿਰ 1 ਵਜੇ ਬਾਬਾ ਜੀ ਦੇ ਨਾਮ ਦਾ ਅਟੁੱਟ ਲੰਗਰ ਸੰਗਤਾਂ ਵਿੱਚ ਵਰਤਾਇਆ ਗਿਆ। ਇਸ ਦੌਰਾਨ ਸ਼ਾਮ ਨੂੰ ਕੱਵਾਲੀਆਂ ਕਰਵਾਈਆਂ ਗਈਆਂ ਜਿਸ ਵਿੱਚ ਬਟਾਲਵੀ ਬ੍ਰਦਰਜ਼ ਬਟਾਲੇ ਵਾਲੇ ਅਤੇ ਸ਼ਸ਼ੀ ਸ਼ਾਹਿਦ ਜਲੰਧਰ ਵਾਲਿਆਂ ਨੇ ਕੱਵਾਲੀਆਂ ਦੇ ਨਾਲ ਆਈਆਂ ਸੰਗਤਾਂ ਨੂੰ ਨਿਹਾਲ ਕੀਤਾ ਅਤੇ ਬਾਬਾ ਜੀ ਦੇ ਭਜਨਾਂ ਦਾ ਗੁਣਗਾਨ ਕੀਤਾ।ਇਸ ਮੌਕੇ ਇਲਾਕੇ ਭਰ ਤੋਂ ਸੰਗਤ ਨੇ ਦਰਬਾਰ ਵਿੱਚ ਪਹੁੰਚ ਕੇ ਭੰਡਾਰੇ ਦੀ ਰੌਣਕ ਨੂੰ ਵਧਾਇਆ।ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਕਾਦੀਆਂ ਇੰਚਾਰਜ ਕੋਰ ਕਮੇਟੀ ਮੈਂਬਰ ਗੁਰਇਕਬਾਲ ਸਿੰਘ ਮਾਹਲ, ਹਲਕਾ ਇੰਚਾਰਜ ਚੇਅਰਮੈਨ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਬੀਜੇਪੀ ਤੋਂ ਕੁਲਵਿੰਦਰ ਕੌਰ ਗੁਰਾਇਆ, ਭਾਜਪਾ ਮੰਡਲ ਪ੍ਰਧਾਨ ਗੁਲਸ਼ਨ ਕੁਮਾਰ, ਨਗਰ ਕੌਂਸਲ ਕਾਦੀਆਂ ਦੇ ਪ੍ਰਧਾਨ ਮੈਡਮ ਨੇਹਾ ਤੇ ਉਨਾਂ ਦੇ ਪਤੀ ਜੋਗਿੰਦਰ ਪਾਲ ਨੰਦੂ ਅਤੇ ਵੱਖ-ਵੱਖ ਸਿਆਸੀ ਰਾਜਨੀਤਿਕ ਸਮਾਜ ਸੇਵੀ ਸੰਸਥਾਵਾਂ ਦੇ ਆਗੂ ਵਿਸ਼ੇਸ਼ ਤੌਰ ਤੇ ਪਹੁੰਚੇ ਜਿਨ੍ਹਾਂ ਨੇ ਸੰਗਤਾਂ ਨੂੰ ਸਲਾਨਾ ਭੰਡਾਰੇ ਦੀ ਵਧਾਈ ਦਿੱਤੀ।


ਇਸ ਮੌਕੇ ਆਏ ਹੋਏ ਵੱਖ ਵੱਖ ਆਗੂਆਂ ਦਾ ਅਤੇ ਕਲਾਕਾਰਾਂ ਦਾ ਕਮੇਟੀ ਦੇ ਪ੍ਰਧਾਨ ਜੋਗਿੰਦਰ ਪਾਲ ਬਿੱਟੂ ਦੇ ਵੱਲੋਂ ਅਤੇ ਸਮੁੱਚੀ ਕਮੇਟੀ ਦੇ ਵੱਲੋਂ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ।ਇਸ ਮੌਕੇ ਪ੍ਰਧਾਨ ਜੋਗਿੰਦਰ ਪਾਲ ਬਿੱਟੂ, ਅਸ਼ੀਸ਼ ਪ੍ਰਭਾਕਰ, ਅਸ਼ਵਨੀ ਵਰਮਾ, ਰਕੇਸ਼ ਕਾਲੀਆ, ਸਰਬਜੀਤ ਮਹਿਤਾ, ਡਿਪਲ ਭਨੋਟ, ਅਮਿਤ ਵਰਮਾ, ਸਤੀਸ਼ ਸੂਰੀ, ਨੰਦਨੀ ਬਾਬਾ, ਅਸ਼ੋਕ ਕੁਮਾਰ, ਰਾਮ ਪ੍ਰਕਾਸ਼ ਲੱਡਾ, ਸੰਦੀਪ ਕੁਮਾਰ ਫੋਟੋ ਸਟੂਡੀਓ, ਆਸ਼ੂ, ਸਿਕੰਦਰ, ਅਸ਼ੋਕ, ਸਮੂਹ ਕਮੇਟੀ ਮੈਂਬਰਾਂ ਸਮੇਤ ਸੇਵਾਦਾਰ ਅਤੇ ਨਗਰ ਨਿਵਾਸੀ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਗੁਰਦਾਸਪੁਰ-ਮੁਕੇਰੀਆਂ ਸੜਕ ਦੇ ਕੰਢਿਆਂ 'ਤੇ ਉੱਗੀ ਜੜ੍ਹੀ ਬੂਟੀ ਨੂੰ ਕਟਵਾਉਣ ਦੀ ਮੰਗ



ਗੁਰਦਾਸਪੁਰ (ਜਨਕ ਮਹਾਜਨ)- ਗੁਰਦਾਸਪੁਰ-ਮੁਕੇਰੀਆਂ ਸੜਕ ਦੇ ਦੋਵੇਂ ਪਾਸੇ ਜੜੀ ਬੂਟੀ ਦੀ ਕਾਫੀ ਭਰਮਾਰ ਹੈ ਅਤੇ ਮਹਿਕਮਾ ਇਸ ਪਾਸੇ ਕੋਈ ਵੀ ਧਿਆਨ ਨਹੀਂ ਦੇ ਰਿਹਾ। ਖਾਸ ਕਰਕੇ ਤਿੱਬੜੀ ਛਾਉਣੀ ਪਾਸੇ ਜਿਹੜੀ ਬੂਟੀ ਉੱਗੀ ਹੈ ਜਿਸ ਨਾਲ ਕਿਸੇ ਸਮੇਂ ਕੋਈ ਅਣਸੁਖਾਵੀਂ ਘਟਨਾ ਵਾਪਰ ਸਕਦੀ ਹੈ। ਇਸ ਸਬੰਧੀ ਇਲਾਕੇ ਦੇ ਸਰਪੰਚ ਪੰਚਾਇਤ ਤੇ ਸਮਾਜ ਸੇਵੀ ਜਥੇਬੰਦੀਆਂ ਦੇ ਆਗੂਆਂ ਨੇ ਦੱਸਿਆ ਕਿ ਬਰਸਾਤਾਂ ਦੇ ਦਿਨਾਂ ਵਿਚ ਦਿਹਾਤੀ ਸੰਪਰਕ ਸੜਕਾਂ ਦੇ ਆਲੇ ਦੁਆਲੇ ਲੰਬੀ ਜਿਹੜੀ ਬੂਟੀ ਆਮ ਵੇਖਣ ਨੂੰ ਮਿਲ ਰਹੀ ਹੈ। ਇੱਥੋਂ ਤੱਕ ਕਿ ਵਣ ਵਿਭਾਗ ਨੇ ਬੂਟੇ ਵੀ ਲਗਾਏ ਹੋਏ ਹਨ ਅਤੇ ਉਹ ਵੀ ਜੜ੍ਹੀ ਬੂਟੀ ਦੀ ਸਫਾਈ ਨਹੀਂ ਕਰਵਾ ਰਹੇ। ਉਨ੍ਹਾਂ ਦੱਸਿਆ ਕਿ ਦਿਹਾਤੀ ਖੇਤਰ ਵਿਚ ਜਿਹੜੀ ਬੂਟੀ ਏਨੀ ਭਰਮਾਰ ਹੈ ਕਿ ਕੁਝ ਸ਼ਰਾਰਤੀ ਅਨਸਰ ਜਿਹੜੀ ਬੂਟੀ ਵਿਚ ਲੋਕ ਛਿਪ ਕੇ ਲੁੱਟਾਂਖੋਹਾਂ ਦੀਆਂ ਘਟਨਾਵਾਂ ਨੂੰ ਅੰਜਾਮ ਦੇ ਸਕਦੇ ਹਨ ਜਿਸ ਨਾਲ ਲੋਕਾਂ ਦਾ ਜਾਨੀ ਤੇ ਮਾਲੀ ਨੁਕਸਾਨ ਹੋਣ ਦਾ ਡਰ ਬਣਿਆ ਰਹਿੰਦਾ ਹੈ। ਉਨ੍ਹਾਂ ਡਿਪਟੀ ਕਮਿਸ਼ਨਰ ਗੁਰਦਾਸਪੁਰ ਪਾਸੋਂ ਮੰਗ ਕੀਤੀ ਕਿ ਮੁੱਖ ਸੜਕ 'ਤੇ ਦਿਹਾਤੀ ਖੇਤਰ ਦੀਆਂ ਸੜਕਾਂ 'ਤੇ ਉੱਗੀ ਜਿਹੜੀ ਬੂਟੀ ਨੂੰ ਕਟਵਾਉਣ ਲਈ ਸਬੰਧਿਤ ਮਹਿਕਮੇ ਨੂੰ ਆਦੇਸ਼ ਜਾਰੀ ਕੀਤੇ ਜਾਣ।

# ਸ਼ਹਿਰੀ ਤੇ ਪੇਂਡੂ ਖੇਤਰ ਅੰਦਰ ਨਕਲੀ ਦੁੱਧ ਦੀ ਭਰਮਾਰ, ਸੰਬੰਧਿਤ ਵਿਭਾਗ ਸੁੱਤਾ ਕੁੰਭਕਰਨੀ ਨੀਂਦ



ਗੁਰਦਾਸਪੁਰ (ਜਨਕ ਮਹਾਜਨ)-ਗੁਰਦਾਸਪੁਰ ਸ਼ਹਿਰ ਤੇ ਆਲੇ-ਦੁਆਲੇ ਦੇ ਕਸਬਿਆਂ ਵਿੱਚ ਨਕਲੀ ਦੁੱਧ, ਦਹੀਂ, ਪਨੀਰ ਵੇਚਣ ਵਾਲੇ ਦੁਕਾਨ 'ਤੇ ਘਟੀਆ ਸਮੱਗਰੀ ਮਿਲਣ ਕਾਰਨ ਲੋਕ ਕਈ ਤਰ੍ਹਾਂ ਦੀਆਂ ਭਿਆਨਕ ਬਿਮਾਰੀਆਂ ਦਾ ਸ਼ਿਕਾਰ ਹੋਣ ਦੇ ਨਾਲ-ਨਾਲ ਨਵਜੰਮੇ ਬੱਚਿਆਂ 'ਤੇ ਵੀ ਮਾੜਾ ਅਸਰ ਪੈ ਰਿਹਾ ਹੈ। ਇਸ ਪਾਸੇ ਸੰਬੰਧਿਤ ਵਿਭਾਗ ਵਲੋਂ ਧਿਆਨ ਨਾ ਦੇਣ ਕਰਕੇ ਲੋਕਾਂ ਦਾ ਸਿਹਤ ਵਿਭਾਗ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ।

ਇਸ ਸੰਬੰਧੀ ਗੱਲਬਾਤ ਕਰਦਿਆਂ ਕੁਝ ਲੋਕਾਂ ਨੇ ਦੱਸਿਆ ਕਿ ਕਈ ਮਸ਼ਹੂਰ ਕੰਪਨੀਆਂ ਦੇ ਦੁੱਧ ਵਾਲੇ ਸੈਂਪਲ ਫੇਲ੍ਹ ਹੋ ਚੁੱਕੇ ਹਨ ਬਾਵਜੂਦ ਇਸ ਦੇ ਸਿਹਤ ਵਿਭਾਗ ਦੇ ਅਧਿਕਾਰੀਆਂ ਵਲੋਂ ਦੁੱਧ ਤਿਆਰ ਕਰਨ ਅਤੇ ਵੇਚਣ ਵਾਲੀਆਂ ਕੰਪਨੀਆਂ ਡੇਅਰੀਆਂ, ਹਲਵਾਈਆਂ ਦੀਆਂ ਦੁਕਾਨਾਂ 'ਤੇ ਕੋਈ ਛਾਪੇਮਾਰੀ ਨਹੀਂ ਕੀਤੀ ਜਾਂਦੀ ਅਤੇ ਖਾਨਾਪੂਰਤੀ ਕਰਨ ਲਈ ਇਸ ਸੰਬੰਧੀ ਕਦੀ-ਕਦੀ ਵਿਭਾਗ ਵੱਲੋਂ ਇੱਕ-ਅੱਧੀ ਦੁਕਾਨ 'ਤੇ ਜਾ ਕੇ ਸੈਂਪਲ ਭਰ ਲਏ ਜਾਂਦੇ ਹਨ ਪਰ ਬਾਅਦ ਵਿਚ ਕੋਈ ਵੀ ਠੋਸ ਨਤੀਜਾ ਸਾਹਮਣੇ ਨਹੀਂ ਆਉਂਦਾ।

ਉਨ੍ਹਾਂ ਦਾ ਕਹਿਣਾ ਹੈ ਕਿ ਸ਼ਹਿਰ ਅਤੇ ਦਿਹਾਤੀ ਖੇਤਰ ਵਿਚ ਦੁੱਧ ਦੀ ਖਪਤ ਬਹੁਤ ਤਾਦਾਦ ਵਿਚ ਹੈ ਜਦ ਕਿ ਦੁੱਧ ਦੇਣ ਵਾਲੇ ਪਸ਼ੂਆਂ ਦੀ ਗਿਣਤੀ ਬਹੁਤ ਘੱਟ ਹੈ। ਇਸੇ ਤਰ੍ਹਾਂ ਨਕਲੀ ਦੁੱਧ ਨਾਲ ਹਲਵਾਈਆਂ ਵੱਲੋਂ ਮਠਿਆਈ ਪਨੀਰ ਆਦਿ ਤਿਆਰ ਕੀਤਾ ਜਾਂਦਾ ਹੈ ਜਿਸ ਨੂੰ ਖਾ ਕੇ ਅਕਸਰ ਹੀ ਲੋਕ ਬਿਮਾਰ ਹੁੰਦੇ ਹਨ। ਲੋਕਾਂ ਨੇ ਸਿਹਤ ਵਿਭਾਗ ਪਾਸ ਕੀਤੀ ਗਈ ਦੁੱਧ ਦੇ ਸੈਂਪਲ ਭਰ ਕੇ ਇਸ ਨੂੰ ਚੱਕ ਕੀਤਾ ਜਾਵੇ ਅਤੇ ਜੇਕਰ ਦੁੱਧ ਨਕਲੀ ਪਾਇਆ ਜਾਂਦਾ ਹੈ ਤਾਂ ਦੁਕਾਨਦਾਰ ਖਿਲਾਫ ਸਖਤ ਕਾਰਵਾਈ ਕੀਤੀ ਜਾਵੇ।

# ਯੂਥ ਡਿਵੈਲਪਮੈਂਟ ਬੋਰਡ ਪੰਜਾਬ ਦੇ ਡਾਇਰੈਕਟਰ ਸੋਹਲ ਵੱਲੋਂ ਸਿਆਸੀ ਸਰਗਰਮੀਆਂ ਤੇਜ਼



ਝਬਾਲ (ਹਰਜਿੰਦਰ ਸਿੰਘ ਸੋਨੀ)-ਵਿਧਾਨ ਸਭਾ ਹਲਕਾ ਤਰਨਤਾਰਨ 'ਚ ਯੂਥ ਡਿਵੈਲਪਮੈਂਟ ਬੋਰਡ ਪੰਜਾਬ ਦੇ ਡਾਇਰੈਕਟਰ ਅੰਗਦਦੀਪ ਸਿੰਘ ਸੋਹਲ ਵੱਲੋਂ ਹਲਕੇ ਅੰਦਰ ਵਧਾਈਆਂ ਸਿਆਸੀ ਸਰਗਰਮੀਆਂ ਦੇ ਚੱਲਦਿਆਂ ਹਲਕੇ ਦੇ ਪਿੰਡ ਪੱਧਰ 'ਤੇ ਕੀਤੀਆਂ ਜਾ ਰਹੀਆਂ ਮੀਟਿੰਗਾਂ ਦੌਰਾਨ ਲੋਕਾਂ ਵੱਲੋਂ ਦਿੱਤੇ ਜਾ ਰਹੇ ਵੱਡੇ ਸਾਥ ਸਦਕਾ ਜੇਕਰ ਆਪ ਪਾਰਟੀ ਹਾਈ ਕਮਾਂਡ ਅੰਗਦਦੀਪ ਸੋਹਲ ਨੂੰ ਟਿਕਟ ਦਿੰਦੀ ਹੈ ਤਾਂ ਉਹ ਪੂਰੇ ਹਲਕੇ 'ਚੋਂ ਵੱਡੀ ਲੀਡ ਨਾਲ ਸ਼ਾਨਦਾਰ ਜਿੱਤ ਪ੍ਰਾਪਤ ਕਰਕੇ ਇਹ ਜੇਤੂ ਸੀਟ ਆਮ ਪਾਰਟੀ ਸਰਕਾਰ ਦੀ ਝੋਲੀ ਪਾਉਣਗੇ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਨੌਜਵਾਨ ਆਗੂ ਗੁਰਸੇਵਕ ਸਿੰਘ ਧਾਲੀਵਾਲ ਠੱਠੀ ਸੋਹਲ ਨੇ ਕਿਹਾ ਕਿ ਅੰਗਦਦੀਪ ਸੋਹਲ ਜਿੱਥੇ ਵਿਦੇਸ਼ ਦੀ ਧਰਤੀ ਨੂੰ ਛੱਡ ਕੇ ਆਪਣੇ ਹਲਕੇ ਦੇ ਲੋਕਾਂ ਦੀ ਸੇਵਾ ਭਾਵਨਾ ਨਾਲ ਸੇਵਾ ਕਰਨ ਲਈ ਪਿੰਡ ਠੱਠੀ ਸੋਹਲ ਜ਼ਿਲ੍ਹਾ ਤਰਨਤਾਰਨ ਪੁੱਜ ਕੇ ਲੋਕਾਂ ਦੀ ਸੇਵਾ ਕਰ ਰਹੇ ਹਨ। ਉੱਥੇ ਹੀ ਲੰਮੇ ਸਮੇਂ ਤੋਂ ਪੰਜਾਬ ਸਰਕਾਰ ਵੱਲੋਂ ਜਾਰੀ ਲੋਕ ਭਲਾਈ ਸਕੀਮਾਂ, ਪਾਰਟੀ ਦੀਆਂ ਨੀਤੀਆਂ ਨੂੰ ਲੋਕਾਂ ਤੱਕ ਪਹੁੰਚਾਉਣ ਦੇ ਨਾਲ-ਨਾਲ ਨੌਜਵਾਨਾਂ ਨੂੰ ਪਾਰਟੀ ਪ੍ਰਤੀ ਲਾਮਬੰਦ ਕਰ ਰਹੇ ਹਨ। ਗੁਰਸੇਵਕ ਸਿੰਘ ਧਾਲੀਵਾਲ, ਸਾਬਕਾ ਸਰਪੰਚ ਦਰਸ਼ਨ ਸਿੰਘ ਠੱਠੀ, ਸਰਪੰਚ ਜਗਮੀਤ ਸਿੰਘ ਠੱਠੀ, ਯਾਦਵਿੰਦਰ ਸਿੰਘ ਯਾਦੋਂ, ਅੰਗਰੇਜ਼ ਸਿੰਘ ਮੈਂਬਰ, ਲਖਵਿੰਦਰ ਸਿੰਘ ਮੈਂਬਰ, ਮਨਜੀਤ ਸਿੰਘ ਮੈਂਬਰ, ਨਰਿੰਦਰ ਸਿੰਘ ਸਰਪੰਚ, ਆੜ੍ਹਤੀ ਸਾਹਿਬ ਸਿੰਘ ਠੱਠੀ, ਮਲਕੀਅਤ ਸਿੰਘ ਠੱਠੀ, ਗੁਰਭੇਜ ਸਿੰਘ ਗੋਲਣ ਠੱਠੀ ਆਦਿ ਨੇ ਹਾਈ ਕਮਾਂਡ ਤੋਂ ਅੰਗਦਦੀਪ ਸਿੰਘ ਸੋਹਲ ਨੂੰ ਟਿਕਟ ਦਿੱਤੇ ਜਾਣ ਦੀ ਮੰਗ ਕੀਤੀ।


ਫਾਰਮ ਨੰ. 14
[(ਵੇਖੋ ਰੈਗੂਲੇਸ਼ਨ 33 (2)]
ਰਜਿ. ਏ/ਡੀ ਰਾਹੀਂ, ਦਸਤੀ ਅਸਫਲ, ਪ੍ਰਕਾਸ਼ਨਾ ਰਾਹੀਂ ਵਸੂਲੀ ਅਫਸਰ ਦਫਤਰ-I/II, ਕਰਜ਼ਾ ਵਸੂਲੀ ਟ੍ਰਿਬਿਊਨਲ, ਚੰਡੀਗੜ੍ਹ (ਡੀ ਆਰ ਟੀ 3) ਹੇਠਲੀ ਮੰਜ਼ਲ, ਐੱਸ ਸੀ ਓ 33-34-35, ਸੈਕਟਰ 17-ਏ ਚੰਡੀਗੜ੍ਹ-160017

**ਡਿਮਾਂਡ ਨੋਟਿਸ**

ਕਰਜ਼ਾ ਅਤੇ ਦਿਵਾਲੀਆਪਨ ਐਕਟ 1993 ਅਤੇ ਆਮਦਨ ਕਰ ਐਕਟ 1961 ਦੀ ਦੂਜੀ ਅਨੁਸੂਚੀ ਦੇ ਰੂਲ ਦੇ ਸੈਕਸ਼ਨ 25 ਤੋਂ 28 ਤਹਿਤ ਨੋਟਿਸ

ਆਰ ਸੀ/1109/2025 13.06.2025

ਐਕਸਿਸ ਬੈਂਕ ਲਿਮਟਿਡ ਬਨਾਮ ਜਸਵੰਤ ਸਿੰਘ ਅਤੇ ਹੋਰ

ਸੇਵਾ 'ਚ

(ਸੀ ਡੀ 1) ਸ੍ਰੀ ਜਸਵੰਤ ਸਿੰਘ ਪੁੱਤਰ ਬਲਕਾਰ ਸਿੰਘ ਵਾਸੀ ਪਿੰਡ ਮਤੋਲੀ, ਤਹਿਸੀਲ ਪਾਤੜਾਂ, ਜ਼ਿਲ੍ਹਾ ਪਟਿਆਲਾ, ਪੰਜਾਬ-147105

(ਸੀ ਡੀ 2) ਸ੍ਰੀ ਦਲੇਰ ਸਿੰਘ ਪੁੱਤਰ ਸ੍ਰੀ ਜਸਵੰਤ ਸਿੰਘ ਵਾਸੀ ਪਿੰਡ ਮਤੋਲੀ, ਤਹਿਸੀਲ ਪਾਤੜਾਂ, ਜ਼ਿਲ੍ਹਾ ਪਟਿਆਲਾ, ਪੰਜਾਬ-147105

(ਸੀ ਡੀ 3) ਸ੍ਰੀ ਮੇਜਰ ਸਿੰਘ ਪੁੱਤਰ ਸ੍ਰੀ ਰਛਪਾਲ ਸਿੰਘ ਵਾਸੀ ਮਤੋਲੀ, ਤਹਿਸੀਲ ਪਾਤੜਾਂ, ਜ਼ਿਲ੍ਹਾ ਪਟਿਆਲਾ, ਪੰਜਾਬ-147105

ਨੋਟੀਫਾਈ ਕੀਤਾ ਜਾਂਦਾ ਹੈ ਕਿ ਪ੍ਰੀਜ਼ਾਇਡਿੰਗ ਅਫਸਰ, ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀ ਆਰ ਟੀ 3) ਵੱਲੋਂ ਓ ਏ/829/2924 'ਚ ਰਕਮ ਰੁਪਏ 38,69,818/- (ਅਠੱਤੀ ਲੱਖ ਉਨੱਤਰ ਹਜ਼ਾਰ ਅੱਠ ਸੌ ਅਠਾਰਾਂ ਰੁਪਏ ਕੇਵਲ) ਸਮੇਤ ਪੈਂਡੈਂਟ ਲਾਈਟ ਅਤੇ ਭਵਿੱਖੀ ਵਿਆਜ 8.00 ਫੀਸਦੀ ਸਧਾਰਨ ਵਿਆਜ ਸਾਲਾਨਾ 03.07.2024 ਤੋਂ ਵਸੂਲੀ ਤੱਕ ਅਤੇ ਲਾਗਤਾਂ ਰੁਪਏ 41,000/- (ਇਕਤਾਲੀ ਹਜ਼ਾਰ ਰੁਪਏ ਕੇਵਲ) ਦੇ ਪਾਸ ਕੀਤੇ ਹੁਕਮਾਂ ਦੀ ਪਾਲਣਾ 'ਚ ਜਾਰੀ ਕੀਤੇ ਗਏ ਵਸੂਲੀ ਸਰਟੀਫਿਕੇਟ ਅਨੁਸਾਰ ਤੁਹਾਡੇ ਵਿਰੁੱਧ (ਸਾਂਝੇ ਅਤੇ ਵੱਖਰੇ-ਵੱਖਰੇ ਤੌਰ 'ਤੇ/ਪੂਰਨ/ਸੀਮਤ) ਬਕਾਇਆ ਹਨ।

2. ਤੁਹਾਨੂੰ, ਇਸ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 15 ਦਿਨਾਂ ਦੇ ਅੰਦਰ ਉਪਰੋਕਤ ਰਕਮ ਅਦਾ ਕਰਨ ਦੇ ਆਦੇਸ਼ ਦਿੱਤੇ ਜਾਂਦੇ ਹਨ, ਅਸਫਲ ਰਹਿਣ 'ਤੇ ਬੈਂਕਾਂ ਅਤੇ ਵਿੱਤੀ ਸੰਸਥਾਵਾਂ ਵੱਲੋਂ ਬਕਾਇਆ ਕਰਜ਼ਾ ਵਸੂਲੀ ਐਕਟ, 1993 ਅਤੇ ਉਸ ਤਹਿਤ ਨਿਯਮਾਂ ਅਨੁਸਾਰ ਵਸੂਲੀ ਕੀਤੀ ਜਾਵੇਗੀ।

3. ਤੁਹਾਨੂੰ, ਆਪਣੇ ਐੱਸਟਸ ਦੇ ਵੇਰਵੇ ਹਲਫੀਆ ਬਿਆਨ 'ਤੇ ਅਗਲੀ ਸੁਣਵਾਈ ਵਾਲੀ ਤਰੀਕ ਜਾਂ ਉਸ ਤੋਂ ਪਹਿਲਾਂ ਐਲਾਨ ਕਰਨ ਦੇ ਹੁਕਮ ਦਿੱਤੇ ਜਾਂਦੇ ਹਨ।

4. ਜਦੋਂ ਕਿ ਟ੍ਰਿਬਿਊਨਲ ਨੂੰ ਯਕੀਨ ਦਿਵਾਇਆ ਜਾ ਚੁੱਕਾ ਹੈ ਕਿ ਤੁਹਾਡੀ ਤਾਮੀਲ ਆਮ ਤਰੀਕੇ ਨਾਲ ਹੋਣੀ ਸੰਭਵ ਨਹੀਂ, ਇਸ ਲਈ ਟ੍ਰਿਬਿਊਨਲ ਸਨਮੁੱਖ 24.12.2025 ਨੂੰ ਸਵੇਰੇ 10.30 ਵਜੇ ਪੇਸ਼ ਹੋਣ ਲਈ ਤੁਹਾਨੂੰ ਪ੍ਰਕਾਸ਼ਨਾ ਰਾਹੀਂ ਇਹ ਨੋਟਿਸ ਦਿੱਤਾ ਜਾਂਦਾ ਹੈ।

5. ਉਪਰੋਕਤ ਰਕਮ ਤੋਂ ਇਲਾਵਾ ਤੁਸੀਂ ਭੁਗਤਾਨ ਕਰਨ ਲਈ ਵੀ ਜਵਾਬਦੇਹ ਹੋ।

(ਏ) ਅਜਿਹਾ ਵਿਆਜ ਜੋ ਕਿ ਸਰਟੀਫਿਕੇਟ/ਕਾਰਵਾਈ ਚਲਾਉਣ ਦੇ ਇਸ ਨੋਟਿਸ ਤੋਂ ਤੁਰੰਤ ਬਾਅਦ ਸ਼ੁਰੂ ਹੋਣ ਦੀ ਮਿਆਦ ਲਈ ਭੁਗਤਾਨਯੋਗ ਹੋਵੇਗਾ।

(ਬੀ) ਬਕਾਇਆ ਰਕਮ ਦੀ ਵਸੂਲੀ ਲਈ ਇਸ ਨੋਟਿਸ ਅਤੇ ਵਾਰੰਟਾਂ ਦੀ ਤਾਮੀਲ ਅਤੇ ਹੋਰ ਅਮਲ ਅਤੇ ਸਾਰੀਆਂ ਹੋਰ ਕਾਰਵਾਈਆਂ ਸੰਬੰਧੀ ਸਾਰੀਆਂ ਲਾਗਤਾਂ, ਚਾਰਜਿਜ ਅਤੇ ਖਰਚੇ।

ਮੇਰੇ ਦਸਤਖਤਾਂ ਅਤੇ ਟ੍ਰਿਬਿਊਨਲ ਦੀ ਮੋਹਰ ਨਾਲ ਮਿਤੀ 13.06.2025 ਨੂੰ ਜਾਰੀ ਕੀਤਾ ਗਿਆ।

ਵਸੂਲੀ ਅਫਸਰ
ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ
(ਡੀ ਆਰ ਟੀ 3)



ਫਾਰਮ ਨੰ. 14
[(ਵੇਖੋ ਰੈਗੂਲੇਸ਼ਨ 33 (2)] ਰਜਿ. ਏ/ਡੀ ਰਾਹੀਂ, ਦਸਤੀ ਅਸਫਲ, ਪ੍ਰਕਾਸ਼ਨਾ ਰਾਹੀਂ ਵਸੂਲੀ ਅਫਸਰ ਦਫਤਰ-I/II, ਕਰਜ਼ਾ ਵਸੂਲੀ ਟ੍ਰਿਬਿਊਨਲ, ਚੰਡੀਗੜ੍ਹ (ਡੀ ਆਰ ਟੀ 3) ਹੇਠਲੀ ਮੰਜ਼ਲ, ਐੱਸ ਸੀ ਓ 33-34-35, ਸੈਕਟਰ 17-ਏ ਚੰਡੀਗੜ੍ਹ-160017

**ਡਿਮਾਂਡ ਨੋਟਿਸ**

ਕਰਜ਼ਾ ਅਤੇ ਦਿਵਾਲੀਆਪਨ ਐਕਟ 1993 ਅਤੇ ਆਮਦਨ ਕਰ ਐਕਟ 1961 ਦੀ ਦੂਜੀ ਅਨੁਸੂਚੀ ਦੇ ਰੂਲ ਦੇ ਸੈਕਸ਼ਨ 25 ਤੋਂ 28 ਤਹਿਤ ਨੋਟਿਸ

ਆਰ ਸੀ/1111/2025 13.06.2025

ਐਕਸਿਸ ਬੈਂਕ ਲਿਮਟਿਡ ਬਨਾਮ ਸ੍ਰੀ ਅਵਤਾਰ ਸਿੰਘ ਅਤੇ ਇੱਕ ਹੋਰ

ਸੇਵਾ 'ਚ

(ਸੀ ਡੀ 1) ਸ੍ਰੀ ਅਵਤਾਰ ਸਿੰਘ ਪੁੱਤਰ ਸ੍ਰੀ ਬਲਵੀਰ ਸਿੰਘ, ਵਾਸੀ ਪਿੰਡ ਦਰੀਆਪੁਰ, ਤਹਿਸੀਲ ਤੇ ਜ਼ਿਲ੍ਹਾ ਮਾਲੇਰਕੋਟਲਾ, ਪੰਜਾਬ-148023

(ਸੀ ਡੀ 2) ਸ੍ਰੀ ਸੁਖਵਿੰਦਰ ਸਿੰਘ ਪੁੱਤਰ ਸ੍ਰੀ ਅਵਤਾਰ ਸਿੰਘ, ਵਾਸੀ ਪਿੰਡ ਦਰੀਆਪੁਰ, ਤਹਿਸੀਲ ਤੇ ਜ਼ਿਲ੍ਹਾ ਮਾਲੇਰਕੋਟਲਾ, ਪੰਜਾਬ-148023

ਨੋਟੀਫਾਈ ਕੀਤਾ ਜਾਂਦਾ ਹੈ ਕਿ ਪ੍ਰੀਜ਼ਾਇਡਿੰਗ ਅਫਸਰ, ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀ ਆਰ ਟੀ 3) ਵੱਲੋਂ ਓ ਏ/841/2024 'ਚ ਰਕਮ ਰੁਪਏ 35,36,347/- (ਪੈਂਤੀ ਲੱਖ ਛੱਤੀ ਹਜ਼ਾਰ ਤਿੰਨ ਸੌ ਸੰਤਾਲੀ ਰੁਪਏ ਕੇਵਲ) ਸਮੇਤ ਪੈਂਡੈਂਟ ਲਾਈਟ ਅਤੇ ਭਵਿੱਖੀ ਵਿਆਜ 8.00 ਫੀਸਦੀ ਸਧਾਰਨ ਵਿਆਜ ਸਾਲਾਨਾ 03.07.2024 ਤੋਂ ਵਸੂਲੀ ਤੱਕ ਅਤੇ ਲਾਗਤਾਂ ਰੁਪਏ 38,000/- (ਅਠੱਤੀ ਹਜ਼ਾਰ ਰੁਪਏ ਕੇਵਲ) ਦੇ ਪਾਸ ਕੀਤੇ ਹੁਕਮਾਂ ਦੀ ਪਾਲਣਾ 'ਚ ਜਾਰੀ ਕੀਤੇ ਗਏ ਵਸੂਲੀ ਸਰਟੀਫਿਕੇਟ ਅਨੁਸਾਰ ਤੁਹਾਡੇ ਵਿਰੁੱਧ (ਸਾਂਝੇ ਅਤੇ ਵੱਖਰੇ-ਵੱਖਰੇ ਤੌਰ 'ਤੇ/ਪੂਰਨ/ਸੀਮਤ) ਬਕਾਇਆ ਹਨ।

2. ਤੁਹਾਨੂੰ, ਇਸ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 15 ਦਿਨਾਂ ਦੇ ਅੰਦਰ ਉਪਰੋਕਤ ਰਕਮ ਅਦਾ ਕਰਨ ਦੇ ਆਦੇਸ਼ ਦਿੱਤੇ ਜਾਂਦੇ ਹਨ, ਅਸਫਲ ਰਹਿਣ 'ਤੇ ਬੈਂਕਾਂ ਅਤੇ ਵਿੱਤੀ ਸੰਸਥਾਵਾਂ ਵੱਲੋਂ ਬਕਾਇਆ ਕਰਜ਼ਾ ਵਸੂਲੀ ਐਕਟ, 1993 ਅਤੇ ਉਸ ਤਹਿਤ ਨਿਯਮਾਂ ਅਨੁਸਾਰ ਵਸੂਲੀ ਕੀਤੀ ਜਾਵੇਗੀ।

3. ਤੁਹਾਨੂੰ, ਆਪਣੇ ਐੱਸਟਸ ਦੇ ਵੇਰਵੇ ਹਲਫੀਆ ਬਿਆਨ 'ਤੇ ਅਗਲੀ ਸੁਣਵਾਈ ਵਾਲੀ ਤਰੀਕ ਜਾਂ ਉਸ ਤੋਂ ਪਹਿਲਾਂ ਐਲਾਨ ਕਰਨ ਦੇ ਹੁਕਮ ਦਿੱਤੇ ਜਾਂਦੇ ਹਨ।

4. ਜਦੋਂ ਕਿ ਟ੍ਰਿਬਿਊਨਲ ਨੂੰ ਯਕੀਨ ਦਿਵਾਇਆ ਜਾ ਚੁੱਕਾ ਹੈ ਕਿ ਤੁਹਾਡੀ ਤਾਮੀਲ ਆਮ ਤਰੀਕੇ ਨਾਲ ਹੋਣੀ ਸੰਭਵ ਨਹੀਂ, ਇਸ ਲਈ ਟ੍ਰਿਬਿਊਨਲ ਸਨਮੁੱਖ 24.12.2025 ਨੂੰ ਸਵੇਰੇ 10.30 ਵਜੇ ਪੇਸ਼ ਹੋਣ ਲਈ ਤੁਹਾਨੂੰ ਪ੍ਰਕਾਸ਼ਨਾ ਰਾਹੀਂ ਇਹ ਨੋਟਿਸ ਦਿੱਤਾ ਜਾਂਦਾ ਹੈ।

5. ਉਪਰੋਕਤ ਰਕਮ ਤੋਂ ਇਲਾਵਾ ਤੁਸੀਂ ਭੁਗਤਾਨ ਕਰਨ ਲਈ ਵੀ ਜਵਾਬਦੇਹ ਹੋ।

(ਏ) ਅਜਿਹਾ ਵਿਆਜ ਜੋ ਕਿ ਸਰਟੀਫਿਕੇਟ/ਕਾਰਵਾਈ ਚਲਾਉਣ ਦੇ ਇਸ ਨੋਟਿਸ ਤੋਂ ਤੁਰੰਤ ਬਾਅਦ ਸ਼ੁਰੂ ਹੋਣ ਦੀ ਮਿਆਦ ਲਈ ਭੁਗਤਾਨਯੋਗ ਹੋਵੇਗਾ।

(ਬੀ) ਬਕਾਇਆ ਰਕਮ ਦੀ ਵਸੂਲੀ ਲਈ ਇਸ ਨੋਟਿਸ ਅਤੇ ਵਾਰੰਟਾਂ ਦੀ ਤਾਮੀਲ ਅਤੇ ਹੋਰ ਅਮਲ ਅਤੇ ਸਾਰੀਆਂ ਹੋਰ ਕਾਰਵਾਈਆਂ ਸੰਬੰਧੀ ਸਾਰੀਆਂ ਲਾਗਤਾਂ, ਚਾਰਜਿਜ ਅਤੇ ਖਰਚੇ।

ਮੇਰੇ ਦਸਤਖਤਾਂ ਅਤੇ ਟ੍ਰਿਬਿਊਨਲ ਦੀ ਮੋਹਰ ਨਾਲ ਮਿਤੀ 13.06.2025 ਨੂੰ ਜਾਰੀ ਕੀਤਾ ਗਿਆ।

ਵਸੂਲੀ ਅਫਸਰ
ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ
(ਡੀ ਆਰ ਟੀ 3)



ਫਾਰਮ ਨੰ. 14
[(ਵੇਖੋ ਰੈਗੂਲੇਸ਼ਨ 33 (2)] ਰਜਿ. ਏ/ਡੀ ਰਾਹੀਂ, ਦਸਤੀ ਅਸਫਲ, ਪ੍ਰਕਾਸ਼ਨਾ ਰਾਹੀਂ ਵਸੂਲੀ ਅਫਸਰ ਦਫਤਰ-I/II, ਕਰਜ਼ਾ ਵਸੂਲੀ ਟ੍ਰਿਬਿਊਨਲ, ਚੰਡੀਗੜ੍ਹ (ਡੀ ਆਰ ਟੀ 3) ਹੇਠਲੀ ਮੰਜ਼ਲ, ਐੱਸ ਸੀ ਓ 33-34-35, ਸੈਕਟਰ 17-ਏ ਚੰਡੀਗੜ੍ਹ-160017

**ਡਿਮਾਂਡ ਨੋਟਿਸ**

ਕਰਜ਼ਾ ਅਤੇ ਦਿਵਾਲੀਆਪਨ ਐਕਟ 1993 ਅਤੇ ਆਮਦਨ ਕਰ ਐਕਟ 1961 ਦੀ ਦੂਜੀ ਅਨੁਸੂਚੀ ਦੇ ਰੂਲ ਦੇ ਸੈਕਸ਼ਨ 25 ਤੋਂ 28 ਤਹਿਤ ਨੋਟਿਸ

ਆਰ ਸੀ/1105/2025 13.06.2025

ਐਕਸਿਸ ਬੈਂਕ ਲਿਮਟਿਡ ਬਨਾਮ ਸ੍ਰੀ ਰਘਬੀਰ ਸਿੰਘ

ਸੇਵਾ 'ਚ

(ਸੀ ਡੀ 1) ਸ੍ਰੀ ਰਘਬੀਰ ਸਿੰਘ ਪੁੱਤਰ ਸ੍ਰੀ ਸ਼ੇਰ ਸਿੰਘ, ਵਾਸੀ ਪਿੰਡ ਕਨਹੇੜੀ, ਤਹਿਸੀਲ ਤੇ ਜ਼ਿਲ੍ਹਾ ਪਟਿਆਲਾ-147105

ਨੋਟੀਫਾਈ ਕੀਤਾ ਜਾਂਦਾ ਹੈ ਕਿ ਪ੍ਰੀਜ਼ਾਇਡਿੰਗ ਅਫਸਰ, ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀ ਆਰ ਟੀ 3) ਵੱਲੋਂ ਓ ਏ/838/2024 'ਚ ਰਕਮ ਰੁਪਏ 35,62,148.00/- (ਪੈਂਤੀ ਲੱਖ ਬਾਹਠ ਹਜ਼ਾਰ ਇੱਕ ਸੌ ਅਠਤਾਲੀ ਰੁਪਏ ਕੇਵਲ) ਸਮੇਤ ਪੈਂਡੈਂਟ ਲਾਈਟ ਅਤੇ ਭਵਿੱਖੀ ਵਿਆਜ 8.00 ਫੀਸਦੀ ਸਧਾਰਨ ਵਿਆਜ ਸਾਲਾਨਾ 03.07.2024 ਤੋਂ ਵਸੂਲੀ ਤੱਕ ਅਤੇ ਲਾਗਤਾਂ ਰੁਪਏ 38,000/- (ਅਠੱਤੀ ਹਜ਼ਾਰ ਰੁਪਏ ਕੇਵਲ) ਦੇ ਪਾਸ ਕੀਤੇ ਹੁਕਮਾਂ ਦੀ ਪਾਲਣਾ 'ਚ ਜਾਰੀ ਕੀਤੇ ਗਏ ਵਸੂਲੀ ਸਰਟੀਫਿਕੇਟ ਅਨੁਸਾਰ ਤੁਹਾਡੇ ਵਿਰੁੱਧ (ਸਾਂਝੇ ਅਤੇ ਵੱਖਰੇ-ਵੱਖਰੇ ਤੌਰ 'ਤੇ/ਪੂਰਨ/ਸੀਮਤ) ਬਕਾਇਆ ਹਨ।

2. ਤੁਹਾਨੂੰ, ਇਸ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 15 ਦਿਨਾਂ ਦੇ ਅੰਦਰ ਉਪਰੋਕਤ ਰਕਮ ਅਦਾ ਕਰਨ ਦੇ ਆਦੇਸ਼ ਦਿੱਤੇ ਜਾਂਦੇ ਹਨ, ਅਸਫਲ ਰਹਿਣ 'ਤੇ ਬੈਂਕਾਂ ਅਤੇ ਵਿੱਤੀ ਸੰਸਥਾਵਾਂ ਵੱਲੋਂ ਬਕਾਇਆ ਕਰਜ਼ਾ ਵਸੂਲੀ ਐਕਟ, 1993 ਅਤੇ ਉਸ ਤਹਿਤ ਨਿਯਮਾਂ ਅਨੁਸਾਰ ਵਸੂਲੀ ਕੀਤੀ ਜਾਵੇਗੀ।

3. ਤੁਹਾਨੂੰ, ਆਪਣੇ ਐੱਸਟਸ ਦੇ ਵੇਰਵੇ ਹਲਫੀਆ ਬਿਆਨ 'ਤੇ ਅਗਲੀ ਸੁਣਵਾਈ ਵਾਲੀ ਤਰੀਕ ਜਾਂ ਉਸ ਤੋਂ ਪਹਿਲਾਂ ਐਲਾਨ ਕਰਨ ਦੇ ਹੁਕਮ ਦਿੱਤੇ ਜਾਂਦੇ ਹਨ।

4. ਜਦੋਂ ਕਿ ਟ੍ਰਿਬਿਊਨਲ ਨੂੰ ਯਕੀਨ ਦਿਵਾਇਆ ਜਾ ਚੁੱਕਾ ਹੈ ਕਿ ਤੁਹਾਡੀ ਤਾਮੀਲ ਆਮ ਤਰੀਕੇ ਨਾਲ ਹੋਣੀ ਸੰਭਵ ਨਹੀਂ, ਇਸ ਲਈ ਟ੍ਰਿਬਿਊਨਲ ਸਨਮੁੱਖ 24.12.2025 ਨੂੰ ਸਵੇਰੇ 10.30 ਵਜੇ ਪੇਸ਼ ਹੋਣ ਲਈ ਤੁਹਾਨੂੰ ਪ੍ਰਕਾਸ਼ਨਾ ਰਾਹੀਂ ਇਹ ਨੋਟਿਸ ਦਿੱਤਾ ਜਾਂਦਾ ਹੈ।

5. ਉਪਰੋਕਤ ਰਕਮ ਤੋਂ ਇਲਾਵਾ ਤੁਸੀਂ ਭੁਗਤਾਨ ਕਰਨ ਲਈ ਵੀ ਜਵਾਬਦੇਹ ਹੋ।

(ਏ) ਅਜਿਹਾ ਵਿਆਜ ਜੋ ਕਿ ਸਰਟੀਫਿਕੇਟ/ਕਾਰਵਾਈ ਚਲਾਉਣ ਦੇ ਇਸ ਨੋਟਿਸ ਤੋਂ ਤੁਰੰਤ ਬਾਅਦ ਸ਼ੁਰੂ ਹੋਣ ਦੀ ਮਿਆਦ ਲਈ ਭੁਗਤਾਨਯੋਗ ਹੋਵੇਗਾ।

(ਬੀ) ਬਕਾਇਆ ਰਕਮ ਦੀ ਵਸੂਲੀ ਲਈ ਇਸ ਨੋਟਿਸ ਅਤੇ ਵਾਰੰਟਾਂ ਦੀ ਤਾਮੀਲ ਅਤੇ ਹੋਰ ਅਮਲ ਅਤੇ ਸਾਰੀਆਂ ਹੋਰ ਕਾਰਵਾਈਆਂ ਸੰਬੰਧੀ ਸਾਰੀਆਂ ਲਾਗਤਾਂ, ਚਾਰਜਿਜ ਅਤੇ ਖਰਚੇ।

ਮੇਰੇ ਦਸਤਖਤਾਂ ਅਤੇ ਟ੍ਰਿਬਿਊਨਲ ਦੀ ਮੋਹਰ ਨਾਲ ਮਿਤੀ 13.06.2025 ਨੂੰ ਜਾਰੀ ਕੀਤਾ ਗਿਆ।

ਵਸੂਲੀ ਅਫਸਰ
ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ
(ਡੀ ਆਰ ਟੀ 3)

# ਸਰਕਾਰੀ ਆਈ ਟੀ ਆਈਜ਼ ਠੇਕਾ ਮੁਲਾਜ਼ਮ ਯੂਨੀਅਨ ਵੱਲੋਂ ਸੰਘਰਸ਼ ਦਾ ਐਲਾਨ

**ਚੋਗਾਵਾਂ (ਇੰਜ ਬਲਬੀਰ ਸਿੰਘ ਮਾਨ)** ਸਰਕਾਰੀ ਆਈ.ਟੀ.ਆਈਜ਼ ਠੇਕਾ ਮੁਲਾਜ਼ਮ ਯੂਨੀਅਨ ਵੱਲੋਂ ਸੰਘਰਸ਼ ਕਰਨ ਦਾ ਬਿਗੁਲ ਵਜਾ ਦਿੱਤਾ ਹੈ। ਪਿਛਲੇ ਕਈ ਸਾਲਾਂ ਤੋਂ ਗੱਲਬਾਤ ਰਾਹੀਂ ਮਸਲੇ ਹੱਲ ਕਰਉਣ ਵਾਲੀ ਜਥੇਬੰਦੀ ਨੇ ਹੁਣ ਪੰਜਾਬ ਸਰਕਾਰ ਦੀਆਂ ਮੁਲਾਜ਼ਮ ਮਾਰੂ ਨੀਤੀਆਂ ਵਿਰੁੱਧ ਹੁਣ ਖੁੱਲ੍ਹ ਕੇ ਸੰਘਰਸ਼ ਕਰਨ ਦਾ ਐਲਾਨ ਕੀਤਾ ਹੈ। ਜਥੇਬੰਦੀ ਦੇ ਮੈਂਬਰ ਹਰਪ੍ਰੀਤ ਸਿੰਘ, ਮਨਰਾਜ ਸਿੰਘ, ਗੁਰਪ੍ਰੀਤ ਸਿੰਘ, ਰਵਿੰਦਰ ਸਿੰਘ, ਦਿਵਜੀਤ ਸਿੰਘ, ਗੁਰਜਿੰਦਰ ਸਿੰਘ ਤੇ ਪਰਮਜੀਤ ਕੌਰ ਨੇ ਦੱਸਿਆ ਕਿ ਉਹ 15-16 ਸਾਲਾਂ ਤੋਂ ਪੰਜਾਬ ਦੀਆਂ ਸਰਕਾਰੀ ਆਈ.ਟੀ.ਆਈ ਵਿੱਚ ਬਿਨਾਂ ਕਿਸੇ ਸਰਕਾਰੀ ਸਹੂਲਤਾਂ ਤੋਂ ਨਿਗੂਣੀਆਂ ਤਨਖਾਹਾਂ ਸਿਰਫ 15000 ਉੱਪਰ ਗਰੁੱਪ ਬੀ ਬਤੌਰ ਕਰਾਫਟ ਇੰਸਟਰਕਟਰ ਵਜੋਂ ਆਪਣਾ ਸੇਵਾ ਕਰ ਰਹੇ ਹਾਂ, ਜਦਕਿ ਇਹੀ ਪੰਜਾਬ ਸਰਕਾਰ ਗਰੁੱਪ ਸੀ ਤੇ ਡੀ ਨੂੰ ਸਾਡੇ ਨਾਲੋਂ ਵੱਧ ਤਨਖਾਹਾਂ ਦੇ ਰਹੀ ਹੈ, ਜੋ ਕਿਤੇ ਵੀ ਤਰਕਸੰਗਤ ਨਹੀਂ ਹੈ, ਇਸ ਤੋਂ ਇਲਾਵਾ ਸਾਨੂੰ ਕਿਸੇ ਵੀ ਕਿਸਮ ਦੀ ਛੁੱਟੀ ਨਹੀਂ ਦਿੱਤੀ ਜਾਂਦੀ, ਨਾ ਹੀ ਕੋਈ ਬਦਲੀ ਕਰਾਉਣ ਦਾ ਅਧਿਕਾਰ ਹੈ, ਨਾ ਹੀ ਕੋਈ ਸਰਵਿਸ ਬੁੱਕ ਲਾਈ ਗਈ ਹੈ ਤੇ ਨਾ ਹੀ ਕੋਈ ਸਾਲਾਨਾ ਇਨਕਰੀਮੈਂਟ ਹੈ, ਇੱਥੋਂ ਤੱਕ ਲੋੜੀਂਦ ਲਈ ਜਣੇਪਾ ਛੁੱਟੀ ਤੱਕ ਦਾ ਅਧਿਕਾਰ ਨਹੀਂ ਹੈ, ਜੋ ਇਹ ਪੰਜਾਬ ਸਰਕਾਰ ਲਈ ਬਹੁਤ ਹੀ ਸ਼ਰਮਨਾਕ ਗੱਲ ਹੈ। ਅਸੀਂ ਪਿਛਲੇ ਤਿੰਨ ਸਾਲਾਂ ਤੋਂ ਸੈਕੜਿਆਂ ਦੀ ਗਿਣਤੀ 'ਚ ਮੁੱਖ ਮੰਤਰੀ ਦਫਤਰ ਦੇ ਗੇੜੇ ਮਾਰੇ ਕਿ ਸ਼ਾਇਦ ਉਨ੍ਹਾਂ ਨੂੰ ਮੁੱਖ ਮੰਤਰੀ ਦਾ ਸਮਾਂ ਮਿਲ ਜਾਵੇ, ਪ੍ਰੰਤੂ ਆਮ ਲੋਕਾਂ ਦੇ ਮੁੱਖ ਮੰਤਰੀ ਕਹਾਉਣ ਵਾਲੇ ਭਗਵੰਤ ਸਿੰਘ ਮਾਨ ਵੱਲੋਂ ਪਹਿਲੇ ਮੁੱਖ ਮੰਤਰੀਆਂ ਦੀ ਤਰ੍ਹਾਂ ਹੀ ਨਿਕਲੇ ਇੱਕ ਮਿੰਟ ਦਾ ਵੀ ਸਮਾਂ ਨਹੀਂ ਦਿੱਤਾ ਗਿਆ। ਜਥੇਬੰਦੀ ਨੇ 09-07-25 ਦੀ ਸ਼ੁਭ ਭਰ ਵਿੱਚ ਸਮੂਹਿਕ ਛੁੱਟੀ ਲੈ ਕੇ ਸੰਸਥਾਵਾਂ ਦਾ ਕੰਮ ਠੱਪ ਕੀਤਾ ਤੇ ਹੁਣ 16-07-25 ਨੂੰ ਪੰਜਾਬ ਸਰਕਾਰ ਵਿਰੁੱਧ ਗੇਟ ਰੈਲੀਆਂ ਕੀਤੀਆਂ ਜਾਣਗੀਆਂ, ਜੇਕਰ ਸਰਕਾਰ ਬਦਲੀਆਂ ਜਾਇਜ਼ ਮੰਗਾਂ ਵੱਲ ਧਿਆਨ ਨਹੀਂ ਦਿੱਤੀ ਤਾਂ ਆਉਣ ਵਾਲੇ ਦਿਨਾਂ ਵਿੱਚ ਤਕਨੀਕੀ ਸਿੱਖਿਆ ਮੰਤਰੀ ਤੇ ਹੋਰ ਸਾਰੇ ਮੰਤਰੀਆਂ ਦੇ ਘਰਾਂ ਅੱਗੇ ਪ੍ਰਦਰਸ਼ਨ ਕੀਤੇ ਜਾਣਗੇ ਲੋੜ ਪੈਣ ਤੇ ਪੱਕਾ ਮੋਰਚਾ ਵੀ ਲਾਇਆ ਜਾਵੇਗਾ।



# ਹੈਰੀਟੇਜ ਸਟਰੀਟ ਵਿਚਲੀਆਂ ਖਾਣ-ਪੀਣ ਵਾਲੀਆਂ ਦੁਕਾਨਾਂ ਨੂੰ ਨਗਰ ਨਿਗਮ ਦੇਵੇਗਾ ਮੁਫ਼ਤ ਡਸਟਬਿਨ

**ਅੰਮ੍ਰਿਤਸਰ (ਨਰਿੰਦਰ ਜੀਤ ਸਿੰਘ)-** ਸ੍ਰੀ ਦਰਬਾਰ ਸਾਹਿਬ ਨੂੰ ਜਾਂਦੇ ਮੁੱਖ ਰਸਤੇ ਹੈਰੀਟੇਜ ਸਟਰੀਟ ਨੂੰ ਸਾਫ ਰੱਖਣ ਅਤੇ ਹੋਰ



ਬਿਹਤਰ ਬਣਾਉਣ ਲਈ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਦੀ ਅਗਵਾਈ ਹੇਠ ਹੋਈ ਮੀਟਿੰਗ ਦੌਰਾਨ ਉਨ੍ਹਾਂ ਨੇ ਨਿਰਦੇਸ਼ ਦਿੱਤੇ ਕਿ ਇਸ ਹੈਰੀਟੇਜ ਸਟਰੀਟ ਵਿੱਚ ਚਲਦੀਆਂ ਖਾਣ ਪੀਣ ਵਾਲੀਆਂ ਦੁਕਾਨਾਂ ਨੂੰ ਨਗਰ ਨਿਗਮ ਮੁਫਤ ਡਸਟਬਿਨ ਦੇਵੇ ਤਾਂ ਜੋ ਉਥੇ ਸਾਫ ਸਫਾਈ ਰਹਿ ਸਕੇ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਇਸ ਰਸਤੇ ਵਿੱਚ ਜ਼ਿਆਦਾ ਸਮਰੱਥਾ ਵਾਲੇ ਵੱਡੇ ਡਸਟਬਿਨ ਵੀ ਤੁਰੰਤ ਲਗਾਏ ਜਾਣ। ਉਨ੍ਹਾਂ ਦੱਸਿਆ ਕਿ ਰਾਜਸਭਾ ਮੈਂਬਰ ਡਾ. ਵਿਕਰਮਜੀਤ ਸਿੰਘ ਸਾਹਨੀ ਨੇ ਇਸ ਰਸਤੇ ਦੇ ਰੱਖ ਰਖਾਵ ਲਈ ਦੋ ਕਰੋੜ 51 ਲੱਖ ਰੁਪਏ ਦੀ ਗਰਾਂਟ ਆਪਣੇ ਅਖਤਿਆਰੀ ਕੋਟੇ ਵਿੱਚੋਂ ਦਿੱਤੀ ਹੈ। ਉਨ੍ਹਾਂ ਦੱਸਿਆ ਕਿ ਇਸ ਪੈਸੇ ਨਾਲ ਵਿਰਾਸਤੀ ਗਲੀ ਵਿੱਚ ਰੰਗ ਰੋਗਨ ਦਾ ਕੰਮ ਚੱਲ ਰਿਹਾ ਹੈ, ਜਿਸ ਨੂੰ 31 ਜੁਲਾਈ ਤੱਕ ਮੁਕੰਮਲ ਕਰ ਲਿਆ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਕੰਮ ਉੱਤੇ 41 ਲੱਖ ਤੋਂ ਵੱਧ ਦੀ ਲਾਗਤ ਆਈ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਤੋਂ ਇਲਾਵਾ ਇਸ ਰਸਤੇ ਵਿੱਚ ਸ਼ਰਧਾਲੂਆਂ ਦੀ ਸਹੂਲਤ ਲਈ ਦੋ ਐਂਟੀ ਸਮੋਗ ਗੰਨਾਂ ਖਰੀਦੀਆਂ ਗਈਆਂ ਹਨ, ਜੋ ਛੇਤੀ ਹੀ ਚਾਲੂ ਕੀਤੀਆਂ ਜਾਣਗੀਆਂ। ਉਨ੍ਹਾਂ ਨੇ ਇਸ ਰਸਤੇ ਦੀ ਸਫਾਈ ਲਈ ਸਵੀਪਿੰਗ ਮਸ਼ੀਨ ਵੀ ਖਰੀਦਣ ਦੀ ਹਦਾਇਤ ਅਧਿਕਾਰੀਆਂ ਨੂੰ ਕੀਤੀ।

# ਸਕੂਲ ਕਮੇਟੀਆਂ ਦੇ ਗਠਨ 'ਚ ਰੱਖੀ ਜਾ ਰਹੀ ਪਾਰਦਰਸ਼ਤਾ 'ਤੇ ਤਸੱਲੀ ਦਾ ਪ੍ਰਗਟਾਵਾ

**ਵੇਰਕਾ (ਰਾਣਾ)-** ਸਕੂਲ ਮੈਨੇਜਮੈਂਟ ਕਮੇਟੀਆਂ ਦੇ ਗਠਨ ਸੰਬੰਧੀ ਇੱਕ ਮੀਟਿੰਗ ਅੰਮ੍ਰਿਤਸਰ ਵਿਖੇ ਬਲਾਕ ਸਿੱਖਿਆ ਅਫਸਰ ਦਿਲਬਾਗ ਸਿੰਘ ਦੀ ਰਹਿਨੁਮਾਈ ਹੇਠ ਕੀਤੀ ਗਈ। ਇਸ ਮੀਟਿੰਗ ਵਿੱਚ ਮੁੱਖ ਤੌਰ 'ਤੇ ਕੇਂਦਰੀ ਹਲਕਾ ਵਿਧਾਇਕ ਅੰਮ੍ਰਿਤਸਰ ਅਜੇ ਗੁਪਤਾ ਅਤੇ ਸਿੱਖਿਆ ਵਲੰਟੀਅਰ ਵਿਸ਼ੂ ਭੱਟੀ ਐਡਵੋਕੇਟ ਮੁੱਖ ਤੌਰ ਤੇ ਸ਼ਾਮਲ ਹੋਏ। ਸਿੱਖਿਆ ਵਿਭਾਗ ਵੱਲੋਂ ਚਲਾਏ ਜਾ ਰਹੇ ਹਲਕਾ ਕੇਂਦਰੀ ਦੇ ਵਿਕਾਸ ਕੰਮਾਂ ਨੂੰ ਲੈ ਕੇ ਤਸੱਲੀ ਪ੍ਰਗਟ ਕੀਤੀ ਗਈ ਅਤੇ ਭਵਿੱਖ ਵਿੱਚ ਵੀ ਸਕੂਲ ਸਿੱਖਿਆ ਨੂੰ ਪਹਿਲ ਦੇ ਅਧਾਰ ਤੇ ਨੇਕ ਇੱਛਾ ਜ਼ਿਲ੍ਹਾ ਬਣਾਉਣ ਲਈ ਸਕੂਲ ਮੁਖੀਆਂ ਨੂੰ ਅਪੀਲ ਕੀਤੀ ਗਈ। ਵਿਸ਼ੂ ਭੱਟੀ ਵਲੋਂ ਨਵੀਆਂ ਸਿੱਖਿਆ ਕਮੇਟੀਆਂ ਨੂੰ ਲੈ ਕੇ ਹਰ ਸਕੂਲ ਦੀ ਕਮੇਟੀ ਦੇ ਗਠਨ ਵਿੱਚ ਰੱਖੀ ਜਾ ਰਹੀ ਪਾਰਦਰਸ਼ਤਾ ਲਈ ਤਸੱਲੀ ਪ੍ਰਗਟ ਕਰਦਿਆਂ ਸਮੂਹ ਅਧਿਆਪਕਾਂ ਦਾ ਅਤੇ ਸਮੂਹ ਸਕੂਲ ਪ੍ਰਬੰਧਕਾਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਬਲਾਕ ਸਿੱਖਿਆ ਅਫਸਰ ਦਿਲਬਾਗ ਸਿੰਘ ਬਲਾਕ ਅੰਮ੍ਰਿਤਸਰ-4 ਵੱਲੋਂ ਸਕੂਲਾਂ



ਵਿੱਚ ਚੱਲ ਰਹੀਆਂ ਗਤੀਵਿਧੀਆਂ ਅਤੇ ਮਿਸ਼ਨ ਸਮਰੱਥ ਅਤੇ ਬੱਚਿਆਂ ਦੀਆਂ ਗਤੀਵਿਧੀਆਂ ਬਾਰੇ ਚਾਨਣਾ ਪਾਇਆ ਗਿਆ ਅਤੇ ਸਕੂਲ ਕਮੇਟੀਆਂ ਦੇ ਗਠਨ ਵਿੱਚ ਉਤਸ਼ਾਹੀ ਅਤੇ ਸਿੱਖਿਆ ਨੂੰ ਸਮਰਪਿਤ ਅਤੇ ਇਮਾਨਦਾਰ ਮੈਂਬਰਾਂ ਦੀ ਚੋਣ ਕਰਨ ਲਈ ਸਕੂਲ ਮੁਖੀਆਂ ਨੂੰ ਹਦਾਇਤਾਂ ਦਿੱਤੀਆਂ ਗਈਆਂ। ਇਸ ਦੌਰਾਨ ਪ੍ਰਿੰਸੀਪਲ ਨਵਦੀਪ ਕੌਰ ਗਿੱਲ ਨੇ ਸਮੂਹ ਸਕੂਲ ਪ੍ਰਬੰਧਕਾਂ ਨੂੰ ਕਮੇਟੀ ਦੇ ਗਠਨ ਲਈ ਨਿਰਦੇਸ਼ਾਂ ਉਪਰ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਅਤੇ ਸਮੇਂ ਸਿਰ ਉਪਰੋਕਤ ਕੰਮ ਨੂੰ ਨੇਪਰੇ ਚਾੜ੍ਹਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਪ੍ਰਿੰਸੀਪਲ ਗੁਪਤਾ, ਹੈੱਡਮਾਸਟਰ ਗੁਰਪ੍ਰੀਤ ਸਿੰਘ ਫਤਾਹਪੁਰ, ਸੀਨੀ: ਲੈਕਚਰਾਰ ਸੁਨੀਲ ਕੁਮਾਰ, ਸੀਐੱਚਟੀ ਗੁਰਪ੍ਰੀਤ ਸਿੰਘ ਸੈਂਟਰਲ ਵਰਕਸ਼ਾਪ, ਸੀਐੱਚਟੀ ਮਨਜੀਤ ਸਿੰਘ ਨਵਾਂਕੋਟ, ਮੁੱਖ ਅਧਿਆਪਕ ਨਵਦੀਪ ਸਿੰਘ ਇਸਲਾਮਾਬਾਦ, ਹਰਮਨਬੀਰ ਸਿੰਘ ਭਰਾੜੀਵਾਲ, ਸੁਲਕਸ਼ਨਾ ਭਗਤ ਗੇਟ ਹਕੀਮਾਂ, ਜਤਿੰਦਰ ਕੌਰ ਅੰਨਗੜ੍ਹ, ਹਰਮਿੰਦਰ ਸਿੰਘ ਕਟੜਾ ਕਰਮ ਸਿੰਘ, ਕੁਨਾਲ ਭੰਡਾਰੀ ਅਤੇ ਮੀਡੀਆ ਕੋਆਰਡੀਨੇਟਰ ਦਵਿੰਦਰ ਕੁਮਾਰ ਫਤਾਹਪੁਰ ਮੌਜੂਦ ਸਨ। ਇਸ ਉਪਰੰਤ ਸਕੂਲ ਪ੍ਰਿੰਸੀਪਲ ਮੈਡਮ ਨਵਦੀਪ ਗਿੱਲ ਨੇ ਜ਼ਿਲ੍ਹਾ ਤੌਰ 'ਤੇ ਬਲਾਕ ਸਿੱਖਿਆ ਅਫਸਰ ਦਿਲਬਾਗ ਸਿੰਘ ਨੂੰ ਸਨਮਾਨਿਤ ਵੀ ਕੀਤਾ।

# ਇੰਜ: ਰਵਿੰਦਰ ਸਿੰਘ ਸੈਣੀ ਨੇ ਪੀ ਐੱਸ ਈ ਆਰ ਸੀ ਮੈਂਬਰ ਵਜੋਂ ਅਹੁਦਾ ਸੰਭਾਲਿਆ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਇੰਜਨੀਅਰ ਰਵਿੰਦਰ ਸਿੰਘ ਸੈਣੀ ਨੇ ਪੰਜਾਬ ਰਾਜ ਬਿਜਲੀ ਰੈਗੂਲੇਟਰੀ ਕਮਿਸ਼ਨ ਦੇ ਮੈਂਬਰ ਵਜੋਂ ਰਸਮੀ ਤੌਰ 'ਤੇ ਅਹੁਦਾ ਸੰਭਾਲ ਲਿਆ



ਹੈ। ਇੰਜੀਨੀਅਰ ਸੈਣੀ ਦਾ ਕੈਰੀਅਰ 36 ਸਾਲਾਂ ਦਾ ਸ਼ਾਨਦਾਰ ਤਜਰਬਾ ਰੱਖਦਾ ਹੈ। ਉਨ੍ਹਾਂ 6 ਮਈ 1987 ਨੂੰ ਤਤਕਾਲੀ ਪੰਜਾਬ ਰਾਜ ਬਿਜਲੀ ਬੋਰਡ ਵਿੱਚ ਸਹਾਇਕ ਇੰਜਨੀਅਰ ਵਜੋਂ ਆਪਣਾ ਪੇਸ਼ੇਵਰ ਸਫ਼ਰ ਸ਼ੁਰੂ ਕੀਤਾ ਤੇ ਪਦਉੱਨਤ ਹੁੰਦੇ ਹੋਏ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮ: ਵਿੱਚ ਇੰਜਨੀਅਰ-ਇਨ-ਚੀਫ ਵਜੋਂ ਸੇਵਾਮੁਕਤ ਹੋਏ। ਨਵੀਂ ਦਿੱਲੀ ਵਿੱਚ 1 ਜੁਲਾਈ, 1965 ਨੂੰ ਜਨਮੇ ਸੈਣੀ ਨੇ 1986 'ਚ ਖੇਤਰੀ ਇੰਜੀਨੀਅਰਿੰਗ ਕਾਲਜ (ਹੁਣ ਐਨ.ਆਈ.ਟੀ), ਰਾਊਰਕੇਲਾ ਤੋਂ ਬੀ. ਐਸ. ਸੀ. ਇੰਜੀਨੀਅਰਿੰਗ (ਮਕੈਨੀਕਲ) ਦੀ ਡਿਗਰੀ ਆਨਰਜ ਨਾਲ ਪ੍ਰਾਪਤ ਕੀਤੀ ਹੈ। ਸਾਲਾਂ ਦੌਰਾਨ ਉਨ੍ਹਾਂ ਬਿਜਲੀ ਖੇਤਰ ਦੇ ਵੱਖ-ਵੱਖ ਖੇਤਰਾਂ ਜਿਵੇਂ ਵੰਡ, ਉਤਪਾਦਨ, ਵਪਾਰਕ ਕਾਰਜਾਂ, ਇਨਫੋਰਸਮੈਂਟ ਤੇ ਸੂਚਨਾ ਤਕਨਾਲੋਜੀ ਵਿੱਚ ਮਹੱਤਵਪੂਰਨ ਅਹੁਦਿਆਂ 'ਤੇ ਸੇਵਾਵਾਂ ਨਿਭਾਈਆਂ ਹਨ। ਅਹੁਦਾ ਸੰਭਾਲਣ ਦੇ ਮੌਕੇ ਅਧਿਕਾਰੀਆਂ ਤੇ ਸਹਿਕਰਮੀਆਂ ਨੇ ਇੰਜੀਨੀਅਰ ਸੈਣੀ ਦੀ ਲੰਬੇ ਸਮੇਂ ਦੀ ਲਗਨ ਦੀ ਪ੍ਰਸੰਸਾ ਕੀਤੀ ਤੇ ਉਨ੍ਹਾਂ ਨੂੰ ਨਵੀਂ ਭੂਮਿਕਾ ਵਿੱਚ ਸਵਾਗਤ ਕਰਦਿਆਂ ਉਨ੍ਹਾਂ ਦੀ ਕਾਬਲੀਅਤ ਵਿੱਚ ਵਿਸਵਾਸ ਪ੍ਰਗਟ ਕੀਤਾ।

# ਚੀਮਾ ਵੱਲੋਂ ਬੀ ਬੀ ਐੱਮ ਬੀ ਲਈ ਸੀ ਆਈ ਐੱਸ ਐੱਫ ਤਾਇਨਾਤ ਕਰਨ ਦੇ ਪ੍ਰਸਤਾਵ ਦੀ ਸਖਤ ਨਿੰਦਾ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)-** ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਭਾਖੜਾ ਬਿਆਸ ਪ੍ਰਬੰਧਨ ਬੋਰਡ (ਬੀ.ਬੀ.ਐਮ.ਬੀ) ਦੇ ਆਪਣੇ ਅਦਾਰਿਆਂ ਵਿੱਚ ਸੀ.ਆਈ.ਐਸ.ਐਫ ਕਰਮਚਾਰੀਆਂ ਦੀ ਤਾਇਨਾਤੀ ਦੇ ਪ੍ਰਸਤਾਵ ਨੂੰ ਰੱਦ ਕਰਨ ਦੇ ਮਤੇ ਦੀ ਅੱਜ ਪੰਜਾਬ ਵਿਧਾਨ ਸਭਾ ਵਿੱਚ ਜ਼ੋਰਦਾਰ ਢੰਗ ਨਾਲ ਵਕਾਲਤ ਕੀਤੀ। ਉਨ੍ਹਾਂ ਇਤਿਹਾਸਕ ਬਿਰਤਾਂਤ ਬਾਰੇ ਡੂੰਘਾਈ ਨਾਲ ਗੱਲ ਕਰਦਿਆਂ ਪਹਿਲੀਆਂ ਸਰਕਾਰਾਂ ਵੱਲੋਂ ਪੰਜਾਬ ਦੇ ਪਾਣੀਆਂ ਦੇ ਮਹੱਤਵਪੂਰਨ ਅਧਿਕਾਰਾਂ ਨੂੰ ਖਤਰੇ ਵਿੱਚ ਪਾਉਣ ਅਤੇ ਰਾਜ ਦੇ ਖੇਤੀਬਾੜੀ ਖੇਤਰ ਨੂੰ ਤਬਾਹ ਕਰਨ ਦਾ ਦੋਸ਼ ਲਗਾਇਆ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ 1954 ਵਿੱਚ ਉੱਤਰ ਪ੍ਰਦੇਸ਼ ਅਤੇ ਪੰਜਾਬ ਵਿਚਕਾਰ ਹੋਏ ਉਸ ਸਮਝੌਤੇ ਨੂੰ ਯਾਦ ਕਰਦਿਆਂ ਆਪਣੇ ਭਾਸ਼ਣ ਦੀ ਸ਼ੁਰੂਆਤ ਕੀਤੀ, ਜਿਸ ਵਿੱਚ ਕਿਹਾ ਗਿਆ ਸੀ ਕਿ ਯਮੁਨਾ ਦੇ ਪਾਣੀ ਦਾ ਦੋ ਤਿਹਾਈ ਹਿੱਸਾ ਪੰਜਾਬ ਨੂੰ ਅਤੇ ਇੱਕ ਤਿਹਾਈ ਹਿੱਸਾ ਉੱਤਰ ਪ੍ਰਦੇਸ਼ ਨੂੰ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਇਹ ਸਮਝੌਤਾ ਪੰਜਾਬ, ਉੱਤਰ ਪ੍ਰਦੇਸ਼ ਅਤੇ ਕੇਂਦਰ ਸਰਕਾਰ ਦੇ ਰਿਕਾਰਡ ਵਿੱਚ ਬਾਰੀਕੀ ਨਾਲ ਦਰਜ ਹੈ। ਉਨ੍ਹਾਂ ਅਫਸੋਸ ਪ੍ਰਗਟ ਕੀਤਾ ਕਿ 1966 ਵਿੱਚ ਪੰਜਾਬੀ ਸੂਬੇ ਦੇ ਗਠਨ ਦੌਰਾਨ ਸੱਤਾਧਾਰੀ ਪਾਰਟੀ ਅਤੇ ਪੰਜਾਬੀ ਸੂਬੇ ਦੀ ਵਕਾਲਤ ਕਰਨ ਵਾਲਿਆਂ ਨੇ ਇਸ ਮਹੱਤਵਪੂਰਨ ਸਮਝੌਤੇ ਦੀ ਅਣਦੇਖੀ ਕੀਤੀ। ਉਨ੍ਹਾਂ ਖਾਸ ਤੌਰ 'ਤੇ ਉਸ ਸਮੇਂ ਦੇ ਕਾਂਗਰਸ, ਅਕਾਲੀ ਦਲ ਅਤੇ ਜਨਸੰਘ ਦੇ ਆਗੂਆਂ ਨੂੰ ਨਿਸ਼ਾਨੇ 'ਤੇ ਲਿਆ ਜਿਨ੍ਹਾਂ ਨੇ ਯਮੁਨਾ ਦੇ ਪਾਣੀਆਂ 'ਤੇ ਪੰਜਾਬ ਦੇ ਜਾਇਜ਼ ਦਾਅਵੇ ਨੂੰ ਤਿਆਗ ਦਿੱਤਾ। ਇਸ ਤੋਂ ਬਾਅਦ, ਉਨ੍ਹਾਂ ਸਤਲੁਜ ਯਮੁਨਾ ਲਿੰਕ ਨਹਿਰ 'ਤੇ ਲੰਬੇ ਸੰਘਰਸ਼ਾਂ ਦਾ ਵੇਰਵਾ ਦਿੰਦਿਆਂ ਜ਼ਿਕਰ ਕੀਤਾ ਕਿ ਕਿਵੇਂ ਇਹਨਾਂ ਵਿਵਾਦਾਂ ਨੇ ਸਰਕਾਰਾਂ ਦੇ ਗਠਨ ਅਤੇ ਪਤਨ, ਨੌਜਵਾਨਾਂ ਦੀਆਂ ਜਾਨਾਂ ਦੇ ਦੁਖਦਾਈ ਨੁਕਸਾਨ ਅਤੇ ਬਾਅਦ ਵਿੱਚ ਇਹਨਾਂ ਦੁਖਾਂਤਾਂ ਨੂੰ ਰਾਜਨੀਤਿਕ ਅਧਾਰ ਬਣਾ ਕੇ ਸਰਕਾਰਾਂ ਬਣੀਆਂ। ਚੀਮਾ ਨੇ 1966 ਦੇ ਪੁਨਰਗਠਨ ਕਾਨੂੰਨ ਦਾ ਜ਼ਿਕਰ ਕੀਤਾ, ਜਿਸ ਨੇ ਸਤਲੁਜ ਦੇ ਪਾਣੀਆਂ ਨੂੰ ਪੰਜਾਬ ਅਤੇ ਹਰਿਆਣਾ ਵਿਚਕਾਰ 60:40 ਦੇ ਅਨੁਪਾਤ ਵਿੱਚ ਮਨਮਾਨੇ ਢੰਗ ਨਾਲ ਵੰਡਿਆ ਸੀ, ਜਿਸ ਵਿੱਚ ਰਾਵੀ ਅਤੇ ਬਿਆਸ ਦਰਿਆਵਾਂ ਲਈ ਕੋਈ ਪ੍ਰਬੰਧ ਨਹੀਂ ਸੀ। ਵਿੱਤ ਮੰਤਰੀ ਨੇ 1981 ਵਿੱਚ ਕੇਂਦਰ ਅਤੇ ਸੂਬੇ ਵਿੱਚ ਕਾਂਗਰਸ ਸਰਕਾਰ ਦੇ ਰਾਜ ਦੌਰਾਨ ਹੋਏ ਸਮਝੌਤੇ ਦੀ ਵੀ ਨਿੰਦਾ ਕੀਤੀ, ਜਿਸ ਵਿੱਚ ਪੰਜਾਬ ਨੂੰ ਰਾਵੀ ਦਰਿਆ ਦੇ ਕੁੱਲ 17 ਐਮ.ਏ.ਐਫ ਪਾਣੀ ਵਿੱਚੋਂ ਸਿਰਫ 4 ਐਮ.ਏ.ਐਫ ਦਿੱਤਾ ਗਿਆ ਸੀ, ਜਦੋਂ ਕਿ ਹਰਿਆਣਾ ਨੂੰ 3.5 ਐਮ.ਏ.ਐਫ ਅਤੇ ਰਾਜਸਥਾਨ ਨੂੰ 8.6 ਐਮ.ਏ.ਐਫ ਦਿੱਤਾ ਗਿਆ ਸੀ। ਉਨ੍ਹਾਂ ਖਾਸ ਤੌਰ 'ਤੇ ਉਸ ਸਮੇਂ ਦੇ ਮੁੱਖ ਮੰਤਰੀ ਦਰਬਾਰਾ ਸਿੰਘ ਦੀ ਭੂਮਿਕਾ 'ਤੇ ਸਵਾਲ ਉਠਾਏ। ਵਿੱਤ ਮੰਤਰੀ ਚੀਮਾ ਨੇ ਕਿਹਾ ਕਿ ਹੁਣ ਮੁੱਖ ਮੰਤਰੀ ਭਗਵੰਤ ਮਾਨ ਨੇ ਕੇਂਦਰ ਨੂੰ ਇੱਕ ਪ੍ਰਸਤਾਵ ਭੇਜਿਆ ਹੈ ਕਿ ਪੰਜਾਬ ਨੂੰ ਯਮੁਨਾ ਦੇ ਪਾਣੀ ਦਾ 60 ਪ੍ਰਤੀਸ਼ਤ ਮਿਲਣਾ ਚਾਹੀਦਾ ਹੈ ਅਤੇ ਇਸ ਲਈ ਯਮੁਨਾ-ਸਤਲੁਜ ਲਿੰਕ ਨਹਿਰ ਬਣਾਈ ਜਾਣੀ ਚਾਹੀਦੀ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਪਿਛਲੇ 70 ਸਾਲਾਂ ਵਿੱਚ ਬੀ.ਬੀ.ਐਮ.ਬੀ ਦਾ ਕਦੇ ਵੀ ਆਡਿਟ ਨਹੀਂ ਕੀਤਾ ਗਿਆ, ਇਸ ਲਈ ਪਿਛਲੇ 9 ਮਹੀਨਿਆਂ ਤੋਂ ਬੀ.ਬੀ.ਐਮ.ਬੀ ਦੇ 104 ਕਰੋੜ ਰੁਪਏ ਦੇ ਫੰਡ ਰੋਕੇ ਗਏ ਹਨ, ਜਿਸ ਦਾ ਉਨ੍ਹਾਂ ਨੇ ਹੁਣ ਆਡਿਟ ਕਰਨ ਦੀ ਮੰਗ ਕੀਤੀ ਹੈ। ਉਨ੍ਹਾਂ ਕਿਹਾ ਕਿ ਸੀ.ਆਈ.ਐਸ.ਐਫ ਦੀ ਤਾਇਨਾਤੀ ਨਾਲ ਪੰਜਾਬ 'ਤੇ ਹਰ ਸਾਲ ਲਗਭਗ 50 ਕਰੋੜ ਰੁਪਏ ਦਾ ਵਾਧੂ ਬੋਝ ਪਵੇਗਾ, ਜਿਸ ਦੀ ਕੋਈ ਲੋੜ ਨਹੀਂ ਹੈ। ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਵੱਲੋਂ ਪਾਕਿਸਤਾਨ ਸਰਹੱਦ ਦੇ ਨਾਲ 50 ਕਿਲੋਮੀਟਰ ਖੇਤਰ ਵਿੱਚ ਬੀ.ਐਸ.ਐਫ ਨੂੰ ਅਧਿਕਾਰ ਦੇਣ ਸਬੰਧੀ ਲਗਾਏ ਗਏ ਦੋਸ਼ਾਂ ਦਾ ਜਵਾਬ ਦਿੰਦੇ ਹੋਏ ਵਿੱਤ ਮੰਤਰੀ ਚੀਮਾ ਨੇ ਸਪੱਸ਼ਟ ਕੀਤਾ ਕਿ ਇਹ ਪ੍ਰਵਾਨਗੀ ਵੀ ਪਿਛਲੀ ਕਾਂਗਰਸ ਸਰਕਾਰ ਦੇ ਕਾਰਜਕਾਲ ਦੌਰਾਨ ਹੀ ਦਿੱਤੀ ਗਈ ਸੀ। ਉਨ੍ਹਾਂ ਨੇ ਇਸ ਮੁੱਦੇ 'ਤੇ ਖੁੱਲ੍ਹੀ ਬਹਿਸ ਦੀ ਚੁਣੌਤੀ ਦਿੱਤੀ।

# ਵਿਦਿਆਰਥੀਆਂ ਨੂੰ ਜ਼ੈਬਰਾ ਕਰਾਸਿੰਗ ਬਾਰੇ ਦਿੱਤੀ ਜਾਣਕਾਰੀ



**ਬਟਾਲਾ (ਡਾ. ਮਲਵਿੰਦਰ ਸਿੰਘ)-** ਸ਼੍ਰੀ ਸੁਹੇਲ ਕਾਸਿਮ ਮੀਰ ਐੱਸਐੱਸਪੀ ਬਟਾਲਾ ਦੇ ਦਿਸ਼ਾ-ਨਿਰਦੇਸ਼ਾਂ ਹੇਠ ਬਟਾਲਾ ਪੁਲਸ ਦੇ ਟਰੈਫਿਕ ਐਜੂਕੇਸ਼ਨ ਸੈੱਲ ਵੱਲੋਂ ਸਰਕਾਰੀ ਹਾਈ ਸਕੂਲ ਚਾਹਲ ਕਲਾਂ ਵਿਖੇ ਜਾਗਰੂਕਤਾ ਸੈਮੀਨਾਰ ਲਗਾਇਆ ਗਿਆ, ਜਿਸ ਵਿੱਚ ਵਿਦਿਆਰਥੀਆਂ ਨੂੰ ਆਵਾਜਾਈ ਦੇ ਨਿਯਮਾਂ, ਸਾਈਬਰ ਸੁਰੱਖਿਆ ਅਤੇ 112 ਹੈਲਪਲਾਈਨ ਨੰਬਰ ਬਾਰੇ ਜਾਗਰੂਕ ਕੀਤਾ।ਇਸ ਮੌਕੇ ਜਸਵੰਤ ਕੌਰ, ਐੱਸ.ਪੀ. (ਐੱਚ) ਬਟਾਲਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੁਲਸ ਜ਼ਿਲ੍ਹਾ ਬਟਾਲਾ ਵੱਲੋਂ ਸਕਲੂਾਂ ਵਿੱਚ ਜਾ ਕੇ ਵਿਦਿਆਰਥੀਆਂ ਨੂੰ ਸਮਾਜਿਕ ਬੁਰਾਈਆਂ ਵਿਰੁੱਧ ਜਾਗਰੂਕ ਕੀਤਾ ਜਾ ਰਿਹਾ ਹੈ।ਸੈਮੀਨਾਰ ਦੌਰਾਨ ਵਿਦਿਆਰਥੀਆਂ ਨੂੰ ਪੈਦਲ ਚਲਣ ਦੇ ਨਿਯਮਾਂ ਅਤੇ ਜ਼ੈਬਰਾ ਕਰਾਸਿੰਗ ਰਾਹੀਂ ਸੜਕ ਕਿਵੇਂ ਪਾਰ ਕਰਨੀ ਹੈ, ਬਾਰੇ ਦੱਸਿਆ ਗਿਆ।ਉਨ੍ਹਾਂ ਕਿਹਾ ਕਿ ਸੜਕ ਨੂੰ ਪਾਰ ਕਰਨ ਸਮੇਂ ਸੜਕ 'ਤੇ ਬਣਾਈਆਂ ਗਈਆਂ ਚਿੱਟੀਆਂ ਪੱਟੀਆਂ 'ਤੇ ਪੈਦਲ ਤੁਰ ਕੇ ਸੜਕ ਪਾਰ ਕਰਨੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਦੋਪਹੀਆ ਵਾਹਨ ਚਾਲਕਾਂ ਨੂੰ ਹੈਲਮੇਟ ਪਾਉਣ ਅਤੇ ਚਾਰ ਪਹੀਆ ਵਾਹਨ ਚਾਲਕਾਂ ਨੂੰ ਸੀਟ ਬੈਲਟ ਲਾਜ਼ਮੀ ਲਗਾਉਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ।ਇਸ ਤੋਂ ਬਿਨਾਂ ਗੱਡੀ ਸਪੀਡ ਲਿਮਟ ਅਨੁਸਾਰ ਚਲਾਉਣ, ਲਾਲ ਬੱਤੀ 'ਤੇ ਰੁਕਣ ਆਦਿ ਦੇ ਨਿਯਮ ਵੀ ਸਮਝਾਏ ਜਾ ਰਹੇ ਹਨ।

# ਪੰਜਾਬ ਨੈਸ਼ਨਲ ਬੈਂਕ ਨੇ ਦੇਸ਼ ਦੀ ਆਰਥਿਕਤਾ ਨੂੰ ਮਜ਼ਬੂਤ ਕਰਨ 'ਚ ਅਹਿਮ ਯੋਗਦਾਨ ਪਾਇਆ : ਅਨੰਦ

**ਫਿਲੌਰ (ਨਿਰਮਲ)-** ਪੰਜਾਬ ਨੈਸ਼ਨਲ ਬੈਂਕ ਸਬ ਡਵੀਜ਼ਨ ਫਿਲੌਰ ਦੀਆਂ ਸਮੂਹ ਬ੍ਰਾਂਚਾਂ ਵੱਲੋਂ ਇਥੇ ਕਮਿਊਨਿਟੀ ਹਾਲ ਵਿਖੇ 'ਮੈਗਾ ਆਊਟਰੀਚ' ਪ੍ਰੋਗਰਾਮ ਦੇ ਬੈਨਰ ਹੇਠ ਇਕ ਵਿਸ਼ਾਲ ਸਮਾਗਮ ਅਯੋਜਤ ਕੀਤਾ ਗਿਆ। ਸਮਾਗਮ ਦੀ ਸ਼ੁਰੂਆਤ ਸ੍ਰੀ ਅੰਮ੍ਰਿਤਸਰ ਸਾਹਿਬ ਤੋਂ ਆਏ ਜ਼ੋਨਲ ਮੈਨੇਜਰ ਅੰਮ੍ਰਿਤਾਭ ਅਨੰਦ ਨੇ ਸ਼ਮ੍ਹਾ ਰੌਸ਼ਨ ਕਰਕੇ ਕੀਤੀ। ਇਸ ਮੌਕੇ ਉਨ੍ਹਾਂ ਦੇ ਨਾਲ ਜ਼ੋਨਲ ਆਡਿਟ ਅਫ਼ਸਰ ਸ੍ਰੀ ਅੰਮ੍ਰਿਤਸਰ ਸਾਹਿਬ ਜਿਉਤਿਸ਼ ਪ੍ਰਸਾਦ, ਸਰਕਲ ਹੈੱਡ ਜਲੰਧਰ ਅਮਿਤ ਦੱਤਾ, ਡਿਪਟੀ ਸਰਕਲ ਹੈੱਡ ਜਲੰਧਰ ਰਾਜੀਵ ਵਰਮਾ ਵੀ ਉਚੇਚੇ ਤੌਰ 'ਤੇ ਹਾਜ਼ਰ ਸਨ। ਸਮਾਰੋਹ ਦੇ ਮੁੱਖ ਮਹਿਮਾਨ ਅੰਮ੍ਰਿਤਾਭ ਅਨੰਦ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਪੰਜਾਬ ਨੈਸ਼ਨਲ ਬੈਂਕ ਦੇ ਬਾਨੀ ਲਾਲਾ ਲਾਜਪਤ ਰਾਏ ਵਰਗੀਆਂ ਮਹਾਨ ਹਸਤੀਆਂ ਸਨ। ਅੱਜ ਦੇਸ਼ ਭਰ ਵਿਚ 10159 ਦੇ ਕਰੀਬ ਬ੍ਰਾਂਚਾਂ ਹਨ ਅਤੇ 'ਮੈਗਾ ਆਊਟਰੀਚ' ਪ੍ਰੋਗਰਾਮ ਤਹਿਤ ਅੱਜ ਦਾ ਇਹ ਦਿਹਾੜਾ ਸਾਰੇ ਦੇਸ਼ ਵਿਚ 140 ਦੇ ਕਰੀਬ ਸਰਕਲਾਂ ਵਿਚ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸ ਪ੍ਰੋਗਰਾਮ ਦਾ ਮਕਸਦ ਸਰਕਾਰ ਅਤੇ ਬੈਂਕ ਦੀਆਂ ਲੋਕਪੱਖੀ ਸਕੀਮਾਂ ਨੂੰ ਆਮ ਲੋਕਾਂ ਤੱਕ ਪਹੁੰਚਾਉਣਾ ਹੈ। ਉਨ੍ਹਾਂ ਬੈਂਕ ਦੀਆਂ ਉਸਾਰੂ



ਨੀਤੀਆਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਖੇਤੀਬਾੜੀ ਨਾਲ ਸੰਬੰਧਤ ਕੰਮਾਂ ਲਈ ਬੈਂਕ ਵੱਲੋਂ ਲੋਨ ਦੇਣ ਵਾਲੀਆਂ ਸਕੀਮਾਂ ਬਾਰੇ ਵੀ ਜਾਣਕਾਰੀ ਦਿੱਤੀ। ਸਮਾਗਮ ਵਿਚ ਇਲਾਕੇ ਭਰ ਚੋਂ ਕਿਸਾਨਾਂ, ਆੜ੍ਹਤੀਆਂ ਅਤੇ ਹੋਰਨਾਂ ਕਿੱਤਿਆਂ ਨਾਲ ਸੰਬੰਧਤ ਕਾਰੋਬਾਰੀਆਂ ਨੇ ਵੀ ਸ਼ਿਰਕਤ ਕੀਤੀ। ਇਸ ਮੇਲੇ ਵਿਚ ਖੇਤੀਬਾੜੀ ਨਾਲ ਸੰਬੰਧਤ ਵੱਖ ਵੱਖ ਟਰੈਕਟਰ ਅਤੇ ਔਜ਼ਾਰ ਬਣਾਉਣ ਵਾਲੀਆਂ ਕੰਪਨੀਆਂ ਜੌਨ ਡੀਅਰ, ਸੋਨਾਲੀਕਾ, ਨਿਊ ਹਾਲੈਂਡ, ਕਬੋਟਾ ਟਰੈਕਟਰਜ਼, ਐਗਰੀਜ਼ੋਨ, ਕੇ.ਐਸ. ਇੰਪਲੀਮੈਂਟ, ਸਵਰਾਜ ਟਰੈਕਟਰ, ਰੂਪਲ ਐਗਰੋ ਕੰਬਾਈਨ ਹਾਰਵੈਸਟਰ ਨਾਭਾ, ਮਾਰੂਤੀ, ਹੁੰਡੈਈ, ਟੋਇਟਾ ਵੱਲੋਂ ਖੂਬਸੂਰਤ ਸਟਾਲ ਲਾਏ ਗਏ। ਗੌਤਮਬੁਧ ਸੈਲਫ ਹੈਲਪ ਗਰੁੱਪ ਵੱਲੋਂ ਮੁਫ਼ਤ ਮੈਡੀਕਲ ਕੈਂਪ ਲਾਇਆ ਗਿਆ। ਹੋਰਨਾਂ ਤੋਂ ਇਲਾਵਾ ਇਸ ਮੌਕੇ ਬ੍ਰਾਂਚ ਫਿਲੌਰ ਦੇ ਸੀਨੀਅਰ ਮੈਨੇਜਰ ਜਤਿੰਦਰ ਯਾਦਵ, ਸੀਨੀਅਰ ਮੈਨੇਜਰ ਸੰਤੋਸ਼ ਕੁਮਾਰ, ਸੀਨੀਅਰ ਮੈਨੇਜਰ ਅਮਿਤ ਸਿੰਘ ਮੌਰਿਆ, ਸੀਨੀਅਰ ਮੈਨੇਜਰ ਗੁਰਦੀਪ ਕੁਮਾਰ, ਨਗਰ ਕੌਂਸਲ ਫਿਲੌਰ ਦੇ ਪ੍ਰਧਾਨ ਮਹਿੰਦਰ ਰਾਮ ਚੁੰਬਰ, ਸਾਬਕਾ ਕੌਂਸਲਰ ਵਿਜੈ ਕੁਮਾਰ ਬਿੱਲਾ, ਜਥੇਦਾਰ ਮਹਾਂ ਸਿੰਘ ਰਸੂਲਪੁਰ, ਐਡਵੋਕੇਟ ਗੁਰਦੀਪ ਸਿੰਘ ਵਿੱਕੀ, ਸਾਬਕਾ ਬੈਂਕ ਅਫ਼ਸਰ ਨਰੇਸ਼ ਭੰਡਾਰੀ, ਸੁਨੀਲ ਬਸੰਧਰਾਏ, ਰੋਜ਼ੀ ਬਸੰਧਰਾਏ, ਨਰੰਜਣ ਦਾਸ ਬੰਗਾ, ਆੜ੍ਹਤੀਆ ਐਸੋਸੀਏਸ਼ਨ ਫਿਲੌਰ ਦੇ ਪ੍ਰਧਾਨ ਗੁਲਸ਼ਨ ਅਹੂਜਾ ਆਦਿ ਵੱਡੀ ਗਿਣਤੀ ਵਿਚ ਹਾਜ਼ਰ ਸਨ। ਮੰਚ ਦਾ ਸੰਚਾਲਨ ਮੈਡਮ ਕਿਮੀ ਮਾਰਕਨ ਨੇ ਨਿਭਾਇਆ।

# ਖ਼ਾਲਸਾ ਕਾਲਜ ਵਿਦਿਆਰਥੀਆਂ ਵੱਲੋਂ ਸੰਸਦ ਭਵਨ ਦਾ ਦੌਰਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਖ਼ਾਲਸਾ ਕਾਲਜ ਪਟਿਆਲਾ ਦੇ ਸਕੂਲ ਆਫ਼ ਕਾਮਰਸ ਐਂਡ ਮੈਨੇਜਮੈਂਟ ਤੇ ਪੋਸਟ-ਗ੍ਰੈਜੂਏਟ ਪਾਲੀਟਿਕਲ ਸਾਇੰਸ ਵਿਭਾਗ ਦੇ ਵਿਦਿਆਰਥੀਆਂ ਨੇ ਸੰਸਦੀ ਪ੍ਰਕਿਰਿਆਵਾਂ ਦੀ ਜਾਣਕਾਰੀ ਹਾਸਲ ਕਰਨ ਤੇ ਲੀਡਰਸ਼ਿਪ ਹੁਨਰ ਸਿੱਖਣ ਦੇ ਉਦੇਸ਼ ਨਾਲ ਲੋਕ ਸਭਾ ਦੇ ਸੰਗਠਨ ਪੀਆਰਆਈਡੀਈ ਵੱਲੋਂ ਕਰਾਏ ਇੱਕ ਸਟੱਡੀ ਵਿਜ਼ਟ ਦੇ ਹਿੱਸੇ ਵਜੋਂ ਭਾਰਤੀ ਸੰਸਦ ਦਾ ਦੌਰਾ ਕੀਤਾ। ਉਨ੍ਹਾਂ ਸੰਸਦ ਭਵਨ, ਸੰਵਿਧਾਨ ਸਦਨ, ਪ੍ਰੇਰਣਾ ਸਥਲ ਅਤੇ ਸੰਸਦੀ ਲਾਇਬ੍ਰੇਰੀ ਦੇ ਦਰਸ਼ਨ ਕੀਤੇ ਤੇ ਸੰਸਦ ਦੀ ਕਾਰਜ ਪ੍ਰਣਾਲੀ, ਕਾਨੂੰਨ ਨਿਰਮਾਣ ਪ੍ਰਕਿਰਿਆ ਅਤੇ ਸੰਸਦੀ ਚਰਚਾਵਾਂ ਦੇ ਵੱਖ-ਵੱਖ ਪਹਿਲੂਆਂ ਨੂੰ ਨੇੜਿਓਂ ਸਮਝਿਆ। ਕਾਲਜ ਪ੍ਰਿੰਸੀਪਲ ਡਾ. ਧਰਮਿੰਦਰ ਸਿੰਘ ਉੱਭਾ ਨੇ ਕਿਹਾ ਕਿ ਇਹ ਫੇਰੀ ਵਿਦਿਆਰਥੀਆਂ ਲਈ ਸਿੱਖਣ ਦਾ ਇੱਕ ਵਿਲੱਖਣ ਮੌਕਾ ਸੀ, ਜਿਸ ਨੇ ਉਨ੍ਹਾਂ ਦੀ ਸਿਆਸੀ ਤੇ ਪ੍ਰਬੰਧਕੀ ਸਮਝ ਨੂੰ ਹੋਰ ਮਜ਼ਬੂਤ ਕੀਤਾ। ਅਜਿਹੇ ਯਤਨ ਵਿਦਿਆਰਥੀਆਂ ਨੂੰ ਜ਼ਿੰਮੇਵਾਰ ਨਾਗਰਿਕ ਤੇ ਭਵਿੱਖ ਦੇ ਨੇਤਾ ਬਣਨ ਲਈ ਪ੍ਰੇਰਿਤ ਕਰਦੇ ਹਨ। ਇਸ ਮੌਕੇ ਵਿਦਿਆਰਥੀਆਂ ਦੀ ਅਗਵਾਈ ਡਾ. ਸਪਨਾ ਤੇ ਡਾ. ਜਗਤਾਰ ਸਿੰਘ ਨੇ ਕੀਤੀ। ਦੌਰੇ ਉਪਰੰਤ ਵੱਖ-ਵੱਖ ਵਿਦਿਆਰਥੀਆਂ ਨੇ ਆਪਣਾ ਤਜਰਬਾ ਸਾਂਝਾ ਕੀਤਾ।

# ਕਾਲੀ ਵੇਈਂ ਦੀ ਕਾਰ ਸੇਵਾ ਦੀ 25ਵੀਂ ਵਰ੍ਹੇਗੰਢ ਦੇ ਸਮਾਗਮ ਕੱਲ੍ਹ ਤੋਂ

**ਸ਼ਾਹਕੋਟ (ਗਿਆਨ ਸੈਦਪੁਰੀ)-** ਪੰਜਾਬ ਵਿੱਚ ਵਾਤਾਵਰਣ ਸੰਭਾਲ ਦੀ ਲਹਿਰ ਖੜ੍ਹੀ ਕਰਨ ਲਈ ਕੁੰਜੀਵਤ ਭੂਮਿਕਾ ਨਿਭਾਉਣ ਵਾਲੀ ਪਵਿੱਤਰ ਕਾਲੀ ਵੇਈਂ ਦੀ ਕਾਰਸੇਵਾ ਦੀ 25ਵੀਂ ਵਰ੍ਹੇਗੰਢ ਦੇ ਸਮਾਗਮ 13 ਤੋਂ 16 ਜੁਲਾਈ ਤੱਕ ਕਰਵਾਏ ਜਾ ਰਹੇ ਹਨ। ਵਾਤਵਰਣ ਪ੍ਰੇਮੀ ਅਤੇ ਮੈਂਬਰ ਪਾਰਲੀਮੈਂਟ ਸੰਤ ਬਲਬੀਰ ਸਿੰਘ ਸੀਚੇਵਾਲ ਦੀ ਰਹਿਨੁਮਾਈ ਹੇਠ ਗੁਰਦੁਆਰਾ ਗੁਰਪ੍ਰਕਾਸ਼ ਸਾਹਿਬ ਨਿਰਮਲ ਕੁਟੀਆ ਸੁਲਤਾਨਪੁਰ ਲੋਧੀ ਵਿਖੇ



ਕਰਵਾਏ ਜਾ ਰਹੇ ਇਸ ਚਾਰ ਰੋਜ਼ਾ ਸਮਾਗਮ ਬਾਰੇ ਜਾਣਕਾਰੀ ਦਿੰਦਿਆਂ ਨਿਰਮਲ ਕੁਟੀਆ ਸੁਲਤਾਨਪੁਰ ਅਤੇ ਸੀਚੇਵਾਲ ਦੇ ਪ੍ਰਬੰਧਕ ਸੰਤ ਸੁਖਜੀਤ ਸਿੰਘ ਸੀਚੇਵਾਲ ਅਤੇ ਬਾਬਾ ਸੁਰਜੀਤ ਸਿੰਘ ਸੀਚੇਵਾਲ ਨੇ ਦੱਸਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਪਵਿੱਤਰ ਕਾਲੀ ਵੇਈਂ ਦੀ ਕਾਰ ਸੇਵਾ ਨੂੰ ਚਲਦਿਆਂ 25 ਵਰ੍ਹੇ ਹੋ ਗਏ ਹਨ ਅਤੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ 13 ਤੋਂ 16 ਜੁਲਾਈ ਤੱਕ ਪਵਿੱਤਰ ਕਾਲੀ ਵੇਈਂ ਦੀ ਕਾਰ ਸੇਵਾ ਦੀ ਵਰ੍ਹੇਗੰਢ ਮਨਾਈ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ 13 ਜੁਲਾਈ ਨੂੰ ਗੁਰਦੁਆਰਾ ਗੁਰਪ੍ਰਕਾਸ਼ ਸਾਹਿਬ ਨਿਰਮਲ ਕੁਟੀਆ ਸੁਲਤਾਨਪੁਰ ਲੋਧੀ ਵਿਖੇ ਵਾਤਾਵਰਣ ਕਾਨਫਰੰਸ ਕਰਵਾਈ ਜਾ ਰਹੀ ਹੈ, ਜਿਸ ਵਿੱਚ ਨੈਸ਼ਨਲ ਗਰੀਨ ਟ੍ਰਿਬਿਊਨਲ ਦੇ ਮੈਂਬਰ ਡਾ. ਅਫਰੋਜ ਅਹਿਮਦ ਬਤੌਰ ਮੁੱਖ ਮਹਿਮਾਨ ਤਸ਼ਰੀਫ ਲਿਆਉਣਗੇ ਜਦਕਿ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੇ ਵਾਈਸ ਚਾਂਸਲਰ ਡਾ. ਸਤਬੀਰ ਸਿੰਘ ਗੋਸਲ ਅਤੇ ਪਿੰਗਲਵਾੜਾ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਮੁੱਖ ਪ੍ਰਬੰਧਕ ਬੀਬੀ ਇੰਦਰਜੀਤ ਕੌਰ ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਹਾਜ਼ਰ ਹੋਣਗੇ। ਉਨਾਂ ਦੱਸਿਆ ਕਿ 14 ਜੁਲਾਈ ਨੂੰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣਗੇ। 15 ਜੁਲਾਈ ਨੂੰ ਸਵੇਰੇ 9 ਤੋਂ 11 ਵਜੇ ਤੱਕ ਕੀਰਤਨ ਦਰਬਾਰ ਸਜਾਇਆ ਜਾਵੇਗਾ ਅਤੇ 11 ਤੋਂ 2 ਵਜੇ ਤੱਕ ਕਵੀ ਦਰਬਾਰ ਹੋਵੇਗਾ। 16 ਜੁਲਾਈ ਨੂੰ ਸਵੇਰੇ 8 ਵਜੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪੈਣ ਉਪਰੰਤ ਵਿਸ਼ਾਲ ਧਾਰਮਿਕ ਦੀਵਾਨ ਸਜਾਇਆ ਜਾਵੇਗਾ, ਜਿਸ ਵਿੱਚ ਵੱਖ-ਵੱਖ ਧਾਰਮਿਕ ਤੇ ਸਮਾਜਿਕ ਆਗੂ ਅਤੇ ਵਿਦਵਾਨ ਪੰਜਾਬ ਦੇ ਵਾਤਾਵਰਣ ਨੂੰ ਹੋਰ ਬਿਹਤਰ ਬਣਾਉਣ ਲਈ ਵਿਚਾਰ ਚਰਚਾ ਕਰਨਗੇ।

# ਐੱਨ ਆਰ ਆਈਜ਼ ਦੇ ਸਹਿਯੋਗ ਨਾਲ ਸਿੰਗੜੀਵਾਲਾ 'ਚ ਬੈਲ ਗੱਡੀਆਂ ਦੀਆਂ ਦੌੜਾਂ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)-** ਜੈ ਬਾਬਾ ਸਿੱਧ ਗਰੀਬ ਦੇ ਸਲਾਨਾ ਮੇਲੇ ਤੇ ਸਿੰਗੜੀਵਾਲਾ ਐਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ ਪ੍ਰਬੰਧਕ ਕਮੇਟੀ ਅਤੇ ਨਗਰ



ਪੰਚਾਇਤ ਵੱਲੋਂ ਹਰ ਸਾਲ ਦੀ ਤਰ੍ਹਾਂ ਬੈਲ ਗੱਡੀਆਂ ਦੀਆਂ ਦੌੜਾਂ ਕਰਵਾਈਆਂ ਗਈਆਂ। ਜਿਸ ਵਿੱਚ ਦੂਰ ਦੁਰਾਡੇ ਤੋਂ ਬੈਲ ਗੱਡੀਆਂ ਦੀਆਂ ਦੌੜਾਂ ਦੇ ਸ਼ੌਕੀਨਾਂ ਵਲੋਂ ਹਿੱਸਾ ਲਿਆ ਗਿਆ। ਇਸ ਸਮੇਂ ਮੇਲੇ ਦੀ ਸਮਾਪਤੀ ਸਮੇਂ ਬਾਬਾ ਹਰਮਨਜੀਤ ਸਿੰਘ ਸਿੰਗੜੀਵਾਲਾ, ਐਸ ਐਚ ਓ ਗੁਰਸਾਹਿਬ ਸਿੰਘ ਮਾਡਲ ਟਾਊਨ, ਸਰਪੰਚ ਹਰਜਿੰਦਰ ਸਿੰਘ, ਸਾਬਕਾ ਬਲਾਕ ਸੰਮਤੀ ਮੈਂਬਰ ਗੁਰਨਾਮ ਸਿੰਘ ਸਿੰਗੜੀਵਾਲਾ, ਸਾਬਕਾ ਸਰਪੰਚ ਚਰਨ ਵਰਿੰਦਰ ਸਿੰਘ, ਗੁਰਿੰਦਰ ਸਿੰਘ ਧਾਮੀ ਅਤੇ ਪਤਵੰਤੇ ਸੱਜਣਾ ਵੱਲੋਂ ਬੈਲ ਗੱਡੀਆਂ ਦੇ ਜੇਤੂ ਨੂੰ ਇਨਾਮ ਦੇ ਕੇ ਸਨਮਾਨ ਕੀਤਾ ਗਿਆ। ਇਸ ਸਮੇਂ ਦਿਲਾਵਰ ਸਿੰਘ ਰਾਣੇਵਾਲ ਟੱਪਰੀਆਂ ਦੀ ਗੱਡੀ ਪਹਿਲੇ ਨੰਬਰ ਤੇ ਦੂਸਰੀ ਸੰਤੋਖ ਸਿੰਘ ਦਿਆਲਾ ਤੀਸਰੀ ਗੁਰਿੰਦਰ ਸਿੰਘ ਸਿੰਗੜੀਵਾਲਾ ਤੇ ਇੰਦੂ ਕਨੇਡਾ ਮੇਗੋਵਾਲ, ਚੌਥੇ ਨੰਬਰ ਜਸ਼ਨਪ੍ਰੀਤ ਸਿੰਘ ਚਾਂਦਸੂ ਜੱਟਾਂ, ਪੰਜਵੇਂ ਤੇ ਸੁੱਖਾ ਈਸਪੁਰ ਦੀ ਬੈਲ ਗੱਡੀ ਆਈ। ਇਸ ਸਮੇਂ 31 ਨੰਬਰ ਤੱਕ ਗੱਡੀਆਂ ਨੂੰ ਭਾਰੀ ਇਨਾਮ ਦਿੱਤੇ ਗਏ ਤੇ ਬਾਕੀ ਸਾਰੀਆਂ ਗੱਡੀਆਂ ਨੂੰ ਬਲਦਾਂ ਲਈ ਝੁੱਲ ਦੇ ਕੇ ਸਨਮਾਨ ਕੀਤਾ ਗਿਆ। ਇਸ ਸਮੇਂ ਪਹਿਲਾਂ ਜੈ ਬਾਬਾ ਸਿੱਧ ਗਰੀਬ ਜੀ ਦੀ ਦਰਗਾਹ 'ਤੇ ਧਾਰਮਿਕ ਮੇਲਾ ਕਰਵਾਇਆ ਗਿਆ, ਜਿਸ ਵਿੱਚ ਧਾਰਮਿਕ ਕਵਾਲਾਂ ਨੇ ਸੰਗਤਾਂ ਨੂੰ ਕਵਾਲੀਆਂ ਨਾਲ ਨਿਹਾਲ ਕੀਤਾ। ਇਸ ਸਮੇਂ ਲੰਗਰ ਦਾ ਅਟੁੱਟ ਪ੍ਰਬੰਧ ਕੀਤਾ ਗਿਆ। ਇਸ ਸਮੇਂ ਸਾਬਕਾ ਸਰਪੰਚ ਸੁਖਚੈਨ ਸਿੰਘ, ਨਵਤੇਜ ਸਿੰਘ ਧਾਮੀ, ਬਲਵਿੰਦਰ ਸਿੰਘ ਪੰਚ, ਸਤਨਾਮ ਸਿੰਘ ਬੱਬੂ, ਮਨਜਿੰਦਰ ਸਿੰਘ ਬਿੱਲਾ, ਹਰਵਿੰਦਰ ਸਿੰਘ ਸ਼ੇਰਾ, ਅਮਰੀਕ ਸਿੰਘ ਸਾਬਕਾ ਸਰਪੰਚ, ਜਸਵੰਤ ਸਿੰਘ ਬਿੱਲਾ, ਦਿਲਬਾਗ ਸਿੰਘ ਧਾਮੀ, ਗੁਰਪ੍ਰੀਤ ਸਿੰਘ ਹੁਸੈਨਪੁਰ, ਜਤਿੰਦਰ ਸਿੰਘ ਕੁਰਾਂਗਣਾ ਆਦਿ ਹਾਜ਼ਰ ਸਨ।

# 'ਸਿੱਖਿਆ ਕ੍ਰਾਂਤੀ' ਮੁਹਿੰਮ ਤਹਿਤ ਕੀਤੇ ਉਦਘਾਟਨਾਂ ਦੀ ਰਾਸ਼ੀ ਭੁਗਤਾਨ ਕਰਨ 'ਚ ਗੈਰ-ਜ਼ਰੂਰੀ ਸ਼ਰਤਾਂ

**• ਜੇਬਾਂ 'ਚੋਂ ਕੀਤੇ ਭੁਗਤਾਨਾਂ ਲਈ ਅਧਿਆਪਕਾਂ ਨੂੰ ਕੀਤੀ ਜਾਵੇ ਅਦਾਇਗੀ**

**ਚੰਡੀਗੜ੍ਹ (ਗੁਰਜੀਤ ਬਿੱਲਾ)-** ਪੰਜਾਬ ਸਰਕਾਰ ਅਤੇ ਸਿੱਖਿਆ ਵਿਭਾਗ ਵੱਲੋਂ 7 ਮਾਰਚ ਤੋਂ 31 ਮਈ 2025 ਤੱਕ ਪੰਜਾਬ ਦੇ ਸਰਕਾਰੀ ਪ੍ਰਾਇਮਰੀ, ਮਿਡਲ ਅਤੇ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਸਿੱਖਿਆ ਕ੍ਰਾਂਤੀ ਮੁਹਿੰਮ ਤਹਿਤ ਉਦਘਾਟਨਾਂ ਦੇ ਪ੍ਰੋਗਰਾਮ ਆਯੋਜਿਤ ਕੀਤੇ ਗਏ, ਜਿਸ ਦਾ ਸਭ ਤੋਂ ਪਹਿਲਾਂ ਉਦਘਾਟਨ ਅਰਵਿੰਦ ਕੇਜਰੀਵਾਲ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ, ਸਿੱਖਿਆ ਮੰਤਰੀ ਅਤੇ ਪੰਜਾਬ ਦੇ ਕੈਬਨਿਟ ਮੰਤਰੀਆਂ ਵੱਲੋਂ ਕੀਤਾ ਗਿਆ। ਇਸ ਮੁਹਿੰਮ ਤਹਿਤ ਪੰਜਾਬ ਦੇ ਵੱਖ ਵੱਖ ਹਲਕਿਆਂ ਨਾਲ ਸੰਬੰਧਤ ਮੰਤਰੀਆਂ, ਵਿਧਾਇਕਾਂ ਅਤੇ ਹੋਰ ਰਾਜਨੀਤਕ ਆਗੂਆਂ ਵੱਲੋਂ ਪੰਜਾਬ ਭਰ ਦੇ ਸਕੂਲਾਂ ਵਿੱਚ ਪਿਛਲੇ ਸਮੇਂ ਦੌਰਾਨ ਤਿਆਰ ਕੀਤੇ ਨਵੇਂ ਕਮਰੇ ਕਮਰੇ, ਚਾਰਦੀਵਾਰੀ, ਪਖਾਨੇ ਅਤੇ ਕਮਰਿਆਂ ਦੀ ਰਿਪੇਅਰ, ਚਾਰਦੀਵਾਰੀ ਦੀ ਰਿਪੇਅਰ ਅਤੇ ਪਖਾਨਿਆਂ ਦੀ ਰਿਪੇਅਰ ਦੇ ਪੱਥਰ ਲਗਾ ਕੇ ਉਦਘਾਟਨ ਕੀਤੇ ਗਏ। ਇਨ੍ਹਾਂ ਉਦਘਾਟਨ ਸਮਾਰੋਹਾਂ 'ਤੇ ਹੋਏ ਖਰਚ ਦੀ ਰਾਸ਼ੀ ਦੇ ਭੁਗਤਾਨ ਕਰਨ ਵਿੱਚ ਦੇਰੀ ਅਤੇ ਭੁਗਤਾਨ ਦਾ ਢੰਗ ਤਰੀਕਾ ਔਖਾ ਹੋਣ ਕਾਰਨ ਹੋ ਰਹੀ ਖੱਜਲ ਖੁਆਰੀ ਦੀ ਨਿਖੇਧੀ ਕਰਦਿਆਂ ਡੈਮੋਕ੍ਰੈਟਿਕ ਟੀਚਰਜ਼ ਫਰੰਟ ਪੰਜਾਬ ਦੇ ਸੂਬਾ ਪ੍ਰਧਾਨ ਵਿਕਰਮ ਦੇਵ ਸਿੰਘ, ਸੂਬਾ ਜਨਰਲ ਸਕੱਤਰ ਮਹਿੰਦਰ ਕੌੜਿਆਂਵਾਲੀ ਅਤੇ ਵਿੱਤ ਸਕੱਤਰ ਅਸ਼ਵਨੀ ਅਵਸਥੀ ਨੇ ਇਸ ਰਾਸ਼ੀ ਦਾ ਭੁਗਤਾਨ ਸੌਖਾਲਾ ਅਤੇ ਤੁਰੰਤ ਕਰਨ ਦੀ ਮੰਗ ਕੀਤੀ। ਡੀ.ਟੀ.ਐੱਫ. ਆਗੂਆਂ ਨੇ ਦੱਸਿਆ ਕਿ ਸਿੱਖਿਆ ਵਿਭਾਗ ਦੇ ਪੱਤਰ ਅਨੁਸਾਰ ਇਸ ਕੰਮ ਲਈ ਪ੍ਰਾਇਮਰੀ ਅਤੇ ਮਿਡਲ ਸਕੂਲਾਂ ਨੂੰ ਪ੍ਰੋਗਰਾਮ ਲਈ ਪ੍ਰਤੀ ਸਕੂਲ 5 ਹਜ਼ਾਰ ਰੁਪਏ, ਹਾਈ ਸਕੂਲ ਨੂੰ 10 ਹਜ਼ਾਰ ਰੁਪਏ ਅਤੇ ਸੀਨੀਅਰ ਸੈਕੰਡਰੀ ਸਕੂਲ ਨੂੰ 20 ਹਜ਼ਾਰ ਰੁਪਏ ਦੀ ਗਰਾਂਟ ਜਾਰੀ ਕੀਤੀ ਜਾਣੀ ਸੀ ਅਤੇ ਸਕੂਲ ਵਿੱਚ ਹਰ ਕੰਮ ਲਈ ਲਗਾਏ ਪੱਥਰ ਲਈ ਪੰਜ ਹਜ਼ਾਰ ਰੁਪਏ ਪ੍ਰਤੀ ਪੱਥਰ ਜਾਰੀ ਕਰਨ ਲਈ ਹੁਕਮ ਪ੍ਰਾਪਤ ਹੋਏ ਸਨ। ਸਕੂਲ ਮੁਖੀਆਂ ਵੱਲੋਂ ਇਹਨਾਂ ਸਮਾਗਮਾਂ ਦੇ ਸਕੂਲਾਂ ਵਿੱਚ ਕੀਤੇ ਕੰਮਾਂ ਲਈ ਪੱਥਰ ਬਣਵਾਏ ਗਏ, ਸਕੂਲਾਂ ਵਿੱਚ ਟੈਂਟ ਲਗਾਇਆ ਗਿਆ, ਸਾਊਂਡ ਦਾ ਪ੍ਰਬੰਧ ਕੀਤਾ ਗਿਆ ਅਤੇ ਖਾਣ ਪੀਣ ਆਦਿ ਦਾ ਪ੍ਰਬੰਧ ਕੀਤਾ ਗਿਆ ਅਤੇ ਇਸ ਸਾਰੇ ਖਰਚ ਦਾ ਭੁਗਤਾਨ ਸਕੂਲ ਮੁਖੀਆਂ ਵੱਲੋਂ ਆਪਣੇ ਕੋਲੋਂ ਕੀਤਾ ਗਿਆ। ਕੁਝ ਦਿਨ ਪਹਿਲਾਂ ਵਿਭਾਗ ਵੱਲੋਂ ਸਿੱਖਿਆ ਕ੍ਰਾਂਤੀ ਦੇ ਹੋਏ ਸਮਾਗਮ ਵਾਲੇ ਸਕੂਲਾਂ ਵਿੱਚੋਂ ਲੱਗੇ ਪੱਥਰਾਂ ਦੀ ਗਿਣਤੀ ਅਤੇ ਖਰਚ ਬਾਰੇ ਰਿਪੋਰਟ ਮੰਗੀ ਗਈ ਅਤੇ ਸਕੂਲ ਮੁਖੀਆਂ ਵੱਲੋਂ ਇਹ ਰਿਪੋਰਟ ਦੇ ਦਿੱਤੀ ਗਈ ਅਤੇ ਉਪਰੋਕਤ ਪ੍ਰੋਗਰਾਮਾਂ ਵਿੱਚ ਆਪਣੇ ਕੋਲੋਂ ਕੀਤੀ ਅਦਾਇਗੀ ਦੇ ਬਿੱਲ ਵੀ ਸੰਬੰਧਤ ਦਫਤਰਾਂ ਵਿੱਚ ਜਮ੍ਹਾਂ ਕਰਵਾ ਦਿੱਤੇ। ਹੁਣ ਜਦ ਵਿਭਾਗ ਵੱਲੋਂ ਅਦਾਇਗੀ ਕਰਨੀ ਸੀ ਤਾਂ ਉਹਨਾਂ ਨਵੇਂ ਹੁਕਮ ਜਾਰੀ ਕਰ ਦਿੱਤੇ ਕਿ ਪਿਛਲੇ ਮਹੀਨਿਆਂ ਵਿੱਚ ਸਿੱਖਿਆ ਕ੍ਰਾਂਤੀ ਤਹਿਤ ਹੋਏ ਖਰਚੇ ਦੀ ਅਦਾਇਗੀ ਸਿੱਧੀ ਵੈਂਡਰਾਂ ਦੇ ਖਾਤਿਆਂ ਵਿੱਚ ਕੀਤੀ ਜਾਵੇਗੀ ਜਦ ਕਿ ਇਸ ਸੰਬੰਧੀ ਸਕੂਲ ਮੁਖੀਆਂ ਵੱਲੋਂ ਪਹਿਲਾਂ ਹੀ ਆਪਣੇ ਕੋਲੋਂ ਅਦਾਇਗੀਆਂ ਕਰ ਦਿੱਤੀਆਂ ਹਨ ਅਤੇ ਬਿੱਲ ਪ੍ਰਾਪਤ ਕਰ ਲਏ ਹਨ। ਇਹਨਾਂ ਹੁਕਮਾਂ ਨਾਲ ਅਧਿਆਪਕ ਵੱਡੀ ਪੱਧਰ ਤੇ ਖੱਜਲ ਖੁਆਰੀ ਦਾ ਸ਼ਿਕਾਰ ਹੋ ਰਹੇ ਹਨ। ਡੈਮੋਕ੍ਰੈਟਿਕ ਟੀਚਰਜ਼ ਫਰੰਟ ਪੰਜਾਬ ਆਗੂਆਂ ਨੇ ਪੰਜਾਬ ਸਰਕਾਰ ਅਤੇ ਸਿੱਖਿਆ ਵਿਭਾਗ ਤੋਂ ਮੰਗ ਕੀਤੀ ਹੈ ਕਿ ਇਸ ਦੀ ਅਦਾਇਗੀ ਸਿੱਧਾ ਸਕੂਲਾਂ ਦੇ ਖਾਤਿਆਂ ਵਿੱਚ ਪਾਈ ਜਾਵੇ ਤਾਂ ਅਧਿਆਪਕਾਂ ਦੀ ਖੱਜਲ ਖਰਾਬੀ ਬੰਦ ਹੋ ਸਕੇ।

# ਸਰਕਾਰੀ ਹਾਈ ਸਕੂਲ ਮਹਿਸਮਪੁਰ ਵਿਖੇ ਨਵੀਂ ਚੁਣੀ ਐੱਸ ਐੱਮ ਸੀ ਦੀ ਮੀਟਿੰਗ



**ਮਹਿਤਪੁਰ (ਰਾਜਾ)-** ਸਿੱਖਿਆ ਵਿਭਾਗ ਦੀਆਂ ਹਦਾਇਤਾਂ ਮੁਤਾਬਕ ਸਰਕਾਰੀ ਹਾਈ ਸਕੂਲ ਮਹਿਸਮਪੁਰ ਵਿਖੇ ਨਵੀਂ ਐਸ ਐਮ ਸੀ ਕਮੇਟੀ ਚੁਣੀ ਗਈ। ਇਸ ਵਿੱਚ ਸਾਰੇ ਹੀ ਮੈਂਬਰਾਂ ਨੇ ਆਪਣੀ ਹਾਜ਼ਰੀ ਭਰੀ। ਮੀਟਿੰਗ ਦੌਰਾਨ ਸਕੂਲ ਵਿਖੇ ਡਿਵੈਲਪਮੈਂਟ ਦੇ ਕੰਮ ਬੱਚਿਆਂ ਦੀ ਇਨਰੋਲਮੈਂਟ ਦੇ ਵਿੱਚ ਵਾਧਾ ਅਤੇ ਬੱਚਿਆਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਪ੍ਰੇਰਨਾ ਦਿੱਤੀ ਗਈ। ਕਮੇਟੀ ਦੁਆਰਾ ਪਿਛਲੇ ਕੀਤੇ ਗਏ ਕੰਮਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ। ਇਸ ਦੌਰਾਨ ਨੌਵੀਂ ਦਸਵੀਂ ਅਤੇ ਅੱਠਵੀਂ ਕਲਾਸ ਦੇ ਬੱਚਿਆਂ ਨੂੰ ਬੂਟ ਅਤੇ ਜੁਰਾਬਾਂ ਵੰਡੇ ਗਏ। ਸਕੂਲ ਇੰਚਾਰਜ ਰਕੇਸ਼ ਕੁਮਾਰ ਨੇ ਐਸ ਐਮ ਸੀ ਕਮੇਟੀ ਦਾ ਧੰਨਵਾਦ ਕੀਤਾ ਅਤੇ ਵੱਧ ਤੋਂ ਵੱਧ ਇਨਰੋਲਮੈਂਟ ਸਕੂਲ ਵਿੱਚ ਕਰਨ ਲਈ ਪ੍ਰੇਰਿਆ। ਇਸ ਦੌਰਾਨ ਨਵੇਂ ਬੂਟੇ ਵੀ ਲਗਾਏ ਗਏ।

## ਅੱਜ ਬਿਜਲੀ ਬੰਦ ਰਹੇਗੀ

**ਅੱਡਾ ਸਰਾਂ (ਕਾਜਲ)-** ਸਹਾਇਕ ਇੰਜੀਨੀਅਰ ਉਪ ਮੰਡਲ ਕੰਧਲਾ ਜੱਟਾਂ ਇੰਜ. ਜਸਵੰਤ ਸਿੰਘ ਨੇ ਜਾਣਕਾਰੀ ਦਿੱਤੀ ਕਿ 66 ਕੇ ਵੀ ਸਬ ਸਟੇਸ਼ਨ ਕੰਧਾਲਾ ਜੱਟਾਂ ਤੋਂ ਚਲਦੇ ਸਾਰੇ ਮੋਟਰਾਂ ਤੇ ਘਰਾਂ ਦੇ ਫੀਡਰਾਂ ਦੀ ਸਪਲਾਈ 12 ਜੁਲਾਈ ਨੂੰ ਸਵੇਰੇ 9 ਵਜੇ ਤੋਂ ਸ਼ਾਮ 3.30 ਵਜੇ ਤੱਕ ਬੰਦ ਰਹੇਗੀ । ਉਨ੍ਹਾਂ ਇਸ ਦੌਰਾਨ ਖਪਤਕਾਰਾਂ ਨੂੰ ਸਹਿਯੋਗ ਦੇਣ ਦੀ ਅਪੀਲ ਕੀਤੀ ਹੈ ।

# ਅਲੀਪੁਰ ਅਰਾਈਆਂ 'ਚ ਸਥਿਤੀ ਕੰਟਰੋਲ ਹੇਠ, ਉਲਟੀਆਂ ਤੇ ਦਸਤ ਦੇ ਕੇਸ ਘਟੇ : ਡਾ. ਪ੍ਰੀਤੀ ਯਾਦਵ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਉਲਟੀਆਂ ਤੇ ਦਸਤ ਰੋਗ ਪ੍ਰਭਾਵਤ ਅਲੀਪੁਰ ਅਰਾਈਆਂ ਵਿਖੇ ਕਮਿਸ਼ਨਰ ਨਗਰ ਨਿਗਮ ਪਰਮਵੀਰ ਸਿੰਘ, ਏ.ਡੀ.ਸੀਜ, ਐਸ.ਡੀ.ਐਮਜ ਤੇ ਜਲ ਸਪਲਾਈ ਤੇ ਸੀਵਰੇਜ ਬੋਰਡ ਦੇ ਅਧਿਕਾਰੀਆਂ ਨਾਲ ਬੈਠਕ ਕਰਕੇ ਡਾਇਰੀਏ ਦੀ ਸਥਿਤੀ ਦਾ ਮੁਲਾਂਕਣ ਕੀਤਾ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ, ਸਿਹਤ ਵਿਭਾਗ, ਨਗਰ ਨਿਗਮ ਤੇ ਜਲ ਸਪਲਾਈ ਤੇ ਸੀਵਰੇਜ ਬੋਰਡ ਦੀਆਂ ਟੀਮਾਂ ਵੱਲੋਂ 24 ਘੰਟੇ ਚੌਕਸੀ ਵਰਤਦੇ ਹੋਏ ਆਪਸੀ ਤਾਲਮੇਲ ਨਾਲ ਸਥਿਤੀ ਨਾਲ ਨਜਿੱਠਿਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਪਾਣੀ ਦੇ ਸਰੋਤ, ਲੀਕੇਜ, ਗੰਦੇ ਪਾਣੀ ਦੀ ਮਿਕਸਿੰਗ, ਮਰੀਜਾਂ ਦੀ ਪਛਾਣ ਕਰਕੇ ਪੂਰੇ ਇਲਾਕੇ ਦੀ ਮੈਪਿੰਗ ਕੀਤੀ ਗਈ ਹੈ ਤਾਂ ਜੁ ਜੇ ਕੋਈ ਮਾਮਲਾ ਸਾਹਮਣੇ ਆਉਂਦਾ ਹੈ ਤਾਂ ਉਸ ਨੂੰ ਤੁਰੰਤ ਠੀਕ ਕੀਤਾ ਜਾ ਸਕੇ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਅਲੀਪੁਰ ਵਿਖੇ ਸਥਿਤੀ ਕੰਟਰੋਲ ਹੇਠ ਹੈ, ਪ੍ਰੰਤੂ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਹਤਿਆਦ ਵਜੋਂ ਇਕੱਲੇ ਪਟਿਆਲਾ ਸ਼ਹਿਰ ਨਹੀਂ, ਸਗੋਂ ਸਾਰੇ ਜ਼ਿਲ੍ਹੇ ਵਿੱਚ ਸੰਵੇਦਨਸ਼ੀਲ ਹੌਟਸਪੌਟ ਇਲਾਕਿਆਂ ਦਾ



ਧਿਆਨ ਰੱਖਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਨੂੰ ਹਦਾਇਤ ਕੀਤੀ ਗਈ ਹੈ ਕਿ 5 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਤੇ 50 ਸਾਲ ਤੋਂ ਵੱਧ ਉਮਰ ਦੇ ਨਾਗਰਿਕਾਂ ਦਾ ਖਾਸ ਧਿਆਨ ਰੱਖਿਆ ਜਾਵੇ ਤੇ ਉਲਟੀਆਂ ਤੇ ਦਸਤ ਦੇ ਕਿਸੇ ਵੀ ਉਮਰ ਦੇ ਮਰੀਜ਼ ਦੇ ਮਾਮਲੇ 'ਚ ਕੋਈ ਲਾਪ੍ਰਵਾਹੀ ਨਹੀਂ ਹੋਣੀ ਚਾਹੀਦੀ। ਨਗਰ ਨਿਗਮ ਦੇ ਕਮਿਸ਼ਨਰ ਪਰਮਵੀਰ ਸਿੰਘ ਨੇ ਦੱਸਿਆ ਕਿ ਅਲੀਪੁਰ ਅਰਾਈਆਂ ਵਿਖੇ ਪਾਣੀ ਸਪਲਾਈ ਲਈ 10 ਟੈਂਕਰ ਲਾਏ ਗਏ ਹਨ। ਲੋਕਾਂ ਨੂੰ ਵੀ ਅਪੀਲ ਹੈ ਕਿ ਜਦੋਂ ਤੱਕ ਨਗਰ ਨਿਗਮ ਵੱਲੋਂ ਨਹੀਂ ਕਿਹਾ ਜਾਂਦਾ, ਉਸ ਸਮੇਂ ਤੱਕ ਆਪਣੇ ਘਰਾਂ 'ਚ ਪਾਣੀ ਦੀ ਟੂਟੀ ਤੋਂ ਪੀਣ ਲਈ ਪਾਣੀ ਨਾ ਵਰਤਣ ਤੇ ਪਾਣੀ ਦੇ ਗ਼ੈਰ ਕਾਨੂੰਨੀ ਕੁਨੈਕਸ਼ਨ ਨਾ ਚਲਾਉਣ। ਸਿਵਲ ਸਰਜਨ ਡਾ. ਜਗਪਾਲਇੰਦਰ ਸਿੰਘ ਨੇ ਦੱਸਿਆ ਕਿ ਅਲੀਪੁਰ ਵਿਖੇ 24 ਦਿਨ ਤੇ ਸ਼ਾਮ ਦੀ ਡਿਸਪੈਂਸਰੀ ਚੱਲ ਰਹੀ ਹੈ, 3 ਐਸ.ਐਮ.ਓਜ ਤੇ ਐਪੀਡੇਮੋਲੋਜਿਸਟ ਸਮੇਤ ਉਹ ਖ਼ੁਦ ਨਿਗਰਾਨੀ ਕਰ ਰਹੇ ਹਨ। ਸਿਹਤ ਵਿਭਾਗ ਦੀਆਂ 22 ਟੀਮਾਂ ਘਰ-ਘਰ ਜਾ ਕੇ ਸਰਵੇ ਕਰਨ ਸਮੇਤ ਲੋਕਾਂ ਨੂੰ ਜਾਗਰੂਕ ਕਰ ਰਹੀਆਂ ਹਨ ਕਿ ਉਹ ਦੂਸ਼ਿਤ ਪਾਣੀ ਪੀਣ ਤੋਂ ਬਚਣ ਲਈ ਕਲੋਰੀਨ ਦੀਆਂ ਗੋਲੀਆਂ ਵਾਲਾ ਤੇ ਉਬਲਿਆ ਪਾਣੀ ਪੀਣ ਨੂੰ ਹੀ ਤਰਜ਼ੀਹ ਦੇਣ।

# ਮੈਗਜ਼ੀਨ 'ਚ ਰਚਨਾਵਾਂ ਛਪਣ 'ਤੇ ਕੰਨਿਆ ਸਕੂਲ ਰਾਹੋਂ ਵਿਖੇ ਵਿਦਿਆਰਥਣਾਂ ਸਨਮਾਨਤ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)-** ਪੀਐਮ ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰਾਹੋਂ ਲੜਕੀਆਂ ਵਿਖੇ ਸਵੇਰ ਦੀ ਸਭਾ ਦੌਰਾਨ ਨਵੀਆਂ ਕਲਮਾਂ ਨਵੀਂ ਉਡਾਣ




ਮੈਗਜ਼ੀਨ ਵਿੱਚ ਵਿਦਿਆਰਥਣਾਂ ਦੀਆਂ ਰਚਨਾਵਾਂ ਛਪਣ ਤੇ ਉਹਨਾਂ ਨੂੰ ਸਨਮਾਨਿਤ ਕੀਤਾ ਗਿਆ। ਪ੍ਰਿੰਸੀਪਲ ਬਲਜਿੰਦਰ ਸਿੰਘ ਨੇ ਦੱਸਿਆ ਕਿ ਸ੍ਰੀ ਸੁੱਖੀ ਬਾਠ ਪੰਜਾਬੀ ਭਵਨ ਸਰੀ ਕਨੇਡਾ ਵੱਲੋਂ ਨਵੀਆਂ ਕਲਮਾਂ ਨਵੀਂ ਉਡਾਣ ਮੈਗਜ਼ੀਨ ਤਿਆਰ ਕਰਵਾਇਆ ਜਾ ਰਿਹਾ ਹੈ ਜਿਸ ਵਿੱਚ ਸਕੂਲਾਂ ਦੇ ਵਿਦਿਆਰਥੀਆਂ ਦੀਆਂ ਰਚਨਾਵਾਂ ਨੂੰ ਛਾਪਿਆ ਜਾਂਦਾ ਹੈ। ਉਹਨਾਂ ਦੱਸਿਆ ਕਿ ਪੀਐਮ ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰਾਹੋਂ ਦੀਆਂ ਵਿਦਿਆਰਥਣਾਂ ਜੈਸਮੀਨ ਜਮਾਤ ਬਾਰ੍ਹਵੀਂ ਏ, ਨੰਦਨੀ ਸ਼ਰਮਾ ਜਮਾਤ ਗਿਆਰ੍ਹਵੀਂ ਅਤੇ ਜਸਪ੍ਰੀਤ ਕੌਰ ਜਮਾਤ ਬਾਰ੍ਹਵੀਂ ਏ ਦੀਆਂ ਰਚਨਾਵਾਂ ਕੁੜੀਆਂ ਦੀ ਪੀੜ, ਖੇਡਾਂ ਵਤਨ ਪੰਜਾਬ ਦੀਆਂ, ਪੁਰਾਣਾ ਪੰਜਾਬ ਅਤੇ ਰਿਸ਼ਤਾ ਛਪੀਆਂ ।ਇਸ ਮੈਗਜ਼ੀਨ ਦੀ ਘੁੰਡ ਚੁਕਾਈ ਕੈਂਬਰਿਜ ਸਕੂਲ ਫਗਵਾੜਾ ਵਿਖੇ ਕਰਵਾਈ ਗਈ ਜਿੱਥੇ ਸਕੂਲ ਦੀਆਂ ਵਿਦਿਆਰਥਣਾਂ ਨੂੰ ਸਨਮਾਨਤ ਕੀਤਾ ਗਿਆ।ਇਸ ਮੌਕੇ ਖੇਲੋ ਇੰਡੀਆ ਖੇਡਾਂ ਦੌਰਾਨ ਵੁਸ਼ੂ ਗੇਮ ਵਿੱਚ ਭਾਗ ਲੈਣ ਵਾਲੀਆਂ ਵਿਦਿਆਰਥਣਾਂ ਨੂੰ ਵੀ ਸਨਮਾਨਤ ਕੀਤਾ ਗਿਆ।ਇਸ ਮੌਕੇ ਦਵਿੰਦਰ ਕੌਰ, ਸਤਨਾਮ ਸਿੰਘ, ਗੁਰਸ਼ਰਨ ਦੀਪ, ਅਜੀਤ ਸਿੰਘ, ਚਰਨਜੀਤ ਸਿੰਘ, ਹਰਜਿੰਦਰ ਲਾਲ, ਰਾਜਨ ਰਾਣਾ, ਸਤਿੰਦਰ ਕੌਰ, ਗਗਨਪ੍ਰੀਤ ਕੌਰ, ਬਲਦੇਵ ਕ੍ਰਿਸ਼ਨ, ਹਰਜੀਤ ਕੌਰ, ਮਨਜੀਤ ਕੌਰ, ਰਾਜਵਿੰਦਰ ਸਿੰਘ ਸੰਧੂ, ਰੇਨੂੰ, ਰਣਜੀਤ ਕੌਰ, ਸੰਗੀਤਾ, ਸੋਨਾ ਸ਼ਰਮਾ, ਸੰਗੀਤਾ ਰਾਣੀ, ਰਮਨਦੀਪ ਸਿੰਘ, ਸੰਜੀਵ ਸ਼ਰਮਾ, ਰਜਿੰਦਰ ਨਾਥ ਆਦਿ ਹਾਜ਼ਰ ਸਨ।

## ਹੈਰੋਇਨ ਸਮੇਤ ਕਾਬੂ

**ਬਲਾਚੌਰ (ਜਸਵਿੰਦਰ ਬੈਂਸ)-** ਪੁਲਸ ਵਿਭਾਗ ਅਤੇ ਮੌਜੂਦਾ ਸਰਕਾਰ ਵੱਲੋਂ ਪੰਜਾਬ ਅੰਦਰ ਨਸ਼ਿਆਂ ਦੇ ਖਿਲਾਫ ਚਲਾਈ ਜਾ ਰਹੀ ਮੁਹਿੰਮ ਤਹਿਤ ਸੀਨੀਅਰ ਕਪਤਾਨ ਪੁਲਸ ਜਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਡਾ. ਮਹਿਤਾਬ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਸ਼ਾਮ ਸੁੰਦਰ ਸ਼ਰਮਾ ਉਪ ਕਪਤਾਨ ਪੁਲਸ ਸਬ ਡਵੀਜ਼ਨ ਬਲਾਚੌਰ ਦੀ ਯੋਗ ਅਗਵਾਈ ਹੇਠ ਪਾਲਣਾ ਕਰਦੇ ਹੋਏ ਐਸ ਆਈ ਸਤਨਾਮ ਸਿੰਘ ਮੁੱਖ ਅਫਸਰ ਥਾਣਾ ਸਿਟੀ ਬਲਾਚੌਰ ਨੇ



ਸਮੇਤ ਸਾਥੀ ਟੀਮ ਦੇ ਦਿਲਬਾਗ ਸਿੰਘ ਉਰਫ ਸੋਨੂੰ ਪੁੱਤਰ ਗੁਰਮੀਤ ਸਿੰਘ ਵਾਸੀ ਪਿੰਡ ਬੁਲੇਵਾਲ ਥਾਣਾ ਸਿਟੀ ਬਲਾਚੌਰ ਨੂੰ ਕਾਬੂ ਕਰਕੇ ਉਸ ਪਾਸੋਂ 9 ਗ੍ਰਾਮ ਹੈਰੋਇਨ ਬ੍ਰਾਮਦ ਕਰਕੇ ਮੁਕੱਦਮਾ ਥਾਣਾ ਸਿਟੀ ਬਲਾਚੌਰ ਦਰਜ ਕੀਤਾ ਅਤੇ ਦੋਸ਼ੀ ਨੂੰ ਅਦਾਲਤ ਵਿੱਚ ਪੇਸ਼ ਕਰ ਕੇ 14 ਦਿਨ ਦੇ ਜੁਡੀਸ਼ੀਅਲ ਰਿਮਾਂਡ 'ਤੇ ਕੇਂਦਰੀ ਜੇਲ੍ਹ ਲੁਧਿਆਣਾ ਭੇਜਿਆ ਜਾ ਰਿਹਾ ਹੈ।

## ਸ਼ਹੀਦ ਬਾਬਾ ਮੱਤੀ ਜੀ ਦਾ ਜਨਮ ਦਿਹਾੜਾ ਪਿੰਡ ਬੱਡਲਾ ਵਿਖੇ 15 ਨੂੰ ਮਨਾਇਆ ਜਾਵੇਗਾ

**ਆਦਮਪੁਰ ( ਪਰਮਜੀਤ ਸਿੰਘ)-** ਸ਼ਹੀਦ ਬਾਬਾ ਮੱਤੀ ਜੀ ਦਾ ਜਨਮ ਦਿਹਾੜਾ ਉਨ੍ਹਾਂ ਦੇ ਜੱਦੀ ਪਿੰਡ ਬੱਡਲਾ ਵਿਖੇ 15 ਜੁਲਾਈ ਨੂੰ ਬੜੀ ਸ਼ਰਧਾ ਨਾਲ ਮਨਾਇਆ ਜਾ ਰਿਹਾ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜਥੇਦਾਰ ਮਨੋਹਰ ਸਿੰਘ ਨੇ ਕਿਹਾ ਕਿ ਇਸ ਦੌਰਾਨ ਪੰਥ ਪ੍ਰਸਿੱਧ ਕੀਰਤਨੀ ਜਥਿਆਂ ਵੱਲੋਂ ਕੀਰਤਨ ਕਰ ਸੰਗਤਾਂ ਨੂੰ ਨਿਹਾਲ ਕੀਤਾ ਜਾਵੇਗਾ। 14 ਜੁਲਾਈ ਨੂੰ ਸੰਧਿਆ ਫੇਰੀ ਗੁਰਦੁਆਰਾ ਸ਼ਹੀਦ ਬਾਬਾ ਮੱਤੀ ਜੀ ਡਰੋਲੀ ਕਲਾਂ ਤੋਂ ਆਰੰਭ ਹੋ ਕੇ ਪਿੰਡ ਦੀ ਪਰਿਕਰਮਾ ਕਰਦੇ ਹੋਏ ਵਾਪਸ ਗੁਰਦੁਆਰਾ ਸ਼ਹੀਦ ਬਾਬਾ ਮਤੀ ਜੀ ਵਿਖੇ ਸਮਾਪਤ ਹੋਵੇਗੀ। ਇਸ ਮੌਕੇ ਅਟੁੱਟ ਲੰਗਰ ਵਰਤਾਏ ਜਾਣਗੇ ।

12 July Page 13.qxd 7/11/2025 10:36 PM Page 1



## 1 ਕਿਲੋ 120 ਗ੍ਰਾਮ ਹੈਰੋਇਨ ਸਮੇਤ 2 ਦੋਸ਼ੀ ਗ੍ਰਿਫ਼ਤਾਰ



**ਅਜਨਾਲਾ (ਸੁੱਖਤਿੰਦਰ ਸਿੰਘ ਰਾਜੂ)**- ਪੁਲਸ ਥਾਣਾ ਅਜਨਾਲਾ ਵੱਲੋਂ ਗਸ਼ਤ ਦੌਰਾਨ ਪਿੰਡ ਹਰੜ ਕਲਾਂ ਤੋਂ ਗੁਰਮੇਜ ਸਿੰਘ ਉਰਫ ਗੇਜਾ ਅਤੇ ਸੁਖਦੀਪ ਸਿੰਘ ਨੂੰ 01 ਕਿੱਲੋ 120 ਗ੍ਰਾਮ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਗਿਆ।ਇਸ ਸਬੰਧੀ ਡੀਐੱਸਪੀ ਅਜਨਾਲਾ ਗੁਰਵਿੰਦਰ ਸਿੰਘ ਨੇ ਦੱਸਿਆ ਕਿ ਮੁੱਖ ਅਫਸਰ ਥਾਣਾ ਅਜਨਾਲਾ ਦੀ ਅਗਵਾਈ ਵਿੱਚ ਪੁਲਸ ਦੀ ਇਕ ਗਸ਼ਤ ਪਾਰਟੀ ਗਸ਼ਤ ਸਬੰਧੀ ਪਿੰਡ ਗੁੱਝਾਪੀਰ ਚਮਿਆਰੀ ਤੋਂ ਹਰੜ ਕਲਾਂ ਆਦਿ ਨੂੰ ਜਾ ਰਹੀ ਸੀ ਕਿ ਜਦ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਪਿੰਡ ਹਰੜ ਕਲਾਂ ਪੁੱਜੀ ਤਾਂ ਸਾਹਮਣੇ ਦੋ ਸ਼ੱਕੀ ਨੌਜਵਾਨ ਖੜੇ ਦਿਖਾਈ ਦਿੱਤੇ ਜਿਨ੍ਹਾਂ ਦੀ ਸ਼ੱਕ ਦੇ ਆਧਾਰ ਤੇ ਜਦ ਚੈਕਿੰਗ ਕੀਤੀ ਗਈ ਤਾਂ ਉਨ੍ਹਾਂ ਪਾਸੋਂ 01 ਕਿੱਲੋ 120 ਗ੍ਰਾਮ ਬਰਾਮਦ ਹੋਈ ਜਿਸ ਸਬੰਧੀ ਥਾਣਾ ਅਜਨਾਲਾ ਵਿਖੇ ਐੱਨਡੀਪੀਐੱਸ ਐਕਟ ਤਹਿਤ ਮੁਕੱਦਮਾ ਦਰਜ ਕਰਕੇ ਤਫਤੀਸ਼ ਅਮਲ ਵਿੱਚ ਲਿਆਂਦੀ ਜਾ ਰਹੀ ਹੈ।ਗ੍ਰਿਫਤਾਰ ਦੋਸ਼ੀਆਂ ਦੇ ਫਾਰਵਰਡ ਅਤੇ ਬੈਕਵਰਡ ਲਿੰਕਾਂ ਨੂੰ ਚੰਗੀ ਤਰ੍ਹਾ ਖੰਗਾਲਿਆ ਜਾ ਰਿਹਾ ਹੈ ਅਤੇ ਹੋਰ ਜਿਸ ਕਿਸੇ ਦੀ ਵੀ ਸ਼ਮੂਲੀਅਤ ਸਾਹਮਣੇ ਉਸ ਖਿਲਾਫ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।ਇਸ ਤੋਂ ਇਲਾਵਾ ਦੋਸ਼ੀਆ ਦੀ ਕਾਲੀ ਕਮਾਈ ਨਾਲ ਬਣਾਈ ਪ੍ਰਾਪਰਟੀ ਨੂੰ ਤਸਦੀਕ ਕਰਵਾਇਆ ਜਾ ਰਿਹਾ ਹੈ ਅਤੇ ਜੇਕਰ ਅਜਿਹੀ ਕੋਈ ਵੀ ਪ੍ਰਾਪਰਟੀ ਸਾਹਮਣੇ ਆਉਦੀ ਹੈ ਤਾਂ ਉਸ ਨੂੰ ਤੁਰੰਤ ਫ੍ਰੀਜ਼ ਕਰਵਾਇਆ ਜਾਵੇਗਾ।

## ਘਾਹ ਮੰਡੀ ਚੌਕ 'ਚ ਕਰੀਬ 20 ਲੱਖ ਰੁਪਏ ਦੀ ਲਾਗਤ ਨਾਲ ਲਗਾਈਆਂ ਜਾਣਗੀਆਂ ਇੰਟਰਲਾਕ ਟਾਇਲਾਂ : ਈ ਟੀ ਓ

**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ):** ਕੈਬਿਨਟ ਮੰਤਰੀ ਸ: ਹਰਭਜਨ ਸਿੰਘ ਈਟੀਓ ਵੱਲੋਂ ਜੰਡਿਆਲਾ ਗੁਰੂ ਵਿਖੇ ਘਾਹ ਮੰਡੀ ਚੌਕ ਵਿਚ ਕਰੀਬ 20 ਲੱਖ ਰੁਪਏ ਦੀ ਲਾਗਤ ਨਾਲ ਲੱਗਣ ਵਾਲੀਆਂ ਇੰਟਰਲਾਕ ਟਾਇਲਾਂ ਦੇ ਕੰਮ ਦਾ ਨੀਂਹ ਪੱਥਰ ਰੱਖਿਆ। ਉਨ੍ਹਾਂ ਦੱਸਿਆ ਕਿ ਘਾਹ ਮੰਡੀ ਚੌਕ ਤੋਂ ਗੁੰਨੇਵਾਲ ਨੂੰ ਜਾਂਦੀ ਸੜਕ ਅਤੇ ਲੜਕੀਆਂ ਦੇ ਸਕੂਲ ਤੋਂ ਅੱਗੇ ਨੂੰ ਜਾਂਦੀ ਸੜਕ ਵੀ ਜਲਦੀ ਬਣਾਈ ਜਾ ਰਹੀ ਹੈ। ਸ: ਈਟੀਓ ਨੇ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਸਾਰੇ ਕੰਮ ਗੁਣਵੱਤਾ ਭਰਪੂਰ ਹੋਣੇ ਚਾਹੀਦੇ ਹਨ ਅਤੇ ਵਿਕਾਸ ਕਾਰਜਾਂ ਵਿਚ ਕੋਈ ਵੀ ਊਣਤਾਈ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਕੈਬਿਨਟ ਮੰਤਰੀ ਸ: ਹਰਭਜਨ ਸਿੰਘ ਨੇ ਦੱਸਿਆ ਕਿ ਸਾਡੀ ਸਰਕਾਰ ਦੀ ਵੱਡੀ ਪ੍ਰਾਪਤੀ ਹੈ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪੰਜਾਬ 'ਚ ਹਰ ਪਰਿਵਾਰ ਨੂੰ 10 ਲੱਖ ਤੱਕ ਦਾ ਸਾਲਾਨਾ ਮੁਫਤ ਇਲਾਜ ਦੀ ਸਹੂਲਤ ਦਿੱਤੀ ਹੈ। ਪੰਜਾਬ ਦਾ ਹਰ ਇੱਕ ਵਾਸੀ ਇਸ ਸਕੀਮ ਅਧੀਨ ਇਲਾਜ ਦੀ ਸਹੂਲਤ ਦਾ ਹੱਕਦਾਰ ਹੋਵੇਗਾ, ਬੱਚਾ ਹੋਵੇ ਜਾਂ ਬਜ਼ੁਰਗ ਜਾਂ ਕੋਈ ਬੇਸਹਾਰਾ। ਇਸ ਮੌਕੇ ਐੱਸ. ਐੱਸ. ਬੋਰਡ ਦੇ ਮੈਂਬਰ ਨਰੇਸ਼ ਪਾਠਕ, ਆਪ ਦੇ ਸ਼ਹਿਰੀ ਪ੍ਰਧਾਨ ਸਰਬਜੀਤ ਸਿੰਘ ਡਿੰਪੀ, ਸਤਿੰਦਰ ਸਿੰਘ, ਅਵਤਾਰ ਸਿੰਘ, ਤਜਿੰਦਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਇਲਾਕਾ ਨਿਵਾਸੀ ਹਾਜ਼ਰ ਸਨ।





## ਪਾਵਰਕਾਮ ਤੇ ਟਰਾਂਸਕੋ ਦੇ ਪੈਨਸ਼ਨਰਾਂ ਵੱਲੋਂ ਮੰਗਾਂ ਸਬੰਧੀ ਵਿਚਾਰ-ਵਟਾਂਦਰਾ

**ਗੁਰਦਾਸਪੁਰ (ਜਨਕ ਮਹਾਜਨ)**- ਪਾਵਰਕਾਮ ਤੇ ਟਰਾਸਕੋ ਦੇ ਪੈਨਸ਼ਨਰਾਂ ਦੀ ਮੀਟਿੰਗ ਸੁਰਿੰਦਰ ਪੱਪੂ ਸਹਾਇਕ ਸਕੱਤਰ ਮੰਡਲ ਗੁਰਦਾਸਪੁਰ ਦੀ ਪ੍ਰਧਾਨਗੀ ਹੇਠ ਪੁਰਾਣਾ ਸ਼ਾਲਾ 66 ਕੇ.ਵੀ. ਬਿਜਲੀ ਘਰ ਵਿਚ ਹੋਈ ਜਿਸ ਵਿਚ ਵਰ੍ਹਦੇ ਮੀਂਹ ਵਿਚ ਵੀ ਪੈਨਸ਼ਨਰਾਂ ਨੇ ਵੱਡੀ ਗਿਣਤੀ ਵਿਚ ਭਾਗ ਲਿਆ। ਇਸ ਮੀਟਿੰਗ ਵਿਚ ਦਰਸ਼ਨ ਸਿੰਘ ਬਾਜਵਾ, ਤਰਸੇਮ ਲਾਲ, ਮਾ. ਇੰਜ. ਜਗਤ ਸਿੰਘ, ਰਘਬੀਰ ਸਿੰਘ, ਸੁਰਿੰਦਰ ਪੱਪੂ ਆਦਿ ਬੁਲਾਰਿਆਂ ਨੇ ਵਧੀਕ ਨਿਗਰਾਨ ਇੰਜ. ਮੰਡਲ ਗੁਰਦਾਸਪੁਰ ਤੋਂ ਜ਼ੋਰਦਾਰ ਮੰਗ ਕੀਤੀ ਕਿ ਪਾਵਰਕਾਮ ਦੇ ਉਚ ਅਫ਼ਸਰਾਂ ਦੀਆਂ ਹਦਾਇਤਾਂ ਮੁਤਾਬਿਕ 2016-17 ਤੱਕ ਸੇਵਾ ਮੁਕਤ ਹੋਏ ਪੈਨਸ਼ਨਰਾਂ ਦੀਆਂ ਅਪ੍ਰੈਲ ਮਹੀਨੇ ਦੀਆਂ ਰਹਿੰਦੀਆਂ 2 ਕਿਸ਼ਤਾਂ ਜੁਲਾਈ ਮਹੀਨੇ ਵਿਚ ਹਰ ਹਾਲਤ ਵਿਚ ਪਾਈਆਂ ਜਾਣ ਅਤੇ ਲੀਵ ਇਨ ਕੈਸ਼ਮੈਂਟ ਦੀ ਰਕਮ ਵੀ ਤੁਰੰਤ ਜਾਰੀ ਕੀਤੀ ਜਾਵੇ ਤਾਂ ਜੋ ਪੈਨਸ਼ਨਰਾਂ ਵਿਚ ਪਾਇਆ ਜਾ ਰਿਹਾ ਰੋਹ ਦੂਰ ਹੋ ਸਕੇ। ਉਕਤ ਬੁਲਾਰਿਆਂ ਨੇ ਮੁੱਖ ਮੰਤਰੀ ਪੰਜਾਬ ਅਤੇ ਚੇਅਰਮੈਨ ਪਾਵਰਕਾਮ ਤੋਂ ਮੰਗ ਕੀਤੀ ਕਿ ਪੈਨਸ਼ਨਰਾਂ ਦੇ ਬਕਾਏ ਯਕਮੁਸਤ ਦਿੱਤੇ ਜਾਣ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਖਵਿੰਦਰ ਸਿੰਘ, ਸਤਨਾਮ ਸਿੰਘ, ਸੁਖਜੀਤ ਸਿੰਘ, ਪੂਰਨ ਸਿੰਘ, ਸੁਰਜੀਤ ਸਿੰਘ ਭੱਟੀਆਂ, ਦਰਸ਼ਨ ਸਿੰਘ, ਸੁੱਖਾ ਸਿੰਘ, ਕਿਰਪਾਲ ਸਿੰਘ, ਗੁਰਦੀਪ ਸਿੰਘ ਸੈਣੀ, ਦਿਆਲ ਸਿੰਘ, ਹੀਰਾ ਸਿੰਘ, ਤਸਵੀਰ ਸਿੰਘ ਆਦਿ ਹਾਜ਼ਰ ਸਨ।

## ਲਖਨਪੁਰ ਵਿਖੇ ਮਾਲ ਗੱਡੀ ਦੇ ਇੰਜਣ ਸਮੇਤ 3 ਡੱਬੇ ਪਟੜੀ ਤੋਂ ਉਤਰੇ

**ਪਠਾਨਕੋਟ (ਦਵਿੰਦਰ ਸਿੰਘ)**- ਜੰਮੂ-ਕਸ਼ਮੀਰ ਤੋਂ ਪੰਜਾਬ ਦੇ ਪਠਾਨਕੋਟ ਵੱਲ ਆ ਰਹੀ ਇੱਕ ਮਾਲ ਗੱਡੀ ਵੀਰਵਾਰ ਸਵੇਰੇ ਲਖਨਪੁਰ ਨੇੜੇ ਪਟੜੀ ਤੋਂ ਉਤਰ ਗਈ। ਹਾਦਸੇ ਵਿੱਚ ਰੇਲਗੱਡੀ ਦਾ ਇੰਜਣ ਅਤੇ ਤਿੰਨ ਡੱਬੇ ਪਟੜੀ ਤੋਂ ਉਤਰ ਗਏ। ਖੁਸ਼ਕਿਸਮਤੀ ਨਾਲ ਇਹ ਇੱਕ ਮਾਲ ਗੱਡੀ ਸੀ। ਇਸ ਲਈ ਕੋਈ ਜਾਨੀ ਨੁਕਸਾਨ ਨਹੀਂ ਹੋਇਆ। ਰੇਲਵੇ ਵਿਭਾਗ ਤੋਂ ਪ੍ਰਾਪਤ ਜਾਣਕਾਰੀ ਅਨੁਸਾਰ, ਭਾਰੀ ਬਾਰਸ਼ ਕਾਰਨ ਪਟੜੀ ਦੇ ਹੇਠਾਂ ਮਿੱਟੀ ਅਤੇ ਪੱਥਰ ਖਿਸਕ ਗਏ ਹਨ, ਜਿਸ ਕਾਰਨ ਇਹ ਰੇਲਵੇ ਲਾਈਨ ਥੋੜ੍ਹੀ ਜਿਹੀ ਖਰਾਬ ਹੋ ਗਈ ਹੈ। ਇਸ ਕਾਰਨ ਰੇਲਗੱਡੀ ਦਾ ਸੰਤੁਲਨ ਵਿਗੜ ਗਿਆ ਅਤੇ ਇਹ ਪਟੜੀ ਤੋਂ ਉਤਰ ਗਈ। ਇਸ ਕਾਰਨ ਮਾਲਵਾ ਐਕਸਪ੍ਰੈਸ, ਸਰਵੋਦਿਆ ਐਕਸਪ੍ਰੈਸ ਵਰਗੀਆਂ 4 ਯਾਤਰੀ ਗੱਡੀਆਂ ਵੀ ਰਸਤੇ ਵਿੱਚ ਫਸੀਆਂ ਰਹੀਆਂ।



## ਬੋਪਾਰਾਏ ਤੇ ਸਾਧਪੁਰ ਵੱਲੋਂ ਤਲਬੀਰ ਗਿੱਲ ਦਾ ਸਨਮਾਨ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਹਲਕਾ ਮਜੀਠਾ ਦੇ ਨਵ-ਨਿਯੁਕਤ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਨੂੰ ਹਲਕਾ ਮਜੀਠਾ ਨਾਲ ਸੰਬੰਧਤ ਸਰਪੰਚ ਬਲਵੀਰ ਸਿੰਘ ਬੋਪਾਰਾਏ ਪ੍ਰਧਾਨ ਕਿਸਾਨ ਵਿੰਗ ਆਮ ਆਦਮੀ ਪਾਰਟੀ ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ ਅਤੇ ਬਲਾਕ ਤਰਸਿੱਕਾ ਦੇ ਪ੍ਰਧਾਨ ਤਰਵਿੰਦਰ ਸਿੰਘ ਸਾਧਪੁਰ ਵਲੋਂ ਸਿਰੋਪੇ ਪਾ ਕੇ ਸਨਮਾਨਤ ਕੀਤਾ।ਇਸ ਦੌਰਾਨ ਬਲਬੀਰ ਸਿੰਘ ਬੋਪਾਰਾਏ ਅਤੇ ਧਰਵਿੰਦਰ ਸਿੰਘ ਸਾਧਪੁਰ ਨੇ ਕਿਹਾ ਕਿ ਪਾਰਟੀ ਹਾਈ ਕਮਾਂਡ ਵੱਲੋਂ ਹਲਕਾ ਮਜੀਠਾ ਦੀ ਕਮਾਨ ਨਿਧੜਕ ਆਗੂ ਤਲਬੀਰ ਸਿੰਘ ਗਿੱਲ ਨੂੰ ਸੌਂਪਣ ਤੋਂ ਬਾਅਦ ਹਲਕੇ ਦੇ ਲੋਕਾਂ ਤੇ ਪਾਰਟੀ ਵਰਕਰਾਂ ਵਿਚ ਖੁਸ਼ੀ ਦੀ ਲਹਿਰ ਹੈ।



## ਪ੍ਰਸ਼ਾਸਨ ਕਿਸਾਨਾਂ ਦੀਆਂ ਮੁਸ਼ਕਲਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰੇਗਾ : ਡਿਪਟੀ ਕਮਿਸ਼ਨਰ

**ਅੰਮ੍ਰਿਤਸਰ (ਨਰਿੰਦਰ ਜੀਤ ਸਿੰਘ)**- ਜ਼ਿਲ੍ਹਾ ਪ੍ਰਸ਼ਾਸਨ ਕਿਸਾਨਾਂ ਦੀਆਂ ਮੁਸ਼ਕਲਾਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕਰਨ ਲਈ ਵਚਨਬੱਧ ਹੈ ਅਤੇ ਕਿਸਾਨਾਂ ਨੂੰ ਕਿਸੇ ਵੀ ਕਿਸਮ ਦੀ ਕੋਈ ਮੁਸ਼ਕਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਪੰਜਾਬ ਬਾਰਡਰ ਕਿਸਾਨ ਯੂਨੀਅਨ ਦੇ ਆਗੂਆਂ ਨਾਲ ਮੀਟਿੰਗ ਕਰਨ ਉਪਰੰਤ ਕੀਤਾ।ਪੰਜਾਬ ਬਾਰਡਰ ਕਿਸਾਨ ਯੂਨੀਅਨ ਦੇ ਆਗੂਆਂ ਨੇ ਡਿਪਟੀ ਕਮਿਸ਼ਨਰ ਦੇ ਧਿਆਨ ਵਿੱਚ ਆਪਣੀਆਂ ਵੱਖ ਵੱਖ ਮੰਗਾਂ ਸਬੰਧੀ ਵਿਚਾਰ ਚਰਚਾ ਕੀਤੀ।ਡਿਪਟੀ ਕਮਿਸ਼ਨਰ ਨੇ ਯੂਨੀਅਨ ਨੂੰ ਵਿਸ਼ਵਾਸ ਦਿਵਾਇਆ ਕਿ ਤੁਹਾਡੀਆਂ ਮੰਗਾਂ 'ਤੇ ਪ੍ਰਸ਼ਾਸਨ ਵੱਲੋਂ ਪਹਿਲਕਦਮੀ ਸ਼ੁਰੂ ਕਰ ਦਿੱਤੀ ਗਈ ਹੈ।ਪੰਜਾਬ ਬਾਰਡਰ ਕਿਸਾਨ ਯੂਨੀਅਨ ਦੇ ਆਗੂਆਂ ਨੇ ਡਿਪਟੀ ਕਮਿਸ਼ਨਰ ਦੇ ਧਿਆਨ ਵਿੱਚ ਆਪਣੀਆਂ ਹੋਰ ਮੰਗਾਂ ਜਿਵੇਂ ਕਿ ਕੰਡਿਆਲੀ ਤਾਰ ਤੋਂ ਪਾਰ ਬਿਜਲੀ ਦੀ ਸਮੱਸਿਆ, ਧੁੱਸੀ ਬੰਨ੍ਹ ਬਣਾਉਣ ਤੋਂ ਬਾਅਦ ਮੁਆਵਜ਼ਾ ਨਾ ਮਿਲਣ ਦੀ ਸਮੱਸਿਆ, ਸਰਹੱਦੀ ਪਿੰਡਾਂ ਵਿੱਚ ਖਸਤਾ ਪੁਲ, ਕੰਡਿਆਲੀ ਤਾਰ ਤੋਂ ਪਾਰ ਜੰਗਲੀ ਜਾਨਵਰਾਂ ਦੀ ਸਮੱਸਿਆ, ਘਰਾਂ ਤੋਂ ਲੰਘਦੀਆਂ 11000 ਵੋਲਟੇਜ ਤਾਰਾਂ ਦੀ ਸਮੱਸਿਆ ਅਤੇ ਸਰਹੱਦੀ ਪਿੰਡਾਂ ਦੇ ਹਸਪਤਾਲਾਂ ਵਿੱਚ ਡਾਕਟਰਾਂ ਦੀ ਘਾਟ ਬਾਰੇ ਦੱਸਿਆ ਗਿਆ। ਡਿਪਟੀ ਕਮਿਸ਼ਨਰ ਨੇ ਪੰਜਾਬ ਬਾਰਡਰ ਕਿਸਾਨ ਯੂਨੀਅਨ ਦੇ ਆਗੂਆਂ ਨੂੰ ਭਰੋਸਾ ਦਿੱਤਾ ਕਿ ਤੁਹਾਡੀਆਂ ਜੋ ਵੀ ਜਾਇਜ਼ ਮੰਗਾਂ ਹਨ, ਨੂੰ ਪਹਿਲ ਦੇ ਅਧਾਰ 'ਤੇ ਹੱਲ ਕੀਤਾ ਜਾਵੇਗਾ।ਡਿਪਟੀ ਕਮਿਸ਼ਨਰ ਨੇ ਮੌਕੇ 'ਤੇ ਹੀ ਬੀ ਐੱਸ ਐੱਫ ਦੇ ਅਧਿਕਾਰੀਆਂ ਨੂੰ ਕਿਹਾ ਕਿ ਉਹ ਕਿਸਾਨਾਂ ਨਾਲ ਕੰਡਿਆਲੀ ਤਾਰ ਤੋਂ ਪਾਰ ਜੋ ਵੀ ਖੇਤੀ ਕਰਨ ਸਮੇਂ ਮੁਸ਼ਕਲਾਂ ਹਨ, ਨੂੰ ਦੂਰ ਕਰਨ ਲਈ ਮੀਟਿੰਗ ਕਰਨ ਅਤੇ ਇਨ੍ਹਾਂ ਦੀਆਂ ਮੁਸ਼ਕਲਾਂ ਦਾ ਸਮਾਂਬੱਧ ਹੱਲ ਕੀਤਾ ਜਾਵੇ। ਡਿਪਟੀ ਕਮਿਸ਼ਨਰ ਨੇ ਪੀ ਐਸ ਪੀ ਸੀ ਐਲੇ ਅਧਿਕਾਰੀਆਂ ਨੂੰ ਨਿਰਦੇਸ਼ ਦਿੰਦਿਆਂ ਕਿਹਾ ਕਿ ਘਰਾਂ ਉਪਰੋਂ ਨਿਕਲਣ ਵਾਲੀਆਂ 11000 ਵੋਲਟੇਜ ਤਾਰਾਂ ਨੂੰ ਸਾਈਡ 'ਤੇ ਕੀਤਾ ਜਾਵੇ ਅਤੇ ਕਿਸਾਨਾਂ ਨੂੰ ਸਰਕਾਰ ਦੀ ਪਾਲਿਸੀ ਮੁਤਾਬਿਕ ਸਵੇਰੇ 9 ਤੋਂ ਸ਼ਾਮ 5 ਵਜੇ ਤੱਕ ਖੇਤੀ ਲਈ ਬਿਜਲੀ ਮੁਹੱਈਆ ਕਰਵਾਈ ਜਾਵੇ। ਉਨ੍ਹਾਂ ਨੇ ਮੰਡੀ ਬੋਰਡ ਦੇ ਅਧਿਕਾਰੀਆਂ ਨੂੰ ਵੀ ਕਿਹਾ ਕਿ ਸਰਹੱਦੀ ਪਿੰਡਾਂ ਵਿੱਚ ਜਿਥੇ ਖਸਤਾ ਹਾਲਤ ਵਾਲੇ ਪੁਲ ਹਨ, ਨੂੰ ਨਵੇਂ ਸਿਰਿਓਂ ਬਣਾਉਣ ਲਈ ਕਾਰਵਾਈ ਸ਼ੁਰੂ ਕੀਤੀ ਜਾਵੇ। ਇਸ ਮੀਟਿੰਗ ਵਿੱਚ ਐੱਸ ਡੀ ਐੱਮ ਅਜਨਾਲਾ ਰਵਿੰਦਰ ਸਿੰਘ ਅਰੋੜਾ, ਐਸ ਡੀ ਐਮ ਲੋਪੋਕੇ ਸੰਜੀਵ ਸ਼ਰਮਾ, ਜ਼ਿਲ੍ਹਾ ਮਾਲ ਅਫਸਰ ਨਵਕੀਰਤ ਸਿੰਘ ਰੰਧਾਵਾ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ ਸੰਦੀਪ ਮਲਹੋਤਰਾ, ਜ਼ਿਲ੍ਹਾ ਜੰਗਲਾਤ ਅਧਿਕਾਰੀ ਰਾਜੇਸ਼ ਕੁਮਾਰ, ਪੰਜਾਬ ਬਾਰਡਰ ਕਿਸਾਨ ਯੂਨੀਅਨ ਦੇ ਆਗੂ ਕੁਲਦੀਪ ਸਿੰਘ, ਬਲਬੀਰ ਸਿੰਘ, ਮਲਕੀਤ ਸਿੰਘ, ਜਸਬੀਰ ਸਿੰਘ, ਪਲਵਿੰਦਰ ਸਿੰਘ ਤੋਂ ਇਲਾਵਾ ਵੱਖ -ਵੱਖ ਵਿਭਾਗਾਂ ਦੇ ਅਧਿਕਾਰੀ ਵੀ ਹਾਜ਼ਰ ਸਨ।



## ਜਲਣਸ਼ੀਲ ਪਦਾਰਥਾਂ ਦੀ ਵਰਤੋਂ, ਰੋਸ ਰੈਲੀਆਂ ਅਤੇ ਧਰਨਿਆਂ 'ਤੇ ਪਾਬੰਦੀ

**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**- ਵਧੀਕ ਜ਼ਿਲ੍ਹਾ ਮੈਜਿਸਟਰੇਟ ਅੰਮ੍ਰਿਤਸਰ ਅਮਨਦੀਪ ਕੌਰ ਨੇ ਭਾਰਤੀ ਨਾਗਰਿਕ ਸੁਰੱਖਿਆ ਸਹਿੰਤਾ, 2023 ਦੀ ਧਾਰਾ 163 ਬੀ.ਐਨ.ਐਸ.ਐਸ. ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਜ਼ਿਲ੍ਹਾ ਪੁਲਸ ਮੁਖੀ, ਅੰਮ੍ਰਿਤਸਰ (ਦਿਹਾਤੀ) ਦੇ ਅਧਿਕਾਰ ਖੇਤਰ ਵਿੱਚ ਪੈਂਦੇ ਥਾਣਿਆਂ ਅਧੀਨ ਪਿੰਡਾਂ ਕਸਬਿਆਂ ਵਿੱਚ ਪੰਜ ਜਾਂ ਇਸ ਤੋਂ ਵੱਧ ਵਿਅਕਤੀਆਂ ਦੇ ਇਕੱਠੇ ਹੋਣ, ਰੋਸ ਰੈਲੀਆਂ, ਧਰਨਾ ਦੇਣ, ਮੀਟਿੰਗਾਂ ਕਰਨ, ਨਾਹਰੇ ਮਾਰਨ ਜਾਂ ਲਗਾਉਣ ਅਤੇ ਵਿਖਾਵਾ ਕਰਨ 'ਤੇ ਮੁਕੰਮਲ ਪਾਬੰਦੀ ਲਗਾਉਣ ਦਾ ਹੁਕਮ ਜਾਰੀ ਕੀਤਾ ਹੈ।ਜਾਰੀ ਹੁਕਮ ਵਿਚ ਕਿਹਾ ਹੈ ਕਿ ਉਹਨਾਂ ਦੇ ਧਿਆਨ ਵਿਚ ਆਇਆ ਹੈ ਕਿ ਜ਼ਿਲ੍ਹਾ ਅੰਮ੍ਰਿਤਸਰ ਵਿਚ ਕੁੱਝ ਰਾਜਨੀਤਿਕ ਜਥੇਬੰਦੀਆਂ ਜ਼ਿਲ੍ਹਾ ਪੱਧਰ 'ਤੇ ਰੋਸ, ਧਰਨੇ ਰੈਲੀਆਂ ਅਤੇ ਮੁਜ਼ਾਹਰੇ ਕਰਨ ਦੀਆਂ ਯੋਜਨਾਵਾਂ ਬਣਾ ਰਹੀਆਂ ਹਨ ਅਤੇ ਲੋਕਾਂ ਦੀਆਂ ਭਾਵਨਾਵਾਂ ਨੂੰ ਉਤੇਜਿਤ ਕਰਨ ਦੀ ਕੋਸ਼ਿਸ਼ ਕਰ ਰਹੀਆਂ ਹਨ, ਜਿਸ ਨਾਲ ਸਰਕਾਰੀ ਅਤੇ ਗੈਰ-ਸਰਕਾਰੀ ਸੰਪਤੀ/ਜਾਇਦਾਦ ਦਾ ਨੁਕਸਾਨ ਹੋਣ ਅਤੇ ਅਮਨ ਅਤੇ ਕਾਨੂੰਨ ਦੀ ਸਥਿਤੀ ਵਿਗੜਨ ਦਾ ਡਰ ਬਣਿਆ ਰਹਿੰਦਾ ਹੈ। ਇਸ ਲਈ ਅਮਨ ਅਤੇ ਕਾਨੂੰਨ ਦੀ ਸਥਿਤੀ ਠੀਕ ਬਣਾਏ ਰੱਖਣ ਅਤੇ ਲੋਕਾਂ ਦੀ ਜਾਨ-ਮਾਲ ਦੀ ਰਾਖੀ ਕਰਨ ਵਾਸਤੇ ਤੇਜ਼ੀ ਨਾਲ ਉਪਰਾਲੇ ਕਰਨ ਦੀ ਲੋੜ ਹੈ।ਵਧੀਕ ਜ਼ਿਲ੍ਹਾ ਮੈਜਿਸਟਰੇਟ ਅੰਮ੍ਰਿਤਸਰ ਸ੍ਰੀਮਤੀ ਅਮਨਦੀਪ ਕੌਰ ਨੇ ਅਸਲ੍ਹਾ ਭੰਡਾਰ ਬਿਆਸ ਦੇ ਆਲੇ-ਦੁਆਲੇ 1000 ਵਰਗ ਗਜ਼ ਦੇ ਖੇਤਰ ਵਿਚ ਲੋਕਾਂ ਦੁਆਰਾ ਜਲਣਸ਼ੀਲ ਪਦਾਰਥਾਂ ਦੀ ਵਰਤੋਂ ਕਰਨ ਅਤੇ ਅਣਅਧਿਕਾਰਤ ਉਸਾਰੀਆਂ 'ਤੇ ਮੁਕੰਮਲ ਪਾਬੰਦੀ ਲਗਾਉਣ ਦੇ ਹੁਕਮ ਜਾਰੀ ਕੀਤੇ ਹਨ।ਇਹ ਹੁਕਮ 6 ਅਕਤੂਬਰ ਤੱਕ ਲਾਗੂ ਰਹੇਗਾ।



## ਕਿਉਂ ਨਹੀ ਵਰਤੇ ਜਾਂਦੇ ਵਿਭਾਗ ਵੱਲੋਂ ਤਾਕੀਦ ਕੀਤੇ ਲਿਫਾਫੇ ?

**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**- ਕੁਝ ਮਹੀਨੇ ਪਹਿਲਾਂ ਇੱਕ ਛੋਲੇ ਕੁਲਚੇ ਵਾਲੇ ਵਲੋਂ ਲੋਕਾਂ ਨੂੰ ਗੰਦਾ ਖਾਣ ਖਵਾਉਣ ਦਾ ਮਾਮਲਾ ਇਕ ਪੱਤਰਕਾਰ ਵਲੋਂ ਸੋਸ਼ਲ ਮੀਡੀਆ 'ਤੇ ਚੁੱਕੇ ਜਾਣ 'ਤੇ ਵੱਖ ਵੱਖ ਅਖਬਾਰਾਂ ਵੱਲੋਂ ਇਸ ਸਬੰਧੀ ਖਬਰਾਂ ਪ੍ਰਕਾਸ਼ਿਤ ਹੋਣ 'ਤੇ ਫੂਡ ਸੇਫਟੀ ਵਾਲੇ ਹਰਕਤ ਵਿਚ ਆਏ ਸਨ ਪਰ ਅੱਜ ਫਿਰ ਹਾਲਾਤ ਉਹੀ ਹਨ। ਗੋਇੰਦਵਾਲ ਸਾਹਿਬ ਕਸਬੇ ਵਿਚ ਗੁਰਦੁਆਰਾ ਸਾਹਿਬ ਦੇ ਨਜ਼ਦੀਕ ਇਕ ਦੁਕਾਨਦਾਰ ਵੱਲੋਂ ਪੁਰਾਣੀ ਰੱਦੀ ਦੇ ਕਾਗਜ਼ਾਂ ਵਿਚ ਸਮੋਸੇ ਵੇਚਣ ਦਾ ਮਾਮਲਾ ਸਾਹਮਣੇ ਆਇਆ।ਉਕਤ ਦੁਕਾਨਦਾਰ ਕੋਲ ਜਿਹੜੇ ਮੁੰਡੇ ਕੰਮ ਕਰਦੇ ਹਨ ਜਿਥੇ ਉਹ ਸਮੋਸੇ ਬਣ ਰਹੇ ਹੁੰਦੇ ਹਨ ਉਨ੍ਹਾਂ ਦੇ ਸਿਰ ਵੀ ਨੰਗੇ ਹੁੰਦੇ ਹਨ।ਗੰਦੇ ਕਾਗਜ਼ਾਂ ਵਿਚ ਧੜੱਲੇ ਨਾਲ ਸਮਾਨ ਵੇਚਣ ਵਾਲੇ ਇਹ ਲੋਕ ਪਤਾ ਨਹੀਂ ਫੂਡ ਸੇਫਟੀ ਵਾਲਿਆਂ ਨੂੰ ਆਖਰ ਕਿਉਂ ਨਜ਼ਰ ਨਹੀਂ ਆਉਂਦੇ? ਜਿਨ੍ਹਾਂ ਕਾਗਜ਼ਾਂ ਵਿਚ ਇਹ ਸਮੋਸੇ ਪੈਕ ਕਰਦਾ ਹੈ ਉਸ 'ਤੇ ਲੱਗੀ ਸਿਆਹੀ ਖਤਰਨਾਕ ਕੈਮੀਕਲ ਹੈ ਜਿਹੜਾ ਇਸ ਸਮਾਨ ਨਾਲ ਲੱਗ ਕੇ ਲੋਕਾਂ ਦੇ ਪੇਟ ਵਿਚ ਜਾਂਦਾ ਹੈ ਜੋ ਭਵਿੱਖ ਵਿਚ ਕਿਸੇ ਬਿਮਾਰੀ ਦਾ ਕਾਰਨ ਵੀ ਜ਼ਰੂਰ ਬਣਦਾ ਹੋਵੇਗਾ। ਦੇਖਣਾ ਇਹ ਹੋਵੇਗਾ ਕਿ ਫੂਡ ਸੇਫਟੀ ਵਾਲੇ ਅਜਿਹੇ ਲੋਕਾਂ ਨੂੰ ਕਿਵੇਂ ਲੋਕਾਂ ਦੀ ਜਾਨ ਨਾਲ ਖੇਡਣ ਤੋਂ ਰੋਕਦੇ ਹਨ।



## ਸਰਕਾਰੀ ਬਹੁ-ਤਕਨੀਕੀ ਕਾਲਜ ਦੀਨਾਨਗਰ ਵਿਖੇ ਦਾਖਲੇ ਸੰਬੰਧੀ ਦੂਜੀ ਕਾਊਂਸਲਿੰਗ ਸ਼ੁਰੂ

**ਦੀਨਾਨਗਰ/ਗੁਰਦਾਸਪੁਰ (ਬਲਵਿੰਦਰ ਸਿੰਘ ਬਿੱਲਾ)**- ਪੰਜਾਬ ਰਾਜ ਤਕਨੀਕੀ ਸਿੱਖਿਆ ਬੋਰਡ, ਚੰਡੀਗੜ੍ਹ ਵੱਲੋਂ ਜਾਰੀ ਦਾਖਲਾ ਨੋਟਿਸ ਅਨੁਸਾਰ ਸਰਕਾਰੀ ਬਹੁਤਕਨੀਕੀ ਕਾਲਜ, ਦੀਨਾਨਗਰ ਵਿਖੇ ਸੈਸ਼ਨ 2025-26 ਦੇ ਦਾਖ਼ਲਿਆਂ ਲਈ ਦੂਜੀ ਕਾਊਂਸਲਿੰਗ 02-07-2025 ਤੋਂ ਸ਼ੁਰੂ ਹੋ ਚੁੱਕੀ ਹੈ।ਪਹਿਲੀ ਕਾਊਂਸਲਿੰਗ ਵਿਚ ਡਿਪਲੋਮਾ ਕੋਰਸਾਂ ਵਿਚ ਜਿਹੜੀਆਂ ਸੀਟਾਂ ਖ਼ਾਲੀ ਰਹਿ ਗਈਆਂ ਹਨ, ਉਨ੍ਹਾਂ ਲਈ ਅਰਜ਼ੀਆਂ ਦੀ ਮੰਗ ਕੀਤੀ ਜਾ ਰਹੀ ਹੈ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸਰਕਾਰੀ ਬਹੁਤਕਨੀਕੀ ਕਾਲਜ ਦੀਨਾਨਗਰ ਦੇ ਪ੍ਰਿੰ. ਇੰਜੀਨੀਅਰ ਵਿਜੈ ਥਾਪਾ ਨੇ ਦੱਸਿਆ ਕਿ ਕਾਲਜ ਵੱਲੋਂ ਵਿਦਿਆਰਥੀਆਂ ਅਤੇ ਮਾਪਿਆਂ ਦੀ ਸਹੂਲਤ ਲਈ ਕਾਲਜ ਵਿਚ ਦਾਖਲਾ ਸੈੱਲ ਦਾ ਗਠਨ ਕੀਤਾ ਗਿਆ ਹੈ, ਜਿਸ ਦਾ ਉਦੇਸ਼ ਵਿਦਿਆਰਥੀਆਂ ਦੀ ਦਾਖ਼ਲੇ ਲਈ ਰਜਿਸਟ੍ਰੇਸ਼ਨ, ਕੋਰਸ ਦੀ ਚੋਣ ਕਰਨ ਵਿਚ ਸਹਾਇਤਾ ਅਤੇ ਫ਼ੀਸਾਂ ਸਬੰਧੀ ਵਿਸਥਾਰ ਪੂਰਵਕ ਜਾਣਕਾਰੀ ਪ੍ਰਦਾਨ ਕਰਵਾਉਣਾ ਹੈ।ਉਨ੍ਹਾਂ ਦੱਸਿਆ ਕਿ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਅਨੁਸੂਚਿਤ ਜਾਤੀ, ਪੱਛੜੀਆਂ ਸ਼੍ਰੇਣੀਆਂ, ਘੱਟ ਗਿਣਤੀ ਵਰਗ ਆਦਿ ਦੇ ਵਿਦਿਆਰਥੀਆਂ ਲਈ ਫ਼ੀਸ ਵਿਚ ਵਿਸ਼ੇਸ਼ ਛੋਟ ਦਿੱਤੀ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਅਨੁਸੂਚਿਤ ਜਾਤੀਆਂ ਦੇ 2.50 ਲੱਖ ਤੱਕ ਪਰਿਵਾਰਕ ਆਮਦਨ ਵਾਲੇ ਵਿਦਿਆਰਥੀਆਂ ਵਾਸਤੇ ਪੂਰੇ ਕੋਰਸ ਲਈ 1683 ਰੁਪਏ ਫ਼ੀਸ, ਜਨਰਲ ਅਤੇ ਹੋਰ ਵਰਗਾਂ ਦੇ ਵਿਦਿਆਰਥੀਆਂ ਲਈ ਮੁੱਖ ਮੰਤਰੀ ਵਜ਼ੀਫ਼ਾ ਯੋਜਨਾ ਤਹਿਤ ਵਿਦਿਆਰਥੀਆਂ ਨੂੰ ਯੋਗਤਾ ਪ੍ਰੀਖਿਆ ਵਿਚ 60 ਫ਼ੀਸਦੀ ਤੋਂ 100 ਫ਼ੀਸਦੀ ਤੱਕ ਪ੍ਰਤੀ ਸਮੈਸਟਰ ਟਿਊਸ਼ਨ ਫ਼ੀਸ ਛੂਟ ਪ੍ਰਾਪਤ ਕਰ ਸਕਦੇ ਹਨ।



## ਦਾਲਾਂ ਪ੍ਰੋਟੀਨ ਦੀ ਲੋੜ ਨੂੰ ਭਰਪੂਰ ਮਾਤਰਾ 'ਚ ਪੂਰਾ ਕਰਦੀਆਂ : ਡਾ. ਭੁਪਿੰਦਰ ਸਿੰਘ ਏ ਓ

**ਪੱਟੀ (ਬਲਦੇਵ ਸਿੰਘ ਸੰਧੂ)**- ਸੰਤੁਲਿਤ ਖੁਰਾਕ ਵਿੱਚ ਮੁੱਖ ਤੌਰ 'ਤੇ ਕਾਰਬੋਹਾਈਡ੍ਰੇਟ, ਪ੍ਰੋਟੀਨ, ਚਰਬੀ, ਵਿਟਾਮਿਨ ਅਤੇ ਖਣਿਜ ਪਦਾਰਥ ਹੁੰਦੇ ਹਨ।ਇਨਾਂ ਵਿੱਚੋਂ ਕਾਰਬੋਹਾਈਡ੍ਰੇਟ, ਪ੍ਰੋਟੀਨ ਅਤੇ ਚਰਬੀ ਦੀ ਸਰੀਰ ਨੂੰ ਵੱਧ ਲੋੜ ਪੈਂਦੀ ਹੈ, ਕਿਉਂਕਿ ਸਰੀਰ ਨੂੰ ਚੱਲਦਾ ਰੱਖਣ ਲਈ ਇਨਾਂ ਤੋਂ ਹੀ ਸ਼ਕਤੀ ਮਿਲਦੀ ਹੈ।ਇਨਾਂ ਤਿੰਨ ਪੌਸ਼ਟਿਕ ਤੱਤਾਂ ਵਿੱਚੋਂ ਪ੍ਰੋਟੀਨ ਸਰੀਰ ਲਈ ਉਵੇਂ ਜ਼ਰੂਰੀ ਹੈ, ਜਿਵੇਂ ਕਿਸੇ ਮਕਾਨ ਦੀ ਉਸਾਰੀ ਲਈ ਇੱਟਾਂ ਦੀ ਜ਼ਰੂਰਤ। ਸਰੀਰ ਦੇ ਹਰ ਸੈੱਲ ਦੇ ਹਰ ਹਿੱਸੇ-ਪੱਠੇ, ਹੱਡੀਆਂ, ਖੂਨ, ਦਿਮਾਗ, ਚਮੜੀ ਅਤੇ ਵਾਲਾਂ ਵਿੱਚ ਪ੍ਰੋਟੀਨ ਹੁੰਦੇ ਹਨ।ਪ੍ਰੋਟੀਨ ਤੋਂ ਬਿਨਾਂ ਸਰੀਰ ਦੀਆਂ ਕਿਰਿਆਵਾਂ ਨਹੀਂ ਹੋ ਸਕਦੀਆਂ ਅਤੇ ਜੀਵਨ ਗਤੀਹੀਨ ਹੋ ਜਾਂਦਾ ਹੈ। ਮਾਸ, ਮੱਛੀ, ਆਂਡਾ ਅਤੇ ਦੁੱਧ ਆਦਿ ਪਸ਼ੂ ਪ੍ਰੋਟੀਨ ਤੋਂ ਇਲਾਵਾ ਦਾਲਾਂ ਬਨਸਪਤੀ ਪ੍ਰੋਟੀਨ ਦਾ ਸੋਮਾ ਹਨ।ਦਾਲਾਂ ਪ੍ਰੋਟੀਨ ਤੋਂ ਇਲਾਵਾ ਫਾਈਬਰ, ਵਿਟਾਮਿਨ- ਥਾਇਆਮੀਨ ਅਤੇ ਫੋਲਿਕ ਐਸਿਡ ਦਾ ਵੀ ਉੱਤਮ ਸਰੋਤ ਹਨ। ਡਾ. ਭੁਪਿੰਦਰ ਸਿੰਘ ਬਲਾਕ ਖੇਤੀਬਾੜੀ ਅਫਸਰ ਪੱਟੀ ਨੇ ਦੱਸਿਆ ਕਿ ਦਾਲਾਂ ਖਾਸ ਤੌਰ 'ਤੇ ਸਾਉਣੀ ਦੀ ਮੂੰਗੀ ਜਿੱਥੇ ਘੱਟ ਸਿੰਚਾਈ, ਖਾਦ ਨਾਲ ਹੋ ਜਾਂਦੀ ਹੈ, ਉੱਥੇ ਅਗਲੀ ਬੀਜੀ ਜਾਣ ਵਾਲੀ ਫਸਲ- ਕਣਕ, ਤੇਲ ਬੀਜ, ਆਲੂ, ਮਟਰ ਆਦਿ ਲਈ ਵੀ ਰਸਾਇਣਿਕ ਖਾਦ ਦੀ ਵਰਤੋਂ ਘੱਟ ਕਰਨ ਲਈ ਸਹਾਈ ਹੈ। ਦਾਲਾਂ ਦੀ ਮਹੱਤਤਾ ਨੂੰ ਸਮਝਦਿਆਂ ਇਸ ਨੂੰ ਖੁਰਾਕ ਵਿੱਚ ਸ਼ਾਮਲ ਕਰਨਾ ਚਾਹੀਦਾ ਹੈ। ਇਸ ਮੌਕੇ ਦਇਆਪ੍ਰੀਤ ਸਿੰਘ ਏ ਈ ਓ, ਗੁਰਸਿਮਰਨ ਸਿੰਘ, ਨਿਸ਼ਾਨ ਸਿੰਘ ਖੇਤੀ ਉਪ ਨਿਰੀਖਕ, ਗੁਰਪ੍ਰੀਤ ਸਿੰਘ ਬੀ ਟੀ ਐਮ, ਬਿਕਰਮਜੀਤ ਸਿੰਘ, ਦਿਲਬਾਗ ਸਿੰਘ ਅਤੇ ਗੁਰਲਾਲ ਸਿੰਘ ਨੇ ਸਹਿਯੋਗ ਅਤੇ ਜਾਣਕਾਰੀ ਸਾਂਝੀ ਕੀਤੀ।



## ਭਾਈ ਫਿਰੰਦਾ ਜੀ ਗੁਰਮਤਿ ਵਿਦਿਆਲਾ ਮਜੀਠਾ ਨੇ ਕੀਰਤਨ ਦਰਬਾਰ ਕਰਵਾਇਆ

**ਮਜੀਠਾ (ਸੋਇਮ ਆਨੰਦ)**- ਭਾਈ ਹਰਮਨਬੀਰ ਸਿੰਘ ਖਾਲਸਾ ਅਤੇ ਭਾਈ ਜੋਧਵੀਰ ਸਿੰਘ ਵੱਲੋਂ ਗੁਰਦੁਆਰਾ ਬਾਬਾ ਜੀਵਨ ਸਿੰਘ ਜੀ ਪਿੰਡ ਤਲਵੰਡੀ ਖੁੰਮਣ ਵਿਖੇ ਭਾਈ ਫਿਰੰਦਾ ਜੀ ਗੁਰਮਤਿ ਵਿਦਿਆਲਾ ਚਲਾਈ ਜਾ ਰਹੀ ਹੈ ਜਿਸ ਵਿੱਚ ਬੱਚਿਆਂ ਨੂੰ ਨਿਸ਼ਕਾਮ ਗੁਰਬਾਣੀ ਗਾਇਨ ਅਤੇ ਸਾਜ਼ਾਂ ਦੀ ਸਿੱਖਿਆ ਦਿੱਤੀ ਜਾਂਦੀ ਹੈ। ਅੱਜ ਇਹ ਸੰਸਥਾ ਨੂੰ ਇੱਕ ਸਾਲ ਪੂਰਾ ਹੋਣ ਉਪਰੰਤ ਕੀਰਤਨ ਦਰਬਾਰ ਕਰਵਾਇਆ ਗਿਆ ਜਿਸ ਵਿੱਚ ਪੰਥ ਪ੍ਰਸਿੱਧ ਸ਼ਖਸ਼ੀਅਤਾਂ ਉਸਤਾਦ ਜਸਪਾਲ ਸਿੰਘ ਜਵੱਦੀ ਟਕਸਾਲ ਵਾਲੇ, ਭਾਈ ਜਤਿੰਦਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਭਾਈ ਮਨਜੀਤ ਸਿੰਘ ਸੋਹੀ, ਭਾਈ ਗੁਰਲਾਲ ਸਿੰਘ ਮੰਜੀ ਸਾਹਿਬ ਵਾਲੇ, ਭਾਈ ਦਿਲਬਾਗ ਸਿੰਘ ਭੰਗਾਲੀ, ਭਾਈ ਰਵਿੰਦਰ ਸਿੰਘ ਖਾਲਸਾ ਤਲਵੰਡੀ ਵਾਲੇ ਵੱਲੋਂ ਹਾਜ਼ਰੀ ਭਰੀ ਗਈ ਅਤੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਅਤੇ ਕਥਾ ਰਾਹੀਂ ਨਿਹਾਲ ਕੀਤਾ ਗਿਆ।ਇਸ ਮੌਕੇ ਗਿਆਨੀ ਕੁਲਦੀਪ ਸਿੰਘ ਜੀ ਗੜਗੱਜ ਜਥੇਦਾਰ ਸਾਹਿਬ ਸ਼੍ਰੀ ਅਕਾਲ ਤਖਤ ਸਾਹਿਬ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ ਅਤੇ ਉਹਨਾਂ ਵੱਲੋਂ ਭਾਈ ਭਾਈ ਫਰਿੰਦਾ ਜੀ ਗੁਰਮਤ ਵਿਦਿਆਲਾ ਦੇ ਵਿਦਿਆਰਥੀਆਂ ਨੂੰ ਆਸ਼ੀਰਵਾਦ ਦਿੱਤਾ। ਇਸ ਮੌਕੇ ਯੂ ਐਸ ਏ ਦੀ ਸੰਸਥਾ ਫੀਲਡ ਡਾਇਬਟੀਜ਼ ਵੱਲੋਂ ਸ਼ੂਗਰ ਅਵੇਰਨੈੱਸ ਕੈਂਪ ਲਗਾਇਆ ਗਿਆ ਅਤੇ ਡਾਕਟਰ ਚਰਨਜੀਤ ਸਿੰਘ ਨੇ ਫਰੀ ਮੈਡੀਕਲ ਕੈਂਪ ਲਗਾਇਆ। ਇਸ ਮੌਕੇ ਪਿੰਡ ਤਲਵੰਡੀ ਖੁੰਮਣ ਅਤੇ ਇਲਾਕੇ ਦੀਆਂ ਸਮੂੰਹ ਸੰਗਤਾਂ ਵੱਲੋਂ ਹਾਜ਼ਰੀਆਂ ਭਰੀਆਂ ਗਈਆਂ।



## ਏ ਟੀ ਐੱਮ ਬਦਲ ਕੇ 44500 ਰੁਪਏ ਦੀ ਠੱਗੀ ਮਾਰੀ

**ਗੁਰਦਾਸਪੁਰ (ਜਨਕ ਮਹਾਜਨ)**- ਪੁਲਸ ਸਟੇਸ਼ਨ ਪੁਰਾਣਾ ਸ਼ਾਲਾ ਅੰਦਰ ਪੈਂਦੇ ਪਿੰਡ ਕਲੀਚਪੁਰ ਦੇ ਨੌਜਵਾਨ ਨਾਲ ਬੈਂਕ ਵਿਚੋਂ ਏ.ਟੀ.ਐਮ. ਬਦਲ ਕੇ ਠੱਗ ਨੇ 44 ਹਜ਼ਾਰ 500 ਰੁਪਏ ਦੀ ਠੱਗੀ ਮਾਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਪੀੜਤ ਨੌਜਵਾਨ ਪ੍ਰਗਟ ਸਿੰਘ ਪੁੱਤਰ ਤਰਸੇਮ ਸਿੰਘ ਵਾਸੀ ਕਲੀਚਪੁਰ ਨੇ ਦੱਸਿਆ ਕਿ ਮੇਰੀ ਪਤਨੀ ਦਾ ਬੈਂਕ ਖ਼ਾਤਾ ਪੰਜਾਬ ਨੈਸ਼ਨਲ ਬੈਂਕ ਜਹਾਜ ਚੌਕ ਵਿਚ ਸੀ ਅਤੇ ਉਹ ਏਟੀਐੱਮ ਰਾਹੀਂ ਪੈਸੇ ਕਢਵਾਉਣ ਵਾਸਤੇ ਗਿਆ ਤਾਂ ਉਥੇ ਖੜ੍ਹੇ ਠੱਗ ਨੇ ਬੜੀ ਹੁਸ਼ਿਆਰੀ ਤੇ ਚਲਾਕੀ ਨਾਲ ਏਟੀਐੱਮ ਬਦਲ ਲਿਆ। ਠੱਗ ਨੇ ਪਹਿਲਾਂ 5 ਹਜ਼ਾਰ ਰੁਪਏ ਤੇ ਫਿਰ 15 ਹਜ਼ਾਰ ਰੁਪਏ ਤੋਂ ਬਾਅਦ 24 ਹਜ਼ਾਰ 5 ਸੌ ਰੁਪਏ ਲਏ ਜਿਸ ਨਾਲ ਮੇਰੀ ਕੁਲ ਰਕਮ 44 ਹਜ਼ਾਰ 500 ਰੁਪਏ ਦਾ ਫਰਾਡ ਹੋ ਗਿਆ ਜਦੋਂਕਿ ਉਨ੍ਹਾਂ ਦੀ ਪਤਨੀ ਨੂੰ ਮੈਸੇਜ ਵੀ ਆਇਆ ਤਾਂ ਫ਼ਿਰ ਵੀ ਰਕਮ ਬਾਰੇ ਉਨ੍ਹਾਂ ਨੂੰ ਕੋਈ ਵੀ ਪਤਾ ਨਹੀਂ ਚਲ ਸਕਿਆ। ਉਨ੍ਹਾਂ ਦੱਸਿਆ ਕਿ ਗੁਰਦਾਸਪੁਰ ਜ਼ਿਲ੍ਹੇ ਅੰਦਰ ਨਿਤ ਇਹੋ ਜਿਹੀਆਂ ਘਟਨਾਵਾਂ ਵਾਪਰ ਰਹੀਆਂ ਹਨ ਅਤੇ ਪੁਲਸ ਸਟੇਸ਼ਨ ਦੀ ਢਿਲੀ ਕਾਰਗੁਜ਼ਾਰੀ 'ਤੇ ਪ੍ਰਗਟ ਸਿੰਘ ਨੇ ਜ਼ਿਲ੍ਹਾ ਪੁਲਸ ਮੁਖੀ ਗੁਰਦਾਸਪੁਰ ਨੂੰ ਲਿਖਤੀ ਸਿਕਾਇਤ ਕਰਕੇ ਠੱਗ ਦੇ ਖ਼ਿਲਾਫ਼ ਤੁਰੰਤ ਲੋੜੀਂਦੀ ਕਾਰਵਾਈ ਕਰਕੇ ਇੰਨਸਾਫ਼ ਦੀ ਮੰਗ ਕੀਤੀ ਹੈ।



## ਚੋਣ ਕਮਿਸ਼ਨ ਵੱਲੋਂ ਬੀਐੱਲਓ ਨੂੰ ਪਹਿਚਾਣ ਪੱਤਰ ਤੇ ਟਰੇਨਿੰਗ ਸਰਟੀਫਿਕੇਟ ਜਾਰੀ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)**- ਭਾਰਤ ਚੋਣ ਕਮਿਸ਼ਨ ਦੇ ਨਿਰਦੇਸ਼ਾਂ ਤੇ ਮਾਨਯੋਗ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਦੇ ਹੁਕਮਾਂ ਅਨੁਸਾਰ ਮਨਕੰਵਲ ਸਿੰਘ ਐੱਸਡੀਐੱਮ-2 ਕਮ ਰਿਟਰਨਿੰਗ ਅਫ਼ਸਰ ਵਿਧਾਨ ਸਭਾ ਹਲਕਾ 20 ਦੀ ਅਗਵਾਈ ਅਤੇ ਇਲੈਕਸ਼ਨ ਕਾਨੂੰਗੋ ਮੈਡਮ ਹਰਜੀਤ ਕੌਰ ਦੇ ਯਤਨਾਂ ਸਦਕਾ ਬੀਐਲਐੱਲਓ ਨੂੰ ਪਲਾਸਟਿਕ ਆਡੈਂਟੀਕਾਰਡ ਅਤੇ ਟਰੇਨਿੰਗ ਸਰਟੀਫਿਕੇਟ ਜਾਰੀ ਕੀਤੇ ਗਏ।ਇਸ ਮੌਕੇ ਇਲੈਕਸ਼ਨ ਕਾਨੂੰਗੋ ਮੈਡਮ ਹਰਜੀਤ ਕੌਰ, ਸੈਕਟਰ ਅਫਸਰ ਪ੍ਰਭਦੀਪ ਸਿੰਘ ਗਿੱਲ ਚੇਤਨਪੁਰਾ, ਅਮਨਦੀਪ ਸਿੰਘ ਭਕਨਾ, ਹਰਪ੍ਰੀਤ ਸਿੰਘ ਵੇਰਕਾ, ਪਰਮਿੰਦਰ ਸਿੰਘ ਵੇਰਕਾ, ਮਨਦੀਪ ਸਿੰਘ ਬੁੱਟਰ, ਰਵਿੰਦਰ ਸਿੰਘ ਸੰਧੂ, ਮਨਦੀਪ ਕੁਮਾਰ, ਕੰਵਲਪ੍ਰੀਤ ਸਿੰਘ ਅਤੇ ਮੈਡਮ ਗੁਰਲੀਨ ਕੌਰ ਆਦਿ ਹਾਜ਼ਰ ਸਨ।ਇਸ ਮੌਕੇ ਅਟਾਰੀ ਹਲਕੇ ਦੇ ਪਿੰਡ ਬੱਲ ਖੁਰਦ ਦੇ ਸਰਕਾਰੀ ਐਲੀਮੈਂਟਰੀ ਸਕੂਲ ਦੇ ਮਿਹਨਤੀ ਅਧਿਆਪਕ ਦੀਪਕ ਕੁਮਾਰ ਜੋ ਚੰਗੀਆਂ ਬੀਐੱਲਓ ਵਜੋਂ ਸੇਵਾਵਾਂ ਵੀ ਨਿਭਾਅ ਰਹੇ ਹਨ, ਨੂੰ ਸਰਟੀਫਿਕੇਟ ਦਿੱਤਾ ਗਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਮੈਡਮ ਰਜਵੰਤ ਕੌਰ, ਮੈਡਮ ਨਿਤਾਸ਼ਾ ਪਰਾਸ਼ਰ, ਮੈਡਮ ਹਰਵਿੰਦਰ ਕੌਰ, ਦੀਪਕ ਕੁਮਾਰ, ਹਰਪ੍ਰੀਤ ਸਿੰਘ, ਬਲਬੀਰ ਸਿੰਘ, ਵਿਸ਼ਾਲ ਕੁਮਾਰ, ਰੁਪਿੰਦਰ ਕੌਰ, ਨਵਜੋਤ ਅਤੇ ਰਣਜੀਤ ਸਿੰਘ ਜਹਾਂਗੀਰ ਆਦਿ ਵਿਧਾਨ ਸਭਾ ਹਲਕਾ 20 ਦੇ ਬੂਥ ਲੈਵਲ ਅਫਸਰਾਂ ਨੂੰ ਸਰਟੀਫਿਕੇਟ ਵੰਡੇ ਗਏ।ਉਪਰੋਕਤ ਅਧਿਕਾਰੀਆਂ ਨੇ ਇਸ ਮੌਕੇ ਭਰੋਸਾ ਦਵਾਇਆ ਕਿ ਉਹ ਸਾਰਿਆਂ ਨਾਲ ਆਪਸੀ ਤਾਲਮੇਲ ਕਰਕੇ ਦਿੱਤੇ ਗਏ ਕੰਮ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਨਗੇ।



## ਗੁ. ਅਗਾੜਾ ਪਿਛਾੜਾ ਸਾਹਿਬ ਜੀਉਬਾਲਾ ਵਿਖੇ ਪਾਣੀ ਵਾਲੀ ਟੈਂਕੀ ਦਾ ਰੱਖਿਆ ਨੀਂਹ ਪੱਥਰ

**ਝਬਾਲ (ਹਰਜਿੰਦਰ ਸਿੰਘ ਸੋਨੀ)**- ਪੰਜਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਗੁਰਦੁਆਰਾ ਅਗਾੜਾ ਪਿਛਾੜਾ ਸਾਹਿਬ ਪਿੰਡ ਜੀਉਬਾਲਾ ਜ਼ਿਲਾ ਤਰਨਤਾਰਨ ਵਿਖੇ ਮਹਾਂਪੁਰਸ਼ ਸੰਤ ਬਾਬਾ ਗੁਰਪਿੰਦਰ ਸਿੰਘ ਵਡਾਲਾ ਸੰਪ੍ਰਦਾਇ ਕਾਰ ਸੇਵਾ ਸਤਲਾਣੀ ਸਾਹਿਬ ਵਾਲਿਆਂ ਵੱਲੋਂ ਇਲਾਕੇ ਤੇ ਨਗਰ ਜੀਉਬਾਲਾ ਦੀਆਂ ਸੰਗਤਾਂ ਦੇ ਪੂਰਨ ਸਹਿਯੋਗ ਨਾਲ 50 ਹਜ਼ਾਰ ਲੀਟਰ ਪਾਣੀ ਵਾਲੀ ਟੈਂਕੀ ਦਾ ਟੱਕ ਲਾ ਕੇ ਨੀਂਹ ਪੱਥਰ ਰੱਖਿਆ ਗਿਆ।ਇਸ ਤੋਂ ਪਹਿਲਾਂ ਬਾਬਾ ਇੰਦਰਬੀਰ ਸਿੰਘ ਵਡਾਲਾ ਚੇਅਰਮੈਨ ਬਾਬਾ ਕੁੰਮਾ ਸਿੰਘ ਇੰਜੀਨੀਅਰ ਕਾਲਜ ਹੁਸ਼ਿਆਰ ਨਗਰ ਅੰਮ੍ਰਿਤਸਰ ਵਾਲਿਆਂ ਵੱਲੋਂ ਅਰਦਾਸ ਕੀਤੇ ਜਾਣ ਉਪਰੰਤ ਜਥੇਦਾਰ ਸੰਤ ਬਾਬਾ ਗੁਰਪਿੰਦਰ ਸਿੰਘ ਵਡਾਲਾ,ਬਾਬਾ ਰਜਿੰਦਰ ਸਿੰਘ ਮਾਲੂਵਾਲ,ਬਾਬਾ ਵੀਰ ਸਿੰਘ,ਬਾਬਾ ਗੁਰਦੇਵ ਸਿੰਘ ਭੈਣੀ ਮੱਟੂਆ,ਬਾਬਾ ਲੰਬੜਦਾਰ ਝਾਮਕਾ,ਬਾਬਾ ਸੂਬਾ ਸਿੰਘ ਵਡਾਲਾ,ਬਾਬਾ ਸ਼ੇਰ ਸਿੰਘ,ਬਾਬਾ ਨਿਰਵੈਰ ਸਿੰਘ ਮਿੱਠੂ ਮੁੱਖ ਸੇਵਾਦਾਰ ਗੁ:ਅਗਾੜਾ ਪਿਛਾੜਾ ਸਾਹਿਬ,ਸਰਪੰਚ ਤੇ ਪੰਚ ,ਬਾਬਾ ਗੁਰਵਿੰਦਰ ਸਿੰਘ ਗੋਰਾ ਝੂਲਣੇ ਮਹਿਲ, ਬਾਬਾ ਰਣਬੀਰ ਸਿੰਘ ਰਾਣਾ ਵਡਾਲਾ, ਬਾਬਾ ਹੀਰਾ ਸਿੰਘ, ਬਾਬਾ ਕਾਬਲ ਸਿੰਘ ਤਰਨਤਾਰਨ ਵਾਲੇ, ਬਾਬਾ ਸ਼ਮਸ਼ੇਰ ਸਿੰਘ ਸ਼ੇਰਾ ਕਲੇਰ, ਕਸ਼ਮੀਰ ਸਿੰਘ ਆਦਿ ਸਮੇਤ ਸੰਗਤਾਂ ਹਾਜ਼ਰ ਸਨ।ਗੁਰੂ ਦੇ ਲੰਗਰ ਅਤੁੱਟ ਵਰਤਾਏ ਗਏ।



## ਏਡੀਸੀ ਵੱਲੋਂ ਪ੍ਰੇਗਾਬਾਲੀਨ ਦਵਾਈ ਦੀ ਖੁੱਲ੍ਹੀ ਵਰਤੋਂ 'ਤੇ ਪਾਬੰਦੀ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਪ੍ਰੇਗਾਬਾਲੀਨ ਦੇ ਫ਼ਾਰਮੂਲੇ ਤਹਿਤ ਬਣੀ ਦਵਾਈ ਜਿਸ ਨੂੰ ਨਾਰਕੋਟਿਕ ਜਾਂ ਮਨੋਵਿਗਿਆਨਕ ਪਦਾਰਥਾਂ ਵਜੋਂ ਸੂਚਿਤ ਨਹੀਂ ਕੀਤਾ ਗਿਆ ਅਤੇ ਇਸ ਦੀ ਦੁਰਵਰਤੋਂ ਨੂੰ ਰੋਕਣ ਲਈ ਇਸ ਦੀ ਖੁੱਲ੍ਹੀ ਵਿੱਕਰੀ ਉਤੇ ਪਾਬੰਦੀ ਲਗਾਈ ਹੈ।ਇਸ ਦਵਾਈ ਨੂੰ ਵੇਚਣ ਲਈ ਡਾਕਟਰ ਦੀ ਸਿਫ਼ਾਰਿਸ਼ ਦੇ ਨਾਲ-ਨਾਲ ਸਾਰਾ ਰਿਕਾਰਡ ਰੱਖਣਾ ਜ਼ਰੂਰੀ ਹੈ।ਵਧੀਕ ਜ਼ਿਲ੍ਹਾ ਮੈਜਿਸਟਰੇਟ ਗੁਰਦਾਸਪੁਰ ਡਾ. ਹਰਜਿੰਦਰ ਸਿੰਘ ਬੇਦੀ, ਆਈਏਐੱਸ ਵੱਲੋਂ ਜਾਰੀ ਹੁਕਮਾਂ ਵਿੱਚ ਉਨ੍ਹਾਂ ਕਿਹਾ ਕਿ ਕੈਪਸੂਲ/ਟੈਬਲੇਟ ਦੇ ਰੂਪ ਵਿੱਚ 150 ਮਿਲੀਗਰਾਮ ਅਤੇ 300 ਮਿਲੀਗਰਾਮ ਵਾਲੇ ਪ੍ਰੇਗਾਬਾਲਿਨ ਦੇ ਫ਼ਾਰਮੂਲੇ ਦੀ ਜਨਤਕ ਤੌਰ ਤੇ ਦੁਰਵਰਤੋਂ ਦੇ ਮਾਮਲੇ ਸਾਹਮਣੇ ਆਏ ਹਨ। ਇਹ ਹੁਕਮ 5 ਜੁਲਾਈ ਤੋਂ 4 ਅਕਤੂਬਰ 2025 ਤੱਕ ਲਾਗੂ ਰਹੇਗਾ।

## ਖ਼ਾਲਸਾ ਕਾਲਜ ਆਫ ਨਰਸਿੰਗ ਨੇ ਸਕਿੱਲ ਸੈੱਲ ਰੋਗ 'ਤੇ ਕਰਵਾਇਆ ਵੈਬੀਨਾਰ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਖਾਲਸਾ ਕਾਲਜ ਆਫ਼ ਨਰਸਿੰਗ ਵੱਲੋਂ ਰਾਸ਼ਟਰੀ ਪੱਧਰ 'ਤੇ ਸਕਿੱਲ ਸੈੱਲ ਰੋਗ ਸਬੰਧੀ ਜਾਗਰੂਕਤਾ ਵਧਾਉਣ ਦੇ ਮਕਸਦ ਤਹਿਤ ਵਿਸ਼ੇਸ਼ ਵੈਬੀਨਾਰ ਕਰਵਾਇਆ ਗਿਆ। ਕਾਲਜ ਪ੍ਰਿੰਸੀਪਲ ਡਾ. ਅਮਨਪ੍ਰੀਤ ਕੌਰ ਦੇ ਦਿਸ਼ਾ-ਨਿਰਦੇਸ਼ਾਂ 'ਤੇ ਕਰਵਾਏ ਗਏ ਉਕਤ ਪ੍ਰੋਗਰਾਮ ਮੌਕੇ ਕ੍ਰਿਸਚੀਅਨ ਮੈਡੀਕਲ ਕਾਲਜ ਅਤੇ ਹਸਪਤਾਲ, ਲੁਧਿਆਣਾ ਤੋਂ ਕਲੀਨਿਕਲ ਹੇਮਾਟੋਲੋਜੀ ਦੇ ਮੁਖੀ ਡਾ. ਐਮ. ਜੋਸਫ਼ ਜੌਨ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਸਬੰਧੀ ਪ੍ਰਿੰ: ਡਾ. ਅਮਨਪ੍ਰੀਤ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਕਤ ਵੈਬੀਨਾਰ ਮੌਕੇ ਚਿਤਕਾਰਾ ਯੂਨੀਵਰਸਿਟੀ ਦੇ ਨਰਸਿੰਗ ਵਿਭਾਗ ਤੋਂ ਪ੍ਰੋਫੈਸਰ-ਕਮ-ਵਾਈਸ ਪ੍ਰਿੰਸੀਪਲ ਡਾ. ਕਨਿਕਾ, ਕ੍ਰਿਸਚੀਅਨ ਮੈਡੀਕਲ ਕਾਲਜ ਅਤੇ ਹਸਪਤਾਲ, ਲੁਧਿਆਣਾ ਦੇ ਕਲੀਨਿਕਲ ਹੇਮਾਟੋਲੋਜੀ ਅਤੇ ਸਟੈਮ ਸੈੱਲ ਟਰਾਂਸਪਲਾਂਟ ਯੂਨਿਟ ਤੋਂ ਪ੍ਰੋਫੈਸਰ ਡਾ. ਸ਼ਰੂਤੀ ਕੱਕੜ ਅਤੇ ਐੱਨ. ਆਈ. ਐੱਨ.ਈ., ਪੀ. ਜੀ. ਆਈ. ਐੱਮ. ਈ. ਆਰ. ਤੋਂ ਐਸੋਸੀਏਟ ਪ੍ਰੋਫ਼ੈਸਰ ਡਾ. ਮੋਨਾਲੀਜ਼ਾ ਮਿੱਤਲ ਵੱਲੋਂ ਸਕਿੱਲ ਸੈੱਲ ਰੋਗ ਸਬੰਧੀ ਜਾਣਕਾਰੀ ਪ੍ਰਦਾਨ ਕੀਤੀ ਗਈ। ਉਨ੍ਹਾਂ ਕਿਹਾ ਕਿ ਪ੍ਰੋਗਰਾਮ ਦੌਰਾਨ ਮਾਹਿਰਾਂ ਨੇ ਰੋਗ ਦੇ ਕਾਰਣ, ਲੱਛਣ, ਰੋਗ ਦੇ ਪ੍ਰਬੰਧਨ ਲਈ ਨਵੀਨਤਮ ਉਪਾਅ, ਗਰਭਵਤੀ ਮਾਵਾਂ ਅਤੇ ਬੱਚਿਆਂ ਲਈ ਸੁਰੱਖਿਆ ਯੋਜਨਾਵਾਂ, ਮੈਡੀਕਲ ਪੱਧਰ 'ਤੇ ਜਾਂਚ ਅਤੇ ਸਮਾਜਿਕ ਜਾਗਰੂਕਤਾ ਅਤੇ ਰੋਕਥਾਮ ਸਬੰਧੀ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਪ੍ਰੋਗਰਾਮ ਦੌਰਾਨ ਮਾਈਂਡ ਮੈਪਿੰਗ ਮੁਕਾਬਲਿਆਂ 'ਚ ਮਹਾਤਮਾ ਹੰਸ ਰਾਜ ਡੀ. ਏ. ਵੀ. ਕਾਲਜ ਆਫ਼ ਨਰਸਿੰਗ ਜਲੰਧਰ ਤੋਂ ਮੁਸਕਾਨਪ੍ਰੀਤ ਕੌਰ, ਤਨਵੀਰ ਕੌਰ, ਕਾਲਜ ਵਿਦਿਆਰਥਣ ਰਵਪ੍ਰੀਤ ਕੌਰ ਅਤੇ ਬੰਬੇ ਕਾਲਜ ਆਫ਼ ਨਰਸਿੰਗ, ਇੰਦੌਰ (ਐੱਮ. ਪੀ.) ਤੋਂ ਅਮਿਸ਼ਾ, ਮਹਿਮਾ ਜਾਟ ਨੇ ਪਹਿਲਾ, ਦੂਜਾ ਅਤੇ ਤੀਜਾ ਸਥਾਨ ਹਾਸਲ ਕਰਦਿਆਂ ਕ੍ਰਮਵਾਰ 3, 2 ਅਤੇ 1 ਹਜ਼ਾਰ ਰੁਪਏ ਦੀ ਰਾਸ਼ੀ ਪ੍ਰਾਪਤ ਕੀਤੀ। ਉਨ੍ਹਾਂ ਕਿਹਾ ਕਿ ਪ੍ਰੋਗਰਾਮ 'ਚ ਭਾਰਤ ਦੇ ਵੱਖ-ਵੱਖ ਸੂਬਿਆਂ ਤੋਂ 100 ਦੇ ਕਰੀਬ ਹਿੱਸੇਦਾਰਾਂ ਨੇ ਆਨਲਾਈਨ ਭਾਗ ਲਿਆ। ਉਨ੍ਹਾਂ ਪ੍ਰੋਗਰਾਮ ਦੇ ਆਯੋਜਕ ਪ੍ਰੋ: ਅਨੂਕਿਰਨਜੀਤ ਕੌਰ ਅਤੇ ਦੀਪਟੀ ਸ਼ਰਮਾ ਦੇ ਯਤਨਾਂ ਦੀ ਸ਼ਲਾਘਾ ਕੀਤੀ।



## ਏਅਰਪੋਰਟ ਰੋਡ ਵਿਖੇ ਬੀਨੂੰ ਕਪੂਰ ਲਕਸ ਸੈਲੂਨ ਐਂਡ ਅਕੈਡਮੀ ਦਾ ਆਗਾਜ਼

**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)** 'ਬੀਨੂੰ ਕਪੂਰ ਲਕਸ ਸੈਲੂਨ ਐਂਡ ਅਕੈਡਮੀ' ਦੀ ਸ਼ੁਰੂਆਤ ਨਜ਼ਦੀਕ ਗੋਲਡਨ ਸਿਟੀ ਕਲੋਨੀ ਏਅਰਪੋਰਟ ਰੋਡ ਵਿਖੇ ਕੀਤੀ ਗਈ।ਇਸ ਮੌਕੇ ਮੁੱਖ ਮਹਿਮਾਨ ਵਜੋਂ ਫਿੱਕੀ ਫਲੋ ਦੀ ਚੇਅਰਪਰਸਨ ਮੋਨਾ ਸਿੰਘ ਸ਼ਾਮਿਲ ਹੋਏ।ਐੱਮ ਡੀ ਤੇ ਮੇਅਕਪ ਆਰਟਿਸਟ ਬੀਨੂੰ ਕਪੂਰ ਨੇ ਮੁੱਖ ਮਹਿਮਾਨ ਮੋਨਾ ਸਿੰਘ ਨੂੰ ਫੁੱਲਾਂ ਦਾ ਗੁਲਦਸਤਾ ਭੇਟ ਕਰਦਿਆਂ ਨਿੱਘਾ ਸਵਾਗਤ ਕੀਤਾ ਤੇ ਜੀ ਆਇਆਂ ਆਖਿਆ।ਮੋਨਾ ਸਿੰਘ ਨੇ ਰਸਮੀ ਤੌਰ 'ਤੇ ਰੀਬਨ ਕੱਟ ਕੇ 'ਬੀਨੂੰ ਕਪੂਰ ਲਕਸ ਸੈਲੂਨ ਐਂਡ ਅਕੈਡਮੀ' ਦਾ ਉਦਘਾਟਨ ਕੀਤਾ।ਮੋਨਾ ਸਿੰਘ ਨੂੰ ਵੂਮੈਨ ਇੰਪਾਵਰਮੈਂਟ ਦੀ ਮਿਸਾਲ ਵਜੋਂ ਵੀ ਜਾਣਿਆ ਜਾਂਦਾ ਹੈ। ਇਸ ਦੌਰਾਨ ਔਰਤਾਂ ਦੇ ਮਨੋਰੰਜਨ ਲਈ ਕਈ ਤਰ੍ਹਾਂ ਦੀਆਂ ਗੇਮਾਂ ਵੀ ਖਿਡਾਈਆਂ ਗਈਆਂ। ਇਸ ਮੌਕੇ ਸਾਨੀਆ, ਹਨੀ ਚੁੱਘ, ਰਾਸ਼ਿਕਾ ਜੈਨ, ਮੀਨਲ, ਕੁਨਿੰਦ, ਰੂਹੀ, ਰਿਤਿਕ, ਅਰਚਨਾ ਆਦਿ ਵੀ ਮੌਜੂਦ ਸਨ।



## ਨਵ-ਨਿਯੁਕਤ ਬੀ ਪੀ ਓ (ਐਲੀ.) ਬਲਜੀਤ ਸਿੰਘ ਸਨਮਾਨਿਤ



**ਵੇਰਕਾ (ਰਾਣਾ)**- ਸਿੱਖਿਆ ਵਿਭਾਗ ਪੰਜਾਬ ਸਰਕਾਰ ਵੱਲੋਂ ਸੀਐੱਚਟੀ ਤੋਂ ਬਤੌਰ ਬਲਾਕ ਸਿੱਖਿਆ ਅਫਸਰ (ਐਲੀ:) ਪੱਦਉਨਤ ਹੋਏ ਬਲਜੀਤ ਸਿੰਘ ਨੂੰ ਵੱਖ-ਵੱਖ ਜਨਤਕ ਅਤੇ ਮੁਲਾਜ਼ਮ ਵਰਗ ਦੇ ਜਥੇਬੰਦਕ ਆਗੂਆਂ ਵੱਲੋਂ ਸਨਮਾਨਿਤ ਕੀਤਾ ਗਿਆ। ਇਸ ਮੌਕੇ ਨਵ-ਨਿਯੁਕਤ ਹੋਏ ਬੀ.ਪੀ.ਓ (ਐਲੀ:) ਬਲਜੀਤ ਸਿੰਘ ਵੱਲੋਂ ਸਥਿਤ ਦਫਤਰ ਬਲਾਕ ਅੰਮ੍ਰਿਤਸਰ-2, ਤੁੰਗਬਾਲਾ ਮਜੀਠਾ ਰੋਡ ਅੰਮ੍ਰਿਤਸਰ ਵਿਖੇ ਆਪਣਾ ਕਾਰਜਭਾਰ ਸੰਭਾਲਿਆ ਗਿਆ ਹੈ। ਇਸ ਉਪਰੰਤ ਉਨ੍ਹਾਂ ਨੂੰ ਹਾਰਦਿਕ ਸੁਭਕਾਮਨਾਵਾਂ/ਸੁਭਇੱਛਾਵਾਂ ਭੇਂਟ ਕਰਨ ਵਾਲਿਆਂ 'ਚ ਬਲਾਕ ਸਿੱਖਿਆ ਅਫਸਰ (ਐਲੀ:) ਦਿਲਬਾਗ ਸਿੰਘ ਬਲਾਕ ਅੰਮ੍ਰਿਤਸਰ-4, ਸਮਾਜਿਕ ਨਿਆਂ, ਅਧਿਕਾਰਤਾ ਵੈੱਲਫੇਅਰ ਐਸੋਸੀਏਸਨ ਅੰਮ੍ਰਿਤਸਰ (ਪੰਜਾਬ) ਦੇ ਚੀਫ ਆਰਗੇਨਾਈਜਰ ਕਰਨਰਾਜ ਸਿੰਘ ਗਿੱਲ, ਸੂਬਾਈ ਕਾਨੂੰਨੀ ਸਲਾਹਕਾਰ ਮਨਜੀਤ ਸਿੰਘ ਵਿਰਕ, ਪ੍ਰੈੱਸ ਸਕੱਤਰ ਹਰਬਿੰਦਰ ਸਿੰਘ ਰਾਣਾ (ਖੁਸ਼ੀਪੁਰ) ਸੂਬਾਈ ਸੀਨੀ: ਮੀਤ ਪ੍ਰਧਾਨ ਤੇਜਿੰਦਰ ਸਿੰਘ ਸੋਹੀ, ਜ਼ਿਲਾ ਪ੍ਰਧਾਨ ਸਤਿੰਦਰ ਸਿੰਘ ਸਰਕਾਰੀਆ, ਜਨਰਲ ਸਕੱਤਰ ਕੁਲਜੀਤ ਸਿੰਘ ਵੇਰਕਾ, ਸਲਾਹਕਾਰ ਹਰਮਨਦੀਪ ਸਿੰਘ ਛੀਨਾ, ਮੀਤ ਪ੍ਰਧਾਨ ਮਨਜੀਤ ਸਿੰਘ ਸੋਹੀਆ ਖੁਰਦ, ਸਕੱਤਰ ਅਮਰਿੰਦਰ ਸਿੰਘ ਛੀਨਾ, ਸੀਐੱਚਟੀ ਗੁਰਪ੍ਰੀਤ ਸਿੰਘ ਸੈਂਟਰਲ ਸਕੂਲ ਵਰਕਸ਼ਾਪ, ਸਾਹਿਬ ਸਿੰਘ ਸੇਵਾਦਾਰ ਦਫਤਰ ਜ਼ਿਲਾ ਸਿੱਖਿਆ ਅਫਸਰ (ਐਲੀ:) ਅੰਮ੍ਰਿਤਸਰ, ਸੀਐੱਚਟੀ ਹਰਵਿੰਦਰ ਸਿੰਘ ਕੱਥੂਨੰਗਲ, ਕਲਰਕ ਨਿਤਿਨ ਕੁਮਾਰ ਬਲਾਕ ਅੰਮ੍ਰਿਤਸਰ-2, ਕੁਨਾਲ ਭੱਲਾ, ਜ਼ਿਲ੍ਹਾ ਪ੍ਰਧਾਨ ਅਵਤਾਰ ਸਿੰਘ ਮੱਟੂ ਐੱਸਸੀ/ਬੀਸੀ ਅਧਿਆਪਕ ਯੂਨੀਅਨ ਅੰਮ੍ਰਿਤਸਰ, ਜਨਰਲ ਸਕੱਤਰ ਜੋਗਾ ਸਿੰਘ, ਗੁਰਚਰਨ ਸਿੰਘ, ਸੁਖਰਾਜ ਸਿੰਘ ਮਾਹਲ, ਐਚਟੀ ਅਸ਼ਵਨੀ ਕੁਮਾਰ ਆਦਿ ਜਥੇਬੰਦਕ ਆਗੂ ਹਾਜ਼ਰ ਸਨ।

## ਤਲਬੀਰ ਸਿੰਘ ਗਿੱਲ ਨੂੰ ਮਜੀਠਾ ਹਲਕੇ ਦਾ ਇੰਚਾਰਜ ਬਣਾਉਣ 'ਤੇ 'ਆਪ' ਦੇ ਵਰਕਰਾਂ 'ਚ ਖੁਸ਼ੀ ਦੀ ਲਹਿਰ

**ਮਜੀਠਾ (ਸੋਇਮ ਆਨੰਦ)**- ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ, ਪਾਰਟੀ ਦੇ ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ, ਪੰਜਾਬ ਪ੍ਰਧਾਨ ਅਮਨ ਅਰੋੜਾ, ਉਪ ਪ੍ਰਧਾਨ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਸਮੇਤ ਸਮੁੱਚੀ ਪਾਰਟੀ ਹਾਈਕਮਾਂਡ ਦਾ ਤਹਿ ਦਿਲੋਂ ਧੰਨਵਾਦ ਕਰਨ ਉਪਰੰਤ ਵਿਧਾਨ ਸਭਾ ਹਲਕਾ ਮਜੀਠਾ ਦੇ ਨਵਨਿਯੁਕਤ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਨੇ ਗੱਲਬਾਤ ਕਰਦਿਆਂ ਕਿਹਾ ਕਿ ਪਾਰਟੀ ਹਾਈ ਕਮਾਂਡ ਨੇ ਜਿਹੜਾ ਭਰੋਸਾ ਉਨ੍ਹਾਂ 'ਤੇ ਪ੍ਰਗਟਾਇਆ ਹੈ, ਦਿਨ ਰਾਤ ਇੱਕ ਕਰਕੇ ਪਾਰਟੀ ਵਾਲੰਟੀਅਰਾਂ ਅਤੇ ਆਗੂਆਂ ਨੂੰ ਇੱਕ ਮੰਚ 'ਤੇ ਇਕੱਠਾ ਕਰਕੇ ਪਾਰਟੀ ਨੂੰ ਮਜ਼ਬੂਤ ਕਰਕੇ ਬੁਲੰਦੀਆਂ ਤੇ ਲੈ ਕੇ ਜਾਵਾਂਗਾ।ਉਨ੍ਹਾਂ ਨੇ ਕਿਹਾ ਕਿ ਉਹ ਜਲਦੀ ਹੀ ਹਲਕੇ ਦੇ ਵੱਖ ਵੱਖ ਪਿੰਡਾਂ ਵਿਚ ਜਾ ਕੇ ਪਾਰਟੀ ਵਾਲੰਟੀਅਰਾਂ ਦੇ ਸਹਿਯੋਗ ਨਾਲ ਕਮੇਟੀਆਂ ਬਣਾਉਣਗੇ। ਉਨ੍ਹਾਂ ਨੇ ਭਰੋਸੇ ਨਾਲ ਕਿਹਾ ਕਿ 2027 ਵਿਚ ਪਾਰਟੀ ਵਲੋਂ ਕੀਤੇ ਕੰਮਾਂ ਕਰਕੇ ਪੰਜਾਬ ਵਿਚ ਦੁਬਾਰਾ ਆਮ ਆਦਮੀ ਪਾਰਟੀ ਦੀ ਸਰਕਾਰ ਬਣੇਗੀ।ਗਿੱਲ ਨੂੰ ਵਧਾਈ ਦੇਣ ਵਾਲਿਆਂ ਵਿਚ ਮੁੱਖ ਤੌਰ 'ਤੇ ਸਵਰਨਜੀਤ ਸਿੰਘ ਕੁਰਾਲੀਆਂ, ਪ੍ਰਿਤਪਾਲ ਸਿੰਘ ਬੱਲ ਮਜੀਠਾ, ਬਲਦੇਵ ਸਿੰਘ ਉਪਲ ਡੱਡੀਆਂ, ਸੁਖਚੈਨ ਸਿੰਘ ਭੰਗੂ, ਜਸਕਰਨ ਸਿੰਘ ਪ੍ਰਧਾਨ ਆੜ੍ਹਤੀ ਐਸੋਸੀਏਸ਼ਨ, ਰੇਸ਼ਮ ਸਿੰਘ ਭੰਗਵਾਂ, ਸ਼ਬੇਗ ਸਿੰਘ ਸਰਪੰਚ ਅਬਦਾਲ, ਮਨਜੀਤ ਸਿੰਘ ਸੋਹੀ, ਸਤਿੰਦਰ ਸਿੰਘ ਖਿੱਦੋਵਾਲੀ, ਮਨਜੀਤ ਸਿੰਘ ਸਾਬਕਾ ਸਰਪੰਚ ਢੱਡੇ, ਉਂਕਾਰ ਸਿੰਘ ਕਾਰੀ, ਇਕਬਾਲ ਸਿੰਘ ਹਦਾਇਤਪੁਰਾ, ਡਾ. ਪਾਲ ਕੱਥੂਨੰਗਲ, ਗੁਰਪ੍ਰੀਤ ਸਿੰਘ ਸਰਪੰਚ ਹਾਂਸ, ਜਸਪਾਲ ਸਿੰਘ ਮਾਂਗਾਸਰਾਏ, ਹਰਵਿੰਦਰ ਸਿੰਘ ਪੱਪੂ ਰੂਪੋਵਾਲੀ ਖੁਰਦ, ਦਲਜੀਤ ਸਿੰਘ ਫੌਜੀ, ਗੰਗਾ ਸਿੰਘ ਚਵਿੰਡਾ ਦੇਵੀ, ਬੇਅੰਤ ਸਿੰਘ ਮੀਆਂ ਪੰਧੇਰ, ਸੁਖਵਿੰਦਰ ਸਿੰਘ ਉਦੋਕੇ ਖੁਰਦ, ਸਿਮਰਤਪਾਲ ਸਿੰਘ ਦੁਧਾਲਾ, ਰਾਜਵਿੰਦਰ ਸਿੰਘ ਰਾਮਦੀਵਾਲੀ ਹਿੰਦੂਆਂ, ਸਰਬਜੀਤ ਸਿੰਘ ਸ਼ੱਬਾ ਦੁਧਾਲਾ, ਅਵਤਾਰ ਸਿੰਘ ਨੰਬਰਦਾਰ, ਜਸਬੀਰ ਸਿੰਘ ਜਲਾਲਪੁਰਾ, ਹਰਭਜਨ ਸਿੰਘ ਮਰੜ੍ਹੀ ਕਲਾਂ, ਜੁਗਰਾਜ ਸਿੰਘ ਜੇਠੂਨੰਗਲ, ਜੋਗਿੰਦਰ ਸਿੰਘ ਜੇਠੂਨੰਗਲ, ਪਰਲੋਕ ਸਿੰਘ ਦੁਧਾਲਾ, ਤਰਸੇਮ ਸਿੰਘ ਪ੍ਰਧਾਨ ਢੱਡੇ, ਬੂਟਾ ਸਿੰਘ ਸਾਬਕਾ ਸਰਪੰਚ ਬੇਗੇਵਾਲ, ਸੁਖਵਿੰਦਰ ਸਿੰਘ ਪੰਚ ਬੇਗੇਵਾਲ, ਜਤਿੰਦਰ ਸਿੰਘ ਸਰਪੰਚ ਤਲਵੰਡੀ ਦਸੌਂਧਾ ਸਿੰਘ, ਸਮੇਤ ਵੱਡੀ ਗਿਣਤੀ ਵਿਚ ਪਾਰਟੀ ਵਰਕਰ ਹਾਜ਼ਰ ਸਨ।



## ਵਿਧਾਨ ਸਭਾ ਚੋਣ ਹਲਕਾ-20 ਅਟਾਰੀ ਵਿਖੇ ਸਮੂਹ ਬੂਥ ਲੈਵਲ ਅਫ਼ਸਰਾਂ ਦੀ ਟਰੇਨਿੰਗ ਕਰਵਾਈ



**ਚੇਤਨਪੁਰਾ (ਸੁਖਵੰਤ ਚੇਤਨਪੁਰੀ)**- ਭਾਰਤੀ ਚੋਣ ਕਮਿਸ਼ਨ ਵੱਲੋਂ ਜਾਰੀ ਪ੍ਰੋਗਰਾਮ ਅਨੁਸਾਰ ਸਮੂਹ ਬੂਥ ਲੈਵਲ ਅਫ਼ਸਰਾਂ ਦੀ ਟਰੇਨਿੰਗ ਕਰਵਾਉਣ ਦੀਆਂ ਹਦਾਇਤਾਂ ਜਾਰੀ ਹੋਈਆਂ ਹਨ। ਚੋਣ ਕਮਿਸ਼ਨ ਦੀਆਂ ਗਾਈਡਲਾਈਨਾਂ ਮੁਤਾਬਕ 50-50 ਕਰਮਚਾਰੀਆਂ ਦੇ ਬੈਚ ਵਿੱਚ 17 ਜੁਲਾਈ ਤੱਕ ਟਰੇਨਿੰਗਾਂ ਕਰਵਾਉਣੀਆਂ ਹਨ, ਜਿਸ ਦੇ ਤਹਿਤ 20 - ਅਟਾਰੀ (ਅ.ਜ) ਵਿਧਾਨ ਸਭਾ ਚੋਣ ਹਲਕੇ ਦੇ ਦੂਸਰੇ ਬੈਚ ਦੀ ਟਰੇਨਿੰਗ ਅੱਜ ਮਲਟੀਮੀਡੀਆ ਹਾਲ, ਸਰਕਾਰੀ ਸਰੂਪ ਰਾਣੀ ਕਾਲਜ ਇਸਤਰੀਆਂ ਵਿਖੇ ਮਨਕੰਵਲ ਸਿੰਘ ਚਾਹਲ ਚੋਣਕਾਰ ਰਜਿਸਟਰੇਸ਼ਨ ਅਫ਼ਸਰ 20 ਅਟਾਰੀ ਦੇ ਨਿਰਦੇਸ਼ਾਂ ਹੇਠ ਕਰਵਾਈ ਗਈ। ਇਸ ਟਰੇਨਿੰਗ ਵਿੱਚ ਸਬ ਰਜਿਸਟਰਾਰ ਸੁਨੀਲ ਗਰਗ, ਇਲੈਕਸ਼ਨ ਕਾਨੂੰਗੋ ਹਰਜੀਤ ਕੌਰ, ਇਲੈਕਸ਼ਨ ਅਫਸਰ ਪ੍ਰਭਦੀਪ ਸਿੰਘ ਗਿੱਲ ਚੇਤਨਪੁਰਾ, ਅਮਨਦੀਪ ਸਿੰਘ ਭਕਨਾ, ਪਰਮਿੰਦਰ ਸਿੰਘ ਵੇਰਕਾ, ਰਵਿੰਦਰ ਸਿੰਘ ਸੰਧੂ, ਮਨਦੀਪ ਸਿੰਘ, 53 ਬੂਥ ਲੈਵਲ ਅਫ਼ਸਰ ਅਤੇ 5 ਸੈਕਟਰ ਅਫ਼ਸਰ ਸ਼ਾਮਲ ਹੋਏ। ਅੱਜ ਦੇ ਬੈਚ ਵਿੱਚ ਸ਼ਾਮਲ ਬੀ.ਐਲ.ਓ. ਨੂੰ ਭਾਰਤ ਚੋਣ ਕਮਿਸ਼ਨ ਵੱਲੋਂ ਜਾਰੀ ਨਵੇਂ ਪਲਾਸਟਿਕ ਸ਼ਨਾਖਤੀ ਕਾਰਡ ਅਤੇ ਟਰੇਨਿੰਗ ਦਾ ਸਰਟੀਫਿਕੇਟ ਵੀ ਜਾਰੀ ਕੀਤਾ। ਇਲੈਕਸ਼ਨ ਅਫਸਰਾਂ ਨੇ ਟਰੇਨੀਜ਼ ਨਾਲ ਗੱਲਬਾਤ ਕਰਦੇ ਹੋਏ ਉਨ੍ਹਾਂ ਦੇ ਸ਼ੰਕਿਆਂ ਦਾ ਨਿਵਾਰਣ ਕੀਤਾ ਅਤੇ ਫੀਲਡ ਵਿੱਚ ਆਉਣ ਵਾਲੀਆਂ ਮੁਸ਼ਕਲਾਂ ਸੁਣਦੇ ਹੋਏ ਜਲਦੀ ਹੱਲ ਕਰਨ ਦਾ ਭਰੋਸਾ ਦਿੱਤਾ। ਇਸ ਟਰੇਨਿੰਗ ਲਈ ਸਮੁੱਚਾ ਪ੍ਰਬੰਧ ਹਰਜੀਤ ਕੌਰ ਚੋਣ ਕਾਨੂੰਗੋ ਵੱਲੋਂ ਕੀਤਾ ਗਿਆ।

# ਅਨੁਸ਼ਾਸਨ ਸਫਲਤਾ ਦੀ ਕੁੰਜੀ ਹੈ


ਕੁਸੁਮ ਲਤਾ

ਅਨੁਸ਼ਾਸਨ ਸਾਡੇ ਜੀਵਨ ਵਿੱਚ ਇੱਕ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ। ਜ਼ਿੰਦਗੀ ਦੀਆਂ ਉਚਾਈਆਂ ਨੂੰ ਛੂਹਣ ਲਈ, ਆਪਣੇ ਟੀਚਿਆਂ ਨੂੰ ਪ੍ਰਾਪਤ ਕਰਨ ਲਈ ਅਤੇ ਆਪਣੇ ਸੁਪਨਿਆਂ ਨੂੰ ਸਾਕਾਰ ਕਰਨ ਲਈ, ਸਾਡੇ ਲਈ ਆਪਣੇ ਆਪ ਨੂੰ ਅਨੁਸ਼ਾਸਿਤ ਕਰਨਾ ਜ਼ਰੂਰੀ ਹੈ।

ਅਨੁਸ਼ਾਸਨ ਜੀਵਨ ਦੇ ਹਰ ਖੇਤਰ ਵਿੱਚ ਜ਼ਰੂਰੀ ਹੈ, ਭਾਵੇਂ ਉਹ ਸਿੱਖਿਆ ਵਿਭਾਗ ਹੋਵੇ, ਖੇਡ ਜਗਤ ਆਦਿ। ਸਕੂਲ ਵਿੱਚ ਅਨੁਸ਼ਾਸਨ ਇੱਕ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ। ਇਹ ਉਹ ਨੀਂਹ ਹੈ, ਜਿੱਥੋਂ ਇੱਕ ਬੱਚਾ ਅਨੁਸ਼ਾਸਨ ਵਿੱਚ ਰਹਿਣਾ ਸਿੱਖਦਾ ਹੈ। ਸਕੂਲ ਵਿੱਚ ਪ੍ਰਾਰਥਨਾ ਸਭਾ ਦੌਰਾਨ, ਸਾਰੇ ਬੱਚੇ ਇੱਕ ਲਾਈਨ ਵਿੱਚ ਖੜ੍ਹੇ ਹੁੰਦੇ ਹਨ, ਇੱਕੋ ਸਕੂਲ ਵਰਦੀ ਪਹਿਨਦੇ ਹਨ, ਹਰੇਕ ਪੀਰੀਅਡ ਵਿੱਚ ਨਿਰਧਾਰਤ ਵਿਸ਼ਿਆਂ ਦਾ ਅਧਿਐਨ ਕਰਦੇ ਹਨ, ਸਕੂਲ ਵਿੱਚ ਕੀਤੇ ਗਏ ਅਭਿਆਸ ਇਕੱਠੇ ਕਰਦੇ ਹਨ, ਛੁੱਟੀ ਦੇ ਸਮੇਂ ਦੁਬਾਰਾ ਇੱਕ ਲਾਈਨ ਬਣਾਉਂਦੇ ਹਨ ਅਤੇ ਮਿਡ ਡੇ ਮੀਲ ਲਈ ਜਾਂਦੇ ਹਨ ਅਤੇ ਆਪਣੀਆਂ ਕੁਰਸੀਆਂ 'ਤੇ ਬੈਠ ਕੇ ਭੋਜਨ ਲੈਂਦੇ ਹਨ।

ਘਰ ਵਿੱਚ ਵੀ ਅਨੁਸ਼ਾਸਨ ਦੀ ਭਾਵਨਾ ਦੇਖੀ ਜਾ ਸਕਦੀ ਹੈ, ਜਿਸ ਵਿੱਚ ਮਾਪੇ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਸਵੇਰੇ ਬੱਚਿਆਂ ਨੂੰ ਸਮੇਂ ਸਿਰ ਜਗਾਉਣਾ, ਰੋਜ਼ਾਨਾ ਦੇ ਕੰਮ ਖਤਮ ਕਰਕੇ ਸਮੇਂ ਸਿਰ ਸਕੂਲ ਪਹੁੰਚਣਾ, ਅਧਿਆਪਕਾਂ ਦੁਆਰਾ ਦਿੱਤਾ ਗਿਆ ਕਲਾਸ ਵਰਕ ਅਤੇ ਹੋਮਵਰਕ ਸਮੇਂ ਸਿਰ ਪੂਰਾ ਕਰਨਾ। ਘਰ ਵਿੱਚ ਹਰ ਕੰਮ ਲਈ ਸਹੀ ਸਮਾਂ ਨਿਰਧਾਰਤ ਕਰਨਾ ਇਹ ਸਭ ਅਨੁਸ਼ਾਸਨ ਦਾ ਹਿੱਸਾ ਹੈ।

ਬੱਚਿਆਂ ਨੂੰ ਯੋਗ ਆਸਣਾਂ ਰਾਹੀਂ ਵੀ ਅਨੁਸ਼ਾਸਿਤ ਕੀਤਾ ਜਾਂਦਾ ਹੈ। ਬੱਚੇ ਯੋਗ ਆਸਣਾਂ ਰਾਹੀਂ ਸਰੀਰਕ ਅਤੇ ਮਾਨਸਿਕ ਤੌਰ 'ਤੇ ਅਨੁਸ਼ਾਸਿਤ ਰਹਿੰਦੇ ਹਨ। ਯੋਗ ਆਸਣਾਂ ਦਾ ਮੁੱਖ ਆਸਣ ਅੰਤਰਧਿਆਨ ਹੈ ਜਿਸ ਦੇ ਤਹਿਤ ਬੱਚਾ ਆਪਣੇ ਬੇਚੈਨ ਮਨ ਨੂੰ ਇਕਾਗਰ ਕਰਕੇ ਆਪਣੇ ਆਪ ਨੂੰ ਅਨੁਸ਼ਾਸਿਤ ਕਰਨਾ ਸਿੱਖਦਾ ਹੈ।

ਯੋਗ ਆਸਣ ਸਾਨੂੰ ਸਿੱਧੇ ਅਤੇ ਅਸਿੱਧੇ ਤੌਰ 'ਤੇ ਅਨੁਸ਼ਾਸਿਤ ਕਰਦੇ ਹਨ। ਪਹਿਲਾਂ, ਜਦੋਂ ਕੋਈ ਬੱਚਾ ਯੋਗ ਆਸਣ ਵਿੱਚ ਬੈਠਦਾ ਹੈ, ਤਾਂ ਉਹ ਆਪਣੇ ਬੇਚੈਨ ਮਨ ਨੂੰ ਇਕਾਗਰ ਕਰਦਾ ਹੈ। ਦੂਜਾ, ਜਦੋਂ ਕੋਈ ਬੱਚਾ ਧਿਆਨ ਆਸਣ ਵਿੱਚ ਬੈਠਦਾ ਹੈ, ਤਾਂ ਉਸ ਦਾ ਬੇਚੈਨ ਮਨ ਸਥਿਰ ਅਤੇ ਇਕਾਗਰ ਹੋ ਜਾਂਦਾ ਹੈ ਅਤੇ ਭਟਕਾਅ ਦੀ ਸਥਿਤੀ ਖਤਮ ਹੋ ਜਾਂਦੀ ਹੈ। ਮਾਪੇ ਅਕਸਰ ਸ਼ਿਕਾਇਤ ਕਰਦੇ ਹਨ ਕਿ ਬੱਚਾ ਧਿਆਨ ਕੇਂਦਰਿਤ ਨਹੀਂ ਕਰ ਸਕਦਾ ਅਤੇ ਪੜ੍ਹਾਈ ਦੀਆਂ ਗੱਲਾਂ ਵਿੱਚ ਭਟਕ ਜਾਂਦਾ ਹੈ।

## ਹੈਰੋਇਨ ਦਾ ਸੇਵਨ ਕਰਦਾ ਨੌਜਵਾਨ ਕਾਬੂ



**ਕਾਲਾ ਸੰਘਿਆਂ (ਮਨਜੀਤ ਮਾਨ)**- ਥਾਣਾ ਸਦਰ ਕਪੂਰਥਲਾ ਦੇ ਅਧੀਨ ਆਉਂਦੀ ਪੁਲਸ ਚੌਂਕੀ ਕਾਲ਼ਾ ਸੰਘਿਆਂ ਦੀ ਪੁਲਸ ਨੇ ਨਸ਼ੀਲੇ ਪਦਾਰਥ ਹੈਰੋਇਨ ਦਾ ਸੇਵਨ ਕਰਦਿਆਂ ਇਕ ਨੌਜਵਾਨ ਨੂੰ ਮੌਕੇ 'ਤੇ ਕਾਬੂ ਕਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਜਾਣਕਾਰੀ ਦਿੰਦੇ ਹੋਏ ਚੌਂਕੀ ਇੰਚਾਰਜ ਏ ਐਸ ਆਈ ਅਮਰਜੀਤ ਸਿੰਘ ਨੇ ਦੱਸਿਆ ਕਿ ਕਾਲ਼ਾ ਸੰਘਿਆਂ ਪੁਲਸ ਦੀ ਟੀਮ ਗਸ਼ਤ ਲਈ ਕਾਲ਼ਾ ਸੰਘਿਆਂ ਤੋਂ ਜਲੰਧਰ ਰੋਡ ਵਾਲੇ ਪਾਸੇ ਨੂੰ ਜਾ ਰਹੀ ਸੀ ਤੇ ਜਦ ਪੁਲਸ ਦੀ ਗੱਡੀ ਕਾਲ਼ਾ ਸੰਘਿਆਂ ਬਿਜਲੀ ਘਰ ਨਜ਼ਦੀਕ ਪੁੱਜੀ ਤਾਂ ਇਕ ਨੌਜਵਾਨ ਬਿਜਲੀ ਘਰ ਦੀ ਕੰਧ ਨਾਲ਼ ਬੈਠਾ ਵਿਖਾਈ ਦਿੱਤਾ। ਪੁਲਸ ਮੁਲਾਜ਼ਮਾਂ ਨੇ ਵੇਖਿਆ ਕਿ ਨੌਜਵਾਨ ਨਸ਼ੇ ਦਾ ਸੇਵਨ ਕਰ ਰਿਹਾ ਸੀ ਤੇ ਮੁਲਾਜ਼ਮਾਂ ਨੂੰ ਆਪਣੇ ਵੇਖ ਕੇ ਹੱਥ ਚੋਂ ਲਾਈਟਰ, ਸਿਲਵਰ ਪੇਪਰ ਆਦਿ ਸੁੱਟ ਕੇ ਮੌਕੇ ਭੱਜਣ ਦੀ ਕੋਸ਼ਿਸ਼ ਕਰਨ ਲੱਗਾ ਤਾਂ ਪੁਲਸ ਨੇ ਨੌਜਵਾਨ ਨੂੰ ਕਾਬੂ ਕਰ ਲਿਆ। ਚੌਂਕੀ ਇੰਚਾਰਜ ਨੇ ਦੱਸਿਆ ਕਿ ਨੌਜਵਾਨ ਨੇ ਆਪਣਾ ਨਾਂਅ ਅਜੇ ਕੁਮਾਰ ਪੁੱਤਰ ਪੁੱਤਰ ਰਮੇਸ਼ ਕੁਮਾਰ ਵਾਸੀ ਨਿੱਝਰਾਂ ਦੱਸਿਆ ਤੇ ਇਸ ਕਿਹਾ ਕਿ ਉਹ ਹੈਰੋਇਨ (ਚਿੱਟਾ) ਦੇ ਨਸ਼ੇ ਦਾ ਸੇਵਨ ਕਰ ਰਿਹਾ ਸੀ। ਚੌਂਕੀ ਇੰਚਾਰਜ ਅਮਰਜੀਤ ਸਿੰਘ ਨੇ ਕਿਹਾ ਕਿ ਕਾਬੂ ਕੀਤੇ ਨੌਜਵਾਨ ਤੋਂ ਹੈਰੋਇਨ ਦਾ ਸੇਵਨ ਕਰਨ ਵਾਲਾ ਸਮਾਨ ਬਰਾਮਦ ਹੋਇਆ ਅਤੇ ਇਸ 'ਤੇ ਬਣਦੀ ਅਗਲੇਰੀ ਕਾਰਵਾਈ ਕੀਤੀ ਗਈ ਹੈ।


## ਲੱਖਾ ਸਿਧਾਣਾ ਦੀ ਹਮਾਇਤ ਕਰੇਗਾ ਓ ਬੀ ਸੀ ਮੋਰਚਾ : ਡਾ. ਦੀਪ





**ਅਜੀਤਵਾਲ (ਨਛੱਤਰ ਸੰਧੂ)**- ਓਬੀਸੀ ਭਾਈਚਾਰੇ ਦਾ ਰਾਸ਼ਟਰੀ ਪਿੱਛੜਾ ਵਰਗ ਮੋਰਚਾ ਪੰਜਾਬ ਦੇ ਸੀਨੀਅਰ ਮੀਤ ਪ੍ਰਧਾਨ ਡਾਕਟਰ ਹਰਗੁਰਪ੍ਰਤਾਪ ਸਿੰਘ ਨਿਹਾਲ ਸਿੰਘ ਵਾਲਾ ਨੇ ਕਿਹਾ ਕਿ ਓਬੀਸੀ ਮੋਰਚਾ, ਸੰਘਰਸ਼ਸ਼ੀਲ ਤੇ ਵਿਦਵਾਨ, ਸਮਾਜ-ਸੇਵੀ ਆਗੂ ਲੱਖਾ ਸਿਧਾਣਾ ਦੇ ਹਰ ਲੋਕ ਪੱਖੀ ਸੰਘਰਸ਼ ਵਿੱਚ ਉਨ੍ਹਾਂ ਦੇ ਨਾਲ ਖੜੇਗਾ ਅਤੇ 13 ਜੁਲਾਈ ਦੀ ਤਪਾ (ਜ਼ਿਲ੍ਹਾ ਬਰਨਾਲਾ) ਵਿਖੇ ਹੋਣ ਵਾਲੀ ਰੈਲੀ ਸਮੇਤ ਹਰ ਸੰਘਰਸ਼ ਵਿੱਚ ਸਰਗਰਮ ਭੂਮਿਕਾ ਨਿਭਾਏਗਾ। ਉਨ੍ਹਾਂ ਇਸ ਮੌਕੇ ਕਿਹਾ ਕਿ ਪੰਜਾਬ ਤੇ ਕੇਂਦਰ ਸਰਕਾਰ ਦੋਵੇਂ ਭਾਰਤ ਅਤੇ ਪੰਜਾਬ ਨੂੰ ਪੁਲਸ ਸਟੇਟ ਵਿੱਚ ਬਦਲਣਾ ਚਾਹੁੰਦੀਆਂ ਹਨ।ਹਰ ਲੋਕ ਪੱਖੀ ਤੇ ਵਿਰੋਧੀ ਅਵਾਜ਼ ਤੇ ਵਿਚਾਰ ਨੂੰ ਦੱਬਣਾ ਚਾਹੁੰਦੀਆਂ ਹਨ।ਇਸ ਲਈ ਉਹ ਤਰ੍ਹਾਂ-ਤਰ੍ਹਾਂ ਦੇ ਹੱਥਕੰਡੇ ਵਰਤ ਕੇ ਸਮਾਜ ਸੇਵੀਆਂ, ਲੇਖਕਾਂ, ਬੁੱਧੀਜੀਵੀਆਂ, ਸਮਾਜਿਕ ਕਾਰਕੁਨਾਂ, ਸਿੱਖਾਂ, ਮੁਸਲਮਾਨਾਂ, ਕਾਮਰੇਡਾਂ, ਅੰਬੇਡਕਰਵਾਦੀਆਂ ਨੂੰ ਡਰਾ ਤੇ ਧਮਕਾ ਰਹੀਆਂ ਹਨ।ਬਸਤਰ ਦੇ ਜੰਗਲਾਂ ਵਿੱਚ ਆਦਿਵਾਸੀਆਂ ਤੇ ਮਾਓਵਾਦੀਆਂ ਦਾ ਕਤਲੇਆਮ ਜਾਰੀ ਹੈ।ਜਗਤਾਰ ਸਿੰਘ ਹਵਾਰਾ ਵਰਗੇ ਨੌਜਵਾਨ ਸਿੱਖ ਆਗੂ ਜੇਲ੍ਹਾਂ ਵਿੱਚ ਡੱਕੇ ਹੋਏ ਹਨ।ਇਹ ਸਾਰਾ ਕੁੱਝ ਮਨੂੰਵਾਦੀ ਰਾਜਸੀ ਵਿਉਂਤਬੰਦੀ ਤਹਿਤ ਹੀ ਹੋ ਰਿਹਾ ਹੈ।ਇਸ ਸਾਰੇ ਕਾਸੇ ਦਾ, ਇਸ ਪ੍ਰਤੱਖ ਜ਼ੁਲਮ ਦਾ ਟਾਕਰਾ ਕੋਈ ਇੱਕ ਪੀੜਤ ਧਿਰ ਇਕੱਲੀ ਨਹੀਂ ਕਰ ਸਕਦੀ।ਸਮੂਹ ਕਿਸਾਨ, ਮਜ਼ਦੂਰ, ਵਿਦਿਆਰਥੀ ਤੇ ਘੱਟ ਗਿਣਤੀ ਭਾਈਚਾਰੇ, ਇੱਕ-ਜੁੱਟ ਹੋ ਕੇ ਹੀ ਆਪਣੇ ਹੱਕੀ ਸੰਘਰਸ਼ਾਂ ਵਿੱਚ ਜੇਤੂ ਹੋ ਸਕਦੇ ਹਨ।ਮਨੂੰਵਾਦੀ ਪੂੰਜੀਵਾਦੀ ਚਾਲਬਾਜ਼ਾਂ ਖਿਲਾਫ, ਇਕੱਲੇ-ਇਕੱਲੇ ਅਸੀਂ ਪ੍ਰੇਰਨਾਦਾਇਕ ਲੜਾਈ ਤਾਂ ਲੜ ਸਕਦੇ ਹਾਂ, ਪਰ ਫੈਸਲਾਕੁਨ ਜਿੱਤ ਨਹੀਂ ਹਾਸਲ ਕਰ ਸਕਦੇ।ਸਾਨੂੰ ਸਾਰੀਆਂ ਪੀੜਤ ਧਿਰਾਂ ਨੂੰ ਇੱਕ-ਜੁੱਟ ਹੋਣ ਦੀ ਲੋੜ ਹੈ। ਇਸੇ ਕੜੀ ਤਹਿਤ ਹੀ ਰਾਸ਼ਟਰੀ ਪਿੱਛੜਾ ਵਰਗ ਮੋਰਚਾ ਪਹਿਲਕਦਮੀ ਕਰਕੇ ਲੱਖਾ ਸਿਧਾਣਾ ਦੀ ਹਮਾਇਤ ਵਿੱਚ ਆ ਰਿਹਾ ਹੈ।ਉਨ੍ਹਾਂ ਇਸ ਮੌਕੇ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ, ਜਿਉਂਦ ਦੇ ਜ਼ਮੀਨੀ ਮੋਰਚੇ, ਚੰਦ-ਭਾਨ ਜਬਰ ਵਿਰੋਧੀ ਮੋਰਚੇ ਅਤੇ ਪੱਤਰਕਾਰਾਂ ਤੇ ਸਰਕਾਰਾਂ ਵੱਲੋਂ ਕੀਤੇ ਜਾ ਰਹੇ ਜਬਰ ਖਿਲਾਫ ਸਾਰੀਆਂ ਸੰਘਰਸ਼ਸ਼ੀਲ ਧਿਰਾਂ ਦਾ ਡੱਟ ਕੇ ਸਾਥ ਦੇਣ ਦੀ ਵਚਨਬੱਧਤਾ ਪ੍ਰਗਟਾਈ ਹੈ।

## ਗ਼ਦਰ ਲਹਿਰ 'ਤੇ ਵਿਚਾਰ-ਚਰਚਾ ਅੱਜ




**ਜਲੰਧਰ (ਕੇਸਰ)**- ਸਥਾਨਕ ਦੇਸ਼ ਭਗਤ ਯਾਦਗਾਰ ਹਾਲ ਵਿਖੇ 11.00 ਵਜੇ ਰਾਣਾ ਰਣਦੀਪ ਗਿੱਲ ਵਿਖੇ ਅੰਗਰੇਜ਼ੀ ਵਿਚ ਲਿਖੀ ਪੁਸਤਕ 'ਦਾ ਗਦਰ ਮੂਵਮੈਂਟ' 'ਤੇ ਸਾਹਿਤਕ ਅਤੇ ਸੱਭਿਆਚਾਰਕ ਸੰਸਥਾ ਪਰਵਾਜ਼ ਵਲੋਂ ਵਿਚਾਰ ਚਰਚਾ ਕਰਵਾਈ ਜਾ ਰਹੀ ਹੈ। ਪੁਸਤਕ ਤੇ ਮੁੱਖ ਭਾਸ਼ਣ ਆਜ਼ਾਦੀ ਲਹਿਰ ਨਾਲ ਸੰਬੰਧਿਤ ਅਨੇਕਾਂ ਪੁਸਤਕਾਂ ਦੇ ਰਚੇਤਾ, ਉੱਘੇ ਚਿੰਤਕ ਅਤੇ ਕਵੀ ਹਰਵਿੰਦਰ ਭੰਡਾਲ ਦਾ ਹੋਵੇਗਾ। ਜ਼ਿਕਰਯੋਗ ਹੈ ਕਿ ਗਦਰ ਲਹਿਰ ਦਾ ਭਾਰਤੀ ਸਿਆਸਤ ਅਤੇ ਕੌਮੀ ਮੁਕਤੀ ਘੋਲ ਵਿਚ ਇਤਿਹਾਸਕ ਅਤੇ ਬੁਨਿਆਦੀ ਯੋਗਦਾਨ ਹੈ। ਉਹਨਾਂ ਨੇ ਸੱਚੇ, ਖਰ੍ਹੇ ਅਤੇ ਅਸਲੀ ਕੌਮਵਾਦ ਦੇ ਸੰਕਲਪ ਨੂੰ ਘੜਿਆ ਅਤੇ ਲਾਗੂ ਕੀਤਾ। ਗਦਰ ਲਹਿਰ ਅਤੇ ਕਿਰਤੀ ਲਹਿਰ ਨੇ ਅਗਾਂਹ ਇਨਕਲਾਬੀ ਲਹਿਰਾਂ ਨੂੰ ਉਠਾਉਣ ਵਿਚ ਬਹੁਤ ਵੱਡਾ ਯੋਗਦਾਨ ਪਾਇਆ। ਇਹ ਲਹਿਰਾਂ ਵੱਡੀਆਂ ਸਨ ਪਰ ਇਹਨਾਂ 'ਤੇ ਪੁਸਤਕਾਂ ਬਹੁਤ ਘੱਟ ਲਿਖੀਆਂ ਗਈਆਂ ਹਨ। ਇਸ ਪੁਸਤਕ ਨੂੰ PENGUIN VIKING ਵਲੋਂ ਪ੍ਰਕਾਸ਼ਿਤ ਕੀਤਾ ਗਿਆ ਹੈ। ਇਹ ਜਾਣਕਾਰੀ ਅਦਾਰਾ ਪਰਵਾਜ਼ ਦੇ ਕਨਵੀਨਰ ਸੁਖਵਿੰਦਰ ਪੱਪੀ ਅਤੇ ਅਜਮੇਰ ਸਿੱਧੂ ਨੇ ਦਿੱਤੀ ।

## ਡੇਰਾ ਸੱਚਖੰਡ ਬੱਲਾਂ ਵਿਖੇ ਮੁੱਖ ਮੰਤਰੀ ਹਰਿਆਣਾ ਹੋਏ ਨਤਮਸਤਕ



**ਕਿਸ਼ਨਗੜ੍ਹ (ਸੁਖਜੀਤ ਕੁਮਾਰ)**- ਡੇਰਾ ਸੱਚਖੰਡ ਬੱਲਾਂ ਵਿਖੇ ਮੁੱਖ ਮੰਤਰੀ ਹਰਿਆਣਾ ਨਾਇਬ ਸਿੰਘ ਸੈਣੀ ਪੰਜਾਬ ਭਾਜਪਾ ਦੀ ਸਮੁੱਚੀ ਲੀਡਰਸ਼ਿਪ ਅਤੇ ਕਈ ਹੋਰ ਭਾਜਪਾ ਆਗੂਆਂ ਨਾਲ ਨਤਮਸਤਕ ਹੋਏ।ਇਸ ਮੌਕੇ ਡੇਰਾ ਸੱਚਖੰਡ ਬੱਲਾਂ ਪਹੁੰਚਣ 'ਤੇ ਡੇਰੇ ਦੇ ਮੌਜੂਦਾ ਗੱਦੀਨਸ਼ੀਨ ਸੰਤ ਨਿਰੰਜਣ ਦਾਸ ਮਹਾਰਾਜ (ਚੇਅਰਮੈਨ ਸ੍ਰੀ ਗੁਰੂ ਰਵਿਦਾਸ ਜਨਮ ਅਸਥਾਨ ਪਬਲਿਕ ਚੈਰੀਟੇਬਲ ਟਰੱਸਟ ਵਾਰਾਣਸੀ ਯੂ.ਪੀ.) ਵਾਲਿਆਂ ਦੇ ਆਸ਼ੀਰਵਾਦ ਨਾਲ ਡੇਰੇ ਦੇ ਟਰੱਸਟ ਮੈਂਬਰਾਂ ਤੇ ਸੇਵਾਦਾਰਾਂ ਵੱਲੋਂ ਡੇਰੇ 'ਤੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਅਤੇ ਉਨ੍ਹਾਂ ਨਾਲ ਆਏ ਸਮੂਹ ਭਾਜਪਾ ਆਗੂਆਂ ਦਾ ਨਿੱਘਾ ਸਵਾਗਤ ਕੀਤਾ ਗਿਆ। ਉਹਨਾਂ ਵੱਲੋਂ ਸਭ ਤੋਂ ਪਹਿਲਾਂ ਮੰਦਰ 'ਚ ਸੁਸ਼ੋਭਿਤ ਬ੍ਰਹਮਲੀਨ ਸੰਤ ਸਰਵਣ ਦਾਸ ਜੀ ਦੀ ਪ੍ਰਤਿਭਾ ਨੂੰ ਫੁੱਲ ਮਾਲਾਵਾਂ ਅਰਪਿਤ ਕਰਦਿਆਂ ਸੰਤ ਨਿਰੰਜਣ ਦਾਸ ਜੀ ਪਾਸੋਂ ਅਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਡੇਰੇ ਦੇ ਸੇਵਾਦਾਰਾਂ ਵੱਲੋਂ ਮੁੱਖ ਮੰਤਰੀ ਸੈਣੀ ਨੂੰ ਡੇਰੇ ਸੱਚਖੰਡ ਬੱਲਾਂ ਵੱਲੋਂ ਮਾਨਵ ਕਲਿਆਣ ਹਿੱਤ ਮਨੁੱਖੀ ਸਿਹਤ ਸੇਵਾਵਾਂ, ਸਿੱਖਿਆ ਸੰਸਾਰ ਅਤੇ ਸਤਿਗੁਰੂ ਰਵਿਦਾਸ ਮਿਸ਼ਨ ਪ੍ਰਚਾਰ ਪ੍ਰਸਾਰ ਹਿੱਤ ਨਿਭਾਈਆਂ ਜਾ ਰਹੀਆਂ ਨਿਸ਼ਕਾਮ ਸੇਵਾਵਾਂ ਤੋਂ ਜਾਣੂ ਕਰਵਾਇਆ। ਇਸ ਮੌਕੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਤੇ ਉਨ੍ਹਾਂ ਦੇ ਨਾਲ ਆਈ ਭਾਜਪਾ ਲੀਡਰਸ਼ਿਪ ਦੇ ਸਮੂਹ ਆਗੂਆਂ ਵਿੱਚੋਂ ਤਰੁਣ ਚੁੱਘ ਨੈਸ਼ਨਲ ਸੈਕਟਰੀ ਭਾਜਪਾ, ਸੋਮ ਪ੍ਰਕਾਸ਼, ਵਿਜੇ ਸਾਂਪਲਾ ਦੋਨੋਂ ਹੀ ਸਾਬਕਾ ਕੈਬਨਿਟ ਮੰਤਰੀ ਤੇ ਐਕਸ ਐਮ ਪੀ, ਸਾਬਕਾ ਮੈਂਬਰ ਪਾਰਲੀਮੈਂਟ ਸੁਸ਼ੀਲ ਰਿੰਕੂ, ਐਕਸ ਐਮ ਐਲ ਏ ਸ਼ੀਤਲ ਅਨੁਰਾਗ, ਸਾਬਕਾ ਐਮ ਐਲ ਏ ਅਵਿਨਾਸ਼ ਚੰਦਰ ਕਲੇਰ, ਸਾਬਕਾ ਐਮ ਐਲ ਏ ਸਰਬਜੀਤ ਸਿੰਘ ਮੱਕੜ, ਮਨਜੀਤ ਬਾਲੀ ਤੱਲ੍ਹਣ, ਰਜੇਸ਼ ਬਾਘਾ, ਆਦਿ ਸਭ ਆਗੂਆਂ ਨੇ ਸੰਤ ਨਿਰੰਜਣ ਦਾਸ ਮਹਾਰਾਜ ਨੂੰ ਤੇ ਡੇਰੇ ਦੇ ਸੇਵਾਦਾਰਾਂ ਤੇ ਟਰੱਸਟ ਮੈਂਬਰਾਂ ਨੂੰ ਭਰੋਸਾ ਦਿਵਾਇਆ ਕਿ ਆਪ ਜਿਹੜੀ ਵੀ ਸੇਵਾ ਸਾਨੂੰ ਲਗਾਓਗੇ ਅਸੀਂ ਇਸ ਮੌਕੇ ਉਸ ਨੂੰ ਨੇਪਰੇ ਚਾੜ੍ਹਨ ਲਈ ਪੂਰੀ ਤਰ੍ਹਾਂ ਵਚਨਬੱਧ ਹੋਵਾਂਗੇ। ਇਸ ਮੌਕੇ ਸੰਤ ਨਿਰੰਜਣ ਦਾਸ ਜੀ ਦੇ ਨਾਲ ਸੇਵਾਦਾਰ ਹਰਦੇਵ ਦਾਸ ਜੀ, ਸੇਵਾਦਾਰ ਮਨਦੀਪ ਦਾਸ ਵੱਲੋਂ ਮੁੱਖ ਮੰਤਰੀ ਸੈਣੀ ਅਤੇ ਉਨ੍ਹਾਂ ਨਾਲ ਆਏ ਆਗੂਆਂ ਨੂੰ ਸਿਰਪਾਓ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਸੇਵਾਦਾਰ ਹਰਦੇਵ ਦਾਸ, ਸੇਵਾਦਾਰ ਮਨਦੀਪ ਦਾਸ, ਮੈਨੇਜਰ ਬਾਬੂ ਧਰਮਪਾਲ ਸਿਮਕ, ਸੇਵਾਦਾਰ ਦਵਿੰਦਰ ਦਾਸ, ਗਿਆਨੀ ਕੁਲਵੰਤ ਸਿੰਘ ਕਜਲਾ ਆਦਿ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

## ਪਧਿਆਣਾ 'ਚ ਡੇਂਗੂ ਜਾਗਰੂਕਤਾ ਕੈਂਪ ਲਗਾਇਆ



**ਆਦਮਪੁਰ (ਪਰਮਜੀਤ ਸਿੰਘ)**- ਸਿਹਤ ਵਿਭਾਗ ਵੱਲੋਂ ਸਮੇਂ ਸਮੇਂ 'ਤੇ ਸਿਹਤ ਸਬੰਧੀ ਲੋਕਾਂ ਨੂੰ ਜਾਗਰੂਕ ਕੀਤਾ ਜਾਂਦਾ ਹੈ। ਇਸੇ ਲੜੀ ਤਹਿਤ ਸਿਹਤ ਵਿਭਾਗ ਦੇ ਐਸ.ਐਮ.ਓ ਆਦਮਪੁਰ ਦੇ ਦਿਸ਼ਾ ਨਿਰਦੇਸ਼ ਅਨੁਸਾਰ ਆਯੂਸ਼ਮਾਨ ਅਰੋਗਿਆ ਕੇਂਦਰ ਪਧਿਆਣਾ ਵਿਖੇ ਐਸ ਆਈ. ਮਨੋਹਰ ਲਾਲ, ਸੁਖਬੀਰ ਕੌਰ (ਏ. ਐਨ. ਐਮ.) ਅਤੇ ਨੀਰਜ ਕੁਮਾਰ (ਐਮ.ਪੀ.ਐਚ.ਡਬਲਯੂ) ਦੀ ਅਗਵਾਈ ਵਿੱਚ ਡੇਂਗੂ ਜਾਗਰੂਕਤਾ ਕੈਂਪ ਲਗਾਇਆ ਗਿਆ। ਕੈਂਪ ਵਿੱਚ ਲੋਕਾਂ ਨੂੰ ਡੇਂਗੂ ਦੇ ਕਾਰਨ, ਰੋਕਥਾਮ ਅਤੇ ਇਲਾਜ ਬਾਰੇ ਦੱਸਿਆ ਅਤੇ ਲੋਕਾਂ ਨੂੰ ਡਰਾਈ ਡੇ (ਫਰਾਈਡੇ) ਜਿਵੇਂ ਫਰਿੱਜ, ਕੂਲਰ, ਪੰਛੀਆਂ ਦੇ ਪੌਂਟ, ਗਮਲੇ, ਟਾਇਰ, ਪਾਣੀ ਦੀਆਂ ਟੈਂਕੀਆਂ ਦੀ ਸਮੇਂ ਸਮੇਂ ਸਿਰ ਦੇਖਭਾਲ ਕਰਦੇ ਰਹਿਣ ਲਈ ਕਿਹਾ ਗਿਆ। ਘਰਾਂ ਵਿੱਚ ਪਈਆਂ ਨਾਵਰਤੋਂਯੋਗ ਚੀਜ਼ਾਂ ਵਿੱਚ ਪਾਣੀ ਜਮ੍ਹਾਂ ਨਾ ਹੋਣ ਦਿੱਤਾ ਜਾਵੇ। ਕੈਂਪ ਵਿੱਚ ਇੰਦਰਜੀਤ ਕੌਰ ਆਂਗਣਵਾੜੀ ਵਰਕਰ, ਆਸ਼ਾ ਵਰਕਰਜ ਅਤੇ ਪਿੰਡ ਦੇ ਪਤਵੰਦੇ ਲੋਕਾਂ ਨੇ ਹਿੱਸਾ ਲਿਆ।

## ਮੇਹਲੀਆਣਾ ਵਿਖੇ ਸਾਲਾਨਾ ਮੇਲਾ ਮਨਾਇਆ



**ਬੰਗਾ (ਅਵਤਾਰ ਕਲੇਰ)** ਦਰਬਾਰ ਸਾਈਂ ਬਾਬਾ ਜੋਤਲੀ ਸ਼ਾਹ ਮੇਹਲੀਆਣਾ ਵਿਖੇ ਸਾਲਾਨਾ ਮੇਲਾ ਮੁੱਖ ਸੇਵਾਦਾਰ ਬਾਬਾ ਚਰਨਜੀਤ ਝੱਮਟ ਦੀ ਰਹਿਨੁਮਾਈ ਹੇਠ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਬਾਬਾ ਸੁਰਜੀਤ ਸ਼ਾਹ ਚਿਸ਼ਤੀ ਜੱਸੋਮਜਾਰਾ ਤੋਂ ਇਲਾਵਾ ਵੱਖ ਵੱਖ ਦਰਬਾਰਾਂ ਤੋਂ ਸੰਤ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ। ਦਰਬਾਰ ਦੀਆਂ ਧਾਰਮਿਕ ਰਸਮਾਂ ਤੋਂ ਬਾਅਦ ਸਟੇਜ ਸਜਾਈ ਗਈ ਜਿਸ ਵਿੱਚ ਨਾਮਵਰ ਕਲਾਕਾਰ ਨਿਰਮਲਜੀਤ, ਸੰਤੋਖ ਰੁੜਕੀ,ਰਾਜ ਰਣਬੀਰ ਤੋਂ ਇਲਾਵਾ ਕਵਾਲ ਅਤੇ ਨਕਾਲ ਪਾਰਟੀਆਂ ਨੇ ਹਾਜ਼ਰੀ ਭਰਵਾਈ। ਮੇਲਾ ਕਰਵਾਉਣ 'ਚ ਹਰਜਿੰਦਰ ਸਿੰਘ ਗਾੜ੍ਹਾ, ਜਰਨੈਲ ਸਿੰਘ ਗਾੜ੍ਹੇ, ਰਾਕੇਸ਼ ਕੁਮਾਰ, ਸੰਦੀਪ ਕੋਨੇਡਾ, ਰੋਹਿਤ ਕੋਨੇਡਾ,ਗੁਰਵਿੰਦਰ ਸਿੰਘ ਗੋਰਾ ਨੇ ਸਹਿਯੋਗ ਦਿੱਤਾ। ਮੁੱਖ ਸੇਵਾਦਾਰ ਬਾਬਾ ਚਰਨਜੀਤ ਝੱਮਟ ਵਲੋਂ ਪਹੁੰਚੇ ਹੋਏ ਮਹਾਂਪੁਰਸ਼ਾਂ ਅਤੇ ਸੇਵਾਦਾਰਾਂ ਨੂੰ ਸਨਮਾਨਿਤ ਕੀਤਾ ਗਿਆ।ਚਾਹ-ਪਕੌੜੇ ਅਤੇ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਬਾਬਾ ਸੁਰਜੀਤ ਸ਼ਾਹ ਚਿਸ਼ਤੀ ਜੱਸੋਮਜਾਰਾ, ਗਿਆਨ ਚੰਦ, ਰੇਸ਼ਮ ਸਿੰਘ, ਮਹਿੰਦਰ ਪਾਲ, ਨਿਰਮਲਜੀਤ ਸਿੰਘ ਤੋਂ ਇਲਾਵਾ ਸੰਗਤਾਂ ਹਾਜ਼ਰ ਸਨ।

## ਨਸ਼ਿਆਂ ਵਿਰੁੱਧ ਦੌੜ 20 ਨੂੰ ਅਨੰਦਪੁਰ ਸਾਹਿਬ 'ਚ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਗੁਲਨੀਤ ਸਿੰਘ ਖੁਰਾਨਾ ਸੀਨੀਅਰ ਪੁਲਸ ਕਪਤਾਨ ਰੂਪਨਗਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਯੁੱਧ ਨਸ਼ਿਆ ਵਿਰੁੱਧ ਚਲਾਇਆ ਗਿਆ ਹੈ, ਜਿਸ ਵਿਚ ਪੁਲਸ ਵਿਭਾਗ ਵੱਲੋਂ ਨਿਰੰਤਰ ਗੈਰ ਸਮਾਜੀ ਅਨਸਰਾਂ ਵਿਰੁੱਧ ਕਾਰਵਾਈ ਕਰਨ ਦੇ ਨਾਲ ਨਾਲ ਸਮਾਜ ਨੂੰ ਜਾਗਰੂਕ ਕਰਨ ਲਈ ਉਪਰਾਲੇ ਕੀਤੇ ਜਾਂਦੇ ਹਨ। ਇੱਥੇ ਗੱਲਬਾਤ ਕਰਦੇ ਹੋਏ ਐਸ.ਐਸ.ਪੀ ਰੂਪਨਗਰ ਨੇ ਕਿਹਾ ਕਿ 20 ਜੁਲਾਈ ਨੂੰ ਸਵੇਰੇ 5 ਵਜੇ ਮੀਡੀਆ ਮੈਂਬਰਾਂ ਦੇ ਸਹਿਯੋਗ ਨਾਲ ਯੁੱਧ ਨਸ਼ਿਆਂ ਵਿਰੁੱਧ ਦੌੜ ਕਰਵਾਈ ਜਾ ਰਹੀ ਹੈ। ਜਿਸ ਲਈ ਸ੍ਰੀ ਅਨੰਦਪੁਰ ਸਾਹਿਬ ਇਲਾਕਾ ਵਾਸੀਆਂ ਨੂੰ ਅਪੀਲ ਹੈ ਕਿ ਇਸ ਦੌੜ ਯੁੱਧ ਨਸ਼ਿਆਂ ਵਿਰੁੱਧ ਸ਼ਮੂਲੀਅਤ ਕੀਤੀ ਜਾਵੇ ਅਤੇ ਨਸ਼ਿਆਂ ਵਿਰੁੱਧ ਆਵਾਜ਼ ਬੁਲੰਦ ਕੀਤੀ ਜਾਵੇ।

## ਮੋਹਣ ਸਭਰਵਾਲ ਭਾਵਾਧਸ ਦੇ ਸਿਟੀ ਚੇਅਰਮੈਨ ਨਿਯੁਕਤ



**ਅੱਡਾ ਸਰਾਂ (ਜਸਵੀਰ ਕਾਜਲ/ ਉਂਕਾਰ ਸਿੰਘ)**- ਭਾਰਤੀ ਵਾਲਮੀਕੀ ਧਰਮ ਸਮਾਜ (ਰਜਿ) ਟਾਂਡਾ ਹੁਸ਼ਿਆਰਪੁਰ (ਭਾਵਾਧਸ) ਦੀ ਸਥਾਨਕ ਦਫਤਰ ਵਿਖੇ ਹੋਈ ਮੀਟਿੰਗ ਦੌਰਾਨ ਸੰਸਥਾ ਵਿੱਚ ਸ਼ਾਮਿਲ ਹੋਏ ਮੋਹਣ ਸਭਰਵਾਲ ਨੂੰ ਸੰਸਥਾ ਦੇ ਸਿਟੀ ਚੇਅਰਮੈਨ ਨਿਯੁਕਤ ਕੀਤਾ ਗਿਆ। ਸੂਬਾ ਪ੍ਰਧਾਨ ਸੇਠ ਰਾਮ ਸੇਠੀ ਦੀ ਅਗਵਾਈ 'ਚ ਜ਼ਿਲਾ ਪ੍ਰਧਾਨ ਥਾਣੇਦਾਰ ਤਾਰਾ ਸਿੰਘ ਤੇ ਜ਼ਿਲ੍ਹਾ ਯੂਥ ਪ੍ਰਧਾਨ ਨਿਰਮਲ ਮੂਨਕਾਂ ਦੀ ਹਾਜ਼ਰੀ ਵਿੱਚ ਹੋਈ ਇਸ ਮੀਟਿੰਗ ਦੌਰਾਨ ਸੰਸਥਾ ਦੇ ਹੋਰਨਾਂ ਅਹੁਦੇਦਾਰਾਂ ਨੇ ਵੀ ਭਾਗ ਲਿਆ। ਇਸ ਮੌਕੇ ਪੰਜਾਬ ਪ੍ਰਧਾਨ ਸੇਠ ਰਾਮ ਸੇਠੀ ਨੇ ਦੱਸਿਆ ਕਿ ਸੰਸਥਾ ਵੱਲੋਂ ਪਹਿਲਾਂ ਦੀਪਕ ਭੀਲ਼ ਨੂੰ ਸਿਟੀ ਚੇਅਰਮੈਨ ਨਿਯੁਕਤ ਕੀਤਾ ਗਿਆ ਸੀ ਪ੍ਰੰਤੂ ਉਨਾਂ ਵੱਲੋਂ ਅਸਤੀਫਾ ਦੇਣ ਦੇ ਕਾਰਨ ਹੁਣ ਨਵੇਂ ਸਿਰੇ ਤੋਂ ਸੰਸਥਾ ਵੱਲੋਂ ਇਹ ਨਿਯੁਕਤੀ ਕੀਤੀ ਗਈ ਹੈ ਅਤੇ ਇਸ ਤੋਂ ਇਲਾਵਾ ਆਉਣ ਵਾਲੇ ਸਮੇਂ ਵਿੱਚ ਸੰਸਥਾ ਵੱਲੋਂ ਆਪਣਾ ਦਾਇਰਾ ਵਧਾਉਂਦੇ ਹੋਏ ਜਿੱਥੇ ਹੋਰ ਅਹੁਦੇਦਾਰੀਆਂ ਦੀ ਨਿਯੁਕਤੀ ਹੋਵੇਗੀ ਉੱਥੇ ਹੀ ਨਵੇਂ ਮੈਂਬਰ ਵੀ ਸ਼ਾਮਲ ਕੀਤੇ ਜਾਣਗੇ। ਇਸ ਮੌਕੇ ਉਨਾਂ ਨਵ ਨਿਯੁਕਤ ਸਿਟੀ ਚੇਅਰਮੈਨ ਸਭਰਵਾਲ ਨੂੰ ਸਨਮਾਨਤ ਕਰਦੇ ਹੋਏ ਕਿਹਾ ਕਿ ਇਹ ਬਹੁਤ ਜ਼ਰੂਰੀ ਹੈ ਕਿ ਵਾਲਮੀਕੀ ਸਮਾਜ ਨੂੰ ਦਰਪੇਸ਼ ਮੁਸ਼ਕਲਾਂ ਲਈ ਸਮੁੱਚਾ ਭਾਈਚਾਰਾ ਇੱਕ ਪਲੇਟਫਾਰਮ 'ਤੇ ਇਕੱਠਾ ਹੋਵੇ। ਇਸ ਮੌਕੇ ਉਨ੍ਹਾਂ ਸਮਾਜ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਆਪਣੇ ਬੱਚਿਆਂ ਨੂੰ ਵੱਧ ਤੋਂ ਵੱਧ ਸਾਖਿਅਤ ਕਰੋ ਤਾਂ ਜੋ ਉਹ ਅੱਜ ਦੇ ਸਮਾਜ ਵਿੱਚ ਚੰਗੀ ਤਰ੍ਹਾਂ ਵਿਚਰ ਸਕਣ ਅਤੇ ਸਮਾਜ ਦੀ ਬਿਹਤਰੀ ਵਾਸਤੇ ਕੰਮ ਕਰ ਸਕਣ। ਮੀਟਿੰਗ ਦੌਰਾਨ ਨਵ ਨਿਯੁਕਤ ਸਿਟੀ ਚੇਅਰਮੈਨ ਮੋਹਣ ਸਭਰਵਾਲ ਨੇ ਸੰਸਥਾ ਦੇ ਸਾਰੇ ਹੀ ਅਹੁਦੇਦਾਰਾਂ ਅਤੇ ਮੈਂਬਰਾਂ ਦਾ ਧੰਨਵਾਦ ਕੀਤਾ । ਇਸ ਮੌਕੇ ਸੰਸਥਾ ਦੇ ਗਗਨ ਭੱਟੀ ਚੇਅਰਮੈਨ ਪੰਜਾਬ ਆਵਾਧਸ, ਮਿੱਕੀ ਪੰਡਿਤ ਉੱਤਰ ਭਾਰਤ ਪ੍ਰਧਾਨ ਸ਼ਿਵ ਸੈਨਾ ਪੰਜਾਬ ਨੇ ਨਵ ਨਿਯੁਕਤ ਸਿਟੀ ਚੇਅਰਮੈਨ ਮੋਹਣ ਸਬਰਵਾਲ ਨੂੰ ਮੁਬਾਰਕਬਾਦ ਦਿੱਤੀ ਅਤੇ ਸੰਸਥਾ ਦੀ ਬਿਹਤਰੀ ਵਾਸਤੇ ਕੰਮ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਮੈਂਬਰ ਦੀਪਕ ਭੀਲ, ਕਰਨ ਸਭਰਵਾਲ ਵੀ ਹਾਜ਼ਰ ਸਨ।

## ਪ੍ਰਸ਼ਾਸਨ ਵੱਲੋਂ ਖਾਲੀ ਪਏ ਪਲਾਟਾਂ 'ਚੋਂ ਕੂੜਾ-ਕਰਕਟ ਸਾਫ਼ ਨਾ ਕਰਵਾਉਣ 'ਤੇ 289 ਨੋਟਿਸ ਜਾਰੀ




**ਜਲੰਧਰ (ਸ਼ੈਲੀ ਐਲਬਰਟ)**- ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਖਾਲੀ ਪਲਾਟਾਂ 'ਚੋਂ ਕੂੜਾ-ਕਰਕਟ ਸਾਫ਼ ਕਰਵਾਉਣ ਦੇ ਦਿੱਤੇ ਗਏ ਹੁਕਮਾਂ ਦੀ ਪਾਲਣਾ ਕਰਦਿਆਂ ਜਲੰਧਰ ਪ੍ਰਸ਼ਾਸਨ ਵੱਲੋਂ ਜ਼ਿਲ੍ਹੇ ਭਰ ਵਿੱਚ ਵੱਖ-ਵੱਖ ਪਲਾਟ ਮਾਲਕਾਂ ਨੂੰ 289 ਨੋਟਿਸ ਜਾਰੀ ਕੀਤੇ ਗਏ ਹਨ।ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਮਾਨਸੂਨ ਸੀਜ਼ਨ ਦੌਰਾਨ ਬਿਮਾਰੀਆਂ ਫੈਲਣ ਦੇ ਖਦਸ਼ੇ ਅਤੇ ਜਨਤਕ ਸਿਹਤ ਸੁਰੱਖਿਆ ਦੇ ਮੱਦੇਨਜ਼ਰ ਜ਼ਿਲ੍ਹੇ ਭਰ ਦੇ ਪਲਾਟ ਮਾਲਕਾਂ ਨੂੰ 10 ਜੁਲਾਈ ਤੱਕ ਆਪਣੇ ਖਾਲੀ ਪਏ ਪਲਾਟਾਂ 'ਚੋਂ ਕੂੜਾ-ਕਰਕਟ ਅਤੇ ਹੋਰ ਰਹਿੰਦ-ਖੂੰਹਦ ਸਾਫ਼ ਕਰਵਾਉਣ ਦੇ ਨਿਰਦੇਸ਼ ਦਿੱਤੇ ਗਏ ਸਨ। ਇਸ ਤੋਂ ਇਲਾਵਾ ਕੂੜੇ ਦੀ ਗੈਰ-ਕਾਨੂੰਨੀ ਡੰਪਿੰਗ ਰੋਕਣ ਲਈ ਪਲਾਟਾਂ ਦੇ ਆਲੇ-ਦੁਆਲੇ ਚਾਰਦੀਵਾਰੀ ਜਾਂ ਵਾੜ ਬਣਾਉਣ ਦੇ ਹੁਕਮ ਵੀ ਜਾਰੀ ਕੀਤੇ ਗਏ ਸਨ।ਉਨ੍ਹਾਂ ਦੱਸਿਆ ਕਿ ਉਕਤ ਹੁਕਮਾਂ ਦੀ ਉਲੰਘਣਾ ਪਾਏ ਜਾਣ 'ਤੇ ਨਗਰ ਨਿਗਮ ਜਲੰਧਰ ਵੱਲੋਂ 99, ਨਗਰ ਕੌਂਸਲ ਆਦਮਪੁਰ ਵੱਲੋਂ 14, ਨਗਰ ਪੰਚਾਇਤ ਅਲਾਵਲਪੁਰ ਵੱਲੋਂ 4, ਨਗਰ ਕੌਂਸਲ ਭੋਗਪੁਰ ਵੱਲੋਂ 25, ਨਗਰ ਪੰਚਾਇਤ ਬਿਲਗਾ ਵੱਲੋਂ 8, ਨਗਰ ਕੌਂਸਲ ਗੁਰਾਇਆ ਵੱਲੋਂ 9, ਨਗਰ ਕੌਂਸਲ ਕਰਤਾਰਪੁਰ ਵੱਲੋਂ 14, ਨਗਰ ਪੰਚਾਇਤ ਲੋਹੀਆਂ ਖਾਸ ਵੱਲੋਂ 29, ਨਗਰ ਪੰਚਾਇਤ ਮਹਿਤਪੁਰ ਵੱਲੋਂ 30, ਨਗਰ ਕੌਂਸਲ ਨਕੋਦਰ ਵੱਲੋਂ 9, ਨਗਰ ਕੌਂਸਲ ਫਿਲੌਰ ਵੱਲੋਂ 16, ਨਗਰ ਕੌਂਸਲ ਨੂਰਮਹਿਲ ਵੱਲੋਂ 5 ਅਤੇ ਨਗਰ ਪੰਚਾਇਤ ਸ਼ਾਹਕੋਟ ਵੱਲੋਂ 27 ਨੋਟਿਸ ਜਾਰੀ ਕੀਤੇ ਗਏ ਹਨ।ਡਾ. ਅਗਰਵਾਲ ਨੇ ਦੱਸਿਆ ਕਿ ਜਾਰੀ ਨੋਟਿਸਾਂ ਵਿੱਚ ਪਲਾਟ ਮਾਲਕਾਂ ਨੂੰ ਨੋਟਿਸ ਜਾਰੀ ਹੋਣ ਦੀ ਮਿਤੀ ਤੋਂ 2 ਦਿਨਾਂ ਦੇ ਅੰਦਰ-ਅੰਦਰ ਪਲਾਟਾਂ ਦੀ ਸਾਫ਼-ਸਫਾਈ ਅਤੇ ਪਲਾਟ ਦੇ ਆਲੇ-ਦੁਆਲੇ ਚਾਰਦਿਵਾਰੀ ਕਰਵਾਉਣ ਦੀ ਹਦਾਇਤ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਸਰਕਾਰੀ ਵਿਭਾਗ ਸਫਾਈ ਕਰਨਗੇ, ਜਿਸ ਦਾ ਖ਼ਰਚਾ ਜੁਰਮਾਨੇ ਵਜੋਂ ਪਲਾਟ ਮਾਲਕ ਤੋਂ ਵਸੂਲ ਕੀਤਾ ਜਾਵੇਗਾ। ਜੇਕਰ ਕੋਈ ਲਾਗਤ ਜਮ੍ਹਾ ਨਹੀਂ ਕਰਵਾਉਂਦਾ ਤਾਂ ਮਾਲ ਰਿਕਾਰਡ ਵਿੱਚ ਲਾਲ ਐਂਟਰੀ ਦਰਜ ਕੀਤੀ ਜਾਵੇਗੀ।ਇਸ ਤੋਂ ਇਲਾਵਾ ਪੁਲਸ ਵੱਲੋਂ ਕਾਨੂੰਨੀ ਕਾਰਵਾਈ ਵੀ ਕੀਤੀ ਜਾਵੇਗੀ।ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਵੀਰਵਾਰ ਨੂੰ ਨਗਰ ਨਿਗਮ ਜਲੰਧਰ ਦੇ ਕਮਿਸ਼ਨਰ ਗੌਤਮ ਜੈਨ ਅਤੇ ਹੋਰ ਅਧਿਕਾਰੀਆਂ ਸਮੇਤ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਦਾ ਦੌਰਾ ਕੀਤਾ ਅਤੇ ਆਦਰਸ਼ ਨਗਰ ਚੌਂਕ ਨੇੜੇ ਇੱਕ ਖਾਲੀ ਪਲਾਟ 'ਚੋਂ ਕੂੜਾ ਹਟਵਾਇਆ। ਉਨ੍ਹਾਂ ਦੱਸਿਆ ਕਿ ਜਿਨ੍ਹਾਂ ਪਲਾਟਾਂ ਵਿੱਚ ਅਧਿਕਾਰੀਆਂ ਵੱਲੋਂ ਸਫਾਈ ਕਰਵਾਈ ਜਾਂਦੀ ਹੈ, ਉਥੇ ਸਫਾਈ ਦਾ ਖਰਚਾ ਪਲਾਟ ਮਾਲਕਾਂ ਤੋਂ ਵਸੂਲ ਕੀਤਾ ਜਾਵੇਗਾ। ਉਨ੍ਹਾਂ ਸਾਫ਼-ਸੁਥਰਾ ਵਾਤਾਵਰਣ ਯਕੀਨੀ ਬਣਾਉਣ ਅਤੇ ਵਸਨੀਕਾਂ ਦੀ ਸਿਹਤ ਦੀ ਸੁਰੱਖਿਆ ਲਈ ਜਲੰਧਰ ਪ੍ਰਸ਼ਾਸਨ ਦੀ ਵਚਨਬੱਧਤਾ ਦੁਹਰਾਈ।

## ਸਾਲਾਨਾ ਮੇਲਾ ਭਲਕ ਤੋਂ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)** ਦਰਬਾਰ ਬਾਬਾ ਗਾਈ ਸ਼ਾਹ ਜੀ ਦਾ ਸਾਲਾਨਾ ਮੇਲਾ 13 ਅਤੇ 14 ਜੁਲਾਈ ਨੂੰ ਮੰਡੀ ਚੌਕ ਨੂਰਮਹਿਲ ਵਿਖੇ ਬੜੀ ਧੂਮ ਧਾਮ ਅਤੇ ਸ਼ਰਧਾ ਪੂਰਵਕ ਕਰਵਾਇਆ ਜਾ ਰਿਹਾ ਹੈ। ਬਾਬਾ ਗਾਈ ਸ਼ਾਹ ਜੀ ਨੌਜਵਾਨ ਸਭਾ ਮੈਂਬਰਾਂ ਨੇ ਦੱਸਿਆ ਕਿ 13 ਜੁਲਾਈ ਨੂੰ ਝੰਡੇ ਦੀ ਰਸਮ ਸ਼ਾਮ 5 ਵਜੇ ਹੋਵੇਗੀ। ਕਰਾਮਤ ਅਲੀ ਕਵਾਲ ਰਾਤ 8 ਵਜੇ ਕਲਾਮ ਪੇਸ਼ ਕਰਨਗੇ। 14 ਜੁਲਾਈ ਨੂੰ ਸਟੇਜ ਪ੍ਰੋਗਰਾਮ ਸਵੇਰ 11 ਵਜੇ ਸ਼ੁਰੂ ਹੋਵੇਗਾ।

## ਲਾਇਨਜ਼ ਕਲੱਬ ਬਿਲਗਾ ਆਸਥਾ ਤੇ ਭਾਰਤ ਵਿਕਾਸ ਪ੍ਰੀਸ਼ਦ ਵੱਲੋਂ ਸਕੂਲ ਲਈ ਪੱਖੇ ਭੇਟ




**ਬਿਲਗਾ (ਵਿਜੇ ਕੁਮਾਰ)**- ਬਿਲਗਾ ਦੇ ਸਰਕਾਰੀ ਪ੍ਰਾਇਮਰੀ ਸਕੂਲ ਲੜਕੀਆਂ ਵਿਖੇ ਲਾਇਨਜ਼ ਕਲੱਬ ਬਿਲਗਾ ਆਸਥਾ ਅਤੇ ਭਾਰਤੀਏ ਵਿਕਾਸ ਪ੍ਰੀਸ਼ਦ ਵੱਲੋਂ ਸਕੂਲ ਨੂੰ ਛੱਤ ਵਾਲੇ ਛੇ ਪੱਖੇ ਦਾਨ ਕੀਤੇ ਗਏ। ਲਾਇਨ ਪ੍ਰਿੰਸੀਪਲ ਰਵੀ ਸ਼ਰਮਾ ਨੇ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਪ੍ਰੋਜੈਕਟ ਦਾ ਸਾਰਾ ਖਰਚ ਨਵਨੀਤ ਕੌਰ ਜੌਹਲ ਪੁੱਤਰੀ ਬਲਵਿੰਦਰ ਸਿੰਘ ਅਤੇ ਉਨ੍ਹਾਂ ਦੇ ਮਾਤਾ ਬਲਵੀਰ ਕੌਰ ਵੱਲੋਂ ਕੀਤਾ ਗਿਆ। ਉਨ੍ਹਾਂ ਨੂੰ ਇਹ ਪ੍ਰੋਜੈਕਟ ਕਰਨ ਲਈ ਕਲੱਬ ਮੈਂਬਰਾਂ ਅਤੇ ਭਾਰਤੀ ਵਿਕਾਸ ਪ੍ਰੀਸ਼ਦ ਦੇ ਮੈਂਬਰਾਂ ਨੇ ਪ੍ਰੇਰਿਤ ਕੀਤਾ। ਇਹ ਪ੍ਰੋਜੈਕਟ ਕਰਨ ਲਈ ਲਾਇਨ ਪੁਸ਼ਕਰ ਅਰੋੜਾ ਦਾ ਵਿਸ਼ੇਸ਼ ਯੋਗਦਾਨ ਰਿਹਾ। ਇਸ ਮੌਕੇ ਸਕੂਲ ਦੀ ਮੁੱਖ ਅਧਿਆਪਕਾ ਨਿਰਮਲ ਕੌਰ ਨੇ ਆਏ ਮਹਿਮਾਨਾਂ ਦਾ ਸਵਾਗਤ ਕੀਤਾ। ਇਸ ਮੌਕੇ ਕਲੱਬ ਪ੍ਰਧਾਨ ਲਾਇਨ ਭੁਪਿੰਦਰ ਕੁਮਾਰ, ਲਾਇਨ ਬਹਾਦਰ ਸਿੰਘ, ਲਾਇਨ ਤੀਰਥ ਰਾਮ, ਲਾਇਨ ਸਤੀਸ਼ ਕੁਮਾਰ, ਲਾਇਨ ਕਮਲਜੀਤ ਕਾਲੀਆ, ਲਾਇਨ ਪ੍ਰਿੰਸੀਪਲ ਰਵੀ ਸ਼ਰਮਾ, ਲਾਇਨ ਵਿਜੇ ਕੁਮਾਰ, ਲਾਇਨ ਪੁਸ਼ਕਰ ਕੁਮਾਰ ਅਤੇ ਵਿਜੇ ਕੁਮਾਰ ਅਰੋੜਾ ਅਤੇ ਸਕੂਲ ਦੇ ਸਮੂਹ ਸਟਾਫ ਮੈਂਬਰ ਹਾਜ਼ਰ ਸਨ। ਲਾਇਨ ਸਤੀਸ਼ ਕੁਮਾਰ ਪਟਵਾਰੀ ਨੇ ਜਿੱਥੇ ਨਵਨੀਤ ਕੌਰ ਜੌਹਲ ਦਾ ਧੰਨਵਾਦ ਕੀਤਾ ਉੱਥੇ ਹੀ ਆਏ ਹੋਏ ਸਾਰੇ ਮੈਂਬਰਾਂ ਦਾ ਵੀ ਧੰਨਵਾਦ ਕੀਤਾ ।

## ਬਲਾਕ ਅਨੰਦਪੁਰ ਸਾਹਿਬ 'ਚ ਲਗਾਏ ਜਾਣਗੇ 1 ਲੱਖ ਪੌਦੇ : ਇਸ਼ਾਨ ਚੌਧਰੀ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਸ੍ਰੀਮਤੀ ਇਸ਼ਾਨ ਚੌਧਰੀ ਬਲਾਕ ਵਿਕਾਸ ਤੇ ਪੰਚਾਇਤ ਅਫਸਰ ਸ੍ਰੀ ਅਨੰਦਪੁਰ ਸਾਹਿਬ ਨੇ ਬਲਾਕ ਸ੍ਰੀ ਅਨੰਦਪੁਰ ਸਾਹਿਬ ਵਿੱਚ ਪੌਦੇ ਲਗਾਉਣ ਦੀ ਮੁਹਿੰਮ ਦੀ ਸ਼ੁਰੂਆਤ ਕਰਦੇ ਹੋਏ ਕਿਹਾ ਕਿ ਬਲਾਕ ਵਿੱਚ ਜੰਗਲਾਤ ਵਿਭਾਗ ਦੇ ਸਹਿਯੋਗ ਨਾਲ ਵਿੱਤੀ ਸਾਲ 2025-26 ਦੌਰਾਨ 1 ਲੱਖ ਪੌਦੇ ਲਗਾਏ ਜਾਣਗੇ।ਬੀ ਡੀ ਪੀ ਓ ਨੇ ਕਿਹਾ ਕਿ ਵਾਤਾਵਰਣ ਪੌਣ ਪਾਣੀ ਦੀ ਸਾਂਭ ਸੰਭਾਲ ਲਈ ਨਾਗਰਿਕਾਂ ਤੋਂ ਸਹਿਯੋਗ ਮੰਗਿਆ ਹੈ। ਪੌਦੇ ਲਗਾਉਣ ਲਈ ਇਹ ਸਭ ਤੋਂ ਢੁਕਵਾ ਮੌਸਮ ਹੈ, ਉਨ੍ਹਾਂ ਕਿਹਾ ਕਿ ਰੁੱਖਾਂ ਦੀ ਹੋਈ ਅੰਨ੍ਹੇਵਾਹ ਕਟਾਈ ਨਾਲ ਵਾਤਾਵਰਣ ਅਸੰਤੁਲਿਤ ਹੋਇਆ ਹੈ ਅਤੇ ਹਰਿਆਵਲ ਨੂੰ ਵਧਾਉਣ ਲਈ ਪੌਦੇ ਲਗਾਉਣੇ ਬੇਹੱਦ ਜ਼ਰੂਰੀ ਹਨ। ਉਨ੍ਹਾਂ ਕਿਹਾ ਕਿ ਅਜਿਹੇ ਪੌਦੇ ਲਗਾਉਣੇ ਚਾਹੀਦੇ ਹਨ ਜੋ ਘੱਟ ਤੋਂ ਘੱਟ ਪਾਣੀ ਖਪਤ ਨਾਲ ਤਿਆਰ ਹੋਣ। ਉਨ੍ਹਾਂ ਨੇ ਕਿਹਾ ਕਿ ਜਿਹੜੇ ਰੁੱਖਾਂ ਦਾ ਅਸੀ ਅੱਜ ਅਨੰਦ ਮਾਣ ਰਹੇ ਹਾਂ, ਉਹ ਸਾਡੀਆਂ ਪਿਛਲੀਆ ਪੀੜ੍ਹੀਆਂ ਨੇ ਲਗਾਏ ਹਨ ਅਤੇ ਜਿਹੜੇ ਪੌਦੇ ਅਸੀਂ ਲਗਾ ਰਹੇ ਹਾਂ, ਉਹ ਸਾਡੀਆਂ ਨਸਲਾਂ ਲਈ ਬੇਹੱਦ ਲਾਹੇਵੰਦ ਸਾਬਤ ਹੋਣਗੇ। ਉਨ੍ਹਾਂ ਕਿਹਾ ਕਿ ਢੁਕਵੀਆਂ ਖਾਲੀ ਥਾਵਾ 'ਤੇ ਪੌਦੇ ਲਗਾਉਣ ਦੇ ਨਾਲ ਨਾਲ ਉਨ੍ਹਾਂ ਦਾ ਪਾਲਣ ਤੇ ਰੱਖ ਰਖਾਓ ਕਰਨਾ ਚਾਹੀਦਾ ਹੈ ਅਤੇ ਹਰ ਕਿਸੇ ਨੂੰ ਯਾਦਗਾਰੀ ਪੌਦਾ ਜ਼ਰੂਰ ਲਗਾਉਣਾ ਚਾਹੀਦਾ ਹੈ। ਇਸ ਮੌਕੇ ਰਾਜ ਸਿੰਘ ਸੁਪਰਡੈਂਟ, ਜਗਤਾਰ ਸਿੰਘ ਪ.ਅਫਸਰ, ਸਤਪਾਲ ਸੰਮਤੀ ਪਟਵਾਰੀ, ਪੰਕਜ ਸੈਣੀ ਨਰੇਗਾ, ਅਨੁਰਾਧਾ ਸਟੈਨੋ, ਰਾਜਵੰਤ ਕੌਰ ਸਹਾਇਕ, ਅਨੁਰਾਗ, ਬਲਵੀਰ ਕੌਰ ਅਤੇ ਸਟਾਫ ਹਾਜ਼ਰ ਸਨ।

## ਸ੍ਰੀ ਗੁਰੂ ਰਵਿਦਾਸ ਸਭਾ ਵੱਲੋਂ ਈ ਓ ਦੇ ਰਵੱਈਏ ਵਿਰੁੱਧ ਰੋਸ



**ਖਰੜ (ਹਰਨਾਮ ਸਿੰਘ ਡੱਲਾ)**- ਸਥਾਨਕ ਨਗਰ ਕੌਂਸਲ ਦਫ਼ਤਰ ਦੇ ਅਧਿਕਾਰੀਆਂ ਤੇ ਸਬੰਧਤ ਅਮਲੇ ਵਲੋਂ ਸ੍ਰੀ ਗੁਰੂ ਰਵਿਦਾਸ ਭਵਨ ਖਰੜ ਦੀ ਨਿਸ਼ਾਨਦੇਹੀ ਤੋਂ ਬਾਅਦ ਰੈਵੀਨਿਊ ਰਿਕਾਰਡ ਅਨੁਸਾਰ ਚਾਰਦੀਵਾਰੀ ਕਰਨ ਵਿੱਚ ਦੇਰੀ ਨੂੰ ਲੈ ਸਭਾ ਦੇ ਮੈਂਬਰਾਂ ਵੱਲੋਂ ਜ਼ਬਰਦਸਤ ਰੋਸ ਪ੍ਰਗਟ ਕੀਤਾ ਗਿਆ। ਸ੍ਰੀ ਗੁਰੂ ਰਵਿਦਾਸ ਸਭਾ ਰਜਿ: ਖਰੜ ਵੱਲੋਂ ਸਰਕਾਰ ਤੇ ਪ੍ਰਸ਼ਾਸਨ ਤੱਕ ਨਜਾਇਜ਼ ਕਬਜ਼ੇ ਚੁਕਵਾਉਣ ਨੂੰ ਲੈ ਕੇ ਦਰਖ਼ਾਸਤਾਂ ਤੇ ਪ੍ਰਿੰਟ ਮੀਡੀਏ ਰਾਹੀਂ ਵੀ ਮੰਗ ਕੀਤੀ ਜਾਂਦੀ ਰਹੀ ਹੈ। ਪਰ ਨਗਰ ਕੌਂਸਲ ਖਰੜ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਦੇ ਕੰਨ ਉੱਤੇ ਜੂੰ ਤੱਕ ਨਹੀਂ ਸਰਕ ਰਹੀ ਸੀ। ਸਭਾ ਵੱਲੋਂ ਇਹ ਸਾਰੀ ਸਥਿਤੀ ਬਾਰੇ ਮੁੱਖ ਮੰਤਰੀ ਪੰਜਾਬ, ਸਕੱਤਰ ਤੇ ਡਾਇਰੈਕਟਰ ਸਥਾਨਕ ਸਰਕਾਰਾਂ, ਡਿਪਟੀ ਕਮਿਸ਼ਨਰ ਮੋਹਾਲੀ ਅਤੇ ਐੱਸ ਡੀ ਐੱਮ ਖਰੜ ਦੇ ਧਿਆਨ ਵਿੱਚ ਵੀ ਲਿਆਂਦੀ ਜਾਂਦੀ ਰਹੀ ਹੈ। ਡਿਪਟੀ ਕਮਿਸ਼ਨਰ ਦਫ਼ਤਰ ਮੁਹਾਲੀ ਦੇ ਦਿਸ਼ਾ ਨਿਰਦੇਸ਼ਾਂ ਹੇਠ ਭਾਵੇਂ ਨਗਰ ਕੌਂਸਲ ਖਰੜ ਨੇ ਸਭਾ ਦੇ ਵਫ਼ਦ ਨੂੰ ਗੱਲਬਾਤ ਲਈ ਬੁਲਾ ਵੀ ਲਿਆ ਸੀ, ਪਰ ਲੰਬੇ ਸਮੇਂ ਦੀ ਉਡੀਕ ਤੋਂ ਬਾਅਦ ਸਭਾ ਦੇ ਮੈਂਬਰਾਂ ਸਭਾ ਦੇ ਪ੍ਰਧਾਨ ਮਦਨ ਲਾਲ ਜਨਾਗਲ ਤੇ ਜਨਰਲ ਸਕੱਤਰ ਹਰਨਾਮ ਸਿੰਘ ਡੱਲਾ, ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਜੀ ਲਾਂਡਰਾਂ ਰੋਡ ਖਰੜ ਦੇ ਪ੍ਰਧਾਨ ਹਰਨੇਕ ਸਿੰਘ ਦੇਵਪੁਰੀ, ਗੁਰਮੇਲ ਸਿੰਘ ਧਾਲੀਵਾਲ, ਜੰਗ ਸਿੰਘ, ਜਸਪਾਲ ਸਿੰਘ, ਬਲਬੀਰ ਚੰਦ, ਅਮਨਦੀਪ ਸਿੰਘ ਨੋਨਾ, ਐੱਸ ਆਰ ਮੱਲ, ਬਲਵਿੰਦਰ ਸਿੰਘ ਮਹਿਤੋਤ, ਸੁਖਵਿੰਦਰ ਸਿੰਘ ਦੁੱਮਣਾ, ਬਲਬੀਰ ਸਿੰਘ, ਮੋਹਨ ਲਾਲ ਰਾਹੀ, ਰਾਜਿੰਦਰ ਸਿੰਘ ਹਵਾਰਾ, ਹਾਕਮ ਸਿੰਘ, ਪਾਲ ਸਿੰਘ ਘੇੜਾ, ਸੱਜਣ ਸਿੰਘ, ਪ੍ਰਿੰਸੀਪਲ ਹਰਚਰਨ ਸਿੰਘ, ਸਵਰਨ ਸਿੰਘ ਸ਼ਾਨ, ਧਨਵੰਤ ਸਿੰਘ ਸੰਧੂਆਂ, ਸੁਖਤੇਜ ਸਿੰਘ, ਜਸਵੰਤ ਸਿੰਘ ਸ਼ਿਵਜੋਤ ਇਨਕਲੇਵ, ਸੋਢੀ ਰਾਮ ਅਤੇ ਅਵਤਾਰ ਸਿੰਘ ਚੱਕਲਾਂ ਨੇ ਸਮੂਹਿਕ ਤੌਰ 'ਤੇ ਈ ਓ ਨਗਰ ਕੌਂਸਲ ਖਰੜ ਦੇ ਰਵੱਈਏ ਨੂੰ ਲੈ ਕੇ ਸਖ਼ਤ ਇਤਰਾਜ਼ ਉਠਾਇਆ। ਈ ਓ ਨਗਰ ਕੌਂਸਲ ਵੱਲੋਂ ਲੋਕ ਰੋਹ ਨੂੰ ਦੇਖਦੇ ਹੋਇਆਂ ਵਫ਼ਦ ਦੇ ਮੈਂਬਰਾਂ ਨੂੰ ਭਰੋਸਾ ਦਿਵਾਇਆ ਕਿ ਕਬਜ਼ਾ ਕਰਨ ਵਾਲੇ ਲੋਕਾਂ ਖ਼ਿਲਾਫ਼ ਨਗਰ ਕੌਂਸਲ ਵੱਲੋਂ ਕਾਨੂੰਨੀ ਕਾਰਵਾਈ ਕਰਨ ਤੋਂ ਬਾਅਦ ਜਲਦੀ ਹੀ ਚਾਰਦੀਵਾਰੀ ਦਾ ਕੰਮ ਨੇਪਰੇ ਚਾੜ੍ਹੇਗੀ।

## ਅਸ਼ਵਨੀ ਸ਼ਰਮਾ ਨੂੰ ਪੰਜਾਬ ਦਾ ਕਾਰਜਕਾਰੀ ਪ੍ਰਧਾਨ ਨਿਯੁਕਤ ਕਰਨ 'ਤੇ ਖੁਸ਼ੀ ਦਾ ਪ੍ਰਗਟਾਵਾ



**ਬਲਾਚੌਰ (ਜਸਵਿੰਦਰ ਬੈਂਸ)**- ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਤੋਂ ਜ਼ਿਲ੍ਹਾ ਯੂਥ ਪ੍ਰਧਾਨ ਪੰਕਜ ਕੁਮਾਰ ਨੇ ਅਸ਼ਵਨੀ ਸ਼ਰਮਾ ਵਿਧਾਇਕ ਪਠਾਨਕੋਟ ਨੂੰ ਭਾਰਤੀ ਜਨਤਾ ਪਾਰਟੀ ਪੰਜਾਬ ਦਾ ਕਾਰਜਕਾਰੀ ਪ੍ਰਧਾਨ ਨਿਯੁਕਤ ਕਰਨ 'ਤੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਹੈ। ਉਨ੍ਹਾਂ ਕਿਹਾ ਕਿ ਪਾਰਟੀ ਹਾਈ ਕਮਾਂਡ ਨੇ ਪੰਜਾਬ ਦੇ ਹਿੱਤਾਂ ਨੂੰ ਮੁੱਖ ਰੱਖਦੇ ਹੋਏ ਫੈਸਲਾ ਲਿਆ ਗਿਆ ਹੈ ਤੇ ਪਾਰਟੀ ਪੰਜਾਬ ਵਿੱਚ ਮਜ਼ਬੂਤ ਹੋਵੇਗੀ । ਪੰਕਜ ਕੁਮਾਰ ਨੇ ਕਿਹਾ ਕਿ ਅਸ਼ਵਨੀ ਸ਼ਰਮਾ ਬਹੁਤ ਹੀ ਮਿਹਨਤੀ ਪਾਰਟੀ ਦੇ ਨੇਤਾ ਹਨ ਤੇ ਇਹ 2027 ਵਿੱਚ ਆਉਣ ਵਾਲੇ ਵਿਧਾਨ ਸਭਾ ਚੋਣਾਂ ਵਿੱਚ ਪਾਰਟੀ ਦੇ ਵਰਕਰਾਂ ਵਿੱਚ ਨਵਾਂ ਜੋਸ਼ ਭਰਨਗੇ।

## ਡਾ. ਜਿੰਦਲ ਨੇ ਕੀਤਾ ਸਫ਼ਲ ਅਪ੍ਰੇਸ਼ਨ



**ਸੁਨਾਮ (ਅਸ਼ੋਕ ਬਾਂਸਲ)**- ਪਿਛਲੇ ਲੰਮੇ ਸਮੇਂ ਤੋਂ ਪੇਟ 'ਚ ਜ਼ਿਆਦਾ ਦਰਦ ਰਹਿਣ ਕਾਰਨ ਪੱਤਰਕਾਰ ਹਾਕਮ ਸਿੰਘ ਭੱਟੀ ਦਾ ਡਾ. ਰਾਜੀਵ ਜਿੰਦਲ ਨੇ ਸਫ਼ਲ ਅਪ੍ਰੇਸ਼ਨ ਕੀਤਾ। ਡਾਕਟਰ ਜਿੰਦਲ ਨੇ ਦੱਸਿਆ ਕੀ ਭੱਟੀ ਦੇ ਪੇਟ ਅੰਦਰ ਇਨਫੈਕਸ਼ਨ ਅਤੇ ਸੋਜ਼ਿਸ਼ ਜ਼ਿਆਦਾ ਹੋਣ ਕਾਰਨ ਤੇ ਪਥਰੀ ਵੱਡੀ ਹੋਣ ਕਾਰਨ ਪਹਿਲਾਂ ਉਨ੍ਹਾਂ ਦੀ ਇਨਫੈਕਸ਼ਨ ਦਵਾਈਆਂ ਦੇ ਕੇ ਘਟਾਈ ਗਈ, ਸਹੀ ਸਮਾਂ ਆਉਣ 'ਤੇ ਪੂਰੀ ਤਰਾਂ ਸੋਚ ਸਮਝ ਕੇ ਉਨ੍ਹਾਂ ਦਾ ਆਪਰੇਸ਼ਨ ਕੀਤਾ ਗਿਆ, ਜੋ ਸਫ਼ਲ ਰਿਹਾ।

## ਪੰਜਾਬ ਸਰਕਾਰ ਕੇਂਦਰ ਸਰਕਾਰ ਦੀਆਂ ਸਕੀਮਾਂ ਲਾਗੂ ਕਰਨ 'ਚ ਅਸਫਲ ਰਹੀ



**ਬਲਾਚੌਰ (ਜਸਵਿੰਦਰ ਬੈਂਸ)**- ਭਾਰਤੀ ਜਨਤਾ ਪਾਰਟੀ ਜ਼ਿਲ੍ਹਾ ਐਸ.ਬੀ.ਐਸ. ਨਗਰ ਵੱਲੋਂ ਜ਼ਿਲ੍ਹਾ ਪ੍ਰਧਾਨ ਰਾਜਵਿੰਦਰ ਸਿੰਘ ਲੱਕੀ ਦੀ ਅਗਵਾਈ ਹੇਠ ਬਲਾਚੌਰ ਸ਼ਹਿਰ ਦੇ ਵਾਰਡ ਨੰਬਰ 12 ਸਿਆਣਾ ਵਿਖੇ ਕੇਂਦਰ ਸਰਕਾਰ ਦੀਆਂ ਸਕੀਮਾਂ ਦਾ ਵਿਸ਼ੇਸ਼ ਸਹਾਇਤਾ ਕੈਂਪ ਲਗਾਇਆ ਗਿਆ। ਇਹ ਕੈਂਪ ਬਲਾਚੌਰ ਦੇ ਵੱਖ-ਵੱਖ ਪਿੰਡਾਂ ਅਤੇ ਵਾਰਡਾਂ ਵਿੱਚ ਲਗਾਏ ਜਾਣਗੇ ।ਕੈਂਪ ਦੌਰਾਨ ਭਾਰੀ ਸੰਖਿਆ ਵਿੱਚ ਲੋਕਾਂ ਨੇ ਸ਼ਮੂਲੀਅਤ ਕੀਤੀ, ਜਿੱਥੇ ਹੇਠ ਲਿਖੀਆਂ ਸਕੀਮਾਂ ਦੇ ਲਾਭ ਦਿੱਤੇ ਗਏ, ਆਯੁਸ਼ਮਾਨ ਭਾਰਤ ਯੋਜਨਾ ਤਹਿਤ ਆਯੁਸ਼ਮਾਨ ਕਾਰਡ ਬਣਾਏ ਗਏ, ਜਿਸ ਰਾਹੀਂ ਲਾਭਪਾਤਰੀ ਹੁਣ 5 ਲੱਖ ਰੁਪਏ ਤੱਕ ਮੁਫ਼ਤ ਇਲਾਜ ਦੀ ਸਹੂਲਤ ਪ੍ਰਾਪਤ ਕਰ ਸਕਣਗੇ।ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ -ਤਹਿਤ ਕਿਸਾਨਾਂ ਨੇ ਆਪਣੀ ਕੇ ਵਾਈ ਸੀ ਕਰਵਾਈ, ਜੋ ਉਨ੍ਹਾਂ ਨੂੰ ਰੁਪਏ 6 ਹਜ਼ਾਰ ਸਾਲਾਨਾ ਦੀ ਆਵਰਤੀ ਰਾਸ਼ੀ ਲੈਣ ਯੋਗ ਬਣਾਉਂਦੀ ਹੈ। ਮਹਿਲਾਵਾਂ ਲਈ ਟੂਲ ਕਿੱਟ ਯੋਜਨਾ ਤਹਿਤ ਮਹਿਲਾਵਾਂ ਨੇ ਟੂਲ ਕਿੱਟ ਲਈ ਫਾਰਮ ਭਰਵਾਏ।

## ਇਨੋਸੈਂਟ ਹਾਰਟਸ ਇੰਸਟੀਚਿਊਸ਼ਨਜ਼ ਲੋਹਾਰਾਂ ਦੇ ਵਿਦਿਆਰਥੀਆਂ ਨਾਂਅ ਕੀਤਾ ਰੋਸ਼ਨ



**ਜਲੰਧਰ (ਸ਼ੈਲੀ ਐਲਬਰਟ)**- ਇੰਨੋਸੈਂਟ ਹਾਰਟਸ ਗਰੁੱਪ ਆਫ ਇੰਸਟੀਚਿਊਸ਼ਨਜ਼, ਲੋਹਾਰਾਂ ਦੇ ਵਿਦਿਆਰਥੀਆਂ ਨੇ ਅਪ੍ਰੈਲ 2025 ਦੀ ਯੂਨੀਵਰਸਿਟੀ ਪਰੀਖਿਆਵਾਂ ਵਿੱਚ ਸ਼ਾਨਦਾਰ ਅਕਾਦਮਿਕ ਪ੍ਰਦਰਸ਼ਨ ਕਰਕੇ ਇੱਕ ਵਾਰ ਫਿਰ ਆਪਣੀ ਵਿਦਵਤਾ ਦਾ ਲੋਹਾ ਮਨਵਾਇਆ। ਵੱਖ-ਵੱਖ ਕੋਰਸਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਨੇ ਉੱਤਮ ਸੀ ਜੀ ਪੀ1 ਹਾਸਲ ਕਰਕੇ ਸੰਸਥਾ ਦੀ ਅਕਾਦਮਿਕ ਉਤਕ੍ਰਿਸ਼ਟਤਾ ਵੱਲ ਨਿਭਾਈ ਜਾ ਰਹੀ ਵਚਨਬੱਧਤਾ ਨੂੰ ਦਰਸਾਇਆ।ਬੀ ਐਚ ਐਮ ਸੀ ਟੀ (ਹੋਟਲ ਮੈਨੇਜਮੈਂਟ) ਦੇ 8ਵੇਂ ਸਮੈਸਟਰ ਵਿੱਚ ਨੌਂ ਵਿਦਿਆਰਥੀਆਂ—ਹਰਦੀਪ ਕੌਰ, ਕਮਲਜੀਤ ਕੌਰ, ਖੁਸ਼ੀ, ਮੁਕੁਲ ਰਣਹੋਤ, ਪਿਊਸ਼ ਸ਼ਰਮਾ, ਪੁਨੀਤ ਸਿੰਘ, ਸੰਜੀਤ, ਸਿਮਰਨਪ੍ਰੀਤ, ਅਤੇ ਸੁਖਜੀਤ ਕੌਰ—ਨੇ ਏ ਸੀ ਜੀ ਪੀ ਏ ਹਾਸਲ ਕਰਕੇ ਪ੍ਰੇਰਨਾਦਾਇਕ ਮਿਆਰ ਸੈੱਟ ਕੀਤਾ। ਮਨਵੀਰ ਨੇ ਵੀ ਸੀ ਜੀ ਪੀ ਏ ਨਾਲ ਉਤਕ੍ਰਿਸ਼ਟਤਾ ਦਰਸਾਈ। ਐਮ ਸੀ ਏ 4ਵੇਂ ਸਮੈਸਟਰ ਵਿੱਚ ਨੇਹਾ ਨੇ 9.03 ਸੀ ਜੀ ਪੀ ਏ ਨਾਲ ਟੌਪ ਕੀਤਾ, ਜਦਕਿ ਕ੍ਰਿਸ਼ਮਾ ਅਤੇ ਗੌਤਮ ਸਿੰਘ ਨੇ 8.96 ਸੀ ਜੀ ਪੀ ਏ ਹਾਸਲ ਕੀਤਾ।ਬੀ ਸੀ ਏ 6ਵੇਂ ਸਮੈਸਟਰ ਵਿੱਚ ਗੁਰਨੀਤ ਕੌਰ ਨੇ ਬੀ ਐਚ ਸੀ ਜੀ ਪੀ ਏ ਨਾਲ ਪਹਿਲਾ, ਜਦਕਿ ਮਨੀਸ਼ਾ (8.80), ਚੰਦਨ ਕੁਮਾਰ (8.64), ਮਹਿਕ ਜੈਨ (8.64), ਸਨੇਹਾ ਜੈਨ (8.52), ਮੁਸਕਾਨ (9.13), ਹਰਕਮਲ ਸਿੰਘ (8.36), ਅਤੇ ਸਿਮਰਨਜੀਤ (8.36) ਨੇ ਵੀ ਕਾਬਿਲ-ਏ-ਤਾਰੀਫ਼ ਪ੍ਰਦਰਸ਼ਨ ਕੀਤਾ।ਐਮ ਬੀ ਏ 4ਵੇਂ ਸਮੈਸਟਰ ਵਿੱਚ ਹਰਮਨਦੀਪ ਅਤੇ ਅਸ਼ਨੀਤ ਕੌਰ ਨੇ 9.00 ਸੀ ਜੀ ਪੀ ਏ ਨਾਲ ਟੌਪ ਕੀਤਾ, ਜਦਕਿ ਪ੍ਰਿਆ (8.77), ਮੁਸਕਾਨ (8.62) ਅਤੇ ਲਵਪ੍ਰੀਤ (8.46) ਨੇ ਵੀ ਚੋਟੀ ਦੇ ਅੰਕ ਹਾਸਲ ਕੀਤੇ।ਬੀ ਬੀ ਏ 6ਵੇਂ ਸਮੈਸਟਰ ਵਿੱਚ ਸਮਿੰਦਰਜੀਤ ਕੌਰ ਨੇ 9.04 ਸੀ ਜੀ ਪੀ ਏ ਹਾਸਲ ਕਰਕੇ ਅੱਗੇ ਰਹੀ, ਜਦਕਿ ਪੱਲਵੀ ਸ਼ਰਮਾ, ਪ੍ਰਭਲੀਨ ਕੌਰ ਅਤੇ ਕੋਮਲਪ੍ਰੀਤ ਕੌਰ ਹਰ ਇੱਕ 8.80 ਸੀ ਜੀ ਪੀ ਏ, ਮਯੰਕ ਗੁਪਤਾ, ਰੋਹਿਤ ਅਤੇ ਹੀਨਾ (ਹਰ ਇੱਕ 8.32 ਸੀ ਜੀ ਪੀ ਏ ਨੇ ਵੀ ਵਧੀਆ ਪ੍ਰਦਰਸ਼ਨ ਕੀਤਾ।ਬੀ ਕਾਮ 6ਵੇਂ ਸਮੈਸਟਰ ਵਿੱਚ ਅੰਜਲੀ ਅਤੇ ਸਿਮਰਨ ਨੇ 8.08 ਸੀ ਜੀ ਪੀ ਏ ਹਾਸਲ ਕੀਤੀ। ਮਾਇਕਰੋਬਾਓਲਿਜੀ 6ਵੇਂ ਸਮੈਸਟਰ ਵਿੱਚ ਤਰਨਪਰੀਤ ਕੌਰ ਨੇ 9.36 ਸੀ ਜੀ ਪੀ ਏ ਨਾਲ ਟੌਪ ਕੀਤਾ, ਜਦਕਿ ਜਾਨਵੀ (9.00) ਅਤੇ ਵਿਕਾਸ ਯਾਦਵ (8.14) ਨੇ ਵੀ ਉਤਕ੍ਰਿਸ਼ਟ ਪ੍ਰਦਰਸ਼ਨ ਕੀਤਾ।ਐਮ ਐਲ ਐਸ 6ਵੇਂ ਸਮੈਸਟਰ ਵਿੱਚ ਅੰਜਲੀ ਕੁਮਾਰੀ ਨੇ 8.68 ਸੀ ਜੀ ਪੀ ਏ ਨਾਲ ਸਿਖਰ ਸਥਾਨ ਹਾਸਲ ਕੀਤਾ। ਹੋਰ ਪ੍ਰਦਰਸ਼ਨਸ਼ੀਲ ਵਿਦਿਆਰਥੀਆਂ ਵਿੱਚ ਜਿਮੀ (8.58), ਨਵਜੀਤ ਕੌਰ (8.58), ਤਮਾਨਾ (8.26), ਸਿਮਰਜੀਤ ਕੌਰ (8.16), ਅਤੇ ਅੰਕਿਤਾ (8.05) ਸ਼ਾਮਲ ਹਨ।ਇਸ ਮੌਕੇ ਡਾ. ਅਨੂਪ ਬੌਰੀ, ਚੇਅਰਮੈਨ, ਇੰਨੋਸੈਂਟ ਹਾਰਟਸ ਗਰੁੱਪ ਨੇ ਸਾਰੇ ਵਿਦਿਆਰਥੀਆਂ ਨੂੰ ਮੁਬਾਰਕਾਂ ਦਿੱਤੀਆਂ।

## ਹੋਣਹਾਰ ਵਿਦਿਆਰਥੀਆਂ ਨੂੰ ਕੀਤਾ ਸਨਮਾਨਤ




**ਅੱਡਾ ਸਰਾਂ (ਜਸਵੀਰ ਕਾਜਲ)**- ਬੀ.ਐੱਨ .ਡੀ. ਸਕੂਲ ਕੰਧਾਲਾ ਜੱਟਾਂ ਵਿਚ ਯੋਗਾ ਕਲਾਸਾਂ ਦੌਰਾਨ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ। ਸੰਸਥਾ ਦੇ ਮੈਨੇਜਰ ਇੰਜੀਨੀਅਰ ਅਨਿਲ ਮਹਿਤਾ ਤੇ ਪ੍ਰਿੰਸੀਪਲ ਜੈ ਕਿਸਨ ਮਹਿਤਾ ਦੀ ਅਗਵਾਈ ਹੇਠ ਕਰਵਾਏ ਗਏ ਸਮਾਰੋਹ ਦੌਰਾਨ ਯੋਗਾ ਕਲਾਸਾਂ ਵਿਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਸਹਿਜਵੀਰ ਸਿੰਘ, ਨੀਰਜ ਸਰਮਾ, ਸੁਖਮਨਵੀਰ ਕੌਰ, ਸਿਮਰਨਜੀਤ ਕੌਰ, ਹਰਪ੍ਰੀਤ ਕੌਰ, ਅਰਪਿਤਾ ਡੋਗਰਾ, ਏਕਮ ਪ੍ਰੀਤ ਕੌਰ ਨੂੰ ਸਰਟੀਫਿਕੇਟ ਭੇਟ ਕੀਤੇ ਗਏ। ਪ੍ਰਿੰਸੀਪਲ ਜੈ ਕਿਸਨ ਮਹਿਤਾ ਅਤੇ ਮੈਨੇਜਰ ਅਨਿਲ ਮਹਿਤਾ ਨੇ ਵਿਦਿਆਰਥੀਆਂ ਨੂੰ ਯੋਗਾ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਅਤੇ ਕਿਹਾ ਕਿ ਯੋਗਾ ਸਾਡੇ ਮਨ ਅਤੇ ਸਰੀਰ ਨੂੰ ਤੰਦਰੁਸਤ ਰੱਖਦਾ ਹੈ। ਇਸੇ ਲਈ ਅੱਜ ਪੂਰੀ ਦੁਨੀਆ ਯੋਗਾ ਨੂੰ ਅਪਣਾ ਰਹੀ ਹੈ। ਇਸ ਦੌਰਾਨ ਯੋਗਾ ਅਧਿਆਪਕ ਗੁਰਮੇਲ ਸਿੰਘ, ਅਮਿਤ ਕੁਮਾਰ, ਜਤਿੰਦਰ ਸਿੰਘ ਅਤੇ ਹੋਰ ਸਟਾਫ ਮੈਂਬਰ ਵੀ ਮੌਜੂਦ ਸਨ।



ਸਰਕਾਰੀ ਹਾਈ ਸਕੂਲ ਮਹਿਸਮਪੁਰ ਵਿਖੇ ਪੌਦੇ ਲਗਾਉਣ ਦੀ ਮੁਹਿੰਮ ਦੇ ਦੌਰਾਨ ਸਰਕਾਰੀ ਹਾਈ ਸਕੂਲ ਮਹਿਸਮਪੁਰ ਵਿਖੇ ਬੱਚਿਆਂ ਨੂੰ ਮੋਟੀਵੇਟ ਕਰਕੇ ਬੂਟੇ ਲਗਾਏ ਗਏ, ਇਸ ਦੌਰਾਨ ਸਟਾਫ ਦੁਆਰਾ ਵੀ ਬੂਟੇ ਲਗਾਏ ਗਏ ਜੋ ਵੀ ਬੱਚਿਆਂ ਨੇ ਪੌਦੇ ਦਾਨ ਕੀਤੇ, ਉਹਨਾਂ ਨੂੰ ਸਕੂਲ ਸਟਾਫ ਦੁਆਰਾ ਸਨਮਾਨਿਤ ਵੀ ਕੀਤਾ ਗਿਆ। ਇਹ ਜਾਣਕਾਰੀ ਸਕੂਲ ਇੰਚਾਰਜ ਰਕੇਸ਼ ਕੁਮਾਰ ਨੇ ਸਾਂਝੀ ਕੀਤੀ। (ਫੋਟੋ ਤੇ ਵੇਰਵਾ : ਰਾਜਾ ਮਹਿਤਪੁਰ)